ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ ***

# ਚੜ੍ਹਦੀਕਲਾ

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 106
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Saturday, 18 April, 2026) ਸ਼ਨੀਵਾਰ, 18 ਅਪ੍ਰੈਲ, 2026, 5 ਵੈਸਾਖ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

ਅਦਾਰਾ
ਚੜ੍ਹਦੀਕਲਾ
ਵੱਲੋਂ
ਸ੍ਰੀ ਗੁਰੂ ਅੰਗਦ ਦੇਵ ਜੀ
ਦੇ ਅਵਤਾਰ ਦਿਵਸ ਦੀਆਂ
ਲੱਖ-ਲੱਖ ਵਧਾਈਆਂ

### ਪੰਜਾਬ ਕੈਬਨਿਟ ਦੀ ਮੀਟਿੰਗ 'ਚ ਅਹਿਮ ਫ਼ੈਸਲੇ

## ਦਰਿਆਵਾਂ, ਚੋਆਂ ਅਤੇ ਸੇਮ ਨਾਲਿਆਂ 'ਚੋਂ ਗਾਰ ਕੱਢਣ ਨੂੰ ਹਰੀ ਝੰਡੀ

ਹਰਦੀਪ ਕੌਰ

================

ਚੰਡੀਗੜ੍ਹ, 17 ਅਪ੍ਰੈਲ :ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਤਰੀ ਮੰਡਲ ਨੇ ਲੋਕ ਪੱਖੀ ਨੀਤੀ ਨੂੰ ਮਨਜ਼ੂਰੀ ਦੇ ਦਿੱਤੀ ਹੈ ਜਿਸ ਤਹਿਤ ਜ਼ਮੀਨ ਮਾਲਕਾਂ ਨੂੰ ਆਪਣੇ ਖਰਚੇ 'ਤੇ ਦਰਿਆਵਾਂ, ਚੋਆਂ ਅਤੇ ਨਾਲਿਆਂ 'ਚੋਂ ਗਾਰ ਕੱਢਣ ਦੀ ਇਜਾਜ਼ਤ ਦੇ ਦਿੱਤੀ ਗਈ ਹੈ। ਇਸ ਨੀਤੀ ਤਹਿਤ ਦਰਿਆਵਾਂ, ਚੋਆਂ ਅਤੇ ਨਾਲਿਆਂ 'ਚੋਂ ਕੱਢੀ ਗਈ ਸਮੱਗਰੀ ਦੀ ਮੁਫ਼ਤ ਵਰਤੋਂ ਕਰਨ ਦਾ ਅਧਿਕਾਰ ਵੀ ਦੇ ਦਿੱਤਾ ਗਿਆ ਹੈ, ਜਿਸ ਦਾ ਉਦੇਸ਼ ਮਾਨਸੂਨ ਤੋਂ ਪਹਿਲਾਂ ਹੜ੍ਹਾਂ ਦੀ ਰੋਕਥਾਮ ਦੀਆਂ ਤਿਆਰੀਆਂ ਵਿੱਚ ਤੇਜ਼ੀ ਲਿਆਉਣਾ ਹੈ ਅਤੇ ਨਾਲ ਹੀ ਮਹੱਤਵਪੂਰਨ ਹਿੱਸਿਆਂ ਵਿੱਚ ਦਰਿਆਵਾਂ ਦੇ ਵਹਾਅ ਨੂੰ ਸੁਧਾਰਨਾ ਹੈ।

ਇਹ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਦਫਤਰ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ



ਹੇਠ ਪੰਜਾਬ ਕੈਬਨਿਟ ਵੱਲੋਂ ਸਤਲੁਜ, ਬਿਆਸ ਅਤੇ ਸਿਸਵਾਂ ਦਰਿਆਵਾਂ ਸਮੇਤ ਦਰਿਆਵਾਂ/ਚੋਆਂ/ਸੇਮ ਨਾਲਿਆਂ ਦੀ ਸਫਾਈ ਕਰਨ ਲਈ ਜ਼ਮੀਨ ਮਾਲਕਾਂ ਨੂੰ ਆਗਿਆ ਦੇਣ ਲਈ ਵੱਡਾ ਲੋਕ ਪੱਖੀ ਫੈਸਲਾ ਲਿਆ ਗਿਆ ਹੈ। ਇਹ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਪ੍ਰੀਸ਼ਦ ਦੀ ਮੀਟਿੰਗ ਵਿੱਚ ਲਿਆ ਗਿਆ।"

ਜ਼ਮੀਨ ਮਾਲਕਾਂ ਨੂੰ ਆਪਣੀ ਕੀਮਤ 'ਤੇ ਦਰਿਆਵਾਂ, ਚੋਆਂ ਅਤੇ ਨਾਲਿਆਂ ਨੂੰ ਸਾਫ ਕਰਨ, ਖੁਦਾਈ ਕੀਤੀ ਸਮੱਗਰੀ ਦੀ ਮੁਫਤ ਵਰਤੋਂ ਕਰਨ ਦੀ ਇਜਾਜ਼ਤ ਹੈ।

ਮੰਤਰੀ ਮੰਡਲ ਨੇ ਸਬੰਧਤ ਜ਼ਮੀਨ ਮਾਲਕਾਂ ਨੂੰ ਸਤਲੁਜ, ਬਿਆਸ ਅਤੇ ਸਿਸਵਾਂ ਸਮੇਤ ਦਰਿਆਵਾਂ/ਚੋਆਂ/ਨਾਲਿਆਂ ਵਿੱਚੋਂ ਗਾਰ ਕੱਢਣ ਅਤੇ ਖ਼ੁਦਾਈ ਕੀਤੀ ਸਮੱਗਰੀ ਦੀ ਮੁਫ਼ਤ ਵਰਤੋਂ ਆਪਣੀ ਕੀਮਤ 'ਤੇ ਕਰਨ ਦੀ ਇਜਾਜ਼ਤ ਦੇਣ ਵਾਲੀ ਨੀਤੀ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ। ਬੁਲਾਰੇ ਨੇ ਅੱਗੇ ਕਿਹਾ (ਬਾਕੀ ਸਫਾ 2 'ਤੇ)

### ਮੋਦੀ ਸਰਕਾਰ 11 ਸਾਲਾਂ ਦੌਰਾਨ ਪਹਿਲੀ ਵਾਰ ਬਿੱਲ ਪਾਸ ਕਰਵਾਉਣ 'ਚ ਰਹੀ ਨਾਕਾਮ

## ਲੋਕ ਸਭਾ 'ਚ ਮਹਿਲਾ ਰਾਖਵਾਂਕਰਨ ਬਿੱਲ ਨਹੀਂ ਹੋਇਆ ਪਾਸ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 17 ਅਪ੍ਰੈਲ :ਮੋਦੀ ਸਰਕਾਰ ਦੇ 11 ਸਾਲਾਂ ਦੇ ਸ਼ਾਸਨ ਵਿੱਚ ਇਹ ਪਹਿਲਾ ਮੌਕਾ ਹੈ ਜਦੋਂ ਸਰਕਾਰ ਸਦਨ ਵਿੱਚ ਕੋਈ ਬਿਲ ਪਾਸ ਕਰਵਾਉਣ ਵਿੱਚ ਅਸਫਲ ਰਹੀ ਹੈ। ਮਹਿਲਾ ਰਾਖਵੇਂਕਰਨ ਨਾਲ ਜੁੜੇ ਸੰਵਿਧਾਨ ਦੇ ਤਿੰਨ ਸੋਧ ਬਿਲਾਂ ਵਿੱਚੋਂ ਸਭ ਤੋਂ ਅਹਿਮ 'ਸੰਵਿਧਾਨ (131ਵਾਂ) ਸੋਧ ਬਿਲ 2026' ਲੋਕ ਸਭਾ ਵਿੱਚ ਪਾਸ ਨਹੀਂ ਹੋਇਆ। ਇਸ ਬਿਲ ਦੇ ਜ਼ਰੀਏ ਸਦਨ ਦੀਆਂ ਸੀਟਾਂ ਵਧਾ ਕੇ 850 ਕਰਨ ਦਾ ਪ੍ਰਸਤਾਵ ਸੀ। ਵੋਟਿੰਗ ਦੌਰਾਨ ਬਿਲ ਦੇ ਪੱਖ ਵਿੱਚ 298 ਅਤੇ ਵਿਰੋਧ ਵਿੱਚ 230 ਵੋਟਾਂ ਪਈਆਂ। ਸੰਵਿਧਾਨਕ ਸੋਧ ਲਈ ਦੋ-ਤਿਹਾਈ ਬਹੁਮਤ (352 ਵੋਟਾਂ) ਦੀ ਲੋੜ ਸੀ ਪਰ ਸਰਕਾਰ ਲੋੜੀਂਦੇ ਅੰਕੜੇ ਤੋਂ 54 ਵੋਟਾਂ ਪਿੱਛੇ ਰਹਿ ਗਈ।

ਬਿੱਲ ਡਿੱਗਣ ਤੋਂ ਬਾਅਦ ਸਰਕਾਰ ਨੇ ਬਾਕੀ ਦੋ ਬਿੱਲਾਂ ਹਲਕਾਬੰਦੀ ਸੋਧ ਬਿਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਕਾਨੂੰਨ ਸੋਧ ਬਿੱਲ 'ਤੇ ਵੋਟਿੰਗ ਕਰਵਾਉਣ ਤੋਂ ਇਨਕਾਰ ਕਰ ਦਿੱਤਾ।



ਵੋਟਿੰਗ ਤੋਂ ਪਹਿਲਾਂ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇੱਕ ਘੰਟੇ ਦੇ ਭਾਸ਼ਣ ਵਿੱਚ ਵਿਰੋਧੀ ਧਿਰ ਨੂੰ ਚਿਤਾਵਨੀ ਦਿੱਤੀ ਸੀ ਕਿ ਜੇਕਰ ਇਹ ਬਿਲ ਪਾਸ ਨਹੀਂ ਹੁੰਦੇ ਤਾਂ ਇਸ ਦੀ ਪੂਰੀ ਜ਼ਿੰਮੇਵਾਰੀ ਵਿਰੋਧੀ ਧਿਰ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਔਰਤਾਂ ਦੇਖ ਰਹੀਆਂ ਹਨ ਕਿ ਉਨ੍ਹਾਂ ਦੇ ਅਧਿਕਾਰਾਂ ਦੇ ਰਾਹ ਵਿੱਚ ਕੌਣ ਰੁਕਾਵਟ ਬਣ ਰਿਹਾ ਹੈ। 21 ਘੰਟੇ ਚੱਲੀ ਲੰਬੀ ਬਹਿਸ ਤੋਂ ਬਾਅਦ ਇਸ ਨਤੀਜੇ ਨੇ ਸਿਆਸੀ ਹਲਕਿਆਂ ਵਿੱਚ ਵੱਡੀ ਹਲਚਲ ਪੈਦਾ ਕਰ ਦਿੱਤੀ ਹੈ।

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਲੋਕ ਸਭਾ ਵਿੱਚ ਮਹਿਲਾ ਰਾਖਵੇਂਕਰਨ ਬਿਲ ਨਾਲ ਜੁੜੀਆਂ ਸੋਧਾਂ 'ਤੇ ਸਰਕਾਰ ਦਾ ਪੱਖ ਰੱਖਿਆ। ਉਨ੍ਹਾਂ ਵਿਰੋਧੀ ਧਿਰ ਨੂੰ ਘੇਰਦਿਆਂ ਕਿਹਾ ਕਿ ਜੋ ਲੋਕ ਸੀਟਾਂ ਵਧਾਉਣ ਦਾ ਵਿਰੋਧ ਕਰ ਰਹੇ ਹਨ, ਉਹ ਅਸਲ ਵਿੱਚ ਪਛੜੀਆਂ ਸ਼੍ਰੇਣੀਆਂ (ਐਸ.ਸੀ-ਐਸ.ਟੀ.) ਦੀਆਂ ਸੀਟਾਂ ਵਧਣ ਦੇ ਖ਼ਿਲਾਫ਼ ਵੀ ਖੜ੍ਹੇ ਹਨ। ਸ਼ਾਹ ਨੇ ਸਖ਼ਤ ਲਹਿਜ਼ੇ ਵਿੱਚ ਕਿਹਾ ਕਿ ਸਰਕਾਰ ਔਰਤਾਂ ਨੂੰ ਰਾਜਨੀਤਕ ਅਧਿਕਾਰ ਦੇਣ ਲਈ ਪੂਰੀ ਤਰ੍ਹਾਂ ਤਿਆਰ ਹੈ ਪਰ ਵਿਰੋਧੀ ਧਿਰ ਸਿਰਫ਼ ਰੁਕਾਵਟਾਂ ਪਾ ਰਹੀ ਹੈ।

ਬਹਿਸ ਦੌਰਾਨ ਕਾਂਗਰਸ ਸੰਸਦ ਮੈਂਬਰ ਕੇ.ਸੀ. ਵੇਣੂਗੋਪਾਲ ਨੇ ਦੋ ਮੰਗਾਂ ਰੱਖੀਆਂ ਸਨ: ਪਹਿਲੀ, 50% ਸੀਟਾਂ ਵਧਾਉਣ ਲਈ ਅਧਿਕਾਰਤ ਸੋਧ ਲਿਆਂਦੀ ਜਾਵੇ ਅਤੇ ਦੂਜੀ, ਹਲਕਾਬੰਦੀ ਵਾਲੇ ਬਿਲ ਨੂੰ ਹਟਾ ਦਿੱਤਾ ਜਾਵੇ। ਇਸ 'ਤੇ ਅਮਿਤ ਸ਼ਾਹ ਨੇ ਤੁਰੰਤ ਜਵਾਬ ਦਿੰਦਿਆਂ ਕਿਹਾ, 'ਮੈਂ ਤਿਆਰ ਹਾਂ, ਸਪੀਕਰ ਸਾਹਿਬ ਮੈਨੂੰ ਇੱਕ ਘੰਟਾ ਦਿਓ, ਮੈਂ ਸੋਧ ਲੈ ਕੇ ਆਉਂਦਾ ਹਾਂ।' ਹਾਲਾਂਕਿ, ਉਨ੍ਹਾਂ ਨੇ ਹਲਕਾਬੰਦੀ ਨੂੰ ਹਟਾਉਣ ਵਾਲੀ ਸ਼ਰਤ ਨੂੰ ਠੁਕਰਾਉਂਦਿਆਂ ਕਿਹਾ ਕਿ ਵਿਰੋਧੀ ਧਿਰ ਇਸ ਬਹਾਨੇ ਬਿੱਲ ਨੂੰ ਫਿਰ ਤੋਂ ਲਟਕਾਉਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਵਿਰੋਧੀ ਧਿਰ ਵੋਟ ਨਹੀਂ ਪਾਉਂਦੀ ਤਾਂ ਬਿੱਲ ਰੁਕ ਜਾਵੇਗਾ, ਜਿਸ ਦਾ ਜਵਾਬ ਦੇਸ਼ ਦੀਆਂ ਔਰਤਾਂ ਨੂੰ ਵਿਰੋਧੀ ਧਿਰ ਨੂੰ ਹੀ ਦੇਣਾ ਪਵੇਗਾ।

ਬਹੁਮਤ ਦੇ ਅੰਕੜੇ ਤੋਂ 54 ਵੋਟਾਂ ਪਿੱਛੇ ਰਹੀ ਕੇਂਦਰ ਸਰਕਾਰ ਮੋਦੀ ਸਰਕਾਰ ਦੇ 11 ਸਾਲਾਂ ਦੇ ਸ਼ਾਸਨ ਵਿੱਚ ਇਹ ਪਹਿਲਾ ਮੌਕਾ ਹੈ ਜਦੋਂ ਸਰਕਾਰ ਸਦਨ ਵਿੱਚ ਕੋਈ ਬਿੱਲ ਪਾਸ ਕਰਵਾਉਣ ਵਿੱਚ ਅਸਫਲ ਰਹੀ ਹੈ। ਮਹਿਲਾ ਰਾਖਵੇਂਕਰਨ ਨਾਲ ਜੁੜੇ ਸੰਵਿਧਾਨ ਦੇ ਤਿੰਨ ਸੋਧ ਬਿੱਲਾਂ ਵਿੱਚੋਂ ਸਭ ਤੋਂ ਅਹਿਮ 'ਸੰਵਿਧਾਨ (131ਵਾਂ) ਸੋਧ ਬਿਲ 2026' ਲੋਕ ਸਭਾ ਵਿੱਚ ਪਾਸ ਨਹੀਂ ਹੋਇਆ। ਇਸ ਬਿਲ ਦੇ ਜ਼ਰੀਏ ਸਦਨ ਦੀਆਂ ਸੀਟਾਂ ਵਧਾ ਕੇ 850 ਕਰਨ ਦਾ ਪ੍ਰਸਤਾਵ ਸੀ। ਵੋਟਿੰਗ ਦੌਰਾਨ ਬਿਲ ਦੇ ਪੱਖ ਵਿੱਚ 298 ਅਤੇ ਵਿਰੋਧ ਵਿੱਚ 230 ਵੋਟਾਂ ਪਈਆਂ। ਸੰਵਿਧਾਨਕ ਸੋਧ ਲਈ ਦੋ-ਤਿਹਾਈ ਬਹੁਮਤ (352 ਵੋਟਾਂ) ਦੀ ਲੋੜ ਸੀ ਪਰ ਸਰਕਾਰ ਲੋੜੀਂਦੇ ਅੰਕੜੇ ਤੋਂ 54 ਵੋਟਾਂ ਪਿੱਛੇ ਰਹਿ ਗਈ। ਬਿੱਲ ਡਿੱਗਣ ਤੋਂ ਬਾਅਦ ਸਰਕਾਰ ਨੇ ਬਾਕੀ ਦੋ ਬਿੱਲਾਂ ਹਲਕਾਬੰਦੀ ਸੋਧ ਬਿਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਕਾਨੂੰਨ ਸੋਧ ਬਿਲ 'ਤੇ ਵੋਟਿੰਗ ਕਰਵਾਉਣ ਤੋਂ ਇਨਕਾਰ ਕਰ ਦਿੱਤਾ। ਵੋਟਿੰਗ ਤੋਂ ਪਹਿਲਾਂ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇੱਕ ਘੰਟੇ ਦੇ ਭਾਸ਼ਣ ਵਿੱਚ ਵਿਰੋਧੀ ਧਿਰ ਨੂੰ ਚਿਤਾਵਨੀ ਦਿੱਤੀ ਸੀ ਕਿ (ਬਾਕੀ ਸਫਾ 2 'ਤੇ)

## ਬੇਅਦਬੀ ਖ਼ਿਲਾਫ਼ ਪਾਸ ਬਿੱਲ ਦਸਤਖ਼ਤ ਲਈ ਰਾਜਪਾਲ ਨੂੰ ਭੇਜਿਆ: ਮੁੱਖ ਮੰਤਰੀ

ਚੰਡੀਗੜ੍ਹ, 17 ਅਪ੍ਰੈਲ (ਚ.ਨ.ਸ.) : ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਖਿਲਾਫ ਪਾਸ ਹੋਇਆ ਬਿੱਲ ਦਸਤਖਤ ਲਈ ਭੇਜਿਆ ਗਿਆ ਹੈ ਤੇ ਇਸ ਦੀ ਜਾਣਕਾਰੀ ਖੁਦ ਸੀਐੱਮ ਮਾਨ ਵੱਲੋਂ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਸਾਂਝੀ ਕੀਤੀ ਗਈ ਹੈ।

ਪੋਸਟ ਵਿਚ ਉਨ੍ਹਾਂ ਲਿਖਿਆ ਕਿ ਬੇਅਦਬੀ ਨਾਲ ਜੁੜੇ ਮਾਮਲੇ ਵਿਚ ਵਿਧਾਨ ਸਭਾ ਵਿਚ ਪਾਸ ਬਿੱਲ ਰਾਜਪਾਲ ਨੂੰ ਭੇਜ ਦਿੱਤਾ ਗਿਆ ਹੈ। ਦੱਸ ਦੇਈਏ ਕਿ ਵਿਸਾਖੀ ਮੌਕੇ ਵਿਧਾਨ ਸਭਾ 'ਚ ਬੇਅਦਬੀ ਖਿਲਾਫ ਬਿੱਲ ਪਾਸ ਕੀਤਾ ਗਿਆ ਸੀ।

ਦੂਜੇ ਪਾਸੇ ਬੀਤੇ ਦਿਨੀਂ ਪਠਾਨਕੋਟ ਪਹੁੰਚੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਸੀ ਕਿ ਬਿੱਲ ਅਜੇ ਤੱਕ ਉਨ੍ਹਾਂ ਕੋਲ ਨਹੀਂ ਪਹੁੰਚਿਆ ਹੈ ਤੇ ਜਿਵੇਂ ਹੀ ਬਿੱਲ ਆਏਗਾ, ਉਸ 'ਤੇ ਵਿਚਾਰ ਕੀਤਾ ਜਾਵੇਗਾ।

## ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੇ ਟਿਕਾਣਿਆਂ 'ਤੇ ਈ.ਡੀ. ਵੱਲੋਂ ਛਾਪੇਮਾਰੀ

ਵਿਸ਼ਾਲ ਸ਼ਰਮਾ

================

ਲੁਧਿਆਣਾ, 17 ਅਪ੍ਰੈਲ : ਸ਼ੁੱਕਰਵਾਰ ਤੜਕੇ ਈਡੀ ਦੀਆਂ ਟੀਮਾਂ ਨੇ ਸੂਬੇ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੀ ਸਥਾਨਕ ਰਿਹਾਇਸ਼ ਸਮੇਤ ਵੱਖ-ਵੱਖ ਟਿਕਾਣਿਆਂ 'ਤੇ ਇਕੋ ਵੇਲੇ ਦਸਤਕ ਦਿੱਤੀ। ਕੇਂਦਰੀ ਸੁਰੱਖਿਆ ਬਲਾਂ ਦੀ ਸਖ਼ਤ ਨਿਗਰਾਨੀ ਹੇਠ ਜਾਂਚ ਏਜੰਸੀ ਦੇ ਅਧਿਕਾਰੀ ਮੰਤਰੀ ਦੇ ਘਰ ਅੰਦਰ ਦਸਤਾਵੇਜ਼ਾਂ ਨੂੰ ਖੰਗਾਲਣ ਵਿੱਚ ਜੁਟੇ ਹੋਏ ਹਨ। ਸੂਤਰਾਂ ਮੁਤਾਬਕ ਇਹ ਕਾਰਵਾਈ ਵਿੱਤੀ ਲੈਣ ਦੇਣ ਅਤੇ ਜ਼ਮੀਨੀ ਸੌਦਿਆਂ ਵਿੱਚ ਕਥਿਤ ਬੇਨਿਯਮੀਆਂ ਨਾਲ ਜੁੜੇ ਪੁਰਾਣੇ ਮਾਮਲਿਆਂ ਦੇ ਸਬੰਧ ਵਿੱਚ ਕੀਤੀ ਜਾ ਰਹੀ ਹੈ।



ਸੂਤਰਾਂ ਅਨੁਸਾਰ ਈ.ਡੀ. ਦੀਆਂ ਟੀਮਾਂ ਨੇ ਸਵੇਰੇ ਕਰੀਬ 6:30 ਵਜੇ ਅਰੋੜਾ ਦੀ ਰਿਹਾਇਸ਼, ਸਰਕਾਰੀ ਦਫ਼ਤਰਾਂ ਅਤੇ ਉਨ੍ਹਾਂ ਦੇ ਕਾਰੋਬਾਰੀ ਭਾਈਵਾਲਾਂ ਤੇ ਪਰਿਵਾਰਕ ਮੈਂਬਰਾਂ (ਜਿਸ ਵਿੱਚ ਉਨ੍ਹਾਂ ਦੀ ਬੇਟੀ ਵੀ ਸ਼ਾਮਲ ਹੈ) ਨਾਲ ਸਬੰਧਤ ਜਾਇਦਾਦਾਂ ਦੀ ਤਲਾਸ਼ੀ ਲਈ। ਜਾਂਚ ਦਾ ਘੇਰਾ ਸਿਰਫ਼ ਲੁਧਿਆਣਾ ਤੱਕ ਸੀਮਤ ਨਹੀਂ ਹੈ, ਬਲਕਿ ਮੰਤਰੀ ਨਾਲ ਜੁੜੇ ਹੋਰਨਾਂ ਸ਼ਹਿਰਾਂ ਵਿਚਲੇ ਟਿਕਾਣਿਆਂ 'ਤੇ ਵੀ ਛਾਪੇਮਾਰੀ ਦੀਆਂ ਖ਼ਬਰਾਂ ਹਨ। ਈ.ਡੀ. ਦੀ ਟੀਮ ਮੁੱਖ ਤੌਰ 'ਤੇ ਵਿੱਤੀ ਲੈਣ-ਦੇਣ ਅਤੇ ਜਾਇਦਾਦਾਂ ਦੇ ਰਿਕਾਰਡ ਦੀ ਜਾਂਚ ਕਰ ਰਹੀ ਹੈ। ਅਧਿਕਾਰੀਆਂ ਨੇ ਪੁਸ਼ਟੀ ਕੀਤੀ ਕਿ ਤਲਾਸ਼ੀ ਦੌਰਾਨ ਈ.ਡੀ. ਦੀ ਸਹਾਇਤਾ ਲਈ ਕੇਂਦਰੀ ਹਥਿਆਰਬੰਦ ਪੁਲਿਸ ਬਲ ਤਾਇਨਾਤ ਕੀਤੇ ਗਏ ਸਨ। ਖ਼ਾਸ ਗੱਲ ਇਹ ਰਹੀ ਕਿ ਪੰਜਾਬ ਪੁਲਿਸ ਇਸ ਕਾਰਵਾਈ ਵਿੱਚ ਸ਼ਾਮਲ ਨਹੀਂ ਸੀ ਅਤੇ ਕੇਂਦਰੀ ਬਲ ਹੀ ਛਾਪੇਮਾਰੀ ਵਾਲੀਆਂ ਥਾਵਾਂ 'ਤੇ ਸੁਰੱਖਿਆ ਪ੍ਰਬੰਧ ਸੰਭਾਲ ਰਹੇ ਸੀ। ਈ.ਡੀ. ਨੇ ਅਜੇ ਤੱਕ ਜਾਂਚ ਦੀ ਪ੍ਰਕਿਰਤੀ ਜਾਂ ਮੰਤਰੀ (ਬਾਕੀ ਸਫਾ 2 'ਤੇ)

### ਪੰਜਾਬ 'ਚ ਈ.ਡੀ. ਦੇ ਛਾਪਿਆਂ ਨੂੰ ਲੈ ਕੇ ਮਾਨ ਤੇ ਕੇਜਰੀਵਾਲ ਨੇ ਭਾਜਪਾ ਨੂੰ ਘੇਰਿਆ

ਚੜ੍ਹਦੀਕਲਾ ਬਿਊਰੋ

================

ਚੰਡੀਗੜ੍ਹ, 17 ਅਪ੍ਰੈਲ :ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਹੈ ਕਿ ਪਿਛਲੇ ਤਿੰਨ ਦਿਨਾਂ ਵਿੱਚ ਦੋ 'ਆਪ' ਆਗੂਆਂ ਦੇ ਘਰਾਂ 'ਤੇ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਦੇ ਛਾਪਿਆਂ ਨਾਲ ਭਾਜਪਾ, ਪੰਜਾਬ ਵਿੱਚ ਚੋਣ ਮੁਹਿੰਮ ਸ਼ੁਰੂ ਕਰਨ ਲਈ ਕੇਂਦਰੀ ਏਜੰਸੀਆਂ ਦੀ ਵਰਤੋਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ 117 ਉਮੀਦਵਾਰ ਭਾਲ ਨਾ ਸਕਣ ਵਾਲੀ ਪਾਰਟੀ ਜਨਤਾ ਦੀ ਹਮਾਇਤ ਹਾਸਲ ਕਰਨ ਦੀ ਬਜਾਏ ਡਰ ਫੈਲਾਉਣ ਦੀ ਕੋਸ਼ਿਸ਼ ਕਰ ਰਹੀ ਹੈ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਵਿਰੋਧੀ ਸਰਕਾਰਾਂ ਨੂੰ ਰੋਕੇ ਫੰਡਾਂ, ਰਾਜਪਾਲਾਂ, ਈ.ਡੀ., ਸੀ.ਬੀ.ਆਈ. ਅਤੇ ਚੋਣ ਕਮਿਸ਼ਨ ਰਾਹੀਂ ਤੰਗ ਕੀਤਾ ਜਾ ਰਿਹਾ ਹੈ, ਜਦੋਂ ਕਿ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਆਗੂ ਇਸ ਦੀ 'ਵਾਸ਼ਿੰਗ ਮਸ਼ੀਨ' ਤੋਂ ਸਾਫ਼ ਨਿਕਲਦੇ ਹਨ। ਉਨ੍ਹਾਂ ਕਿਹਾ ਕਿ 'ਆਪ' ਡਰੇਗੀ ਨਹੀਂ, ਪੰਜਾਬੀ ਆਪਣੀ ਗਰਦਨ ਕਟਾ ਸਕਦੇ ਹਨ ਪਰ ਡਰ ਨਾਲ ਕਦੇ ਨਹੀਂ ਝੁਕਣਗੇ। ਉਨ੍ਹਾਂ ਭਾਜਪਾ ਨੂੰ ਛਾਪਿਆਂ ਤੇ ਦਬਾਅ ਦੀਆਂ ਚਾਲਾਂ 'ਤੇ ਭਰੋਸਾ ਕਰਨ ਦੀ ਬਜਾਏ ਲੋਕਾਂ ਵਿੱਚ ਕੰਮ ਕਰ ਕੇ 2027 ਦੀ ਤਿਆਰੀ ਕਰਨ ਲਈ ਕਿਹਾ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡੇ ਦੇਸ਼ ਨੂੰ ਦੁਨੀਆਂ ਦਾ ਸਭ ਤੋਂ ਵੱਡਾ ਲੋਕਤੰਤਰ ਕਿਹਾ ਜਾਂਦਾ ਹੈ। ਇੱਥੇ ਲੋਕ ਆਪਣੀ ਪਸੰਦ ਦੀ ਸਰਕਾਰ ਚੁਣਦੇ ਹਨ। ਇਹ ਕੇਂਦਰ ਸਰਕਾਰ ਦਾ ਫ਼ਰਜ਼ ਹੈ ਕਿ ਉਹ ਹਰ ਸੂਬੇ ਨੂੰ (ਬਾਕੀ ਸਫਾ 2 'ਤੇ)

## ਰਾਹੁਲ ਗਾਂਧੀ 'ਤੇ ਕੇਸ ਦਰਜ ਕਰਨ ਦਾ ਹੁਕਮ

### ਬ੍ਰਿਟਿਸ਼ ਨਾਗਰਿਕਤਾ ਹੋਣ ਦੇ ਦੋਸ਼ ਤਹਿਤ ਇਲਾਹਾਬਾਦ ਹਾਈ ਕੋਰਟ ਵੱਲੋਂ ਸੀ.ਬੀ.ਆਈ. ਨੂੰ ਜਾਂਚ ਦੇ ਆਦੇਸ਼

ਚੜ੍ਹਦੀਕਲਾ ਬਿਊਰੋ

================

ਲਖਨਊ, 17 ਅਪ੍ਰੈਲ : ਇਲਾਹਾਬਾਦ ਹਾਈ ਕੋਰਟ ਦੇ ਲਖਨਊ ਬੈਂਚ ਨੇ ਦੋਹਰੀ ਨਾਗਰਿਕਤਾ ਦੇ ਮਾਮਲੇ ਵਿਚ ਅੱਜ ਕਾਂਗਰਸ ਨੇਤਾ ਰਾਹੁਲ ਗਾਂਧੀ ਖ਼ਿਲਾਫ਼ ਐਫ.ਆਈ.ਆਰ. ਦਰਜ ਕਰਨ ਦਾ ਹੁਕਮ ਦਿੱਤਾ ਹੈ। ਅਦਾਲਤ ਨੇ ਕਿਹਾ ਹੈ ਕਿ ਮਾਮਲਾ ਦਰਜ ਕਰਕੇ ਇਸ ਦੀ ਜਾਂਚ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਨੂੰ ਸੌਂਪੀ ਜਾਵੇ। ਇਹ ਫੈਸਲਾ ਕਰਨਾਟਕ ਦੇ ਭਾਜਪਾ ਵਰਕਰ ਐਸ. ਵਿਗਨੇਸ਼ ਸ਼ਿਸ਼ਿਰ ਵੱਲੋਂ ਦਾਇਰ ਕੀਤੀ ਗਈ ਪਟੀਸ਼ਨ 'ਤੇ ਆਇਆ ਹੈ। ਪਟੀਸ਼ਨਰ ਨੇ ਦਾਅਵਾ ਕੀਤਾ ਹੈ ਕਿ ਰਾਹੁਲ ਗਾਂਧੀ ਕੋਲ ਬ੍ਰਿਟਿਸ਼ ਨਾਗਰਿਕਤਾ ਹੈ, ਜੋ ਕਿ ਭਾਰਤੀ ਕਾਨੂੰਨ ਅਨੁਸਾਰ ਗੈਰ-ਕਾਨੂੰਨੀ ਹੈ।



ਇਸ ਤੋਂ ਪਹਿਲਾਂ 28 ਜਨਵਰੀ 2026 ਨੂੰ ਐਮਪੀ-ਐਮਐਲਏ ਕੋਰਟ ਨੇ ਇਸ ਪਟੀਸ਼ਨ ਨੂੰ ਇਹ ਕਹਿ ਕੇ ਖਾਰਜ ਕਰ ਦਿੱਤਾ ਸੀ ਕਿ ਕੋਈ ਨਵਾਂ ਜਾਂ ਠੋਸ ਸਬੂਤ ਪੇਸ਼ ਨਹੀਂ ਕੀਤਾ ਗਿਆ ਪਰ ਹੁਣ ਹਾਈ ਕੋਰਟ ਨੇ ਇਸ ਮਾਮਲੇ ਵਿੱਚ ਸਖ਼ਤ ਰੁਖ਼ ਅਖਤਿਆਰ ਕੀਤਾ ਹੈ।

ਸੁਣਵਾਈ ਦੌਰਾਨ ਜਸਟਿਸ ਸੁਭਾਸ਼ ਵਿਦਿਆਰਥੀ ਨੇ ਗ੍ਰਹਿ ਮੰਤਰਾਲੇ ਦੇ ਵਿਦੇਸ਼ੀ ਵਿਭਾਗ ਨੂੰ ਮਾਮਲੇ ਨਾਲ ਸਬੰਧਤ ਸਾਰੇ ਜ਼ਰੂਰੀ ਦਸਤਾਵੇਜ਼ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਸਨ। ਮੰਤਰਾਲੇ ਨੇ ਇਸ ਕੇਸ ਨਾਲ ਜੁੜੀਆਂ 'ਟੌਪ ਸੀਕਰੇਟ' ਫਾਈਲਾਂ ਅਦਾਲਤ ਵਿੱਚ ਪੇਸ਼ ਕੀਤੀਆਂ ਹਨ। ਪਟੀਸ਼ਨਰ ਦਾ ਦਾਅਵਾ ਹੈ ਕਿ ਉਸ ਕੋਲ ਅਜਿਹੇ ਸਬੂਤ ਹਨ ਜੋ ਦਰਸਾਉਂਦੇ ਹਨ ਕਿ ਰਾਹੁਲ ਗਾਂਧੀ ਯੂਨਾਈਟਿਡ ਕਿੰਗਡਮ (ਯੂਕੇ) ਵਿੱਚ ਇੱਕ ਵੋਟਰ ਵਜੋਂ ਰਜਿਸਟਰਡ ਰਹੇ ਹਨ ਅਤੇ ਉੱਥੋਂ ਦੀਆਂ ਚੋਣਾਂ ਵਿੱਚ ਹਿੱਸਾ ਲਿਆ ਹੈ। ਇਸ ਮਾਮਲੇ ਵਿੱਚ ਰਾਹੁਲ ਗਾਂਧੀ 'ਤੇ ਭਾਰਤੀ ਨਿਆਂ ਸੰਹਿਤਾ (ਬੀ.ਐਨ.ਐਸ.) (ਬਾਕੀ ਸਫਾ 2 'ਤੇ)

## ਪੰਜਾਬ ਪੁਲਿਸ ਦੇ 129 ਡੀ.ਐਸ.ਪੀ. ਇਧਰੋਂ-ਉਧਰ

ਚੰਡੀਗੜ੍ਹ, 17 ਅਪ੍ਰੈਲ (ਚ.ਨ.ਸ.): : ਪੰਜਾਬ ਪੁਲਿਸ ਵਿਚ ਵੱਡਾ ਫੇਰਬਦਲ ਹੋਇਆ ਹੈ। 129 ਅਧਿਕਾਰੀਆਂ ਦੇ ਤਬਾਦਲੇ ਕਰ ਦਿੱਤੇ ਗਏ ਹਨ। ਜਾਰੀ ਹੋਏ ਹੁਕਮਾਂ ਅਨੁਸਾਰ ਇਹ ਤਬਾਦਲੇ ਤੁਰੰਤ ਪ੍ਰਭਾਵ ਨਾਲ ਲਾਗੂ ਕੀਤੇ ਗਏ ਹਨ। ਜਾਰੀ ਕੀਤੀ ਗਈ ਸੂਚੀ ਅਨੁਸਾਰ ਮੁੱਖ ਤਬਾਦਲੇ ਇਸ ਪ੍ਰਕਾਰ ਹਨ: ਸਰਬਜੀਤ ਸਿੰਘ ਨੂੰ ਡੀ.ਐਸ.ਪੀ. ਪੀ.ਬੀ.ਆਈ. ਹੋਮੀਸਾਈਡ ਅਤੇ ਫੋਰੈਂਸਿਕ, ਤਰਨਤਾਰਨ ਤੋਂ ਬਦਲ ਕੇ ਏ.ਸੀ.ਪੀ.ਐਸ.ਡੀ. ਸਿਵਲ ਲਾਈਨਜ਼, ਲੁਧਿਆਣਾ ਲਗਾਇਆ ਗਿਆ ਹੈ। ਗੁਰਇਕਬਾਲ ਸਿੰਘ ਨੂੰ ਲੁਧਿਆਣਾ ਤੋਂ ਬਦਲ ਕੇ ਡੀ.ਐਸ.ਪੀ. ਐਸ.ਡੀ. ਬਨੂੜ, ਪਟਿਆਲਾ ਤਾਇਨਾਤ ਕੀਤੇ ਗਏ ਹਨ। ਭਾਰਤ ਭੂਸ਼ਣ ਨੂੰ ਫਗਵਾੜਾ ਤੋਂ ਚੱਬੇਵਾਲ (ਹੁਸ਼ਿਆਰਪੁਰ) ਭੇਜਿਆ ਗਿਆ ਹੈ ਜਦਕਿ (ਬਾਕੀ ਸਫਾ 2 'ਤੇ)

### ਜੰਗਬੰਦੀ ਵਿਚਾਲੇ ਈਰਾਨ ਦਾ ਵੱਡਾ ਐਲਾਨ

## 'ਹੋਰਮੁਜ਼ ਸਟ੍ਰੇਟ' ਨੂੰ ਵਪਾਰਕ ਜਹਾਜ਼ਾਂ ਲਈ ਪੂਰੀ ਤਰ੍ਹਾਂ ਖੋਲ੍ਹਿਆ

ਚੜ੍ਹਦੀਕਲਾ ਬਿਊਰੋ

================

ਤਹਿਰਾਨ, 17 ਅਪ੍ਰੈਲ : ਈਰਾਨ ਅਤੇ ਇਜ਼ਰਾਈਲ ਵਿਚਾਲੇ ਚੱਲ ਰਹੀ ਜੰਗ ਦਰਮਿਆਨ ਇੱਕ ਵੱਡੀ ਰਾਹਤ ਵਾਲੀ ਖ਼ਬਰ ਸਾਹਮਣੇ ਆਈ ਹੈ। ਈਰਾਨ ਨੇ ਐਲਾਨ ਕੀਤਾ ਹੈ ਕਿ ਲਿਬਨਾਨ ਵਿੱਚ ਹੋਈ ਜੰਗਬੰਦੀ ਤੋਂ ਬਾਅਦ ਹੁਣ 'ਹੋਰਮੁਜ਼ ਸਟ੍ਰੇਟ' ਨੂੰ ਵਪਾਰਕ ਜਹਾਜ਼ਾਂ ਲਈ ਪੂਰੀ ਤਰ੍ਹਾਂ ਖੋਲ੍ਹ ਦਿੱਤਾ ਗਿਆ ਹੈ।

**ਵਿਦੇਸ਼ ਮੰਤਰੀ ਦਾ ਬਿਆਨ:** ਈਰਾਨ ਦੇ ਵਿਦੇਸ਼ ਮੰਤਰੀ ਅਰਾਘਚੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲਿਬਨਾਨ ਵਿੱਚ ਸੰਘਰਸ਼-ਵਿਰਾਮ ਦੇ ਮੱਦੇਨਜ਼ਰ ਸਾਰੇ ਵਪਾਰਕ ਜਹਾਜ਼ਾਂ ਦੇ ਗੁਜ਼ਰਨ ਲਈ ਮਾਰਗ ਨੂੰ ਪੂਰੀ ਤਰ੍ਹਾਂ ਖੋਲ੍ਹਣ ਦਾ ਐਲਾਨ ਕੀਤਾ ਗਿਆ ਹੈ। ਹਾਲਾਂਕਿ, ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਹੋਰਮੁਜ਼ ਸਟ੍ਰੇਟ ਨੂੰ ਫਿਲਹਾਲ ਜੰਗਬੰਦੀ ਦੀ ਬਾਕੀ ਮਿਆਦ ਲਈ ਹੀ



ਖੋਲ੍ਹਿਆ ਗਿਆ ਹੈ।

**49 ਦਿਨਾਂ ਬਾਅਦ ਹਟੀ ਪਾਬੰਦੀ:** ਦੱਸਣਯੋਗ ਹੈ ਕਿ ਹੋਰਮੁਜ਼ ਸਟ੍ਰੇਟ ਵਿੱਚ ਜਹਾਜ਼ਾਂ ਦੀ ਆਵਾਜਾਈ 28 ਫਰਵਰੀ 2026 ਤੋਂ ਬੁਰੀ ਤਰ੍ਹਾਂ ਪ੍ਰਭਾਵਿਤ ਸੀ। ਇਸੇ ਦਿਨ ਅਮਰੀਕਾ ਅਤੇ ਇਜ਼ਰਾਈਲ ਨੇ ਪਹਿਲੀ ਵਾਰ ਈਰਾਨ ਦੇ ਕਈ ਟਿਕਾਣਿਆਂ 'ਤੇ ਹਮਲਾ ਕੀਤਾ ਸੀ, ਜਿਸ ਤੋਂ ਬਾਅਦ ਈਰਾਨ ਨੇ ਇਸ ਰਸਤੇ ਨੂੰ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਸੀ। ਜੇਕਰ 28 ਫਰਵਰੀ ਤੋਂ 17 ਅਪ੍ਰੈਲ ਤੱਕ ਦਾ ਸਮਾਂ ਦੇਖਿਆ ਜਾਵੇ, ਤਾਂ ਲਗਭਗ 49 ਦਿਨਾਂ ਬਾਅਦ ਇਸ ਮਹੱਤਵਪੂਰਨ ਸਮੁੰਦਰੀ ਰਸਤੇ ਨੂੰ ਦੁਬਾਰਾ ਖੋਲ੍ਹਿਆ ਗਿਆ ਹੈ। (ਬਾਕੀ ਸਫਾ 2 'ਤੇ)

## ਮੰਡੀ 'ਚ ਫੜ੍ਹ ਲਾਉਣ ਨੂੰ ਲੈ ਕੇ ਆੜ੍ਹਤੀਏ ਨੂੰ ਕੁੱਟ-ਕੁੱਟ ਕੇ ਮਾਰਿਆ

ਅਜਨਾਲਾ, 17 ਅਪ੍ਰੈਲ (ਚ.ਨ.ਸ.): ਹਲਕਾ ਅਜਨਾਲਾ ਦੇ ਪਿੰਡ ਅਵਾਣ ਦੀ ਸਭ ਤੋਂ ਵੱਡੀ ਅਨਾਜ ਮੰਡੀ ਵਿਖੇ ਅੱਜ ਸ਼ੈਡ ਥੱਲੇ ਫੜ੍ਹ ਲਗਾਉਣ ਤੋਂ ਆੜ੍ਹਤੀਆਂ ਦੀ ਦੋ ਧਿਰਾਂ ਵਿੱਚ ਇਸ ਕਦਰ ਲੜਾਈ ਹੋ ਗਈ ਕਿ ਇੱਕ ਆੜ੍ਹਤੀ ਦੀ ਮੌਤ ਹੋ ਗਈ ਜਿਸ ਤੋਂ ਬਾਅਦ ਪਰਿਵਾਰ ਵੱਲੋਂ ਵਿਰੋਧੀ ਧਿਰ ਦੇ ਆੜ੍ਹਤੀਆਂ 'ਤੇ ਮਾਮਲਾ ਦਰਜ ਕਰਨ ਦੀ ਮੰਗ ਕੀਤੀ ਅਤੇ ਪੁਲਿਸ ਵੱਲੋਂ ਲਾਸ਼ ਨੂੰ ਕਬਜ਼ੇ ਵਿੱਚ ਲੈਕੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਇਸ ਮੌਕੇ ਗੱਲਬਾਤ ਕਰਦੇ ਮ੍ਰਿਤਕ ਦੇ ਰਿਸ਼ਤੇਦਾਰ ਨੇ ਦੱਸਿਆ ਕਿ ਜਸਪਾਲ ਸਿੰਘ ਪ੍ਰਗਟ ਸਿੰਘ ਵੱਲੋਂ ਉਨ੍ਹਾਂ ਦੇ ਰਿਸ਼ਤੇਦਾਰ ਦਲਬੀਰ ਸਿੰਘ ਦੀ ਕੁੱਟਮਾਰ ਕਰਕੇ ਮੌਤ ਦੇ ਘਾਟ ਉਤਾਰ ਦਿੱਤਾ ਹੈ, ਉਹਨਾਂ ਪੁਲਿਸ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਕਿ ਉਕਤ ਦੋਸ਼ੀਆਂ 'ਤੇ ਕਾਰਵਾਈ ਕੀਤੀ ਜਾਵੇ। ਇਸ ਮੌਕੇ ਗੱਲਬਾਤ ਕਰਦੇ ਮ੍ਰਿਤਕ ਦਲਬੀਰ ਸਿੰਘ (ਬਾਕੀ ਸਫਾ 2 'ਤੇ)

### ਕਾਰ ਬੰਬ ਧਮਾਕਾ ਮਾਮਲਾ

## ਨਾਮਧਾਰੀ ਸੰਪ੍ਰਦਾ ਦੇ ਠਾਕੁਰ ਦਿਲੀਪ ਸਿੰਘ ਨੂੰ ਅਦਾਲਤ ਨੇ ਭਗੌੜਾ ਐਲਾਨਿਆ

ਚੜ੍ਹਦੀਕਲਾ ਬਿਊਰੋ

================

ਮੋਹਾਲੀ, 17 ਅਪ੍ਰੈਲ : ਸਾਲ 2015 ਦੇ ਚਰਚਿਤ ਕਾਰ ਬੰਬ ਧਮਾਕੇ ਦੇ ਸੀ.ਬੀ.ਆਈ ਬਨਾਮ ਜਗਮੋਹਨ ਸਿੰਘ ਆਦਿ ਕੇਸ ਵਿਚ ਮੋਹਾਲੀ ਸਥਿਤ ਵਿਸ਼ੇਸ਼ ਸੀ.ਬੀ.ਆਈ. ਅਦਾਲਤ ਨੇ ਮਹੱਤਵਪੂਰਨ ਹੁਕਮ ਜਾਰੀ ਕਰਦੇ ਹੋਏ ਨਾਮਧਾਰੀ ਸੰਪਰਦਾ ਦੇ ਮੁਲਜ਼ਮ ਠਾਕੁਰ ਦਿਲੀਪ ਸਿੰਘ ਨੂੰ ਭਗੌੜਾ ਮੁਲਜ਼ਮ ਐਲਾਨ ਦਿਤਾ ਹੈ। ਅਦਾਲਤ ਵਲੋਂ ਪਿਛਲੇ ਦਿਨੀਂ ਅਖਬਾਰਾਂ ਰਾਹੀਂ ਉਸ ਨੂੰ 30 ਦਿਨਾਂ ਵਿਚ ਪੇਸ਼ ਹੋਣ ਦੀ ਮਿਆਦ ਦਿਤੀ ਗਈ ਸੀ, ਜੋ ਕਿ ਪੂਰੀ ਹੋ ਚੁੱਕੀ ਸੀ। ਇਸ ਦੇ ਬਾਵਜੂਦ ਦਿਲੀਪ ਸਿੰਘ ਪੇਸ਼ ਨਹੀਂ ਹੋਇਆ ਤੇ ਹੁਣ ਕਾਰਵਾਈ ਕਰਦਿਆਂ ਹੋਇਆਂ ਉਸ ਨੂੰ ਭਗੌੜਾ ਮੁਲਜ਼ਮ ਐਲਾਨਦਿਆਂ ਸਬੰਧਤ ਅਧਿਕਾਰੀਆਂ ਨੂੰ ਉਸ ਦਾ ਨਾਂ ਰਿਕਾਰਡ ਵਿਚ ਦਰਜ ਕਰਨ ਦੇ ਹੁਕਮ ਜਾਰੀ ਕਰ ਦਿਤੇ ਹਨ। ਇਸ ਦੌਰਾਨ ਸਰਕਾਰੀ ਗਵਾਹ ਸੁਰਿੰਦਰ ਸਿੰਘ ਨੇ ਅਦਾਲਤ ਵਿਚ ਪੇਸ਼ ਹੋ ਕੇ ਇਕ ਅਰਜ਼ੀ ਦਾਇਰ ਕਰਦਿਆਂ ਉਸ ਦਾ ਘਰ ਮੁਲਜ਼ਮਾਂ ਦੇ ਘਰਾਂ ਦੇ ਨੇੜੇ ਹੈ ਅਤੇ ਉਸ ਨੂੰ ਜਾਨ ਦਾ ਖ਼ਤਰਾ ਹੈ। ਅਦਾਲਤ ਨੇ ਪੁਲਿਸ ਕਮਿਸ਼ਨਰ ਜਲੰਧਰ ਨੂੰ ਹੁਕਮ ਦਿਤਾ ਕਿ ਗਵਾਹ ਦੀ ਅਰਜ਼ੀ ਦੀ ਜਾਂਚ ਕਰ ਕੇ ਉਸ ਦੀ ਸੁਰੱਖਿਆ ਸਬੰਧੀ ਲੋੜੀਂਦੀ ਕਾਰਵਾਈ ਕੀਤੀ ਜਾਵੇ। ਇਹ ਮਾਮਲਾ 4 ਦਸੰਬਰ, 2015 ਨੂੰ ਜਲੰਧਰ ਵਿਚ (ਬਾਕੀ ਸਫਾ 2 'ਤੇ)



## ਪੰਜਾਬ 'ਚ ਬਦਲਿਆ ਮੌਸਮ, 7 ਜ਼ਿਲ੍ਹਿਆਂ ਲਈ ਮੀਂਹ ਤੇ ਤੂਫ਼ਾਨ ਦਾ ਅਲਰਟ

ਚੰਡੀਗੜ੍ਹ, 17 ਅਪ੍ਰੈਲ (ਚ.ਨ.ਸ.):ਪੰਜਾਬ ਵਿਚ ਪਿਛਲੇ ਕੁਝ ਦਿਨਾਂ ਤੋਂ ਤੇਜ਼ ਗਰਮੀ ਪੈ ਰਹੀ ਹੈ ਪਰ ਹੁਣ ਇਨ੍ਹਾਂ ਸਭ ਦੇ ਵਿਚਾਲੇ ਰਾਹਤ ਭਰੀ ਖਬਰ ਹੈ। ਪੰਜਾਬ ਵਿਚ ਮੌਸਮ ਹੁਣ ਕਰਵਟ ਲੈਣ ਵਾਲਾ ਹੈ। 7 ਜ਼ਿਲ੍ਹਿਆਂ 'ਚ ਮੌਸਮ ਵਿਭਾਗ ਵੱਲੋਂ ਤੂਫਾਨ ਤੇ ਮੀਂਹ ਦਾ ਅਲਰਟ ਜਾਰੀ ਕੀਤਾ ਗਿਆ ਹੈ। ਵਿਭਾਗ ਵੱਲੋਂ 20 ਅਪ੍ਰੈਲ ਲਈ ਵੱਡੀ ਭਵਿੱਖਬਾਣੀ ਕੀਤੀ ਗਈ ਹੈ,ਜਿਸ ਨਾਲ ਗਰਮੀ ਤੋਂ ਲੋਕਾਂ ਨੂੰ ਰਾਹਤ ਮਿਲੇਗੀ। ਪੰਜਾਬ ਦੇ 7 ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਫਾਜ਼ਿਲਕਾ, ਮੁਕਸਤਰ, ਬਠਿੰਡਾ ਤੇ ਮਾਨਸਾ ਵਿਚ ਵੱਖ-ਵੱਖ ਥਾਵਾਂ 'ਤੇ ਬਿਜਲੀ ਤੇ ਤੇਜ਼ ਹਵਾਵਾਂ ਨਾਲ ਤੂਫਾਨ ਆਉਣ ਦੀ ਸੰਭਾਵਨਾ ਜਤਾਈ ਗਈ ਹੈ। ਇਨ੍ਹਾਂ ਥਾਵਾਂ 'ਤੇ ਹਲਕਾ ਤੇ ਦਰਮਿਆਨਾ ਮੀਂਹ ਪੈ ਸਕਦਾ ਹੈ। ਜੇਕਰ ਗੱਲ ਕੀਤੀ (ਬਾਕੀ ਸਫਾ 2 'ਤੇ)

### ਸਪੇਸ 'ਚ ਇਸਰੋ ਵੱਲੋਂ ਵੱਡੀ ਬਚਾਓ ਮੁਹਿੰਮ

## 53 ਭਾਰਤੀ ਉਪਗ੍ਰਹਿਆਂ ਨੂੰ ਮਲਬੇ ਨਾਲ ਟਕਰਾਉਣ ਤੋਂ ਬਚਾਇਆ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 17 ਅਪ੍ਰੈਲ :ਸਪੇਸ ਹੁਣ ਤੇਜ਼ੀ ਨਾਲ ਭੀੜ-ਭੜੱਕੇ ਵਾਲਾ ਖੇਤਰ ਬਣਦਾ ਜਾ ਰਿਹਾ ਹੈ ਅਤੇ ਇਹ ਸਥਿਤੀ ਦੁਨੀਆਂ ਭਰ ਦੀਆਂ ਸਪੇਸ ਏਜੰਸੀਆਂ ਲਈ ਚਿੰਤਾ ਦਾ ਕਾਰਨ ਬਣ ਗਈ ਹੈ। ਭਾਰਤ ਦੀ ਸਪੇਸ ਏਜੰਸੀ ਇਸਰੋ (ਇਸਰੋ) ਨੇ ਆਪਣੀ 'ਇੰਡੀਅਨ ਸਪੇਸ ਸਿਚੂਏਸ਼ਨਲ ਅਵੇਅਰਨੈੱਸ ਰਿਪੋਰਟ-2025' ਵਿੱਚ ਇਸ ਖ਼ਤਰੇ ਨੂੰ ਵਿਸਥਾਰ ਨਾਲ ਦੱਸਿਆ ਹੈ।ਇਸਰੋ ਦੇ ਕੁੱਲ 53 ਆਪਰੇਸ਼ਨਲ ਸੈਟੇਲਾਈਟ ਪ੍ਰਿਥਵੀ ਦੀ ਪਰਿਕਰਮਾ ਕਰ ਰਹੇ ਹਨ। ਇਨ੍ਹਾਂ ਵਿੱਚੋਂ 22 ਸੈਟੇਲਾਈਟ 'ਲੋਅ ਅਰਥ ਆਰਬਿਟ' ਯਾਨੀ ਪ੍ਰਿਥਵੀ ਤੋਂ ਲਗਭਗ 500-1000 ਕਿਲੋਮੀਟਰ ਦੀ ਉਚਾਈ 'ਤੇ ਹਨ, ਜਦਕਿ 31 ਸੈਟੇਲਾਈਟ 'ਜੀਓਸਿੰਕ੍ਰੋਨਸ ਅਰਥ ਆਰਬਿਟ' ਯਾਨੀ ਲਗਭਗ 36,000 ਕਿਲੋਮੀਟਰ ਦੀ ਉਚਾਈ 'ਤੇ ਮੌਜੂਦ ਹਨ। ਲੋਅ ਅਰਥ ਆਰਬਿਟ ਵਿੱਚ ਤਾਇਨਾਤ ਸੈਟੇਲਾਈਟ ਮੁੱਖ ਤੌਰ 'ਤੇ ਪ੍ਰਿਥਵੀ ਦੀ ਇਮੇਜਿੰਗ ਅਤੇ ਵਿਗਿਆਨਕ ਪ੍ਰਯੋਗਾਂ ਲਈ ਵਰਤੇ ਜਾਂਦੇ ਹਨ, ਜਦਕਿ ਜੀਓਸਿੰਕ੍ਰੋਨਸ ਅਰਥ ਆਰਬਿਟ ਵਿੱਚ ਮੌਜੂਦ ਸੈਟੇਲਾਈਟ ਮੌਸਮ, ਸੰਚਾਰ ਅਤੇ ਨੇਵੀਗੇਸ਼ਨ ਸੇਵਾਵਾਂ ਲਈ ਅਹਿਮ ਭੂਮਿਕਾ ਨਿਭਾਉਂਦੇ ਹਨ। ਇਨ੍ਹਾਂ ਅਲਰਟਾਂ ਦੇ ਆਧਾਰ 'ਤੇ ਇਸਰੋ ਨੂੰ 2025 ਵਿੱਚ (ਬਾਕੀ ਸਫਾ 2 'ਤੇ)

## ਅੰਮ੍ਰਿਤਸਰ ਦੇ ਅਟਾਰੀ ਵਿਧਾਨ ਸਭਾ ਹਲਕੇ ਦੀਆਂ ਸਾਰੀਆਂ ਪ੍ਰਮੁੱਖ ਸੜਕਾਂ ਸ਼ਾਨਦਾਰ ਬਣਨਗੀਆਂ : ਮਾਨ

ਬਬਲੂ ਮਹਾਜਨ

================

ਅਟਾਰੀ (ਅੰਮ੍ਰਿਤਸਰ), 17 ਅਪ੍ਰੈਲ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅੰਮ੍ਰਿਤਸਰ ਦੇ ਅਟਾਰੀ ਹਲਕੇ ਵਿੱਚ ਇੱਕ ਵਿਆਪਕ ਵਿਕਾਸ ਮੁਹਿੰਮ ਦੀ ਸ਼ੁਰੂਆਤ ਕਰਦਿਆਂ 137 ਕਿਲੋਮੀਟਰ ਦੀ ਲੰਬਾਈ ਵਾਲੀਆਂ 121 ਸੜਕਾਂ ਦੇ ਨਵੀਨੀਕਰਨ ਲਈ 57.80 ਕਰੋੜ ਰੁਪਏ ਦਾ ਐਲਾਨ ਕੀਤਾ। ਉਨ੍ਹਾਂ ਨਾਲ ਹੀ ਕਿਹਾ ਕਿ ਪਾਕਿਸਤਾਨ ਸਰਹੱਦ ਦੇ ਨਾਲ ਆਪਣੀ ਰਣਨੀਤਕ ਸਥਿਤੀ ਦੇ ਬਾਵਜੂਦ ਲੰਬੇ ਸਮੇਂ ਤੋਂ ਅਣਗੌਲੇ ਰਹੇ ਖੇਤਰਾਂ ਵਿੱਚ ਹੁਣ ਨਿਵੇਸ਼, ਬਿਹਤਰ ਸੰਪਰਕ ਅਤੇ ਨਵੀਆਂ ਆਰਥਿਕ ਗਤੀਵਿਧੀਆਂ ਦੇਖਣ ਨੂੰ ਮਿਲਣਗੀਆਂ।

ਇਸ ਪਹਿਲਕਦਮੀ ਨੂੰ ਬਿਹਤਰ ਸ਼ਾਸਨ ਅਤੇ ਸਰਹੱਦੀ ਸੁਧਾਰਾਂ ਦੇ ਨਾਲ ਰੱਖਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਕੰਡਿਆਲੀ ਤਾਰ ਨੂੰ ਸਰਹੱਦ ਵਾਲੇ ਪਾਸੇ ਕਰਕੇ ਕਿਸਾਨਾਂ ਲਈ ਬਿਨਾਂ ਰੁਕਾਵਟ ਖੇਤੀ ਵਾਸਤੇ ਲੱਖਾਂ ਏਕੜ ਜ਼ਮੀਨ ਨੂੰ ਖੋਲ੍ਹਣ, ਨਸ਼ਿਆਂ ਦੇ ਖ਼ਤਰੇ ਨੂੰ



ਜੜ੍ਹਾਂ ਤੋਂ ਖਤਮ ਕਰਨ ਅਤੇ 2027 ਵਿੱਚ ਪੰਜਾਬ ਨੂੰ ਇੱਕ ਵਿਕਾਸ ਦੇ ਨਾਮ 'ਤੇ ਲੋਕ ਫਤਵੇ ਵੱਲ ਸਥਾਪਤ ਕਰਨ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਡੀ ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਪੰਜਾਬ ਨੂੰ ਕਾਲਾ ਦੌਰ ਵੀ ਦੇਖਣਾ ਪਿਆ ਜਦੋਂ ਨਸ਼ਿਆਂ ਦੇ ਕਾਰੋਬਾਰ ਨੇ ਪੰਜਾਬ ਵਿੱਚ ਪੈਰ ਪਸਾਰੇ। ਸੱਤਾ ਵਿੱਚ ਬੈਠੇ ਲੋਕਾਂ ਨੇ ਇਸ ਨੂੰ ਸਰਪ੍ਰਸਤੀ ਦੇ ਕੇ ਰਾਜ ਵਿੱਚ ਨਸ਼ਿਆਂ ਦੇ ਕਾਰੋਬਾਰ ਨੂੰ ਪ੍ਰਫੁੱਲਤ ਕਰਨ ਲਈ ਆਪਣੇ ਅਧਿਕਾਰ ਦੀ ਦੁਰਵਰਤੋਂ ਕੀਤੀ। ਉਨ੍ਹਾਂ ਕਿਹਾ ਕਿ ਕਾਲੇ ਦਿਨਾਂ ਦੌਰਾਨ ਸੂਬਾ ਸਰਕਾਰ ਦੇ ਵਾਹਨਾਂ ਦੀ ਵਰਤੋਂ ਰਾਜ ਦੇ ਇੱਕ ਹਿੱਸੇ ਤੋਂ ਦੂਜੇ ਹਿੱਸੇ ਵਿੱਚ ਨਸ਼ਿਆਂ ਦੀ ਸਪਲਾਈ ਲਈ ਕੀਤੀ ਜਾਂਦੀ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਸੂਬੇ ਦੀ ਤਰੱਕੀ ਅਤੇ ਖੁਸ਼ਹਾਲੀ ਨੂੰ ਲੀਹ ਤੋਂ ਲਾਹ ਕੇ ਪੰਜਾਬ ਅਤੇ ਸਾਡੀਆਂ ਨੌਜਵਾਨ ਪੀੜ੍ਹੀਆਂ ਦੇ ਰਾਹ 'ਚ ਕੰਡੇ ਬੀਜੇ। ਇਨ੍ਹਾਂ ਆਗੂਆਂ ਦੇ ਹੱਥ ਸੂਬੇ ਵਿਰੁੱਧ ਇਸ ਅਪਰਾਧ ਨਾਲ ਰੰਗੇ ਹੋਏ ਹਨ ਅਤੇ ਇਤਿਹਾਸ ਇਨ੍ਹਾਂ ਨੂੰ ਪੰਜਾਬ ਦੀ ਪਿੱਠ ਵਿੱਚ ਛੁਰਾ ਮਾਰਨ ਲਈ ਕਦੇ ਮੁਆਫ਼ ਨਹੀਂ ਕਰੇਗਾ। ਇਨ੍ਹਾਂ ਪਾਰਟੀਆਂ ਨੇ ਨੌਜਵਾਨਾਂ ਦੀਆਂ ਨਸਾਂ ਵਿੱਚ ਨਸ਼ੇ ਦਾ ਜ਼ਹਿਰ ਭਰ ਕੇ ਸੂਬੇ ਦੀਆਂ ਪੀੜ੍ਹੀਆਂ ਨੂੰ ਤਬਾਹ ਕਰ ਦਿੱਤਾ ਜਿਸ ਲਈ ਉਨ੍ਹਾਂ ਨੂੰ ਕਦੇ ਮਾਫ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਹ ਕਿੰਨੀ ਹਾਸੋਹੀਣੀ ਗੱਲ ਹੈ ਕਿ ਜਿਹੜੇ ਲੋਕ ਨਸ਼ਿਆਂ ਨਾਲ ਪੰਜਾਬ ਨੂੰ ਤਬਾਹ ਕਰਨ ਦੇ ਜ਼ਿੰਮੇਵਾਰ ਹਨ, ਉਹੀ ਲੋਕ ਹੁਣ ਲੋਕਾਂ ਨੂੰ ਮੂਰਖ ਬਣਾਉਣ ਲਈ (ਬਾਕੀ ਸਫਾ 2 'ਤੇ)

## ਕਾਂਗਰਸੀ ਆਗੂ ਪਵਨ ਖੇੜਾ ਨੂੰ ਸੁਪਰੀਮ ਕੋਰਟ ਤੋਂ ਨਹੀਂ ਮਿਲੀ ਕੋਈ ਰਾਹਤ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 17 ਅਪ੍ਰੈਲ : ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਕਾਂਗਰਸੀ ਆਗੂ ਪਵਨ ਖੇੜਾ ਨੂੰ ਕੋਈ ਵੀ ਰਾਹਤ ਦੇਣ ਤੋਂ ਨਾਂਹ ਕਰ ਦਿੱਤੀ ਹੈ। ਖੇੜਾ ਨੇ ਆਸਾਮ ਦੇ ਮੁੱਖ ਮੰਤਰੀ ਹਿਮੰਤਾ ਬਿਸਵਾ ਸਰਮਾ ਦੀ ਪਤਨੀ ਵਿਰੁੱਧ ਲਗਾਏ ਦੋਸ਼ਾਂ ਦੇ ਮਾਮਲੇ ਵਿੱਚ 20 ਅਪ੍ਰੈਲ ਤੱਕ ਗ੍ਰਿਫ਼ਤਾਰੀ ਜਾਂ ਕਿਸੇ ਹੋਰ ਸਖ਼ਤ ਪੁਲਿਸ ਕਾਰਵਾਈ ਤੋਂ ਬਚਣ ਲਈ ਅਦਾਲਤ ਤੋਂ ਸੁਰੱਖਿਆ ਮੰਗੀ ਸੀ, ਪਰ ਅਦਾਲਤ ਨੇ ਉਨ੍ਹਾਂ ਦੀ ਇਸ ਮੰਗ ਨੂੰ ਸਵੀਕਾਰ ਨਹੀਂ ਕੀਤਾ।

ਸਿਖਰਲੀ ਅਦਾਲਤ ਨੇ ਖੇੜਾ ਨੂੰ ਇਸ ਮਾਮਲੇ ਵਿੱਚ ਅਗਾਊਂ ਜ਼ਮਾਨਤ ਲਈ ਆਸਾਮ ਦੀ ਸਬੰਧਤ ਅਦਾਲਤ ਵਿੱਚ ਜਾਣ ਲਈ ਕਿਹਾ ਹੈ।

5 ਅਪ੍ਰੈਲ ਨੂੰ ਇੱਕ ਪ੍ਰੈੱਸ ਕਾਨਫਰੰਸ ਵਿੱਚ ਖੇੜਾ ਨੇ ਦੋਸ਼ ਲਾਇਆ ਸੀ ਕਿ ਆਸਾਮ ਦੇ ਮੁੱਖ ਮੰਤਰੀ ਦੀ ਪਤਨੀ



ਰਿਨਿਕੀ ਭੂਯਾਨ ਸਰਮਾ ਕੋਲ ਕਈ ਪਾਸਪੋਰਟ ਅਤੇ ਵਿਦੇਸ਼ੀ ਜਾਇਦਾਦ ਹੈ, ਜਿਸ ਦਾ ਜ਼ਿਕਰ ਸਰਮਾ ਨੇ ਸੂਬੇ ਦੀਆਂ 9 ਅਪ੍ਰੈਲ ਦੀਆਂ ਵਿਧਾਨ ਸਭਾ ਚੋਣਾਂ ਲਈ ਆਪਣੇ ਚੋਣ ਹਲਫ਼ਨਾਮੇ ਵਿੱਚ ਨਹੀਂ ਕੀਤਾ ਸੀ। ਉੱਥੇ ਹੀ ਮੁੱਖ ਮੰਤਰੀ ਅਤੇ ਉਨ੍ਹਾਂ ਦੀ ਪਤਨੀ ਨੇ ਇਨ੍ਹਾਂ ਦੋਸ਼ਾਂ ਨੂੰ ਝੂਠੇ ਅਤੇ ਮਨਘੜਤ ਦੱਸ ਕੇ ਰੱਦ ਕਰ ਦਿੱਤਾ ਸੀ। ਜੱਜ ਜੇ ਕੇ ਮਹੇਸ਼ਵਰੀ ਅਤੇ ਅਤੁਲ ਐੱਸ ਚੰਦੂਰਕਰ ਦੇ ਬੈਂਚ ਨੇ ਸ਼ੁੱਕਰਵਾਰ (ਬਾਕੀ ਸਫਾ 2 'ਤੇ)

# ਪਹਿਲੇ ਸਫ਼ੇ ਦੀ ਬਾਕੀ

## ਲੋਕ ਸਭਾ 'ਚ ਮਹਿਲਾ ਰਾਖਵਾਂਕਰਨ ਬਿੱਲ

ਜੇਕਰ ਇਹ ਬਿਲ ਪਾਸ ਨਹੀਂ ਹੁੰਦੇ ਤਾਂ ਇਸ ਦੀ ਪੂਰੀ ਜ਼ਿੰਮੇਵਾਰੀ ਵਿਰੋਧੀ ਧਿਰ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਔਰਤਾਂ ਦੇਖ ਰਹੀਆਂ ਹਨ ਕਿ ਉਨ੍ਹਾਂ ਦੇ ਅਧਿਕਾਰਾਂ ਦੇ ਰਾਹ ਵਿੱਚ ਕੌਣ ਰੁਕਾਵਟ ਬਣ ਰਿਹਾ ਹੈ। 21 ਘੰਟੇ ਚੱਲੀ ਲੰਬੀ ਬਹਿਸ ਤੋਂ ਬਾਅਦ ਇਸ ਨਤੀਜੇ ਨੇ ਸਿਆਸੀ ਹਲਕਿਆਂ ਵਿੱਚ ਵੱਡੀ ਹਲਚਲ ਪੈਦਾ ਕਰ ਦਿੱਤੀ ਹੈ।

**ਪ੍ਰਿਯੰਕਾ ਤੋਂ ਸਿੱਖੋ ਸਦਨ 'ਚ ਕਿਵੇਂ ਬੋਲਣਾ ਹੈ: ਸ਼ਾਹ**

ਲੋਕ ਸਭਾ ਵਿੱਚ ਬੋਲਦਿਆਂ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਆਪਣੀ ਭੈਣ ਪ੍ਰਿਯੰਕਾ ਗਾਂਧੀ ਤੋਂ ਸਿੱਖਣਾ ਚਾਹੀਦਾ ਹੈ ਕਿ ਸਦਨ ਦੀ ਮਰਿਆਦਾ ਕਿਵੇਂ ਬਣਾਈ ਰੱਖਣੀ ਹੈ। ਸ਼ਾਹ ਨੇ ਕਿਹਾ, 'ਮੈਂ ਟੀਵੀ 'ਤੇ ਵਿਰੋਧੀ ਧਿਰ ਦੇ ਨੇਤਾ ਦਾ ਭਾਸ਼ਣ ਸੁਣ ਰਿਹਾ ਸੀ। ਤੁਹਾਡੀ ਜ਼ਿੰਮੇਵਾਰੀ ਹੈ ਕਿ ਸਦਨ ਦੀ ਇੱਜ਼ਤ ਬਣੀ ਰਹੇ। ਉਹ (ਰਾਹੁਲ) ਕਾਇਰ ਅਤੇ ਸਰੰਡਰ ਵਰਗੇ ਗੈਰ-ਸੰਸਦੀ ਸ਼ਬਦਾਂ ਦੀ ਵਰਤੋਂ ਕਰਦੇ ਹਨ।' ਉਨ੍ਹਾਂ ਕਿਹਾ ਕਿ ਪੂਰਾ ਦੇਸ਼ ਤੁਹਾਡੀ ਭਾਸ਼ਾ ਅਤੇ ਹਰਕਤਾਂ ਨੂੰ ਦੇਖ ਰਿਹਾ ਹੈ। ਅਮਿਤ ਸ਼ਾਹ ਨੇ ਰਾਹੁਲ ਗਾਂਧੀ ਦੀ ਆਲੋਚਨਾ ਕਰਦਿਆਂ ਕਿਹਾ ਕਿ ਉਹ ਅਕਸਰ ਸੰਵਿਧਾਨਕ ਸੰਸਥਾਵਾਂ ਦਾ ਅਪਮਾਨ ਕਰਦੇ ਹਨ ਅਤੇ ਸੈਸ਼ਨ ਅੱਧ ਵਿਚਾਲੇ ਛੱਡ ਕੇ ਵਿਦੇਸ਼ ਚਲੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸਿਰਫ਼ ਉੱਚੀ ਆਵਾਜ਼ ਜਾਂ ਤਿੱਖੀ ਭਾਸ਼ਾ ਵਰਤਣ ਨਾਲ ਭਾਵਨਾਵਾਂ ਪ੍ਰਗਟ ਨਹੀਂ ਹੁੰਦੀਆਂ, ਇਸ ਲਈ ਉਨ੍ਹਾਂ ਨੂੰ ਪ੍ਰਿਯੰਕਾ ਤੋਂ ਬੋਲਣ ਦਾ ਤਰੀਕਾ ਸਿੱਖਣਾ ਚਾਹੀਦਾ ਹੈ।

## ਦਰਿਆਵਾਂ, ਚੋਆਂ ਅਤੇ ਸੇਮ ਨਾਲਿਆਂ

ਕਿ ਇਹ ਪਹਿਲਕਦਮੀ ਮਹੱਤਵਪੂਰਨ ਪਹੁੰਚਾਂ ਵਿੱਚੋਂ ਤੇਜ਼ੀ ਨਾਲ ਗਾਰ ਕੱਢਣ, ਦਰਿਆਵਾਂ/ਚੋਆਂ ਦੇ ਵਹਾਅ ਦੀ ਸਮਰੱਥਾ ਵਧਾਉਣ ਅਤੇ ਹੜ੍ਹਾਂ ਦੇ ਜ਼ੋਖਮ ਨੂੰ ਘਟਾਉਣ ਵਿੱਚ ਸਹਾਇਤਾ ਕਰੇਗੀ, ਜਿਸ ਨਾਲ ਜਨਤਕ ਅਤੇ ਨਿੱਜੀ ਜਾਇਦਾਦ ਦੀ ਸੁਰੱਖਿਆ ਹੋਵੇਗੀ।

ਪੰਜਾਬ ਸਰਕਾਰ ਨੇ 9 ਮਹੱਤਵਪੂਰਨ ਥਾਵਾਂ ਦੀ ਪਛਾਣ ਕੀਤੀ ਹੈ ਜਿੱਥੇ ਅਗਾਮੀ ਮਾਨਸੂਨ ਸੀਜਨ ਦੇ ਮੱਦੇਨਜਰ ਪਾਣੀ ਦੇ ਸੁਚਾਰੂ ਵਹਾਅ ਨੂੰ ਯਕੀਨੀ ਬਣਾਉਣ ਲਈ ਗਾਰ ਕੱਢਣ ਦੀ ਲੋੜ ਹੈ। ਇਨ੍ਹਾਂ ਥਾਵਾਂ 'ਤੇ ਜੇਕਰ ਗਾਰ ਕੱਢਣ ਦੀ ਪ੍ਰਕਿਰਿਆ ਸ਼ੁਰੂ ਨਹੀਂ ਕੀਤੀ ਜਾਂਦੀ ਤਾਂ ਇਸ ਨਾਲ ਗਾਰ ਇਕੱਠੀ ਹੋ ਸਕਦੀ ਹੈ, ਦਰਿਆਵਾਂ/ਚੋਆਂ ਦੇ ਵਹਾਅ ਦੀ ਸਮਰੱਥਾ ਘਟ ਸਕਦੀ ਹੈ ਅਤੇ ਆਉਣ ਵਾਲੇ ਮਾਨਸੂਨ ਦੌਰਾਨ ਹੜ੍ਹ ਦਾ ਖਤਰਾ ਵੱਧ ਸਕਦਾ ਹੈ। ਇਸ ਤੋਂ ਇਲਾਵਾ ਖੁਦਾਈ ਕੀਤੀ ਸਮੱਗਰੀ ਦੀ ਵਰਤੋਂ ਜਾਰੀ ਨਹੀਂ ਰੱਖੀ ਜਾ ਸਕਦੀ।

ਮਾਨਸੂਨ ਸੀਜਨ 2026-27 ਤੋਂ ਪਹਿਲਾਂ ਸਮੇਂ ਸਿਰ ਗਾਰ ਕੱਢਣ ਨੂੰ ਯਕੀਨੀ ਬਣਾਉਣ ਅਤੇ ਅੰਸਵੇਦਨਸ਼ੀਲ ਥਾਵਾਂ ਨੂੰ ਹੱਲ ਕਰਨ ਲਈ ਸਬੰਧਤ ਜ਼ਮੀਨ ਮਾਲਕਾਂ ਨੂੰ ਆਪਣੀ ਲਾਗਤ 'ਤੇ ਗਾਰ ਕੱਢਣ ਦੀ ਆਗਿਆ ਦੇਣ ਦਾ ਫੈਸਲਾ ਕੀਤਾ ਗਿਆ ਹੈ, ਜਿਸ ਵਿੱਚ ਖੁਦਾਈ ਕੀਤੀ ਸਮੱਗਰੀ ਦੀ ਆਪਣੀ ਵਰਤੋਂ ਲਈ ਮੁਫਤ ਵਰਤੋਂ ਕੀਤੀ ਜਾਵੇਗੀ। ਇਹ ਸੰਭਾਵੀ ਹੜ੍ਹ ਦੇ ਖਤਰਿਆਂ ਅਤੇ ਸਬੰਧਤ ਦੇਣਦਾਰੀਆਂ ਨੂੰ ਘਟਾਉਂਦੇ ਹੋਏ ਗਾਰ ਕੱਢਣ ਦੇ ਕੰਮਾਂ ਨੂੰ ਤੇਜੀ ਨਾਲ ਪੂਰਾ ਕਰਨ ਵਿੱਚ ਸਹਾਇਤਾ ਕਰੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਕੈਬਨਿਟ ਨੇ ਗ੍ਰਾਮ ਪੰਚਾਇਤਾਂ ਦੇ ਸਰਪੰਚਾਂ/ਜ਼ਿਲ੍ਹਾ ਪ੍ਰੀਸ਼ਦਾਂ ਅਤੇ ਪੰਚਾਇਤ ਸੰਮਤੀਆਂ ਦੇ ਚੇਅਰਮੈਨ/ਵਾਈਸ ਚੇਅਰਮੈਨ ਦੇ ਅਹੁਦੇ ਲਈ ਪੰਜਾਬ ਰਾਖਵਾਂਕਰਨ ਦੇ ਨਿਯਮ-6 ਵਿੱਚ ਸੋਧ ਨੂੰ ਪ੍ਰਵਾਨਗੀ ਦੇ ਦਿੱਤੀ ਹੈ।

ਇਕ ਹੋਰ ਮਹੱਤਵਪੂਰਨ ਫੈਸਲੇ ਵਿੱਚ ਮੰਤਰੀ ਮੰਡਲ ਨੇ ਗ੍ਰਾਮ ਪੰਚਾਇਤਾਂ ਦੇ ਸਰਪੰਚਾਂ ਅਤੇ ਪੰਚਾਇਤ ਸੰਮਤੀਆਂ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨਾਂ ਲਈ ਪੰਜਾਬ ਰਾਖਵੇਂਕਰਨ ਦੇ ਨਿਯਮ-6 ਅਤੇ ਜ਼ਿਲ੍ਹਾ ਪ੍ਰੀਸ਼ਦਾਂ ਦੇ ਨਿਯਮ-1994 ਵਿੱਚ ਸੋਧ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ, ਜਿਸ ਦਾ ਉਦੇਸ਼ ਵੱਖ-ਵੱਖ ਸ੍ਰੇਣੀਆਂ ਵਿੱਚ ਪ੍ਰਤੀਨਿਧਤਾ ਨੂੰ ਤਰਕਸੰਗਤ ਬਣਾਉਣਾ ਹੈ।

ਇਸ ਕਦਮ ਦਾ ਉਦੇਸ਼ ਅਨੁਸੂਚਿਤ ਜਾਤੀਆਂ, ਅਨੁਸੂਚਿਤ ਜਾਤੀ ਦੀਆਂ ਔਰਤਾਂ, ਔਰਤਾਂ ਅਤੇ ਜਨਰਲ ਸ੍ਰੇਣੀ ਦੇ ਰਾਖਵਾਂਕਰਨ ਲਈ ਹਰੇਕ ਸ੍ਰੇਣੀ ਵਿੱਚ ਪ੍ਰਤੀਨਿਧਤਾ ਨੂੰ ਤਰਕਸੰਗਤ ਬਣਾਉਣਾ ਹੈ। ਇਸ ਵਿੱਚ ਦਰਸਾਇਆ ਗਿਆ ਹੈ ਕਿ ਜੇਕਰ ਸੂਬੇ ਵਿੱਚ ਜ਼ਿਲ੍ਹਾ ਪ੍ਰੀਸ਼ਦਾਂ ਦੀ ਕੁੱਲ ਗਿਣਤੀ ਦਾ 10 ਫੀਸਦੀ ਜਾਂ ਇਸ ਤੋਂ ਵੱਧ ਪ੍ਰਭਾਵਿਤ ਹੁੰਦਾ ਹੈ ਤਾਂ ਅਨੁਸੂਚਿਤ ਜਾਤੀ, ਅਨੁਸੂਚਿਤ ਜਾਤੀ ਦੀਆਂ ਔਰਤਾਂ, ਔਰਤਾਂ ਅਤੇ ਜਨਰਲ ਸ੍ਰੇਣੀਆਂ ਦੇ ਰੋਟੇਸਨ ਲਈ ਰੋਸਟਰ ਨਵੇਂ ਸਿਰੇ ਤੋਂ ਤਿਆਰ ਕੀਤਾ ਜਾਵੇਗਾ।

## ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ

ਵਿਰੁੱਧ ਲੱਗੇ ਦੋਸ਼ਾਂ ਬਾਰੇ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਹੈ।

ਅਰੋੜਾ ਨੇ ਇਸ ਸਬੰਧੀ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਇਨ੍ਹਾਂ ਛਾਪਿਆਂ ਬਾਰੇ ਪਹਿਲਾਂ ਕੋਈ ਜਾਣਕਾਰੀ ਨਹੀਂ ਸੀ। ਉਨ੍ਹਾਂ ਕਿਹਾ,'ਮੈਨੂੰ ਇਸ ਬਾਰੇ ਕੋਈ ਅੰਦਾਜ਼ਾ ਨਹੀਂ ਹੈ। ਟੀਮਾਂ ਮੇਰੇ ਸਾਰੇ ਟਿਕਾਣਿਆਂ ਅਤੇ ਕੰਮ ਵਾਲੀਆਂ ਥਾਵਾਂ 'ਤੇ ਮੌਜੂਦ ਹਨ।' ਉਨ੍ਹਾਂ ਅੱਗੇ ਕਿਹਾ ਕਿ ਇਸ ਪੜਾਅ 'ਤੇ ਉਨ੍ਹਾਂ ਕੋਲ ਕਹਿਣ ਲਈ ਹੋਰ ਕੁਝ ਨਹੀਂ ਹੈ। ਛਾਪੇਮਾਰੀ ਦੇ ਸਮੇਂ ਅਰੋੜਾ ਪੰਜਾਬ ਸਰਕਾਰ ਦੀ 'ਇਨਵੈਸਟ ਪੰਜਾਬ' ਪਹਿਲਕਦਮੀ ਦੇ ਹਿੱਸੇ ਵਜੋਂ ਵਿਦੇਸ਼ੀ ਨਿਵੇਸ਼ ਨੂੰ ਖਿੱਚਣ ਲਈ ਯੂਰਪ ਦੀ ਯਾਤਰਾ ਕਰ ਰਹੇ ਸਨ। ਸੂਬੇ ਦੇ ਹੋਰ ਸੀਨੀਅਰ ਅਧਿਕਾਰੀ ਅਤੇ ਮੁੱਖ ਮੰਤਰੀ ਵੀ ਜਲਦੀ ਹੀ ਇਸੇ ਪ੍ਰੋਗਰਾਮ ਦੇ ਸਬੰਧ ਵਿੱਚ ਵਿਦੇਸ਼ ਯਾਤਰਾ ਕਰਨ ਵਾਲੇ ਹਨ। ਇਸ ਦੌਰਾਨ, ਈ.ਡੀ. ਦੀ ਛਾਪੇਮਾਰੀ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਸੰਜੀਵ ਅਰੋੜਾ ਨੇ ਟਵਿੱਟਰ 'ਤੇ ਲਿਖਿਆ-'ਸ਼ੁਭ ਸਵੇਰ! ਐਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਮੇਰੇ ਟਿਕਾਣਿਆਂ 'ਤੇ ਕਾਰਵਾਈ ਕੀਤੀ ਗਈ ਹੈ। ਇੱਕ ਜ਼ਿੰਮੇਵਾਰ ਨਾਗਰਿਕ ਹੋਣ ਦੇ ਨਾਤੇ, ਮੈਂ ਏਜੰਸੀਆਂ ਦਾ ਪੂਰਾ ਸਹਿਯੋਗ ਕਰਾਂਗਾ ਅਤੇ ਮੈਨੂੰ ਪੂਰਾ ਭਰੋਸਾ ਹੈ ਕਿ ਸੱਚ ਦੀ ਜਿੱਤ ਹੋਵੇਗੀ।' ਇਸ ਘਟਨਾਕ੍ਰਮ ਨੇ ਸੱਤਾਧਾਰੀ ਆਮ ਆਦਮੀ ਪਾਰਟੀ (ਆਪ) ਵੱਲੋਂ ਤਿੱਖੀ ਸਿਆਸੀ ਪ੍ਰਤੀਕਿਰਿਆ ਦਿੱਤੀ ਹੈ। ਪਾਰਟੀ ਆਗੂਆਂ ਨੇ ਦੋਸ਼ ਲਾਇਆ ਹੈ ਕਿ ਇਹ ਕਾਰਵਾਈ ਸਿਆਸਤ ਤੋਂ ਪ੍ਰੇਰਿਤ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਅਕਤੂਬਰ, 2024 ਵਿੱਚ ਵੀ ਸੰਜੀਵ ਅਰੋੜਾ ਜਾਂਚ ਏਜੰਸੀ ਦੇ ਨਿਸ਼ਾਨੇ 'ਤੇ ਆਏ ਸਨ। ਉਸ ਵੇਲੇ ਉਨ੍ਹਾਂ 'ਤੇ ਉਦਯੋਗਿਕ ਜ਼ਮੀਨ ਨੂੰ ਰਿਹਾਇਸ਼ੀ ਪ੍ਰੋਜੈਕਟ ਵਿੱਚ ਤਬਦੀਲ ਕਰਨ ਦੇ ਗੰਭੀਰ ਦੋਸ਼ ਲੱਗੇ ਸਨ। ਉਸ ਸਮੇਂ ਅਰੋੜਾ ਰਾਜ ਸਭਾ ਮੈਂਬਰ ਸਨ, ਪਰ ਹੁਣ ਕੈਬਨਿਟ ਮੰਤਰੀ ਵਜੋਂ ਉਨ੍ਹਾਂ ਵਿਰੁੱਧ ਹੋਈ ਇਸ ਕਾਰਵਾਈ ਨੇ ਸਿਆਸੀ ਹਲਕਿਆਂ ਵਿੱਚ ਚਰਚਾ ਛੇੜ ਦਿੱਤੀ ਹੈ। ਪਿਛਲੇ ਕੁਝ ਸਮੇਂ ਤੋਂ ਆਮ ਆਦਮੀ ਪਾਰਟੀ ਦੇ ਆਗੂਆਂ 'ਤੇ ਕੇਂਦਰੀ ਏਜੰਸੀਆਂ ਦੀ ਕਾਰਵਾਈ ਲਗਾਤਾਰ ਜਾਰੀ ਹੈ। ਪਿਛਲੇ ਦਿਨੀ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦੇ ਟਿਕਾਣਿਆਂ 'ਤੇ ਹੋਈ ਛਾਪੇਮਾਰੀ ਤੋਂ ਬਾਅਦ ਹੁਣ ਸੰਜੀਵ ਅਰੋੜਾ ਈ.ਡੀ. ਦੇ ਰਾਡਾਰ 'ਤੇ ਆ ਗਏ ਹਨ।

## ਪੰਜਾਬ 'ਚ ਈ.ਡੀ. ਦੇ ਛਾਪਿਆਂ ਨੂੰ

ਰਾਜਨੀਤੀ ਅਤੇ ਪਾਰਟੀ ਲਾਈਨ ਤੋਂ ਉੱਪਰ ਉੱਠ ਕੇ ਉਸ ਦਾ ਹੱਕ ਦੇਵੇ ਪਰ ਪਿਛਲੇ ਕੁੱਝ ਸਮੇਂ ਤੋਂ ਅਸੀਂ ਦੇਖ ਰਹੇ ਹਾਂ ਕਿ ਲੋਕਤੰਤਰ ਦਾ ਹੌਲੀ-ਹੌਲੀ ਗਲਾ ਘੁੱਟਿਆ ਜਾ ਰਿਹਾ ਹੈ। ਸਾਰੀਆਂ ਗੈਰ-ਭਾਜਪਾ ਸਰਕਾਰਾਂ ਨੂੰ ਜਾਂ ਤਾਂ ਸਿੱਧੇ ਤੌਰ 'ਤੇ ਕੇਂਦਰ ਦੇ ਫੰਡ ਰੋਕ ਜਾ ਰਹੇ ਹਨ ਜਾਂ ਰਾਜਪਾਲਾਂ ਰਾਹੀਂ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।"

ਭਾਜਪਾ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਪ ਨੂੰ ਖ਼ਾਸ ਤੌਰ 'ਤੇ ਇਸ ਲਈ ਨਿਸ਼ਾਨਾ ਬਣਾਇਆ ਗਿਆ ਹੈ ਕਿਉਂਕਿ ਇਹ ਇਕ ਅਜਿਹੀ ਪਾਰਟੀ ਹੈ, ਜੋ ਬਹੁਤ ਤੇਜ਼ੀ ਨਾਲ ਵਧ ਰਹੀ ਹੈ। ਇਹ ਸਿਰਫ਼ ਦਸ ਸਾਲਾਂ ਵਿੱਚ ਕੌਮੀ ਪਾਰਟੀ ਬਣ ਗਈ ਹੈ। ਭਾਜਪਾ ਸੋਚਦੀ ਹੈ ਕਿ ਉਹ ਕਾਂਗਰਸ ਨਾਲ ਸਿੱਝ ਸਕਦੀ ਹੈ ਅਤੇ ਉਹ ਕਈ ਵਾਰ ਕਾਂਗਰਸ ਨਾਲ ਹੱਥ ਵੀ ਮਿਲਾ ਚੁੱਕੀ ਹੈ, ਪਰ ਉਹ ਨਹੀਂ ਚਾਹੁੰਦੀ ਕਿ ਕੋਈ ਤੀਜੀ ਤਾਕਤ ਉੱਭਰੇ।"

ਉਨ੍ਹਾਂ ਕਿਹਾ, "ਇਸ ਪ੍ਰਕਿਰਿਆ ਤਹਿਤ ਉਨ੍ਹਾਂ ਨੇ ਦਿੱਲੀ ਵਿੱਚ ਸਾਡੇ ਆਗੂਆਂ ਵਿਰੁੱਧ ਝੂਠੇ ਈ.ਡੀ. ਕੇਸ ਦਾਇਰ ਕੀਤੇ, ਜਿਵੇਂ ਕਿ ਸ਼ਰਾਬ ਘੁਟਾਲੇ ਦੇ ਮਾਮਲੇ ਵਿੱਚ ਕੇਸ ਦਰਜ ਕਰ ਕੇ ਸਾਡੇ ਸੀਨੀਅਰ ਆਗੂਆਂ ਨੂੰ ਜੇਲ੍ਹ ਭੇਜ ਦਿੱਤਾ ਗਿਆ। ਉਸ ਸਮੇਂ ਦੇ ਮੌਜੂਦਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਦੇ ਨਾਲ ਜੇਲ੍ਹ ਭੇਜ ਦਿੱਤਾ ਗਿਆ। ਸਾਡੇ ਰਾਜ ਸਭਾ ਮੈਂਬਰ ਸੰਜੇ ਸਿੰਘ ਨੂੰ ਜੇਲ੍ਹ ਭੇਜ ਦਿੱਤਾ ਗਿਆ, ਜਿਸ ਕਿਸੇ ਨੇ ਵੀ ਕੰਮ ਕਰ ਕੇ ਦਿਖਾਇਆ, ਭਾਵੇਂ ਉਹ ਵਰਕਰ ਹੋਵੇ ਜਾਂ ਨੀਤੀਘਾੜਾ, ਸਾਰਿਆਂ ਨੂੰ ਜੇਲ੍ਹ ਭੇਜ ਦਿੱਤਾ ਗਿਆ, ਧਮਕੀਆਂ ਦਿੱਤੀਆਂ ਗਈਆਂ, ਡਰਾਇਆ ਗਿਆ ਅਤੇ ਭਾਜਪਾ ਵਿੱਚ ਸ਼ਾਮਲ ਹੋਣ ਜਾਂ ਨਤੀਜੇ ਭੁਗਤਣ ਦਾ ਡਰ ਦਿਖਾਇਆ ਗਿਆ। ਡਰਾਵੇ ਅਤੇ ਧਮਕਾਉਣ ਦੀ ਇਹ ਰਾਜਨੀਤੀ ਜਾਰੀ ਹੈ।"

ਦੇਸ਼ ਭਰ ਵਿੱਚ ਇੱਕ ਸਪੱਸ਼ਟ ਪੈਟਰਨ ਦਿਖਾਉਂਦੇ ਹੋਏ ਉਨ੍ਹਾਂ ਕਿਹਾ, "ਬੰਗਾਲ ਵਿੱਚ ਡੀ.ਜੀ.ਪੀ. ਤੋਂ ਲੈ ਕੇ ਅਧਿਕਾਰੀਆਂ ਤੱਕ ਨੂੰ ਬਦਲ ਦਿੱਤਾ ਗਿਆ ਹੈ ਕਿਉਂਕਿ ਚੋਣਾਂ ਆ ਰਹੀਆਂ ਹਨ। ਉਹ ਲੋਕਾਂ ਰਾਹੀਂ ਚੋਣਾਂ ਨਹੀਂ ਜਿੱਤਦੇ। ਉਹ ਈ.ਡੀ., ਸੀ.ਬੀ.ਆਈ., ਚੋਣ ਕਮਿਸ਼ਨ ਅਤੇ ਡਰਾਵੇ ਤੇ ਧਮਕੀਆਂ ਲਈ ਵਰਤੇ ਜਾਂਦੇ ਹੋਰ ਵਿਭਾਗਾਂ ਰਾਹੀਂ ਚੋਣਾਂ ਜਿੱਤਦੇ ਹਨ। ਕੁੱਝ ਦਿਨ ਪਹਿਲਾਂ ਈ.ਡੀ. ਨੇ ਆਪ ਦੇ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦੇ ਘਰ ਛਾਪਾ ਮਾਰਿਆ, ਜੋ ਲਵਲੀ ਪ੍ਰੋਫੈਸਨਲ ਯੂਨੀਵਰਸਿਟੀ ਚਲਾਉਂਦੇ ਹਨ, ਜਿੱਥੇ ਲਗਪਗ ਚਾਰ ਹਜ਼ਾਰ ਵਿਦਿਆਰਥੀ ਪੜ੍ਹਦੇ ਹਨ। 35 ਤੋਂ ਵੱਧ ਦੇਸ਼ਾਂ ਦੇ ਵਿਦਿਆਰਥੀ ਉੱਥੇ ਪੜ੍ਹਨ ਲਈ ਆਉਂਦੇ ਹਨ ਪਰ ਉਹ ਆਮ ਆਦਮੀ ਪਾਰਟੀ ਦਾ ਰਾਜ ਸਭਾ ਮੈਂਬਰ ਹੋਣ ਕਾਰਨ ਅਚਾਨਕ ਦਾਗੀ ਹੋ ਗਿਆ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਮੰਤਰੀ ਸੰਜੀਵ ਅਰੋੜਾ ਦੇ ਘਰ ਈ.ਡੀ. ਦੀ ਛਾਪੇਮਾਰੀ ਚੱਲ ਰਹੀ ਹੈ। ਉਨ੍ਹਾਂ ਨੇ ਲੁਧਿਆਣਾ ਜ਼ਿਮਨੀ ਚੋਣ ਵਿੱਚ ਭਾਜਪਾ ਨੂੰ ਬੁਰੀ ਤਰ੍ਹਾਂ ਹਰਾਇਆ ਸੀ। ਇਸ ਲਈ ਅੱਜ ਉਹ ਵੀ ਭਾਜਪਾ ਅਨੁਸਾਰ ਦਾਗੀ ਹੋ ਗਏ ਹਨ। ਇਸ ਦਾ ਮਤਲਬ ਹੈ ਕਿ ਭਾਜਪਾ ਨੇ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਈ.ਡੀ. ਭੇਜੋ, ਆਮਦਨ ਕਰ ਵਾਲੇ ਭੇਜੋ, ਨੋਟਿਸ ਭੇਜੋ, ਡਰ ਪੈਦਾ ਕਰੋ ਕਿਉਂਕਿ ਉਨ੍ਹਾਂ ਨੂੰ ਚੋਣਾਂ ਲੜਨ ਲਈ 117 ਲੀਡਰ ਵੀ ਨਹੀਂ ਮਿਲ ਰਹੇ। ਭਾਜਪਾ ਨੂੰ 117 ਉਮੀਦਵਾਰ ਨਹੀਂ ਮਿਲ ਰਹੇ, ਇਸ ਲਈ ਉਹ ਕਹਿ ਰਹੇ ਹਨ ਕਿ ਜਾਂ ਤਾਂ ਡਰ-ਡਰ ਕੇ ਚੋਣ ਲੜੋ ਜਾਂ ਸਾਡੀ 'ਵਾਸ਼ਿੰਗ ਮਸ਼ੀਨ' ਵਿੱਚੋਂ ਬੇਦਾਗ ਹੋ ਕੇ ਨਿੱਕਲੋ।"

ਉਨ੍ਹਾਂ ਅੱਗੇ ਕਿਹਾ, "ਇਹ ਬਹੁਤ ਹੀ ਖ਼ਤਰਨਾਕ ਰੁਝਾਨ ਹੈ। ਲੋਕਤੰਤਰ ਦਾ ਕਤਲ ਕੀਤਾ ਜਾ ਰਿਹਾ ਹੈ। ਅਸੀਂ ਇਸ ਦੀ ਸਖ਼ਤ ਨਿੰਦਾ ਕਰਦੇ ਹਾਂ। ਸਿਰਫ਼ ਗੈਰ-ਭਾਜਪਾ ਸਰਕਾਰਾਂ ਨੂੰ ਹੀ ਤੰਗ ਕੀਤਾ ਜਾ ਰਿਹਾ ਹੈ। ਸਿਰਫ਼ ਵਿਰੋਧੀ ਧਿਰ ਦੇ ਆਗੂਆਂ ਨੂੰ ਈ.ਡੀ. ਦੀ ਲਾਠੀ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਇਸ ਵਿੱਚੋਂ ਕੁਝ ਵੀ ਨਹੀਂ ਨਿਕਲਦਾ। ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਵਿਰੁੱਧ ਇੰਨਾ ਝੂਠਾ ਕੇਸ ਦਰਜ ਕੀਤਾ ਗਿਆ ਸੀ, ਜਿਸ ਵਿੱਚ ਅਦਾਲਤ ਨੇ ਮੰਨਿਆ ਕਿ ਕੇਸ ਚਲਾਉਣਾ ਨਹੀਂ ਬਣਦਾ। ਪਰ ਉਹ ਕਹਿੰਦੇ ਹਨ ਕਿ ਪਹਿਲਾਂ ਇਨ੍ਹਾਂ ਨੂੰ ਜੇਲ੍ਹ ਵਿੱਚ ਸੁੱਟੋ, ਚੋਣਾਂ ਹੋਣ ਦਿਓ, ਫਿਰ ਦੇਖਾਂਗੇ।"

ਸਿਆਸੀ ਹਮਲਾ ਜਾਰੀ ਰੱਖਦਿਆਂ ਮੁੱਖ ਮੰਤਰੀ ਨੇ ਅੱਗੇ ਕਿਹਾ, "ਜੇ ਕੋਈ ਉਨ੍ਹਾਂ ਅੱਗੇ ਝੁਕਦਾ ਹੈ ਅਤੇ ਉਨ੍ਹਾਂ ਦੀਆਂ ਸ਼ਰਤਾਂ ਸਵੀਕਾਰ ਕਰਦਾ ਹੈ ਤਾਂ ਉਹ 'ਵਾਸ਼ਿੰਗ ਮਸ਼ੀਨ' ਵਿੱਚੋਂ ਬੇਦਾਗ ਹੋ ਕੇ ਬਾਹਰ ਆ ਜਾਂਦਾ ਹੈ। ਉਸ ਦੇ ਸਾਰੇ ਦਾਗ ਗਾਇਬ ਹੋ ਜਾਂਦੇ ਹਨ। ਕੀ ਇਹ ਲੋਕਤੰਤਰ ਹੈ? ਇਹ ਸ਼ਰ੍ਹੇਆਮ ਤਾਨਾਸ਼ਾਹੀ ਹੈ।"

ਭਾਜਪਾ ਦੀ ਬਿਹਾਰ ਲੀਡਰਸ਼ਿਪ ਬਾਰੇ ਉਨ੍ਹਾਂ ਕਿਹਾ, "ਉਨ੍ਹਾਂ ਨੇ ਹੁਣ ਸਮਰਾਟ ਚੌਧਰੀ ਨੂੰ ਬਿਹਾਰ ਦਾ ਮੁੱਖ ਮੰਤਰੀ ਬਣਾ ਦਿੱਤਾ ਹੈ। ਉਨ੍ਹਾਂ ਵਿਰੁੱਧ ਸੱਤ ਕਤਲਾਂ ਦੇ ਮਾਮਲੇ ਦਰਜ ਹਨ। ਉਹ ਜੇਲ੍ਹ ਵਿੱਚ ਰਹਿ ਚੁੱਕੇ ਹਨ। ਉਨ੍ਹਾਂ ਨੇ ਗਲਤ ਉਮਰ ਲਿਖਵਾਈ ਅਤੇ ਤਿੰਨ ਵਾਰ ਆਪਣੀ ਜਨਮ ਮਿਤੀ ਬਦਲੀ। ਇਹ ਉਹ ਲੋਕ ਹਨ, ਜੋ 'ਜੰਗਲ ਰਾਜ' ਬਾਰੇ ਗੱਲਾਂ ਕਰਦੇ ਰਹਿੰਦੇ ਸਨ ਪਰ ਹੁਣ ਬਿਹਾਰ ਵਿੱਚ ਕਿਹੜਾ ਰਾਜ ਆ ਗਿਆ ਹੈ? ਹੁਣ ਇਹ ਭਾਜਪਾ ਦੀ ਅਗਵਾਈ ਵਾਲਾ ਜੰਗਲ ਚੰਗਾ ਹੈ, ਜਿਵੇਂ ਉਹ ਇਸ਼ਤਿਹਾਰ ਕਹਿੰਦਾ ਹੈ ਕਿ ਦਾਗ ਚੰਗੇ ਹਨ। ਇਸ ਲਈ ਭਾਜਪਾ ਦੁਆਰਾ ਦਿੱਤੇ ਦਾਗ ਚੰਗੇ ਮੰਨੇ ਜਾਂਦੇ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਜਪਾ ਵੱਲੋਂ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ, ਲੋਕਤੰਤਰੀ ਸੰਸਥਾਵਾਂ ਨੂੰ ਕਮਜ਼ੋਰ ਕਰਨ ਅਤੇ ਸਿਆਸੀ ਅਸੁਰੱਖਿਆ ਕਾਰਨ ਵਿਰੋਧੀ ਆਗੂਆਂ ਨੂੰ ਨਿਸ਼ਾਨਾ ਬਣਾਉਣ ਵੱਲ ਇਸ਼ਾਰਾ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਛਾਪਿਆਂ ਜਾਂ ਧਮਕੀਆਂ ਤੋਂ ਨਹੀਂ ਡਰੇਗੀ ਅਤੇ ਕੋਈ ਵੀ ਦਬਾਅ 'ਆਪ' ਦੇ ਇਰਾਦੇ ਨੂੰ ਨਹੀਂ ਹਿਲਾ ਸਕਦਾ। ਉਹ ਸਾਨੂੰ ਜਿੰਨਾ ਮਰਜ਼ੀ ਪ੍ਰੇਸ਼ਾਨ ਕਰਨ। ਉਨ੍ਹਾਂ ਨੂੰ ਈ.ਡੀ., ਸੀ.ਬੀ.ਆਈ. ਜਾਂ ਉਨ੍ਹਾਂ ਕੋਲ ਜੋ ਵੀ ਏਜੰਸੀਆਂ ਹਨ, ਭੇਜਣ ਦਿਓ ਪਰ ਅਸੀਂ ਡਰਨ ਵਾਲੇ ਨਹੀਂ ਹਾਂ।"

ਪੰਜਾਬ ਵਿੱਚ ਭਾਜਪਾ ਦੀ ਜਥੇਬੰਦਕ ਕਮਜ਼ੋਰੀ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਪਾਰਟੀ ਸੂਬੇ ਵਿੱਚ ਕੋਈ ਅਸਲ ਆਧਾਰ ਬਣਾਉਣ ਵਿੱਚ ਨਾਕਾਮ ਰਹੀ ਹੈ। ਹੁਣ ਭਾਜਪਾ ਜ਼ੋਰ-ਜ਼ਬਰਦਸਤੀ ਅਤੇ ਦਲ-ਬਦਲੀ ਰਾਹੀਂ ਵਿਸਥਾਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ, "ਪੰਜਾਬ ਵਿੱਚ ਉਨ੍ਹਾਂ ਨੂੰ ਇੱਕ ਜਾਂ ਦੋ ਵਿਧਾਨ ਸਭਾ ਸੀਟਾਂ ਮਿਲਦੀਆਂ ਹਨ। ਇਸ ਗਿਣਤੀ ਨੂੰ ਵਧਾਉਣ ਲਈ ਉਹ ਹੁਣ ਈ.ਡੀ. ਦਾ ਸਮਰਥਨ ਲੈ ਰਹੇ ਹਨ। ਭਾਜਪਾ ਦਾ ਪੰਜਾਬ ਵਿੱਚ ਕੋਈ ਕੇਡਰ ਨਹੀਂ ਹੈ, ਕੋਈ ਨੇਤਾ ਨਹੀਂ ਹੈ। ਇਸ ਲਈ ਜਿੱਥੇ ਵੀ ਉਨ੍ਹਾਂ ਨੂੰ ਕਾਂਗਰਸ ਜਾਂ ਅਕਾਲੀ ਦਲ ਵਿੱਚੋਂ ਕੋਈ ਲੀਡਰ ਲੱਭਦਾ ਹੈ, ਉਸ ਨੂੰ ਭਾਜਪਾ ਲੈ ਜਾਂਦੀ ਹੈ। ਭਾਜਪਾ ਨੇ ਪੰਜਾਬ ਵਿੱਚ ਕਾਂਗਰਸ ਵਿੰਗ ਬਣਾਇਆ ਹੋਇਆ ਹੈ। ਬਹੁਤੇ ਕਾਂਗਰਸੀਆਂ ਵਿਰੁੱਧ ਕੇਸ ਚੱਲਦੇ ਹਨ, ਜਿਨ੍ਹਾਂ ਨੂੰ ਡਰਾ ਕੇ ਫਾਇਲਾਂ ਦਿਖਾ ਕੇ ਭਾਜਪਾ ਵਿੱਚ ਸ਼ਾਮਲ ਕਰ ਲਿਆ ਜਾਂਦਾ ਹੈ। ਕੀ ਇਹ ਲੋਕਤੰਤਰ ਹੈ?"

ਸ਼ਾਸਨ ਦੀਆਂ ਤਰਜੀਹਾਂ ਬਾਰੇ ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੂੰ ਬਦਲੇ ਦੀ ਰਾਜਨੀਤੀ ਦੀ ਬਜਾਏ ਬੇਰੋਜ਼ਗਾਰੀ ਦੂਰ ਕਰਨ, ਸਕੂਲਾਂ ਤੇ ਹਸਪਤਾਲਾਂ ਦੀ ਹਾਲਤ ਸੁਧਾਰਨ ਅਤੇ ਵਧਦੀ ਮਹਿੰਗਾਈ ਨੂੰ ਕੰਟਰੋਲ ਕਰਨ ਵੱਲ ਧਿਆਨ ਕੇਂਦਰਿਤ ਕਰਨਾ ਚਾਹੀਦਾ ਸੀ। ਉਨ੍ਹਾਂ ਕਿਹਾ, "ਉਨ੍ਹਾਂ ਨੂੰ ਇਸ ਗੱਲ 'ਤੇ ਧਿਆਨ ਦੇਣਾ ਚਾਹੀਦਾ ਸੀ ਕਿ ਕਰੋੜਾਂ ਨੌਜਵਾਨਾਂ ਨੂੰ ਨੌਕਰੀਆਂ ਕਿਵੇਂ ਮਿਲਣ, ਚੰਗੇ ਸਕੂਲ ਕਿਵੇਂ ਬਣਾਏ ਜਾ ਸਕਦੇ ਹਨ, ਹਸਪਤਾਲ ਕਿਵੇਂ ਬਿਹਤਰ ਇਲਾਜ ਪ੍ਰਦਾਨ ਕਰ ਸਕਦੇ ਹਨ ਅਤੇ ਲੋਕਾਂ ਨੂੰ ਐਲ.ਪੀ.ਜੀ. ਅਤੇ ਪੈਟਰੋਲੀਅਮ ਦੀਆਂ ਕੀਮਤਾਂ ਦੇ ਬੋਝ ਤੋਂ ਕਿਵੇਂ ਮੁਕਤ ਕੀਤਾ ਜਾ ਸਕਦਾ ਹੈ। ਇਸ ਦੀ ਬਜਾਏ ਮੋਦੀ ਦਾ ਧਿਆਨ ਕਿਸੇ ਦੀ ਸੁਰੱਖਿਆ ਘਟਾਉਣ, ਕਿਸੇ ਦੀ ਸੁਰੱਖਿਆ ਵਧਾਉਣ, ਈ.ਡੀ. ਤੇ ਸੀ.ਬੀ.ਆਈ. ਨੂੰ ਇੱਧਰ-ਉੱਧਰ ਭੇਜਣ ਉੱਤੇ ਹੈ। ਕੀ ਸਰਕਾਰਾਂ ਇਸ ਤਰ੍ਹਾਂ ਚਲਾਈਆਂ ਜਾਂਦੀਆਂ ਹਨ? ਸਰਕਾਰ ਕਿਤੇ ਹੋਰ ਤੋਂ ਚਲਾਈ ਜਾ ਰਹੀ ਹੈ। ਆਦੇਸ਼ ਵਾਸ਼ਿੰਗਟਨ ਅਤੇ ਵ੍ਹਾਈਟ ਹਾਊਸ ਤੋਂ ਆਉਂਦੇ ਹਨ। ਉਹ ਵਿਸ਼ਵ ਗੁਰੂ ਬਣਨਾ ਚਾਹੁੰਦੇ ਸਨ ਪਰ ਅਸੀਂ ਵਿਸ਼ਵ ਚੇਲਾ ਬਣ ਗਏ ਹਾਂ।"

ਆਪਣੀ ਆਲੋਚਨਾ ਜਾਰੀ ਰੱਖਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ 'ਆਪ' ਆਗੂਆਂ ਨੂੰ ਵਾਰ-ਵਾਰ ਜੇਲ੍ਹ ਭੇਜਿਆ ਗਿਆ ਹੈ, ਭਾਵੇਂ ਕੋਈ ਗਲਤ ਕੰਮ ਸਾਬਤ ਨਾ ਹੋਇਆ ਹੋਵੇ। ਉਨ੍ਹਾਂ ਕਿਹਾ, "ਸਾਡੀ ਪਾਰਟੀ ਦੇ ਲੱਗਭੱਗ 90 ਫੀਸਦੀ ਆਗੂਆਂ ਨੂੰ ਜੇਲ੍ਹ ਦਾ ਮੂੰਹ ਦਿਖਾਇਆ ਗਿਆ, ਭਾਵੇਂ ਉਨ੍ਹਾਂ ਨੇ ਕੁੱਝ ਨਹੀਂ ਕੀਤਾ। ਈ.ਡੀ., ਸੀ.ਬੀ.ਆਈ. ਅਤੇ ਚੋਣ ਕਮਿਸ਼ਨ ਦੇ ਇਸ ਹਥਿਆਰ ਨਾਲ ਦੇਖੋ ਬੰਗਾਲ ਵਿੱਚ ਕੀ ਹੋ ਰਿਹਾ ਹੈ। ਹਫੜਾ-ਦਫੜੀ ਹੈ ਅਤੇ ਇਕ ਸਿਆਸੀ ਪਾਰਟੀ ਨੂੰ ਧਮਕਾਇਆ ਜਾ ਰਿਹਾ ਹੈ। ਇਸ ਦਾ ਮਤਲਬ ਹੈ ਕੌਣ ਜਿੱਤੇਗਾ? ਸਭ ਕੁੱਝ ਭਾਜਪਾ ਦੇ ਹਿਸਾਬ ਨਾਲ ਹੋ ਰਿਹਾ ਹੈ।"

ਭਾਜਪਾ ਦੇ ਵੱਡੇ ਮਨਸੂਬਿਆਂ ਬਾਰੇ ਉਨ੍ਹਾਂ ਖੁਲਾਸਾ ਕੀਤਾ ਕਿ ਪਾਰਟੀ ਕਿਸੇ ਵੀ ਕੀਮਤ 'ਤੇ ਸੱਤਾ ਚਾਹੁੰਦੀ ਹੈ ਅਤੇ ਜਿਨ੍ਹਾਂ ਸੂਬਿਆਂ ਵਿੱਚ ਇਸ ਨੂੰ ਸਮਰਥਨ ਨਹੀਂ ਮਿਲ ਰਿਹਾ, ਉੱਥੇ ਕਬਜ਼ਾ ਕਰਨ ਲਈ ਸੰਸਥਾਵਾਂ ਅਤੇ ਨਿਯਮਾਂ ਨੂੰ ਤੋੜਨ-ਮਰੋੜਨ ਲਈ ਤਿਆਰ ਹੈ। ਉਨ੍ਹਾਂ ਕਿਹਾ, "ਉਹ ਬੰਗਾਲ, ਕੇਰਲਾ ਅਤੇ ਤਾਮਿਲਨਾਡੂ 'ਤੇ ਕਬਜ਼ਾ ਕਰਨਾ ਚਾਹੁੰਦੇ ਹਨ। ਭਾਵੇਂ ਇਸ ਲਈ ਉਨ੍ਹਾਂ ਨੂੰ ਹੱਦਬੰਦੀ ਕਰਨੀ ਪਵੇ ਜਾਂ ਜੋ ਵੀ ਲਾਲਚ ਦੇਣਾ ਪਵੇ, ਉਹ ਸਿਰਫ਼ ਸੱਤਾ ਹਥਿਆਉਣਾ ਚਾਹੁੰਦੇ ਹਨ।"

ਲੋਕਤੰਤਰ ਨੂੰ ਖ਼ੁਦ ਦਬਾਅ ਹੇਠ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਨਾਗਰਿਕਾਂ ਨੂੰ ਸੰਵਿਧਾਨਕ ਕਦਰਾਂ-ਕੀਮਤਾਂ ਦੀ ਰੱਖਿਆ ਕਰਨੀ ਪਵੇਗੀ ਅਤੇ ਉਨ੍ਹਾਂ ਕੁਰਬਾਨੀਆਂ ਨੂੰ ਯਾਦ ਰੱਖਣਾ ਪਵੇਗਾ, ਜਿਨ੍ਹਾਂ ਨਾਲ ਦੇਸ਼ ਦਾ ਨਿਰਮਾਣ ਹੋਇਆ। ਉਨ੍ਹਾਂ ਕਿਹਾ, "ਸ਼ਹੀਦਾਂ ਨੇ ਆਪਣਾ ਖ਼ੂਨ ਦੇ ਕੇ ਸਾਨੂੰ ਇਹ ਦੇਸ਼ ਲੈ ਕੇ ਦਿੱਤਾ। ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ, ਚੰਦਰ ਸ਼ੇਖਰ ਆਜ਼ਾਦ, ਕਰਤਾਰ ਸਿੰਘ ਸਰਾਭਾ, ਮਦਨ ਲਾਲ ਢੀਂਗਰਾ, ਲਾਲਾ ਲਾਜਪਤ ਰਾਏ ਨੇ ਦੇਸ਼ ਲਈ ਕੁਰਬਾਨੀਆਂ ਦਿੱਤੀਆਂ। 19 ਸਾਲ, 22 ਸਾਲ ਜਾਂ 23 ਸਾਲ ਦੀ ਉਮਰ ਵਿੱਚ ਦੇਸ਼ ਭਗਤਾਂ ਨੇ ਫਾਂਸੀਆਂ ਦੇ ਰੱਸੇ ਚੁੰਮ ਲਏ।"

ਉਨ੍ਹਾਂ ਜ਼ੋਰ ਦੇ ਕੇ ਕਿਹਾ, "ਕੀ ਅੱਜ ਦੇ ਹਾਲਾਤ ਦੇਖ ਕੇ ਇਨ੍ਹਾਂ ਦੇਸ਼ ਭਗਤਾਂ ਦੀ ਆਤਮਾ ਨੂੰ ਸ਼ਾਂਤੀ ਮਿਲੇਗੀ? ਉਨ੍ਹਾਂ ਨੇ ਆਪਣਾ ਸਭ ਕੁੱਝ ਕੁਰਬਾਨ ਕਰਨ ਤੋਂ ਬਾਅਦ ਸਾਨੂੰ ਇਹ ਦੇਸ਼ ਦਿੱਤਾ, ਸਿਰਫ਼ ਇਸ ਲਈ ਕਿ ਅੱਜ ਇਸ ਨੂੰ ਸਿਰਫ਼ ਦੋ ਲੋਕ ਚਲਾਉਣ। ਪਹਿਲਾਂ ਅਸੀਂ 'ਹਮ ਦੋ, ਹਮਾਰੇ ਦੋ' ਦਾ ਨਾਅਰਾ ਸੁਣਿਆ ਸੀ। ਇਹ ਪਰਿਵਾਰ ਭਲਾਈ ਲਈ ਸੀ ਪਰ ਹੁਣ ਇਹ ਸ਼ਾਸਨ ਦਾ ਮਾਡਲ ਬਣ ਗਿਆ ਹੈ। ਅੱਜ ਵੀ ਇਹ 'ਹਮ ਦੋ, ਹਮਾਰੇ ਦੋ' ਹੈ। ਅਮਿਤ ਸ਼ਾਹ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਨ ਅਤੇ ਉਨ੍ਹਾਂ ਤੋਂ ਅੱਗੇ ਉਨ੍ਹਾਂ ਦੇ ਦੋ ਅੰਬਾਨੀ ਤੇ ਅਡਾਨੀ ਹਨ। ਇਹ ਸਰਕਾਰ ਇਸੇ ਫਾਰਮੂਲੇ 'ਤੇ ਚੱਲ ਰਹੀ ਹੈ, ਜਦੋਂ ਕਿ 140 ਕਰੋੜ ਲੋਕਾਂ ਨੂੰ ਕਿਸਮਤ ਦੇ ਸਹਾਰੇ ਛੱਡ ਦਿੱਤਾ ਗਿਆ ਹੈ।"

ਪੰਜਾਬ ਦੇ ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਕੇਂਦਰ ਚੁਣੀਆਂ ਹੋਈਆਂ ਸੂਬਾ ਸਰਕਾਰਾਂ ਦੇ ਰਾਹ ਡੱਕਣ ਅਤੇ ਦੇਸ਼ ਦੇ ਸੰਘੀ ਢਾਂਚੇ ਨੂੰ ਨੁਕਸਾਨ ਪਹੁੰਚਾਉਣ ਲਈ ਸੰਵਿਧਾਨਕ ਅਹੁਦਿਆਂ ਦੀ ਦੁਰਵਰਤੋਂ ਕਰ ਰਿਹਾ ਹੈ। ਉਨ੍ਹਾਂ ਕਿਹਾ, "ਰਾਜਪਾਲਾਂ ਨੂੰ ਰਾਜਨੀਤੀ ਤੱਕ ਸੀਮਤ ਕਰ ਦਿੱਤਾ ਗਿਆ ਹੈ। ਉਹ ਸਾਲਾਂ ਤੋਂ ਬਿੱਲ ਰੋਕੀ ਬੈਠੇ ਹਨ। ਸੂਬਿਆਂ ਨੂੰ ਆਪਣੇ ਅਧਿਕਾਰਾਂ ਲਈ ਸੁਪਰੀਮ ਕੋਰਟ ਜਾਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਸੁਪਰੀਮ ਕੋਰਟ ਵੱਲੋਂ ਇਹ ਸਪੱਸ਼ਟ ਕਰਨ ਤੋਂ ਬਾਅਦ ਵੀ ਕਿ ਰਾਜਪਾਲ ਅਤੇ ਰਾਸ਼ਟਰਪਤੀ ਅਣਮਿੱਥੇ ਸਮੇਂ ਲਈ ਬਿੱਲਾਂ ਨੂੰ ਨਹੀਂ ਰੋਕ ਸਕਦੇ, ਮਾਮਲਿਆਂ ਨੂੰ ਠੰਢੇ ਬਸਤੇ ਵਿੱਚ ਧੱਕ ਦਿੱਤਾ ਗਿਆ। ਜੱਜਾਂ ਦਾ ਤਬਾਦਲਾ ਕੀਤਾ ਜਾਂਦਾ ਹੈ, ਉਨ੍ਹਾਂ ਦੀਆਂ ਫਾਈਲਾਂ ਬਾਹਰ ਕੱਢੀਆਂ ਜਾਂਦੀਆਂ ਹਨ। ਸਵਾਲ ਇਹ ਹੈ ਕਿ ਕੀ ਉਹ ਕਿਸੇ ਨੂੰ ਬਖ਼ਸ਼ਣਗੇ ਕਿ ਨਹੀਂ। ਅਸੀਂ ਸੁਣਿਆ ਸੀ ਕਿ ਉੱਤਰੀ ਕੋਰੀਆ ਅਤੇ ਰੂਸ ਵਿੱਚ ਕੋਈ ਤਾਨਾਸ਼ਾਹ ਆਪਣੇ ਆਪ ਨੂੰ ਸਾਲਾਂ ਲਈ ਸ਼ਾਸਕ ਐਲਾਨ ਲੈਂਦਾ ਹੈ ਪਰ ਇੱਥੇ ਵੀ ਕਿਸੇ ਹੋਰ ਰੂਪ ਵਿੱਚ ਇਹੀ ਕੁੱਝ ਹੋ ਰਿਹਾ ਹੈ।"

ਚੋਣਾਂ 'ਤੇ ਚਿੰਤਾਵਾਂ ਜ਼ਾਹਰ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਰੋਧੀਆਂ ਦੀਆਂ ਵੋਟਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਅਤੇ ਹੇਰਾਫੇਰੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ, "ਐਸ.ਆਈ.ਆਰ. ਰਾਹੀਂ ਅਸਲੀ ਵੋਟਾਂ ਕੱਟੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਹਰ ਗਲੀ ਅਤੇ ਇਲਾਕੇ ਵਿੱਚ ਪੰਨਾ ਪ੍ਰਧਾਨ ਅਤੇ ਪੰਨਾ ਪ੍ਰਮੁੱਖ ਬਣਾਏ ਹਨ। ਉਹ ਪਛਾਣ ਕਰਦੇ ਹਨ ਕਿ ਕਿਹੜੇ ਘਰ ਭਾਜਪਾ ਦਾ ਸਮਰਥਨ ਕਰਦੇ ਹਨ, ਕਿਹੜੇ ਆਮ ਆਦਮੀ ਪਾਰਟੀ ਦਾ ਸਮਰਥਨ ਕਰਦੇ ਹਨ ਅਤੇ ਕਿਹੜੇ ਕਾਂਗਰਸ ਦਾ ਸਮਰਥਨ ਕਰਦੇ ਹਨ, ਫਿਰ ਵਿਰੋਧੀਆਂ ਦੀਆਂ ਵੋਟਾਂ ਨੂੰ ਨਿਸ਼ਾਨਾ ਬਣਾਇਆ ਜਾਂਦਾ ਹੈ ਅਤੇ ਨਵੀਆਂ ਵੋਟਾਂ ਬਣਾਈਆਂ ਜਾਂਦੀਆਂ ਹਨ। ਇੱਕੋ ਵੋਟਰ ਕਈ ਰਾਜਾਂ ਵਿੱਚ ਵੋਟ ਪਾ ਰਹੇ ਹਨ। ਇੱਕ ਪਾਸੇ ਉਹ ਕਹਿੰਦੇ ਹਨ ਕਿ ਇਕ ਰਾਸ਼ਟਰ, ਇਕ ਚੋਣ ਹੋਵੇ ਪਰ ਜਦੋਂ ਦੋ ਸੂਬਿਆਂ ਵਿੱਚ ਵੋਟਾਂ ਹੁੰਦੀਆਂ ਹਨ ਤਾਂ ਇੱਕ ਹਫਤੇ ਦਾ ਫ਼ਰਕ ਹੁੰਦਾ ਹੈ। ਜੇ ਦੇਸ਼ ਵਿੱਚ ਕਾਫੀ ਸੁਰੱਖਿਆ ਬਲ ਹਨ ਤਾਂ ਫ਼ਰਕ ਕਿਉਂ ਹੈ? ਪਹਿਲਾਂ ਇੱਕ ਜਗ੍ਹਾ 'ਤੇ ਵੋਟਾਂ ਪਾਈਆਂ ਜਾਂਦੀਆਂ ਹਨ, ਫਿਰ ਲੋਕਾਂ ਨੂੰ ਵਾਹਨਾਂ ਅਤੇ ਰੇਲ ਗੱਡੀਆਂ ਵਿੱਚ ਦੂਜੀ ਜਗ੍ਹਾ ਲਿਜਾਇਆ ਜਾਂਦਾ ਹੈ। ਕੀ ਇਹ ਲੋਕਤੰਤਰ ਹੈ? ਇਹ ਨਵੀਂ ਕਿਸਮ ਦਾ ਲੋਕਤੰਤਰ ਹੈ।"

ਉਨ੍ਹਾਂ ਕਿਹਾ ਕਿ ਜਿਨ੍ਹਾਂ ਕਦਰਾਂ-ਕੀਮਤਾਂ ਲਈ ਆਜ਼ਾਦੀ ਘੁਲਾਟੀਆਂ ਨੇ ਆਪਣੀਆਂ ਜਾਨਾਂ ਦਿੱਤੀਆਂ, ਉਨ੍ਹਾਂ ਨਾਲ ਧੋਖਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ, "ਇਹ ਉਹ ਲੋਕਤੰਤਰ ਨਹੀਂ ਹੈ, ਜਿਸ ਦਾ ਸਾਡੇ ਸ਼ਹੀਦਾਂ ਨੇ ਸੁਪਨਾ ਦੇਖਿਆ ਸੀ, ਉਹ ਲੋਕਤੰਤਰ ਜਿਸ ਲਈ ਲਾਲਾ ਲਾਜਪਤ ਰਾਏ ਨੇ ਲਾਠੀਆਂ ਖਾਧੀਆਂ ਅਤੇ ਭਗਤ ਸਿੰਘ ਨੇ ਫਾਂਸੀ ਦਾ ਰੱਸਾ ਚੁੰਮਿਆ। ਭਾਜਪਾਈਆਂ ਨੇ ਕੋਈ ਕੁਰਬਾਨੀ ਨਹੀਂ ਦਿੱਤੀ, ਫਿਰ ਵੀ ਹੁਣ ਉਹ ਸੰਵਿਧਾਨ ਨੂੰ ਬਦਲਦੇ ਰਹਿਣਾ ਚਾਹੁੰਦੇ ਹਨ। ਉਨ੍ਹਾਂ ਨੂੰ 360 ਸੀਟਾਂ ਦਿਓ ਅਤੇ ਉਹ ਸੰਵਿਧਾਨ ਨਾਲ ਕੁੱਝ ਵੀ ਕਰਨਗੇ। ਅਜਿਹੇ ਬਿੱਲ ਆਉਂਦੇ ਰਹਿੰਦੇ ਹਨ। ਅਜਿਹਾ ਲਗਦਾ ਹੈ ਕਿ ਉਹ ਚੌਵੀ ਘੰਟੇ ਸਿਰਫ਼ ਇਹ ਸੋਚਦੇ ਹਨ ਕਿ ਲੋਕਤੰਤਰ ਨੂੰ ਕਿਵੇਂ ਕਮਜ਼ੋਰ ਕੀਤਾ ਜਾਵੇ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਰੋਧੀ ਪਾਰਟੀਆਂ, ਖ਼ਾਸ ਕਰ ਕੇ 'ਆਪ' ਨੂੰ ਜਾਂਚ ਏਜੰਸੀਆਂ ਰਾਹੀਂ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਪਰ ਉਨ੍ਹਾਂ ਨੂੰ ਡਰਾਇਆ ਨਹੀਂ ਜਾਵੇਗਾ। ਉਨ੍ਹਾਂ ਕਿਹਾ, "ਅਰਵਿੰਦ ਕੇਜਰੀਵਾਲ ਸਾਡੇ ਜਨਰਲ ਹਨ। ਅਸੀਂ ਉਨ੍ਹਾਂ ਤੋਂ ਡਰਨ ਜਾਂ ਘਬਰਾਉਣ ਵਾਲੇ ਨਹੀਂ ਹਾਂ। ਉਨ੍ਹਾਂ ਨੂੰ ਈ.ਡੀ., ਸੀ.ਬੀ.ਆਈ. ਜਾਂ ਕੋਈ ਵੀ ਵਿਭਾਗ ਭੇਜਣ ਦਿਓ। ਅਸੀਂ ਹਰ ਹਿਸਾਬ ਦੇਵਾਂਗੇ। ਜਿਸ ਪਲ ਕੋਈ ਆਮ ਆਦਮੀ ਪਾਰਟੀ ਜਾਂ ਕਿਸੇ ਹੋਰ ਵਿਰੋਧੀ ਪਾਰਟੀ ਵਿੱਚ ਹੁੰਦਾ ਹੈ, ਉਹ ਭ੍ਰਿਸਟ ਹੋ ਜਾਂਦਾ ਹੈ। ਜਿਸ ਸਮੇਂ ਕੋਈ ਬਹੁਤ ਜ਼ਿਆਦਾ ਭ੍ਰਿਸ਼ਟ ਭਾਜਪਾ ਵਿੱਚ ਸ਼ਾਮਲ ਹੋ ਜਾਂਦਾ ਹੈ, ਉਹ ਦੁੱਧ-ਧੋਤਾ ਬਣ ਜਾਂਦਾ ਹੈ। ਭਾਜਪਾ ਦੀ 'ਵਾਸ਼ਿੰਗ ਮਸ਼ੀਨ ਰਾਜਨੀਤੀ' ਆਖਰਕਾਰ ਢਹਿ ਜਾਵੇਗੀ। ਇਹ ਵਾਸ਼ਿੰਗ ਮਸ਼ੀਨ ਜ਼ਿਆਦਾ ਦੇਰ ਤੱਕ ਨਹੀਂ ਚੱਲੇਗੀ। ਜੇ ਤੁਸੀਂ ਵਾਰ-ਵਾਰ ਮਸ਼ੀਨ ਵਿੱਚ ਮੈਲੇ ਕੱਪੜੇ ਪਾਉਂਦੇ ਰਹੋਗੇ ਤਾਂ ਇਕ ਦਿਨ ਇਸ ਦਾ ਫਿਲਟਰ ਵੀ ਜਾਮ ਹੋ ਜਾਵੇਗਾ।"

ਉਨ੍ਹਾਂ ਕਿਹਾ ਕਿ ਇਤਿਹਾਸ ਨੇ ਵਾਰ-ਵਾਰ ਦਿਖਾਇਆ ਹੈ ਕਿ ਹੰਕਾਰ ਪਤਨ ਵੱਲ ਲੈ ਜਾਂਦਾ ਹੈ। "ਸਿਕੰਦਰ ਜਿੱਤਦਾ ਰਿਹਾ ਅਤੇ ਭੁੱਲ ਗਿਆ ਕਿ ਵਾਪਸ ਕਿਵੇਂ ਮੁੜਨਾ ਹੈ। ਇਹ ਛਾਪੇ ਕਾਇਰਤਾਪੂਰਨ ਕਾਰਾ ਹਨ। ਪੁਰਾਣੇ ਦੋਸ਼ਾਂ ਨੂੰ ਵਾਰ-ਵਾਰ ਵਾਪਸ ਲਿਆਂਦਾ ਜਾਂਦਾ ਹੈ। ਅਸੀਂ ਇਨ੍ਹਾਂ ਛਾਪਿਆਂ ਦੀ ਸਖ਼ਤ ਨਿੰਦਾ ਕਰਦੇ ਹਾਂ। ਅਸੀਂ ਸੱਚਾਈ ਦੇ ਨਾਲ ਖੜ੍ਹੇ ਹਾਂ ਅਤੇ ਸੱਚਾਈ ਨੂੰ ਖ਼ਤਮ ਨਹੀਂ ਕੀਤਾ ਜਾ ਸਕਦਾ।"

ਉਨ੍ਹਾਂ ਹਮੇਸ਼ਾ ਮੋਦੀ ਦਾ ਗੁਣਗਾਨ ਕਰਦੇ ਰਹਿਣ ਲਈ ਮੀਡੀਆ ਦੇ ਇਕ ਹਿੱਸੇ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ, "ਹਰ ਚੀਜ਼ ਇਕ ਮਾਸਟਰ ਸਟ੍ਰੋਕ ਬਣ ਜਾਂਦੀ ਹੈ। ਮਨਰੇਗਾ ਹਟਾਓ, ਮਾਸਟਰ ਸਟ੍ਰੋਕ। ਮਨਰੇਗਾ ਲਿਆਓ, ਮਾਸਟਰ ਸਟ੍ਰੋਕ। ਹਰ ਫੈਸਲੇ ਨੂੰ ਉਸੇ ਤਰ੍ਹਾਂ ਪੇਸ਼ ਕੀਤਾ ਜਾਂਦਾ ਹੈ, ਜਿਸ ਤਰ੍ਹਾਂ ਸਰਕਾਰ ਚਾਹੁੰਦੀ ਹੈ।" ਉਨ੍ਹਾਂ ਹੰਗਰੀ ਦੀ ਮਿਸਾਲ ਦਿੰਦਿਆਂ ਕਿਹਾ ਕਿ ਉੱਥੇ ਨਿਆਂਪਾਲਿਕਾ, ਮੀਡੀਆ ਅਤੇ ਹਰ ਸਰੋਤ ਨੂੰ ਖ਼ਰੀਦ ਲਿਆ ਗਿਆ ਸੀ, ਫਿਰ ਵੀ ਜਦੋਂ ਲੋਕ ਇਕੱਠੇ ਹੋ ਕੇ ਤੁਰ ਪਏ ਤਾਂ ਤਾਨਾਸ਼ਾਹੀ ਦੀ ਬੁਰੀ ਹਾਰ ਹੋਈ। ਜੇ ਉਹ 2027 ਦੀ ਤਿਆਰੀ ਕਰਨਾ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਈ.ਡੀ. ਤੇ ਸੀ.ਬੀ.ਆਈ. ਦਾ ਸਹਾਰਾ ਲੈਣ ਦੀ ਬਜਾਏ ਲੋਕਾਂ ਵਿੱਚ ਜਾ ਕੇ ਕੰਮ ਕਰਨਾ ਚਾਹੀਦਾ ਹੈ।"

## ਰਾਹੁਲ ਗਾਂਧੀ 'ਤੇ ਕੇਸ ਦਰਜ

ਦੇ ਨਾਲ-ਨਾਲ ਆਫੀਸ਼ੀਅਲ ਸੀਕਰੇਟਸ ਐਕਟ, ਪਾਸਪੋਰਟ ਐਕਟ ਅਤੇ ਫਾਰਨਰਜ਼ ਐਕਟ ਦੀਆਂ ਗੰਭੀਰ ਧਾਰਾਵਾਂ ਤਹਿਤ ਕੇਸ ਚਲਾਉਣ ਦੀ ਮੰਗ ਕੀਤੀ ਗਈ ਹੈ। ਅਦਾਲਤ ਨੇ ਇਸ ਨੂੰ ਕੌਮੀ ਸੁਰੱਖਿਆ ਨਾਲ ਜੁੜਿਆ ਇੱਕ ਗੰਭੀਰ ਵਿਸ਼ਾ ਮੰਨਿਆ ਹੈ।

## ਪੰਜਾਬ ਪੁਲਿਸ ਦੇ 129 ਡੀ.ਐਸ.ਪੀਜ਼. ਇੱਧਰੋਂ-ਉੱਧਰ

ਪਲਵਿੰਦਰ ਸਿੰਘ ਨੂੰ ਚੱਬੇਵਾਲ ਤੋਂ ਬਦਲ ਕੇ ਫਗਵਾੜਾ ਲਗਾਇਆ ਗਿਆ ਹੈ। ਹਰਵਿੰਦਰ ਸਿੰਘ ਨੂੰ ਪਟਿਆਲਾ ਤੋਂ ਬਦਲ ਕੇ ਡੀ.ਐਸ.ਪੀ. ਪੀ.ਬੀ.ਆਈ. ਐਨ.ਡੀ.ਪੀ.ਐਸ.-ਕਮ-ਨਾਰਕੋਟਿਕਸ, ਰੋਪੜ ਵਜੋਂ ਨਿਯੁਕਤ ਕੀਤੇ ਗਏ ਹਨ।

## 'ਹੋਰਮੁਜ਼ ਸਟ੍ਰੇਟ' ਨੂੰ ਵਪਾਰਕ ਜਹਾਜ਼ਾਂ ਲਈ

ਡੋਨਾਲਡ ਟਰੰਪ ਨੇ ਵੀ ਕੀਤੀ ਪੁਸ਼ਟੀ: ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵੀ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ 'ਟਰੂਥ ਸੋਸ਼ਲ' 'ਤੇ ਇਸ ਦੀ ਪੁਸ਼ਟੀ ਕੀਤੀ ਹੈ। ਉਨ੍ਹਾਂ ਲਿਖਿਆ ਕਿ ਈਰਾਨ ਨੇ ਹਰ ਤਰ੍ਹਾਂ ਦੇ ਜਹਾਜ਼ਾਂ ਲਈ ਹੋਰਮੁਜ਼ ਸਟ੍ਰੇਟ ਨੂੰ ਪੂਰੀ ਤਰ੍ਹਾਂ ਖੋਲ੍ਹਣ ਦਾ ਐਲਾਨ ਕਰ ਦਿੱਤਾ ਹੈ। ਜ਼ਿਕਰਯੋਗ ਹੈ ਕਿ ਅਮਰੀਕਾ ਨੇ ਵੀ ਹੋਰਮੁਜ਼ ਸਮੇਤ ਈਰਾਨ ਦੇ ਦੂਜੇ ਬੰਦਰਗਾਹਾਂ 'ਤੇ ਨਾਕਾਬੰਦੀ ਦਾ ਐਲਾਨ ਕਰ ਰੱਖਿਆ ਸੀ।

## ਮੰਡੀ 'ਚ ਫੜ੍ਹ ਲਾਉਣ ਨੂੰ ਲੈ ਕੇ ਆੜ੍ਹਤੀਏ ਨੂੰ

ਪੁੱਤਰ ਹਰਬੰਸ ਸਿੰਘ ਦੇ ਰਿਸ਼ਤੇਦਾਰਾਂ ਨੇ ਦੱਸਿਆ ਕੀ ਅੱਜ ਦਾਣਾ ਮੰਡੀ ਪਿੰਡ ਅਵਾਨ ਵਿੱਚ ਸ਼ੈਡ ਥੱਲੇ ਫੜ੍ਹ ਲਾਉਣ ਤੋਂ ਲੈ ਕੇ ਦਲਬੀਰ ਸਿੰਘ ਅਤੇ ਪ੍ਰਗਟ ਸਿੰਘ ਦੋ ਧਿਰਾਂ ਵਿੱਚ ਟਕਰਾ ਹੋਈ, ਜਿਸ ਦੌਰਾਨ ਦਲਬੀਰ ਸਿੰਘ ਦੀ ਮੌਕੇ ਦੇ ਮੌਤ ਹੋ ਗਈ। ਉਹਨਾਂ ਦੋਸ਼ ਲਗਾਉਂਦੇ ਹੋਏ ਕਿਹਾ ਕਿ ਦਲਬੀਰ ਸਿੰਘ ਨੂੰ ਪ੍ਰਗਟ ਸਿੰਘ ਜਸਪਾਲ ਸਿੰਘ ਹਣੀ ਅਤੇ ਹੋਰਨਾਂ ਵੱਲੋਂ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਹੈ ਉਹਨਾਂ ਮੰਗ ਕੀਤੀ ਕਿ ਦੋਸ਼ੀਆਂ ਨੂੰ ਜਲਦ ਤੋਂ ਜਲਦ ਗਿਰਫਤਾਰ ਕਰਕੇ ਇਨਸਾਫ ਦਿਵਾਇਆ ਜਾਵੇ।

## ਨਾਮਧਾਰੀ ਸੰਪ੍ਰਦਾ ਦੇ ਠਾਕੁਰ ਦਿਲੀਪ ਸਿੰਘ

ਹਰਿਵੱਲਭ ਸੰਗੀਤ ਸਮਾਗਮ ਦੌਰਾਨ ਟਿਫ਼ਿਨ ਬੰਬ ਧਮਾਕੇ ਦੀ ਸਾਜਿਸ਼ ਦੇ ਦੋਸ਼ ਦਾ ਹੈ ਜਿਸ ਵਿਚ ਦਿਲੀਪ ਸਿੰਘ 'ਤੇ ਦੋਸ਼ ਲੱਗੇ ਸਨ। ਜਾਂਚ ਏਜੰਸੀਆਂ ਮੁਤਾਬਕ ਇਸ

ਧਮਾਕੇ ਦਾ ਮਕਸਦ ਸਤਿਗੁਰੂ ਉਦੈ ਸਿੰਘ ਅਤੇ ਜਗਤਾਰ ਸਿੰਘ ਨੂੰ ਨਿਸ਼ਾਨਾ ਬਣਾਉਣਾ ਸੀ। ਇਹ ਮਾਮਲਾ ਉਸ ਸਮੇਂ ਕਾਫੀ ਚਰਚਾ ਵਿਚ ਰਿਹਾ ਸੀ ਅਤੇ ਇਸ ਨਾਲ ਜੁੜੀ ਜਾਂਚ ਨੇ ਕਈ ਨਵੇਂ ਖੁਲਾਸੇ ਕੀਤੇ ਸਨ।

## ਪੰਜਾਬ 'ਚ ਬਦਲਿਆ ਮੌਸਮ, 7 ਜ਼ਿਲ੍ਹਿਆਂ

ਜਾਵੇ 18 ਅਪ੍ਰੈਲ ਦੀ ਤਾਂ ਮੌਸਮ ਸਾਫ ਰਹੇਗਾ ਪਰ 19 ਅਪ੍ਰੈਲ ਨੂੰ ਫਿਰ ਤੋਂ ਮੀਂਹ ਪਵੇਗਾ। ਪੰਜਾਬ ਵਿਚ ਤਾਪਮਾਨ 40 ਡਿਗਰੀ ਤੱਕ ਪਹੁੰਚ ਗਿਆ ਸੀ, ਪਰ ਹੁਣ ਫਿਰ ਤੋਂ ਪਹਾੜੀ ਇਲਾਕਿਆਂ ਵਿਚ ਵੈਸਟਰਨ ਡਿਸਟਰਬੈਂਸ ਐਕਟਿਵ ਹੋਣ ਕਰਕੇ ਮੌਸਮ ਵਿਭਾਗ ਨੇ ਅੱਜ ਲਈ ਯੈਲੋ ਅਲਰਟ ਜਾਰੀ ਕੀਤਾ ਹੈ। ਕੁਝ ਜ਼ਿਲ੍ਹਿਆਂ ਵਿਚ ਅੱਜ ਮੀਂਹ ਵੀ ਪੈ ਸਕਦਾ ਹੈ।

## 53 ਭਾਰਤੀ ਉਪਗ੍ਰਹਿਆਂ ਨੂੰ

ਕੁੱਲ 18 ਵਾਰ ਕੋਲੀਜਨ ਅਵੋਇਡੈਂਸ ਮੈਨਿਊਵਰ (ਕੈਮ) ਕਰਨਾ ਪਿਆ। ਇਨ੍ਹਾਂ ਵਿੱਚੋਂ 14 ਮੈਨਿਊਵਰ ਲੋਅ ਅਰਥ ਆਰਬਿਟ ਸੈਟੇਲਾਈਟਾਂ ਲਈ ਅਤੇ 4 ਜੀਓਸਿੰਕ੍ਰੋਨਸ ਅਰਥ ਆਰਬਿਟ ਸੈਟੇਲਾਈਟਾਂ ਲਈ ਕੀਤੇ ਗਏ। ਇਸ ਦੌਰਾਨ £1.2 ਬਿਲੀਅਨ ਦਾ ਨਿਸਾਰ ਸੈਟੇਲਾਈਟ ਵੀ ਸ਼ਾਮਲ ਰਿਹਾ, ਜਿਸ ਨੂੰ ਸੰਭਾਵੀ ਟੱਕਰ ਤੋਂ ਬਚਾਉਣ ਲਈ ਆਰਬਿਟ ਬਦਲੀ ਗਈ।

## ਕਾਂਗਰਸੀ ਆਗੂ ਪਵਨ ਖੇੜਾ ਨੂੰ ਸੁਪਰੀਮ

ਖੇੜਾ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਅਭਿਸ਼ੇਕ ਸਿੰਘਵੀ ਦੀਆਂ ਦਲੀਲਾਂ ਸੁਣੀਆਂ। ਅਦਾਲਤ ਨੇ ਅਸਾਮ ਦੀ ਉਸ ਅਦਾਲਤ ਨੂੰ, (ਜੋ ਕਾਂਗਰਸ ਆਗੂ ਦੀ ਪਟੀਸ਼ਨ 'ਤੇ ਸੁਣਵਾਈ ਕਰੇਗੀ), ਕਿਹਾ ਕਿ ਉਹ ਸੁਪਰੀਮ ਕੋਰਟ ਅਤੇ ਤੇਲੰਗਾਨਾ ਹਾਈ ਕੋਰਟ ਵੱਲੋਂ ਇਸ ਮਾਮਲੇ ਵਿੱਚ ਕੀਤੀ ਗਈ ਕਿਸੇ ਵੀ ਪ੍ਰਤੀਕੂਲ ਟਿੱਪਣੀ (ਜੇ ਕੋਈ ਹੈ) 'ਤੇ ਵਿਚਾਰ ਨਾ ਕਰੇ। ਬੈਂਚ ਨੇ ਅਸਾਮ ਦੀਆਂ ਅਦਾਲਤਾਂ ਨੂੰ ਖੇੜਾ ਦੀ ਪਟੀਸ਼ਨ 'ਤੇ ਤੇਜ਼ੀ ਨਾਲ ਸੁਣਵਾਈ ਕਰਨ ਲਈ ਵੀ ਕਿਹਾ ਹੈ।

## ਅੰਮ੍ਰਿਤਸਰ ਦੇ ਅਟਾਰੀ ਵਿਧਾਨ ਸਭਾ ਹਲਕੇ

ਖੋਖਲੇ ਦਾਅਵੇ ਕਰ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਇਨ੍ਹਾਂ ਸਰਕਾਰਾਂ ਨੇ ਕਦੇ ਵੀ ਸੂਬੇ ਅਤੇ ਲੋਕਾਂ ਦੀ ਪਰਵਾਹ ਨਹੀਂ ਕੀਤੀ, ਸਗੋਂ ਸਿਸਟਮ ਨੂੰ ਤਬਾਹ ਕਰ ਦਿੱਤਾ, ਜਿਸ ਕਾਰਨ ਨੌਜਵਾਨਾਂ ਵਿੱਚ ਵਿਦੇਸ਼ਾਂ 'ਚ ਜਾ ਕੇ ਵਸਣ ਦਾ ਰੁਝਾਨ ਪੈਦਾ ਹੋਇਆ। ਸੂਬੇ ਵਿੱਚੋਂ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਪੁੱਟਣ ਲਈ 'ਆਪ' ਸਰਕਾਰ ਨੇ ਸਖਤ ਯਤਨ ਕੀਤੇ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਸੂਬੇ 'ਤੇ ਇੱਕ ਕਲੰਕ ਸੀ ਅਤੇ ਇਸ ਸਰਾਪ ਨੂੰ ਮਿਟਾਉਣ ਲਈ 'ਆਪ' ਸਰਕਾਰ ਨੂੰ ਰਣਨੀਤੀ ਬਣਾਉਣ ਵਿੱਚ ਦੋ ਸਾਲਾਂ ਤੋਂ ਵੱਧ ਸਮਾਂ ਲੱਗਿਆ।

ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਢੀ, ਜਿਸ ਤਹਿਤ ਨਸ਼ਿਆਂ ਦੀ ਸਪਲਾਈ ਲਾਈਨ ਨੂੰ ਤੋੜ ਕੇ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਤਸਕਰਾਂ ਨੂੰ ਸਲਾਖਾਂ ਪਿੱਛੇ ਸੁੱਟਿਆ ਗਿਆ। ਆਮ ਲੋਕਾਂ ਦੇ ਸਰਗਰਮ ਸਮਰਥਨ ਅਤੇ ਸਹਿਯੋਗ ਨਾਲ ਹਰ ਪੱਧਰ 'ਤੇ ਨਸ਼ਿਆਂ ਦੇ ਸਰਾਪ ਦਾ ਸਫ਼ਾਇਆ ਕੀਤਾ ਜਾ ਰਿਹਾ ਹੈ ਅਤੇ ਇਸ ਮੁਹਿੰਮ ਨੂੰ ਆਮ ਲੋਕਾਂ ਦੇ ਸਹਿਯੋਗ ਨਾਲ ਲੋਕ ਲਹਿਰ ਵਿੱਚ ਬਦਲਿਆ ਗਿਆ ਹੈ। 'ਆਪ' ਸਰਕਾਰ ਨੇ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਸੁੱਟ ਕੇ ਅਤੇ ਨਸ਼ਾ ਤਸਕਰਾਂ 'ਤੇ ਸ਼ਿਕੰਜਾ ਕੱਸ ਕੇ ਨਸ਼ਿਆਂ ਦੇ ਕਾਰੋਬਾਰ ਦੀ ਰੀੜ੍ਹ ਦੀ ਹੱਡੀ ਤੋੜ ਦਿੱਤੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀ ਦਲ ਦੀ ਅਖੌਤੀ 'ਪੰਜਾਬ ਬਚਾਓ ਯਾਤਰਾ' ਦਾ ਅਸਲ ਨਾਮ 'ਪਰਿਵਾਰ ਬਚਾਓ ਯਾਤਰਾ' ਹੈ। ਮੁੱਖ ਮੰਤਰੀ ਨੇ ਕਿਹਾ ਕਿ 15 ਸਾਲ ਸੂਬੇ ਨੂੰ ਲੁੱਟਣ ਤੋਂ ਬਾਅਦ ਉਹ ਪੰਜਾਬ ਨੂੰ ਕਿਸ ਤੋਂ ਬਚਾਉਣ ਦੀ ਕੋਸ਼ਿਸ ਕਰ ਰਹੇ ਹਨ? ਲੋਕਾਂ ਨੇ ਅਕਾਲੀਆਂ ਨੂੰ ਕਈ ਵਾਰ ਚੁਣਿਆ ਪਰ ਉਹ ਗੱਦਾਰ ਸਾਬਤ ਹੋਏ ਅਤੇ ਉਨ੍ਹਾਂ ਨੇ ਹਮੇਸ਼ਾ ਸੂਬੇ ਅਤੇ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ। ਜਦੋਂ ਪੂਰਾ ਕਿਸਾਨ ਭਾਈਚਾਰਾ ਆਪਣੇ ਹੱਕਾਂ ਲਈ ਲੜ ਰਿਹਾ ਸੀ ਤਾਂ ਅਕਾਲੀਆਂ ਨੇ ਕੇਂਦਰੀ ਮੰਤਰੀ ਮੰਡਲ ਵਿੱਚ ਆਪਣੀ ਕੁਰਸੀ ਬਚਾਉਣ ਲਈ ਮੋਦੀ ਸਰਕਾਰ ਦਾ ਕਾਲੇ ਖੇਤੀ ਕਾਨੂੰਨਾਂ 'ਤੇ ਸਮਰਥਨ ਵੀ ਕੀਤਾ ਸੀ।

ਉਨ੍ਹਾਂ ਕਿਹਾ, "ਅਕਾਲੀਆਂ ਨੇ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਧਰਮ ਦੀ ਦੁਰਵਰਤੋਂ ਕੀਤੀ, ਜਿਸ ਲਈ ਲੋਕ ਉਨ੍ਹਾਂ ਨੂੰ ਕਦੇ ਮਾਫ਼ ਨਹੀਂ ਕਰਨਗੇ ਅਤੇ ਉਨ੍ਹਾਂ ਦੇ ਕੀਤੇ ਪਾਪਾਂ ਲਈ ਢੁਕਵਾਂ ਸਬਕ ਸਿਖਾਉਣਗੇ। ਲੋਕਾਂ ਨੇ ਅਕਾਲੀਆਂ ਨੂੰ ਵਾਰ-ਵਾਰ ਚੁਣਿਆ, ਪਰ ਉਹ ਗੱਦਾਰ ਸਾਬਤ ਹੋਏ ਅਤੇ ਹਮੇਸ਼ਾ ਪੰਜਾਬ ਅਤੇ ਪੰਜਾਬੀਆਂ ਦੀ ਪਿੱਠ ਵਿੱਚ ਛੁਰਾ ਮਾਰਿਆ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਸ ਪਵਿੱਤਰ ਧਰਤੀ ਨੇ ਸੰਤਾਂ, ਮਹਾਂਪੁਰਸ਼ਾਂ, ਸ਼ਹੀਦ, ਮਹਾਨ ਖਿਡਾਰੀ ਅਤੇ ਜਰਨੈਲ ਪੈਦਾ ਕੀਤੇ ਹਨ, ਪਰ ਬੜੀ ਮੰਦਭਾਗੀ ਗੱਲ ਹੈ ਕਿ ਪਿਛਲੀਆਂ ਸਰਕਾਰਾਂ ਦੀ ਸਰਪ੍ਰਸਤੀ ਹੇਠ ਤਸਕਰਾਂ, ਗੈਂਗਸਟਰਾਂ ਅਤੇ ਹੋਰ ਅਪਰਾਧੀਆਂ ਨੇ ਇਸ ਸੂਬੇ ਨੂੰ ਆਪਣਾ ਟਿਕਾਣਾ ਬਣਾਇਆ। ਨੌਜਵਾਨਾਂ ਨੂੰ ਕੁਰਾਹੇ ਪਾਉਣ ਲਈ ਜ਼ਿੰਮੇਵਾਰ ਲੋਕਾਂ ਨੂੰ ਜਵਾਬਦੇਹ ਠਹਿਰਾਇਆ ਜਾਵੇਗਾ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਪਾਪਾਂ ਦਾ ਭੁਗਤਾਨ ਕਰਨਾ ਪਵੇਗਾ। ਸੂਬੇ ਦੀਆਂ ਪੀੜ੍ਹੀਆਂ ਨੂੰ ਬਰਬਾਦ ਕਰਨ ਵਾਲੇ ਇਨ੍ਹਾਂ ਆਗੂਆਂ ਨੂੰ ਆਪਣੀਆਂ ਬਦਨੀਤੀਆਂ ਦੀ ਕੀਮਤ ਚੁਕਾਉਣੀ ਪਵੇਗੀ ਅਤੇ 'ਆਪ' ਸਰਕਾਰ ਉਨ੍ਹਾਂ ਦੇ ਮਾੜੇ ਕੰਮਾਂ ਲਈ ਮਿਸਾਲੀ ਸਜ਼ਾ ਯਕੀਨੀ ਬਣਾਏਗੀ।"

ਉਨ੍ਹਾਂ ਕਿਹਾ, "ਹਰ ਕੋਈ ਜਾਣਦਾ ਹੈ ਕਿ ਇਹ ਪਰਿਵਾਰ ਅੰਗਰੇਜ਼ਾਂ ਦੀ ਕਠਪੁਤਲੀ ਬਣਕੇ ਰਿਹਾ ਅਤੇ ਦੇਸ਼ ਲਈ ਲੜਨ ਵਾਲੇ ਦੇਸ਼ ਭਗਤਾਂ ਵਿਰੁੱਧ ਅੰਗਰੇਜ਼ਾਂ ਦਾ ਸਾਥ ਦੇਣ ਲਈ ਉਨ੍ਹਾਂ ਨੂੰ 'ਸਰ' ਦੀ ਉਪਾਧੀ ਦਿੱਤੀ ਸੀ। ਇਸ ਪਰਿਵਾਰ ਨੇ 13 ਅਪ੍ਰੈਲ, 1919 ਨੂੰ ਜੱਲ੍ਹਿਆਂਵਾਲਾ ਬਾਗ ਕਤਲੇਆਮ ਦੇ ਦੋਸ਼ੀ ਜਨਰਲ ਡਾਇਰ ਨੂੰ ਇਸ ਘਿਨਾਉਣੀ ਘਟਨਾ ਤੋਂ ਬਾਅਦ ਰਾਤ ਦੇ ਖਾਣੇ 'ਤੇ ਸੱਦ ਕੇ ਸਨਮਾਨਿਤ ਕੀਤਾ ਸੀ। ਅਜਿਹੇ ਕੰਮ ਉਨ੍ਹਾਂ ਦੀ ਦੇਸ਼ ਵਿਰੋਧੀ ਅਤੇ ਪੰਜਾਬ ਵਿਰੋਧੀ ਮਾਨਸਿਕਤਾ ਅਤੇ ਦੋਗਲੇ ਕਿਰਦਾਰ ਦਾ ਪ੍ਰਤੱਖ ਪ੍ਰਮਾਣ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਸਿਰਫ ਇੱਥੇ ਹੀ ਨਹੀਂ, ਇਸ ਪਰਿਵਾਰ ਨੇ ਜਨਰਲ ਡਾਇਰ ਨੂੰ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਿਰੋਪਾ ਅਤੇ ਮੁਆਫ਼ੀ ਦਿਵਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਈ। ਇਤਿਹਾਸ ਨੂੰ ਮਿਟਾਇਆ ਨਹੀਂ ਜਾ ਸਕਦਾ ਅਤੇ ਬਾਦਲ ਦੇ ਪੁਰਖਿਆਂ ਦੇ ਸ਼ੱਕੀ ਕਿਰਦਾਰ ਇਤਿਹਾਸ ਦੇ ਪੰਨਿਆਂ 'ਤੇ ਉੱਕਰੇ ਪਏ ਹਨ। ਇਸ ਪਰਿਵਾਰ ਦੇ ਹੱਥ ਦੇਸ਼ ਭਗਤਾਂ ਦੇ ਖੂਨ ਨਾਲ ਰੰਗੇ ਹੋਏ ਹਨ ਅਤੇ ਰਾਸ਼ਟਰਵਾਦੀਆਂ ਦੀ ਪਿੱਠ ਵਿੱਚ ਛੁਰਾ ਮਾਰਨ ਵਿੱਚ ਇਨ੍ਹਾਂ ਗੱਦਾਰਾਂ ਦੀ ਭੂਮਿਕਾ ਨੂੰ ਕਦੇ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ।"

ਉਨ੍ਹਾਂ ਕਿਹਾ, "2027 ਵਿੱਚ ਹੋਣ ਵਾਲੀਆਂ ਸੂਬਾ ਵਿਧਾਨ ਸਭਾ ਚੋਣਾਂ ਵਿੱਚ, ਲੋਕਾਂ ਕੋਲ ਤਿੰਨ ਕਲਮਾਂ ਚੁਣਨ ਦਾ ਮੌਕਾ ਹੋਵੇਗਾ। ਪਹਿਲੀ ਕਲਮ ਕਾਂਗਰਸ ਦੀ ਹੈ, ਜਿਸ ਵਿੱਚ ਲਾਲ ਸਿਆਹੀ ਹੈ ਜੋ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲੇ, 1984 ਦੀ ਨਸਲਕੁਸ਼ੀ ਅਤੇ ਹੋਰ ਸਿੱਖ ਵਿਰੋਧੀ ਅਤੇ ਪੰਜਾਬ ਵਿਰੋਧੀ ਸਟੈਂਡਾਂ ਦਾ ਪ੍ਰਤੀਕ ਹੈ। ਦੂਜੀ ਕਲਮ ਅਕਾਲੀਆਂ ਦੀ ਹੈ, ਜਿਸ ਵਿੱਚ ਸਿਰਫ਼ ਇੱਕ ਸਿਆਹੀ ਹੈ ਜਿਸ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕੀਤੀ ਹੈ। ਤੀਜੀ ਕਲਮ 'ਆਪ' ਦੀ ਹੈ ਜੋ ਹਰ ਗੁਜ਼ਰਦੇ ਦਿਨ ਮਾਰਗ-ਦਰਸ਼ਕ ਪਹਿਲਕਦਮੀਆਂ ਕਰਕੇ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਦੇ ਰਾਹ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਪ ਸਰਕਾਰ ਨੇ ਹਰ ਖੇਤਰ ਵਿੱਚ ਕਈ ਲੋਕ-ਪੱਖੀ ਪਹਿਲਕਦਮੀਆਂ ਕੀਤੀਆਂ ਹਨ, ਜਿਸ ਕਰਕੇ ਹਰ ਖੇਤਰ ਵਿੱਚ ਪੂਰੇ ਸੂਬੇ ਦੀ ਨੁਹਾਰ ਬਦਲੀ ਹੈ। ਲੋਕਾਂ ਦੇ ਟੈਕਸ ਦਾ ਪੈਸਾ ਸੂਬੇ ਦਾ ਹੈ ਅਤੇ ਇਸਨੂੰ ਲੋਕਾਂ ਦੀ ਭਲਾਈ 'ਤੇ ਸਮਝਦਾਰੀ ਨਾਲ ਖਰਚ ਕੀਤਾ ਜਾ ਰਿਹਾ ਹੈ। ਲੋਕਾਂ ਦਾ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਕੋਲ ਵਾਪਸ ਪਹੁੰਚ ਰਿਹਾ ਹੈ।"

ਉਨ੍ਹਾਂ ਅੱਗੇ ਕਿਹਾ, "ਆਪ ਸਰਕਾਰ ਵੱਲੋਂ 90 ਫੀਸਦ ਘਰਾਂ ਨੂੰ ਮੁਫਤ ਬਿਜਲੀ, ਨੌਜਵਾਨਾਂ ਨੂੰ ਬਿਨਾਂ ਕਿਸੇ ਭ੍ਰਿਸਟਾਚਾਰ ਤੋਂ 65,000 ਤੋਂ ਵੱਧ ਸਰਕਾਰੀ ਨੌਕਰੀਆਂ, ਬਿਹਤਰ ਸੜਕਾਂ, ਬੰਦ ਕੀਤੇ ਟੋਲ ਪਲਾਜ਼ਿਆਂ ਨਾਲ ਰੋਜਾਨਾ 70 ਲੱਖ ਰੁਪਏ ਦੀ ਬਚਤ ਅਤੇ ਬੁਨਿਆਦੀ ਢਾਂਚੇ ਉਸਾਰੇ ਜਾ ਰਹੇ ਹਨ। ਆਪ ਸਰਕਾਰ ਵੱਲੋਂ ਸੱਤਾ ਸੰਭਾਲਣ ਸਮੇਂ ਸਿੰਚਾਈ ਲਈ ਸਿਰਫ 22 ਫੀਸਦ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਸੀ ਪਰ ਅੱਜ 71 ਫੀਸਦ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਝੋਨੇ ਅਗਾਮੀ ਦੇ ਸੀਜਨ ਤੱਕ ਇਸਨੂੰ 90 ਫੀਸਦ ਤੱਕ ਵਧਾ ਦਿੱਤਾ ਜਾਵੇਗਾ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਸੁਰੂ ਕੀਤੀ ਗਈ ਹੈ ਜਿਸ ਤਹਿਤ ਪੰਜਾਬ ਦੇ ਸਾਰੇ 65 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾ ਰਹੇ ਹਨ। ਸੂਬੇ ਦਾ ਹਰ ਪਰਿਵਾਰ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦਾ ਹੱਕਦਾਰ ਹੈ। ਇਸ ਯੋਜਨਾ ਤਹਿਤ 30 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ ਪਹਿਲਾਂ ਹੀ ਸਿਹਤ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਲਗਭਗ 1.65 ਲੱਖ ਲੋਕਾਂ ਨੂੰ ਮੁਫਤ ਇਲਾਜ ਮਿਲ ਚੁੱਕਾ ਹੈ। ਲੋਕਾਂ ਨੂੰ ਇਨ੍ਹਾਂ ਕਾਰਡਾਂ ਦਾ ਵੱਧ ਤੋਂ ਵੱਧ ਲਾਭ ਲੈਣਾ ਚਾਹੀਦਾ ਹੈ।"

ਉਨ੍ਹਾਂ ਕਿਹਾ, "ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਝੋਨੇ ਦੇ ਸੀਜਨ ਦੌਰਾਨ ਟਿਊਬਵੈੱਲਾਂ ਨੂੰ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਗਈ ਹੈ। ਕਿਸਾਨਾਂ ਨੂੰ ਹੁਣ ਪਹਿਲੀ ਵਾਰ ਸਿੰਚਾਈ ਲਈ ਦਿਨ ਵੇਲੇ ਬਿਜਲੀ ਮਿਲ ਰਹੀ ਹੈ ਜਿਸ ਨਾਲ ਉਨ੍ਹਾਂ ਦੀ ਜ਼ਿੰਦਗੀ ਬਦਲ ਗਈ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡੀ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਸਰਕਾਰੀ ਖਜਾਨੇ ਦਾ ਇੱਕ-ਇੱਕ ਪੈਸਾ ਪੂਰੀ ਸਮਝਦਾਰੀ ਨਾਲ ਵਰਤਿਆ ਜਾ ਰਿਹਾ ਹੈ। ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ 18 ਸਾਲ ਤੋਂ ਵੱਧ ਉਮਰ ਦੀਆਂ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1500 ਰੁਪਏ ਅਤੇ ਬਾਕੀ ਵਰਗਾਂ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਦੀ ਸਹਾਇਤਾ ਦਿੱਤੀ ਜਾਵੇਗੀ।"

ਉਨ੍ਹਾਂ ਕਿਹਾ, "ਆਪ ਸਰਕਾਰ ਵੱਲੋਂ ਸੂਬੇ ਭਰ ਵਿੱਚ ਲਿੰਕ ਸੜਕਾਂ ਦੀ ਮੁਰੰਮਤ ਲਈ ਇੱਕ ਵਿਆਪਕ ਪ੍ਰਾਜੈਕਟ ਸੁਰੂ ਕੀਤਾ ਗਿਆ ਹੈ। ਪੰਜਾਬ ਵਿੱਚ 43,000 ਕਿਲੋਮੀਟਰ ਲਿੰਕ ਸੜਕਾਂ ਹਨ ਅਤੇ ਉਨ੍ਹਾਂ ਦੀ ਮੁਰੰਮਤ ਅਤੇ ਅਪਗ੍ਰੇਡੇਸਨ ਲਈ ਵਿਆਪਕ ਪ੍ਰਾਜੈਕਟ ਸੁਰੂ ਕੀਤਾ ਗਿਆ ਹੈ। ਮੁਰੰਮਤ ਦੇ ਨਾਲ-ਨਾਲ ਅਗਲੇ ਪੰਜ ਸਾਲਾਂ ਲਈ ਇਹਨਾਂ ਸੜਕਾਂ ਦੀ ਸਾਂਭ-ਸੰਭਾਲ ਵੀ ਕੀਤੀ ਜਾਵੇਗੀ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਲੋਕਾਂ ਦੇ ਟੈਕਸ ਦਾ ਸਾਰਾ ਪੈਸਾ ਸੂਬੇ ਦੇ ਲੋਕਾਂ ਦਾ ਹੈ ਅਤੇ ਇਹ ਉਨ੍ਹਾਂ ਦੀ ਭਲਾਈ 'ਤੇ ਖਰਚ ਕੀਤਾ ਜਾ ਰਿਹਾ ਹੈ। ਕਰਦਾਤਾਵਾਂ ਦਾ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਕੋਲ ਵਾਪਸ ਆ ਰਿਹਾ ਹੈ। ਭਾਵੇਂ 'ਆਪ' ਸਰਕਾਰ ਨੇ ਆਪਣੀਆਂ ਸਾਰੀਆਂ ਗਰੰਟੀਆਂ ਪੂਰੀਆਂ ਕਰ ਲਈਆਂ ਹਨ ਪਰ ਅੱਗੇ ਵਧਣ ਲਈ ਯਤਨ ਜਾਰੀ ਰਹਿਣਗੇ। ਦੂਜੀਆਂ ਸਿਆਸੀ ਪਾਰਟੀਆਂ ਆਪਣੀਆਂ ਸਟੇਜਾਂ 'ਤੇ ਸੱਤਾ ਹੜੱਪਣ ਦੀਆਂ ਚਾਲਾਂ ਚੱਲ ਰਹੀਆਂ ਹਨ ਪਰ ਇਸ ਸਟੇਜ ਤੋਂ ਅਸੀਂ ਸਿੱਖਿਆ, ਸਿਹਤ, ਬਿਜਲੀ, ਖੇਤੀਬਾੜੀ ਅਤੇ ਸਮੁੱਚੇ ਵਿਕਾਸ ਦੀ ਗੱਲ ਕਰਦੇ ਹਾਂ।"

ਸਰਹੱਦੀ ਕਿਸਾਨਾਂ ਲਈ ਵੱਡੀ ਰਾਹਤ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ, "ਆਪ ਸਰਕਾਰ ਦੇ ਠੋਸ ਯਤਨਾਂ ਸਦਕਾ ਭਾਰਤ ਸਰਕਾਰ ਨੇ ਕੰਡਿਆਲੀ ਤਾਰ ਨੂੰ ਕੌਮਾਂਤਰੀ ਸਰਹੱਦ ਦੇ 300 ਮੀਟਰ ਦੇ ਅੰਦਰ ਤਬਦੀਲ ਕਰਨ ਦੇ ਆਦੇਸ ਦਿੱਤੇ ਹਨ ਜਿਸ ਨਾਲ ਕਿਸਾਨਾਂ ਨੂੰ ਵੱਡੀ ਰਾਹਤ ਮਿਲੀ ਹੈ। ਇਸ ਨਾਲ ਲੱਖਾਂ ਏਕੜ ਜ਼ਮੀਨ 'ਤੇ ਬਿਨਾਂ ਕਿਸੇ ਪਾਬੰਦੀ ਤੋਂ ਖੇਤੀ ਕੀਤੀ ਜਾ ਸਕੇਗੀ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਸ ਨਾਲ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨ ਤਾਰਨ, ਫਾਜ਼ਿਲਕਾ ਅਤੇ ਫਿਰੋਜਪੁਰ ਦੇ ਕਿਸਾਨਾਂ ਨੂੰ ਬਹੁਤ ਫਾਇਦਾ ਹੋਵੇਗਾ। ਐਸਡੀਐਮਜ ਨੂੰ ਸਰਵੇਖਣ ਕਰਨ ਦੇ ਨਿਰਦੇਸ ਦਿੱਤੇ ਗਏ ਹਨ ਤਾਂ ਜੋ ਇਸ ਫੈਸਲੇ ਨੂੰ ਸਮੇਂ ਸਿਰ ਲਾਗੂ ਕਰਨ ਲਈ 300 ਮੀਟਰ ਦੇ ਖੇਤਰ ਦੀ ਸੁਚੱਜੇ ਢੰਗ ਨਾਲ ਨਿਸਾਨਦੇਹੀ ਕੀਤੀ ਜਾ ਸਕੇ।"

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਮੁੱਖ ਮੰਤਰੀ ਦੇ ਲਗਾਤਾਰ ਯਤਨਾਂ ਸਦਕਾ ਕਣਕ ਖਰੀਦ ਸੀਜ਼ਨ ਲਈ ਪੰਜਾਬ ਨੂੰ ਵੱਡੀ ਰਾਹਤ: ਕਟਾਰੂਚੱਕ

## ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਵੱਲੋਂ ਡੀਐਫਐਸਸੀਜ਼ ਨੂੰ ਨਿੱਜੀ ਤੌਰ 'ਤੇ ਮੰਡੀਆਂ ਦਾ ਦੌਰਾ ਕਰਨ ਦੇ ਨਿਰਦੇਸ਼

ਚੰਡੀਗੜ੍ਹ, 17 ਅਪ੍ਰੈਲ (ਚ.ਨ.ਸ.) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰੰਤਰ ਯਤਨਾਂ ਸਦਕਾ ਕੇਂਦਰ ਸਰਕਾਰ ਵੱਲੋਂ ਕਣਕ ਖਰੀਦ ਸੀਜ਼ਨ 2026-27 ਦੇ ਸਬੰਧ ਵਿੱਚ ਪੰਜਾਬ ਨੂੰ ਢਿੱਲ ਦਿੱਤੀ ਗਈ ਹੈ।

ਸੂਬੇ ਭਰ ਅਤੇ ਕੇਂਦਰ ਸ਼ਾਸਤ ਪ੍ਰਦੇਸ਼ (ਚੰਡੀਗੜ੍ਹ) ਵਿੱਚ ਹਰਿਆਣੇ ਦੀ ਤਰ੍ਹਾਂ ਕਣਕ ਦੇ ਦਾਣਿਆਂ ਵਿੱਚ ਚਮਕ ਦੀ ਕਮੀ ਸਬੰਧੀ ਸੀਮਾ ਵਿੱਚ 70 ਫੀਸਦ ਤੱਕ ਢਿੱਲ ਦਿੱਤੀ ਗਈ ਹੈ। ਸੁੰਗੜੇ ਅਤੇ ਟੁੱਟੇ ਹੋਏ ਦਾਣਿਆਂ ਦੇ ਸਬੰਧ ਵਿੱਚ, ਸੂਬੇ ਭਰ ਵਿੱਚ ਬਰਾਬਰ ਮਾਪਦੰਡਾਂ ਅਧੀਨ 6 ਫੀਸਦ ਦੀ ਮੌਜੂਦਾ ਸੀਮਾ ਦੇ ਮੁਕਾਬਲੇ 15 ਫੀਸਦ ਤੱਕ ਢਿੱਲ ਦਿੱਤੀ ਗਈ ਹੈ।

ਅੱਜ ਇੱਥੇ ਇੱਕ ਵੀਸੀ ਦੌਰਾਨ ਖਰੀਦ ਕਾਰਜਾਂ ਦੀ ਸਮੀਖਿਆ ਲਈ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ (ਡੀਐਫਐਸਸੀਜ਼) ਅਤੇ ਸੀਨੀਅਰ ਅਧਿਕਾਰੀਆਂ ਨੂੰ ਕਿਹਾ ਕਿ ਸਾਰੇ ਭਾਈਵਾਲਾਂ ਲਈ ਸਫਲ ਅਤੇ



ਨਿਰਵਿਘਨ ਖਰੀਦ ਸੀਜ਼ਨ ਯਕੀਨੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ।

ਉਪਜ ਦੀ ਲਿਫਟਿੰਗ ਵਿੱਚ ਤੇਜ਼ੀ ਲਿਆਉਣ 'ਤੇ ਜ਼ੋਰ ਦਿੰਦਿਆਂ ਮੰਤਰੀ ਨੇ ਕਿਹਾ ਕਿ ਉਪਜ ਦੀ ਖਰੀਦ ਤੋਂ 72 ਘੰਟਿਆਂ ਦੇ ਅੰਦਰ ਲਿਫਟਿੰਗ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਖਰੀਦੀਆਂ ਗਈਆਂ ਫਸਲਾਂ ਦੀ ਅਦਾਇਗੀ 48 ਘੰਟਿਆਂ ਦੇ ਅੰਦਰ ਕਿਸਾਨਾਂ ਦੇ ਖਾਤਿਆਂ ਵਿੱਚ ਕੀਤੀ ਜਾਵੇ। ਇਸ ਪ੍ਰਕਿਰਿਆ ਨੂੰ ਪੂਰੀ ਪਾਰਦਰਸ਼ਤਾ ਨਾਲ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ।

ਡੀਐਫਐਸਸੀਜ਼ ਨੂੰ ਮੰਡੀਆਂ ਦਾ ਨਿੱਜੀ ਤੌਰ 'ਤੇ ਦੌਰਾ ਕਰਨ ਦੇ ਨਿਰਦੇਸ਼ ਦਿੰਦਿਆਂ ਸ੍ਰੀ ਕਟਾਰੂਚੱਕ ਨੇ ਕਿਹਾ ਕਿ ਮੰਡੀਆਂ ਵਿੱਚ ਬਾਰਦਾਨੇ ਦੀ ਕੋਈ ਘਾਟ ਨਹੀਂ ਹੈ ਪਰ ਜੇਕਰ ਕਿਸੇ ਵੀ ਜ਼ਿਲ੍ਹੇ ਵਿੱਚ ਬਾਰਦਾਨੇ ਦੀ ਜ਼ਰੂਰਤ ਹੈ ਤਾਂ ਅੰਤਰ-ਜ਼ਿਲ੍ਹਾ ਢੋਆ-ਢੋਆਈ ਦਾ ਪ੍ਰਬੰਧ ਕੀਤਾ ਜਾ ਸਕਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਹੋਣਾ ਚਾਹੀਦਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ, ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਅਤੇ ਅਜੈਵੀਰ ਸਿੰਘ ਸਰਾਓ ਅਤੇ ਜੀਐਮ ਵਿੱਤ ਸਰਵੇਸ਼ ਕੁਮਾਰ ਸ਼ਾਮਲ ਸਨ।

# ਚੀਮਾ ਨੇ ਰਿਕਾਰਡ ਮਾਲੀਆ ਵਾਧੇ ਦਰਮਿਆਨ ਆਬਕਾਰੀ ਤੇ ਕਰ ਵਿਭਾਗ ਦੀ ਇਨਫੋਰਸਮੈਂਟ ਨੂੰ ਹੁਲਾਰਾ ਦੇਣ ਲਈ 25 ਨਵੇਂ ਵਾਹਨ ਹਰੀ ਝੰਡੀ ਦੇ ਕੇ ਰਵਾਨਾ

ਚੰਡੀਗੜ੍ਹ, 17 ਅਪ੍ਰੈਲ (ਚ.ਨ.ਸ.): ਪੰਜਾਬ ਦੇ ਵਿੱਤ, ਆਬਕਾਰੀ ਤੇ ਕਰ ਮੰਤਰੀ ਐਡ. ਹਰਪਾਲ ਸਿੰਘ ਚੀਮਾ ਨੇ ਆਬਕਾਰੀ ਤੇ ਕਰ ਵਿਭਾਗ ਦੀ ਕਾਰਜਸ਼ੀਲ ਗਤੀਸ਼ੀਲਤਾ ਤੇ ਇਨਫੋਰਸਮੈਂਟ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਲਈ 25 ਨਵੀਆਂ ਬਲੈਰੋ ਗੱਡੀਆਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਉਨ੍ਹਾਂ ਕਿਹਾ ਕਿ ਇਸ ਕਦਮ ਨਾਲ ਫੀਲਡ ਵਿੱਚ ਮੌਜੂਦਗੀ ਵਿੱਚ ਕਾਫ਼ੀ ਵਾਧਾ ਹੋਵੇਗਾ, ਟੈਕਸ ਚੋਰੀ ਨੂੰ ਨੱਥ ਪਾਈ ਜਾਵੇਗੀ ਤੇ ਪੰਜਾਬ ਸਰਕਾਰ ਲਈ ਮਾਲੀਆ ਇਕੱਤਰ ਕਰਨ ਨੂੰ ਹੁਲਾਰਾ ਮਿਲੇਗਾ। ਪ੍ਰੈਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਅੱਜ ਸਾਡੇ ਸੂਬਾ ਪ੍ਰਸ਼ਾਸਨ ਲਈ ਇੱਕ ਅਹਿਮ ਕਦਮ ਹੈ ਕਿਉਂਕਿ ਅਸੀਂ ਆਬਕਾਰੀ ਤੇ ਕਰ ਵਿਭਾਗ ਦੀ ਕਾਰਜਸ਼ੀਲ ਗਤੀਸ਼ੀਲਤਾ ਤੇ ਇਨਫੋਰਸਮੈਂਟ ਸਮਰੱਥਾਵਾਂ ਨੂੰ ਮਹੱਤਵਪੂਰਨ ਢੰਗ ਨਾਲ ਵਧਾਉਣ ਲਈ ਅਧਿਕਾਰਤ ਤੌਰ 'ਤੇ 25 ਨਵੇਂ ਬਲੈਰੋ ਵਾਹਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਹੈ।" ਜ਼ਮੀਨੀ ਪੱਧਰ 'ਤੇ ਕਾਰਵਾਈਆਂ ਨੂੰ ਮਜ਼ਬੂਤ ਕਰਨ ਤੇ ਵਿਆਪਕ ਭੂਗੋਲਿਕ ਪਹੁੰਚ ਦੀ ਲੋੜ 'ਤੇ ਜ਼ੋਰ ਦਿੰਦਿਆਂ ਵਿੱਤ ਮੰਤਰੀ ਨੇ ਕਿਹਾ, "ਵੱਧ ਤੋਂ ਵੱਧ ਭੂਗੋਲਿਕ ਕਵਰੇਜ ਤੇ ਕਾਰਜਸ਼ੀਲ ਕੁਸ਼ਲਤਾ ਨੂੰ ਯਕੀਨੀ ਬਣਾਉਣ ਲਈ, ਵਿਭਾਗ ਨੇ ਲਗਭਗ 2.21 ਕਰੋੜ ਰੁਪਏ ਦੀ ਕੁੱਲ ਲਾਗਤ ਨਾਲ ਇਹ 25 ਬਲੈਰੋ ਵਾਹਨ ਖਰੀਦੇ ਹਨ। ਇਹਨਾਂ ਵਾਹਨਾਂ ਨੂੰ ਵੱਖ-ਵੱਖ ਜ਼ਿਲ੍ਹਿਆਂ, ਇਨਫੋਰਸਮੈਂਟ ਵਿੰਗਾਂ ਅਤੇ ਸਾਡੀਆਂ ਮਹੱਤਵਪੂਰਨ ਮੋਬਾਈਲ ਯੂਨਿਟਾਂ ਵਿੱਚ ਤਾਇਨਾਤ ਕੀਤਾ ਜਾਵੇਗਾ।" ਪੰਜਾਬ ਦੇ ਵਿੱਤ ਨੂੰ ਮਜ਼ਬੂਤ ਕਰਨ ਵਿੱਚ ਵਿਭਾਗ ਦੁਆਰਾ ਨਿਭਾਈ ਗਈ ਅਹਿਮ ਭੂਮਿਕਾ ਨੂੰ ਉਜਾਗਰ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਆਬਕਾਰੀ ਅਤੇ ਕਰ ਵਿਭਾਗ ਪੂਰੇ ਸੂਬੇ ਵਿੱਚ ਟੈਕਸ ਕਾਨੂੰਨਾਂ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਵਿੱਤੀ ਸਾਲ 2025-26 ਦੌਰਾਨ, ਵਿਭਾਗ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਪਿਛਲੇ ਵਿੱਤੀ ਸਾਲ 2024-25 ਦੇ ਮੁਕਾਬਲੇ ਟੈਕਸ ਉਗਰਾਹੀ ਵਿੱਚ ਸਿਹਤਮੰਦ ਵਾਧਾ ਦਰਜ ਕੀਤਾ ਗਿਆ।"



ਮਜ਼ਬੂਤ ਮਾਲੀਆ ਵਾਧੇ ਦਾ ਵੇਰਵਾ ਦਿੰਦੇ ਹੋਏ, ਉਨ੍ਹਾਂ ਕਿਹਾ, "ਕੁੱਲ ਟੈਕਸ ਮਾਲੀਏ ਵਿੱਚ ਸਾਲ-ਦਰ-ਸਾਲ ਮਜ਼ਬੂਤ ਵਾਧਾ ਦੇਖਣ ਨੂੰ ਮਿਲਿਆ ਹੈ। ਕੁੱਲ ਜੀ.ਐਸ.ਟੀ. ਕੁਲੈਕਸ਼ਨ 11.87% ਵੱਧ ਕੇ 24,799.18 ਕਰੋੜ ਰੁਪਏ ਤੋਂ 27,744.05 ਕਰੋੜ ਰੁਪਏ ਹੋ ਗਈ ਹੈ, ਜਦੋਂ ਕਿ ਸ਼ੁੱਧ ਜੀ.ਐਸ.ਟੀ. ਕੁਲੈਕਸ਼ਨ 12.52% ਦੇ ਵਾਧੇ ਨਾਲ 23,642.08 ਕਰੋੜ ਰੁਪਏ ਤੋਂ 26,601.12 ਕਰੋੜ ਰੁਪਏ ਹੋ ਗਈ ਹੈ। ਇਸੇ ਤਰ੍ਹਾਂ, ਸਾਡੇ ਆਬਕਾਰੀ ਮਾਲੀਏ ਵਿੱਚ 9.15% ਦਾ ਵਾਧਾ ਹੋਇਆ ਹੈ, ਜੋ 2024-25 ਵਿੱਚ 10,752.80 ਕਰੋੜ ਰੁਪਏ ਦੇ ਮੁਕਾਬਲੇ 11,736.57 ਕਰੋੜ ਰੁਪਏ ਤੱਕ ਪਹੁੰਚ ਗਿਆ ਹੈ।" ਇਨਫੋਰਸਮੈਂਟ ਦੇ ਨਤੀਜਿਆਂ ਵਿੱਚ ਹੋਏ ਵੱਡੇ ਸੁਧਾਰ ਨੂੰ ਰੇਖਾਂਕਿਤ ਕਰਦੇ ਹੋਏ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਇੱਕ ਸ਼ਾਨਦਾਰ ਪ੍ਰਾਪਤੀ ਇਨਫੋਰਸਮੈਂਟ ਗਤੀਵਿਧੀਆਂ ਵਿੱਚ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟਸ ਦੀ ਬੇਮਿਸਾਲ ਕਾਰਗੁਜ਼ਾਰੀ ਰਹੀ ਹੈ। ਵਿੱਤੀ ਸਾਲ 2024-25 ਵਿੱਚ, ਸੜਕੀ ਚੈਕਿੰਗ ਅਤੇ ਨਿਰੀਖਣਾਂ ਰਾਹੀਂ ਲਗਾਇਆ ਗਿਆ ਕੁੱਲ ਜੁਰਮਾਨਾ 321.04 ਕਰੋੜ ਰੁਪਏ ਸੀ।"

ਵਿੱਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ, "ਮੈਨੂੰ ਇਹ ਦੱਸਦਿਆਂ ਮਾਣ ਮਹਿਸੂਸ ਹੋ ਰਿਹਾ ਹੈ ਕਿ ਵਿੱਤੀ ਸਾਲ 2025-26 ਵਿੱਚ ਇਹ ਤੇਜ਼ੀ ਨਾਲ ਵੱਧ ਕੇ 1,384.09 ਕਰੋੜ ਰੁਪਏ ਹੋ ਗਿਆ ਹੈ, ਜੋ ਜੁਰਮਾਨਾ ਲਗਾਉਣ ਵਿੱਚ ਚਾਰ ਗੁਣਾ ਤੋਂ ਵੱਧ ਅਤੇ ਵਸੂਲੀ ਵਿੱਚ ਲਗਭਗ ਛੇ ਗੁਣਾ ਵਾਧਾ ਦਰਸਾਉਂਦਾ ਹੈ। ਇਹ ਵੱਡਾ ਸੁਧਾਰ ਸਾਡੇ ਵਿਭਾਗ ਦੀ ਲਗਨ, ਕੁਸ਼ਲਤਾ ਅਤੇ ਮਜ਼ਬੂਤ ਜ਼ਮੀਨੀ-ਪੱਧਰੀ ਇਨਫੋਰਸਮੈਂਟ ਯਤਨਾਂ ਨੂੰ ਉਜਾਗਰ ਕਰਦਾ ਹੈ।" ਨਵੇਂ ਸ਼ਾਮਲ ਕੀਤੇ ਫਲੀਟ ਦੀ ਰਣਨੀਤਕ ਮਹੱਤਤਾ ਬਾਰੇ ਦੱਸਦਿਆਂ ਆਬਕਾਰੀ ਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਇਸ ਰਣਨੀਤਕ ਪਹਿਲਕਦਮੀ ਨਾਲ ਸਾਡੇ ਅਧਿਕਾਰੀਆਂ ਦੀ ਫੀਲਡ ਵਿੱਚ ਮੌਜੂਦਗੀ ਦੇ ਕਾਫ਼ੀ ਹੱਦ ਤੱਕ ਮਜ਼ਬੂਤ ਹੋਣ ਦੀ ਉਮੀਦ ਹੈ। ਇਹ ਸਿੱਧੇ ਤੌਰ 'ਤੇ ਤੁਰੰਤ ਨਿਰੀਖਣ ਤੇ ਜਾਂਚ ਦੇ ਯੋਗ ਬਣਾਵੇਗਾ, ਅੰਤਰ-ਰਾਜੀ ਮਾਲ ਦੀ ਆਵਾਜਾਈ ਦੀ ਸਾਡੀ ਨਿਗਰਾਨੀ ਵਿੱਚ ਸੁਧਾਰ ਕਰੇਗਾ, ਅਤੇ ਟੈਕਸ ਚੋਰੀ ਨੂੰ ਰੋਕਣ ਵਿੱਚ ਸਾਡੀ ਸਮੁੱਚੀ ਪ੍ਰਭਾਵਸ਼ੀਲਤਾ ਨੂੰ ਵਧਾਏਗਾ।" ਉਨ੍ਹਾਂ ਅੱਗੇ ਕਿਹਾ, "ਨਤੀਜੇ ਵਜੋਂ, ਇਹ ਅਗਾਂਹਵਧੂ ਕਦਮ ਸਰਕਾਰ ਲਈ ਉੱਚ ਮਾਲੀਆ ਪੈਦਾ ਕਰਨ ਵਿੱਚ ਭਾਰੀ ਯੋਗਦਾਨ ਪਾਵੇਗਾ।" ਵਿਭਾਗ ਦੇ ਭਵਿੱਖਮੁਖੀ ਦ੍ਰਿਸ਼ਟੀਕੋਣ ਦੀ ਰੂਪਰੇਖਾ ਉਲੀਕਦਿਆਂ ਆਬਕਾਰੀ ਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਇਸ ਮਜ਼ਬੂਤ ਫਲੀਟ ਦੇ ਸ਼ਾਮਲ ਹੋਣ ਨਾਲ ਰੀਅਲ-ਟਾਈਮ ਨਿਗਰਾਨੀ, ਤੁਰੰਤ ਕਾਰਵਾਈ ਅਤੇ ਪੂਰੇ ਖੇਤਰ ਵਿੱਚ ਟੈਕਸ ਦੀ ਪਾਲਣਾ ਵਿੱਚ ਸੁਧਾਰ ਲਈ ਵਿਭਾਗ ਦੀ ਸਮਰੱਥਾ ਵਿੱਚ ਹੋਰ ਵਾਧਾ ਹੋਵੇਗਾ। ਅਸੀਂ ਆਉਣ ਵਾਲੇ ਸਾਲਾਂ ਵਿੱਚ ਨਿਰੰਤਰ ਅਤੇ ਬਿਹਤਰ ਕਾਰਜਕੁਸ਼ਲਤਾ ਲਈ ਰਾਹ ਪੱਧਰਾ ਕਰ ਰਹੇ ਹਾਂ, ਅਤੇ ਇਹ ਯਕੀਨੀ ਬਣਾ ਰਹੇ ਹਾਂ ਕਿ ਸਾਡਾ ਟੈਕਸ ਬੁਨਿਆਦੀ ਢਾਂਚਾ ਚੌਕਸ ਰਹੇ ਅਤੇ ਟੈਕਸ ਚੋਰੀ ਨਾਲ ਕੋਈ ਸਮਝੌਤਾ ਨਾ ਹੋਵੇ।"

# ਮਹਿਲਾ ਰਾਖਵਾਂਕਰਨ ਨੂੰ ਸਾਡੀ ਪੂਰਨ ਹਮਾਇਤ ਪਰ ਕੇਂਦਰ ਵੱਲੋਂ ਇਹ ਸਿਰਫ਼ ਚੋਣ ਡਰਾਮਾ ਰਚਿਆ ਜਾ ਰਿਹੈ : ਮੀਤ ਹੇਅਰ

ਚੰਡੀਗੜ੍ਹ/ਨਵੀਂ ਦਿੱਲੀ, 17 ਅਪ੍ਰੈਲ (ਚ.ਨ.ਸ.): ਆਮ ਆਦਮੀ ਪਾਰਟੀ (ਆਪ) ਦੇ ਸੰਗਰੂਰ ਤੋਂ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਸੰਸਦ ਦੇ ਵਿਸ਼ੇਸ਼ ਸੈਸ਼ਨ ਦੌਰਾਨ ਮਹਿਲਾ ਰਾਖਵਾਂਕਰਨ ਅਤੇ ਹੱਦਬੰਦੀ ਬਿੱਲ 'ਤੇ ਬੋਲਦਿਆਂ ਕੇਂਦਰ ਸਰਕਾਰ ਮਹਿਲਾ ਰਾਖਵਾਂਕਰਨ ਬਿੱਲ ਨੂੰ ਸਾਡੀ ਪੂਰਨ ਹਮਾਇਤ ਹੈ, ਪਰ ਉਨ੍ਹਾਂ ਨੂੰ ਕੇਂਦਰ ਵੱਲੋਂ ਇਹ ਬਿੱਲ ਲਿਆਉਣ ਦੀ ਮਨਸ਼ਾ ਤੇ ਸਮੇਂ 'ਤੇ ਸ਼ੱਕ ਜਤਾਉਂਦਿਆਂ ਇਸਨੂੰ ਸਿਆਸੀ ਲਾਭ ਲੈਣ ਦੇ ਉਦੇਸ਼ ਨਾਲ ਚੁੱਕਿਆ ਕਦਮ ਦੱਸਿਆ। ਇਸ ਦੇ ਨਾਲ ਹੀ ਉਨ੍ਹਾਂ ਨੇ ਹੱਦਬੰਦੀ ਬਿੱਲ ਦਾ ਸਖ਼ਤ ਵਿਰੋਧ ਕਰਦਿਆਂ ਚੇਤਾਵਨੀ ਦਿੱਤੀ ਕਿ ਇਹ ਪੰਜਾਬ ਵਰਗੇ ਰਾਜਾਂ ਦੇ ਸੰਘੀ ਢਾਂਚੇ ਨੂੰ ਢਾਹ ਲਾ ਕੇ ਉਨ੍ਹਾਂ ਦੀ ਨੁਮਾਇੰਦਗੀ ਨੂੰ ਹੋਰ ਕਮਜ਼ੋਰ ਕਰ ਸਕਦਾ ਹੈ। ਸੰਸਦ ਵਿੱਚ ਦੇਰ ਰਾਤ ਹੋਈ ਬਹਿਸ ਨੂੰ ਸੰਬੋਧਨ ਕਰਦਿਆਂ ਆਪ ਦੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਅਸੀਂ ਮਹਿਲਾ ਰਾਖਵਾਂਕਰਨ ਬਿੱਲ ਦਾ ਪੂਰਾ ਸਮਰਥਨ ਕਰਦੇ ਹਾਂ, ਪਰ ਇਸ ਪਿੱਛੇ ਕੇਂਦਰ ਸਰਕਾਰ ਦੀ ਮਨਸ਼ਾ ਗੰਭੀਰ ਸ਼ੰਕੇ ਖੜ੍ਹੇ ਕਰਦੀ ਹੈ। ਉਨ੍ਹਾਂ ਕਿਹਾ ਕਿ ਜਿਸ ਢੰਗ ਅਤੇ ਸਮੇਂ ਇਹ ਬਿੱਲ ਲਿਆਂਦਾ ਗਿਆ ਹੈ, ਉਸ ਤੋਂ ਪਤਾ ਲੱਗਦਾ ਹੈ ਕਿ ਇਸਨੂੰ ਮਹਿਲਾ ਸਸ਼ਕਤੀਕਰਨ ਵੱਲ ਇੱਕ ਠੋਸ ਕਦਮ ਦੀ ਬਜਾਏ ਸਿਆਸੀ ਲਾਭ ਦੀ ਕੋਸ਼ਿਸ਼ ਵਜੋਂ ਵਰਤਿਆ ਜਾ ਰਿਹਾ ਹੈ। 'ਆਪ' ਸੰਸਦ ਮੈਂਬਰ ਨੇ ਅੱਗੇ ਕਿਹਾ ਕਿ ਜੇਕਰ ਕੇਂਦਰ ਸਰਕਾਰ ਦਾ ਇਰਾਦਾ ਸਾਫ਼ ਅਤੇ ਸਹੀ ਹੁੰਦਾ ਤਾਂ ਉਹ ਇਸ ਬਿੱਲ ਨੂੰ 2023 ਵਿੱਚ ਹੀ ਇਹ ਬਿੱਲ ਪਾਸ ਕਰ ਸਕਦੀ ਸੀ। ਉਸ ਸਮੇਂ ਕੇਂਦਰ ਵੱਲੋਂ ਇਹ ਦਲੀਲ ਦਿੱਤੀ ਗਈ ਸੀ



ਕਿ ਇਹ ਬਿੱਲ ਜਨਗਣਨਾ ਤੋਂ ਬਾਅਦ ਲਿਆਂਦਾ ਜਾਵੇਗਾ, ਪਰ ਹੁਣ ਵੀ ਇਹ ਬਿੱਲ ਉਸ ਸਮੇਂ ਲਿਆਂਦਾ ਗਿਆ ਹੈ, ਜਦੋਂ ਜਨਗਣਨਾ ਦਾ ਅਮਲ ਹਾਲੇ ਸ਼ੁਰੂ ਵੀ ਨਹੀਂ ਹੋਇਆ, ਜੋ ਕੇਂਦਰ ਦੀ ਸ਼ੱਕੀ ਪਹੁੰਚ ਵੱਲ ਇਸ਼ਾਰਾ ਕਰਦਾ ਹੈ। ਹੱਦਬੰਦੀ ਬਿੱਲ ਦਾ ਸਖ਼ਤ ਵਿਰੋਧ ਕਰਦਿਆਂ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਇਹ ਹੱਦਬੰਦੀ ਬਿੱਲ ਸੂਬਿਆਂ ਦੇ ਸਿਆਸੀ ਸੰਤੁਲਨ 'ਤੇ ਵਧੇਰੇ ਮਾੜਾ ਪ੍ਰਭਾਵ ਪਾ ਸਕਦਾ ਹੈ, ਜਿਸ ਨਾਲ ਪੰਜਾਬ ਵਰਗੇ ਛੋਟੇ ਰਾਜਾਂ ਦੀ ਨੁਮਾਇੰਦਗੀ ਹੋਰ ਘਟ ਜਾਵੇਗਾ, ਜਦੋਂ ਕਿ ਵੱਧ ਆਬਾਦੀ ਵਾਲੇ ਸੂਬਿਆਂ ਨੂੰ ਇਸਦਾ ਕਾਫ਼ੀ ਲਾਭ ਹੋਵੇਗਾ, ਜੋ ਛੋਟੇ ਅਤੇ ਵੱਡੇ ਸੂਬਿਆਂ ਦਰਮਿਆਨ ਅਸਮਾਨਤਾਵਾਂ ਨੂੰ ਹੋਰ ਡੂੰਘਾ ਕਰੇਗਾ।

ਉਨ੍ਹਾਂ ਨੇ ਪੰਜਾਬ ਨਾਲ ਸਬੰਧਤ ਲੰਬੇ ਸਮੇਂ ਤੋਂ ਚੱਲ ਰਹੇ ਮੁੱਦਿਆਂ ਨੂੰ ਹੋਰ ਉਜਾਗਰ ਕਰਦਿਆਂ ਕਿਹਾ ਕਿ ਆਜ਼ਾਦੀ ਤੋਂ ਪਹਿਲਾਂ ਅਤੇ ਬਾਅਦ ਵਿੱਚ ਪੰਜਾਬ ਨਾਲ ਕੀਤੇ ਵਾਅਦੇ ਹਾਲੇ ਤੱਕ ਅਧੂਰੇ ਹਨ। ਪੰਜਾਬ ਨੂੰ ਵਿਸ਼ੇਸ਼ ਦਰਜਾ ਦੇਣ ਦੀ ਬਜਾਏ, ਸੂਬੇ ਦੇ ਫੰਡ ਰੋਕੇ ਜਾ ਰਹੇ ਹਨ ਅਤੇ ਬੀਬੀਐਮਬੀ 'ਤੇ ਵੀ ਸੂਬੇ ਦੇ ਅਧਿਕਾਰਾਂ ਨੂੰ ਲਗਾਤਾਰ ਖੋਖਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਘੱਟ ਨੁਮਾਇੰਦਗੀ ਕਰਕੇ ਪੰਜਾਬ ਤਾਂ ਪਹਿਲਾਂ ਹੀ ਮਤਰੇਈ ਮਾਂ ਵਾਲਾ ਸਲੂਕ ਹੁੰਦਾ ਰਿਹਾ ਹੈ ਅਤੇ ਇਹ ਹੱਦਬੰਦੀ ਇਸ ਸਥਿਤੀ ਨੂੰ ਹੋਰ ਵੀ ਵਿਗਾੜ ਦੇਵੇਗੀ। ਹੋਰਨਾਂ ਮੁਲਕਾਂ ਨਾਲ ਤੁਲਨਾ ਕਰਦਿਆਂ ਉਨ੍ਹਾਂ ਕਿਹਾ ਕਿ ਸੰਯੁਕਤ ਰਾਜ ਅਮਰੀਕਾ ਅਤੇ ਯੂਰੋਪੀਅਨ ਦੇਸ਼ਾਂ ਵਿੱਚ ਸਾਰੇ ਰਾਜਾਂ ਨੂੰ ਬਰਾਬਰ ਅਧਿਕਾਰ ਮਿਲ ਰਹੇ ਹਨ, ਇਸ ਨੂੰ ਧਿਆਨ ਵਿੱਚ ਰੱਖਦਿਆਂ ਭਾਰਤ ਨੂੰ ਇੱਕ ਅਜਿਹੇ ਢਾਂਚੇ ਵੱਲ ਵੀ ਵਧਣਾ ਚਾਹੀਦਾ ਹੈ ਜਿੱਥੇ ਆਬਾਦੀ ਨੂੰ ਵਿਚਾਰੇ ਬਿਨਾਂ ਹਰ ਰਾਜ ਨਾਲ ਨਿਰਪੱਖਤਾ ਅਤੇ ਬਰਾਬਰੀ ਨਾਲ ਪੇਸ਼ ਆਇਆ ਜਾਵੇ।

ਪੰਜਾਬੀ ਪ੍ਰਵਾਸੀਆਂ ਨਾਲ ਸਬੰਧਤ ਮੁੱਦੇ ਉਠਾਉਂਦਿਆਂ ਗੁਰਮੀਤ ਸਿੰਘ ਮੀਤ ਹੇਅਰ ਨੇ ਇਸ ਸਬੰਧੀ ਨੀਤੀ ਸੁਧਾਰਾਂ ਦੀ ਵਕਾਲਤ ਕਰਦਿਆਂ ਕਿਹਾ ਕਿ ਪ੍ਰਵਾਸੀ ਪੰਜਾਬੀਆਂ ਨੇ ਦੇਸ਼ ਅਤੇ ਪੰਜਾਬ ਲਈ ਵੱਡਾ ਯੋਗਦਾਨ ਪਾਇਆ ਹੈ ਅਤੇ ਹੁਣ ਸਮਾਂ ਆ ਗਿਆ ਹੈ ਕਿ ਸਰਕਾਰ ਉਨ੍ਹਾਂ ਦੀ ਭੂਮਿਕਾ ਨੂੰ ਪਛਾਣਦਿਆਂ ਭਾਰਤ ਨਾਲ ਉਨ੍ਹਾਂ ਦੇ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਪ੍ਰਵਾਸੀ ਪੰਜਾਬੀਆਂ ਨੂੰ ਦੋਹਰੀ ਨਾਗਰਿਕਤਾ ਦੇਣ 'ਤੇ ਗੰਭੀਰਤਾ ਨਾਲ ਵਿਚਾਰ ਕਰੇ।

# ਮੋਹਿੰਦਰ ਭਗਤ ਵੱਲੋਂ ਐਸ.ਏ.ਐਸ. ਨਗਰ 'ਚ 'ਰੰਗਲਾ ਪੰਜਾਬ' ਵਿਕਾਸ ਗ੍ਰਾਂਟਾਂ ਦੀ ਪ੍ਰਗਤੀ ਦਾ ਜਾਇਜ਼ਾ

ਚੰਡੀਗੜ੍ਹ/ਸਾਹਿਬਜ਼ਾਦਾ ਅਜੀਤ ਸਿੰਘ ਨਗਰ, 17 ਅਪ੍ਰੈਲ (ਹਰਦੀਪ ਕੌਰ):



ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ 'ਰੰਗਲਾ ਪੰਜਾਬ' ਮਿਸ਼ਨ ਹੇਠ ਲਗਭਗ 8.47 ਕਰੋੜ ਰੁਪਏ ਦੀ ਲਾਗਤ ਨਾਲ 174 ਵਿਕਾਸ ਦੇ ਕੰਮ ਪ੍ਰਗਤੀ ਅਧੀਨ ਹਨ। ਇਹ ਜਾਣਕਾਰੀ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਅੱਜ ਸੰਬੰਧਤ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਦਿੱਤੀ। ਇਸ ਮੌਕੇ ਪੰਜਾਬ ਯੂਥ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਤੇ ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਇੰਜੀ. ਪ੍ਰਭਜੋਤ ਕੌਰ ਵੀ ਮੌਜੂਦ ਸਨ। ਮੀਟਿੰਗ ਦੌਰਾਨ ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਕੰਮ ਤਰਜੀਹ ਦੇ ਆਧਾਰ 'ਤੇ ਜਲਦੀ ਮੁਕੰਮਲ ਕੀਤੇ ਜਾਣ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਕੁੱਲ 174 ਕੰਮਾਂ ਵਿੱਚੋਂ 45 ਕੰਮ ਮੁਕੰਮਲ ਹੋ ਚੁੱਕੇ ਹਨ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਤਿੰਨ ਹਲਕਿਆਂ ਲਈ 2.5-2.5 ਕਰੋੜ ਰੁਪਏ ਦੀ ਹੋਰ ਕਿਸ਼ਤ ਵੀ ਪ੍ਰਾਪਤ ਹੋ ਚੁੱਕੀ ਹੈ।

ਮੋਹਾਲੀ, ਖਰੜ, ਡੇਰਾਬੱਸੀ ਤੇ ਬਨੂੜ ਦੇ ਇਹਨਾਂ ਵਿਕਾਸ ਕੰਮਾਂ ਵਿੱਚ ਕਮਿਊਨਿਟੀ ਸੈਂਟਰਾਂ, ਪੰਚਾਇਤ ਘਰਾਂ, ਧਰਮਸ਼ਾਲਾਵਾਂ, ਖੇਡ ਮੈਦਾਨਾਂ, ਗਲੀਆਂ, ਡਰੇਨੇਜ ਪ੍ਰਣਾਲੀ, ਸ਼ਮਸ਼ਾਨ ਘਾਟਾਂ ਦੀ ਚਾਰਦੀਵਾਰੀ, ਪਿੰਡਾਂ ਦੇ ਐਂਟਰੀ ਗੇਟ, ਡਿਸਪੈਂਸਰੀਆਂ ਦੀ ਮੁਰੰਮਤ, ਸਕੂਲਾਂ ਦੇ ਕਮਰਿਆਂ ਦਾ ਨਿਰਮਾਣ, ਸੋਲਰ ਲਾਈਟਾਂ ਲਾਉਣਾ ਅਤੇ ਗਰੀਬ ਲੋਕਾਂ ਦੇ ਕੱਚੇ ਮਕਾਨਾਂ ਨੂੰ ਪੱਕੇ ਮਕਾਨਾਂ ਵਿੱਚ ਤਬਦੀਲ ਕਰਨ ਵਰਗੇ ਕੰਮ ਸ਼ਾਮਲ ਹਨ। ਮੰਤਰੀ ਨੇ ਕਿਹਾ ਕਿ ਇਹ ਕੰਮ ਮੁਕੰਮਲ ਹੋਣ ਉਪਰੰਤ ਹਰ ਹਲਕੇ ਲਈ ਹੋਰ 5 ਕਰੋੜ ਰੁਪਏ ਪ੍ਰਤੀ ਹਲਕਾ ਜਾਰੀ ਕੀਤੇ ਜਾਣਗੇ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਪਿੰਡ ਅਤੇ ਸ਼ਹਿਰੀ ਖੇਤਰਾਂ ਦੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਮਜ਼ਬੂਤ ਕੀਤਾ ਜਾ ਰਿਹਾ ਹੈ, ਜਿਸ ਵਿੱਚ ਸੜਕਾਂ, ਨਹਿਰਾਂ, ਸਿੱਖਿਆ ਅਤੇ ਸਿਹਤ ਸੇਵਾਵਾਂ 'ਤੇ ਖਾਸ ਧਿਆਨ ਦਿੱਤਾ ਜਾ ਰਿਹਾ ਹੈ। ਇਸ ਦੌਰਾਨ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੀ ਪ੍ਰਗਤੀ ਦਾ ਵੀ ਜਾਇਜ਼ਾ ਲਿਆ ਗਿਆ, ਜੋ ਕਿ 'ਰੰਗਲਾ ਪੰਜਾਬ' ਮਿਸ਼ਨ ਦਾ ਹੀ ਹਿੱਸਾ ਹੈ। ਐਸ.ਪੀ. (ਪੀ ਬੀ ਆਈ) ਦੀਪਿਕਾ ਸਿੰਘ ਅਤੇ ਐਸ.ਪੀ. (ਹੈੱਡਕੁਆਰਟਰ) ਮੋਹਿਤ ਅਗਰਵਾਲ ਨੇ ਦੱਸਿਆ ਕਿ ਲਗਭਗ 333 ਪਿੰਡਾਂ/ਵਾਰਡਾਂ ਵਿੱਚ ਡਿਫੈਂਸ ਕਮੇਟੀਆਂ ਸਰਗਰਮ ਤੌਰ 'ਤੇ ਲੋਕਾਂ ਨੂੰ ਜਾਗਰੂਕ ਕਰ ਰਹੀਆਂ ਹਨ। ਇਸ ਤੋਂ ਇਲਾਵਾ ਨਸ਼ੇ ਦੇ ਹਾਟਸਪੌਟਸ 'ਤੇ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਨਸ਼ਾ ਛੁਡਾਊ ਕੇਂਦਰਾਂ ਰਾਹੀਂ ਮਰੀਜ਼ਾਂ ਦਾ ਇਲਾਜ ਵੀ ਕਰਵਾਇਆ ਜਾ ਰਿਹਾ ਹੈ। ਮੀਟਿੰਗ ਵਿੱਚ ਹੋਰ ਅਧਿਕਾਰੀਆਂ ਵਿੱਚ ਮਿਊਂਸਪਲ ਕਾਰਪੋਰੇਸ਼ਨ ਮੋਹਾਲੀ ਦੇ ਕਮਿਸ਼ਨਰ ਸੰਦੀਪ ਸਿੰਘ ਗਾੜ੍ਹਾ, ਏ.ਡੀ.ਸੀ. (ਪੇਂਡੂ ਵਿਕਾਸ) ਸੋਨਮ ਚੌਧਰੀ, ਡਿਪਟੀ ਆਰਥਿਕ ਤੇ ਅੰਕੜਾ ਸਲਾਹਕਾਰ ਗੁਰਮਿੰਦਰ ਕੌਰ ਅਤੇ ਖਰੜ, ਡੇਰਾਬੱਸੀ ਤੇ ਮਾਜਰੀ ਦੇ ਬੀ.ਡੀ.ਪੀ.ਓਜ਼ ਵੀ ਹਾਜ਼ਰ ਸਨ।

# ਸ਼ਿਕਾਇਤਾਂ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਉਣ ਲਈ ਸਪੈਸ਼ਲ ਡੀਜੀਪੀ ਏ.ਐਸ. ਰਾਏ ਨੇ ਪੀਜੀਡੀ ਪੋਰਟਲ ਲਈ ਨੋਡਲ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼

ਚੰਡੀਗੜ੍ਹ, 17 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਸ਼ਿਕਾਇਤ ਨਿਵਾਰਣ ਪ੍ਰਣਾਲੀ ਨੂੰ ਹੋਰ ਸੁਚਾਰੂ ਅਤੇ ਪਾਰਦਰਸ਼ੀ ਬਣਾਉਣ ਲਈ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ



(ਸਪੈਸ਼ਲ ਡੀਜੀਪੀ) ਟ੍ਰੈਫਿਕ ਅਤੇ ਸੜਕ ਸੁਰੱਖਿਆ-ਕਮ-ਜਨਤਕ ਸ਼ਿਕਾਇਤਾਂ ਏ.ਐਸ. ਰਾਏ ਨੇ ਅੱਜ ਜਨਤਕ ਸ਼ਿਕਾਇਤ ਡਵੀਜ਼ਨ (ਪੀ.ਜੀ.ਡੀ.) ਅਧੀਨ ਸਾਰੇ ਨੋਡਲ ਅਧਿਕਾਰੀਆਂ ਨਾਲ ਵਰਚੁਅਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇਹ ਮੀਟਿੰਗ, ਪੀਜੀਡੀ ਪੋਰਟਲ "pgd.punjabpolice.gov.in", ਜੋ ਕਿ ਨਾਗਰਿਕਾਂ ਨੂੰ ਪੰਜਾਬ ਪੁਲਿਸ ਨਾਲ ਸਬੰਧਤ ਸ਼ਿਕਾਇਤਾਂ ਦਰਜ ਕਰਾਉਣ ਲਈ ਇੱਕ ਸਮਰਪਿਤ ਪਲੇਟਫਾਰਮ ਦਿੰਦਾ ਹੈ, ਰਾਹੀਂ ਦਰਜ ਕਰਵਾਈਆਂ ਗਈਆਂ ਸ਼ਿਕਾਇਤਾਂ ਦੀ ਮੌਜੂਦਾ ਸਥਿਤੀ ਅਤੇ ਨਿਪਟਾਰੇ ਦਾ ਜਾਇਜ਼ਾ ਲੈਣ ਲਈ ਕੀਤੀ ਗਈ। ਇਹ ਮੀਟਿੰਗ ਡੀਜੀਪੀ ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਕੀਤੀ ਗਈ। ਡੀਜੀਪੀ ਪੰਜਾਬ ਗੌਰਵ ਯਾਦਵ ਵੱਲੋਂ ਸਪੈਸ਼ਲ ਡੀਜੀਪੀ ਏ.ਐਸ. ਰਾਏ ਨੂੰ ਨੋਡਲ ਅਧਿਕਾਰੀਆਂ ਨਾਲ ਵਰਚੁਅਲ ਮੀਟਿੰਗ ਕਰਕੇ ਲੰਬਿਤ ਸ਼ਿਕਾਇਤਾਂ ਦਾ ਜਾਇਜ਼ਾ ਲੈਣ ਕਿਹਾ ਗਿਆ ਸੀ । ਸਪੈਸ਼ਲ ਡੀਜੀਪੀ ਏ.ਐਸ. ਰਾਏ ਵੱਲੋਂ ਭਵਿੱਖ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ ਤੇ ਨਿਪਟਾਰਾ ਕਰਨ ਲਈ ਵੱਖ-ਵੱਖ ਖੇਤਰਾਂ ਦਾ ਦੌਰਾ ਵੀ ਕੀਤਾ ਜਾਵੇਗਾ। ਮੀਟਿੰਗ ਦੌਰਾਨ ਸਪੈਸ਼ਲ ਡੀਜੀਪੀ ਏ.ਐਸ. ਰਾਏ ਨੇ ਸਾਰੇ ਨੋਡਲ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕੀਤੀ ਕਿ ਲੋਕਾਂ ਦੀਆਂ ਸ਼ਿਕਾਇਤਾਂ ਪੀਜੀਡੀ ਪੋਰਟਲ ਰਾਹੀਂ ਅਪਲੋਡ ਕੀਤੀਆਂ ਜਾਣ ਅਤੇ ਇਸ ਸਬੰਧੀ ਬਣਦੀ ਕਾਰਵਾਈ ਯਕੀਨੀ ਬਣਾਈ ਜਾਵੇ।

ਸਪੈਸ਼ਲ ਡੀਜੀਪੀ ਨੇ ਕਿਹਾ, "ਪਾਰਦਰਸ਼ਤਾ, ਜਵਾਬਦੇਹੀ ਤੇ ਸ਼ਿਕਾਇਤਕਰਤਾਵਾਂ ਨੂੰ ਸਮੇਂ ਸਿਰ ਨਿਆਂ ਸਾਡੀ ਸਭ ਤੋਂ ਵੱਡੀ ਤਰਜੀਹ ਹੋਣੀ ਚਾਹੀਦੀ ਹੈ।" ਉਨ੍ਹਾਂ ਇਹ ਵੀ ਕਿਹਾ ਕਿ ਸ਼ਿਕਾਇਤਾਂ ਦੇ ਪ੍ਰਭਾਵੀ ਨਿਪਟਾਰੇ ਲਈ ਸਾਰੇ ਅਧਿਕਾਰੀਆਂ ਨੂੰ ਪੀਜੀਡੀ ਪੋਰਟਲ ਤੋਂ ਪੂਰੀ ਤਰ੍ਹਾਂ ਜਾਣੂ ਹੋਣਾ ਚਾਹੀਦਾ ਹੈ। ਜਾਂਚ ਦੇ ਮਿਆਰ ਨੂੰ ਹੋਰ ਬਿਹਤਰ ਬਣਾਉਣ ਲਈ ਅਧਿਕਾਰੀਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਗਏ ਕਿ ਉਹ ਸਾਰੇ ਦੋਸ਼ਾਂ ਨੂੰ ਨਿਰਪੱਖ ਅਤੇ ਤਰਕਪੂਰਨ ਢੰਗ ਨਾਲ ਨਜਿੱਠਣ ਤਾਂ ਜੋ ਜਾਂਚ ਰਿਪੋਰਟਾਂ ਦੀ ਗੁਣਵੱਤਾ ਵਿੱਚ ਹੋਰ ਵਾਧਾ ਕੀਤਾ ਜਾ ਸਕੇ। ਉਨ੍ਹਾਂ ਇਹ ਵੀ ਨਿਰਦੇਸ਼ ਦਿੱਤੇ ਕਿ ਸਾਰੀਆਂ ਸ਼ਿਕਾਇਤਾਂ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਨਿਪਟਾਈਆਂ ਜਾਣ, ਕਿਸੇ ਵੀ ਬੇਲੋੜੀ ਦੇਰੀ ਲਈ ਸਬੰਧਤ ਅਧਿਕਾਰੀ ਦੀ ਜਵਾਬਦੇਹੀ ਤੈਅ ਕੀਤੀ ਜਾਵੇ।

ਵਿਸ਼ੇਸ਼ ਡੀਜੀਪੀ ਨੇ ਇਹ ਵੀ ਐਲਾਨ ਕੀਤਾ ਕਿ ਸਮੇਂ ਸਿਰ ਸ਼ਿਕਾਇਤਾਂ ਨੂੰ ਅਪਲੋਡ ਕਰਨ ਤੇ ਨਿਪਟਾਰੇ ਦੀ ਸਹੂਲਤ ਲਈ ਪੁਲਿਸ ਸਟੇਸ਼ਨ ਪੱਧਰ 'ਤੇ ਸਮਰਪਿਤ ਸ਼ਿਕਾਇਤ ਪ੍ਰਬੰਧਨ ਡੈਸਕ ਯਕੀਨੀ ਬਣਾਏ ਜਾਣਗੇ। ਲੋਕ-ਕੇਂਦ੍ਰਿਤ ਪੁਲਿਸਿੰਗ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਅਧਿਕਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਜਨਤਾ ਨਾਲ ਹਲੀਮੀ ਅਤੇ ਸਤਿਕਾਰ ਨਾਲ ਪੇਸ਼ ਆਉਣ ਦੇ ਨਿਰਦੇਸ਼ ਦਿੱਤੇ। ਵਿਸ਼ੇਸ਼ ਡੀਜੀਪੀ ਨੇ ਅਧਿਕਾਰੀਆਂ ਨੂੰ ਸ਼ਿਕਾਇਤਾਂ ਨਾਲ ਠਰੰਮੇ ਨਾਲ ਸੁਣਨ ਤੇ ਫੌਰੀ ਹੱਲ ਕੱਢਣ ਲਈ ਇਮਾਨਦਾਰ ਯਤਨ ਕਰਨ ਦੀ ਵੀ ਅਪੀਲ ਕੀਤੀ।

# ਗੈਂਗਸਟਰਾਂ 'ਤੇ ਵਾਰ ਦੇ 87ਵੇਂ ਦਿਨ 546 ਥਾਵਾਂ ਉੱਤੇ ਛਾਪੇਮਾਰੀ ਦੌਰਾਨ 253 ਗ੍ਰਿਫ਼ਤਾਰ

ਚੰਡੀਗੜ੍ਹ, 17 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 87ਵੇਂ ਦਿਨ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 546 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

87ਵੇਂ ਦਿਨ, ਪੁਲਿਸ ਟੀਮਾਂ ਨੇ ਦੋ ਹਥਿਆਰਾਂ ਸਮੇਤ 253 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 21,905 ਹੋ ਗਈਆਂ। ਇਸ ਤੋਂ ਇਲਾਵਾ 88 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 135 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 3 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।




ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 412ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 93 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4.1 ਕਿਲੋ ਹੈਰੋਇਨ, 5 ਕਿਲੋ ਗਾਂਜਾ, 2 ਕਿਲੋ ਭੁੱਕੀ, 3046 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 11,150 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 412 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 59,304 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 49 ਵਿਅਕਤੀਆਂ ਨੂੰ ਨਸ਼ਾ ਛੁਡਾਉਣ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਕਿਸਾਨਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ 'ਆਪ' ਵਚਨਵੱਧ : ਕੁਲਵੰਤ ਸਿੰਘ

ਮੋਹਾਲੀ, 17 ਅਪ੍ਰੈਲ (ਹਰਦੀਪ ਕੌਰ): ਆਪਣੀਆਂ ਮੰਗਾਂ ਦਾ ਹੱਲ ਹੋਣ ਉਪਰੰਤ ਕਿਸਾਨਾਂ ਦੇ ਇੱਕ ਵਫਦ ਨੇ ਅੱਜ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਦਾ ਧੰਨਵਾਦ ਕੀਤਾ, ਕਿਸਾਨਾਂ ਦਾ ਇਹ ਵਫਦ ਅੱਜ ਸੈਕਟਰ-79 ਸਥਿਤ ਵਿਧਾਇਕ ਕੁਲਵੰਤ ਸਿੰਘ ਦੇ ਦਫਤਰ ਵਿਖੇ ਪੁੱਜਿਆ ਹੋਇਆ ਸੀ, ਇਹ ਗੱਲ ਜ਼ਿਕਰਯੋਗ ਹੈ ਕਿ ਕਿਸਾਨਾਂ ਵੱਲੋਂ ਆਪਣੀਆਂ ਮੰਗਾਂ ਦੀ ਹੱਲ ਦੇ ਲਈ ਪਿਛਲੇ ਦਿਨੀ ਗਮਾਡਾ ਦਫਤਰ ਦੇ ਬਾਹਰ ਵਿਸ਼ਾਲ ਧਰਨਾ ਪ੍ਰਦਰਸ਼ਨ ਦਿੱਤਾ ਜਾ ਰਿਹਾ ਸੀ, ਪਰੰਤੂ ਵਿਧਾਇਕ ਕੁਲਵੰਤ ਸਿੰਘ ਨੇ ਉਹਨਾਂ ਦੀਆਂ ਮੰਗਾਂ ਨੂੰ ਹਾਈ ਕਮਾਨ ਤੱਕ ਪਹੁੰਚਾ ਕੇ ਹੱਲ ਕਰਵਾਉਣ ਦਾ ਭਰੋਸਾ ਦਿੱਤਾ ਤੇ ਧਰਨੇ ਤੇ ਬੈਠੇ ਕਿਸਾਨਾਂ ਨੂੰ ਜੂਸ ਪਿਲਾ ਕੇ ਧਰਨੇ ਤੋਂ ਉਠਾਇਆ, ਇਸ ਮੌਕੇ ਤੇ ਕਿਸਾਨਾਂ ਦੇ ਵਫਦ ਵਿੱਚ ਸ਼ਾਮਿਲ ਕਿਸਾਨਾਂ ਨੇ ਕਿਹਾ ਕਿ ਹੁਣ ਤੱਕ ਸਮੇਂ ਦੀਆਂ ਸਰਕਾਰਾਂ ਨੇ ਅਤੇ ਵੱਖ-ਵੱਖ ਪਾਰਟੀਆਂ ਦੇ ਰਾਜ - ਨੇਤਾਵਾਂ ਨੇ ਉਹਨਾਂ ਦੀਆਂ ਮੰਗਾਂ ਨੂੰ ਸੰਜੀਦਗੀ ਦੇ ਨਾਲ ਕਦੀ ਸੋਚਿਆ ਤੱਕ ਨਹੀਂ ਤੇ ਹੱਲ ਕਰਵਾਉਣ ਦੀ ਕੋਸ਼ਿਸ਼ ਨਹੀਂ ਕੀਤੀ, ਇਸ ਮੌਕੇ ਤੇ ਜਗਜੀਤ ਸਿੰਘ ਜਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਡਕੌਂਦਾ, ਗੁਰਪ੍ਰਤਾਪ ਸਿੰਘ ਬੜੀ, ਜਸਪਾਲ ਸਿੰਘ ਸ਼ੇਖਣ ਮਾਜਰਾ, ਗੁਰਮੀਤ ਸਿੰਘ ਸਿਆਊ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਗੁਰਵਿੰਦਰ ਸਿੰਘ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਨਿਰਮਲ ਸਿੰਘ, ਜਗਤ ਸਿੰਘ, ਨਾਹਰ ਸਿੰਘ ਸਰਪੰਚ ਕੇਸਰ ਸਿੰਘ, ਗੁਰਭਜਨ ਸਿੰਘ ਨੰਬਰਦਾਰ, ਸਟੀਸ਼ ਕੁਮਾਰ ਚੌਧਰੀ




ਕਿਸ਼ਨਪੁਰਾ, ਗੁਰਪ੍ਰੀਤ ਸਿੰਘ, ਹਰਮਿੰਦਰ ਸਿੰਘ ਪੱਤੋ, ਦਿਲਵਰ ਸਿੰਘ, ਹਰਜੀਤ ਸਿੰਘ, ਕਮਲਜੀਤ ਸਿੰਘ, ਅਮਨਪ੍ਰੀਤ ਸਿੰਘ, ਸੁਰਿੰਦਰ ਸਿੰਘ ਸ਼ੇਖਨ ਮਾਜਰਾ ਵੀ ਮੌਜੂਦ ਰਹੇ, ਇਸ ਮੌਕੇ ਤੇ ਕਿਸਾਨ ਨੇਤਾਵਾਂ ਨੇ ਸਪਸ਼ਟ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਤੇ ਖਾਸ ਕਰਕੇ ਵਿਧਾਇਕ ਕੁਲਵੰਤ ਸਿੰਘ ਮੋਹਾਲੀ ਹੋਰਾਂ ਦੇ ਵੱਲੋਂ ਪਾਰਟੀ ਪੱਧਰ ਤੋਂ ਉਪਰ ਉੱਠ ਕੇ ਕਿਸਾਨਾਂ ਦੇ ਪਰਿਵਾਰਾਂ ਨਾਲ ਇਨਸਾਫ ਕੀਤਾ ਹੈ ਤੇ ਜੋ ਵੀ ਮੰਗਾਂ ਕਿਸਾਨਾਂ ਵੱਲੋਂ ਸਰਕਾਰ ਤੋਂ ਕੀਤੀਆਂ ਗਈਆਂ ਸਨ ਉਸ ਤੋਂ ਵੀ ਅਗਾਹ ਜਾਂਦੇ ਹੋਏ ਚੰਗਾ ਕੰਮ ਕੀਤਾ ਹੈ, ਜੋ ਕਿ ਆਉਣ ਵਾਲੇ ਸਮੇਂ ਵਿੱਚ ਕਿਸਾਨਾਂ ਦੇ ਲਈ ਹੋਰ ਖੁਸ਼ਹਾਲੀ ਦਾ ਰਾਹ ਬਣਾਵੇਗਾ।

ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਜਿੰਮੇਵਾਰੀ ਸੰਭਾਲੀ, ਉਦੋਂ ਤੋਂ ਹੀ ਲੋਕਾਂ ਦੇ ਨਾਲ ਕੀਤੇ ਗਏ ਵਾਅਦੇ ਤੇ ਗਰੰਟੀਆਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਤੇ ਇਸ ਤੋਂ ਵੀ ਅਗਾਹ ਜਾਂਦੇ ਹੋਏ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਉਹਨਾਂ ਦੇ ਲਈ ਮੁਹੱਲਾ ਕਲੀਨਿਕਾ ਤੋਂ ਇਲਾਵਾ ਹੁਣ 10 ਲੱਖ ਦਾ ਮੁਫਤ ਸਿਹਤ ਬੀਮਾ ਯੋਜਨਾ ਵੀ ਸ਼ੁਰੂ ਕੀਤੀ ਗਈ ਹੈ, ਪੰਜਾਬ ਭਰ ਦੇ ਲੋਕ ਆਪਣੀ ਸਿਹਤ ਦੀ ਜਾਂਚ ਕਰਵਾਉਣ ਦੇ ਲਈ ਕਿਸੇ ਦਿੱਕਤ ਦਾ ਸਾਹਮਣਾ ਨਾ ਕਰਨ ਸਗੋਂ ਉਹ ਬਿਨਾਂ ਕਿਸੇ ਮੁਸ਼ਕਿਲ ਦੇ ਨਾਲ ਲੱਗਦੇ ਪ੍ਰਾਈਵੇਟ ਜਾਂ ਸਰਕਾਰੀ ਹਸਪਤਾਲ ਵਿੱਚ ਆਪਣਾ ਇਲਾਜ ਮੁਫਤ ਕਰਵਾ ਸਕਣ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਦੇ ਨਾਂ ਹੇਠ ਵੱਡਾ ਬਦਲਾਵ ਸਾਹਮਣੇ ਆ ਰਿਹਾ ਹੈ, ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸੂਬੇ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਖੁਦ ਪਿੰਡਾਂ ਤੇ ਸ਼ਹਿਰਾਂ ਦੇ ਸਿੱਖਿਆ ਸੰਸਥਾਵਾਂ ਦੇ ਵਿੱਚ ਅਚਨਚੇਤ ਦੌਰੇ ਕਰਕੇ ਉਥੋਂ ਦੀਆਂ ਸਮੱਸਿਆਵਾਂ ਨੂੰ ਨੇੜਿਓਂ ਵੇਖਿਆ ਤੇ ਉੱਥੋਂ ਦੇ ਸਟਾਫ ਤੇ ਵਿਦਿਆਰਥੀਆਂ ਨਾਲ ਗੱਲ ਕਰਕੇ ਸਮੱਸਿਆਵਾਂ ਦੀ ਸੂਚੀ ਬਣਾ ਕੇ ਉਹਨਾਂ ਨੂੰ ਬਕਾਇਦਾ ਸਮਾਂ ਰਹਿੰਦਿਆਂ ਹੱਲ ਕੀਤਾ ਜਾਂਦਾ ਹੈ, ਜਿਸ ਨਾਲ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿੱਚ ਦਾਖਲਾ ਗਿਣਤੀ ਹੋਰ ਵੱਧ ਗਈ ਹੈ ਤੇ ਆਉਣ ਵਾਲੇ ਦਿਨਾਂ ਦੇ ਵਿੱਚ ਪੰਜਾਬ ਦੇ ਮਾਪੇ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲਾ ਕਰਵਾਉਣ ਦੇ ਚਲਦੇ ਮਾਣ ਮਹਿਸੂਸ ਕਰ ਸਕਣਗੇ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਦੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡ ਮੈਦਾਨ ਵੱਲ ਤੋਰਨ ਦੇ ਲਈ ਵੱਡੀ ਪੱਧਰ ਤੇ ਖੇਡ ਸਟੇਡੀਅਮ ਦੀ ਉਸਾਰੀ ਹੋ ਰਹੀ ਹੈ ਤੇ ਪੰਜਾਬ ਦੇ ਵਿਚਲੀਆਂ ਲਿੰਕ ਸੜਕਾਂ ਦੀ ਮੁਰੰਮਤ ਹੋ ਰਹੀ ਹੈ ਤੇ ਕਈਆਂ ਨੂੰ ਨਵੇਂ ਸਿਰਿਓਂ ਬਣਾਇਆ ਜਾ ਰਿਹਾ।

# ਹਲਕੇ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇ : ਕੁਲਵੰਤ ਸਿੰਘ

ਮੋਹਾਲੀ, 17 ਅਪ੍ਰੈਲ (ਹਰਦੀਪ ਕੌਰ): ਮੋਹਾਲੀ ਹਲਕੇ ਦੇ ਪਿੰਡਾਂ ਦੇ ਵਿਕਾਸ ਦੇ ਲਈ ਫੰਡ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ, ਹਲਕੇ ਵਿੱਚ ਵੱਡੀ ਪੱਧਰ ਤੇ ਖੇਡ ਸਟੇਡੀਅਮ ਦੀ ਉਸਾਰੀ ਹੋ ਰਹੀ ਹੈ, ਜਿਸ ਨਾਲ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡ ਮੈਦਾਨ ਵੱਲ ਤੋਰਿਆ ਜਾ ਰਿਹਾ ਹੈ ਇਹ ਸਭ ਕੁਝ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਦੇ ਚਲਦਿਆਂ ਹੀ ਸੰਭਵ ਹੋ ਰਿਹਾ ਹੈ। ਕਿਉਂਕਿ ਆਉਣ ਤੋਂ ਪਹਿਲਾਂ ਸਮੇਂ ਨੇ ਸਰਕਾਰਾਂ ਨੇ ਕਦੀ ਵੀ ਪੰਜਾਬ ਦੀ ਬੇਹਤਰੀ ਲਈ ਸੰਜੀਦਗੀ ਨਾਲ ਕੰਮ ਨਹੀਂ ਕੀਤੇ, ਦਾ ਕਿਹਾ ਕਿ ਜੋ ਜੋ ਵੀ ਵਾਅਦੇ ਅਤੇ ਗਰੰਟੀਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਦਿੱਤੀਆਂ ਗਈਆਂ ਸਨ ਉਹਨਾਂ ਨੂੰ ਪੂਰਾ ਕਰਕੇ ਕਰ ਲਿਆ ਗਿਆ ਹੈ ਅਤੇ ਇਸ ਤੋਂ ਵੀ ਅਗਾਹ ਜਾਂਦੇ ਹੋਏ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ 10 ਲੱਖ ਰੁਪਏ ਦਾ ਬੀਮਾ ਕੀਤਾ ਗਿਆ ਹੈ ਜਿਸ ਦੇ ਨਾਲ ਪੰਜਾਬ ਦੇ ਲੋਕੀ ਆਪਣਾ ਇਲਾਜ ਨੇੜੇ ਲੱਗਦੇ ਕਿਸੇ ਵੀ ਹਸਪਤਾਲ ਤੋਂ ਆਰਾਮ ਨਾਲ ਕਰਵਾ ਸਕਣਗੇ, ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਦੇ ਤਹਿਤ ਪੰਜਾਬ ਦੇ ਸੂਬੇ ਦੇ ਸਕੂਲਾਂ ਵਿੱਚ ਫਿਰ ਤੋਂ ਸਿੱਖਿਆ ਪ੍ਰਾਪਤ ਦੇ ਲਈ ਢੁਕਵਾਂ ਮਾਹੌਲ ਤਿਆਰ ਕੀਤਾ ਜਾ ਚੁੱਕਾ ਹੈ ਅਤੇ ਜਿੱਥੇ ਪ੍ਰਾਈਵੇਟ ਸਕੂਲਾਂ ਦੇ ਮੁਕਾਬਲੇ ਸਰਕਾਰੀ ਸਕੂਲਾਂ ਦੇ ਵਿੱਚ ਦਾਖਲਾ ਲੈਣ ਵਾਲੇ ਆ ਵਿਦਿਆਰਥੀ ਦੀ ਗਿਣਤੀ ਵਧਦੀ ਜਾ ਰਹੀ ਹੈ ਇਸ ਨਾਲ ਨਾ ਸਿਰਫ ਹੌਸਲਿਆਂ ਉਥੋਂ ਦੇ ਸਟਾਫ ਦੇ ਹੌਸਲੇ ਵਧੇ ਹਨ ਉਥੋਂ ਨਾਲ




ਹੀ ਮਾਪਿਆਂ ਦੇ ਵਿੱਚ ਵੀ ਇਸ ਗੱਲ ਨੂੰ ਲੈ ਕੇ ਤਸੱਲੀ ਤੇ ਖੁਸ਼ੀ ਮਹਿਸੂਸ ਕੀਤੀ ਜਾ ਰਹੀ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਭਰ ਦੇ ਵਿੱਚ ਵੱਡੀ ਪੱਧਰ ਤੇ ਮੁਹੱਲਾ ਕਲੀਨਿਕ ਖੋਲੇ ਗਏ ਹਨ ਜਿੱਥੇ ਕਿ ਰੋਜ਼ਾਨਾ ਲੱਖਾਂ ਦੀ ਗਿਣਤੀ ਦੇ ਵਿੱਚ ਮਰੀਜ਼ ਆਪੋ ਆਪਣੀ ਸਿਹਤ ਦੀ ਜਾਂਚ ਇਹਨਾਂ ਵਿਧਾਇਕ ਕੁਲਵੰਤ ਸਿੰਘ ਹੋਰਾਂ ਦੀ ਤਰਫੋਂ ਪਿੰਡ ਤੜੌਲੀ ਦੇ ਸਰਪੰਚ ਹਰਪਾਲ ਸਿੰਘ ਨੂੰ ਲਾਭ ਪਾਤਰੀ ਰਾਜਕੁਮਾਰ ਦੇ ਮਕਾਨ ਦੀ ਉਸਾਰੀ ਲਈ, ਪਿੰਡ ਭਾਗੋ ਮਾਜਰਾ ਦੇ ਸਰਪੰਚ ਗੁਰਜੰਟ ਸਿੰਘ ਨੂੰ ਲਾਭਪੱਤਰੀ ਸਵਿਤਰੀ ਦੇ ਮਕਾਨ ਦੀ ਉਸਾਰੀ ਲਈ, ਰਾਏਪੁਰ ਦੇ ਸਰਪੰਚ ਬਲਵੀਰ ਸਿੰਘ ਨੂੰ ਲਾਭਪਾਤਰੀ ਰਣ ਸਿੰਘ ਦੇ ਮਕਾਨ ਦੀ ਉਸਾਰੀ ਲਈ, ਇਸੇ ਤਰ੍ਹਾਂ ਬਹਿਲੋਲਪੁਰ ਦੇ ਸਰਪੰਚ ਮਨਰਾਜ ਸਿੰਘ ਨੂੰ ਲਾਭਪਾਤਰੀ ਬਲਜਿੰਦਰ ਸਿੰਘ ਦੇ ਮਕਾਨ ਦੀ ਉਸਾਰੀ ਲਈ, ਪਿੰਡ ਬੜ ਮਾਜਰਾ ਕਲੋਨੀ ਦੇ ਸਰਪੰਚ ਗੁਰਨਾਮ ਸਿੰਘ ਨੂੰ ਲਾਭਪਾਤਰੀ ਮਦਨ ਲਾਲ ਦੇ ਮਕਾਨ ਦੀ ਉਸਾਰੀ ਲਈ, ਬੜਮਾਜਰਾ ਕਲੋਨੀ ਦੇ ਸਰਪੰਚ ਗੁਰਨਾਮ ਸਿੰਘ ਦੇ ਲਾਭਪਾਤਰੀ ਨੂੰ ਮਦਨ ਲਾਲ ਨੂੰ ਮਕਾਨ ਦੀ ਉਸਾਰੀ ਲਈ, ਪਿੰਡ ਮੌਜਪੁਰ ਦੇ ਸਰਪੰਚ ਸੰਦੀਪ ਕੌਰ ਨੂੰ ਲਾਭਪਾਤਰੀ ਧਰਮਪ੍ਰੀਤ ਸਿੰਘ ਦੇ ਮਕਾਨ ਦੀ ਉਸਾਰੀ ਲਈ ਪਿੰਡ ਮਨਾਣਾ ਦੇ ਸਰਪੰਚ ਰਣਜੀਤ ਕੌਰ ਨੂੰ ਲਾਭਪੱਤਰੀ ਮਨਿੰਦਰ ਸਿੰਘ ਦੇ ਮਕਾਨ ਦੀ ਉਸਾਰੀ ਲਈ, ਮਨਾਣਾ ਦੇ ਰਣਜੀਤ ਕੌਰ ਨੂੰ ਸਕੂਲ ਦੇ ਕਮਰੇ ਦੀ ਉਸਾਰੀ ਲਈ 8 ਲੱਖ ਰੁਪਏ, ਇਸੇ ਤਰ੍ਹਾਂ ਪਿੰਡ ਕੈਲੋਂ ਦੇ ਸਰਪੰਚ ਤਰਲੋਚਨ ਸਿੰਘ ਨੂੰ ਐ.ਸੀ. ਧਰਮਸ਼ਾਲਾ ਦੇ ਉਸਾਰੇ ਲਈ ਪੰਜ ਲੱਖ ਰੁਪਏ, ਇਸੇ ਤਰ੍ਹਾਂ ਝਾਮਪੁਰ ਪਿੰਡ ਦੇ ਸਰਪੰਚ ਹਰਪ੍ਰੀਤ ਕੌਰ ਨੂੰ ਬਰਸਾਤੀ ਪਾਣੀ ਦੀ ਨਿਕਾਸੀ ਲਈ 6 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ, ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਮਕਾਨਾਂ ਲਈ 18 ਲੱਖ ਰੁਪਏ ਨੌਂ ਪਰਿਵਾਰਾਂ ਨੂੰ ਤਕਸੀਮ ਕੀਤੇ ਗਏ।

# ਟੈੱਟ ਪ੍ਰੀਖਿਆ ਲਈ ਜ਼ਿਲ੍ਹੇ ਛੱਡਕੇ ਚੰਡੀਗੜ੍ਹ 'ਚ ਬਣਾਏ ਸੈਂਟਰਾਂ ਲਈ ਪੰਜਾਬ ਭਰ ਦੇ ਅਧਿਆਪਕਾਂ ਅੰਦਰ ਵੱਡਾ ਤਣਾਅ

ਮੁਹਾਲੀ, 17 ਅਪ੍ਰੈਲ (ਹਰਦੀਪ ਕੌਰ): ਪੰਜਾਬ ਸਰਕਾਰ ਸਿੱਖਿਆ ਵਿਭਾਗ ਵੱਲੋਂ 19 ਅਪ੍ਰੈਲ ਨੂੰ ਲਈ ਜਾ ਰਹੀ ਟੈੱਟ ਦੀ ਵਿਭਾਗੀ ਪ੍ਰੀਖਿਆ ਜ਼ਿਲ੍ਹਿਆਂ ਨੂੰ ਛੱਡ ਕੇ ਚੰਡੀਗੜ੍ਹ ਵਿਖੇ ਬਣਾਏ ਗਏ ਪ੍ਰੀਖਿਆ ਕੇਂਦਰਾਂ ਨੇ ਪੰਜਾਬ ਭਰ ਦੇ ਲੱਖਾਂ ਅਧਿਆਪਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਅੰਦਰ ਵੱਡੀ ਬੇਚੈਨੀ ਪੈਦਾ ਕਰ ਦਿੱਤੀ ਹੈ। ਹਾਸੋਹੀਣੀ ਗੱਲ ਇਹ ਇਹ ਕਿ ਵਿਭਾਗ ਨੇ ਸਵੇਰੇ 7:30 ਵਜੇ ਸਬੰਧਤ



ਪ੍ਰੀਖਿਆ ਕੇਂਦਰਾਂ ਵਿੱਚ ਪਹੁੰਚਣ ਦੇ ਨਾਦਰਸ਼ਾਹੀ ਹੁਕਮ ਜਾਰੀ ਕਰ ਦਿੱਤੇ ਹਨ, ਇੱਥੋਂ ਤੱਕ ਕਿ ਇੱਕੋ ਪਰਿਵਾਰ ਦੇ ਮੈਂਬਰਾਂ ਜਾਂ ਅੰਗਹੀਣ ਕਰਮਚਾਰੀਆਂ ਨੂੰ ਵੀ ਵੱਡੀ ਦੂਰੀ ਨਾਲ ਚੰਡੀਗੜ੍ਹ ਵਿਖੇ ਸੈਂਟਰ ਦੇ ਕੇ ਆਪਣੇ ਤਾਨਾਸ਼ਾਹੀ ਰਵੱਈਏ ਦਾ ਪ੍ਰਮਾਣ ਦਿੱਤਾ ਹੈ। ਪੰਜਾਬ ਸਰਕਾਰ ਦੇ ਇਸ ਫ਼ੁਰਮਾਨ ਤੇ ਰਾਜ ਭਰ ਦੇ ਮੁਲਾਜ਼ਮਾਂ ਦੇ ਅਜ਼ੀਜ਼ ਨੇਤਾ ਈਟੀਟੀ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪੂਰੇ ਪੰਜਾਬ ਦੇ ਅਧਿਆਪਕਾਂ ਅੰਦਰ ਪਹਿਲਾਂ ਹੀ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀਆਂ ਨੀਤੀਆਂ ਤਹਿਤ ਵੱਡੀ ਪੱਧਰ ਤੇ ਜਵਾਲਾ ਭੜਕ ਰਹੀ ਸੀ, ਪ੍ਰੰਤੂ ਸਰਕਾਰ ਦੇ ਇਸ ਹੁਕਮ ਨੇ ਅਧਿਆਪਕਾਂ ਦਾ ਸਬਰ ਦਾ ਪਿਆਲਾ ਤੋੜ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਫਿਰੋਜ਼ਪੁਰ, ਤਰਨਤਾਰਨ ਆਦਿ ਬਾਰਡਰ ਜ਼ਿਲ੍ਹਿਆਂ ਤੋਂ ਲੰਬੀ ਦੂਰੀ ਚੱਲ ਕੇ ਅਧਿਆਪਕ ਕਿਸ ਤਰ੍ਹਾਂ ਸਵੇਰੇ 7:30 ਵਜੇ ਨੂੰ ਚੰਡੀਗੜ੍ਹ ਦੇ ਸੈਂਟਰਾਂ ਵਿੱਚ ਪਹੁੰਚਣਗੇ। ਉਸ ਦਿਨ ਪੂਰੇ ਦੇ ਪੂਰੇ ਚੰਡੀਗੜ੍ਹ ਦਾ ਇਲਾਕਾ ਵੱਡੀ ਗਿਣਤੀ ਵਿੱਚ ਜਾਮ ਹੋ ਜਾਵੇਗਾ ਤੇ ਬਹੁਤ ਸਾਰੀਆਂ ਘਟਨਾਵਾਂ ਵਾਪਰ ਸਕਦੀਆਂ ਸਨ। ਜਿਸ ਕਰਕੇ ਪੰਜਾਬ ਭਰ ਦੇ ਲੱਖਾਂ ਅਧਿਆਪਕ ਅਤੇ ਉਨ੍ਹਾਂ ਦੇ ਪਰਿਵਾਰ ਡਿਪ੍ਰੈਸ਼ਰ ਵਿੱਚ ਹਨ। ਸਿੱਧੂ ਨੇ ਕਿਹਾ ਕਿ ਇਹ ਮਸਲਾ ਮੈਂ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਧਿਆਨ ਲਿਆਂਦਾ ਸੀ, ਪ੍ਰੰਤੂ ਉਨ੍ਹਾਂ ਨੇ ਇਹ ਮਸਲਾ ਸੀਰੀਅਸ ਨਹੀਂ ਲਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੁਰੰਤ ਹੀ ਇਸ ਤਾਨਾਸ਼ਾਹੀ ਫੈਸਲੇ ਨੂੰ ਬਦਲੇ। ਇਸ ਸਬੰਧੀ ਉਨ੍ਹਾਂ ਕਿਹਾ ਕਿ ਅਗਰ ਇਸ ਤੇ ਸਰਕਾਰ ਨੇ ਗੌਰ ਨਾ ਕੀਤੀ, ਜੇਕਰ ਇਸ ਦਰਮਿਆਨ ਪੰਜਾਬ ਭਰ ਅੰਦਰ ਇੱਕ ਵੀ ਅਧਿਆਪਕ ਦਾ ਕਿਸੇ ਵੀ ਕਿਸਮ ਦਾ ਕੋਈ ਵੀ ਨੁਕਸਾਨ ਹੋਇਆ, ਤਾਂ ਪੰਜਾਬ ਸਰਕਾਰ ਆਪਣਾ ਲਿਖਿਆ ਪੜ੍ਹਿਆ ਵਿਚਾਰ ਲਵੇਂ ਅਤੇ ਪੰਜਾਬ ਦੇ ਮੁੱਖ ਮੰਤਰੀ, ਸਿੱਖਿਆ ਮੰਤਰੀ ਤੋਂ ਲੈ ਕੇ ਜ਼ਿੰਮੇਵਾਰ ਅਧਿਕਾਰੀ ਪੰਜਾਬ ਅੰਦਰ ਵੜਨਾ ਭੁੱਲ ਜਾਣ। ਇੱਥੇ ਇਹ ਵੀ ਦੱਸਣਾ ਬਣਦਾ ਹੈ ਹੈ ਕਿ ਇਹ ਪ੍ਰੀਖਿਆ ਐਤਵਾਰ ਨੂੰ ਲਈ ਜਾ ਰਹੀ ਹੈ, ਬਹੁਤ ਸਾਰੇ ਅਧਿਆਪਕਾਂ ਦੇ ਸਵੇਰੇ-ਸ਼ਾਮ 2-2 ਪੇਪਰ ਹਨ, ਜੇਕਰ ਅਧਿਆਪਕ ਇੱਕ ਦਿਨ ਪਹਿਲਾਂ ਤੇ ਇੱਕ ਦਿਨ ਬਾਅਦ ਵੀ ਜਾਣ ਦਾ ਪ੍ਰੋਗਰਾਮ ਬਣਾਉਂਦੇ ਹਨ, ਤਾਂ ਰਾਜ ਭਰ ਦੇ ਸਕੂਲ 2 ਦਿਨ ਵੱਡੀ ਗਿਣਤੀ ਵਿੱਚ ਪ੍ਰਭਾਵਿਤ ਹੁੰਦੇ ਹਨ, ਕਿਉਂ ਕਿ ਸ਼ਨੀਵਾਰ ਤੇ ਸੋਮਵਾਰ ਦਾ ਵਰਕਿੰਗ ਦਿਨ ਹੈ। ਇਸ ਮੌਕੇ ਜੰਥੇਬੰਦੀ ਦੇ ਸੂਬਾ ਪ੍ਰੈੱਸ ਸਕੱਤਰ ਰਾਜੇਸ਼ ਕੁਮਾਰ ਬੁਢਲਾਡਾ ਨੇ ਕਿਹਾ ਕਿ ਪੰਜਾਬ ਸਰਕਾਰ ਰਾਜ ਭਰ ਦੇ ਮੁਲਾਜ਼ਮਾਂ ਦਾ ਹੋਰ ਇਮਤਿਹਾਨ ਨਾ ਲਵੇ, ਨਹੀਂ ਤਾਂ ਪੰਜਾਬ ਦੀਆਂ ਸੜਕਾਂ ਤੇ ਮੁਲਾਜ਼ਮਾਂ ਦੇ ਹੜ੍ਹ ਨੂੰ ਸਾਂਭਣਾ ਔਖਾ ਹੋ ਜਾਵੇਗਾ।

ਅਧਿਆਪਕਾਂ ਨੇ ਇਹ ਵੀ ਇਸ਼ਾਰਾਂ ਕਰਦੇ ਹੋਏ ਕਿਹਾ ਕਿ ਅੱਕੇ ਹੋਏ ਅਧਿਆਪਕਾਂ ਦੇ ਹੜ੍ਹ ਉਸ ਦਿਨ ਮੁੱਖ ਮੰਤਰੀ ਦੀ ਚੰਡੀਗੜ੍ਹ ਵਿਖੇ ਰਿਹਾਇਸ਼ ਦਾ ਵੀ ਘਿਰਾਉ ਕਰ ਸਕਦੇ ਹਨ। ਇਸ ਮੌਕੇ ਸੂਬਾ ਸਰਪ੍ਰਸਤ ਰਣਜੀਤ ਸਿੰਘ ਬਾਠ, ਸੀਨੀਅਰ ਮੀਤ ਪ੍ਰਧਾਨਾਂ ਸਵਰਨਜੀਤ ਸਿੰਘ ਭਗਤਾ, ਬਲਰਾਜ ਸਿੰਘ ਘਲੋਟੀ ਤੇ ਉਂਕਾਰ ਸਿੰਘ ਗੁਰਦਾਸਪੁਰ, ਜਨਰਲ ਸਕੱਤਰ ਹਰਜੀਤ ਸਿੰਘ ਸੈਣੀ, ਸਕੱਤਰ ਜਨਰਲ ਬੂਟਾ ਸਿੰਘ ਮੋਗਾ, ਕੁਲਵਿੰਦਰ ਸਿੰਘ ਜਹਾਂਗੀਰ, ਜਸਵਿੰਦਰ ਬਰਗਾੜੀ ਫਰੀਦਕੋਟ, ਜਗਤਾਰ ਸਿੰਘ ਮਨੈਲਾ ਫਤਿਹਗੜ੍ਹ ਸਾਹਿਬ, ਸ਼ਿਵਰਾਜ ਸਿੰਘ ਜਲੰਧਰ, ਸੰਪੂਰਨ ਵਿਰਕ ਫਿਰੋਜ਼ਪੁਰ, ਅਨੂਪ ਸ਼ਰਮਾ ਪਟਿਆਲਾ, ਸ਼ਿਵ ਰਾਣਾ ਮੁਹਾਲੀ, ਸਿਰੀ ਰਾਮ ਚੌਧਰੀ ਨਵਾਂਸ਼ਹਿਰ, ਸਾਹਿਬ ਰਾਜਾ ਕੋਹਲੀ ਫਾਜ਼ਿਲਕਾ, ਸੋਮਨਾਥ ਹੁਸ਼ਿਆਰਪੁਰ, ਵਿਪਨ ਲੋਟਾ ਫਿਰੋਜ਼ਪੁਰ, ਚਰਨਜੀਤ ਸਿੰਘ ਵਿਛੋਆ ਸ੍ਰੀ ਅੰਮ੍ਰਿਤਸਰ, ਬਲਦੇਵ ਰਾਜ ਪਠਾਨਕੋਟ ਤੇ ਜੰਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਮਾਨ ਲੁਧਿਆਣਾ, ਗੁਰਜੀਤ ਸਿੰਘ ਘਨੌਰ ਸੰਗਰੂਰ, ਗੁਰਜੀਤ ਸਿੰਘ ਜੱਸੀ ਬਠਿੰਡਾ, ਗੁਰਪ੍ਰੀਤ ਸਿੰਘ ਬਰਾੜ ਮੁਕਤਸਰ, ਕਰਮਜੀਤ ਸਿੰਘ ਬੈਂਸ ਰੋਪੜ, ਕੁਲਦੀਪ ਸਿੰਘ ਸੱਭਰਵਾਲ ਫਾਜ਼ਿਲਕਾ, ਮਨਮੀਤ ਸਿੰਘ ਰਾਏ ਮੋਗਾ, ਕੇਵਲ ਸਿੰਘ ਹੁੰਦਲ ਜਲੰਧਰ, ਧਰਿੰਦਰ ਬੱਧਣ ਨਵਾਂਸ਼ਹਿਰ, ਗੁਰਜੀਤ ਸੋਢੀ ਫਿਰੋਜ਼ਪੁਰ, ਖੁਸ਼ਵਿੰਦਰ ਬਰਾੜ ਮਾਨਸਾ, ਗੁਰਿੰਦਰ ਸਿੰਘ ਗੁਰਮ ਫਤਿਹਗੜ੍ਹ ਸਾਹਿਬ, ਮੇਜਰ ਸਿੰਘ ਪਟਿਆਲਾ, ਵਰਿੰਦਰ ਅਮਰ ਫਰੀਦਕੋਟ, ਨਵਰੂਪ ਸਿੰਘ ਤਰਨਤਾਰਨ, ਭੁਪਿੰਦਰ ਭਾਟੀਆ ਹੁਸ਼ਿਆਰਪੁਰ, ਸਤਨਾਮ ਸਿੰਘ ਗੁਰਦਾਸਪੁਰ, ਜਸਪਾਲ ਸਿੰਘ ਕਪੂਰਥਲਾ, ਗੁਰਪ੍ਰੀਤ ਸਿੰਘ ਸ੍ਰੀ ਅੰਮ੍ਰਿਤਸਰ, ਮੱਖਣ ਸਿੰਘ ਪਠਾਨਕੋਟ ਨੇ ਕਿਹਾ ਕਿ ਪੰਜਾਬ ਸਰਕਾਰ ਤੁਰੰਤ ਹੀ ਇਸ ਤਾਨਾਸ਼ਾਹੀ ਫੈਸਲੇ ਨੂੰ ਬਦਲੇ।

# ਭਾਜਪਾ ਮਹਿਲਾ ਰਾਖਵਾਂਕਰਨ ਦੇ ਟੀਚੇ ਵਾਰ-ਵਾਰ ਬਦਲ ਰਹੀ ਹੈ : ਹਰਸਿਮਰਤ ਕੌਰ ਬਾਦਲ

ਚੰਡੀਗੜ੍ਹ, 17 ਅਪ੍ਰੈਲ (ਚ.ਨ.ਸ.): ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਬਠਿੰਡਾ ਦੇ ਐਮ ਪੀ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਭਾਜਪਾ ਮਹਿਲਾ ਰਾਖਵਾਂਕਰਨ 'ਤੇ ਟੀਚੇ ਵਾਰ-ਵਾਰ ਬਦਲ ਰਹੀ ਹੈ ਤੇ ਉਹਨਾਂ ਨੇ ਮਹਿਲਾ ਰਾਖਵਾਂਕਰਨ ਬਿੱਲ ਦੀ ਆੜ ਵਿਚ ਹੱਦਬੰਦੀ ਦੀ ਕਾਰਵਾਈ ਕਰਨ ਦੀ ਨਿਖੇਧੀ ਕੀਤੀ। ਸੰਸਦ ਵਿਚ ਇਸ ਬਿੱਲ 'ਤੇ ਗੱਲ ਕਰਦਿਆਂ ਬਠਿੰਡਾ ਦੇ ਐਮ ਪੀ ਨੇ ਕਿਹਾ ਕਿ ਅਕਾਲੀ ਦਲ ਮਹਿਲਾ ਰਾਖਵਾਂਕਰਨ ਬਿੱਲ ਦੇ ਹੱਕ ਵਿਚ ਹੈ ਪਰ ਇਹ ਗੈਰ ਸੰਵਿਧਾਨਕ ਹੱਦਬੰਦੀ ਕਾਰਵਾਈ ਦੀ ਹਮਾਇਤ ਨਹੀਂ ਕਰ ਸਕਦਾ। ਉਹਨਾਂ ਕਿਹਾ ਕਿ ਸੰਵਿਧਾਨ ਵਿਚ ਸਪਸ਼ਟ ਹੈ ਕਿ ਹੱਦਬੰਦੀ ਸਿਰਫ ਤਾਂ ਹੀ ਸੰਭਵ ਹੋ ਸਕਦੀ ਹੈ ਜਦੋਂ ਮਰਦਮਸ਼ੁਮਾਰੀ ਮੁਕੰਮਲ ਹੋਵੇ। ਉਹਨਾਂ ਕਿਹਾ ਕਿ ਹੱਦਬੰਦੀ ਇਸ ਤਰੀਕੇ ਹੋਣੀ ਚਾਹੀਦੀ ਹੈ ਕਿ ਸੰਘੀ ਲੋਕਤੰਤਰ ਵਿਚ ਸਾਰੇ ਰਾਜਾਂ ਨੂੰ ਲੋਕ ਸਭਾ ਸੀਟਾਂ ਵਿਚ ਢੁਕਵੇਂ ਅਨੁਪਾਤ ਵਿਚ ਵਾਧਾ ਮਿਲਣਾ ਚਾਹੀਦਾ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਸਾਰੇ ਰਾਜਾਂ ਨੂੰ ਢੁਕਵੀਂ ਪ੍ਰਤੀਨਿਧਤਾ ਦੇਣ ਦੇ ਦਿੱਤੇ ਜ਼ੁਬਾਨੀ ਭਰੋਸੇ ਬਾਰੇ ਗੱਲ ਕਰਦਿਆਂ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਸਰਕਾਰ ਜ਼ੁਬਾਨੀ ਦੀ ਥਾਂ ਲਿਖਤੀ ਭਰੋਸਾ ਦੇਵੇ। ਉਹਨਾਂ ਕਿਹਾ ਕਿ ਅਸੀਂ ਸਾਰੇ ਜਾਣਦੇ ਹਾਂ ਕਿ 1986 ਵਿਚ ਚੰਡੀਗੜ੍ਹ ਪੰਜਾਬ ਨੂੰ ਦੇਣ, ਬੰਦੀ



ਸਿੰਘ ਰਿਹਾਅ ਕਰਨ ਤੇ ਪੰਜਾਬ ਵੇਅਰ ਹਾਊਸਿੰਗ ਅਫਸਰ ਡਾ. ਗਗਨਦੀਪ ਸਿੰਘ ਰੰਧਾਵਾ ਦੇ ਖੁਦਕੁਸ਼ੀ ਕਰਨ ਦੇ ਮਾਮਲੇ ਦੀ ਸੀ ਬੀ ਆਈ ਜਾਂਚ ਦੇ ਜ਼ੁਬਾਨੀ ਭਰੋਸਿਆਂ ਦਾ ਕੀ ਹਸ਼ਰ ਹੋਇਆ।

ਬੀਬਾ ਬਾਦਲ ਨੇ ਇਹ ਵੀ ਦੱਸਿਆ ਕਿ ਕਿਵੇਂ ਕੇਂਦਰ ਸਰਕਾਰ ਨੇ ਸਤੰਬਰ 2023 'ਚ ਸੈਸ਼ਨ ਸੱਦਿਆ ਸੀ ਪਰ ਮਹਿਲਾ ਰਾਖਵਾਂਕਰਨ ਲਾਗੂ ਨਹੀਂ ਕੀਤਾ ਤੇ ਇਹ ਕਿਹਾ ਕਿ ਇਹ ਸਿਰਫ ਮਰਦਮਸ਼ੁਮਾਰੀ ਤੇ ਹੱਦਬੰਦੀ ਦੀ ਕਾਰਵਾਈ ਮੁਕੰਮਲ ਹੋਣ 'ਤੇ ਹੀ ਲਾਗੂ ਕੀਤੀ ਜਾ ਸਕਦੀ ਹੈ। ਉਹਨਾਂ ਕਿਹਾ ਕਿ ਹੁਣ ਇਕ ਸੋਧਿਆ ਹੋਇਆ ਬਿੱਲ ਪੇਸ਼ ਕੀਤਾ ਗਿਆ ਹੈ ਜਿਸ ਵਾਸਤੇ ਮਰਦਮਸ਼ੁਮਾਰੀ ਦੀ ਜ਼ਰੂਰਤ ਨਹੀਂ ਹੈ। ਉਹਨਾਂ ਕਿਹਾ ਕਿ ਸਪਸ਼ਟ ਹੈ ਕਿ ਮਹਿਲਾ ਰਾਖਵਾਂਕਰਨ ਬਿੱਲ ਦੀ ਆੜ ਵਿਚ ਹੱਦਬੰਦੀ ਕੀਤੀ ਜਾ ਰਹੀ ਹੈ।

ਬੀਬਾ ਬਾਦਲ ਨੇ ਕਿਹਾ ਕਿ ਦੇਸ਼ ਵੇਖ ਰਿਹਾ ਹੈ ਕਿਵੇਂ ਬਹੁਮਤ ਦੇ ਬਲਬੂਤੇ ਸੰਸਦ ਵਿਚ ਬਿੱਲ ਪਾਸ ਕਰਵਾਏ ਜਾਂਦੇ ਹਨ। ਉਹਨਾਂ ਕਿਹਾ ਕਿ ਕੇਂਦਰ ਪਿਛਲੇ ਤਿੰਨ ਸਾਲਾਂ ਵਿਚ ਮਰਦਮਸ਼ੁਮਾਰੀ ਕਰਵਾ ਸਕਦਾ ਸੀ ਪਰ ਨਹੀਂ ਕਰਵਾਈ। ਉਹਨਾਂ ਕਿਹਾ ਕਿ ਸਰਕਾਰ ਸਪਸ਼ਟ ਦੱਸੇ ਕਿ ਬਿੱਲ ਦਾ ਮਕਸਦ ਕੀ ਹੈ ਕਿਉਂਕਿ ਇਹ ਸਪਸ਼ਟ ਨਹੀਂ ਹੈ ਕਿ ਲੋਕ ਸਭਾ ਸੀਟਾਂ ਵਿਚ ਵਾਧਾ ਕਿਸ ਆਧਾਰ 'ਤੇ ਕੀਤਾ ਜਾ ਰਿਹਾ ਹੈ। ਬਠਿੰਡਾ ਦੇ ਐਮ ਪੀ ਨੇ ਸਰਕਾਰ 'ਤੇ ਲੋਕ ਸਭਾ ਵਿਚ ਮਹਿਲਾਵਾਂ ਲਈ 33 ਫੀਸਦੀ ਰਾਖਵਾਂਕਰਨ ਲਾਗੂ ਕਰਨ ਤੋਂ ਰੋਕਣ ਦਾ ਦੋਸ਼ ਲਾਇਆ ਅਤੇ ਕਿਹਾ ਕਿ ਮਹਿਲਾਵਾਂ ਨੂੰ ਸਿਰਫ ਚੋਣਾਂ ਮੌਕੇ ਹੀ ਚੇਤੇ ਕੀਤਾ ਜਾਂਦਾ ਹੈ ਤੇ ਨਾਰੀ ਸ਼ਕਤੀ ਦੇ ਨਾਮ 'ਤੇ ਉਹਨਾਂ ਨਾਲ ਵੱਡੇ ਵਾਅਦੇ ਕੀਤੇ ਜਾਂਦੇ ਹਨ। ਉਹਨਾਂ ਪਾਰਦਰਸ਼ੀ ਕਾਨੂੰਨ ਦੀ ਮੰਗ ਕੀਤੀ ਜੋ ਅਸਲ ਵਿਚ ਮਹਿਲਾਵਾਂ ਨੂੰ ਉਹਨਾਂ ਦਾ ਬਣਦਾ ਹੱਕ ਦੇਵੇ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਮਹਿਲਾ ਰਾਖਵਾਂਕਰਨ ਬਿੱਲ ਭਾਜਪਾ ਦੇ 2014 ਅਤੇ 2019 ਦੀਆਂ ਪਾਰਲੀਮਾਨੀ ਚੋਣਾਂ ਦੌਰਾਨ ਚੋਣ ਮਨੋਰਥ ਪੱਤਰ ਦਾ ਹਿੱਸਾ ਸੀ ਪਰ ਇਹ 2024 ਦੀਆਂ ਚੋਣਾਂ ਤੱਕ ਲਾਗੂ ਨਹੀਂ ਕੀਤਾ ਤਾਂ ਜੋ ਔਰਤ ਵੋਟਰਾਂ ਨੂੰ ਨਾਲ ਜੋੜਿਆ ਜਾ ਸਕੇ।

ਬਾਅਦ ਵਿਚ ਸੰਸਦ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਬਾ ਬਾਦਲ ਨੇ ਕਿਹਾ ਕਿ ਪੰਜਾਬ ਦੇ ਕਿਸਾਨ ਕੇਂਦਰ ਦੇ ਨਾਲ-ਨਾਲ ਸੂਬੇ ਦੀ ਆਮ ਆਦਮੀ ਪਾਰਟੀ (ਆਪ) ਸਰਕਾਰ ਦੀਆਂ ਗਲਤ ਨੀਤੀਆਂ ਦਾ ਸੰਤਾਪ ਹੰਢਾ ਰਹੇ ਹਨ। ਉਹਨਾਂ ਕਿਹਾ ਕਿ ਕੇਂਦਰ ਨੇ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦਾ ਵਾਅਦਾ ਕੀਤਾ ਸੀ ਪਰ ਇਸ ਮਾਮਲੇ ਵਿਚ ਕੋਈ ਠੋਸ ਕਦਮ ਨਹੀਂ ਚੁੱਕੇ ਗਏ। ਉਹਨਾਂ ਕਿਹਾ ਕਿ ਆਪ ਸਰਕਾਰ ਨੇ ਸਾਰੀਆਂ ਫਸਲਾਂ 'ਤੇ ਐਮ ਐਸ ਪੀ ਦੇਣ ਦਾ ਵਾਅਦਾ ਕੀਤਾ ਸੀ ਪਰ ਪਿਛਲੇ ਪੰਦਰਾਂ ਦਿਨਾਂ ਤੋਂ ਇਹ ਕਣਕ ਦੀ ਫਸਲ ਖਰੀਦਣ ਵਿਚ ਵੀ ਫੇਲ੍ਹ ਸਾਬਤ ਹੋਈ ਹੈ। ਉਹਨਾਂ ਕਿਹਾ ਕਿ ਆਪ ਸਰਕਾਰ ਪਹਿਲਾਂ ਪਿਛਲੇ ਸਾਲ ਆਏ ਹੜ੍ਹਾਂ ਦੌਰਾਨ ਝੋਨੇ ਦੀ ਫਸਲ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਦਣ 'ਚ ਨਾਕਾਮ ਰਹੀ ਹੈ ਤੇ ਇਸਨੇ ਤਿੰਨ ਹਫਤੇ ਪਹਿਲਾਂ ਮੀਂਹ ਤੇ ਗੜ੍ਹੇਮਾਰੀ ਕਾਰਨ ਫਸਲਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਵੀ ਨਹੀਂ ਦਿੱਤਾ।

## ਸੰਪਾਦਕੀ

# ਹੱਦਬੰਦੀ ਤੇ ਦੱਖਣੀ ਸੂਬੇ

ਇਸ ਵਿੱਚ ਕੋਈ ਸ਼ੱਕ ਨਹੀਂ ਕਿ ਸੰਸਦ ਵਿੱਚ ਸੀਟਾਂ ਦੀ ਗਿਣਤੀ ਵਧਾਉਣ ਵਿੱਚ ਸਮਾਂ ਲੱਗ ਸਕਦਾ ਹੈ, ਅਤੇ ਸਥਾਪਿਤ ਪ੍ਰਕਿਰਿਆਵਾਂ ਅਨੁਸਾਰ ਇਸ ਵਿੱਚ ਬਦਲਾਅ ਕੀਤੇ ਜਾ ਸਕਦੇ ਹਨ। ਹਾਲਾਂਕਿ, ਇਸ ਸਾਲ ਦੇ ਹੱਦਬੰਦੀ ਅਭਿਆਸ ਬਾਰੇ ਕਈ ਸਵਾਲ ਉੱਠ ਰਹੇ ਹਨ। ਦੱਖਣੀ ਭਾਰਤ ਦੇ ਰਾਜਾਂ ਨੂੰ ਡਰ ਹੈ ਕਿ ਜੇਕਰ ਨਵੀਨਤਮ ਪ੍ਰਸਤਾਵਿਤ ਹੱਦਬੰਦੀ ਖਰੜਾ ਲਾਗੂ ਕੀਤਾ ਜਾਂਦਾ ਹੈ, ਤਾਂ ਇਹ ਵਿਆਪਕ ਵਿਤਕਰੇ ਦਾ ਕਾਰਨ ਬਣੇਗਾ। ਜਦੋਂ ਕਿ ਇਸ ਤਰ੍ਹਾਂ ਦੇ ਕਦਮ ਨਾਲ ਰਾਜਾਂ ਵਿਚਕਾਰ ਮਤਭੇਦਾਂ ਤੋਂ ਬਚਣ ਲਈ ਇੱਕ ਦੇਸ਼ ਵਿਆਪੀ ਸਹਿਮਤੀ ਸਥਾਪਤ ਹੋਣ ਦੀ ਉਮੀਦ ਹੈ, ਕੇਂਦਰ ਸਰਕਾਰ ਦੀ ਹੱਦਬੰਦੀ ਪਹਿਲਕਦਮੀ ਤੋਂ ਬਾਅਦ ਤਾਮਿਲਨਾਡੂ ਵਿੱਚ ਉੱਠ ਰਹੇ ਵਿਰੋਧ ਪ੍ਰਦਰਸ਼ਨਾਂ ਨੇ ਕਈ ਸਵਾਲ ਖੜ੍ਹੇ ਕੀਤੇ ਹਨ। ਮਹੱਤਵਪੂਰਨ ਗੱਲ ਇਹ ਹੈ ਕਿ ਤਾਮਿਲਨਾਡੂ ਦੇ ਮੁੱਖ ਮੰਤਰੀ ਐਮ.ਕੇ. ਸਟਾਲਿਨ ਨੇ ਵੀਰਵਾਰ ਨੂੰ ਕੇਂਦਰ ਸਰਕਾਰ ਦੇ ਪ੍ਰਸਤਾਵਿਤ ਹੱਦਬੰਦੀ ਅਭਿਆਸ ਵਿਰੁੱਧ ਆਪਣੇ ਵਿਰੋਧ ਪ੍ਰਦਰਸ਼ਨਾਂ ਨੂੰ ਤੇਜ਼ ਕਰ ਦਿੱਤਾ, ਸਬੰਧਤ ਬਿੱਲ ਦੀਆਂ ਕਾਪੀਆਂ ਸਾੜ ਕੇ ਅਤੇ ਕਾਲੇ ਝੰਡੇ ਲਹਿਰਾ ਕੇ ਇੱਕ ਰਾਜ ਵਿਆਪੀ ਅੰਦੋਲਨ ਸ਼ੁਰੂ ਕੀਤਾ। ਇਸ ਤੋਂ ਪਹਿਲਾਂ, ਸਟਾਲਿਨ ਨੇ ਇਹ ਵੀ ਕਿਹਾ ਸੀ ਕਿ ਜੇਕਰ ਹੱਦਬੰਦੀ ਤਾਮਿਲਨਾਡੂ ਦੀਆਂ ਚਿੰਤਾਵਾਂ ਨੂੰ ਹੱਲ ਕੀਤੇ ਬਿਨਾਂ ਅੱਗੇ ਵਧਦੀ ਹੈ, ਤਾਂ ਰਾਜ ਵਿੱਚ ਇੱਕ ਵਾਰ ਪ੍ਰਚਲਿਤ ਹਿੰਦੀ ਵਿਰੋਧੀ ਵਿਰੋਧ ਪ੍ਰਦਰਸ਼ਨਾਂ ਵਰਗੀ ਸਥਿਤੀ ਪੈਦਾ ਹੋ ਸਕਦੀ ਹੈ। ਯਕੀਨਨ, ਅਜਿਹੇ ਸੰਵੇਦਨਸ਼ੀਲ ਮੁੱਦੇ @ਤੇ ਵੱਖ-ਵੱਖ ਰਾਜਾਂ ਵਿਚਕਾਰ ਅਜਿਹੇ ਮਤਭੇਦ ਪੈਦਾ ਨਹੀਂ ਹੋਣੇ ਚਾਹੀਦੇ ਸਨ, ਅਤੇ ਇਸ ਨਾਲ ਸਬੰਧਤ ਚਿੰਤਾਵਾਂ ਨੂੰ ਹੱਲ ਕਰਨ ਵਿੱਚ ਸਮਾਂ ਲੱਗੇਗਾ। ਪਰ ਇਹ ਹੈਰਾਨੀ ਦੀ ਗੱਲ ਹੈ ਕਿ ਕੇਂਦਰ ਸਰਕਾਰ ਲੋਕ ਸਭਾ ਸੀਟਾਂ ਦੀ ਗਿਣਤੀ ਵਿੱਚ ਵਾਧੇ ਕਾਰਨ ਉੱਤਰੀ ਅਤੇ ਦੱਖਣੀ ਭਾਰਤ ਦੇ ਰਾਜਾਂ ਵਿਚਕਾਰ ਪੈਦਾ ਹੋਣ ਵਾਲੇ ਅਸੰਤੁਲਨ ਤੋਂ ਅਣਜਾਣ ਸੀ, ਜਿਸ ਕਾਰਨ ਕਈ ਪੱਧਰਾਂ @ਤੇ ਅਸੰਤੁਸ਼ਟੀ ਪੈਦਾ ਹੋ ਸਕਦੀ ਹੈ। ਦਰਅਸਲ, ਸਰਕਾਰ ਇਸ @ਤੇ ਇਤਰਾਜ਼ਾਂ ਨੂੰ ਘਟਾਉਣ ਲਈ ਹੱਦਬੰਦੀ ਨੂੰ ਔਰਤਾਂ ਦੇ ਰਾਖਵੇਂਕਰਨ ਨਾਲ ਜੋੜਨ ਦੀ ਕੋਸ਼ਿਸ਼ ਕਰ ਰਹੀ ਹੈ। ਹਾਲਾਂਕਿ, ਵਿਰੋਧੀ ਪਾਰਟੀਆਂ ਚਿੰਤਾਵਾਂ ਜ਼ਾਹਰ ਕਰ ਰਹੀਆਂ ਹਨ ਕਿ ਰਾਸ਼ਟਰੀ ਪੱਧਰ @ਤੇ ਵੱਖ-ਵੱਖ ਰਾਜਾਂ ਵਿੱਚ ਲੋਕ ਸਭਾ ਸੀਟਾਂ ਵਿੱਚ ਵਾਧਾ ਉਨ੍ਹਾਂ ਰਾਜਾਂ ਨੂੰ ਇੱਕ ਮਜ਼ਬੂਤ ਸਥਿਤੀ ਦੇਵੇਗਾ ਜਿੱਥੇ ਭਾਰਤੀ ਜਨਤਾ ਪਾਰਟੀ ਸੰਸਦੀ ਸਮੀਕਰਨ ਵਿੱਚ ਸ਼ਕਤੀਸ਼ਾਲੀ ਹੈ। ਇਸ ਤੋਂ ਇਲਾਵਾ, ਨਵੇਂ ਸੀਟ-ਵੰਡ ਸਮੀਕਰਨ ਨਾਲ ਦੱਖਣੀ ਭਾਰਤੀ ਰਾਜਾਂ ਦੀ ਪ੍ਰਤੀਨਿਧਤਾ ਅਤੇ ਅਧਿਕਾਰਾਂ ਵਿੱਚ ਕਾਫ਼ੀ ਕਮੀ ਆਉਣ ਦਾ ਡਰ ਹੈ। ਦੂਜੇ ਪਾਸੇ, ਉੱਤਰ ਪ੍ਰਦੇਸ਼ ਅਤੇ ਬਿਹਾਰ ਵਰਗੇ ਕਈ ਰਾਜਾਂ ਦੀ ਪ੍ਰਤੀਨਿਧਤਾ ਵਿੱਚ ਕਾਫ਼ੀ ਵਾਧਾ ਹੋਵੇਗਾ। ਸ਼ਾਇਦ ਇਹੀ ਤਾਮਿਲਨਾਡੂ ਵਿੱਚ ਇਸ ਮੁੱਦੇ @ਤੇ ਵਿਆਪਕ ਅਸੰਤੁਸ਼ਟੀ ਦਾ ਕਾਰਨ ਹੈ। ਤੇਲੰਗਾਨਾ, ਕਰਨਾਟਕ ਅਤੇ ਕੇਰਲ ਵਰਗੇ ਰਾਜਾਂ ਵਿੱਚ, ਹੱਦਬੰਦੀ ਪ੍ਰਕਿਰਿਆ ਵਿੱਚ ਆਬਾਦੀ ਦੇ ਅਧਾਰ @ਤੇ ਲੋਕ ਸਭਾ ਸੀਟਾਂ ਵਿੱਚ ਵਾਧਾ ਇਸ ਬਾਰੇ ਤਿੱਖੇ ਸਵਾਲ ਖੜ੍ਹੇ ਕਰ ਰਿਹਾ ਹੈ ਕਿ ਕੀ ਦੱਖਣੀ ਭਾਰਤੀ ਰਾਜ ਪਰਿਵਾਰ ਨਿਯੋਜਨ @ਤੇ ਆਪਣੇ ਬਿਹਤਰ ਪ੍ਰਦਰਸ਼ਨ ਦੇ ਨਤੀਜੇ ਭੁਗਤ ਰਹੇ ਹਨ। ਇਹ ਸਟਾਲਿਨ ਦੀ ਹੱਦਬੰਦੀ ਸੋਧ ਦੀ ਆਲੋਚਨਾ ਤੋਂ ਸਪੱਸ਼ਟ ਹੁੰਦਾ ਹੈ ਜੋ ਦੱਖਣੀ ਰਾਜਾਂ ਦੇ ਵਿਰੁੱਧ ਹੈ ਅਤੇ ਦੇਸ਼ ਦੀ ਤਰੱਕੀ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਸਜ਼ਾ ਹੈ। ਸਵਾਲ ਇਹ ਹੈ ਕਿ ਕੇਂਦਰ ਸਰਕਾਰ ਨੇ ਇੰਨੇ ਸੰਵੇਦਨਸ਼ੀਲ ਮੁੱਦੇ @ਤੇ ਸਾਰੇ ਰਾਜਾਂ ਨੂੰ ਭਰੋਸੇ ਵਿੱਚ ਲੈਣ ਦੀ ਜ਼ਰੂਰਤ ਕਿਉਂ ਨਹੀਂ ਮਹਿਸੂਸ ਕੀਤੀ। ਇੱਕ ਪਹਿਲੂ ਇਹ ਹੈ ਕਿ ਕਿਉਂਕਿ ਜਨਗਣਨਾ ਹੱਦਬੰਦੀ ਦਾ ਮੁੱਖ ਆਧਾਰ ਹੈ, ਇਸ ਲਈ ਨਵੇਂ ਹਾਲਾਤਾਂ ਵਿੱਚ ਕਿਸੇ ਵੀ ਸਬੰਧਤ ਅਭਿਆਸ ਬਾਰੇ ਉਠਾਏ ਗਏ ਸਵਾਲਾਂ ਦਾ ਹੱਲ ਕਿਉਂ ਨਹੀਂ ਕੀਤਾ ਗਿਆ? ਇਸ ਮੁੱਦੇ @ਤੇ ਪੈਦਾ ਹੋਣ ਵਾਲੇ ਕਿਸੇ ਵੀ ਇਤਰਾਜ਼ ਨੂੰ ਦੂਰ ਕਰਨ ਅਤੇ ਜੇਕਰ ਹੱਦਬੰਦੀ ਪ੍ਰਕਿਰਿਆ ਅੱਗੇ ਵਧਦੀ ਹੈ ਤਾਂ ਸਾਰੇ ਰਾਜਾਂ ਵਿੱਚ ਸਹਿਮਤੀ ਬਣਾਉਣ ਦੀ ਕੋਸ਼ਿਸ਼ ਕੀਤੀ ਜਾਣੀ ਚਾਹੀਦੀ ਹੈ। ਅਮਿਤ ਸ਼ਾਹ ਨੇ ਕਿਹਾ ਕਿ ਇਹ ਧਾਰਨਾ ਬਣਾਈ ਜਾ ਰਹੀ ਹੈ ਕਿ ਇਨ੍ਹਾਂ ਤਿੰਨਾਂ ਬਿੱਲਾਂ ਦੇ ਪਾਸ ਹੋਣ ਨਾਲ ਲੋਕ ਸਭਾ ਵਿੱਚ ਦੱਖਣੀ ਰਾਜਾਂ ਦੀ ਗਿਣਤੀ ਕਾਫ਼ੀ ਘੱਟ ਜਾਵੇਗੀ, ਜਿਸ ਨਾਲ ਉਨ੍ਹਾਂ ਨੂੰ ਕਾਫ਼ੀ ਨੁਕਸਾਨ ਹੋਵੇਗਾ। ਉਨ੍ਹਾਂ ਨੇ ਇਸ ਨੂੰ ਰੱਦ ਕਰਦਿਆਂ ਕਿਹਾ ਕਿ ਕਰਨਾਟਕ ਵਿੱਚ ਇਸ ਸਮੇਂ 28 ਲੋਕ ਸਭਾ ਸੀਟਾਂ ਹਨ, ਜੋ ਕਿ ਕੁੱਲ 543 ਸੀਟਾਂ ਦਾ 5.15 ਪ੍ਰਤੀਸ਼ਤ ਹੈ, ਪਰ ਇਸ ਬਿੱਲ ਦੇ ਪਾਸ ਹੋਣ ਤੋਂ ਬਾਅਦ, ਕਰਨਾਟਕ ਦੇ ਮੈਂਬਰਾਂ ਦੀ ਗਿਣਤੀ 42 ਹੋ ਜਾਵੇਗੀ, ਜੋ ਕਿ ਕੁੱਲ 816 ਸੀਟਾਂ ਦਾ 5.14 ਪ੍ਰਤੀਸ਼ਤ ਹੋਵੇਗੀ। ਸ਼ਾਹ ਨੇ ਕਿਹਾ ਕਿ ਆਂਧਰਾ ਪ੍ਰਦੇਸ਼ ਵਿੱਚ ਇਸ ਵੇਲੇ 25 ਲੋਕ ਸਭਾ ਸੀਟਾਂ ਹਨ ਅਤੇ ਇਸਦੀ ਪ੍ਰਤੀਨਿਧਤਾ 4.6 ਪ੍ਰਤੀਸ਼ਤ ਹੈ, ਜੋ ਕਿ ਹੱਦਬੰਦੀ ਤੋਂ ਬਾਅਦ ਵਧ ਕੇ 38 (4.65 ਪ੍ਰਤੀਸ਼ਤ) ਹੋ ਜਾਵੇਗੀ।

**-ਜਗਜੀਤ ਸਿੰਘ ਦਰਦੀ**

# ਲੋਕ ਸਭਾ ਵਿੱਚ ਮਹਿਲਾ ਰਾਖਵਾਂ ਕਾਨੂੰਨ ਅਤੇ ਡੀਲਿਮੀਟੇਸ਼ਨ ਤੇ ਬਿੱਲ ਨਹੀਂ ਹੋ ਸਕਿਆ ਪਾਸ

## ਇਹ ਭਾਰਤ ਦੀ ਅੱਧੀ ਆਬਾਦੀ ਨੂੰ ਪੂਰਾ ਸੰਵਿਧਾਨਕ ਹੱਕ ਦਿੰਦਾ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ



ਲੋਕ ਸਭਾ ਵਿੱਚ ਮਹਿਲਾ ਰਾਖਵਾਂ ਕਾਨੂੰਨ ਅਤੇ ਡੀਲਿਮੀਟੇਸ਼ਨ ਤੇ ਚੱਲ ਰਹੀ ਬਹਿਸ ਬਹਿਸ ਦਾ ਕਾਨੂੰਨ ਪਾਸ ਹੋਣ ਨਾਲ ਭਾਰਤੀ ਰਾਜਨੀਤੀ ਅਤੇ ਸਮਾਜ ਉੱਤੇ ਆਉਣ ਵਾਲੇ ਦਿਨਾਂ ਵਿੱਚ ਪੈਣ ਵਾਲਾ ਡੂੰਘਾ ਅਸਰ ਪਵੇਗਾ ਪਰ ਇਹ ਬਿਲ ਗਿਰ ਗਿਆ ਹੈ ਇਹ ਅਤਿ ਅਫਸੋਸਨਾਕ ਹੈ । ਅਪ੍ਰੈਲ 2026 ਵਿੱਚ ਭਾਰਤੀ ਸੰਸਦ ਦੇ ਵਿਸ਼ੇਸ਼ ਸੈਸ਼ਨ ਵਿੱਚ ਲੋਕ ਸਭਾ ਵਿੱਚ ਤਿੰਨ ਮੁੱਖ ਬਿੱਲ ਪੇਸ਼ ਕੀਤੇ ਗਏ ਹਨ — ਸੰਵਿਧਾਨ (131ਵੀਂ ਸੋਧ) ਬਿੱਲ, ਡੀਲਿਮੀਟੇਸ਼ਨ ਬਿੱਲ ਅਤੇ ਯੂਨੀਅਨ ਟੈਰੀਟਰੀਜ਼ ਲਾਅ (ਸੋਧ) ਬਿੱਲ। ਇਹਨਾਂ ਬਿੱਲਾਂ ਦਾ ਮੁੱਖ ਉਦੇਸ਼ ਨਾਰੀ ਸ਼ਕਤੀ ਵੰਦਨ ਅਧਿਨਿਯਮ 2023 (ਮਹਿਲਾ ਰਾਖਵਾਂ ਬਿੱਲ) ਨੂੰ ਤੇਜ਼ੀ ਨਾਲ ਲਾਗੂ ਕਰਨਾ ਅਤੇ ਲੋਕ ਸਭਾ ਦੀਆਂ ਸੀਟਾਂ ਨੂੰ 543 ਤੋਂ ਵਧਾ ਕੇ ਲਗਭਗ 850 ਤੱਕ ਪਹੁੰਚਾਉਣਾ ਹੈ।

ਇਸ ਨਾਲ ਲੋਕ ਸਭਾ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਮਹਿਲਾਵਾਂ ਲਈ 33 ਫੀਸਦੀ ਰਾਖਵੀਆਂ ਸੀਟਾਂ 2029 ਦੀਆਂ ਚੋਣਾਂ ਤੋਂ ਲਾਗੂ ਹੋਣ ਦੀ ਸੰਭਾਵਨਾ ਹੈ।ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇਸ ਨੂੰ ਨਾਰੀ ਸ਼ਕਤੀ ਦਾ ਇਤਿਹਾਸਕ ਕਦਮ ਦੱਸਿਆ ਹੈ। ਉਨ੍ਹਾਂ ਅਨੁਸਾਰ ਇਸ ਨਾਲ ਔਰਤਾਂ ਨੂੰ ਰਾਜਨੀਤੀ ਵਿੱਚ ਬਰਾਬਰੀ ਵਾਲੀ ਭਾਗੀਦਾਰੀ ਮਿਲੇਗੀ ਅਤੇ ਲੋਕਤੰਤਰ ਹੋਰ ਸਮਾਵੇਸ਼ੀ ਬਣੇਗਾ। ਪਰ ਵਿਰੋਧੀ ਧਿਰਾਂ ਇਸ ਨੂੰ ਮਹਿਲਾ ਰਾਖਵੇਂ ਦੇ ਨਾਂ ਤੇ ਡੀਲਿਮੀਟੇਸ਼ਨ ਦਾ ਖੇਡ ਦੱਸ ਰਹੀਆਂ ਹਨ ਅਤੇ ਚਿੰਤਾ ਜ਼ਾਹਰ ਕਰ ਰਹੀਆਂ ਹਨ ਕਿ ਇਸ ਨਾਲ ਉੱਤਰੀ ਰਾਜਾਂ (ਖਾਸ ਕਰਕੇ ਹਿੰਦੀ ਹਾਰਟਲੈਂਡ) ਦਾ ਰਾਜਨੀਤਿਕ ਵਜ਼ਨ ਵਧੇਗਾ ਅਤੇ ਦੱਖਣੀ ਰਾਜਾਂ (ਤਮਿਲਨਾਡੂ, ਕੇਰਲਾ, ਕਰਨਾਟਕ, ਆਂਧਰਾ ਆਦਿ) ਦੀ ਨੁਮਾਇੰਦਗੀ ਘਟ ਸਕਦੀ ਹੈ।ਮਹਿਲਾ ਰਾਖਵਾਂ ਬਿੱਲ ਦੀ ਲੰਮੀ ਯਾਤਰਾ ਅਤੇ ਵਰਤਮਾਨ ਹਾਲਾਤ ਮਹਿਲਾਵਾਂ ਲਈ ਰਾਜਨੀਤਿਕ ਰਾਖਵੀਆਂ ਸੀਟਾਂ ਦੀ ਮੰਗ ਭਾਰਤ ਵਿੱਚ ਤੀਹ ਸਾਲਾਂ ਤੋਂ ਚੱਲ ਰਹੀ ਹੈ।

1996 ਵਿੱਚ ਪਹਿਲੀ ਵਾਰ ਇਸ ਬਿੱਲ ਨੂੰ ਲਿਆਂਦਾ ਗਿਆ ਸੀ, ਪਰ ਵਿਵਾਦਾਂ ਕਾਰਨ ਇਹ ਲੰਬੇ ਸਮੇਂ ਤੱਕ ਲਟਕਿਆ ਰਿਹਾ। ਸਤੰਬਰ 2023 ਵਿੱਚ ਨਾਰੀ ਸ਼ਕਤੀ ਵੰਦਨ ਅਧਿਨਿਯਮ (106ਵੀਂ ਸੰਵਿਧਾਨਿਕ ਸੋਧ) ਪਾਸ ਹੋਇਆ, ਜਿਸ ਨੇ ਲੋਕ ਸਭਾ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਇੱਕ ਤਿਹਾਈ ਸੀਟਾਂ ਰਾਖਵੀਆਂ ਕਰਨ ਦਾ ਪ੍ਰਬੰਧ ਕੀਤਾ। ਪਰ ਇਸ ਨੂੰ ਲਾਗੂ ਕਰਨ ਲਈ ਡੀਲਿਮੀਟੇਸ਼ਨ (ਸੀਟਾਂ ਦੀ ਨਵੀਂ ਵੰਡ) ਅਤੇ ਨਵੀਂ ਜਨਗਣਨਾ ਦੀ ਲੋੜ ਸੀ।ਅਪ੍ਰੈਲ 2026 ਵਿੱਚ ਲਿਆਂਦੇ ਗਏ ਬਿੱਲ ਇਸ ਲਟਕਦੀ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਹਨ। ਸਰਕਾਰ ਦਾ ਦਾਅਵਾ ਹੈ ਕਿ ਲੋਕ ਸਭਾ ਦੀਆਂ ਸੀਟਾਂ ਨੂੰ 543 ਤੋਂ ਵਧਾ ਕੇ 850 (815 ਰਾਜਾਂ ਲਈ ਅਤੇ 35 ਯੂਨੀਅਨ ਟੈਰੀਟਰੀਜ਼ ਲਈ) ਕੀਤਾ ਜਾਵੇਗਾ। ਇਸ ਵਿੱਚੋਂ ਲਗਭਗ 283 ਸੀਟਾਂ ਔਰਤਾਂ ਲਈ ਰਾਖਵੀਆਂ ਹੋਣਗੀਆਂ।

ਅੱਜ ਸਰਕਾਰ ਕਹਿੰਦੀ ਹੈ ਕਿ ਇਹ ਵਾਧਾ ਲਗਭਗ 50 ਫੀਸਦੀ ਵਧਾਅ ਵਾਲੇ ਫਾਰਮੂਲੇ ਤਹਿਤ ਹੋ ਰਿਹਾ ਹੈ ਤਾਂ ਜੋ ਕਿਸੇ ਰਾਜ ਨੂੰ ਨੁਕਸਾਨ ਨਾ ਹੋਵੇ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਭਰੋਸਾ ਦਿੱਤਾ ਹੈ ਕਿ ਦੱਖਣੀ ਰਾਜਾਂ ਦੀ ਨੁਮਾਇੰਦਗੀ ਘਟਣ ਤੋਂ ਬਚਾਈ ਜਾਵੇਗੀ।ਪਰ ਵਿਰੋਧੀ ਧਿਰਾਂ (ਖਾਸ ਕਰਕੇ ਕਾਂਗਰਸ, ਡੀਐੱਮਕੇ, ਸੀਪੀਆਈਐੱਮ ਆਦਿ) ਇਸ ਨੂੰ ਖਾਰਜ ਕਰ ਰਹੀਆਂ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਮਹਿਲਾ ਰਾਖਵੇਂ ਨੂੰ ਡੀਲਿਮੀਟੇਸ਼ਨ ਨਾਲ ਜੋੜ ਕੇ ਸਰਕਾਰ ਉੱਤਰੀ ਰਾਜਾਂ ਵਿੱਚ ਆਪਣੀ ਰਾਜਨੀਤਿਕ ਤਾਕਤ ਵਧਾਉਣਾ ਚਾਹੁੰਦੀ ਹੈ।

ਉਨ੍ਹਾਂ ਚਿੰਤਾ ਜ਼ਾਹਰ ਕੀਤੀ ਹੈ ਕਿ 2011 ਜਨਗਣਨਾ ਤੇ ਆਧਾਰਿਤ ਡੀਲਿਮੀਟੇਸ਼ਨ ਨਾਲ ਉੱਤਰੀ ਰਾਜਾਂ (ਯੂਪੀ, ਬਿਹਾਰ, ਰਾਜਸਥਾਨ ਆਦਿ) ਨੂੰ ਵਧੇਰੇ ਸੀਟਾਂ ਮਿਲਣਗੀਆਂ ਅਤੇ ਦੱਖਣੀ ਰਾਜਾਂ ਦਾ ਰਾਜਨੀਤਿਕ ਵਜ਼ਨ ਘਟੇਗਾ। ਕੇਰਲਾ ਵਿੱਚ ਵਿਰੋਧੀ ਧਿਰਾਂ ਇਸ ਨੂੰ ਲੋਕਤੰਤਰ ਉੱਤੇ ਹਮਲਾ ਦੱਸ ਰਹੀਆਂ ਹਨ।ਡੀਲਿਮੀਟੇਸ਼ਨ ਦਾ ਗਣਿਤ ਅਤੇ ਰਾਜੀਆਂ ਵਿਚਾਲੇ ਤਨਾਅਵਰਤਮਾਨ ਵਿੱਚ ਲੋਕ ਸਭਾ ਵਿੱਚ 543 ਸੀਟਾਂ ਹਨ, ਜਿਨ੍ਹਾਂ ਦੀ ਵੰਡ 1971 ਜਨਗਣਨਾ ਤੇ ਆਧਾਰਿਤ ਹੈ। ਇਸ ਫ੍ਰੀਜ਼ ਨੂੰ ਹਟਾ ਕੇ ਨਵੀਂ ਡੀਲਿਮੀਟੇਸ਼ਨ ਕਰਨੀ ਹੈ। ਸਰਕਾਰ ਦਾ ਪ੍ਰਸਤਾਵ ਹੈ ਕਿ ਸੀਟਾਂ ਨੂੰ ਲਗਭਗ 50 ਫੀਸਦੀ ਵਧਾਇਆ ਜਾਵੇ ਤਾਂ ਜੋ ਔਰਤਾਂ ਲਈ ਰਾਖਵੀਆਂ ਸੀਟਾਂ ਰੋਟੇਸ਼ਨ ਵਾਲੀ ਪ੍ਰਣਾਲੀ ਤਹਿਤ ਲਾਗੂ ਹੋਣ ਤੋਂ ਬਾਅਦ ਵੀ ਕਿਸੇ ਮੌਜੂਦਾ ਉਮੀਦਵਾਰ ਨੂੰ ਨੁਕਸਾਨ ਨਾ ਹੋਵੇ।

ਇਸ ਨਾਲ ਉੱਤਰੀ ਰਾਜਾਂ ਦੀਆਂ ਸੀਟਾਂ ਵਧਣਗੀਆਂ ਕਿਉਂਕਿ ਉਨ੍ਹਾਂ ਦੀ ਆਬਾਦੀ ਵਧੇਰੇ ਹੈ। ਦੱਖਣੀ ਰਾਜਾਂ ਨੇ ਆਬਾਦੀ ਨਿਯੰਤਰਣ ਵਿੱਚ ਚੰਗਾ ਕੰਮ ਕੀਤਾ ਹੈ, ਇਸ ਲਈ ਉਨ੍ਹਾਂ ਨੂੰ ਡਰ ਹੈ ਕਿ ਉਨ੍ਹਾਂ ਦੀ ਰਾਜਨੀਤਿਕ ਤਾਕਤ ਘਟੇਗੀ। ਅਮਿਤ ਸ਼ਾਹ ਨੇ ਭਰੋਸਾ ਦਿੱਤਾ ਹੈ ਕਿ ਦੱਖਣੀ ਰਾਜਾਂ ਦੀਆਂ ਸੀਟਾਂ ਵੀ ਵਧਣਗੀਆਂ (ਉਦਾਹਰਣ ਵਜੋਂ ਪੰਜ ਦੱਖਣੀ ਰਾਜਾਂ ਦੀਆਂ ਸੀਟਾਂ 129 ਤੋਂ 195 ਤੱਕ ਵਧਣਗੀਆਂ) ਅਤੇ ਉਨ੍ਹਾਂ ਦਾ ਅਨੁਪਾਤ ਲਗਭਗ ਬਰਕਰਾਰ ਰਹੇਗਾ। ਪਰ ਵਿਰੋਧੀ ਇਸ ਭਰੋਸੇ ਤੇ ਸ਼ੱਕ ਕਰ ਰਹੇ ਹਨ ਅਤੇ ਕਹਿ ਰਹੇ ਹਨ ਕਿ ਇਸ ਨਾਲ ਫੈਡਰਲ ਢਾਂਚਾ ਕਮਜ਼ੋਰ ਹੋਵੇਗਾ।

ਅੱਜ ਭਾਰਤੀ ਰਾਜਨੀਤੀ ਉੱਤੇ ਆਉਣ ਵਾਲਾ ਅਸਰਇਸ ਤਬਦੀਲੀ ਦਾ ਰਾਜਨੀਤੀ ਉੱਤੇ ਡੂੰਘਾ ਅਸਰ ਪਵੇਗਾ । ਇਸ ਨਾਲ ਮਹਿਲਾਵਾਂ ਦੀ ਰਾਜਨੀਤਿਕ ਭਾਗੀਦਾਰੀ ਵਿੱਚ ਵਾਧਾ ਅਤੇ ਵਰਤਮਾਨ ਵਿੱਚ ਲੋਕ ਸਭਾ ਵਿੱਚ ਮਹਿਲਾਵਾਂ ਦੀ ਨੁਮਾਇੰਦਗੀ ਲਗਭਗ 14-15 ਫੀਸਦੀ ਹੈ। 33 ਫੀਸਦੀ ਰਾਖਵੀਆਂ ਸੀਟਾਂ ਨਾਲ ਇਹ ਗਿਣਤੀ ਤਿੰਨ ਗੁਣਾ ਵਧ ਜਾਵੇਗੀ। ਇਸ ਨਾਲ ਔਰਤਾਂ ਨਾਲ ਜੁੜੇ ਮੁੱਦੇ (ਸਿਹਤ, ਸਿੱਖਿਆ, ਘਰੇਲੂ ਹਿੰਸਾ, ਬਾਲ ਵਿਆਹ ਆਦਿ) ਹੋਰ ਤਰਜੀਹ ਲੈਣਗੇ। ਪੰਚਾਇਤੀ ਰਾਜ ਵਿੱਚ 50 ਫੀਸਦੀ ਰਾਖਵੀਆਂ ਸੀਟਾਂ ਨਾਲ ਜੋ ਤਬਦੀਲੀ ਆਈ ਹੈ, ਉਸੇ ਤਰ੍ਹਾਂ ਰਾਸ਼ਟਰੀ ਪੱਧਰ ਤੇ ਵੀ ਔਰਤਾਂ ਦੀ ਆਵਾਜ਼ ਮਜ਼ਬੂਤ ਹੋਵੇਗੀ।

ਰਾਜਾਂ ਵਿਚਾਲੇ ਰਾਜਨੀਤਿਕ ਸੰਤੁਲਨ ਬਦਲਣਾ ਹੈ ।ਡੀਲਿਮੀਟੇਸ਼ਨ ਨਾਲ ਉੱਤਰੀ ਰਾਜਾਂ ਦਾ ਵਜ਼ਨ ਵਧੇਗਾ। ਇਸ ਨਾਲ ਭਾਜਪਾ ਵਰਗੀਆਂ ਪਾਰਟੀਆਂ, ਜਿਨ੍ਹਾਂ ਦਾ ਮੁੱਖ ਬੇਸ ਉੱਤਰ ਵਿੱਚ ਹੈ, ਨੂੰ ਲਾਭ ਹੋ ਸਕਦਾ ਹੈ। ਦੱਖਣੀ ਰਾਜਾਂ ਵਿੱਚ ਖਾਸ ਕਰਕੇ ਡੀਐੱਮਕੇ, ਟੀਡੀਪੀ ਆਦਿ ਪਾਰਟੀਆਂ ਇਸ ਤੋਂ ਨਾਖੁਸ਼ ਹਨ ਅਤੇ ਇਸ ਨੂੰ ਫੈਡਰਲਿਜ਼ਮ ਉੱਤੇ ਹਮਲਾ ਦੱਸ ਰਹੀਆਂ ਹਨ। ਇਸ ਨਾਲ ਰਾਜੀਆਂ ਵਿਚਾਲੇ ਤਣਾਅ ਵਧ ਸਕਦਾ ਹੈ।

ਅੱਜ ਪਾਰਟੀਆਂ ਵਿੱਚ ਅੰਦਰੂਨੀ ਤਬਦੀਲੀ ਪਾਰਟੀਆਂ ਨੂੰ ਔਰਤ ਉਮੀਦਵਾਰਾਂ ਤਿਆਰ ਕਰਨੀਆਂ ਪੈਣਗੀਆਂ। ਇਸ ਨਾਲ ਔਰਤਾਂ ਦੀ ਰਾਜਨੀਤਿਕ ਟ੍ਰੇਨਿੰਗ ਅਤੇ ਲੀਡਰਸ਼ਿਪ ਵਿਕਾਸ ਉੱਤੇ ਧਿਆਨ ਦੇਣਾ ਪਵੇਗਾ। ਰੋਟੇਸ਼ਨ ਵਾਲੀ ਪ੍ਰਣਾਲੀ ਨਾਲ ਹਰ ਚੋਣ ਵਿੱਚ ਵੱਖ-ਵੱਖ ਸੀਟਾਂ ਰਾਖਵੀਆਂ ਹੋਣਗੀਆਂ, ਜਿਸ ਨਾਲ ਰਾਜਨੀਤਿਕ ਗਤੀਵਿਧੀਆਂ ਵਿੱਚ ਗਤੀਸ਼ੀਲਤਾ ਆਵੇਗੀ।

ਓਬੀਸੀ, ਐਸਸੀ/ਐਸਟੀ ਔਰਤਾਂ ਲਈ ਉਪ-ਰਾਖਵੀਆਂ: ਵਰਤਮਾਨ ਬਿੱਲ ਵਿੱਚ ਉਪ-ਰਾਖਵੀਆਂ ਦਾ ਪ੍ਰਬੰਧ ਨਹੀਂ ਹੈ, ਪਰ ਭਵਿੱਖ ਵਿੱਚ ਇਸ ਮੰਗ ਉਠ ਸਕਦੀ ਹੈ। ਇਸ ਨਾਲ ਰਾਜਨੀਤੀ ਵਿੱਚ ਜਾਤੀ ਅਤੇ ਲਿੰਗ ਦੋਵਾਂ ਦਾ ਸੰਤੁਲਨ ਬਣਾਉਣ ਦੀ ਚਰਚਾ ਤੇਜ਼ ਹੋਵੇਗੀ।

ਮਹੱਤਵਪੂਰਨ ਹੈ। ਲਿੰਗ ਭੇਦਭਾਵ ਵਿੱਚ ਕਮੀ: ਔਰਤਾਂ ਨੂੰ ਰਾਜਨੀਤੀ ਵਿੱਚ ਵਧੇਰੇ ਭਾਗੀਦਾਰੀ ਮਿਲਣ ਨਾਲ ਸਮਾਜ ਵਿੱਚ ਔਰਤਾਂ ਨੂੰ ਲੀਡਰ ਵਜੋਂ ਵੇਖਣ ਦੀ ਨਜ਼ਰੀਆ ਬਦਲੇਗਾ। ਲੜਕੀਆਂ ਨੂੰ ਰਾਜਨੀਤੀ ਵਿੱਚ ਕਰੀਅਰ ਬਣਾਉਣ ਦੀ ਪ੍ਰੇਰਣਾ ਮਿਲੇਗੀ।

ਇਸ ਨਾਲ ਨੀਤੀ ਨਿਰਮਾਣ ਵਿੱਚ ਔਰਤਾਂ ਦਾ ਯੋਗਦਾਨ ਦਾ ਔਰਤਾਂ ਨਾਲ ਜੁੜੀਆਂ ਯੋਜਨਾਵਾਂ (ਬੇਟੀ ਬਚਾਓ ਬੇਟੀ ਪੜ੍ਹਾਓ, ਉਜਵਲਾ, ਲਾਡਲੀ ਬਹਿਨ ਆਦਿ) ਹੋਰ ਤੇਜ਼ੀ ਨਾਲ ਲਾਗੂ ਹੋਣਗੀਆਂ। ਸਿਹਤ, ਸਿੱਖਿਆ ਅਤੇ ਪਰਿਵਾਰ ਨਿਯੋਜਨ ਵਰਗੇ ਮੁੱਦਿਆਂ ਉੱਤੇ ਵਧੇਰੇ ਧਿਆਨ ਦਿੱਤਾ ਜਾਵੇਗਾ। ਸਮਾਜਿਕ ਤਬਦੀਲੀ ਅਤੇ ਰੋਲ ਮਾਡਲ ਪੰਚਾਇਤੀ ਰਾਜ ਵਿੱਚ ਔਰਤਾਂ ਦੀ ਭਾਗੀਦਾਰੀ ਨੇ ਗਰਾਮੀਣ ਔਰਤਾਂ ਵਿੱਚ ਆਤਮਵਿਸ਼ਵਾਸ ਵਧਾਇਆ ਹੈ। ਰਾਸ਼ਟਰੀ ਪੱਧਰ ਤੇ ਇਸ ਨਾਲ ਉਸੇ ਤਰ੍ਹਾਂ ਦਾ ਪ੍ਰਭਾਵ ਪਵੇਗਾ। ਔਰਤਾਂ ਵਧੇਰੇ ਉੱਦਮੀ ਬਣਨਗੀਆਂ ਅਤੇ ਆਰਥਿਕ ਵਿਕਾਸ ਵਿੱਚ ਯੋਗਦਾਨ ਵਧਾਉਣਗੀਆਂ।

ਅੱਜ ਚੁਣੌਤੀਆਂ ਰਾਖਵੀਆਂ ਸੀਟਾਂ ਉੱਤੇ ਔਰਤਾਂ ਨੂੰ ਅਕਸਰ ਪ੍ਰਾਕਸੀ (ਪਤੀ ਜਾਂ ਪਰਿਵਾਰ ਵੱਲੋਂ ਚਲਾਈ ਜਾਣ ਵਾਲੀ) ਬਣਾਇਆ ਜਾ ਸਕਦਾ ਹੈ। ਇਸ ਲਈ ਔਰਤਾਂ ਨੂੰ ਰਾਜਨੀਤਿਕ ਟ੍ਰੇਨਿੰਗ ਅਤੇ ਆਰਥਿਕ ਸੁਤੰਤਰਤਾ ਦੇਣੀ ਜ਼ਰੂਰੀ ਹੈ। ਇਸ ਤੋਂ ਇਲਾਵਾ, ਓਬੀਸੀ ਔਰਤਾਂ ਲਈ ਵੱਖਰੀ ਰਾਖਵੀਆਂ ਦੀ ਮੰਗ ਵੀ ਉਠ ਸਕਦੀ ਹੈ।

ਅੱਜ ਆਉਣ ਵਾਲੇ ਦਿਨਾਂ ਵਿੱਚ ਭਾਰਤੀ ਰਾਜਨੀਤੀ ਅਤੇ ਸਮਾਜ ਉੱਤੇ ਸੰਭਾਵਿਤ ਅਸਰਇਸ ਤਬਦੀਲੀ ਨਾਲ ਭਾਰਤੀ ਰਾਜਨੀਤੀ ਹੋਰ ਗਤੀਸ਼ੀਲ ਅਤੇ ਸਮਾਵੇਸ਼ੀ ਬਣ ਸਕਦੀ ਹੈ। 2029 ਤੱਕ ਇਸ ਨੂੰ ਲਾਗੂ ਕਰਨ ਦਾ ਟੀਚਾ ਹੈ, ਜਿਸ ਨਾਲ ਚੋਣਾਂ ਵਿੱਚ ਨਵੀਆਂ ਰਣਨੀਤੀਆਂ ਉਭਰਨਗੀਆਂ। ਔਰਤਾਂ ਦੀ ਵਧਦੀ ਭਾਗੀਦਾਰੀ ਨਾਲ ਰਾਜਨੀਤੀ ਵਿੱਚ ਘੱਟ ਭ੍ਰਿਸ਼ਟਾਚਾਰ ਅਤੇ ਵਧੇਰੇ ਸੰਤੁਲਿਤ ਨੀਤੀਆਂ ਆ ਸਕਦੀਆਂ ਹਨ।ਸਮਾਜ ਵਿੱਚ ਇਸ ਨਾਲ ਲਿੰਗ ਬਰਾਬਰੀ ਵੱਲ ਵੱਡਾ ਕਦਮ ਉਠੇਗਾ। ਔਰਤਾਂ ਨੂੰ ਰੋਲ ਮਾਡਲ ਬਣਨ ਦਾ ਮੌਕਾ ਮਿਲੇਗਾ ਅਤੇ ਯੁਵਕ ਔਰਤਾਂ ਵਿੱਚ ਰਾਜਨੀਤੀ ਵੱਲ ਰੁਚੀ ਵਧੇਗੀ। ਪਰ ਇਸ ਦੇ ਨਾਲ ਹੀ ਉੱਤਰ-ਦੱਖਣ ਵਿਚਾਲੇ ਤਣਾਅ ਵਧਣ ਦੀ ਸੰਭਾਵਨਾ ਵੀ ਹੈ, ਜਿਸ ਨੂੰ ਸਰਕਾਰ ਨੂੰ ਸੰਤੁਲਿਤ ਢੰਗ ਨਾਲ ਹੱਲ ਕਰਨਾ ਪਵੇਗਾ।

ਅੱਜ ਭਵਿੱਖ ਵਿੱਚ ਇਸ ਨੂੰ 50 ਫੀਸਦੀ ਤੱਕ ਵਧਾਉਣ ਦੀ ਗੱਲ ਵੀ ਹੋ ਸਕਦੀ ਹੈ, ਜੋ ਅੱਧੀ ਆਬਾਦੀ ਨੂੰ ਪੂਰਾ ਸੰਵਿਧਾਨਕ ਹੱਕ ਦੇਵੇਗਾ। ਇਹ ਤਬਦੀਲੀ ਸਿਰਫ਼ ਸੀਟਾਂ ਵਧਾਉਣ ਤੱਕ ਸੀਮਤ ਨਹੀਂ — ਇਹ ਭਾਰਤੀ ਸਮਾਜ ਵਿੱਚ ਔਰਤਾਂ ਦੀ ਭੂਮਿਕਾ ਨੂੰ ਮੁੜ-ਪਰਿਭਾਸ਼ਿਤ ਕਰਨ ਵਾਲੀ ਹੈ।ਇਸ ਬਹਿਸ ਵਿੱਚ ਸਾਰੀਆਂ ਧਿਰਾਂ ਨੂੰ ਰਾਜਨੀਤੀ ਤੋਂ ਉੱਪਰ ਉੱਠ ਕੇ ਔਰਤਾਂ ਦੇ ਸਸ਼ਕਤੀਕਰਨ ਅਤੇ ਰਾਸ਼ਟਰੀ ਏਕਤਾ ਨੂੰ ਤਰਜੀਹ ਦੇਣੀ ਚਾਹੀਦੀ ਹੈ। ਜੇਕਰ ਇਸ ਨੂੰ ਸਹੀ ਢੰਗ ਨਾਲ ਲਾਗੂ ਕੀਤਾ ਗਿਆ ਤਾਂ ਭਾਰਤ ਵਿਸ਼ਵ ਪੱਧਰ ਤੇ ਔਰਤਾਂ ਦੀ ਭਾਗੀਦਾਰੀ ਵਿੱਚ ਇੱਕ ਉਦਾਹਰਣ ਬਣ ਸਕਦਾ ਹੈ। ਇਹ ਇੱਕ ਇਨਕਲਾਬੀ ਕਦਮ ਹੈ ਜੋ ਭਾਰਤ ਨੂੰ ਵਧੇਰੇ ਸਮਾਵੇਸ਼ੀ, ਨਿਆਂਪੂਰਣ ਅਤੇ ਤਾਕਤਵਰ ਬਣਾਉਣ ਵਿੱਚ ਮੀਲ ਪੱਥਰ ਸਾਬਤ ਹੋ ਸਕਦਾ ਹੈ।

# ਖਾਲਸਾ ਵਿਦਿਆਕ ਸੰਸਥਾਵਾਂ ਦਾ ਸਫਰ ਬਨਾਮ ਅੱਜ ਦਾ ਦੌਰ

ਬਘੇਲ ਸਿੰਘ ਧਾਲੀਵਾਲ
99142-58142



17, 18, 19 ਅਪ੍ਰੈਲ 1908 ਦੀਆਂ ਤਾਰੀਖਾਂ ਸਿੱਖ ਕੌਮ ਦੇ ਵਿਦਿਆਕ ਇਤਿਹਾਸ ਦਾ ਉਹ ਅਹਿਮ ਮੋੜ ਹਨ ਜਦੋਂ ਕੌਮ ਦੇ ਅੰਦਰ ਇਕ ਅਜਿਹੀ ਸੋਚ ਨੇ ਦੁਵਾਰਾ ਅੰਗੜਾਈ ਲਈ ਅਤੇ ਮਹਿਸੂਸ ਕੀਤਾ ਕਿ ਤਲਵਾਰ ਦੀ ਤਾਕਤ ਦੇ ਨਾਲ ਸਿੱਖਿਆ ਦੀ ਤਾਕਤ ਵੀ ਹੋਣੀ ਜਰੂਰੀ ਹੈ। ਗੁਜਰਾਂ ਵਾਲੇ ਦੀ ਧਰਤੀ ਤੋਂ ਚੀਫ ਖਾਲਸਾ ਦੀਵਾਨ ਵੱਲੋਂ ਸ਼ੁਰੂ ਕੀਤੀ ਗਈ ਸਿੱਖ ਐਜੂਕੇਸ਼ਨਲ ਕਾਨਫਰੰਸ ਇਸ ਸੋਚ ਚੋਂ ਪੈਦਾ ਹੋਈ ਜਾਗਰੂਕਤਾ ਦੀ ਲਹਿਰ ਸੀ,ਜਿਸਦਾ ਮਕਸਦ ਸੀ ਸਿੱਖਾਂ ਨੂੰ ਸਮੇਂ ਦੇ ਨਾਲ ਜੋੜਨਾ, ਉਨ੍ਹਾਂ ਨੂੰ ਦੁਨਿਆਵੀ ਤੇ ਧਾਰਮਿਕ ਦੋਵੇਂ ਵਿਦਿਆ ਨਾਲ ਲੈਸ ਕਰਨਾ।ਉਸ ਸਮੇਂ ਦੀ ਹਕੀਕਤ ਨੂੰ ਸਮਝਣਾ ਬਹੁਤ ਜਰੂਰੀ ਹੈ। ਬਰਤਾਨਵੀ ਰਾਜ ਹੇਠ ਭਾਰਤ ਵਿੱਚ ਸਿੱਖਿਆ ਦਾ ਢਾਂਚਾ ਇਸ ਤਰ੍ਹਾਂ ਬਣਾਇਆ ਜਾ ਰਿਹਾ ਸੀ ਕਿ ਉਸ ਦਾ ਅੰਗਰੇਜ਼ੀ ਹਕੂਮਤ ਨੂੰ ਹੀ ਫਾਇਦਾ ਹੋਵੇ। ਮਿਸ਼ਨਰੀ ਸਕੂਲਾਂ ਰਾਹੀਂ ਧਾਰਮਿਕ ਪ੍ਰਭਾਵ ਵੀ ਪਾਇਆ ਜਾ ਰਿਹਾ ਸੀ। ਇਸ ਸਥਿਤੀ ਵਿੱਚ ਸਿੱਖ ਅਗੂਆਂ ਨੇ ਇਹ ਸਮਝ ਲਿਆ ਸੀ ਕਿ ਜੇ ਕੌਮ ਨੇ ਆਪਣੀ ਪਛਾਣ ਬਚਾਉਣੀ ਹੈ, ਤਾਂ ਆਪਣੀਆਂ ਵਿਦਿਆਕ ਸੰਸਥਾਵਾਂ ਖੜੀਆਂ ਕਰਨੀਆਂ ਪੈਣਗੀਆਂ,ਅਜਿਹੀਆਂ ਸੰਸਥਾਵਾਂ ਜੋ ਸਿਰਫ਼ ਨੌਕਰੀ ਲਈ ਨਹੀਂ, ਸਗੋਂ ਨੈਤਿਕਤਾ, ਅਸੂਲ ਅਤੇ ਸਿੱਖੀ ਦੇ ਅਧਾਰ 'ਤੇ ਕੌਮ ਦੇ ਭਵਿੱਖ ਨੂੰ ਤਿਆਰ ਕਰਨ। ਇਹ ਕੋਈ ਸਧਾਰਣ ਗੱਲ ਨਹੀਂ ਸੀ,ਇਹ ਇੱਕ ਯੋਜਨਾਬੱਧ ਵਿਦਿਆਕ ਕ੍ਰਾਂਤੀ ਸੀ। ਖਾਲਸਾ ਸਕੂਲਾਂ ਦੀ ਸਥਾਪਨਾ ਨਾਲ ਸਿੱਖ ਬੱਚਿਆਂ ਨੂੰ ਇੱਕ ਐਸਾ ਮਾਹੌਲ ਮਿਲਿਆ ਜਿੱਥੇ ਉਹ ਆਪਣੀ ਪਹਿਚਾਣ,ਆਪਣੀ ਜੀਵਤ ਹੋਂਦ ਨਾਲ ਸਿੱਖ ਸਕਦੇ ਸਨ।ਪਹਿਲੀ ਐਜੂਕੇਸਨਲ ਕਾਨਫ੍ਰੰਸ ਦੇ ਪ੍ਰਧਾਨ ਸ. ਬਘੇਲ ਸਿੰਘ ਦਾ ਇਹ ਮੰਨਣਾ ਸੀ ਕਿ ਖਾਲਸਾ ਸਕੂਲਾਂ ਦੀ ਸਥਾਪਨਾ ਤੋਂ ਬਗੈਰ ਸਿੱਖ ਸੋਚ ਨੂੰ ਜਿੰਦਾ ਰੱਖਣਾ ਸੰਭਵ ਨਹੀ, ਉਹਨਾਂ ਦਾ ਮਕਸਦ ਸੀ ਕਿ ਸਿੱਖ ਨੌਜਵਾਨ ਆਪਣੇ ਧਰਮ ਨਾਲ ਜੁੜੇ ਰਹਿੰਦੇ ਹੋਏ ਦੁਨੀਆਂ ਦੇ ਕਿਸੇ ਵੀ ਮੈਦਾਨ ਵਿੱਚ ਪਿੱਛੇ ਨਾ ਰਹਿਣ।ਇਸ ਲਹਿਰ ਦਾ ਨਤੀਜਾ ਇਹ ਸੀ ਕਿ 1941 ਦੀ ਮਰਦਮਸ਼ੁਮਾਰੀ ਚ ਇਹ ਸਪੱਸ਼ਟ ਹੋਇਆ ਕਿ ਉਸ ਵੇਲੇ ਪੰਜਾਬ ਵਿੱਚ ਸਿੱਖ ਮਰਦ ਅਤੇ ਔਰਤਾਂ ਬਾਕੀ ਧਰਮਾਂ ਦੇ ਮੁਕਾਬਲੇ ਸਭ ਤੋਂ ਵੱਧ ਪੜ੍ਹੇ-ਲਿਖੇ ਸਨ। ਸਿੱਖ ਚਿੰਤਕ ਬਲਦੀਪ ਸਿੰਘ ਰਾਮੂਵਾਲੀਆ ਵੱਲੋਂ ਸ਼ੋਸ਼ਲ ਮੀਡੀਏ ਤੇ 1941 ਦੀ ਮਰਦਮ ਸੁਮਾਰੀ ਦਾ ਇੱਕ ਅਜਿਹਾ ਦਸਤਾਵੇਜ ਸਾਂਝਾ ਕੀਤਾ ਗਿਆ ਹੈ,ਜਿਸ ਅਨੁਸਾਰ ਸਿੱਖ ਹਿੰਦੂ,ਮੁਸਲਮ ਅਤੇ ਇਸਾਈਆਂ ਤੋਂ ਵੱਧ ਪੜੀ ਲਿਖੀ ਕੌਮ ਸੀ।ਇਹ ਕੋਈ ਸੰਜੋਗ ਨਹੀਂ ਸੀ, ਇਹ ਉਸ ਵਿਦਿਆਕ ਨੀਤੀ ਦਾ ਨਤੀਜਾ ਸੀ ਜੋ ਚੀਫ ਖਾਲਸਾ ਦੀਵਾਨ ਅਤੇ ਸਿੰਘ ਸਭਾ ਲਹਿਰ ਨੇ ਮਿਲ ਕੇ ਤਿਆਰ ਕੀਤੀ।ਪਰ ਅੱਜ ਦੇ ਸੰਦਰਭ ਵਿੱਚ ਜਦੋਂ ਦੇਖਦੇ ਹਾਂ ਤਾਂ ਬਹੁਤ ਸਾਰੇ ਸਵਾਲ ਖੜੇ ਹੋ ਜਾਂਦੇ ਹਨ। ਅੱਜ ਖਾਲਸਾ ਸਕੂਲ ਅਤੇ ਕਾਲਜ ਤਾਂ ਹਨ, ਪਰ ਕੀ ਉਹ ਅਜੇ ਵੀ ਉਹੀ ਮਕਸਦ ਪੂਰਾ ਕਰ ਰਹੇ ਹਨ ਜਿਸ ਲਈ ਉਹ ਬਣਾਏ ਗਏ ਸਨ? ਹਕੀਕਤ ਇਹ ਹੈ ਕਿ ਅੱਜ ਬਹੁਤੀਆਂ ਖਾਲਸਾ ਸੰਸਥਾਵਾਂ ਸਿਰਫ਼ ਨਾਂ ਦੀਆਂ ਰਹਿ ਗਈਆਂ ਹਨ। ਉਨ੍ਹਾਂ ਵਿੱਚੋਂ ਕਈ ਵਪਾਰਕ ਸੰਸਥਾਵਾਂ ਬਣ ਚੁੱਕੀਆਂ ਹਨ, ਜਿੱਥੇ ਸਿੱਖਿਆ ਇੱਕ ਸੇਵਾ ਨਹੀਂ, ਇੱਕ ਧੰਦਾ ਬਣ ਗਈ ਹੈ। ਫੀਸਾਂ ਆਮ ਕਿਰਤੀ ਸਿੱਖ ਦੀ ਪਹੁੰਚ ਤੋਂ ਬਾਹਰ ਹਨ।ਧਾਰਮਿਕ ਸਿੱਖਿਆ, ਜੋ ਕਦੇ ਖਾਲਸਾ ਸਕੂਲਾਂ ਦੀ ਰੀੜ ਦੀ ਹੱਡੀ ਹੁੰਦੀ ਸੀ, ਅੱਜ ਕਈ ਥਾਵਾਂ 'ਤੇ ਕੇਵਲ ਰਸਮ ਰਹਿ ਗਈ ਹੈ। ਗੁਰਬਾਣੀ ਦੀ ਸਮਝ ਦੀ ਲੋੜ ਮਨਫੀ ਹੋ ਗਈ ਹੈ?ਨੈਤਿਕ ਸਿੱਖਿਆ ਦੀ ਥਾਂ ਮੁਕਾਬਲੇਬਾਜ਼ੀ ਨੇ ਲੈ ਲਈ ਹੈ। ਸਵਾਲ ਇਹ ਹੈ ਕਿ ਜੇ ਖਾਲਸਾ ਸੰਸਥਾਵਾਂ ਵੀ ਉਹੀ ਕਰ ਰਹੀਆਂ ਹਨ ਜੋ ਹੋਰ ਨਿੱਜੀ ਸਕੂਲ ਕਰ ਰਹੇ ਹਨ, ਤਾਂ ਫਿਰ ਉਹਨਾਂ ਦੀ ਵੱਖਰੀ ਪਹਿਚਾਣ ਕਿਵੇਂ ਰਹਿ ਸਕਦੀ ਹੈ। ਚੀਫ ਖਾਲਸਾ ਦੀਵਾਨ, ਜੋ ਕਦੇ ਇਸ ਵਿਦਿਆਕ ਲਹਿਰ ਦਾ ਕੇਂਦਰ ਸੀ, ਅੱਜ ਕਿੰਨਾ ਪ੍ਰਭਾਵਸ਼ਾਲੀ ਹੈ,ਇਹ ਵੀ ਕਿਸੇ ਤੋਂ ਲੁਕਿਆ ਹੋਇਆ ਨਹੀ। ਇਹ ਗੱਲ ਮੰਨਣੀ ਪਵੇਗੀ ਕਿ ਸਮਾਂ ਬਦਲ ਗਿਆ ਹੈ। ਅੱਜ ਦੀ ਦੁਨੀਆਂ ਵਿੱਚ ਮੁਕਾਬਲਾ ਵਧ ਗਿਆ ਹੈ, ਨਵੀਆਂ ਤਕਨੀਕਾਂ ਆ ਗਈਆਂ ਹਨ, ਅਤੇ ਸਿੱਖਿਆ ਦੇ ਮਾਪਦੰਡ ਵੀ ਬਦਲ ਗਏ ਹਨ,ਇਸਦਾ ਮਤਲਬ ਇਹ ਨਹੀਂ ਕਿ ਅਸੂਲ ਛੱਡ ਦਿੱਤੇ ਜਾਣ। ਖਾਲਸਾ ਸੰਸਥਾਵਾਂ ਦੀ ਸਭ ਤੋਂ ਵੱਡੀ ਤਾਕਤ ਅਤੇ ਉਹਨਾਂ ਦੀ ਪਹਿਚਾਣ ਸਿੱਖੀ ਦੇ ਅਸੂਲਾਂ 'ਤੇ ਅਧਾਰਿਤ ਸਿੱਖਿਆ ਕਰਕੇ ਸੀ,ਜੋ ਗੁੰਮ ਹੋ ਚੁੱਕੀ ਹੈ। ਅੱਜ ਖਾਲਸਾ ਸਕੂਲਾਂ ਅਤੇ ਕਾਲਜਾਂ ਨੂੰ ਮੁੜ ਆਪਣੇ ਅਸਲ ਮਕਸਦ ਵੱਲ ਵਾਪਸ ਜਾਣਾ ਪਵੇਗਾ। ਉਹਨਾਂ ਨੂੰ ਸਿਰਫ਼ ਡਿਗਰੀਆਂ ਨਹੀਂ, ਸਗੋਂ ਖਾਲਸ਼ਾਈ ਚਰਿੱਤਰ ਤਿਆਰ ਕਰਨੇ ਪੈਣਗੇ। ਉਹਨਾਂ ਨੂੰ ਸਿਰਫ਼ ਨੌਕਰੀਆਂ ਲਈ ਨਹੀਂ, ਸਗੋਂ ਜਿੰਮੇਵਾਰ ਗੁਰਸਿੱਖ ਤਿਆਰ ਕਰਨੇ ਪੈਣਗੇ। ਇਸ ਲਈ ਕੁਝ ਠੋਸ ਕਦਮ ਚੁੱਕਣੇ ਪੈਣਗੇ,ਇਸ ਲਈ ਧਾਰਮਿਕ ਅਤੇ ਨੈਤਿਕ ਸਿੱਖਿਆ ਨੂੰ ਗੰਭੀਰਤਾ ਨਾਲ ਲੈਣਾ ਪਵੇਗਾ। ਗੁਰਬਾਣੀ ਦੀ ਪੂਰਨ ਸੋਝੀ ਦੇਣੀ ਹੋਵੇਗੀ।ਅਧਿਆਪਕਾਂ ਦੀ ਚੋਣ ਮਹਿਜ਼ ਸਕੂਲੀ ਯੋਗਤਾ 'ਤੇ ਨਹੀਂ, ਸਗੋਂ ਉਹਨਾਂ ਦੇ ਚਰਿੱਤਰ ਅਤੇ ਸਿੱਖ ਸੋਚ ਨੂੰ ਪਹਿਲ ਦੇਣੀ ਹੋਵੇਗੀ।, ਸਿੱਖ ਐਜੂਕੇਸ਼ਨਲ ਕਾਨਫ੍ਰੰਸ ਦੀ ਸ਼ੁਰੂਆਤ ਸਿੱਖ ਸੋਚ ਨੂੰ ਮਜਬੂਤ ਕਰਨ ਦਾ ਸੁਪਨਾ ਸੀ,ਇੱਕ ਅਜਿਹਾ ਸੁਪਨਾ ਜਿਸ ਵਿੱਚ ਸਿੱਖ ਕੌਮ ਨੂੰ ਵਿਦਿਆ ਦੇ ਰਾਹੀਂ ਮਜ਼ਬੂਤ ਬਣਾਉਣਾ ਸੀ।ਸੰਤ ਮਹਾਰਾਜ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਨੂੰ ਸਿੱਖ ਐਜੂਕੇਸਨਲ ਕਾਨਫਰੰਸ ਵੱਲੋਂ ਸੰਤ ਦੀ ਉਪਾਧੀ ਨਾਲ ਨਿਵਾਜਣ ਪਿੱਛੇ ਸੰਤ ਜੀ ਵੱਲੋਂ ਸਿੱਖਿਆ ਅਤੇ ਧਾਰਮਿਕ ਵਿੱਦਿਆ ਦੇ ਖੇਤਰ ਵਿੱਚ ਪਾਇਆ ਜਿਕਰਯੋਗ ਯੋਗਦਾਨ ਸੀ,ਨਾ ਕਿ ਮਹਿਜ ਸ਼ਰਧਾ ਵੱਸ ਅਜਿਹਾ ਸਤਿਕਾਰ ਦਿੱਤਾ ਗਿਆ ਸੀ।ਜੇ ਅਸੀਂ ਸੱਚਮੁੱਚ ਆਪਣੇ ਇਤਿਹਾਸ ਆਪਣੇ ਧਰਮ ਅਤੇ ਅਪਣੀ ਕੌਮ ਪ੍ਰਤੀ ਸੁਹਿਰਦ ਹਾਂ, ਤਾਂ ਆਪਣੇ ਵਰਤਮਾਨ ਨੂੰ ਸੁਧਾਰਨ ਦੇ ਉਪਰਾਲੇ ਕਰਨੇ ਪੈਣਗੇ।ਅੰਤ ਵਿੱਚ, ਇਹ ਗੱਲ ਯਾਦ ਰੱਖਣ ਵਾਲੀ ਹੈ ਕਿ ਕੌਮਾਂ ਦੂਜਿਆਂ ਦੇ ਸਹਾਰੇ ਬਹੁਤਾ ਸਮਾ ਜਿਉਂਦਾ ਨਹੀ ਰਹਿ ਸਕਦੀਆਂ,ਇਸ ਲਈ ਸਿੱਖ ਸੰਸਥਾਵਾਂ ਵਿੱਚ ਆਏ ਨਿਘਾਰ ਬਾਰੇ ਗੰਭੀਰਤਾ ਨਾਲ ਵਿਚਾਰਨਾ ਪਵੇਗਾ।ਜਿੰਨੀ ਦੇਰ ਉਪਰੋਕਤ ਸੰਸਥਾਵਾਂ ਦਾ ਪ੍ਰਬੰਧ ਚਿੰਤਕ ਸਿੱਖਾਂ ਦੇ ਕੋਲ ਨਹੀ ਆਉਂਦਾ ਓਨੀ ਦੇਰ ਸਿੱਖਾਂ ਕੋਲ ਅਤੀਤ ਨੂੰ ਯਾਦ ਕਰਕੇ ਝੋਰਾ ਕਰਨ ਤੋ ਬਗੈਰ ਕੁੱਝ ਵੀ ਸੰਭਵ ਨਹੀ ,ਹਰ ਖੇਤਰ ਵਿੱਚ ਸਿੱਖ ਅਤੇ ਸਿੱਖੀ ਦੀ ਦੁਰਦਸ਼ਾ ਦਾ ਕਾਰਨ ਉਹਨਾਂ ਦੇ ਆਗੂਆਂ ਦਾ ਲੋਭ ਲਾਲਸਾ ਵਿੱਚ ਗਰਕ ਹੋਣ ਕਰਕੇ ਹੈ।ਸੋ ਆਪਣੀ ਹੋਂਦ ਨੂੰ ਬਚਾਉਣ ਲਈ ਕੌਮ ਦਾ ਸਿੱਖਿਅਤ ਹੋਣਾ ਬੇਹੱਦ ਜਰੂਰੀ ਹੈ, ਸਿੱਖਿਅਤ ਹੋਣ ਦਾ ਮਤਲਬ ਚੱਲ ਰਹੀ ਸਿੱਖਿਆ ਪਰਨਾਲ਼ੀ ਨਹੀ,ਬਲਕਿ ਆਪਣੀ ਸਿੱਖਿਆ ਪਰਨਾਲੀ ਨੂੰ ਮਜਬੂਤ ਕਰਨ ਲਈ ਸਿੱਖਾਂ ਨੂੰ ਖੁਦ ਨਵੇਂ ਸਿਰੇ ਤੋਂ ਉਪਰਾਲੇ ਵਿੱਢਣੇ ਪੈਣਗੇ। ਸਿੱਖ ਵਿਚਾਰਧਾਰਾ ਦੇ ਨਜ਼ਰੀਏ ਤੋਂ ਸੰਸਥਾਵਾਂ ਦੀ ਮੁੜ ਉਸਾਰੀ ਹੀ ਕੌਮ ਦੇ ਭਵਿੱਖ ਨੂੰ ਉਜਲਾ ਕਰ ਸਕਦੀ ਹੈ।



ਵਿੰਕਲਜੀਤ ਸਿੰਘ ਸਰਾ
9501477889

## ਉੱਜੜਦੇ ਪਰਿਵਾਰਾਂ ਅਤੇ ਕਾਨੂੰਨੀ ਮਰਯਾਦਾ

# ਰਿਸ਼ਤਿਆਂ ਦਾ ਮਾਰੂਥਲ, ਭਟਕਦੇ ਮਨ ਅਤੇ ਸੁਪਰੀਮ ਕੋਰਟ ਦਾ ਇਤਿਹਾਸਕ ਆਦੇਸ਼

ਆਧੁਨਿਕਤਾ ਦੀ ਚਮਕ ਵਿੱਚ ਧੁੰਦਲੇ ਹੁੰਦੇ ਰਿਸ਼ਤੇ : ਮਨੁੱਖੀ ਸੱਭਿਅਤਾ ਨੇ ਜਿੱਥੇ ਵਿਗਿਆਨਕ ਅਤੇ ਤਕਨੀਕੀ ਤੌਰ @ਤੇ ਵੱਡੀਆਂ ਮੱਲਾਂ ਮਾਰੀਆਂ ਹਨ ਉੱਥੇ ਹੀ ਸਾਡੇ ਜਜ਼ਬਾਤੀ ਰਿਸ਼ਤੇ ਲਗਾਤਾਰ ਕਮਜ਼ੋਰ ਹੁੰਦੇ ਜਾ ਰਹੇ ਹਨ। ਜਿਸ ਵਿਆਹ ਨੂੰ ਕਦੇ ਜਨਮਾਂ-ਜਨਮਾਂ ਦਾ ਸਾਥ ਅਤੇ ਇੱਕ ਪਵਿੱਤਰ ਸੰਸਕਾਰ ਮੰਨਿਆ ਜਾਂਦਾ ਸੀ ਅੱਜ ਉਹ ਮਹਿਜ਼ ਇੱਕ ਕਾਨੂੰਨੀ ਕਰਾਰ ਜਾਂ ਸਮਝੌਤੇ ਤੱਕ ਸੀਮਤ ਹੋ ਕੇ ਰਹਿ ਗਿਆ ਹੈ। ਪਦਾਰਥਵਾਦੀ ਦੌੜ ਅਤੇ ਨਿੱਜੀ ਹਉਮੈ ਨੇ ਮਨੁੱਖ ਨੂੰ ਇੰਨਾ ਅੰਨ੍ਹਾ ਕਰ ਦਿੱਤਾ ਹੈ ਕਿ ਉਹ ਉਸ ਸਾਂਝ ਦੀ ਕੀਮਤ ਨੂੰ ਭੁੱਲ ਗਿਆ ਹੈ ਜਿਸ ਨੇ ਪਰਿਵਾਰ ਰੂਪੀ ਸੰਸਥਾ ਨੂੰ ਸਿਰਜਿਆ ਸੀ। ਜਦੋਂ ਇੱਕ ਘਰ ਉੱਜੜਦਾ ਹੈ ਤਾਂ ਸਿਰਫ਼ ਇੱਕ ਪਤੀ ਅਤੇ ਪਤਨੀ ਵੱਖ ਨਹੀਂ ਹੁੰਦੇ ਸਗੋਂ ਉਸ ਨਾਲ ਜੁੜੇ ਅਣਗਿਣਤ ਸੁਪਨੇ, ਯਾਦਾਂ ਅਤੇ ਸਭ ਤੋਂ ਅਹਿਮ @ਬਚਪਨ@ ਕਤਲ ਹੋ ਜਾਂਦਾ ਹੈ। ਅੱਜ ਸਾਡੇ ਸਮਾਜ ਵਿੱਚ ਰਿਸ਼ਤਿਆਂ ਦੀ ਕੀਮਤ ਪੈਸੇ ਅਤੇ ਸੁੱਖ-ਸਹੂਲਤਾਂ ਨਾਲ ਤੋਲੀ ਜਾਣ ਲੱਗੀ ਹੈ ਜਿਸ ਕਾਰਨ ਛੋਟੀਆਂ-ਛੋਟੀਆਂ ਗੱਲਾਂ 'ਤੇ ਹੋਣ ਵਾਲੇ ਮਤਭੇਦ ਵੱਡੀਆਂ ਕਾਨੂੰਨੀ ਲੜਾਈਆਂ ਦਾ ਰੂਪ ਧਾਰ ਲੈਂਦੇ ਹਨ।

**ਖਿੱਚ, ਭਟਕਣਾ ਅਤੇ ਦੂਜੇ ਦਾ ਵਿਹੜਾ ਵੱਧ ਹਰਾ ਦਿਸਣਾ** : ਰਿਸ਼ਤਿਆਂ ਦੇ ਟੁੱਟਣ ਦਾ ਇੱਕ ਵੱਡਾ ਅਤੇ ਅਣਗੌਲਿਆ ਕਾਰਨ ਹੈ ਮਨ ਦੀ ਅਸੰਤੁਸ਼ਟੀ ਅਤੇ ਬਾਹਰੀ ਖਿੱਚ। ਮਨੋਵਿਗਿਆਨਕ ਤੌਰ 'ਤੇ ਇਹ ਦੇਖਿਆ ਗਿਆ ਹੈ ਕਿ ਅਕਸਰ ਵਿਆਹ ਤੋਂ ਕੁਝ ਸਾਲਾਂ ਬਾਅਦ ਪਤੀ-ਪਤਨੀ ਨੂੰ ਇੱਕ-ਦੂਜੇ ਵਿੱਚ ਉਹ ਖਿੱਚ ਮਹਿਸੂਸ ਨਹੀਂ ਹੁੰਦੀ ਜੋ ਸ਼ੁਰੂਆਤੀ ਦਿਨਾਂ ਵਿੱਚ ਸੀ। ਇਸ ਦਾ ਕਾਰਨ @ਆਦਤ@ ਪੈ ਜਾਣਾ ਹੈ। ਜਦੋਂ ਅਸੀਂ ਕਿਸੇ ਚੀਜ਼ ਨੂੰ ਰੋਜ਼ਾਨਾ ਦੇਖਦੇ ਹਾਂ ਤਾਂ ਉਸ ਦੀ ਕਦਰ ਘਟਣ ਲੱਗਦੀ ਹੈ। ਅੱਜ ਦੇ @ਸੋਸ਼ਲ ਮੀਡੀਆ@ ਯੁੱਗ ਵਿੱਚ ਜਿੱਥੇ ਹਰ ਕੋਈ ਆਪਣੀ ਜ਼ਿੰਦਗੀ ਦਾ ਸਭ ਤੋਂ ਸੁੰਦਰ ਪੱਖ ਦਿਖਾ ਰਿਹਾ ਹੈ ਮਨੁੱਖ ਅਕਸਰ ਆਪਣੇ ਜੀਵਨ ਸਾਥੀ ਦੀ ਤੁਲਨਾ ਦੂਜਿਆਂ ਨਾਲ ਕਰਨ ਲੱਗਦਾ ਹੈ। ÷ਦੂਜੇ ਦੀ ਥਾਲੀ ਵਿੱਚ ਘਿਓ ਵੱਧ ਦਿਸਣਾ÷ ਦੀ ਕਹਾਵਤ ਅੱਜ ਦੇ ਰਿਸ਼ਤਿਆਂ @ਤੇ ਪੂਰੀ ਢੁਕਦੀ ਹੈ। ਮਰਦ ਨੂੰ ਆਪਣੀ ਪਤਨੀ ਨਾਲੋਂ ਦੂਜੀ ਔਰਤ ਅਤੇ ਔਰਤ ਨੂੰ ਆਪਣੇ ਪਤੀ ਨਾਲੋਂ ਦੂਜਾ ਮਰਦ ਵੱਧ ਸੁੰਦਰ, ਸਲੀਕੇਦਾਰ ਜਾਂ ਸਮਝਦਾਰ ਲੱਗਣ ਲੱਗਦਾ ਹੈ। ਇਹ ਬਾਹਰੀ ਖਿੱਚ (Attraction) ਅਕਸਰ ਪਰਿਵਾਰਾਂ ਦੇ ਉੱਜੜਨ ਦੀ ਪਹਿਲੀ ਪੌੜੀ ਬਣਦੀ ਹੈ। ਜਦੋਂ ਮਨ ਭਟਕ ਜਾਂਦਾ ਹੈ ਤਾਂ ਘਰ ਵਿੱਚ ਰੋਜ਼ਾਨਾ ਦੇ ਕੰਮ-ਕਾਜ, ਬੱਚਿਆਂ ਦੀਆਂ ਜ਼ਿੰਮੇਵਾਰੀਆਂ ਅਤੇ ਸਾਥੀ ਦੀਆਂ ਛੋਟੀਆਂ ਗਲਤੀਆਂ ਬਹੁਤ ਵੱਡੀਆਂ ਲੱਗਣ ਲੱਗਦੀਆਂ ਹਨ। ਇਹੀ ਭਟਕਣਾ ਅੱਗੇ ਜਾ ਕੇ ਮਾਨਸਿਕ ਦੂਰੀਆਂ ਅਤੇ ਫਿਰ ਕਾਨੂੰਨੀ ਤਲਾਕ ਦਾ ਰੂਪ ਧਾਰ ਲੈਂਦੀ ਹੈ।

**ਉੱਜੜਦੇ ਪਰਿਵਾਰ ਅਤੇ ਯਤੀਮ ਹੁੰਦਾ ਬਚਪਨ; ਇੱਕ ਸਮਾਜਿਕ ਤ੍ਰਾਸਦੀ** : ਜਦੋਂ ਪਤੀ ਜਾਂ ਪਤਨੀ ਵਿੱਚੋਂ ਕੋਈ ਵੀ ਬਾਹਰੀ ਚਮਕ ਦੇ ਮੋਹ ਵਿੱਚ ਫਸ ਕੇ ਆਪਣੇ ਪਰਿਵਾਰ ਨੂੰ ਪਿੱਛੇ ਛੱਡ ਦਿੰਦਾ ਹੈ ਤਾਂ ਉਸ ਦਾ ਸਭ ਤੋਂ ਭਿਆਨਕ ਅਸਰ ਬੱਚਿਆਂ 'ਤੇ ਪੈਂਦਾ ਹੈ। ਜਿਨ੍ਹਾਂ ਮਾਸੂਮਾਂ ਨੂੰ ਮਾਂ ਦੀ ਮਮਤਾ ਅਤੇ ਪਿਤਾ ਦੀ ਛਤਰ-ਛਾਇਆ ਦੀ ਲੋੜ ਸੀ ਉਹ ਅਦਾਲਤਾਂ ਦੇ ਗਲਿਆਰਿਆਂ ਵਿੱਚ ਵਕੀਲਾਂ ਦੀਆਂ ਦਲੀਲਾਂ ਸੁਣਦੇ ਵੱਡੇ ਹੁੰਦੇ ਹਨ। ਮਾਪਿਆਂ ਦੀ ਲੜਾਈ ਵਿੱਚ ਪਿਸਦੇ ਇਹ ਬੱਚੇ ਮਾਨਸਿਕ ਤੌਰ 'ਤੇ ਇੰਨੇ ਟੁੱਟ ਜਾਂਦੇ ਹਨ ਕਿ ਉਨ੍ਹਾਂ ਦਾ ਸਮੁੱਚਾ ਭਵਿੱਖ ਧੁੰਦਲਾ ਹੋ ਜਾਂਦਾ ਹੈ। ਇੱਕ ਪਰਿਵਾਰ ਦਾ ਉੱਜੜਨਾ ਸਿਰਫ਼ ਇੱਕ ਨਿੱਜੀ ਦੁਖਾਂਤ ਨਹੀਂ ਹੈ ਸਗੋਂ ਇਹ ਸਮੁੱਚੇ ਸਮਾਜ ਦੇ ਪਤਨ ਦੀ ਨਿਸ਼ਾਨੀ ਹੈ ਜਿੱਥੇ ਸਹਿਣਸ਼ੀਲਤਾ ਅਤੇ ਤਿਆਗ ਵਰਗੇ ਸ਼ਬਦ ਹੁਣ ਪੁਰਾਣੀਆਂ ਕਿਤਾਬਾਂ ਦਾ ਹਿੱਸਾ ਬਣ ਕੇ ਰਹਿ ਗਏ ਹਨ। ਅੱਜ ਸਾਡੇ ਸਮਾਜ ਵਿੱਚ ਅਜਿਹੇ ਹਜ਼ਾਰਾਂ ਬੱਚੇ ਹਨ ਜੋ ਮਾਪਿਆਂ ਦੇ ਹੁੰਦਿਆਂ ਵੀ ਇਕੱਲੇਪਨ ਦਾ ਸ਼ਿਕਾਰ ਹਨ। ਇਹ ਸਥਿਤੀ ਸਮਾਜ ਦੇ ਭਵਿੱਖ ਲਈ ਬੇਹੱਦ ਘਾਤਕ ਹੈ ਕਿਉਂਕਿ ਇੱਕ ਟੁੱਟਿਆ ਹੋਇਆ ਬਚਪਨ ਕਦੇ ਵੀ ਇੱਕ ਸੰਤੁਲਿਤ ਨਾਗਰਿਕ ਨਹੀਂ ਬਣ ਸਕਦਾ।

**ਸੁਪਰੀਮ ਕੋਰਟ ਦਾ ਇਤਿਹਾਸਕ ਆਦੇਸ਼: ਸਮਝੌਤਿਆਂ ਤੋਂ ਮੁਕਰਨ 'ਤੇ ਸਖ਼ਤ ਰੁਖ** : ਭਾਰਤ ਦੀ ਸਰਵਉੱਚ ਅਦਾਲਤ ਨੇ ਇਸ ਵਧ ਰਹੇ ਸਮਾਜਿਕ ਵਿਗਾੜ ਅਤੇ ਕਾਨੂੰਨੀ ਦਾਅ-ਪੇਚਾਂ ਦੀ ਦੁਰਵਰਤੋਂ ਨੂੰ ਦੇਖਦਿਆਂ ਇੱਕ ਅਜਿਹਾ ਇਤਿਹਾਸਕ ਆਦੇਸ਼ ਜਾਰੀ ਕੀਤਾ ਹੈ ਜੋ ਭਵਿੱਖ ਵਿੱਚ ਵਿਆਹੁਤਾ ਝਗੜਿਆਂ ਦੇ ਨਿਪਟਾਰੇ ਲਈ ਇੱਕ ਮੀਲ ਪੱਥਰ ਸਾਬਤ ਹੋਵੇਗਾ। ਜਸਟਿਸ ਰਾਜੇਸ਼ ਬਿੰਦਲ ਅਤੇ ਜਸਟਿਸ ਵਿਜੈ ਬਿਸ਼ਨੋਈ ਦੀ ਬੈਂਚ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਪਤੀ-ਪਤਨੀ ਨੇ ਆਪਸੀ ਸਹਿਮਤੀ ਨਾਲ ਮੈਡੀਏਸ਼ਨ ਰਾਹੀਂ ਇੱਕ ਵਾਰ ਸਮਝੌਤਾ ਕਰ ਲਿਆ ਹੈ ਤਾਂ ਉਸ ਤੋਂ ਬਾਅਦ ਕੋਈ ਵੀ ਧਿਰ ਆਪਣੀ ਸਹੂਲਤ ਅਨੁਸਾਰ ਮੁਕਰ ਨਹੀਂ ਸਕਦੀ। ਅਦਾਲਤ ਨੇ ਨੋਟ ਕੀਤਾ ਕਿ ਅਕਸਰ ਦੇਖਿਆ ਜਾਂਦਾ ਹੈ ਕਿ ਇੱਕ ਧਿਰ ਸਮਝੌਤੇ ਦੇ ਤਹਿਤ ਲਾਭ ਪ੍ਰਾਪਤ ਕਰ ਲੈਂਦੀ ਹੈ ਜਿਵੇਂ ਕਿ ਇਸ ਕੇਸ ਵਿੱਚ ਪਤਨੀ ਨੇ ਪਹਿਲੀ ਕਿਸ਼ਤ ਵਜੋਂ 75 ਲੱਖ ਰੁਪਏ ਪ੍ਰਾਪਤ ਕੀਤੇ ਪਰ ਬਾਅਦ ਵਿੱਚ ਉਹ ਵਾਧੂ ਦਬਾਅ ਬਣਾਉਣ ਲਈ ਸਮਝੌਤੇ ਤੋਂ ਪਿੱਛੇ ਹਟ ਜਾਂਦੀ ਹੈ। ਸੁਪਰੀਮ ਕੋਰਟ ਨੇ ਇਸ ਪ੍ਰਵਿਰਤੀ ਨੂੰ ਨਿਆਂ ਦੀ ਦੁਰਵਰਤੋਂ ਕਰਾਰ ਦਿੱਤਾ ਹੈ। ਅਦਾਲਤ ਦਾ ਮੰਨਣਾ ਹੈ ਕਿ ਜੇਕਰ ਲੋਕ ਸਮਝੌਤੇ ਕਰਨ ਤੋਂ ਬਾਅਦ ਇੰਨੀ ਆਸਾਨੀ ਨਾਲ ਮੁਕਰਨ ਲੱਗੇ ਤਾਂ ਮੈਡੀਏਸ਼ਨ ਅਤੇ ਵਿਚੋਲਗੀ ਵਰਗੀਆਂ ਸੰਸਥਾਵਾਂ 'ਤੇ ਲੋਕਾਂ ਦਾ ਵਿਸ਼ਵਾਸ ਖਤਮ ਹੋ ਜਾਵੇਗਾ।

**ਕਾਨੂੰਨੀ ਪਹਿਲੂ: ਧਾਰਾ 142 ਅਤੇ ਨਾ-ਮੁੜਨਯੋਗ ਟੁੱਟ (Irretrievable Breakdown)**: ਇਸ ਇਤਿਹਾਸਕ ਆਦੇਸ਼ ਦਾ ਸਭ ਤੋਂ ਅਹਿਮ ਪਹਿਲੂ ਸੰਵਿਧਾਨ ਦੀ ਧਾਰਾ 142 (Article ADB) ਦੀ ਵਰਤੋਂ ਹੈ। ਸੁਪਰੀਮ ਕੋਰਟ ਕੋਲ ਇਹ ਵਿਸ਼ੇਸ਼ ਅਧਿਕਾਰ ਹੈ ਕਿ ਉਹ ਪੂਰਨ ਨਿਆਂ ਪ੍ਰਦਾਨ ਕਰਨ ਲਈ ਕਿਸੇ ਵੀ ਅਜਿਹੇ ਮਾਮਲੇ ਵਿੱਚ ਦਖ਼ਲ ਦੇ ਸਕਦੀ ਹੈ ਜਿੱਥੇ ਆਮ ਕਾਨੂੰਨ ਦੀਆਂ ਸੀਮਾਵਾਂ ਰੁਕਾਵਟ ਬਣ ਰਹੀਆਂ ਹੋਣ। ਅਦਾਲਤ ਨੇ ਦੇਖਿਆ ਕਿ ਰਿਸ਼ਤਾ ਇਸ ਕਦਰ ਟੁੱਟ ਚੁੱਕਾ ਸੀ ਕਿ ਹੁਣ ਉਨ੍ਹਾਂ ਦਾ ਇਕੱਠੇ ਰਹਿਣਾ ਕਿਸੇ ਵੀ ਤਰ੍ਹਾਂ ਸੰਭਵ ਨਹੀਂ ਸੀ। ਜਦੋਂ 10 ਵਿੱਚੋਂ 6 ਸ਼ਰਤਾਂ ਪਹਿਲਾਂ ਹੀ ਪੂਰੀਆਂ ਹੋ ਚੁੱਕੀਆਂ ਸਨ ਅਤੇ ਵੱਡੀ ਰਕਮ ਦੀ ਅਦਾਇਗੀ ਹੋ ਗਈ ਸੀ ਤਾਂ ਅਦਾਲਤ ਨੇ ਰਿਸ਼ਤੇ ਨੂੰ ਹੋਰ ਖਿੱਚਣ ਦੀ ਬਜਾਏ ਉਸ ਨੂੰ ਤੁਰੰਤ ਭੰਗ ਕਰਨਾ ਹੀ ਉਚਿਤ ਸਮਝਿਆ। ਅਦਾਲਤ ਨੇ ਸਪੱਸ਼ਟ ਕੀਤਾ ਕਿ ਭਾਵੇਂ ਹਿੰਦੂ ਮੈਰਿਜ ਐਕਟ ਵਿੱਚ 'Irretrievable Breakdown of Marriage' ਨੂੰ ਸਿੱਧਾ ਅਧਾਰ ਨਹੀਂ ਮੰਨਿਆ ਗਿਆ ਪਰ ਜਦੋਂ ਕੋਈ ਰਿਸ਼ਤਾ ਮਹਿਜ਼ ਇੱਕ ਮਰੇ ਹੋਏ ਬੋਝ ਵਾਂਗ ਬਣ ਜਾਵੇ ਤਾਂ ਉਸ ਨੂੰ ਖਤਮ ਕਰਨਾ ਹੀ ਦੋਵਾਂ ਧਿਰਾਂ ਲਈ ਬਿਹਤਰ ਹੁੰਦਾ ਹੈ।

**ਝੂਠੀ ਮੁਕੱਦਮੇਬਾਜ਼ੀ ਅਤੇ 'Legal Terrorism' ਦੀ ਰੋਕਥਾਮ** : ਅੱਜ ਦੇ ਸਮੇਂ ਵਿੱਚ ਕਾਨੂੰਨ ਦੀਆਂ ਕੁਝ ਧਾਰਾਵਾਂ ਦੀ ਦੁਰਵਰਤੋਂ ਪੁਰਸ਼ਾਂ ਵਿਰੁੱਧ ਹਥਿਆਰ ਵਜੋਂ ਕੀਤੀ ਜਾਂਦੀ ਹੈ। ਅਦਾਲਤ ਨੇ ਇਸ ਕੇਸ ਵਿੱਚ ਨੋਟ ਕੀਤਾ ਕਿ ਪਤਨੀ ਵੱਲੋਂ ਸਮਝੌਤੇ ਤੋਂ ਬਾਅਦ ਦਰਜ ਕਰਵਾਇਆ ਗਿਆ ਘਰੇਲੂ ਹਿੰਸਾ (DV Act) ਦਾ ਕੇਸ ਸਿਰਫ਼ ਇੱਕ "Afterthought" (ਬਾਅਦ ਵਿੱਚ ਸੋਚੀ ਗਈ ਚਾਲ) ਸੀ। ਇਹ ਕੇਸ ਸਿਰਫ਼ ਪਤੀ ਵੱਲੋਂ ਦਾਇਰ ਕੀਤੀ ਕੰਟੈਂਪਟ ਪਟੀਸ਼ਨ ਤੋਂ ਬਚਣ ਲਈ ਕੀਤਾ ਗਿਆ ਸੀ। ਸੁਪਰੀਮ ਕੋਰਟ ਨੇ ਪਹਿਲਾਂ ਵੀ ਕਈ ਫੈਸਲਿਆਂ ਵਿੱਚ ਅਜਿਹੀ ਪ੍ਰਵਿਰਤੀ ਨੂੰ ਕਾਨੂੰਨੀ ਅੱਤਵਾਦ ਕਿਹਾ ਹੈ। ਇਹ ਫੈਸਲਾ ਸਮਾਜ ਨੂੰ ਇਹ ਸੰਦੇਸ਼ ਦਿੰਦਾ ਹੈ ਕਿ ਰਿਸ਼ਤੇ ਤੋੜਨਾ ਭਾਵੇਂ ਦੁਖਦਾਈ ਹੈ ਪਰ ਜੇਕਰ ਵੱਖ ਹੋਣ ਦਾ ਫੈਸਲਾ ਹੋ ਹੀ ਗਿਆ ਹੈ ਤਾਂ ਉਸ ਵਿੱਚ ਇਮਾਨਦਾਰੀ ਅਤੇ ਸੱਚਾਈ ਦਾ ਹੋਣਾ ਲਾਜ਼ਮੀ ਹੈ। ਕਾਨੂੰਨ ਕਿਸੇ ਨੂੰ ਵੀ ਇਹ ਇਜਾਜ਼ਤ ਨਹੀਂ ਦਿੰਦਾ ਕਿ ਉਹ ਪਹਿਲਾਂ ਸਮਝੌਤਾ ਕਰੇ ਲਾਭ ਪ੍ਰਾਪਤ ਕਰੇ ਅਤੇ ਫਿਰ ਆਪਣੀ ਜ਼ਬਾਨ ਤੋਂ ਫਿਰ ਜਾਵੇ। ਸਮਾਜਿਕ ਸੁਧਾਰ ਦੀ ਲੋੜ ਅਤੇ ਨੈਤਿਕਤਾ ਦਾ ਸਵਾਲ : ਕੀ ਸਿਰਫ਼ ਕਾਨੂੰਨ ਨਾਲ ਹੀ ਸਮਾਜ ਸੁਧਰ ਜਾਵੇਗਾ ? ਬਿਲਕੁਲ ਨਹੀਂ। ਸਾਨੂੰ ਆਪਣੇ ਸਮਾਜਿਕ ਮੁੱਲਾਂ ਨੂੰ ਮੁੜ-ਸੁਰਜੀਤ ਕਰਨ ਦੀ ਲੋੜ ਹੈ। ਸਾਨੂੰ ਆਪਣੇ ਬੱਚਿਆਂ ਨੂੰ ਸਹਿਣਸ਼ੀਲਤਾ, ਤਿਆਗ ਅਤੇ ਰਿਸ਼ਤਿਆਂ ਦੀ ਕਦਰ ਕਰਨੀ ਸਿਖਾਉਣੀ ਹੋਵੇਗੀ। ਵਿਆਹ ਸਿਰਫ਼ ਇੱਕ ਲਿਖਤੀ ਕਰਾਰ ਨਹੀਂ ਸਗੋਂ ਦੋ ਰੂਹਾਂ ਦਾ ਮੇਲ ਹੋਣਾ ਚਾਹੀਦਾ ਹੈ। ਜੇਕਰ ਅਸੀਂ ਸਿਰਫ਼ ਕਾਨੂੰਨ 'ਤੇ ਨਿਰਭਰ ਰਹਾਂਗੇ ਤਾਂ ਅਦਾਲਤਾਂ ਤਾਂ ਫੈਸਲੇ ਸੁਣਾ ਦੇਣਗੀਆਂ ਪਰ ਘਰਾਂ ਵਿੱਚ ਸ਼ਾਂਤੀ ਕਦੇ ਨਹੀਂ ਆਵੇਗੀ। ਰਿਸ਼ਤਿਆਂ ਦੀ ਕੀਮਤ ਨੂੰ ਸਮਝਣਾ ਹੀ ਅਸਲ ਤਰੱਕੀ ਹੈ। ਕਾਨੂੰਨ ਸਾਨੂੰ ਸਹੀ ਰਸਤਾ ਦਿਖਾ ਸਕਦਾ ਹੈ ਪਰ ਚੱਲਣਾ ਸਾਨੂੰ ਖੁਦ ਨੂੰ ਪਵੇਗਾ। ਸਾਨੂੰ ਇੱਕ ਅਜਿਹੇ ਸਮਾਜ ਦੀ ਸਿਰਜਣਾ ਕਰਨੀ ਚਾਹੀਦੀ ਹੈ ਜਿੱਥੇ ਅਦਾਲਤਾਂ ਤੱਕ ਜਾਣ ਦੀ ਨੌਬਤ ਹੀ ਨਾ ਆਵੇ, ਅਤੇ ਜੇਕਰ ਜਾਣਾ ਵੀ ਪਵੇ, ਤਾਂ ਸਮਝੌਤੇ ਦੀ ਪਵਿੱਤਰਤਾ ਹਮੇਸ਼ਾ ਬਣੀ ਰਹੇ।

**ਇੱਕ ਨਵੀਂ ਸ਼ੁਰੂਆਤ ਵੱਲ** : ਸੁਪਰੀਮ ਕੋਰਟ ਦਾ ਇਹ ਫੈਸਲਾ ਸਾਡੀ ਨਿਆਂ ਪ੍ਰਣਾਲੀ ਦੀ ਪਰਿਪੱਕਤਾ ਦਾ ਸਬੂਤ ਹੈ। ਇਹ ਫੈਸਲਾ ਦੱਸਦਾ ਹੈ ਕਿ ਨਿਆਂ ਸਿਰਫ਼ ਤਕਨੀਕੀ ਗੱਲਾਂ 'ਤੇ ਨਹੀਂ ਸਗੋਂ ਸੱਚਾਈ ਅਤੇ ਇਮਾਨਦਾਰੀ 'ਤੇ ਅਧਾਰਤ ਹੋਣਾ ਚਾਹੀਦਾ ਹੈ। ਯਤੀਮ ਹੁੰਦੇ ਬਚਪਨ ਅਤੇ ਉੱਜੜਦੇ ਪਰਿਵਾਰਾਂ ਦੇ ਇਸ ਦੌਰ ਵਿੱਚ ਇਹ ਫੈਸਲਾ ਇੱਕ ਉਮੀਦ ਦੀ ਕਿਰਨ ਹੈ ਕਿ ਹੁਣ ਕੋਈ ਵੀ ਕਾਨੂੰਨ ਦਾ ਸਹਾਰਾ ਲੈ ਕੇ ਕਿਸੇ ਦੂਜੇ ਦੀ ਜ਼ਿੰਦਗੀ ਨੂੰ ਬਰਬਾਦ ਨਹੀਂ ਕਰ ਸਕੇਗਾ। ਰਿਸ਼ਤਿਆਂ ਨੂੰ ਬਚਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ ਪਰ ਜੇਕਰ ਰਿਸ਼ਤਾ ਨਾ ਬਚ ਸਕੇ ਤਾਂ ਵੱਖ ਹੋਣ ਦੇ ਸਮੇਂ ਵੀ ਇਨਸਾਨੀਅਤ ਅਤੇ ਕਾਨੂੰਨੀ ਇਮਾਨਦਾਰੀ ਦਾ ਪੱਲਾ ਨਹੀਂ ਛੱਡਣਾ ਚਾਹੀਦਾ। ਸੁਪਰੀਮ ਕੋਰਟ ਨੇ ਸਿੱਧ ਕਰ ਦਿੱਤਾ ਹੈ ਕਿ ਜੇਕਰ ਤੁਸੀਂ ਅਦਾਲਤ ਦੀ ਮੌਜੂਦਗੀ ਵਿੱਚ ਕੋਈ ਜ਼ਬਾਨ ਦਿੱਤੀ ਹੈ ਤਾਂ ਉਸ ਤੋਂ ਮੁਕਰਨਾ ਨਾ ਸਿਰਫ਼ ਅਸੰਭਵ ਹੈ ਸਗੋਂ ਕਾਨੂੰਨੀ ਸਜ਼ਾ ਦਾ ਸੱਦਾ ਵੀ ਹੈ।

# ਘਰ ਨੂੰ ਅੱਗ ਲੱਗਣ ਨਾਲ 2 ਕਾਰਾਂ ਤੇ ਘਰ ਸੜ ਕੇ ਸੁਆਹ

ਅਜਨਾਲਾ, 17 ਅਪ੍ਰੈਲ (ਸੁਖਦੇਵ ਸਿੰਘ ਖਾਲਸਾ): ਹਲਕਾ ਅਜਨਾਲਾ ਸ਼ਹਿਰ ਅੰਦਰ ਇੱਕ ਪੀਰਾਂ ਦੀ ਜਗ੍ਹਾ 'ਤੇ ਚਿਰਾਗ ਨਾਲ ਅੱਗ ਲੱਗਣ ਕਰਕੇ ਸਾਰੀ ਜਗ੍ਹਾ ਤੇ ਘਰ ਸੜ ਕੇ ਸੁਆਹ ਹੋ ਗਿਆ, ਜਿਸ ਦੌਰਾਨ ਦੋ ਗੱਡੀਆਂ ਸਮੇਤ ਹੋਰ ਪਿਆ ਕੀਮਤੀ ਸਮਾਨ ਵੀ ਸੜ ਕੇ ਸੁਆਹ ਹੋ ਗਿਆ। ਇਸ ਦੌਰਾਨ ਪਰਿਵਾਰ ਨੇ ਕਿਹਾ ਕਿ ਘਰ ਦੀ ਬਿਲਡਿੰਗ ਸਾਰੀ ਸੜ ਕੇ ਸੁਆਹ ਹੋ ਗਈ ਹੈ। ਉਥੇ ਹੀ ਦੋ ਗੱਡੀਆਂ ਸਮੇਤ ਹੋਰ ਕੀਮਤੀ ਸਮਾਨ ਦੇ ਸੜਨ ਨਾਲ ਲਗਭਗ 50 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ। ਇਸ ਮੌਕੇ ਪੀੜਤ ਪਰਿਵਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਨ੍ਹਾਂ ਦੇ ਘਰ ਅੰਦਰ ਪੀਰਾਂ ਦੀ ਜਗ੍ਹਾ ਹੈ, ਜਿੱਥੇ ਚਿਰਾਗ ਕੀਤਾ ਗਿਆ ਸੀ ਤੇ ਚਿਰਾਗ ਨਾਲ ਹੀ ਅੱਗ ਲੱਗਣ ਕਰਕੇ ਕਾਫੀ ਜ਼ਿਆਦਾ ਨੁਕਸਾਨ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਘਰ ਦੀ ਪੂਰੀ ਬਿਲਡਿੰਗ ਖਤਮ ਹੋ ਚੁੱਕੀ ਹੈ। ਘਰ ਵਿੱਚ ਖੜ੍ਹੀਆਂ ਦੋ ਗੱਡੀਆਂ ਵੀ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਈਆਂ ਹਨ। **ਕੀ ਕਹਿਣਾ ਹੈ ਪੁਲਿਸ ਦਾ:** ਪੁਲਿਸ ਅਧਿਕਾਰੀ ਬਲਦੇਵ ਰਾਜ ਨੇ ਦੱਸਿਆ ਕਿ ਕ੍ਰਿਸ਼ਨ ਲਾਲ ਨਾਮ ਦੇ ਵਿਅਕਤੀ ਦੀ ਅਜਨਾਲਾ ਵਿੱਚ ਦੁਕਾਨ ਹੈ ਤੇ ਉਨ੍ਹਾਂ ਦੇ ਘਰ ਵਿੱਚ ਇਹ ਪੀਰਾਂ ਦੀ ਜਗ੍ਹਾ ਹੈ, ਜਿੱਥੇ ਅੱਗ ਲੱਗਣ ਕਰਕੇ ਕਾਫੀ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ। ਫਿਲਹਾਲ ਪੁਲਿਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ।



# ਨੌਜਵਾਨ ਨੇ ਸਕੂਲ 'ਚ ਪੜ੍ਹਾ ਰਹੀ ਅਧਿਆਪਕਾ ਤੇ ਬੱਚਿਆਂ 'ਤੇ ਸੁੱਟਿਆ ਤੇਜ਼ਾਬ

## ☛ਤੇਜ਼ਾਬ ਸੁੱਟਣ ਵਾਲਾ ਨੌਜਵਾਨ ਕਾਬੂ



ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 17 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਕਸਬਾ ਘੁਮਾਣ ਦੇ ਨਜ਼ਦੀਕ ਪੈਂਦੇ ਪਿੰਡ ਮਹਿਮੂਦਪੁਰ ਵਿਖੇ ਮੰਦਭਾਗੀ ਘਟਨਾ ਵਾਪਰੀ, ਜਿੱਥੇ ਇੱਕ ਵਿਅਕਤੀ ਵੱਲੋਂ ਪ੍ਰਾਇਮਰੀ ਸਕੂਲ ਮਹਿਮਦਪੁਰ ਵਿੱਚ ਵਿਦਿਆਰਥੀਆਂ ਨੂੰ ਪੜ੍ਹਾ ਰਹੀ ਅਧਿਆਪਕਾ ਲਖਵਿੰਦਰ ਕੌਰ ਉਪਰ ਉਸ ਦੇ ਰਿਸ਼ਤੇਦਾਰ ਨੇ ਤੇਜ਼ਾਬ ਸੁੱਟ ਕੇ ਹਮਲਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਦੇ ਸਰਪੰਚ ਮਨਦੀਪ ਸਿੰਘ ਤੇ ਸਕੂਲ ਦੀ ਅਧਿਆਪਕਾ ਸੁਰਜੀਤ ਕੌਰ ਨੇ ਦੱਸਿਆ ਕਿ ਅੱਜ ਸਵੇਰੇ 10 ਵਜ ਕੇ 30 ਮਿੰਟ ਦੇ ਕਰੀਬ ਇੱਕ ਨੌਜਵਾਨ ਤੇਜਬੀਰ ਸਿੰਘ ਪਿੰਡ ਵਡਾਲਾ ਬਾਂਗਰ ਵੱਲੋਂ ਸਾਡੇ ਸਕੂਲ ਵਿੱਚ ਪਹੁੰਚ ਕੇ ਛੋਟੇ ਬੱਚਿਆਂ ਨੂੰ ਪੜ੍ਹਾ ਰਹੀ ਅਧਿਆਪਕਾ ਲਖਵਿੰਦਰ ਕੌਰ ਪਤਨੀ ਜਰਨੈਲ ਸਿੰਘ ਪਿੰਡ ਮਹਿਮਦਪੁਰ 'ਤੇ ਤੇਜ਼ਾਬ ਨਾਲ ਹਮਲਾ ਕਰ ਦਿੱਤਾ ਗਿਆ, ਜਿਸ ਨਾਲ ਅਧਿਆਪਕਾ ਲਖਵਿੰਦਰ ਕੌਰ ਤੇ ਦੋ ਛੋਟੇ ਬੱਚੇ ਪ੍ਰਭਜੋਤ ਕੌਰ ਉਮਰ 4 ਸਾਲ ਤੇ ਅਜੀਤ ਸਿੰਘ ਉਮਰ 6 ਸਾਲ ਗੰਭੀਰ ਰੂਪ ਜ਼ਖਮੀ ਹੋ ਗਏ। ਜਿਸ ਵਿੱਚ ਬੱਚੀ ਪ੍ਰਭਜੋਤ ਕੌਰ ਤੇ ਅਧਿਆਪਕ ਲਖਵਿੰਦਰ ਕੌਰ ਨੂੰ ਬਟਾਲਾ ਦੇ ਸਿਵਲ ਹਸਪਤਾਲ ਵਿਖੇ ਇਲਾਜ ਲਈ ਦਾਖਲ ਕਰਵਾ ਦਿੱਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਐਸਪੀ ਸ੍ਰੀ ਹਰਿਗੋਬਿੰਦਪੁਰ ਸਾਹਿਬ ਹਰੀਸ਼ ਬਹਿਲ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਿਸ ਥਾਣਾ ਘੁਮਾਣ ਦੇ ਅਧੀਨ ਆਉਂਦੇ ਪਿੰਡ ਮਹਿਮਦਪੁਰ ਵਿਖੇ ਇੱਕ ਵਿਅਕਤੀ ਤੇਜਬੀਰ ਸਿੰਘ ਵੱਲੋਂ ਆਪਣੀ ਮਾਮੀ ਜੋ ਕਿ ਸਰਕਾਰੀ ਪ੍ਰਾਇਮਰੀ ਸਕੂਲ ਮਹਿਮਦਪੁਰ ਵਿਖੇ ਅਧਿਆਪਕ ਹੈ ਤੇ ਜਦੋਂ ਉਹ ਸਕੂਲ ਦੀ ਕਲਾਸ ਵਿੱਚ ਬੱਚਿਆਂ ਨੂੰ ਪੜ੍ਹਾ ਰਹੀ ਸੀ ਤਾਂ ਤੇਜਬੀਰ ਸਿੰਘ ਨੇ ਉਥੇ ਪਹੁੰਚ ਕੇ ਆਪਣੀ ਮਾਮੀ ਅਧਿਆਪਕਾ ਲਖਵਿੰਦਰ ਕੌਰ ਦੇ ਮੂੰਹ 'ਤੇ ਤੇਜ਼ਾਬ ਸੁੱਟ ਦਿੱਤਾ, ਜਿਸ ਨਾਲ ਕਲਾਸ ਵਿੱਚ ਮੌਜੂਦ ਦੋ ਬੱਚੇ ਪ੍ਰਭਜੋਤ ਕੌਰ ਤੇ ਅਜੀਤ ਸਿੰਘ ਤੇ ਅਧਿਆਪਕਾ ਲਖਵਿੰਦਰ ਕੌਰ ਗੰਭੀਰ ਜ਼ਖਮੀ ਹੋ ਗਏ। ਉਨ੍ਹਾਂ ਦੱਸਿਆ ਕਿ ਪੁਲਿਸ ਵੱਲੋਂ ਤੇਜ਼ਾਬ ਸੁੱਟ ਵਾਲੇ ਤੇਜਬੀਰ ਸਿੰਘ ਕਾਬੂ ਕਰ ਲਿਆ ਗਿਆ ਹੈ ਤੇ ਪੁੱਛਗਿੱਛ ਕੀਤੀ ਜਾ ਰਹੀ ਹੈ ਜਾਂਚ ਤੋਂ ਬਾਅਦ ਅਸਲੀਅਤ ਦਾ ਪਤਾ ਲੱਗੇਗਾ। ਇਸ ਮੌਕੇ ਘਟਨਾ ਸਥਾਨ 'ਤੇ ਪਹੁੰਚੇ ਬੀਪੀਈਓ ਪੋਹਲਾ ਸਿੰਘ ਤੇ ਸੀਐਚਟੀ ਹਰਪ੍ਰੀਤ ਸਿੰਘ ਪਰਮਾਰ ਨੇ ਇਸ ਘਟਨਾ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਘਟਨਾ ਹੈ। ਉਨ੍ਹਾਂ ਆਖਿਆ ਕਿ ਉਹ ਜ਼ਖ਼ਮੀ ਅਧਿਆਪਕਾ ਲਖਵਿੰਦਰ ਕੌਰ ਤੇ ਜ਼ਖ਼ਮੀ ਬੱਚੇ ਪ੍ਰਭਜੋਤ ਕੌਰ ਤੇ ਅਜੀਤ ਸਿੰਘ ਦੀ ਹਰ ਤਰ੍ਹਾਂ ਮਦਦ ਕਰਨਗੇ। ਉਨ੍ਹਾਂ ਪੁਲਿਸ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਕਿ ਤੇਜ਼ਾਬ ਨਾਲ ਹਮਲਾ ਕਰਨ ਵਾਲੇ ਦੋਸ਼ੀ ਉਤੇ ਸਖ਼ਤ ਕਾਰਵਾਈ ਕੀਤੀ ਜਾਵੇ।

# ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਮਿੱਟੀ ਪਰਖ ਦੀ ਮਹੱਤਤਾ ਬਾਬਤ ਜਾਗਰੂਕਤਾ ਕੈਂਪ



ਮਾਹਿਲਪੁਰ, 17 ਅਪ੍ਰੈਲ (ਰਵੀ ਬੱਗਾ): ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵੱਲੋਂ ਪਿੰਡ ਸੈਲਾ ਕਲਾਂ ਵਿਖੇ ਨੈਸ਼ਨਲ ਅਕੈਡਮੀ ਆਫ ਐਗਰੀਕਲਚਰਲ ਸਾਇੰਸਿਜ਼, ਲੁਧਿਆਣਾ ਚੈਪਟਰ ਦੇ ਅਧੀਨ ਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਬਲਾਕ ਗੜ੍ਹਸ਼ੰਕਰ ਦੇ ਸਹਿਯੋਗ ਨਾਲ ਮਿੱਟੀ ਪਰਖ ਦੀ ਮਹੱਤਤਾ ਸਬੰਧੀ ਜਾਗਰੂਕਤਾ ਕੈਂਪ ਲਗਾਇਆ।ਕਿਸਾਨਾਂ ਨਾਲ ਰੂਬਰੂ ਹੁੰਦਿਆਂ ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ), ਡਾ. ਮਨਿੰਦਰ ਸਿੰਘ ਬੌਂਸ ਨੇ ਸਾਉਣੀ ਦੀ ਫਸਲਾਂ ਦੀ ਕਾਸ਼ਤ ਦੀਆਂ ਉਨਤ ਤਕਨੀਕਾਂ, ਸੁਧਰੀਆਂ ਕਿਸਮਾਂ, ਖਾਦਾਂ ਦੀ ਸੰਤੁਲਿਤ ਵਰਤੋਂ, ਸਰਵਪੱਖੀ ਕੀਟ ਪ੍ਰਬੰਧਨ ਤੇ ਮਿੱਟੀ ਪਰਖ ਦੀ ਮਹੱਤਤਾ ਬਾਬਤ ਅਹਿਮ ਨੁਕਤੇ ਸਾਂਝੇ ਕੀਤੇ।ਡਾ. ਬੌਂਸ ਨੇ ਕਿਸਾਨਾਂ ਨੂੰ ਨਵੀਨਤਮ ਖੇਤੀ ਤਕਨੀਕਾਂ ਦੀ ਜਾਣਕਾਰੀ ਲਈ ਯੂਨੀਵਰਸਿਟੀ ਦੇ ਖੇਤੀ ਸਾਹਿਤ ਤੇ ਡਿਜੀਟਲ ਅਖਬਾਰ, ਖੇਤੀ ਸੰਦੇਸ਼ ਅਪਨਾਉਣ ਲਈ ਵੀ ਪ੍ਰੇਰਿਤ ਕੀਤਾ।ਇਸ ਕੈਂਪ ਵਿੱਚ ਪਿੰਡ ਸੈਲਾ ਕਲਾਂ ਦੇ ਸਾਬਕਾ ਸਰਪੰਚ ਜਸਪਾਲ ਸਿੰਘ, ਨੰਬਰਦਾਰ ਕੁਲਵਿੰਦਰ ਸਿੰਘ, ਲਛਮਣ ਸਿੰਘ, ਦਲਜੀਤ ਸਿੰਘ, ਗੁਰਮੁੱਖ ਸਿੰਘ ਸਮੇਤ ਹੋਰ ਕਿਸਾਨਾਂ ਨੇ ਸ਼ਮੂਲੀਅਤ ਕੀਤੀ।

# ਹੈਰੋਇਨ ਸਣੇ ਵਿਅਕਤੀ ਗ੍ਰਿਫ਼ਤਾਰ



ਟਾਂਡਾ ਉੜਮੁੜ, 17 ਅਪ੍ਰੈਲ (ਅਰਜੁਨ ਜੈਨ): ਜ਼ਿਲ੍ਹਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਤੇ ਡੀ.ਐਸ.ਪੀ. ਟਾਂਡਾ ਦਵਿੰਦਰ ਸਿੰਘ ਬਾਜਵਾ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਨਸ਼ਿਆਂ ਖ਼ਿਲਾਫ ਵਿੱਢੀ ਮੁਹਿੰਮ ਤਹਿਤ ਟਾਂਡਾ ਪੁਲਿਸ ਦੀ ਟੀਮ ਨੇ ਇੱਕ ਵਿਅਕਤੀ ਨੂੰ 10 ਗ੍ਰਾਮ ਹੈਰੋਇਨ ਸਣੇ ਗ੍ਰਿਫਤਾਰ ਕੀਤਾ ਹੈ। ਥਾਣਾ ਮੁਖੀ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਥਾਣੇਦਾਰ ਲੋਕ ਰਾਮ ਦੀ ਟੀਮ ਵੱਲੋਂ ਰੜਾ-ਟਾਹਲੀ ਧੁੱਸੀ ਬੰਨ੍ਹ ਰੋਡ 'ਤੇ ਗਸ਼ਤ ਦੌਰਾਨ ਪਿੰਡ ਸਲੇਮਪੁਰ ਮੋੜ ਨੇੜੇ ਕਾਬੂ ਕੀਤੇ ਗਏ। ਮੁਲਜ਼ਮ ਪਛਾਣ ਤਰਨਜੀਤ ਸਿੰਘ ਪੁੱਤਰ ਸਤਵਿੰਦਰ ਸਿੰਘ ਵਾਸੀ ਜਲਾਲਪੁਰ ਦੇ ਰੂਪ ਵਿੱਚ ਹੋਈ ਹੈ। ਜਿਸ ਦੇ ਕਬਜ਼ੇ ਵਿੱਚੋਂ ਹੈਰੋਇਨ ਬ੍ਰਾਮਦ ਕਰਕੇ ਇਸਦੇ ਖ਼ਿਲਾਫ ਐਨ.ਡੀ.ਪੀ.ਐਸ. ਐਕਟ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮੁਲਜ਼ਮ ਕੋਲੋਂ ਨਸ਼ੇ ਦੀ ਸਪਲਾਈ ਲਾਈਨ ਦਾ ਪਤਾ ਲਗਾਉਣ ਲਈ ਪੁੱਛਗਿੱਛ ਕੀਤੀ ਜਾ ਰਹੀ ਹੈ।

# ਚੇਅਰਮੈਨ ਰਾਜੀਵ ਸ਼ਰਮਾ ਵੱਲੋਂ ਆੜ੍ਹਤੀਆਂ ਨਾਲ ਮੀਟਿੰਗ



ਫਤਹਿਗੜ੍ਹ ਚੂੜੀਆਂ, 17 ਅਪ੍ਰੈਲ (ਰਾਜਨ ਸ਼ਰਮਾ): ਮਾਰਕੀਟ ਕਮੇਟੀ ਫਤਹਿਗੜ੍ਹ ਚੂੜੀਆਂ ਵਿੱਚ ਅੱਜ ਕਣਕ ਦੀ ਫ਼ਸਲ ਦੀ ਖਰੀਦ ਨੂੰ ਸੁਚਾਰੂ ਢੰਗ ਨਾਲ ਸ਼ੁਰੂ ਕਰਨ ਲਈ ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜੀਵ ਸ਼ਰਮਾ ਵੱਲੋਂ ਆੜ੍ਹਤੀਆਂ ਨਾਲ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਤੋਂ ਬਾਅਦ ਮੰਡੀ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਦੀ ਅਧਿਕਾਰਕ ਤੌਰ 'ਤੇ ਸ਼ੁਰੂਆਤ ਕਰ ਦਿੱਤੀ ਗਈ। ਇਸ ਮੌਕੇ ਚੇਅਰਮੈਨ ਰਾਜੀਵ ਸ਼ਰਮਾ ਨੇ ਕਿਹਾ ਕਿ ਮੰਡੀ ਵਿੱਚ ਆਉਣ ਵਾਲੇ ਕਿਸਾਨਾਂ ਤੇ ਆੜ੍ਹਤੀਆਂ ਨੂੰ ਕਿਸੇ ਵੀ ਕਿਸਮ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮਾਰਕੀਟ ਕਮੇਟੀ ਵੱਲੋਂ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਤਾਂ ਜੋ ਕਿਸਾਨ ਆਪਣੀ ਫ਼ਸਲ ਬਿਨਾਂ ਕਿਸੇ ਦਿੱਕਤ ਦੇ ਵੇਚ ਸਕਣ।ਉਨ੍ਹਾਂ ਅਧਿਕਾਰੀਆਂ ਤੇ ਮੰਡੀ ਨਾਲ ਜੁੜੇ ਨੁਮਾਇੰਦਿਆਂ ਨੂੰ ਵੀ ਕਿਹਾ ਕਿ ਕਿਸਾਨਾਂ ਦੀ ਸਹੂਲਤ ਨੂੰ ਪਹਿਲ ਦਿੱਤੀ ਜਾਵੇ ਤੇ ਖਰੀਦ ਦੌਰਾਨ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨਾ ਹੋਵੇ।ਇਸ ਮੌਕੇ ਚੇਅਰਮੈਨ ਰਾਜੀਵ ਸ਼ਰਮਾ, ਸਕੱਤਰ ਦਿਲਪ੍ਰੀਤ ਸਿੰਘ, ਮੰਡੀ ਸੁਪਰਵਾਈਜ਼ਰ ਵਿਕਰਮਜੀਤ ਸਿੰਘ, ਆੜ੍ਹਤੀਆ ਯੂਨੀਅਨ ਦੇ ਪ੍ਰਧਾਨ ਨਿਰਮਲ ਸਿੰਘ ਨਿੰਮਾ, ਸ਼ਿੰਦੀ ਪ੍ਰਧਾਨ, ਹਰਜੀਤ ਸਿੰਘ ਲਾਲਾ ਨੰਗਲ, ਜਗਤਾਰ ਸਿੰਘ (ਮਾਰਕਫੈਡ), ਪਵਨ ਕੁਮਾਰ (ਵੇਅਰ ਹਾਊਸ), ਵਿਕਰਮ ਅੱਤਰੀ (ਪਨਸਪ) ਤੇ ਰਾਜਿੰਦਰ ਪੰਗ੍ਰੇਨ ਸਮੇਤ ਹੋਰ ਹਾਜ਼ਰ ਸਨ।

# ਤੂੜੀ ਬਣਾਉਂਦੇ ਸਮੇਂ ਰੀਪਰ 'ਚੋਂ ਨਿਕਲੀ ਅੱਗ ਦੀ ਚੰਗਿਆੜੀ ਨਾਲ ਕਣਕ ਨੂੰ ਅੱਗ ਲੱਗੀ

## ☛ਇਲਾਕੇ ਦੇ ਕਿਸਾਨਾਂ ਨੇ ਭਾਰੀ ਜੱਦੋ-ਜਹਿਦ ਕਰਕੇ ਅੱਗ 'ਤੇ ਕਾਬੂ ਪਾਇਆ

ਡੇਰਾ ਬਾਬਾ ਨਾਨਕ, 17 ਅਪ੍ਰੈਲ (ਹੈਪੀ ਕੌਟਲੀ): ਡੇਰਾ ਬਾਬਾ ਨਾਨਕ ਦੇ ਪਿੰਡ ਮੂਲੋਵਾਲੀ ਦੇ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਕਣਕ ਫਸਲ ਨੂੰ ਅੱਗ ਲੱਗਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਤੇ ਉਧਰ ਮੌਕੇ 'ਤੇ ਵੱਡੀ ਗਿਣਤੀ 'ਚ ਟਰੈਕਟਰਾਂ ਸਮੇਤ ਪਹੁੰਚੇ ਕਿਸਾਨਾਂ ਤੇ ਆਸਪਾਸ ਦੇ ਲੋਕਾਂ ਨੇ ਮਿਲ ਕੇ ਅੱਗ 'ਤੇ ਕਾਬੂ ਪਾਇਆ ਉਧਰ ਪਹੁੰਚੇ ਫਾਇਰ ਬ੍ਰਿਗੇਡ ਦੇ ਅਧਿਕਾਰੀਆਂ ਵੱਲੋਂ ਅੱਗ ਬੁਝਾਉਣ ਲਈ ਜੱਦੋ-ਜਹਿਦ ਕੀਤੀ ਗਈ। ਮੌਕੇ 'ਤੇ ਪਹੁੰਚੇ ਪੁਲਿਸ ਥਾਣਾ ਡੇਰਾ ਬਾਬਾ ਨਾਨਕ ਦੇ ਐਸਐਚਓ ਅਸ਼ੋਕ ਕੁਮਾਰ ਵੱਲੋਂ ਘਟਨਾ ਦੀ ਜਾਂਚ ਆਰੰਭੀ ਗਈ। ਇਸ ਮੌਕੇ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਪੀੜਤ ਕਿਸਾਨਾਂ ਨੇ ਦੱਸਿਆ ਕਿ ਪਿੰਡ ਦੇ ਇੱਕ ਕਿਸਾਨ ਵੱਲੋਂ ਰੀਪਰ ਨਾਲ ਤੂੜੀ ਬਣਾਉਂਦੇ ਸਮੇਂ ਰੀਪਰ 'ਚੋਂ ਅੱਗ ਦੀ ਚੰਗਿਆੜੀ ਨਾਲ ਕਣਕ ਨੂੰ ਅੱਗ ਲੱਗ ਗਈ ਤੇ ਹਵਾ ਤੇਜ਼ ਹੋਣ ਕਾਰਨ ਸਾਡੀ ਕਰੀਬ ਚਾਰ ਏਕੜ ਕਣਕ ਸੜ ਕੇ ਸੁਆਹ ਹੋਈ ਹੈ। ਉਨ੍ਹਾਂ ਦੱਸਿਆ ਕਿ ਪਿੰਡ ਦੇ ਕਿਸਾਨਾਂ ਵੱਲੋਂ ਟਰੈਕਟਰਾਂ ਦੀ ਮਦਦ ਨਾਲ ਅੱਗ ਬੁਝਾਉਣ ਲਈ ਕਾਫੀ ਜਦੋ-ਜਹਿਦ ਕੀਤੀ ਗਈ ਤੇ ਮੌਕੇ 'ਤੇ ਹੀ ਫਾਇਰ ਬ੍ਰਗੇਡ ਦੇ ਅਧਿਕਾਰੀਆਂ ਨੂੰ ਸੂਚਨਾ ਦਿੱਤੀ ਗਈ ਜਿਨ੍ਹਾਂ ਵੱਲੋਂ ਤੁਰੰਤ ਪਹੁੰਚ ਕੇ ਭਾਰੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ ਹੈ।ਇਸ ਮੌਕੇ ਕਿਸਾਨਾਂ ਨੇ ਮੰਗ ਕੀਤੀ ਹੈ ਕਿ ਸਾਨੂੰ ਸੜੀ ਹੋਈ ਫਸਲ ਦਾ ਤੁਰੰਤ ਮੁਆਵਜ਼ਾ ਦਿਵਾਇਆ ਜਾਵੇ ਨਹੀਂ ਤਾਂ ਰੀਪਰ ਮਾਲਕ ਉਪਰ ਸਭ ਤੋਂ ਸਖਤ ਕਾਰਵਾਈ ਕੀਤੀ ਜਾਵੇ। ਇਸ ਸਬੰਧੀ ਜਦੋਂ ਪੱਤਰਕਾਰਾਂ ਵੱਲੋਂ ਥਾਣਾ ਡੇਰਾ ਬਾਬਾ ਨਾਨਕ ਦੇ ਐਸਐਚਓ ਅਸ਼ੋਕ ਕੁਮਾਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਮੌਕਾ ਦੇਖਿਆ ਗਿਆ ਹੈ ਤੇ ਜੋ ਵੀ ਕਿਸਾਨ ਸਾਨੂੰ ਬਿਆਨ ਦਰਜ ਕਰਵਾਉਣਗੇ ਉਸ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।



# ਲਾਲਾ ਜਗਤ ਨਾਰਾਇਣ ਡੀਏਵੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਵੱਲੋਂ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ ਲਈ ਪ੍ਰਿੰਸੀਪਲ ਵੱਲੋਂ ਸਨਮਾਨ

ਗੜ੍ਹਦੀਵਾਲਾ, 17 ਅਪ੍ਰੈਲ (ਗੌਰਵ): ਲਾਲਾ ਜਗਤ ਨਾਰਾਇਣ ਡੀਏਵੀ ਪਬਲਿਕ ਸਕੂਲ ਗੜ੍ਹਦੀਵਾਲਾ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰ ਸਕੂਲ ਖੇਡਾਂ ਹੁਸ਼ਿਆਰਪੁਰ (2025-26 ) ਤੇ ਪੰਜਾਬ ਰਾਜ ਅੰਤਰ-ਜ਼ਿਲ੍ਹਾ ਪੱਧਰ ਦੀਆਂ ਸਕੂਲ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਦੀ ਇਸ ਉਪਲਬਧੀ 'ਤੇ ਸਕੂਲ ਵਿੱਚ ਵਿਸ਼ੇਸ਼ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਦੌਰਾਨ ਪ੍ਰਿੰਸੀਪਲ ਸ਼ੇਖਰ ਮੋਦਗਿੱਲ ਵੱਲੋਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਖੇਡਾਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੇ ਨਾਲ ਰਵਜੋਤ ਸਿੰਘ, ਨਵਜੋਤ ਸਿੰਘ, ਪਾਰਕਾ ਸ਼ਰਮਾ, ਦਿਲਪ੍ਰੀਤ ਸਿੰਘ, ਦਿਲਕਸ਼ ਸਿੰਘ ਯੁਵਰਾਜ ਸਿੰਘ, ਆਰੀਅਨ ਸ਼ਰਮਾ, ਸਿਮਰਨਪ੍ਰੀਤ ਸਿੰਘ ਤੇ ਯਸ਼ ਸੁਧੀਰ ਭੌਸਲੇ ਸ਼ਾਮਲ ਸਨ।ਇਸ ਮੌਕੇ 'ਤੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਖੇਡਾਂ ਮਨੁੱਖੀ ਜੀਵਨ ਦਾ ਅਟੁੱਟ ਹਿੱਸਾ ਹਨ ਤੇ ਇਹ ਸਰੀਰਕ ਤੇ ਮਾਨਸਿਕ ਵਿਕਾਸ ਲਈ ਬਹੁਤ ਜ਼ਰੂਰੀ ਹਨ। ਉਨ੍ਹਾਂ ਨੇ ਕਿਹਾ ਕਿ ਇਹ ਵਿਦਿਆਰਥੀ ਹੋਰਾਂ ਲਈ ਪ੍ਰੇਰਨਾ ਦਾ ਸਰੋਤ ਹਨ ਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਵੱਡੀਆਂ ਕਾਮਯਾਬੀਆਂ ਹਾਸਲ ਕਰਨਗੇ।ਵਿਦਿਆਰਥੀਆਂ ਦੀ ਇਸ ਸ਼ਾਨਦਾਰ ਜਿੱਤ ਦਾ ਸਿਹਰਾ ਉਨ੍ਹਾਂ ਦੇ ਹੋਣਹਾਰ ਤੇ ਕਾਬਲ ਡੀ.ਪੀ. ਮਨਪ੍ਰੀਤ ਕੌਰ ਤੇ ਰਮਨਦੀਪ ਸਿੰਘ ਨੂੰ ਜਾਂਦਾ ਹੈ।



# ਕਾਂਗਰਸ ਹਾਈ ਕਮਾਂਡ ਵੱਲੋਂ ਜਸਵੀਰ ਸਿੰਘ ਪੁਰਖੋਵਾਲ ਪੰਜਾਬ ਕਾਂਗਰਸ ਸੇਵਾ ਦਲ ਤੇ ਹਲਕਾ ਇੰਚਾਰਜ ਗੜ੍ਹਸ਼ੰਕਰ ਨਿਯੁਕਤ



ਗੜ੍ਹਸ਼ੰਕਰ, 17 ਅਪ੍ਰੈਲ (ਅਜਮੇਰ ਸਿੰਘ ਭਨੋਟ): ਗੜ੍ਹਸ਼ੰਕਰ ਤੋਂ ਜਸਵੀਰ ਸਿੰਘ ਪੁਰਖੋਵਾਲ ਨੂੰ ਕਾਂਗਰਸ ਹਾਈ ਕਮਾਂਡ ਨੇ ਸਕੱਤਰ ਪੰਜਾਬ ਕਾਂਗਰਸ ਸੇਵਾਦਲ ਤੇ ਹਲਕਾ ਇੰਚਾਰਜ ਗੜ੍ਹਸ਼ੰਕਰ ਨਿਯੁਕਤ ਕੀਤਾ ਹੈ। ਇਸ ਮੌਕੇ ਜਸਵੀਰ ਸਿੰਘ ਪੁਰਖੋਵਾਲ ਦਾ ਗੜ੍ਹਸ਼ੰਕਰ ਵਿਖੇ ਪਹੁੰਚਣ 'ਤੇ ਕਾਂਗਰਸ ਵਰਕਰਾਂ ਨੇ ਉਨ੍ਹਾਂ ਦੀ ਨਿੱਘਾ ਸਵਾਗਤ ਕੀਤਾ। ਇਸ ਮੌਕੇ ਜਸਵੀਰ ਸਿੰਘ ਪੁਰਖੋਵਾਲ ਨੇ ਕਿਹਾ ਕਿ ਕਾਂਗਰਸ ਹਾਈਕਮਾਂਡ ਵੱਲੋਂ ਦਿੱਤੀ ਜ਼ਿੰਮੇਵਾਰੀ ਨੂੰ ਉਹ ਤਨਦੇਹੀ ਦੇ ਨਾਲ ਨਿਭਾਉਣਗੇ ਤੇ ਹਲਕਾ ਗੜ੍ਹਸ਼ੰਕਰ ਦੇ ਵਿੱਚ ਕਾਂਗਰਸ ਨੂੰ ਇਕਜੁੱਟ ਕਰਨ ਦੇ ਲਈ ਪੂਰਾ ਯਤਨ ਕਰਨਗੇ। ਜਸਵੀਰ ਸਿੰਘ ਪੁਰਖੋਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 4 ਸਾਲਾਂ ਦੀ ਕਾਰਗੁਜ਼ਾਰੀ ਤੋਂ ਲੋਕ ਨਾਖੁਸ਼ ਹਨ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਲਈ ਪੰਜਾਬ ਦੇ ਲੋਕ ਕਾਂਗਰਸ ਪਾਰਟੀ ਨੂੰ ਹੀ ਫ਼ਤਵਾ ਦੇਣਗੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਹੀ ਹਲਕਾ ਗੜ੍ਹਸ਼ੰਕਰ ਦੇ ਮੁੱਦਿਆਂ ਨੂੰ ਹੱਲ ਕਰਵਾ ਸਕਦੀ ਹੈ।

# ਗੁਰੂ ਸਾਗਰ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ 10ਵੀਂ ਜਮਾਤ ਦੇ ਨਤੀਜਿਆਂ 'ਚ ਮੱਲਾਂ ਮਾਰੀਆਂ

ਬਟਾਲਾ, 17 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਸੀਬੀਐਸਈ ਵੱਲੋਂ 10ਵੀਂ ਕਲਾਸ ਦੇ ਐਲਾਨੇ ਗਏ ਨਤੀਜਿਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ 100 ਫੀਸਦੀ ਨਤੀਜੇ ਹਾਸਲ ਕਰਕੇ ਇਲਾਕੇ ਵਿੱਚ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੀ ਮਿਹਨਤ ਤੇ ਅਧਿਆਪਕਾਂ ਵੱਲੋਂ ਦਿੱਤੀ ਅਗਵਾਈ ਸਦਕਾ ਵਧੀਆ ਅੰਕ ਹਾਸਲ ਕੀਤੇ ਹਨ। ਸਕੂਲ ਦੀ ਵਿਦਿਆਰਥਣ ਸਿੱਧੀ ਸ਼ਰਮਾ ਨੇ 87 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ, ਜਦਕਿ ਭਾਵਿਸ਼ਿਆ ਚੱਢਾ ਨੇ 85 ਫੀਸਦੀ ਨਾਲ ਦੂਜਾ ਸਥਾਨ ਤੇ ਪਾਰਸ ਨੰਦਾ ਨੇ 82 ਫੀਸਦੀ ਨਾਲ ਤੀਜਾ ਸਥਾਨ ਹਾਸਲ ਕੀਤਾ ਹੈ। ਸਕੂਲ ਦੇ ਡਾਇਰੈਕਟਰ ਡਾ. ਅਨੰਦਜੀਤ ਕੌਰ ਨੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਲਗਨ ਤੇ ਅਧਿਆਪਕਾਂ ਦੀ ਮਿਹਨਤ ਦਾ ਨਤੀਜਾ ਹੈ ਤੇ ਸੰਸਥਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਹਮੇਸ਼ਾ ਵਚਨਬੱਧ ਹੈ। ਸਕੂਲ ਦੇ ਚੇਅਰਪਰਸਨ ਹਰਜਿੰਦਰਪਾਲ ਕੌਰ ਕੰਗ ਤੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਨੇ ਵੀ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਵੱਲੋਂ ਕੀਤੀ ਮਿਹਨਤ ਰੰਗ ਲਿਆਈ ਹੈ। ਡਾ. ਗੁਲਵਤਨ ਸਿੰਘ ਕੰਗ ਨੇ ਕਿਹਾ ਕਿ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਆਧੁਨਿਕ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਵਿਦਿਆਰਥੀ ਆਪਣੇ ਟੀਚਿਆਂ ਨੂੰ ਹਾਸਲ ਕਰ ਸਕਣ। ਉਨ੍ਹਾਂ ਕਿਹਾ ਕਿ ਚੇਅਰਪਰਸਨ ਮੈਡਮ ਤੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਵੱਲੋਂ ਸਕੂਲ ਨੂੰ ਹਰ ਤਰ੍ਹਾਂ ਦੀ ਆਧੁਨਿਕ ਤਕਨੀਕ ਮੁਹੱਈਆ ਕਰਵਾਈ ਜਾ ਰਹੀ ਹੈ ਤਾਂ ਜੋ ਬੱਚੇ ਸਮੇਂ ਦੇ ਹਾਣੀ ਬਣ ਸਕਣ। ਉਨ੍ਹਾਂ ਕਿਹਾ ਕਿ ਇਲਾਕਾ ਨਿਵਾਸੀਆਂ ਦੀ ਮੰਗ 'ਤੇ ਜੀਪੀਐਸ ਸਪੋਰਟਸ ਅਕੈਡਮੀ ਦੀ ਸ਼ੁਰੂਆਤ ਕੀਤੀ ਗਈ ਹੈ ਜਿਸ ਵਿੱਚ ਹਰ ਤਰ੍ਹਾਂ ਦੀ ਖੇਡ ਨਾਲ ਸਬੰਧਤ ਖੇਡ ਮੈਦਾਨ ਆਧੁਨਿਕ ਕਿਸਮ ਦੇ ਤਿਆਰ ਕਰਵਾਏ ਗਏ ਹਨ।



# ਵਿਨਫੋਰਡ ਵਰਲਡ ਸਕੂਲ ਬੁੱਲੋਵਾਲ ਦੇ ਵਿਦਿਆਰਥੀ ਧਾਰਮਿਕ ਪ੍ਰੀਖਿਆ 'ਚ ਮੋਹਰੀ ਰਹੇ

ਬਟਾਲਾ, 17 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਵਿਨਫੋਰਡ ਵਰਲਡ ਸਕੂਲ, ਬੁੱਲੋਵਾਲ (ਬਟਾਲਾ) ਵਿਖੇ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਹਰ ਸਾਲ ਦੀ ਤਰ੍ਹਾਂ ਸੰਸਥਾ ਦੇ ਵਿਦਿਆਰਥੀਆਂ ਦੀ ਧਾਰਮਿਕ ਪ੍ਰੀਖਿਆ ਲਈ ਗਈ। ਜਿਸ 'ਚ ਵੱਡੇ ਪੱਧਰ 'ਤੇ ਬੱਚਿਆਂ ਨੇ ਹਿੱਸਾ ਲਿਆ। ਇਸ ਮੌਕੇ ਚੰਗੀ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਹ ਪ੍ਰੀਖਿਆ ਹਰ ਸਾਲ ਅਕਤੂਬਰ ਦੇ ਆਖਰੀ ਹਫਤੇ ਜਾਂ ਨਵੰਬਰ ਦੇ ਪਹਿਲੇ ਹਫਤੇ ਵਿੱਚ ਹੁੰਦੀ ਹੈ। ਧਾਰਮਿਕ ਪ੍ਰੀਖਿਆ ਦੇ ਇੰਚਾਰਜ ਕੰਵਲਦੀਪ ਕੌਰ ਦੀ ਯੋਗ ਅਗਵਾਈ ਹੇਠ ਇਸ ਸਾਲ 54 ਵਿਦਿਆਰਥੀਆਂ ਨੇ ਇਸ ਪ੍ਰੀਖਿਆ ਵਿੱਚ ਹਿੱਸਾ ਲਿਆ, ਜਿਨ੍ਹਾਂ ਵਿੱਚੋਂ 2 ਵਿਦਿਆਰਥੀਆਂ ਹਸਰਤ ਸਿੰਘ ਬਾਠ ਤੇ ਆਗਮਨ ਕੌਰ ਨੇ 99% ਅੰਕ ਲੈ ਕੇ ਮੈਰਿਟ ਵਿੱਚ ਸਥਾਨ ਹਾਸਲ ਕੀਤਾ ਤੇ ਇਸ ਤੋਂ ਇਲਾਵਾ 17 ਵਿਦਿਆਰਥੀਆਂ ਨੇ ਉਨ੍ਹਾਂ ਦੀ ਵਧੀਆ ਕਾਰਗੁਜ਼ਾਰੀ ਕਰਕੇ ਟਰਾਫੀਆਂ ਹਾਸਲ ਕੀਤੀਆਂ। ਸਾਰੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਲਈ ਉਨ੍ਹਾਂ ਨੂੰ ਟਰਾਫੀਆਂ ਦੇ ਨਾਲ ਨਾਲ ਸਰਟੀਫਿਕੇਟ ਵੀ ਪ੍ਰਦਾਨ ਕੀਤੇ ਗਏ। ਇਸ ਪ੍ਰੀਖਿਆ ਦੀ ਤਿਆਰੀ ਸਕੂਲ ਵਿੱਚ ਹੀ ਕਰਵਾਈ ਜਾਂਦੀ ਹੈ। ਇਸ ਪ੍ਰੀਖਿਆ ਵਿੱਚ ਭਾਗ ਲੈ ਕੇ ਵਿਦਿਆਰਥੀਆਂ ਨੂੰ ਗੁਰਬਾਣੀ ਤੇ ਗੁਰੂਆਂ ਦੇ ਲਾਸਾਨੀ ਜੀਵਨ ਦਾ ਗਿਆਨ ਮਿਲਦਾ ਹੈ ਕਿ ਕਿਸ ਤਰ੍ਹਾਂ ਸਾਡੇ ਗੁਰੂਆਂ ਨੇ ਸ਼ਹਾਦਤਾਂ ਦੇ ਕੇ ਸਿੱਖ ਧਰਮ ਨੂੰ ਕਾਇਮ ਰੱਖਿਆ ਹੈ।ਇਸ ਸਬੰਧੀ ਕੀਤੇ ਸਮਾਗਮ ਨੂੰ ਸੰਬੋਧਨ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਦਿਵਿਆ ਗੌਤਮ ਨੇ ਸੰਸਥਾ ਵੱਲੋਂ ਪੜ੍ਹਾਈ ਦੇ ਨਾਲ-ਨਾਲ ਹੋਰਨਾਂ ਖੇਤਰਾਂ ਜਿਨ੍ਹਾਂ 'ਚ ਧਾਰਮਿਕ ਸਰਗਰਮੀਆਂ, ਖੇਡਾਂ ਤੇ ਵਾਤਾਵਰਨ ਨੂੰ ਸ਼ੁੱਧ ਕਰਨ ਲਈ ਉਪਰਾਲੇ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।



# ਦਾ ਮਿਲੇਨੀਅਮ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ



ਬਟਾਲਾ, 17 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ): ਦਾ ਮਿਲੇਨੀਅਮ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਨੇ ਇੱਕ ਵਾਰ ਫਿਰ ਹਰ ਸਾਲ ਦੀ ਤਰ੍ਹਾਂ ਦਸਵੀਂ ਜਮਾਤ ਦੇ ਬੋਰਡ ਦੀਆਂ ਪ੍ਰੀਖਿਆਵਾਂ ਵਿੱਚੋਂ 100% ਨਤੀਜਾ ਹਾਸਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਜਿਸ ਦੀ ਘੋਸ਼ਣਾ ਚੇਅਰਮੈਨ ਵਰੁਣ ਖੋਸਲਾ ਨੇ ਬੜੇ ਮਾਣ ਨਾਲ ਕੀਤੀ। ਸਕੂਲ ਦੇ ਵਿਦਿਆਰਥੀਆਂ ਰਵਨੀਤ ਕੌਰ ਨੇ 99.6% ਨੰਬਰ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਜਦਕਿ ਡੇਲੀਸਾ ਨੇ 97% ਨੰਬਰਾਂ ਨਾਲ ਦੂਸਰਾ ਸਥਾਨ ਹਾਸਲ ਕੀਤਾ ਤੇ ਸਪਰੀਤ ਕੌਰ ਨੇ 96 ਪ੍ਰਤੀਸ਼ਤ ਨੰਬਰਾਂ ਨਾਲ ਤੀਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸੇ ਤਰ੍ਹਾਂ ਕ੍ਰਮਵਾਰ ਈਸ਼ਾਨ ਨੇ 95.8% ਤੇ ਸਵਰਨ ਪ੍ਰੀਤ ਕੌਰ ਨੇ 95.4% ਨੰਬਰ ਹਾਸਲ ਕਰਕੇ ਸਕੂਲ ਨੂੰ ਮਾਣ ਮਹਿਸੂਸ ਕਰਵਾਇਆ।ਸਕੂਲ ਦੇ ਦੂਸਰੀਆਂ ਜਮਾਤਾਂ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਉਨ੍ਹਾਂ ਦੀ ਇਸ ਕਾਮਯਾਬੀ ਦਾ ਬੜੀ ਗਰਮ ਜੋਸ਼ੀ ਨਾਲ ਸਵਾਗਤ ਕੀਤਾ। ਇਸ ਖੁਸ਼ੀ ਭਰੇ ਮੌਕੇ ਮਠਿਆਈਆਂ ਵੰਡ ਕੇ ਸਾਰੇ ਸਕੂਲ ਨੇ ਇਸ ਖੁਸ਼ੀ ਦੇ ਪਲਾਂ ਨੂੰ ਮਾਣਿਆ। ਪੂਰੇ ਸਕੂਲ ਕੈਂਪਸ ਵਿੱਚ ਖੁਸ਼ੀ ਤੇ ਉਤਸ਼ਾਹ ਦਾ ਮਾਹੌਲ ਬਣਿਆ ਹੋਇਆ ਸੀ। ਜੇ ਵਿਸ਼ਿਆਂ ਦੀ ਗੱਲ ਕੀਤੀ ਜਾਵੇ ਤਾਂ ਵਿਸ਼ੇ ਅਨੁਸਾਰ ਅੰਗਰੇਜ਼ੀ ਵਿੱਚ ਡੇਲਿਸ ਨੇ 98% ਨੰਬਰ ਹਾਸਲ ਕੀਤੇ, ਰਵਨੀਤ ਨੇ 97% ਈਸ਼ਾਨ ਨੇ 96% ਹਰਸ਼ਬੀਰ ਤੇ ਕਰਨਬੀਰ ਨੇ 91-91 ਨੰਬਰ ਤੇ ਖੁਸ਼ਲੀਨ ਨੇ 89 ਨੰਬਰ ਪ੍ਰਾਪਤ ਕੀਤੇ। ਹਿਸਾਬ ਵਿੱਚੋਂ ਰਵਨੀਤ ਨੇ 100 ਵਿੱਚੋਂ 100 ਨੰਬਰ ਪ੍ਰਾਪਤ ਕੀਤੇ ਹਨ, ਜਦ ਕਿ ਈਸ਼ਾਨ ਨੇ 94% ਨੰਬਰ ਪ੍ਰਾਪਤ ਕੀਤੇ। ਵਿਗਿਆਨ ਵਿੱਚ ਰਵਨੀਤ ਨੇ 100 ਵਿੱਚੋਂ 100 ਨੰਬਰ ਪ੍ਰਾਪਤ ਕੀਤੇ , ਡੇਲੀਸਾ ਨੇ 96% ਕਰਨ ਵੀਰ ਨੇ 94 ਤੇ ਈਸ਼ਾਨ ਨੇ 93 ਪ੍ਰਤੀਸ਼ਤ ਨੰਬਰ ਪ੍ਰਾਪਤ ਕੀਤੇ।ਚੇਅਰਮੈਨ ਵਰੁਣ ਖੋਸਲਾ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੀ ਮਿਹਨਤ ਦੀ ਪ੍ਰਸ਼ੰਸਾ ਕੀਤੀ। ਪ੍ਰਿੰਸੀਪਲ ਗੁਰਮੀਤ ਸਿੰਘ ਨੇ ਵਿਦਿਆਰਥੀਆਂ ਅਧਿਆਪਕਾਂ ਤੇ ਮਾਪਿਆਂ ਦੇ ਸਾਂਝੇ ਯਤਨਾਂ ਤੇ ਉਨ੍ਹਾਂ ਦੀ ਲਗਨ ਤੇ ਮਿਹਨਤ ਦੀ ਸ਼ਲਾਘਾ ਕੀਤੀ। ਇਸ ਮੌਕੇ ਸਕੂਲ ਪਰਿਵਾਰ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ।

# ਰਿਆੜਕੀ ਪਬਲਿਕ ਸਕੂਲ ਦਾ ਨਤੀਜਾ 100 ਫੀਸਦੀ, 97 ਫੀਸਦੀ ਵਿਦਿਆਰਥੀ ਫਸਟ ਡਵੀਜ਼ਨ ਨਾਲ ਪਾਸ



ਸ੍ਰੀ ਹਰਿਗੋਬਿੰਦਪੁਰ ਸਾਹਿਬ, 17 ਅਪ੍ਰੈਲ (ਸੁਖ ਅੰਮ੍ਰਿਤ ਘੁਮਾਣ/ਡਾ. ਸਰਬਜੀਤ ਭਿੰਡਰ): ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਨੇ ਇੱਕ ਵਾਰ ਫਿਰ ਸਿੱਖਿਆ ਦੇ ਖੇਤਰ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਇਲਾਕੇ ਵਿੱਚ ਮਿਸਾਲ ਕਾਇਮ ਕੀਤੀ ਹੈ। ਸੀਬੀਐਸਈ ਵੱਲੋਂ ਐਲਾਨੇ ਗਏ ਜਮਾਤ ਦਸਵੀਂ ਦੇ ਸੈਸ਼ਨ 2025-26 ਦੇ ਨਤੀਜਿਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਇਤਿਹਾਸਕ ਸਫਲਤਾ ਹਾਸਲ ਕਰਦੇ ਹੋਏ ਹਰ ਪਾਸੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਪ੍ਰਾਪਤ ਜਾਣਕਾਰੀ ਅਨੁਸਾਰ ਸਕੂਲ ਦਾ ਨਤੀਜਾ 100 ਫੀਸਦੀ ਰਿਹਾ, ਜੋ ਕਿ ਆਪਣੇ-ਆਪ ਵਿੱਚ ਵੱਡੀ ਉਪਲਬਧੀ ਹੈ। ਇਸ ਤੋਂ ਵੀ ਵੱਧ ਕੇ ਗੌਰਤਲਬ ਗੱਲ ਇਹ ਰਹੀ ਕਿ 97 ਫੀਸਦੀ ਵਿਦਿਆਰਥੀਆਂ ਨੇ ਫਸਟ ਡਵੀਜ਼ਨ ਪ੍ਰਾਪਤ ਕਰਕੇ ਇੱਕ ਨਵਾਂ ਮਿਆਰ ਸਥਾਪਤ ਕੀਤਾ। ਇਹ ਨਤੀਜੇ ਸਾਬਤ ਕਰਦੇ ਹਨ ਕਿ ਸੰਸਥਾ ਵਿੱਚ ਹਰ ਵਿਦਿਆਰਥੀ ਨੂੰ ਵਿਅਕਤੀਗਤ ਤੌਰ 'ਤੇ ਸਮਝ ਕੇ ਉਸਦੀ ਯੋਗਤਾ ਨੂੰ ਨਿਖਾਰਿਆ ਜਾਂਦਾ ਹੈ। ਪ੍ਰਿੰਸੀਪਲ ਇੰਦਰਜੀਤ ਕੌਰ ਨੇ ਦੱਸਿਆ ਕਿ ਸਕੂਲ ਦੀ ਟੌਪਰ ਇਸ਼ਮੀਤ ਕੌਰ ਨੇ 95 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਮਨਰੀਤ ਕੌਰ ਨੇ 94 ਫੀਸਦੀ ਅੰਕਾਂ ਨਾਲ ਦੂਸਰਾ ਸਥਾਨ ਤੇ ਅਵਨੀਤ ਕੌਰ ਨੇ 93 ਫੀਸਦੀ ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਕੋਆਰਡੀਨੇਟਰ, ਸੁਖਦੀਪ ਕੌਰ, ਸੁਰਜੀਤ ਕੌਰ, ਬਲਜੀਤ ਕੌਰ ਤੇ ਜਤਿੰਦਰ ਕੁਮਾਰ ਸਮੇਤ ਸਾਰੇ ਅਧਿਆਪਕ ਵਰਗ ਹਾਜ਼ਰ ਸੀ, ਜਿਨ੍ਹਾਂ ਨੇ ਵਿਦਿਆਰਥੀਆਂ ਦੀ ਇਸ ਕਾਮਯਾਬੀ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ।ਉਨ੍ਹਾਂ ਹੋਰ ਦੱਸਿਆ ਕਿ ਇਸ ਸਾਲ 12 ਫੀਸਦੀ ਵਿਦਿਆਰਥੀਆਂ ਨੇ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ, ਜਦਕਿ 25 ਫੀਸਦੀ ਵਿਦਿਆਰਥੀਆਂ ਨੇ 80 ਫੀਸਦੀ ਤੋਂ ਉਪਰ ਅੰਕ ਹਾਸਲ ਕੀਤੇ ਹਨ। ਇਸ ਤੋਂ ਇਲਾਵਾ 5 ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਵਿੱਚ 100 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਹੋਰ ਉਚਾ ਕੀਤਾ ਹੈ।ਡਾਇਰੈਕਟਰ ਪ੍ਰਿੰਸੀਪਲ ਮਨਪ੍ਰੀਤ ਕੌਰ ਵਿਰਕ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਸਖਤ ਮਿਹਨਤ, ਅਧਿਆਪਕਾਂ ਦੀ ਲਗਨ ਤੇ ਮਾਪਿਆਂ ਦੇ ਸਹਿਯੋਗ ਦਾ ਸਾਂਝਾ ਪਰਿਨਾਮ ਹਨ।

# ਵਿਭਾ ਨੇ ਗੋਆ 'ਚ ਹੋਏ ਮਿਸਿਜ਼ ਇੰਡੀਆ ਪੀਜਨ ਮੁਕਾਬਲੇ 'ਚ 6 ਰਾਊਂਡ ਪਾਰ ਕਰਨ 'ਚ ਸਫ਼ਲਤਾ ਹਾਸਲ ਕੀਤੀ



ਨਵਾਂਸ਼ਹਿਰ, 17 ਅਪ੍ਰੈਲ (ਸੁਖਦੇਵ ਸਿੰਘ ਉੜਾਪੜ): ਨਵਾਂਸ਼ਹਿਰ ਦੀ ਉਦਮੀ ਵਿਭਾ ਗਾਂਧੀ ਨੇ ਗੋਆ ਵਿਖੇ ਆਯੋਜਿਤ ਮਿਸਿਜ਼ ਇੰਡੀਆ ਪੀਜਨ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਟਾਪ 5 'ਚ ਸਥਾਨ ਹਾਸਲ ਕਰਨ 'ਚ ਸਫਲਤਾ ਹਾਸਲ ਕੀਤੀ। ਵਿਭਾ ਗਾਂਧੀ ਨੇ ਦੱਸਿਆ ਕਿ ਇਸ ਮੁਕਾਬਲੇ 'ਚ ਭਾਰਤ, ਸਿੰਗਾਪੁਰ, ਦੁਬਈ ਤੇ ਮਾਰੀਸ਼ਸ ਆਦਿ ਦੇਸ਼ਾਂ ਤੋਂ 130 ਦੇ ਕਰੀਬ ਪ੍ਰਤੀਯੋਗੀਆਂ ਨੇ ਭਾਗ ਲਿਆ। ਉਨ੍ਹਾਂ ਦੱਸਿਆ ਕਿ ਕਰਵਾਏ ਗਏ ਮੁਕਾਬਲੇ ਵਿੱਚ ਬਾਲੀਵੁੱਡ ਅਭਿਨੇਤਰੀ ਮੱਲਾਇਕਾ ਅਰੋੜਾ ਸਮੇਤ ਕਈ ਫਿਲਮੀ ਹਸਤੀਆਂ ਬਤੌਰ ਜੱਜ ਹਾਜ਼ਰ ਸਨ। ਆਤਮ-ਵਿਸ਼ਵਾਸ ਤੇ ਪ੍ਰਤਿਭਾ ਦੇ ਬਲ 'ਤੇ ਵਿਭਾ ਗਾਂਧੀ ਨੇ ਕੁੱਲ 6 ਰਾਊਂਡਾਂ ਨੂੰ ਪਾਸ ਕਰਨ ਵਿੱਚ ਸਫਲਤਾ ਹਾਸਲ ਕੀਤੀ, ਜਿਸ ਵਿੱਚ ਇੰਟਰੋਡਕਸ਼ਨ, ਐਲੀਮੈਂਟ, ਟੇਲੇਂਟ, ਬੀਚ ਤੇ ਸਾੜ੍ਹੀ ਰਾਊਂਡ ਸ਼ਾਮਲ ਹਨ। ਆਯੋਜਿਤ ਮੁਕਾਬਲੇ ਵਿੱਚ ਵਿਭਾ ਗਾਂਧੀ ਨੂੰ ਮਿਸ ਦੀਵਾ ਦੇ ਖਿਤਾਬ ਨਾਲ ਸਨਮਾਨਤ ਕੀਤਾ ਗਿਆ।

# ਜੀਆ ਲਾਲ ਮਿੱਤਲ ਸਕੂਲ ਦਾ ਸੀ.ਬੀ.ਐਸ.ਈ. ਨਤੀਜਾ ਸ਼ਾਨਦਾਰ ਰਿਹਾ

ਗੁਰਦਾਸਪੁਰ, 17 ਅਪ੍ਰੈਲ (ਜਗੀਰ ਸਿੰਘ ਮੰਡ/ਨਾਹਰ): ਪਿਛਲੇ ਦਿਨੀਂ ਸੀਬੀਐਸਈ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਕਲਾਸ ਦੇ ਨਤੀਜੇ ਵਿੱਚ ਜੀਆ ਲਾਲ ਮਿੱਤਲ ਡੀਏਵੀ ਪਬਲਿਕ ਸਕੂਲ ਗੁਰਦਾਸਪੁਰ ਦੇ ਹੋਣਹਾਰ ਬੱਚਿਆਂ ਵੱਲੋਂ ਵਧੀਆ ਨੰਬਰ ਲੈ ਕੇ ਚੰਗੀਆਂ ਪੁਜੀਸ਼ਨਾਂ ਪ੍ਰਾਪਤ ਕੀਤੀਆਂ ਤੇ ਆਪਣੇ ਸਕੂਲ ਦਾ ਨਾਮ ਰੋਸ਼ਨ ਕੀਤਾ, ਸਕੂਲ ਵਿੱਚੋਂ ਪਹਿਲੇ ਸਥਾਨ 'ਤੇ ਸੀਰਤ ਕੌਰ 98.4% ਦੂਸਰੇ ਸਥਾਨ 'ਤੇ ਚੇਤਨ ਮਹਾਜਨ 98.2% ਤੇ ਤੀਸਰੇ ਸਥਾਨ ਤੇ ਰਿਧਮਾ ਸ਼ਰਮਾ 97.4 % ਨੰਬਰ ਲੈ ਕੇ ਪਹਿਲੀਆਂ ਤਿੰਨ ਪੁਜੀਸ਼ਨਾਂ ਪ੍ਰਾਪਤ ਕੀਤੀਆਂ। ਇਸੇ ਤਰ੍ਹਾਂ ਮਿਸ ਅਨਾਇਯਾ ਨੇ 93.6% ਨੰਬਰ ਲੈ ਕੇ 14ਵਾਂ ਸਥਾਨ ਪ੍ਰਾਪਤ ਕੀਤਾ। ਇਸ ਮੌਕੇ 'ਤੇ ਜਿੱਥੇ ਸਕੂਲ ਦੇ ਚੇਅਰਮੈਨ, ਰਾਜਨ ਮਿੱਤਲ ਤੇ ਪ੍ਰਿੰਸੀਪਲ ਰਾਜੀਵ ਭਾਰਤੀ ਸਮੇਤ ਸਕੂਲ ਦੀ ਮੈਨੇਜਮੈਂਟ ਵੱਲੋਂ ਸਭਨਾ ਬੱਚਿਆਂ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ, ਉਥੇ ਹੀ ਅਨਾਇਯਾ ਦੇ ਦਾਦਾ ਪ੍ਰੇਮ ਚੰਦ, ਮਾਤਾ ਆਰਤੀ ਬੇਦੀ ਤੇ ਪਿਤਾ ਸੰਜੀਵ ਕੁਮਾਰ ਵੱਲੋਂ ਆਪਣੇ ਬੇਟੀ ਦਾ ਮੂੰਹ ਮਿੱਠਾ ਕਰਵਾਉਂਦੇ ਹੋਏ ਆਸ਼ੀਰਵਾਦ ਦਿੱਤਾ ਕਿ ਭਵਿੱਖ ਵਿੱਚ ਉਹ ਇਸੇ ਤਰ੍ਹਾਂ ਹਮੇਸ਼ਾ ਤਰੱਕੀ ਕਰਦੀ ਰਹੇ।



# ਸ੍ਰੀ ਗੁਰੂ ਹਰਿਕ੍ਰਿਸ਼ਨ ਸਕੂਲ ਦਸਵੀਂ ਦਾ ਨਤੀਜਾ ਸ਼ਾਨਦਾਰ ਰਿਹਾ

ਕਲਾਨੌਰ, 17 ਅਪ੍ਰੈਲ (ਇਕਬਾਲ ਵਾਲੀਆ/ਕਮਲਜੀਤ ਸਿੰਘ): ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਮੱਲ੍ਹਿਆਵਾਲ ਨੇ ਸੀਬੀਐਸਈ ਦਸਵੀਂ ਜਮਾਤ (ਸ਼ੈਸਨ 2025-26) ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 100 ਫੀਸਦੀ ਨਤੀਜਾ ਹਾਸਲ ਕੀਤਾ ਹੈ। ਸਕੂਲ ਦੀ ਅਨਵੀਤ ਕੌਰ ਨੇ 98.6 ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ। ਇਸ ਤੋਂ ਇਲਾਵਾ ਗੁਰਬਾਜ ਸਿੰਘ ਨੇ 94 ਫੀਸਦੀ, ਦਿਲਸ਼ਾਤ ਸਿੰਘ ਰੰਧਾਵਾ ਨੇ 95.4 ਫੀਸਦੀ, ਸਿਮਰਤਜੋਤ ਕੌਰ ਨੇ 95.2 ਫੀਸਦੀ, ਸ਼ਗਨਪ੍ਰੀਤ ਕੌਰ ਨੇ 946 ਫੀਸਦੀ, ਜਸਲੀਨ ਕੌਰ ਨੇ 94.6 ਫੀਸਦੀ, ਨਵਦੀਪ ਕੌਰ ਨੇ 94.2 ਫੀਸਦੀ, ਸੁਖਮਨਦੀਪ ਕੌਰ ਨੇ 93.8 ਫੀਸਦੀ, ਸਰਗੁਨਪ੍ਰੀਤ ਕੌਰ ਨੇ 93.6 ਫੀਸਦੀ, ਅਭੈਜੋਤ ਸਿੰਘ 93.4 ਫੀਸਦੀ, ਅਨੁਦੀਪ ਕੌਰ 93.2 ਫੀਸਦੀ, ਗਰੀਮਾ 92.8 ਫੀਸਦੀ, ਅੰਤਰਿਕਸ਼ਜੋਤ ਸਿੰਘ 92.6 ਫੀਸਦੀ, ਮਨਜੋਤ ਕੌਰ, ਪਲਕਪ੍ਰੀਤ ਕੌਰ ਤੇ ਸਹਿਜਪ੍ਰੀਤ ਕੌਰ ਨੇ 92 ਫੀਸਦੀ, ਮਨਜੋਤ ਸਿੰਘ ਨੇ 91.8 ਫੀਸਦੀ, ਸਹਿਜਪ੍ਰੀਤ ਸਿੰਘ ਕੌਰ ਤੇ ਕੰਵਲਜੀਤ ਕੌਰ ਨੇ 90 ਫੀਸਦੀ ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਸਕੂਲ ਦੇ ਹੋਣਹਾਰ ਅਧਿਆਪਕਾਂ ਨੂੰ ਜਾਂਦਾ ਹੈ, ਜਿਨ੍ਹਾਂ ਦੀ ਮਿਹਨਤ ਸਦਕਾ ਸਕੂਲ ਦਾ ਨਤੀਜਾ ਬਹੁਤ ਸ਼ਾਨਦਾਰ ਰਿਹਾ। ਇਸ ਮੌਕੇ ਸਕੂਲ ਮੈਨੇਜਮੈਂਟ, ਸਕੂਲ ਪ੍ਰਿੰਸੀਪਲ ਸਿਮਰਤ ਪਾਲ ਕੌਰ, ਵਾਈਸ ਪ੍ਰਿੰਸੀਪਲ ਜੂਲੀਅਟ ਫਨੈਂਡਿਸ ਨੇ ਸਕੂਲ ਸਟਾਫ ਤੇ ਵਿਦਿਆਰਥੀਆਂ ਨੂੰ ਤੇ ਉਨ੍ਹਾਂ ਦੇ ਮਾਪਿਆਂ ਨੂੰ ਇਸ ਸ਼ਾਨਦਾਰ ਨਤੀਜੇ ਲਈ ਦਿਲੋਂ ਵਧਾਈ ਦਿੱਤੀ।



# ਲਾਰੈਂਸ ਇੰਟਰਨੈਸ਼ਨਲ ਸਕੂਲ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ

ਕਲਾਨੌਰ, 17 ਅਪ੍ਰੈਲ (ਇਕਬਾਲ ਵਾਲੀਆ/ਕਮਲਜੀਤ ਸਿੰਘ): ਲਾਰੈਂਸ ਇੰਟਰਨੈਸ਼ਨਲ ਸਕੂਲ ਤਾਰਾਗੜ੍ਹ (ਡੇਰਾ ਬਾਬਾ ਨਾਨਕ ਰੋਡ) ਬਟਾਲਾ ਦੇ ਦਸਵੀਂ ਜਮਾਤ ਦਾ ਸਾਲਾਨਾ ਨਤੀਜਾ (2025-26) ਸ਼ਾਨਦਾਰ ਰਿਹਾ। ਸੀ.ਬੀ.ਐਸ.ਈ. ਵੱਲੋਂ ਐਲਾਨੇ ਗਏ 10ਵੀਂ ਜਮਾਤ ਦੇ ਨਤੀਜਿਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਮੱਲਾਂ ਮਾਰ ਕੇ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦਾ ਨਤੀਜਾ 100 ਫੀਸਦੀ ਰਿਹਾ। ਆਪਣੇ ਨਤੀਜਿਆਂ ਨੂੰ ਲੈ ਕੇ ਵਿਦਿਆਰਥੀਆਂ ਵਿੱਚ ਖੁਸ਼ੀ ਤੇ ਉਤਸ਼ਾਹ ਦੋਵੇਂ ਦੇਖਣ ਨੂੰ ਮਿਲੇ। ਦੱਸ ਦਈਏ ਕਿ ਲਾਰੈਂਸ ਸਕੂਲ ਦਾ ਇਹ ਲਗਾਤਾਰ ਦੂਸਰਾ ਨਤੀਜਾ ਹੈ।ਪਹਿਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਵਿਦਿਆਰਥੀਆਂ ਨੇ ਰਿਕਾਰਡ ਤੋੜ ਸਫਲਤਾਵਾਂ ਪ੍ਰਾਪਤ ਕੀਤੀਆਂ। ਸਕੂਲ ਦੇ ਪ੍ਰਿੰਸੀਪਲ ਡਾ. ਉਪਮਾ ਮਹਾਜਨ ਵੱਲੋਂ ਸਕੂਲ ਦੇ ਵਿਦਿਆਰਥੀਆਂ ਨਾਲ ਇਸ ਖੁਸ਼ੀ ਨੂੰ ਸਾਂਝਿਆਂ ਕਰਦਿਆਂ ਹੋਇਆਂ ਸਕੂਲ ਦੀ ਪ੍ਰਾਰਥਨਾ ਸਭਾ ਦੇ ਵਿੱਚ ਵਿਦਿਆਰਥੀਆਂ ਨੂੰ ਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਸਨਮਾਨਤ ਕੀਤਾ। ਇਨ੍ਹਾਂ ਨਤੀਜਿਆਂ ਵਿੱਚ ਗੁਰਸਿਮਰਨਜੀਤ ਕੌਰ ਨੇ (98.8%), ਅਭੀਜੋਤ ਸਿੰਘ ਨੇ (97.4%), ਸਮਰੀਤ ਕੌਰ ਨੇ 95.8%, ਪਰਨੀਤ ਕੌਰ ਨੇ(95.6%), ਪੁਨੀਤ ਕੌਰ ਨੇ (95.2%), ਮਨਰਾਜ ਸਿੰਘ (94.2%) ਹਰਮਨਦੀਪ ਕੌਰ ਨੇ (93%), ਏਕਮਜੀਤ ਸਿੰਘ ਨੇ(90.8%), ਸਮਰਬੀਰ ਸਿੰਘ ਨੇ (89.6%), ਹਰਪ੍ਰੀਤ ਸਿੰਘ (88.6%), ਸਾਖੀਪ੍ਰੀਤ ਕੌਰ (88.6%), ਜਸਮੀਤ ਭੁੱਲਰ (87%), ਹਰਸਨੇਹਦੀਪ ਕੌਰ (86.2%), ਸ਼ਾਈਨਪ੍ਰੀਤ ਕੌਰ ਨੇ (85.6%), ਅਰਸ਼ਦੀਪ ਕੌਰ (85.2%), ਮਨਮੀਤ ਕੌਰ ਨੇ (85.2%) ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਪ੍ਰਿੰਸੀਪਲ ਤੇ ਮੈਨੇਜਮੈਂਟ ਵੱਲੋਂ ਮਾਪਿਆਂ ਨੂੰ ਵੀ ਮੁਬਾਰਕਾਂ ਦਿੱਤੀਆਂ ਗਈਆਂ। ਇਸ ਮੌਕੇ ਮਾਪਿਆਂ ਵੱਲੋਂ ਪ੍ਰਿੰਸੀਪਲ ਡਾ. ਉਪਮਾ ਮਹਾਜਨ ਤੇ ਸਕੂਲ ਦੇ ਚੇਅਰਮੈਨ ਬਲਜਿੰਦਰ ਸਿੰਘ ਬੈਂਸ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।



## ਜੀ.ਏ.ਵੀ. ਜੈਨ ਆਦਰਸ਼ ਵਿਦਿਆਲਯ 'ਚ ਹਰਸ਼ੋ-ਉਲਾਸ ਨਾਲ ਰੈਡ ਡੇਅ ਮਨਾਇਆ

ਫਾਜ਼ਿਲਕਾ, 17 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਥਾਨਕ ਜੀ.ਏ.ਵੀ. ਜੈਨ ਆਦਰਸ਼ ਵਿਦਿਆਲਯ ਵਿੱਚ ਰੈਡ ਡੇਅ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਨੰਨੇ-ਮੁੰਨੇ ਬੱਚਿਆਂ ਨੇ ਆਪਣੀ ਰਚਨਾਤਮਕਤਾ ਤੇ ਉਤਸ਼ਾਹ ਨਾਲ ਪੂਰੇ ਮਾਹੌਲ ਨੂੰ ਲਾਲ ਰੰਗ ਵਿੱਚ ਰੰਗ ਦਿੱਤਾ। ਕਾਰਜਕ੍ਰਮ ਬਾਰੇ ਜਾਣਕਾਰੀ ਦਿੰਦਿਆਂ ਸਕੂਲ ਦੀ ਵਾਈਸ ਪ੍ਰਿੰਸੀਪਲ ਸ਼ੀਨਮ ਧੂੜੀਆ ਨੇ ਦੱਸਿਆ ਕਿ ਇਸ ਦਿਵਸ ਨੂੰ ਮਨਾਉਣ ਦਾ ਮੁੱਖ ਉਦੇਸ਼ ਬੱਚਿਆਂ ਨੂੰ ਰੰਗਾਂ ਦੀ ਪਹਿਚਾਣ ਕਰਵਾਉਣਾ ਤੇ ਉਨ੍ਹਾਂ ਵਿੱਚ ਖੁਸ਼ੀ ਤੇ ਪਿਆਰ ਦੀ ਭਾਵਨਾ ਪੈਦਾ ਕਰਨਾ ਹੈ। ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਨਰੇਸ਼ ਸਪੜਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਲਾਲ ਰੰਗ ਊਰਜਾ, ਪਿਆਰ ਤੇ ਉਤਸ਼ਾਹ ਦਾ ਪ੍ਰਤੀਕ ਹੈ। ਅਜਿਹੇ ਪ੍ਰੋਗਰਾਮ ਬੱਚਿਆਂ ਦੇ ਮਾਨਸਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਤੇ ਉਹ ਖੇਡ-ਖੇਡ ਵਿੱਚ ਨਵੀਆਂ ਗੱਲਾਂ ਸਿੱਖਦੇ ਹਨ। ਉਨ੍ਹਾਂ ਨੇ ਬੱਚਿਆਂ ਦੀ ਪ੍ਰਦਰਸ਼ਨ ਦੀ ਪ੍ਰਸ਼ੰਸਾ ਕਰਦੇ ਹੋਏ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।ਅਧਿਆਪਕਾਂ ਵੱਲੋਂ ਬੱਚਿਆਂ ਨੂੰ ਲਾਲ ਰੰਗ ਦੀ ਮਹੱਤਤਾ ਬਾਰੇ ਦੱਸਦੇ ਹੋਏ ਉਨ੍ਹਾਂ ਨੂੰ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ।




## ਮਕਾਨ ਕਿਰਾਏ 'ਤੇ ਦੇਣ ਤੋਂ ਪਹਿਲਾਂ ਕਿਰਾਏਦਾਰ ਦੀ ਪਹਿਚਾਣ ਸਬੰਧੀ ਪੂਰੀ ਜਾਂਚ-ਪੜਤਾਲ ਪੁਲਿਸ ਤੋਂ ਕਰਵਾਉਣ ਦੇ ਹੁਕਮ ਜਾਰੀ

ਸ੍ਰੀ ਫ਼ਤਹਿਗੜ੍ਹ ਸਾਹਿਬ, 17 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮਕਾਨ ਮਾਲਕ ਜਾਂ ਮਕਾਨ 'ਤੇ ਕਾਬਜ਼ ਵਿਅਕਤੀਆਂ ਨੂੰ ਹੁਕਮ ਜਾਰੀ ਕੀਤੇ ਹਨ ਕਿ ਕਿਸੇ ਵੀ ਵਿਅਕਤੀ ਨੂੰ ਮਕਾਨ ਕਿਰਾਏ 'ਤੇ ਦੇਣ ਤੋਂ ਪਹਿਲਾਂ ਉਸ ਦੀ ਪਹਿਚਾਣ ਸਬੰਧੀ ਪੂਰੀ ਤਰ੍ਹਾਂ ਜਾਂਚ-ਪੜਤਾਲ ਪੁਲਿਸ ਵਿਭਾਗ ਤੋਂ ਕਰਵਾਉਣ ਤੇ ਇਸ ਸਬੰਧੀ ਸੂਚਨਾਂ ਸਬੰਧਤ ਥਾਣੇ ਵਿੱਚ ਦਰਜ ਕਰਵਾਉਣ ਉਪਰੰਤ ਹੀ ਆਪਣਾ ਮਕਾਨ ਕਿਰਾਏ 'ਤੇ ਦਿੱਤਾ ਜਾਵੇ।ਮਨਾਹੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਸਮਾਜ ਵਿਰੋਧੀ ਅਨਸਰਾਂ ਵੱਲੋਂ ਮਕਾਨ ਮਾਲਕਾਂ ਤੋਂ ਮਕਾਨ ਕਿਰਾਏ 'ਤੇ ਲੈ ਕੇ ਅਜਿਹੀਆਂ ਕਾਰਵਾਈਆਂ ਕਰਨ ਦਾ ਅੰਦੇਸ਼ਾ ਹੈ, ਜਿਨ੍ਹਾਂ ਨਾਲ ਲੋਕਾਂ ਦੀ ਜਾਨ-ਮਾਲ ਨੂੰ ਖਤਰਾ ਹੋ ਸਕਦਾ ਹੈ, ਸਰਕਾਰੀ ਤੇ ਪ੍ਰਾਈਵੇਟ ਸੰਪਤੀ ਨੂੰ ਨੁਕਸਾਨ ਪਹੁੰਚ ਸਕਦਾ ਹੈ ਤੇ ਅਮਨ ਸ਼ਾਂਤੀ ਭੰਗ ਹੋ ਸਕਦੀ ਹੈ। ਅਜਿਹੀਆਂ ਕਾਰਵਾਈਆਂ ਨੂੰ ਰੋਕਣ ਲਈ ਜਾਰੀ ਕੀਤੇ ਇਹ ਮਨਾਹੀ ਦੇ ਇਹ ਹੁਕਮ 16 ਜੂਨ 2026 ਤੱਕ ਲਾਗੂ ਰਹਿਣਗੇ।



**ਪੇਂਡੂ ਤੇ ਸ਼ਹਿਰੀ ਖੇਤਰਾਂ 'ਚ ਬਿਨਾਂ ਪ੍ਰਵਾਨਗੀ ਕੱਚੀਆਂ ਖੂਹੀਆਂ ਪੁੱਟਣ/ ਪੁਟਵਾਉਣ 'ਤੇ ਪਾਬੰਦੀ**

ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਹਨ ਕਿ ਕੋਈ ਵੀ ਵਿਅਕਤੀ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਪੇਂਡੂ ਤੇ ਸ਼ਹਿਰੀ ਖੇਤਰਾਂ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਕਾਰਜਕਾਰੀ ਇੰਜਨੀਅਰ ਦੀ ਲਿਖਤੀ ਪ੍ਰਵਾਨਗੀ ਤੇ ਦੇਖ-ਰੇਖ ਤੋਂ ਬਿਨਾਂ ਕੱਚੀਆਂ ਖੂਹੀਆਂ ਨਹੀਂ ਪੁੱਟੇਗਾ/ ਪੁਟਵਾਏਗਾ ਤੇ ਨਾ ਹੀ ਪੁਰਾਣੀਆਂ ਬਣੀਆਂ ਖੂਹੀਆਂ ਆਦਿ ਨੂੰ ਖ਼ਤਮ ਕਰਨ ਦੇ ਮੰਤਵ ਨਾਲ ਉਨ੍ਹਾਂ ਵਿੱਚ ਲੱਗੇ ਪੁਰਾਣੇ ਮਟੀਰੀਅਲ ਭਾਵ ਇੱਟਾਂ ਆਦਿ ਨੂੰ ਕੱਢੇਗਾ। ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜ਼ਿਲ੍ਹੇ ਦੇ ਪੇਂਡੂ ਤੇ ਸ਼ਹਿਰੀ ਖੇਤਰਾਂ ਵਿੱਚ ਕੱਚੀਆਂ ਖੂਹੀਆਂ ਪੁੱਟਣ ਕਾਰਨ ਕਈ ਲੋਕ ਦੁਰਘਟਨਾਵਾਂ ਦਾ ਸ਼ਿਕਾਰ ਹੋ ਜਾਂਦੇ ਹਨ ਤੇ ਇਸ ਕਾਰਨ ਕਈ ਮੌਤਾਂ ਵੀ ਹੋਈਆਂ ਹਨ। ਅਜਿਹੀਆਂ ਦੁਰਘਟਨਾਵਾਂ ਨੂੰ ਰੋਕਣ ਲਈ ਜਾਰੀ ਕੀਤੇ ਗਏ ਇਹ ਮਨਾਹੀ ਹੁਕਮ ਜ਼ਿਲ੍ਹੇ ਵਿੱਚ 16 ਜੂਨ 2026 ਤੱਕ ਲਾਗੂ ਰਹਿਣਗੇ।

## ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੀ ਟੀਮ ਵੱਲੋਂ ਅਜਨਾਲੀ ਤੇ ਤਰਲੋਕਪੁਰੀ ਵਿਖੇ ਚੈਕਿੰਗ ਦੌਰਾਨ 12 ਘਰੇਲੂ ਸਿਲੰਡਰ ਜ਼ਬਤ

ਸ੍ਰੀ ਫਤਹਿਗੜ੍ਹ ਸਾਹਿਬ, 17 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਘਰੇਲੂ ਗੈਸ ਸਿਲੰਡਰਾਂ ਦੀ ਦੁਰਵਰਤੋਂ ਰੋਕਣ ਲਈ ਬਣਾਈ ਗਈ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੀ ਟੀਮ ਨੇ ਅਜਨਾਲੀ ਤੇ ਤਰਲੋਕਪੁਰੀ ਵਿਖੇ ਸਥਿਤ ਹੋਟਲਾਂ ਢਾਬਿਆਂ ਤੇ ਸਬਜ਼ੀ ਦੀਆਂ ਰੇਹੜੀਆਂ ਦੀ ਚੈਕਿੰਗ ਕੀਤੀ। ਇਸ ਚੈਕਿੰਗ ਦੌਰਾਨ ਹੋਟਲਾਂ ਢਾਬਿਆਂ ਆਦਿ ਤੋਂ ਵਪਾਰਕ ਮੰਤਵ ਲਈ ਵਰਤੇ ਜਾ ਰਹੇ 12 ਘਰੇਲੂ ਗੈਸ ਸਿਲੰਡਰ ਜ਼ਬਤ ਕਰਕੇ ਉਚ ਅਧਿਕਾਰੀਆਂ ਨੂੰ ਲਿਖਿਆ ਗਿਆ। ਜ਼ਿਲ੍ਹਾ ਖੁਰਾਕ ਤੇ ਸਪਲਾਈ ਅਫਸਰ ਕੇਵਲ ਸਿੰਘ ਦੀ ਅਗਵਾਈ ਹੇਠ ਬਣਾਈ ਇਸ ਟੀਮ ਵਿੱਚ ਇੰਸ. ਕਪਲ ਸਕਸੈਨਾ, ਭੁਪਿੰਦਰ ਸਿੰਘ, ਕਰਮਜੀਤ ਸਿੰਘ, ਗੁਰਮੋਹਿਤ ਸਿੰਘ ਸ਼ਾਮਲ ਸਨ। ਇਸ ਸਬੰਧੀ ਡੀ.ਐਫ.ਐਸ.ਓ. ਕੇਵਲ ਸਿੰਘ ਨੇ ਦੱਸਿਆ ਕਿ ਭਾਵੇਂ ਜ਼ਿਲ੍ਹੇ ਵਿੱਚ ਘਰੇਲੂ ਸਿਲੰਡਰਾਂ ਦੀ ਕੋਈ ਘਾਟ ਨਹੀਂ ਹੈ ਪ੍ਰੰਤੂ ਵਿਭਾਗ ਨੂੰ ਸਮੇਂ-ਸਮੇਂ ਸਿਰ ਆਮ ਲੋਕਾਂ ਵੱਲੋਂ ਇਹ ਸ਼ਿਕਾਇਤ ਮਿਲ ਰਹੀ ਸੀ ਕਿ ਕਈ ਹੋਟਲਾਂ ਢਾਂਬਿਆਂ ਤੇ ਖਾਣ-ਪੀਣ ਦੀਆਂ ਰੇਹੜੀਆਂ 'ਤੇ ਘਰੇਲੂ ਗੈਸ ਸਿਲੰਡਰਾਂ ਦੀ ਵਰਤੋਂ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹਾ ਕਰਨ ਨਾਲ ਘਰੇਲੂ ਗੈਸ ਦੀ ਬਲੈਕਮੇਲਿੰਗ ਵੀ ਵੱਧਦੀ ਹੈ ਤੇ ਲੋਕਾਂ ਨੂੰ ਬਲੈਕਮੇਲਰਾਂ ਵੱਲੋਂ ਲੁੱਟਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਭਾਗ ਆਮ ਲੋਕਾਂ ਦੀ ਲੁੱਟ-ਖਸੁੱਟ ਬਰਦਾਸ਼ਤ ਨਹੀਂ ਕਰੇਗਾ ਤੇ ਅਜਿਹਾ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਣਾਈ ਇਸ ਟੀਮ ਵੱਲੋਂ ਜ਼ਿਲ੍ਹੇ ਵਿੱਚ ਨਿਰੰਤਰ ਛਾਪੇਮਾਰੀ ਜਾਰੀ ਰਹੇਗੀ।




## ਯੂ.ਕੇ. ਦੇ ਦੋ ਟੀਚਰ ਅੰਗਰੇਜ਼ੀ ਪੜ੍ਹਾਉਣ ਲਈ ਆਕਲੈਂਡ ਸਕੂਲ ਪਹੁੰਚੇ

ਜ਼ੀਰਾ, 17 ਅਪ੍ਰੈਲ (ਦੀਪਕ ਭਾਰਗੋ): ਆਕਲੈਂਡ ਸਕੂਲ ਵਿੱਚ ਅੱਜ ਅੰਗਰੇਜ਼ੀ ਦੀ ਪੜ੍ਹਾਈ ਕਰਵਾਉਣ ਲਈ ਤੇ ਬੱਚਿਆਂ ਨੂੰ ਗਾਈਡੈਂਸ ਤੇ ਕੌਂਸਲਿੰਗ ਦੇਣ ਲਈ ਆਇਰਲੈਂਡ ਤੋਂ ਦੋ ਅਧਿਆਪਕ ਪੁੱਜੇ ਹਨ। ਦੋਨੇ ਪੰਜਾਬ ਦੇ ਜੱਟ ਤੇ ਆਇਰਲੈਂਡ ਦੇ ਜੱਟਾਂ ਦੀ ਸਾਂਝੀ ਔਲਾਦ ਹਨ। ਈਸ਼ਪੀਆ ਉਰਫ ਸੁਖਵਿੰਦਰ ਕੌਰ ਤੇ ਸਨੀ ਉਰਫ ਸੰਦੀਪ ਸਿੰਘ ਦੋਨੇ ਆਰੀਸ਼ ਤੇ ਪੰਜਾਬੀ ਮਾਂ-ਬਾਪ ਦੀ ਸਾਂਝੀ ਔਲਾਦ ਹਨ। ਜੋ ਕਿ ਅੱਜ ਬੱਚੇ ਨੂੰ ਅੰਗਰੇਜ਼ੀ ਪੜ੍ਹਾਉਣ ਲਈ ਆਕਲੈਂਡ ਸਕੂਲ ਵਿੱਚ ਪੁੱਜੇ। ਆਇਰਲੈਂਡ ਮੁੱਖ ਤੌਰ 'ਤੇ ਪੰਜਾਬ ਵਾਂਗੂ ਖੇਤੀਬਾੜੀ ਨਾਲ ਸਬੰਧਤ ਸੂਬਾ ਹੈ। ਉਥੋਂ ਦੇ ਜੱਟਾਂ ਤੇ ਪੰਜਾਬ ਦੀ ਜੱਟਾਂ ਦੀ ਸਾਂਝੀ ਨਸਲ ਦੇ ਦੋ ਗੈਸਟ ਟੀਚਰ ਆਏ ਹਨ। ਜਿਹੜੇ ਕਿ ਪੰਜਾਬ ਨੂੰ ਚੰਗੀ ਤਰ੍ਹਾਂ ਸਮਝਣਾ ਚਾਹੁੰਦੇ ਹਨ ਤੇ ਪੰਜਾਬ ਦੇ ਉਪਰ ਇਨ੍ਹਾਂ ਨੂੰ ਬਹੁਤ ਮਾਣ ਹੈ। ਬੜੀ ਖੁਸ਼ੀ ਦੀ ਗੱਲ ਹੈ ਕਿ ਵਿਦੇਸ਼ਾਂ ਦੀ ਜੰਮਪਲ ਵੀ ਵਾਪਸ ਪੰਜਾਬ ਦੀ ਧਰਤੀ ਦੇ ਉਪਰ ਆਣ ਕੇ ਇਸ ਸੱਭਿਆਚਾਰ ਨੂੰ ਸਮਝ ਕੇ ਅਪਨਾਉਣਾ ਚਾਹੁੰਦੇ ਹਨ। ਵਿਦੇਸ਼ੀ ਅਧਿਆਪਕਾਂ ਨਾਲ ਗੱਲਬਾਤ ਕਰਕੇ ਬੱਚਿਆਂ ਵਿੱਚ ਸੈਲਫ ਕੋਨਫੀਡੈਂਸ ਹੁੰਦਾ ਹੈ ਤੇ ਅੰਗਰੇਜ਼ੀ ਦੀ ਸਮਝ ਵੱਧਦੀ ਹੈ। ਇਸੇ ਕਰਕੇ ਆਕਲੈਂਡ ਸਕੂਲ ਫਤਹਿਗੜ੍ਹ ਪੰਜਤੂਰ ਦੇ ਵਿਦਿਆਰਥੀ ਦੁਨੀਆਂ ਵਿੱਚ ਹਰ ਜਗ੍ਹਾ ਛਾਏ ਹੋਏ ਹਨ। ਸਕੂਲ ਵਿੱਚ ਵਿਦਿਆਰਥੀਆਂ ਨੂੰ ਚੜ੍ਹਦੀਕਲਾ ਵਿੱਚ ਰਹਿਣਾ ਤੇ ਪਾਜ਼ੀਟਿਵ ਅਪਰੋਚ ਨਾਲ ਹਰ ਮੰਜ਼ਿਲ ਤੈਅ ਕਰਨ ਦਾ ਸਬਕ ਸਿਖਾਇਆ ਜਾਂਦਾ ਹੈ ਤੇ ਦੱਸਿਆ ਜਾਂਦਾ ਹੈ ਕਿ ਤੁਸੀਂ ਬਹੁਤ ਹੀ ਸਪੈਸ਼ਲ ਹੋ ਕਿਉਂਕਿ ਆਕਲੈਂਡ ਸਕੂਲ ਦੇ ਵਿਦਿਆਰਥੀ ਵਿਦੇਸ਼ਾਂ ਵਿੱਚ ਛਾਏ ਹੋਏ ਹਨ ਤੇ ਇੰਡੀਆ ਵਿੱਚ ਵੀ ਐਮਬੀਬੀਐਸ, ਇੰਜੀਨੀਅਰ ਤੇ ਆਈਐਸ ਦੇ ਆਪਣੇ ਸੁਪਨੇ ਸਾਕਾਰ ਕਰ ਰਹੇ ਹਨ। ਸਕੂਲ ਵਿੱਚ ਅੰਗਰੇਜ਼ੀ ਪੜ੍ਹਾਉਣ ਲਈ ਫਰਾਂਸ ਤੇ ਇੰਗਲੈਂਡ ਅਮਰੀਕਾ ਤੋਂ ਅਧਿਆਪਕ ਆਉਂਦੇ ਹਨ ਤੇ ਸਕੂਲ ਦਾ ਫਰਾਂਸ ਦੇ ਅੰਟਨਿਓ ਰੋਸ ਹਾਈ ਸਕੂਲ ਤੇ ਹੋਰ ਚਾਰ ਵਿਦੇਸ਼ੀ ਸਕੂਲਾਂ ਨਾਲ ਸਟੂਡੈਂਟ ਐਕਸਚੇਂਜ ਪ੍ਰੋਗਰਾਮ ਚਲ ਰਿਹਾ ਹੈ ਤੇ ਛੇਵੀਂ ਜਮਾਤ ਤੋਂ ਐਨਸੀਆਰਟੀ ਦੇ ਐਮਸੀਕਿਊ ਕਰਵਾ ਕੇ ਅਕਾਲ ਯੂਨੀਵਰਸਿਟੀ ਤੇ ਨਿਸ਼ਾਨੇ ਸਿੱਖੀ ਦੇ ਵਿੱਚ ਐਡਮਿਸ਼ਨ ਕਰਵਾਉਣ ਦੀ ਤਿਆਰੀ ਕੀਤੀ ਜਾਂਦੀ ਹੈ ਜਿਥੇ ਵਿਦਿਆਰਥੀ ਐਡਮਿਸ਼ਨ ਲੈ ਕੇ ਬੀਏ ਦੇ ਨਾਮ ਨਾਲ ਆਈਏਐਸ ਦੀ ਫ੍ਰੀ ਪੜ੍ਹਾਈ ਕਰਦੇ ਹਨ। ਛੇਵੀਂ ਜਮਾਤ ਤੋਂ ਹੀ ਅੰਗਰੇਜ਼ੀ ਟ੍ਰਿਬਿਊਨ ਤੇ ਵਰਡ ਪਾਵਰ ਤੇ ਐਨਸੀਆਰਟੀ ਦੀ ਐਮਸੀਕਿਊ ਦੀ ਤਿਆਰੀ ਕਰਵਾਈ ਜਾਂਦੀ ਹੈ। ਸਕੂਲ ਦੀ ਫੀਸ ਨਰਸਰੀ ਤੋਂ ਗਿਆਰਵੀਂ ਸੀਬੀਐਸਈ ਦੀ ਕੇਵਲ 13000 ਸਾਲਾਨਾ ਕਰ ਦਿੱਤੀ ਗਈ ਹੈ ਤਾਂ ਜੋ ਵਧੀਆ ਐਜੂਕੇਸ਼ਨ ਹਰ ਵਿਅਕਤੀ ਦੀ ਪਹੁੰਚ ਵਿੱਚ ਹੋਵੇ।



## ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ 'ਚ ਡਰੋਨ ਤੇ ਏਰੀਅਲ ਤਕਨੀਕਾਂ 'ਤੇ ਵਰਕਸ਼ਾਪ ਕਰਵਾਈ



ਸ੍ਰੀ ਫਤਹਿਗੜ੍ਹ ਸਾਹਿਬ, 17 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ, ਫਤਹਿਗੜ੍ਹ ਸਾਹਿਬ ਦੇ ਮਕੈਨੀਕਲ ਇੰਜੀਨੀਅਰਿੰਗ ਵਿਭਾਗ ਵੱਲੋਂ ਡਰੋਨ ਤੇ ਏਰੀਅਲ ਤਕਨੀਕਾਂ ਵਿਸ਼ੇ 'ਤੇ ਇੱਕ ਦਿਵਸੀ ਵਰਕਸ਼ਾਪ ਸਫਲਤਾਪੂਰਵਕ ਆਯੋਜਿਤ ਕੀਤੀ ਗਈ। ਇਸ ਵਰਕਸ਼ਾਪ ਦਾ ਸੈਸ਼ਨ ਸਰਟੀਫਾਈਡ ਡਰੋਨ ਪਾਇਲਟ ਇੰਜੀਨੀਅਰ ਹਰਨੂਰ ਸਿੰਘ ਵੱਲੋਂ ਬਹੁਤ ਹੀ ਵਿਸਥਾਰਪੂਰਵਕ ਤੇ ਪ੍ਰਭਾਵਸ਼ਾਲੀ ਢੰਗ ਨਾਲ ਸੰਚਾਲਿਤ ਕੀਤਾ ਗਿਆ। ਵਰਕਸ਼ਾਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਪਣੇ ਅਕਾਦਮਿਕ ਗਿਆਨ ਨੂੰ ਪ੍ਰਯੋਗਾਤਮਕ ਪੱਧਰ 'ਤੇ ਲਾਗੂ ਕਰਨ ਯੋਗ ਬਣਾਉਣਾ ਤੇ ਉਦਯੋਗ ਦੀਆਂ ਮੌਜੂਦਾ ਲੋੜਾਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ। ਇਸ ਦੌਰਾਨ ਵਿਦਿਆਰਥੀਆਂ ਨੂੰ ਡਰੋਨ ਡਾਇਨਾਮਿਕਸ, ਡਰੋਨ ਦੇ ਭਾਗਾਂ ਦੀ 3ਡੀ ਪ੍ਰਿੰਟਿੰਗ, ਏਰੀਅਲ ਫੋਟੋਗ੍ਰਾਫੀ, ਫਲਾਈਟ ਉਪਰੇਸ਼ਨ ਤੇ ਡਰੋਨ ਡਿਜ਼ਾਇਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਵਰਕਸ਼ਾਪ ਵਿੱਚ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਤੇ ਸੈਸ਼ਨ ਦੌਰਾਨ ਸਰਗਰਮ ਭਾਗੀਦਾਰੀ ਦਰਸਾਈ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਲਖਵੀਰ ਸਿੰਘ ਨੇ ਮਕੈਨੀਕਲ ਇੰਜੀਨੀਅਰਿੰਗ ਵਿਭਾਗ ਦੇ ਯਤਨਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਪ੍ਰਯੋਗਾਤਮਕ ਹੁਨਰਾਂ ਨੂੰ ਨਿਖਾਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਮਕੈਨੀਕਲ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਡਾ. ਬੀ.ਐਸ. ਭੁੱਲਰ ਨੇ ਵੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਡਰੋਨ ਤਕਨਾਲੋਜੀ ਨੂੰ ਅਪਣਾਉਣ ਤੇ ਇਸ ਖੇਤਰ ਵਿੱਚ ਨਵੀਆਂ ਸੰਭਾਵਨਾਵਾਂ ਦੀ ਖੋਜ ਕਰਨ ਲਈ ਪ੍ਰੇਰਿਤ ਕੀਤਾ। ਅੰਤ ਵਿੱਚ, ਇਸ ਸਮਾਗਮ ਦੇ ਕੋਆਰਡੀਨੇਟਰ ਫਲਾਇੰਗ ਅਫਸਰ (ਪ੍ਰੋ.) ਗਗਨਦੀਪ ਸਿੰਘ ਨੇ ਸਾਰੇ ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

## ਅਮਰ ਸ਼ਹੀਦ ਬਾਬਾ ਮੋਤੀ ਰਾਮ ਜੀ ਮਹਿਰਾ ਮੈਮੋਰੀਅਲ ਚੈਰੀਟੇਬਲ ਟਰੱਸਟ ਦੀ ਚੋਣ ਕਮੇਟੀ ਵੱਲੋਂ ਚੋਣਾਂ ਦਾ ਐਲਾਨ



ਸ੍ਰੀ ਫ਼ਤਹਿਗੜ੍ਹ ਸਾਹਿਬ, 17 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਮੈਮੋਰੀਅਲ ਚੈਰੀਟੇਬਲ ਟਰੱਸਟ ਦੀ ਚੋਣ ਕਮੇਟੀ ਦੀ ਮੀਟਿੰਗ ਸਰਵਣ ਸਿੰਘ ਬਿਹਾਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਚੋਣ ਕਮੇਟੀ ਦੇ ਸੱਤ ਮੈਂਬਰ ਹਾਜ਼ਰ ਸਨ। ਹਾਜ਼ਰ ਮੈਂਬਰਾਂ ਨੇ ਸਰਬ-ਸੰਮਤੀ ਨਾਲ ਟਰੱਸਟ ਦੀ ਚੋਣ 17 ਮਈ 2026 ਦਿਨ ਐਤਵਾਰ ਨੂੰ ਕਰਵਾਉਣ ਦਾ ਐਲਾਨ ਕੀਤਾ। ਚੋਣ ਕਮੇਟੀ ਦੀ ਕਨਵੀਨਰ ਸਰਵਣ ਸਿੰਘ ਬਿਹਾਲ ਤੇ ਰਿਟਰਨਿੰਗ ਅਫਸਰ ਮਹਿੰਦਰ ਸਿੰਘ ਮੋਰਿੰਡਾ ਨੇ ਦੱਸਿਆ ਕਿ ਚੋਣਾਂ ਲਈ ਨਾਮਜ਼ਦਗੀ ਪੱਤਰ 22 ਤੋਂ 24 ਅਪ੍ਰੈਲ ਤੱਕ ਦਾਖਲ ਕੀਤੇ ਜਾ ਸਕਦੇ ਹਨ ਤੇ ਨਾਮਜ਼ਦਗੀ ਪੱਤਰਾਂ ਦੀ ਪੜਤਾਲ 25 ਅਪ੍ਰੈਲ ਨੂੰ ਹੋਵੇਗੀ। ਨਾਮਜ਼ਦਗੀ ਪੱਤਰ ਵਾਪਸ ਲੈਣ ਤੇ ਚੋਣ ਨਿਸ਼ਾਨ ਅਲਾਟ ਕਰਨ ਦੀ ਮਿਤੀ 26 ਅਪ੍ਰੈਲ ਹੋਵੇਗੀ ਤੇ ਵੋਟਾਂ 17 ਮਈ 2026 ਨੂੰ ਸਵੇਰੇ 08 ਵਜੇ ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ ਤੇ ਉਸੇ ਦਿਨ ਨਤੀਜਾ ਐਲਾਨ ਦਿੱਤਾ ਜਾਵੇਗਾ। ਇਸ ਸਮੇਂ ਚੋਣ ਕਮੇਟੀ ਦੇ ਬਾਕੀ ਮੈਂਬਰ ਨਿਰਮਲ ਸਿੰਘ ਮੀਨੀਆ, ਜਸਪਾਲ ਸਿੰਘ ਕਲੌਂਦੀ, ਬਲਬੀਰ ਸਿੰਘ ਬੱਬੂ, ਜਰਨੈਲ ਸਿੰਘ ਹਸਨਪੁਰ ਤੇ ਰਣਜੀਤ ਸਿੰਘ ਠੇਕੇਦਾਰ ਹਾਜ਼ਰ ਸਨ।

## ਏ.ਵੀ. ਪਬਲਿਕ ਸਕੂਲ ਦਾ 100 ਫ਼ੀਸਦੀ ਨਤੀਜਾ

ਫਾਜ਼ਿਲਕਾ, 17 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਏ.ਵੀ. ਪਬਲਿਕ ਸਕੂਲ (ਏ.ਵੀ.ਪੀ.ਐਸ) ਨੇ ਇੱਕ ਵਾਰ ਫਿਰ ਆਪਣੀ ਸ਼ਾਨਦਾਰ ਸਿੱਖਿਆ ਪ੍ਰੰਪਰਾ ਨੂੰ ਜਾਰੀ ਰੱਖਦਿਆਂ ਸੈਸ਼ਨ 2025-26 ਦੀ ਕਲਾਸ ਦਸਵੀਂ ਸੀਬੀਐਸਈ ਪ੍ਰੀਖਿਆ ਵਿੱਚ 100 ਫੀਸਦੀ ਨਤੀਜਾ ਹਾਸਲ ਕੀਤਾ ਹੈ। ਸਕੂਲ ਦੇ ਕੁੱਲ 109 ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਹਿੱਸਾ ਲਿਆ ਤੇ ਸਾਰੇ ਹੀ ਕਾਮਯਾਬ ਰਹੇ, ਜਿਸ ਨਾਲ ਸਕੂਲ ਦਾ ਨਾਮ ਹੋਰ ਰੌਸ਼ਨ ਹੋਇਆ ਹੈ। ਸਕੂਲ ਦੀ ਵਿਦਿਆਰਥਣ ਕ੍ਰਿਤਿਕਾ ਕੰਬੋਜ ਨੇ 98.8 ਫੀਸਦੀ ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ। ਹਰਿਤਵਿਕ ਸਿੰਘ ਨੇ 98.6 ਫੀਸਦੀ ਅੰਕਾਂ ਨਾਲ ਦੂਜਾ, ਆਦਿਤਿਆ ਕਾਠਪਾਲ ਨੇ 98.4 ਫੀਸਦੀ ਨਾਲ ਤੀਜਾ, ਰਾਜ ਕਮਲ ਨੇ 98 ਫੀਸਦੀ ਨਾਲ ਚੌਥਾ ਤੇ ਸ਼ਿਵਮ ਵਰਮਾ ਨੇ 97.6 ਫੀਸਦੀ ਨਾਲ ਪੰਜਵਾਂ ਸਥਾਨ ਪ੍ਰਾਪਤ ਕੀਤਾ। ਗਣਿਤ ਵਿਸ਼ੇ ਵਿੱਚ ਕ੍ਰਿਤਿਕਾ ਕੰਬੋਜ, ਯਸ਼, ਅਰਮਾਨ ਚਾਵਲਾ, ਅਭਿਸ਼ੇਕ ਮੋਂਗਾ, ਆਦਿਤਿਆ ਕਾਠਪਾਲ, ਸਾਖੀ ਸ਼ੇਰਗਿਲ, ਅੰਸ਼ਿਤ ਫੁਟੇਲਾ, ਕ੍ਰਿਤਿਕਾ, ਉਜਵਲ ਤੇ ਸਾਨਵੀ ਨੇ 100 ਵਿੱਚੋਂ 100 ਅੰਕ ਪ੍ਰਾਪਤ ਕੀਤੇ। ਹੋਰ ਵਿਸ਼ਿਆਂ ਵਿੱਚ ਹਰਿਤਵਿਕ ਸਿੰਘ ਨੇ ਅੰਗਰੇਜ਼ੀ ਤੇ ਸੋਸ਼ਲ ਸਾਇੰਸ ਵਿੱਚ, ਜਦਕਿ ਦਿਵਾਂਸ਼ੀ ਨੇ ਪੰਜਾਬੀ ਵਿਸ਼ੇ ਵਿੱਚ ਪੂਰੇ 100 ਅੰਕ ਹਾਸਲ ਕਰਕੇ ਆਪਣੀ ਕਾਬਲੀਅਤ ਸਾਬਤ ਕੀਤੀ।80 ਫੀਸਦੀ ਤੋਂ ਵੱਧ ਅੰਕ ਲੈਣ ਵਾਲੇ ਵਿਦਿਆਰਥੀਆਂ ਵਿੱਚ ਦਿਵਾਂਸ਼ੀ ਨੇ 97.2 ਫੀਸਦੀ, ਅਭਿਸ਼ੇਕ ਮੋਂਗਾ ਤੇ ਸ਼ਗੁਨ ਨੇ 96.4 ਫੀਸਦੀ, ਜਸਲੀਨ ਕੌਰ ਤੇ ਸ਼ਿਵਾਂਸ਼ ਤਿੰਨਾ ਨੇ 96 ਫੀਸਦੀ, ਅਰਮਾਨ ਚਾਵਲਾ ਨੇ 95.8 ਫੀਸਦੀ, ਮਾਧਵ ਕਾਠਪਾਲ ਤੇ ਉਜਵਲ ਨੇ 95.6 ਫੀਸਦੀ, ਸਾਖੀ ਸ਼ੇਰਗਿਲ ਨੇ 95.2 ਫੀਸਦੀ ਤੇ ਕਨਿਕਾ ਸ਼ਰਮਾ ਨੇ 95 ਫੀਸਦੀ ਅੰਕ ਪ੍ਰਾਪਤ ਕੀਤੇ।ਇਸੇ ਤਰ੍ਹਾਂ ਕ੍ਰਿਤਿਕਾ ਨੇ 94.8 ਫੀਸਦੀ ਅੰਕ ਪ੍ਰਾਪਤ ਕੀਤੇ।

## ਅਗਰਵਾਲ ਸਮਾਜ ਦੇ ਸਥਾਪਨਾ ਦਿਵਸ ਸਬੰਧੀ ਮੀਟਿੰਗ

ਅਮਲੋਹ, 17 ਅਪ੍ਰੈਲ (ਜਸਵੰਤ ਸਿੰਘ): ਅਮਲੋਹ ਅਗਰਵਾਲ ਸਮਾਜ ਦੀ ਇੱਕ ਮੀਟਿੰਗ ਸੀਏ ਪ੍ਰੇਮ ਕੁਮਾਰ ਜਿੰਦਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਅਮਲੋਹ ਦੇ ਅਗਰਵਾਲ ਪਰਿਵਾਰਾਂ ਨੇ ਸ਼ਿਰਕਤ ਕੀਤੀ।ਮੀਟਿੰਗ ਵਿੱਚ ਹਰਿਆਣਾ ਦੇ ਸਾਬਕਾ ਮੰਤਰੀ ਅਸੀਮ ਗੋਇਲ ਤੇ ਅਨੁਜ ਛਾਹਡੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਵਿੱਚ ਅਗਰਵਾਲ ਸਮਾਜ ਨੂੰ ਆ ਰਹੀਆਂ ਮੁਸ਼ਕਿਲਾਂ ਸਬੰਧੀ ਵਿਚਾਰ ਕੀਤਾ ਗਿਆ। ਇਸ ਮੌਕੇ ਅਸੀਮ ਗੋਇਲ ਨੇ 12 ਮਈ ਨੂੰ ਚੰਡੀਗੜ੍ਹ ਵਿਖੇ ਅਗਰਵਾਲ ਸਮਾਜ ਦੇ ਸਥਾਪਨਾ ਦਿਵਸ ਮੌਕੇ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅਗਰਵਾਲ ਸਮਾਜ ਦਾਨਵੀਰ, ਕਰਮਸ਼ੀਲ ਤੇ ਪੜ੍ਹਿਆ ਲਿਖਿਆ ਵਿਉਪਾਰੀ ਸਮਾਜ ਹੈ ਪਰ ਇੱਕਜੁਟ ਨਾ ਹੋਣ ਕਾਰਨ ਇਹ ਸਰਕਾਰਾਂ ਕੋਲੋਂ ਆਪਣੀਆਂ ਜਾਇਜ਼ ਮੰਗਾਂ ਵੀ ਨਹੀਂ ਮਨਾ ਸਕਦਾ, ਜਦੋਂ ਕਿ ਇਹ ਸਮਾਜ ਸਭ ਤੋਂ ਜ਼ਿਆਦਾ ਟੈਕਸ ਦਿੰਦਾ ਹੈ। ਉਨ੍ਹਾਂ ਸਮਾਜ ਨੂੰ ਇੱਕ ਝੰਡੇ ਥੱਲੇ ਇਕੱਠਾ ਹੋਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਮੰਤਵ ਲਈ ਹੀ 'ਅਖਿਲ ਭਾਰਤੀਆ ਅਗਰਵਾਲ ਮੈਤਰੀ ਸੰਘ' ਦੀ ਸਥਾਪਨਾ ਕੀਤੀ ਗਈ ਹੈ, ਜਿਸ ਦੀ ਦੇਖ ਰੇਖ ਹੇਠ 12 ਮਈ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਵਿੱਚ ਦੇਸ਼-ਵਿਦੇਸ਼ ਦੇ ਅਗਰਵਾਲ ਸਮਾਜ ਦੇ ਲੋਕ ਸ਼ਾਮਲ ਹੋਣਗੇ। ਇਸ ਮੌਕੇ ਸਭਾ ਦੇ ਪ੍ਰਧਾਨ ਸੀਏ ਪ੍ਰੇਮ ਕੁਮਾਰ ਜਿੰਦਲ ਤੇ ਪ੍ਰਦੀਪ ਗਰਗ ਨੇ ਦੱਸਿਆ ਕਿ ਮਹਾਰਾਜਾ ਅਗਰਸੇਨ ਵੱਲੋਂ 5142 ਸਾਲ ਪਹਿਲਾਂ ਅਗਰਵਾਲ ਸਮਾਜ ਦੀ ਸਥਾਪਨਾ ਕੀਤੀ। ਸਮਾਜ ਦੇ 18 ਗੋਤਾਂ ਵਿੱਚ ਇਨ੍ਹਾਂ ਸੰਸਾਰ ਵਿੱਚ ਆਪਣੀ ਪਹਿਚਾਣ ਬਣਾਈ ਹੋਈ ਹੈ। ਭਾਰਤ ਵਿੱਚ ਇਸ ਸਥਾਪਨਾ ਦਿਵਸ ਨੂੰ ਪਹਿਲੀ ਵਾਰ ਪਿਛਲੇ ਸਾਲ ਦਿੱਲੀ ਵਿੱਚ ਮਨਾਇਆ ਗਿਆ, ਜਿਸ ਵਿੱਚ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਤੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਨੀ ਸ਼ਾਮਲ ਹੋਏ ਸਨ। ਇਸ ਵਾਰ ਇਹ ਸਮਾਗਮ ਚੰਡੀਗੜ੍ਹ 'ਚ ਹੋਵੇਗਾ। ਉਨ੍ਹਾਂ ਦੱਸਿਆ ਕਿ ਚੰਡੀਗੜ੍ਹ 'ਚ ਪੰਡਤ ਵਿਜੇ ਮਹਿਤਾ ਉਜੇਨ ਮਹਾਰਾਜਾ ਅਗਰਸੇਨ ਤੇ ਅਗਰਵਾਲ ਸਮਾਜ ਵਾਰੇ ਜਾਣਕਾਰੀ ਦੇਣਗੇ। ਸਮਾਗਮ ਵਿੱਚ ਭਾਜਪਾ ਆਗੂ ਪ੍ਰਦੀਪ ਗਰਗ, ਕੌਂਸਲਰ ਪੂਨਮ ਜਿੰਦਲ, ਪਰਵੀਨ ਜਿੰਦਲ, ਪਵਨ ਜਿੰਦਲ ਬਿੱਟੂ, ਸੀਏ ਸੀਮਾ ਅਗਰਵਾਲ, ਸੁਰਿੰਦਰ ਜਿੰਦਲ, ਸ਼ਿਵ ਕੁਮਾਰ ਗੋਇਲ, ਯੋਗੇਸ਼ ਬਾਂਸਲ, ਵਿਸ਼ਨੂੰ ਜਿੰਦਲ, ਰਾਕੇਸ਼ ਗਰਗ ਬਬਲੀ, ਰੁਪਿੰਦਰ ਜਿੰਦਲ, ਦੀਪਕ ਗੋਇਲ, ਯੋਗਸ਼ ਗੁਪਤਾ, ਸੁਧੀਰ ਮਿੱਤਲ, ਡਾ. ਸੁਸ਼ੀਲ ਗੋਇਲ, ਵਿਵੇਕ ਗੋਇਲ, ਦਿਨੇਸ਼ ਗੋਇਲ ਤੇ ਵਿਸ਼ਾਲ ਗੋਇਲ ਹਾਜ਼ਰ ਸਨ।



## ਮਨੁੱਖੀ ਅਧਿਕਾਰਾਂ ਬਾਰੇ ਜਾਗਰੂਕਤਾ ਹਰ ਨਾਗਰਿਕ ਲਈ ਜ਼ਰੂਰੀ

ਮੰਡੀ ਗੋਬਿੰਦਗੜ੍ਹ, 17 ਅਪ੍ਰੈਲ (ਸੂਦ): ਯੁਵਾ ਖੱਤਰੀ ਸਭਾ ਦੇ ਸੂਬਾ ਪ੍ਰਧਾਨ ਨਰਿੰਦਰ ਭਾਟੀਆ ਤੇ ਸਵਾਮੀ ਵਿਵੇਕਾਨੰਦ ਸੇਵਾ ਸੰਮਤੀ (ਰਜਿ.) ਦੇ ਪ੍ਰਧਾਨ ਡਾ. ਅਮਿਤ ਸੰਦਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਮਾਜਿਕ ਸੰਸਥਾਵਾਂ ਜਿਨ੍ਹਾਂ ਨੇ ਸਿਹਤ, ਸਿੱਖਿਆ ਤੇ ਸਮਾਜ ਸੇਵਾ ਆਦਿ ਖੇਤਰਾਂ ਵਿੱਚ ਸ਼ਾਨਦਾਰ ਸੇਵਾਵਾਂ ਨਿਭਾਈਆਂ ਹਨ ਨੂੰ ਪੰਜਾਬ ਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਚੰਡੀਗੜ੍ਹ ਵਿੱਚ ਸਨਮਾਨਤ ਕੀਤਾ ਗਿਆ। ਇਸ ਵਿੱਚ ਪੰਜਾਬ ਭਰ ਦੇ 23 ਜ਼ਿਲ੍ਹਿਆਂ ਦੀਆਂ ਸਮਾਜਿਕ ਸੰਸਥਾਵਾਂ ਜਿਨ੍ਹਾਂ ਨੇ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਸਮਾਜਿਕ ਕਾਰਜਾਂ ਵਿੱਚ ਆਪਣੇ ਸ਼ਾਨਦਾਰ ਕੰਮ ਦਾ ਪ੍ਰਦਰਸ਼ਨ ਕੀਤਾ ਦਾ ਸਨਮਾਨ ਕੀਤਾ ਗਿਆ। ਵਿਸ਼ਵਾਸ ਏਕ ਉਮੀਦ ਦੇ ਪ੍ਰਧਾਨ ਰਵਿੰਦਰ ਸਿੰਘ ਪਦਮ ਨੇ ਦੱਸਿਆ ਕਿ ਇਸ ਮੌਕੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਸੀਨੀਅਰ ਅਧਿਕਾਰੀ ਤੇ ਸੂਬੇ ਦੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਹਰ ਨਾਗਰਿਕ ਨੂੰ ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕ ਹੋਣਾ ਚਾਹੀਦਾ ਹੈ। ਪੰਜਾਬ ਰਾਜ ਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ਾਂਤੀ, ਮੈਂਬਰ ਜਸਟਿਸ ਗੁਰਬੀਰ ਸਿੰਘ ਤੇ ਰਜਿਸਟਰਾਰ ਕੇਕੇ ਬਾਂਸਲ ਨੇ ਯੁਵਾ ਖੱਤਰੀ ਸਭਾ ਦੇ ਸੂਬਾ ਪ੍ਰਧਾਨ ਨਰਿੰਦਰ ਭਾਟੀਆ, ਸਵਾਮੀ ਵਿਵੇਕਾਨੰਦ ਸੇਵਾ ਸੰਮਤੀ ਦੇ ਪ੍ਰਧਾਨ ਡਾ. ਅਮਿਤ ਸੰਦਲ, ਵਿਸ਼ਵਾਸ ਏਕ ਉਮੀਦ ਦੇ ਪ੍ਰਧਾਨ ਰਵਿੰਦਰ ਸਿੰਘ ਪਦਮ, ਯੁਵਾ ਖੱਤਰੀ ਸਭਾ ਦੇ ਪ੍ਰਧਾਨ ਰਿਤੇਸ਼ ਜੰਡ, ਅਪਰਾਧ ਰੋਕਥਾਮ ਪ੍ਰੀਸ਼ਦ ਆਫ਼ ਇੰਡੀਆ ਦੇ ਪ੍ਰਦੀਪ ਭਾਰਤੀ, ਸਮਾਜ ਸੇਵਕ ਸੰਦੀਪ ਸਿੰਘ ਤੇ ਗੁਰਚਰਨ ਸਿੰਘ ਜੰਜੂਆ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਤੇ ਉਨ੍ਹਾਂ ਨੂੰ ਕਮਿਸ਼ਨ ਦੇ ਜ਼ਿਲ੍ਹਾ ਪੱਧਰੀ ਕੋਰ ਗਰੁੱਪ ਦੇ ਮੈਂਬਰ ਨਾਮਜ਼ਦ ਕੀਤਾ। ਇਸ ਮੌਕੇ ਪੰਜਾਬ ਦੇ ਡੀਜੀਪੀ ਗੌਰਵ ਯਾਦਵ, ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ, ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੀ ਉਪ ਚੇਅਰਪਰਸਨ ਗੁਰਜੀਤ ਕੌਰ ਰੁਚੀ ਬਾਬਾ, ਚੰਡੀਗੜ੍ਹ ਦੇ ਡੀ.ਜੀ.ਪੀ. ਡਾ. ਸਾਗਰ ਪ੍ਰੀਤ ਹੁੱਡਾ ਆਦਿ ਮੌਜੂਦ ਸਨ।




## ਕਿਸਾਨਾਂ ਦੀ ਕਣਕ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ: ਚੇਅਰਮੈਨ ਸਹੋਤਾ



ਮੁਕੇਰੀਆਂ, 17 ਅਪ੍ਰੈਲ (ਧਰਮ ਚੰਦ): ਹਾੜ੍ਹੀ ਸੀਜ਼ਨ ਦੀ ਪ੍ਰਮੁੱਖ ਫਸਲ ਕਣਕ ਦੀ ਆਮਦ ਮੰਡੀਆਂ ਵਿੱਚ ਆਉਣੀ ਸ਼ੁਰੂ ਹੋ ਚੁੱਕੀ ਹੈ। ਕਣਕ ਦੇ ਸੀਜ਼ਨ ਨੂੰ ਲੈ ਕੇ ਪੰਜਾਬ ਸਰਕਾਰ ਤੇ ਮੰਡੀ ਬੋਰਡ ਦੀਆਂ ਹਦਾਇਤਾਂ ਅਨੁਸਾਰ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕੀਤੇ ਗਏ ਹਨ। ਮਾਰਕੀਟ ਕਮੇਟੀ ਮੁਕੇਰੀਆਂ ਅਧੀਨ ਆਉਂਦੀ ਮੰਡੀ ਧਾਮੀਆ ਦਾ ਨਿਰੀਖਣ ਕਰਨ ਤੋਂ ਬਾਅਦ ਕਣਕ ਦੀ ਬੋਲੀ ਲਗਾ ਕੇ ਸਰਕਾਰੀ ਖਰੀਦ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਚੇਅਰਮੈਨ ਹਰਜੀਤ ਸਿੰਘ ਸਹੋਤਾ ਨੇ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਕਣਕ ਦੀ ਫਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ ਤੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਨਹੀ ਆਉਣ ਦਿੱਤੀ ਜਾਵੇਗੀ। ਇਸ ਸਬੰਧੀ ਸਰਕਾਰ ਵੱਲੋਂ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕੀਤੇ ਗਏ ਹਨ। ਚੇਅਰਮੈਨ ਸਹੋਤਾ ਨੇ ਕਿਹਾ ਕਿ ਕਿਸਾਨ ਵੀਰਾਂ ਨੂੰ ਉਨ੍ਹਾਂ ਦੀ ਫਸਲ ਦੀ ਬਣਦੀ ਅਦਾਇਗੀ ਵੀ ਖਰੀਦ ਹੋਣ ਉਪਰੰਤ ਸਰਕਾਰ ਵੱਲੋਂ 24-48 ਘੰਟਿਆਂ ਦੇ ਵਿਚ ਕਿਸਾਨਾਂ ਦੇ ਖਾਤਿਆਂ ਵਿੱਚ ਕੀਤੀ ਜਾਵੇਗੀ। ਉਨ੍ਹਾਂ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਫਸਲ ਮੰਡੀ ਵਿੱਚ ਪੂਰੀ ਤਰ੍ਹਾਂ ਪੱਕਣ ਉਪਰੰਤ ਸੁਕਾ ਕੇ ਲਿਆਉਣ। ਜੇਕਰ ਕਿਸੇ ਵੀ ਕਿਸਾਨ ਨੂੰ ਮੰਡੀਆਂ ਵਿੱਚ ਕੋਈ ਸਮੱਸਿਆ ਆਉਂਦੀ ਹੈ ਤਾਂ ਤੁਰੰਤ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ ਜਾਂ ਦਫਤਰ ਮਾਰਕੀਟ ਕਮੇਟੀ ਮੁਕੇਰੀਆਂ ਵਿਖੇ ਸੰਪਰਕ ਕਰਨ। ਇਸ ਮੌਕੇ 'ਤੇ ਅਕਾਸ਼ਦੀਪ ਸਿੰਘ ਸਕੱਤਰ ਮਾਰਕੀਟ ਕਮੇਟੀ, ਵਿਕਰਮ ਸਿੰਘ ਮੰਡੀ ਸੁਪਰਵਾਈਜ਼ਰ, ਗਰੀਸ਼ ਉਪਲ ਮੰਡੀ ਸੁਪਰਵਾਈਜ਼ਰ, ਰਜਨੀਸ਼ ਕੌਂਡਲ ਕਲਰਕ, ਬਲਵਿੰਦਰ ਸਿੰਘ ਇੰਸਪੈਕਟਰ ਪਨਗਰੇਨ ਤੇ ਸਮੂਹ ਆੜ੍ਹਤੀ ਦਾਣਾ ਮੰਡੀ ਧਾਮੀਆ ਮੌਜੂਦ ਸੀ।

## ਡਾ. ਭੀਮ ਰਾਓ ਅੰਬੇਡਕਰ ਦਲਿਤਾਂ ਦੇ ਮਸੀਹਾ, ਇੱਕ ਮਹਾਨ ਚਿੰਤਕ, ਕਾਨੂੰਨਦਾਨ ਤੇ ਅਰਥਸ਼ਾਸਤਰੀ ਸਨ: ਡਾ. ਸੀਮਾਂਤ ਗਰਗ



ਮੋਗਾ, 17 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖਰਾਣਾ): ਭਾਰਤੀ ਸੰਵਿਧਾਨ ਦੇ ਨਿਰਮਾਤਾ ਤੇ ਭਾਰਤ ਰਤਨ ਪ੍ਰਾਪਤਕਰਤਾ ਡਾ. ਭੀਮ ਰਾਓ ਅੰਬੇਡਕਰ ਨੇ ਆਪਣਾ ਪੂਰਾ ਜੀਵਨ ਦਲਿਤਾਂ ਤੇ ਪਛੜੇ ਵਰਗਾਂ ਦੇ ਅਧਿਕਾਰਾਂ ਦੀ ਪ੍ਰਾਪਤੀ ਲਈ ਸੰਘਰਸ਼ ਲਈ ਸਮਰਪਿਤ ਕਰ ਦਿੱਤਾ। ਡਾ. ਭੀਮ ਰਾਓ ਅੰਬੇਡਕਰ ਨੇ ਲਗਾਤਾਰ ਮਜ਼ਦੂਰ ਵਰਗ ਤੇ ਔਰਤਾਂ ਦੇ ਅਧਿਕਾਰਾਂ ਦੀ ਰਾਖੀ ਕੀਤੀ। ਉਹ ਦਲਿਤਾਂ ਲਈ ਇੱਕ ਮਸੀਹਾ, ਇੱਕ ਡੂੰਘਾ ਚਿੰਤਕ, ਇੱਕ ਸਮਾਜ ਸੁਧਾਰਕ, ਇੱਕ ਕਾਨੂੰਨਦਾਨ ਤੇ ਇੱਕ ਪ੍ਰਸਿੱਧ ਅਰਥਸ਼ਾਸਤਰੀ ਸਨ, ਇੱਕ ਅਜਿਹੀ ਸ਼ਖਸੀਅਤ ਜਿਸਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਇਹ ਭਾਵਨਾਵਾਂ ਅੱਜ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ, ਡਾ. ਸੀਮਾਂਤ ਗਰਗ ਨੇ ਪੁਰਾਣੀ ਅਨਾਜ ਮੰਡੀ ਸਥਿਤ ਭਾਜਪਾ ਦਫ਼ਤਰ ਵਿਖੇ ਪਾਰਟੀ ਅਹੁਦੇਦਾਰਾਂ ਤੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤਾ, ਜਿੱਥੇ ਉਨ੍ਹਾਂ ਨੇ ਡਾ. ਭੀਮ ਰਾਓ ਅੰਬੇਡਕਰ ਦੀ 135ਵੀਂ ਜਨਮ ਵਰ੍ਹੇਗੰਢ ਦੇ ਮੌਕੇ 'ਤੇ ਉਨ੍ਹਾਂ ਦੀ ਤਸਵੀਰ 'ਤੇ ਹਾਰ ਪਹਿਨਾਏ। ਇਸ ਤੋਂ ਪਹਿਲਾਂ ਦਿਨ ਵੇਲੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸਿਮਰਤ ਗਰਗ, ਆਪਣੇ ਸਾਥੀ ਭਾਜਪਾ ਅਹੁਦੇਦਾਰਾਂ ਤੇ ਵਰਕਰਾਂ ਨਾਲ ਵਿਸਾਖੀ ਦੇ ਸ਼ੁਭ ਤਿਉਹਾਰ 'ਤੇ ਸ਼ਰਧਾ ਤੇ ਆਸ਼ੀਰਵਾਦ ਲੈਣ ਲਈ ਸਥਾਨਕ ਗੁਰਦੁਆਰਾ ਸਾਹਿਬ ਗਏ। ਇਸ ਮੌਕੇ 'ਤੇ ਭਾਜਪਾ ਦੇ ਉਪ-ਪ੍ਰਧਾਨ ਵਿੱਕੀ ਸਿਤਾਰਾ, ਮੰਡਲ ਪ੍ਰਧਾਨ ਭੁਪਿੰਦਰ ਹੈਪੀ ਤੇ ਉਮਾਕਾਂਤ ਰਾਏ, 'ਪ੍ਰਵਾਸੀ ਮੰਚ' (ਪ੍ਰਵਾਸੀ ਫੋਰਮ) ਦੇ ਵਿਜੇ ਮਿਸ਼ਰਾ, ਕਮਲ ਘਾਰੂ, ਆਈਟੀ ਸੈੱਲ ਦੇ ਮੁਕੇਸ਼ ਸ਼ਰਮਾ, ਤਰਸੇਮ ਜੰਡ, ਧਰਮਵੀਰ ਭਾਰਤੀ, ਆਸ਼ੀਸ਼ ਸਿੰਗਲਾ, ਨਰਿੰਦਰ ਪਾਲ ਸਿੰਘ ਸੇਠੀ, ਜਤਿੰਦਰ ਚੱਢਾ, 'ਮਹਿਲਾ ਮੋਰਚਾ' (ਮਹਿਲਾ ਵਿੰਗ) ਦੇ ਸੀਨੀਅਰ ਆਗੂ ਨੀਤੂ ਗੁਪਤਾ, ਸੰਜੀਵ ਅਗਰਵਾਲ, ਸੰਜੀਵ ਮੰਗਲਾ, ਸਚਿਨ ਗਰਗ, ਰਣਜੀਤ ਸਿੰਘ, ਨਰਿੰਦਰ ਸੇਠੀ ਤੇ ਗੋਲਡੀ ਕੌਰ ਸਮੇਤ ਵੱਡੀ ਗਿਣਤੀ ਵਿੱਚ ਹੋਰ ਭਾਜਪਾ ਅਹੁਦੇਦਾਰ ਤੇ ਵਰਕਰ ਮੌਜੂਦ ਸਨ। ਉਨ੍ਹਾਂ ਦੇ ਜਨਮ ਦਿਵਸ ਦੇ ਮੌਕੇ 'ਤੇ ਲੋਕਾਂ ਨੇ ਉਨ੍ਹਾਂ ਦੀ ਤਸਵੀਰ ਅੱਗੇ ਮੱਥਾ ਟੇਕ ਕੇ, ਫੁੱਲਾਂ ਦੇ ਹਾਰ ਭੇਟ ਕਰਕੇ ਤੇ ਉਨ੍ਹਾਂ ਦੁਆਰਾ ਪ੍ਰਕਾਸ਼ਤ ਮਾਰਗ 'ਤੇ ਚੱਲਣ ਦਾ ਪ੍ਰਣ ਲੈ ਕੇ ਸ਼ਰਧਾਂਜਲੀ ਭੇਟ ਕੀਤੀ।

## ਰਿਮਟ ਯੂਨੀਵਰਸਿਟੀ ਨੇ ਸੁਰੱਖਿਅਤ ਪ੍ਰਵਾਸ ਲਈ ਜਾਗਰੂਕਤਾ ਸਿੱਖਿਆ ਅਧੀਨ ਵਿਸ਼ੇ 'ਤੇ ਵਰਕਸ਼ਾਪ ਕਰਵਾਈ



ਮੰਡੀ ਗੋਬਿੰਦਗੜ੍ਹ, 17 ਅਪ੍ਰੈਲ (ਸੂਦ): ਰਿਮਟ ਯੂਨੀਵਰਸਿਟੀ ਦੇ ਸਕੂਲ ਆਫ਼ ਲਿਬਰਲ ਆਰਟਸ ਦੇ ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਨੇ ਅੰਤਰਰਾਸ਼ਟਰੀ ਪ੍ਰਵਾਸ ਸੰਗਠਨ ਦੇ ਸਹਿਯੋਗ ਨਾਲ ਸੁਰੱਖਿਅਤ ਪ੍ਰਵਾਸ ਜਾਗਰੂਕਤਾ ਵਿਸ਼ੇ 'ਤੇ ਵਰਕਸ਼ਾਪ ਕਰਵਾਈ, ਜਿਸ ਦਾ ਉਦੇਸ਼ ਵਿਦਿਆਰਥੀਆਂ ਤੇ ਚਾਹਵਾਨ ਪ੍ਰਵਾਸੀਆਂ ਨੂੰ ਸੁਰੱਖਿਅਤ, ਕਾਨੂੰਨੀ ਤੇ ਅੰਤਰਰਾਸ਼ਟਰੀ ਪ੍ਰਵਾਸ ਦੀ ਮਹੱਤਤਾ ਬਾਰੇ ਸੰਵੇਦਨਸ਼ੀਲਤਾ ਨੂੰ ਦਰਸਾਉਣਾ ਸੀ। ਸਮਾਗਮ ਵਿੱਚ ਅਨਿਯਮਿਤ ਪ੍ਰਵਾਸ ਨਾਲ ਜੁੜੇ ਜ਼ੋਖਮਾਂ ਬਾਰੇ ਜਾਣਕਾਰੀ ਦਿੱਤੀ ਗਈ ਤੇ ਪ੍ਰਸਤੁਤ ਲੋਕਾਂ ਨੂੰ ਪ੍ਰਵਾਸ ਬਾਰੇ ਜਾਗਰੂਕ ਕਰਦਿਆਂ ਫੈਸਲੇ ਲੈਣ ਸਮੇਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਇਸ ਸੈਸ਼ਨ ਵਿੱਚ ਸਲਾਹਕਾਰ ਵਿਜੇ ਚਿਖਲੇ ਸਮੇਤ ਕਈ ਮਾਹਿਰ ਸ਼ਾਮਲ ਹੋਏ ਜਿਨ੍ਹਾਂ ਨੇ ਵਿਸ਼ਵਵਿਆਪੀ ਪ੍ਰਵਾਸ ਰੁਝਾਨਾਂ, ਪ੍ਰਵਾਸੀਆਂ ਨੂੰ ਦਰਪੇਸ਼ ਸਮੱਸਿਆਵਾਂ, ਚੁਣੌਤੀਆਂ ਤੇ ਸੁਰੱਖਿਆ ਤੇ ਕਾਨੂੰਨੀ ਨੀਤੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਸ਼ੋਸ਼ਣ ਤੇ ਮਨੁੱਖੀ ਤਸਕਰੀ ਨੂੰ ਰੋਕਣ ਵਿੱਚ ਭਰੋਸੇਯੋਗ ਜਾਣਕਾਰੀ ਤੇ ਸਰਕਾਰ ਦੁਆਰਾ ਪ੍ਰਵਾਨਿਤ ਚੈਨਲਾਂ ਦੀ ਭੂਮਿਕਾ 'ਤੇ ਚਾਨਣਾ ਪਾਇਆ। ਪ੍ਰਸਿੱਧ ਮਾਹਿਰ ਰਿਪੁਦਮਨ ਸਿੰਘ ਜੋ ਕਿ ਚਿਤਕਾਰਾ ਯੂਨੀਵਰਸਿਟੀ ਵਿੱਚ ਸਹਾਇਕ ਪ੍ਰੋਫੈਸਰ ਤੇ 2013 ਤੋਂ ਆਲ ਇੰਡੀਆ ਰੇਡੀਓ ਵਿੱਚ ਰੇਡੀਓ ਵਕਤਾ ਹੈ ਨੇ ਪ੍ਰਵਾਸ ਮੁੱਦਿਆਂ ਬਾਰੇ ਜਾਗਰੂਕਤਾ ਆਧਾਰਿਤ ਭਾਸ਼ਣ ਦਿੱਤਾ। ਉਨ੍ਹਾਂ ਮੀਡੀਆ ਦੀ ਭੂਮਿਕਾ ਬਾਰੇ ਆਪਣੇ ਤਜਰਬੇ ਸਾਂਝੇ ਕੀਤੇ। ਉਨ੍ਹਾਂ ਨੇ ਜਨਤਾ ਨੂੰ ਸਿੱਖਿਅਤ ਰਹਿਣ ਤੇ ਇੱਕ ਚੰਗਾ ਸਮਾਜ ਬਣਾਉਣ ਵਿੱਚ ਜ਼ਿੰਮੇਵਾਰ ਸੰਚਾਰ ਦੀ ਸ਼ਕਤੀ 'ਤੇ ਜ਼ੋਰ ਦਿੱਤਾ। ਵਰਕਸ਼ਾਪ ਵਿੱਚ ਵਿਦਿਆਰਥੀਆਂ ਨੇ ਅਰਥਪੂਰਨ ਵਿਚਾਰ-ਵਟਾਂਦਰੇ ਵਿੱਚ ਹਿੱਸਾ ਲਿਆ ਤੇ ਸੁਰੱਖਿਅਤ ਪ੍ਰਵਾਸ ਲਈ ਦਸਤਾਵੇਜ਼ੀਕਰਨ, ਕਾਨੂੰਨੀ ਪ੍ਰਕਿਰਿਆਵਾਂ ਤੇ ਸਾਵਧਾਨੀ ਵਾਲੇ ਕਦਮਾਂ ਬਾਰੇ ਵਿਹਾਰਕ ਗਿਆਨ ਪ੍ਰਾਪਤ ਕੀਤਾ। ਬਾਅਦ ਵਿੱਚ ਪ੍ਰਬੰਧਕਾਂ ਨੇ ਮਾਹਿਰ ਵਿਦਵਾਨਾਂ ਦਾ ਧੰਨਵਾਦ ਕੀਤਾ।

## ਹੋਲੀ ਹਾਰਟ ਡੇਅ ਬੋਰਡਿੰਗ ਪਬਲਿਕ ਸਕੂਲ ਵੱਲੋਂ 100 ਫ਼ੀਸਦੀ ਨਤੀਜੇ ਨਾਲ ਆਲ ਇੰਡੀਆ ਰੈਂਕ-1 ਹਾਸਲ

ਫਾਜ਼ਿਲਕਾ, 17 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਸਬੰਧਤ ਹੋਲੀ ਹਾਰਟ ਡੇਅ ਬੋਰਡਿੰਗ ਪਬਲਿਕ ਸਕੂਲ ਫਾਜ਼ਿਲਕਾ ਨੇ ਦਸਵੀਂ ਕਲਾਸ ਦੇ ਸੈਸ਼ਨ 2025-26 ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 100 ਫੀਸਦੀ ਰਿਜ਼ਲਟ ਦਰਜ ਕੀਤਾ ਹੈ ਤੇ ਆਲ ਇੰਡੀਆ ਰੈਂਕ 1 ਹਾਸਲ ਕਰਕੇ ਇਤਿਹਾਸ ਰਚ ਦਿੱਤਾ ਹੈ। ਸਕੂਲ ਦੇ ਹੋਣਹਾਰ ਵਿਦਿਆਰਥੀ ਵੈਭਵ ਅਰੋੜਾ ਨੇ 500 ਵਿੱਚੋਂ 500 ਅੰਕ ਪ੍ਰਾਪਤ ਕਰਕੇ ਦੇਸ਼ ਭਰ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਇਸ ਤੋਂ ਇਲਾਵਾ ਨਵਜੋਤ ਨੇ 98.2 ਫੀਸਦੀ ਤੇ ਅਸ਼ਮੀਨ ਕੰਬੋਜ ਨੇ 97.4 ਫੀਸਦੀ ਅੰਕ ਪ੍ਰਾਪਤ ਕਰਕੇ ਸ਼ਾਨਦਾਰ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ। ਕੁੱਲ 24 ਵਿਦਿਆਰਥੀਆਂ ਨੇ 90 ਫੀਸਦੀ ਤੋਂ ਵੱਧ ਤੇ 51 ਵਿਦਿਆਰਥੀਆਂ ਨੇ 80 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦੀ ਉਪਲਬਧੀ ਨੂੰ ਹੋਰ ਮਜ਼ਬੂਤ ਕੀਤਾ ਹੈ। ਸਕੂਲ ਦੀ ਪ੍ਰਿੰਸੀਪਲ ਰਿਤੂ ਭੁਸਰੀ ਨੇ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਮਿਹਨਤ ਤੇ ਸਕੂਲ ਵਿੱਚ ਉਚ ਮਿਆਰੀ ਸਿੱਖਿਆ ਦਾ ਸਬੂਤ ਹਨ।ਵਾਈਸ ਪ੍ਰਿੰਸੀਪਲ ਸ਼ਿਲਪਾ ਨੇ ਵੀ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ 100 ਫੀਸਦੀ ਨਤੀਜਾ ਤੇ ਵੱਡੀ ਗਿਣਤੀ ਵਿੱਚ ਉੱਚ ਅੰਕ ਹਾਸਲ ਕਰਨਾ ਟੀਮ ਵਰਕ ਤੇ ਲਗਾਤਾਰ ਮਿਹਨਤ ਦਾ ਨਤੀਜਾ ਹੈ।

## ਸਿਲਵਰ ਓਕਸ ਸਕੂਲ ਦੇ ਵਿਦਿਆਰਥੀਆਂ ਨੇ 100 ਪ੍ਰਤੀਸ਼ਤ ਨਤੀਜੇ ਪ੍ਰਾਪਤ ਕੀਤੇ

ਜੈਤੋ, 17 ਅਪ੍ਰੈਲ (ਸੰਜੀਵ ਗੋਇਲ ਸੰਜੂ): ਸੀਬੀਐਸਈ ਜਮਾਤ 10ਵੀਂ ਦੇ ਨਤੀਜੇ ਸੈਸ਼ਨ 2025-26, 15 ਅਪ੍ਰੈਲ ਨੂੰ ਐਲਾਨੇ ਗਏ, ਜਿਸ ਵਿੱਚ ਸਿਲਵਰ ਓਕਸ ਸਕੂਲ, ਸੇਵੇਵਾਲਾ ਦੇ ਵਿਦਿਆਰਥੀਆਂ ਨੇ 10ਵੀਂ ਜਮਾਤ ਵਿੱਚ ਉਚ ਰੈਂਕ ਪ੍ਰਾਪਤ ਕਰਕੇ ਇੱਕ ਵਿਸ਼ੇਸ਼ ਰਿਕਾਰਡ ਕਾਇਮ ਕੀਤਾ। ਜੈਤੋ ਇਲਾਕੇ ਵਿੱਚੋਂ ਵੱਧ ਅੰਕ ਪ੍ਰਾਪਤ ਕਰਨ ਵਾਲੀ ਪ੍ਰਤਿਭਾਸ਼ਾਲੀ ਵਿਦਿਆਰਥਣ ਹਰਨੂਰ ਕੌਰ ਨੇ 97.6% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਨਿਸ਼ਠਾ ਨੇ 96.4% ਅੰਕ ਪ੍ਰਾਪਤ ਕਰਕੇ ਦੂਜਾ, ਨਵਨੀਤ ਕੌਰ ਤੇ ਲਿਤਿਕਾ ਨੇ 95.2% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਕਾਰਤਿਕ ਨੇ 93.8% ਕੁਸ਼ਮੀਤ ਕੌਰ ਨੇ 92.8% ਤੇ ਪਰੀਸ਼ਾ ਗੋਇਲ ਨੇ 92.4% ਅੰਕ ਪ੍ਰਾਪਤ ਕੀਤੇ। ਹਰਨੂਰ ਕੌਰ ਨੇ ਪੰਜਾਬੀ ਵਿੱਚ 100 ਤੇ ਨਿਸ਼ਠਾ ਨੇ ਹਿਸਾਬ ਵਿੱਚੋਂ 100 ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਇਸ ਤੋਂ ਇਲਾਵਾ ਸਾਡੇ ਸਕੂਲ ਦੀ ਵਿਦਿਆਰਥਣ ਨਵਨੀਤ ਕੌਰ ਨੇ ਅੰਗਰੇਜ਼ੀ (95), ਲਿਤਿਕਾ ਦੇ ਵਿਗਿਆਨ (99), ਹਰਨੂਰ ਕੌਰ ਸਮਾਜਿਕ ਵਿਗਿਆਨ ਤੇ ਇਨਫਾਰਮੇਸ਼ਨ ਟੈਕਨਾਲੋਜੀ (99) ਤੇ ਨਿਸ਼ਠਾ ਨੇ ਹਿੰਦੀ (99) ਅੰਕ ਪ੍ਰਾਪਤ ਕਰਕੇ ਸਕੂਲ ਤੇ ਇਨ੍ਹਾਂ ਸਾਰੇ ਵਿਦਿਆਰਥੀਆਂ ਨੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਉਚ ਅੰਕ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਹੈ। ਸਕੂਲ ਦੀ ਪ੍ਰਬੰਧਨ ਕਮੇਟੀ ਤੇ ਪ੍ਰਿੰਸੀਪਲ ਪ੍ਰਿਅੰਕਾ ਮਹਿਤਾ ਨੇ ਵਧੀਆ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਉਜਵੱਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਨੇ ਚੰਗੇ ਨਤੀਜਿਆਂ ਦਾ ਸਿਹਰਾ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਨੂੰ ਦਿੱਤਾ।




## ਸੀਬੀਐਸਈ ਦੇ ਨਤੀਜਿਆਂ 'ਚ ਆਕਲੈਂਡ ਸਕੂਲ ਨੇ ਬਾਜ਼ੀ ਮਾਰੀ

ਜ਼ੀਰਾ, 17 ਅਪ੍ਰੈਲ (ਦੀਪਕ ਭਾਰਗੋ): ਸੀਬੀਐਸਈ ਦੇ ਨਤੀਜਿਆਂ ਵਿੱਚ ਆਕਲੈਂਡ ਸਕੂਲ ਦੀ ਹਰਜੋਤ ਕੌਰ ਮੈਲਾਕ ਅਕਾਲੀਆਂ ਪੁੱਤਰੀ ਰਵਿੰਦਰ ਸਿੰਘ ਨੇ 93% ਨੰਬਰ ਲੈ ਕੇ ਤੇ ਪ੍ਰਭਦੀਪ ਕੌਰ ਭੈਣੀ ਪੁੱਤਰੀ ਭੁਪਿੰਦਰ ਸਿੰਘ ਨੇ 90.6% ਨੰਬਰ ਲੈ ਕੇ ਮਹਿਕਮੀਤ ਕੌਰ ਫਤਹਿਗੜ੍ਹ ਪੰਜਤੂਰ ਪੁੱਤਰੀ ਮਹਿਲ ਸਿੰਘ ਨੇ 89% ਨੰਬਰ ਲੈ ਕੇ ਤੇ ਗੁਰਲੀਨ ਕੌਰ ਪੁੱਤਰੀ ਜੁਗਰਾਜ ਸਿੰਘ ਨੇ 89% ਨੰਬਰ ਲੈ ਕੇ ਤੇ ਸੁਖਰਾਜ ਸਿੰਘ ਪੁੱਤਰ ਪਲਵਿੰਦਰ ਸਿੰਘ ਨੇ 88.4% ਨੰਬਰ ਲੈ ਕੇ ਬਾਜ਼ੀ ਮਾਰੀ। ਇਸ ਤੋਂ ਬਿਨਾਂ ਸਾਰੇ ਬੱਚਿਆਂ ਨੇ ਪਾਸ ਅੰਕ ਲਏ ਤੇ ਨਤੀਜਾ ਹਮੇਸ਼ਾ ਦੀ ਤਰ੍ਹਾਂ 100% ਰਿਹਾ। ਕੁੱਲ 27 ਬੱਚਿਆਂ ਵਿੱਚੋਂ 17 ਬੱਚੇ 70% ਤੋਂ ਉਪਰ 12 ਬੱਚੇ 80% ਉਪਰ ਤੇ ਦੋ ਬੱਚਿਆਂ ਨੇ 90% ਤੋਂ ਉਪਰੰਤ ਲਏ। ਇਸ ਮੌਕੇ 'ਤੇ ਸਕੂਲ ਦੀ ਪ੍ਰਿੰਸੀਪਲ ਮਨਪ੍ਰੀਤ ਕੌਰ ਤੇ ਟੀਚਰ ਸਮੀਆਲੀ ਅਰੋੜਾ, ਸੁਖਪਾਲ ਸਿੰਘ, ਭਿੰਦਰਜੀਤ ਕੌਰ, ਨਿਲਮ ਰਾਣੀ, ਪ੍ਰਿਤਪਾਲਪੁਰ ਨੂੰ ਸਕੂਲ ਦੀ ਚੇਅਰਮੈਨ ਨਿਰਮਲਾ ਦੇਵੀ ਨੇ ਵਧਾਈ ਦਿੰਦੇ ਹੋਏ ਕਿਹਾ ਕਿ ਅਸੀਂ ਹਮੇਸ਼ਾ ਦੀ ਤਰ੍ਹਾਂ ਬੱਚਿਆਂ ਨੂੰ ਅਫਸਰ ਬਣਾਉਣ ਲਈ ਆਈਏਐਸ ਪੀਸੀਐਸ (UPSC) ਦੀ ਤਿਆਰੀ ਸ਼ੁਰੂ ਕਰਵਾਈ ਹੋਈ ਹੈ ਜਾਂ ਤਾਂ ਜੋ ਬੱਚਿਆਂ ਦੇ ਭਵਿੱਖ ਪੰਜਾਬ ਵਿੱਚ ਹੀ ਬਣੇ ਤੇ ਇਸ ਲਈ ਅੰਗਰੇਜ਼ੀ ਟ੍ਰਿਬਿਊਨ, ਵਰਡ ਪਾਵਰ ਤੇ ਐਨਸੀਆਰਟੀ ਦੇ ਐਮਸੀਕਿਓ ਕਰਵਾਏ ਜਾ ਰਹੇ ਹਨ। ਸਕੂਲ ਦੀ ਇੱਕ ਵਿਦਿਆਰਥਣ ਪਰਬਲੀਨ ਕੌਰ ਨੇ ਅਕਾਲ ਯੂਨੀਵਰਸਿਟੀ ਦੀ ਸੁਪਰ 30 ਪ੍ਰੀਖਿਆ ਵਿੱਚ ਸੱਤਵਾਂ ਹਸਲ ਸਥਾਨ ਹਾਸਲ ਕਰਕੇ ਬੀਏ ਦੇ ਨਾਲ-ਨਾਲ ਯੂਪੀਐਸਸੀ ਦੀ ਫ੍ਰੀ ਪੜ੍ਹਾਈ ਕਰ ਰਹੀ ਹੈ ਤੇ ਇਨ੍ਹਾਂ ਬੱਚਿਆਂ ਲਈ ਆਈਐਸ ਪੀਸੀਐਸ ਬਣਨ ਲਈ ਇੱਕ ਪ੍ਰੇਰਨਾ ਸਰੋਤ ਬਣੀ ਹੋਈ ਹੈ। ਉਨ੍ਹਾਂ ਦੱਸਿਆ ਕਿ ਪਹਿਲੇ ਦੀ ਤਰ੍ਹਾਂ ਹੀ ਸਕੂਲ ਵਿੱਚ ਹੋਸਟਲ ਚਾਲੂ ਕਰ ਦਿੱਤਾ ਗਿਆ ਹੈ। ਜਿਸ ਵਿੱਚ ਬਠਿੰਡਾ ਸ਼ਹਿਰ ਦੇ ਦੋ ਬੱਚਿਆਂ ਨੇ ਐਡਮਿਸ਼ਨ ਲੈ ਲਈ ਹੈ ਤੇ 16 ਅਪ੍ਰੈਲ ਨੂੰ ਹੋਸਟਲ ਵਿੱਚ ਰਹਿਣਾ ਸ਼ੁਰੂ ਕਰ ਦੇਣਗੇ। ਉਨ੍ਹਾਂ ਬੱਚਿਆਂ ਨੂੰ ਅਪੀਲ ਕੀਤੀ ਕਿ ਉਹ ਜਲਦੀ ਤੋਂ ਜਲਦੀ ਐਡਮਿਸ਼ਨ ਲੈ ਕੇ ਆਪਣੀ ਪੜ੍ਹਾਈ ਚਾਲੂ ਕਰਨ ਤਾਂ ਜੋ ਉਨ੍ਹਾਂ ਦਾ ਅਫਸਰ ਬਣਨ ਦਾ ਸੁਪਨਾ ਪੂਰਾ ਹੋ ਸਕੇ।



# ਕੰਮਾਂ ਦੀ ਹਨੇਰੀ ਨਾਲ ਆਤਮ ਨਗਰ ਦੀ ਬੱਲੇ-ਬੱਲੇ : ਗੋਗਾ, ਦਿਉਸੀ



ਲੁਧਿਆਣਾ 17 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) ਵਾਰਡ ਨੰ 44 ਵਿੱਚ ਮਹੱਲਾ ਸਾਹਿਬਜਾਦਾ ਅਜੀਤ ਸਿੰਘ ਨਗਰ ਵਿਖੇ ਸੀਵਰੇਜ ਲਾਈਨ ਪਾਉਣ ਦੇ ਕੰਮ ਦਾ ਉਦਘਾਟਨ ਵਾਰਡ ਕੌਂਸਲਰ ਸੋਹਨ ਸਿੰਘ ਗੋਗਾ ਅਤੇ ਉੱਘੇ ਸਨਅਤਕਾਰ ਸਵਤਾਰ ਸਿੰਘ ਦਿਉਸੀ ਨੇ ਕੀਤਾ। ਇਸ ਸਮੇਂ ਬੋਲਦਿਆਂ ਸ ਦਿਉਸੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਨਗਰ ਹਰ ਸ਼ਹਿਰ ਵਿੱਚ ਵਿਕਾਸ ਕਾਰਜਾਂ ਦੀ ਹਨੇਰੀ ਚੱਲ ਰਹੀ ਹੈ। ਸਾਡੇ ਕੌਂਸਲਰ ਗੋਗਾ ਵੱਲੋਂ ਕਰੋੜਾਂ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, 2 ਮਹੱਲਾ ਕਲੀਨਕ ਬਣ ਰਹੇ ਹਨ, 2 ਮਹੱਲੇ ਢਾਈ ਕਰੋੜ ਦੀ ਲਾਗਤ ਨਾਲ ਤਿਆਰ ਹੋ ਚੁੱਕੇ ਹਨ ਅਤੇ 2 ਟਿਊਬਵੈਲ ਲੱਗੇ ਹਨ। ਸ ਗੋਗਾ ਨੇ ਦੱਸਿਆ ਕਿ ਇਸ ਮਹੀਨੇ ਵਿੱਚ ਕਰੋੜਾਂ ਦੇ ਕੰਮ ਹੋਰ ਸ਼ੁਰੂ ਕੀਤੇ ਜਾਣਗੇ। ਟਿਊਬਵੈੱਲ ਵੀ ਲੱਗਣਗੇ। ਗ ਕੁਲਵੰਤ ਸਿੰਘ ਸਿੱਧੂ ਵਿਧਾਇਕ ਵੱਲੋਂ ਪੂਰੇ ਹਲਕੇ ਵਿੱਚ ਵਿਕਾਸ ਕਾਰਜਾਂ ਦੀ ਹਨੇਰੀ ਲਿਆਂਦੀ ਪਈ ਹੈ। ਇਸ ਮੌਕੇ ਹਰਦੀਪ ਸਿੰਘ ਹੈਰੀ, ਅਜਮੇਰ ਸਿੰਘ ਕੋਲਾ, ਕੁਲਦੀਪ ਸਿੰਘ ਸੈਣੀ, ਦਿਆਲ ਸਿੰਘ ਢਿੱਲੋਂ, ਬਲਵਿੰਦਰ ਸਿੰਘ ਕਾਲਾ, ਸੁਰਜੀਤ ਸਿੰਘ ਕਲਸੀ, ਅਕਾਸ਼ ਵਰਮਾ, ਕੋਮਲ, ਮਨਜੀਤ ਸਿੰਘ, ਬਲਜੀਤ ਸਿੰਘ, ਰੇਗਲਰ ਅਤੇ ਅਜੀਤ ਸਿੰਘ ਆਦਿ ਇਲਾਕਾ ਨਿਵਾਸੀ ਹਾਜ਼ਰ ਸਨ।

# ਧਾਰਮਿਕ ਗੀਤ 'ਧੰਨ ਮੋਤੀ ਰਾਮ ਜੀ ਮਹਿਰਾ' ਰਿਲੀਜ਼



ਲੁਧਿਆਣਾ 17 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) ਜੋਗੀ ਰਿਕਾਰਡਜ਼ ਵੱਲੋਂ ਇੱਕ ਨਵੇਕਲੀ ਕਿਸਮ ਦਾ ਧਾਰਮਿਕ ਗੀਤ 'ਧੰਨ ਮੋਤੀ ਰਾਮ ਜੀ ਮਹਿਰਾ' ਰਿਲੀਜ ਕੀਤਾ ਗਿਆ ਹੈ । ਇਸ ਗੀਤ ਨੂੰ ਗਾਇਕਾ ਪ੍ਰੀਤ ਕਮਲ ਨੇ ਬਹੁਤ ਹੀ ਮਧੁਰ ਆਵਾਜ਼ ਵਿੱਚ ਗਾਇਆ ਹੈ। ਇਸ ਗੀਤ ਦੇ ਲੇਖਕ ਜੋਗੀ ਤਲਵੰਡੀ ਵਾਲਾ ਹਨ। ਗੀਤ ਦਾ ਸੰਗੀਤ ਅਵਤਾਰ ਧੀਮਾਨ ਨੇ ਤਿਆਰ ਕੀਤਾ ਹੈ ਅਤੇ ਵੀਡੀਓ ਵੀ ਉਸੇ ਦੀ ਨਿਰਦੇਸ਼ਨਾ ਹੇਠ ਬਣਾਈ ਗਈ ਹੈ। ਧੀਮਨ ਨੇ ਉਕਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਇੱਕ ਵੱਖਰੀ ਕਿਸਮ ਦਾ ਗੀਤ ਹੈ। ਮੋਤੀ ਰਾਮ ਜੀ ਮਹਿਰਾ ਦੇ ਇਤਿਹਾਸ ਨੂੰ ਸਿੱਖ ਕੌਮ ਚੰਗੀ ਤਰ੍ਹਾਂ ਜਾਣਦੀ ਹੈ। ਇਹ ਗੀਤ ਉਨ੍ਹਾਂ ਨੂੰ ਇੱਕ ਸ਼ਰਧਾਂਜਲੀ ਹੈ।

# ਕੁਤਬੇਵਾਲ ਵਿੱਚ ਰੇਤ ਦੀ ਖੱਡ 'ਤੇ ਮਾਈਨਿੰਗ ਵਿਭਾਗ ਅਤੇ ਪੁਲਿਸ ਵੱਲੋ ਵੱਡੀ ਕਾਰਵਾਈ

## ਠੇਕੇਦਾਰ ਅਤੇ ਅਲਾਟ ਨੰਬਰਾਂ ਤੋ ਬਿਨਾਂ ਹੋਰ ਖੇਤ ਵਿੱਚੋਂ ਰੇਤ ਚੁੱਕਣ ਦੇ ਦੋਸ਼



ਸਾਹਨੇਵਾਲ/ ਲੁਧਿਆਣਾ 17 ਅਪ੍ਰੈਲ (ਕੁਲਦੀਪ ਸਿੰਘ ਕੁਹਾੜਾ, ਰਵਿੰਦਰ ਸਿੰਘ ਨਿਝਰ) : ਹਲਕਾ ਗਿੱਲ ਦੇ ਪਿੰਡ ਕੁਤਬੇਵਾਲ ਵਿੱਚ ਰੇਤ ਦੇ ਠੇਕੇਦਾਰ ਵੱਲੋਂ ਗੈਰਕਾਨੂੰਨੀ ਤਰੀਕੇ ਨਾਲ ਆਪਣੀ ਰੇਤ ਦੀ ਖੱਡ ਦੇ ਅਲਾਟ ਨੰਬਰਾਂ ਤੋ ਇਲਾਵਾ ਨਾਲ ਲੱਗਦੇ ਖੇਤ ਵਿੱਚੋ ਨਜਾਇਜ ਢੰਗ ਨਾਲ ਮਾਈਨਿੰਗ ਕੀਤੀ ਜਾ ਰਹੀ ਸੀ । ਜਿਸ ਦੀ ਸਿਕਾਇਤ ਤੇ ਸਬੰਧਿਤ ਮਾਈਨਿੰਗ ਵਿਭਾਗ ਦੇ ਜੇਈ, ਐਸਡੀਓ ਨੇ ਪੁਲਿਸ ਸਮੇਤ ਰੇਤ ਦੀ ਖੱਡ ਤੇ ਰੇਡ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ, ਜਾਣਕਾਰੀ ਅਨੁਸਾਰ ਇਸ ਰੇਤ ਦੀ ਖੱਡ ਵਿੱਚ ਪੋਕ ਲਾਈਨ ਮਸੀਨਾਂ ਦੀ ਮਦਦ ਨਾਲ ਦਰਿਆ ਵਿੱਚੋ ਰੇਤ ਦੀ ਖੁਦਾਈ ਕੀਤੀ ਜਾ ਰਹੀ ਸੀ, ਜਿਸ 'ਤੇ ਅਚਾਨਕ ਰੇਡ ਮਾਰ ਕੇ ਕਾਰਵਾਈ ਕੀਤੀ ਗਈ।

ਸੂਤਰਾਂ ਮੁਤਾਬਕ, ਰੇਡ ਦੌਰਾਨ ਮਸ਼ੀਨਾਂ ਮੌਕੇ 'ਤੇ ਹੀ ਕਬਜ਼ੇ ਵਿੱਚ ਲਈਆਂ ਗਈਆਂ, ਇਸ ਕਾਰਵਾਈ ਨਾਲ ਇਲਾਕੇ ਵਿੱਚ ਹੜਕੰਪ ਮਚ ਗਿਆ ਅਤੇ ਮਾਈਨਿੰਗ ਮਾਫੀਆ ਵਿੱਚ ਡਰ ਦਾ ਮਾਹੌਲ ਬਣ ਗਿਆ ਹੈ।

ਹੈਰਾਨੀ ਦੀ ਗੱਲ ਇਹ ਰਹੀ ਕਿ ਇਸ ਮਾਮਲੇ 'ਚ ਜਦੋਂ ਮਾਈਨਿੰਗ ਵਿਭਾਗ ਦੇ ਐਸਡੀਓ ਅਤੇ ਐਕਸੀਅਨ ਨਾਲ ਉਹਨਾਂ ਦੇ ਮੋਬਾਇਲ ਫੋਨਾ ਤੇ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਨੇ ਫੋਨ ਚੁਕਣਾ ਵੀ ਜਰੂਰੀ ਨਹੀਂ ਸਮਝਿਆ। ਇਸ ਕਾਰਨ ਵਿਭਾਗ ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਖੜੇ ਹੋ ਰਹੇ ਹਨ ਅਤੇ ਲੋਕਾਂ ਵਿੱਚ ਨਾਰਾਜ਼ਗੀ ਪਾਈ ਜਾ ਰਹੀ ਹੈ।

ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਲਾਕੇ ਵਿੱਚ ਗੈਰਕਾਨੂੰਨੀ ਮਾਈਨਿੰਗ ਜਾਰੀ ਸੀ ਪਰ ਵਿਭਾਗ ਵੱਲੋਂ ਕੋਈ ਸਖ਼ਤ ਕਾਰਵਾਈ ਨਹੀਂ ਕੀਤੀ ਜਾ ਰਹੀ ਸੀ। ਹੁਣ ਇਸ ਰੇਡ ਤੋਂ ਬਾਅਦ ਉਮੀਦ ਕੀਤੀ ਜਾ ਰਹੀ ਹੈ ਕਿ ਪ੍ਰਸ਼ਾਸਨ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈ ਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਦਮ ਚੁੱਕੇਗਾ।

**ਪ੍ਰਸ਼ਾਸਨ ਲਈ ਵੱਡਾ ਸਵਾਲ**
ਕੀ ਇਹ ਕਾਰਵਾਈ ਸਿਰਫ਼ ਇਕ ਦਿਖਾਵਾ ਹੈ ਜਾਂ ਅਸਲ ਵਿੱਚ ਗੈਰਕਾਨੂੰਨੀ ਮਾਈਨਿੰਗ 'ਤੇ ਪੂਰੀ ਤਰ੍ਹਾਂ ਨਕੇਲ ਕਸੀ ਜਾਵੇਗੀ—ਇਹ ਆਉਣ ਵਾਲਾ ਸਮਾਂ ਹੀ ਦੱਸੇਗਾ।

# ਚੇਅਰਮੈਨ ਹੇਮ ਰਾਜ ਰਾਜੀ ਕਰਦੈ ਲੋਕਾਂ ਦੇ ਦਿਲਾਂ 'ਤੇ ਰਾਜ



ਸਾਹਨੇਵਾਲ ਕੁਹਾੜਾ 17 ਅਪ੍ਰੈਲ (ਕੁਲਦੀਪ ਸਿੰਘ ਕੁਹਾੜਾ) : ਹਲਕਾ ਸਾਹਨੇਵਾਲ ਵਿੱਚ ਚੇਅਰਮੈਨ ਹੇਮ ਰਾਜ ਰਾਜੀ ਦੀ ਲੋਕਪ੍ਰਿਯਤਾ ਦਿਨੋਂ-ਦਿਨ ਵੱਧਦੀ ਜਾ ਰਹੀ ਹੈ। ਖਾਸ ਕਰਕੇ ਬਰਸਾਤ ਦੌਰਾਨ ਆਏ ਹੜ੍ਹ ਦੇ ਮੁਸ਼ਕਲ ਸਮੇਂ ਵਿੱਚ ਉਨ੍ਹਾਂ ਵੱਲੋਂ ਕਿਸਾਨਾਂ ਦੀ ਕੀਤੀ ਦਿਲੋਂ ਮਦਦ ਨੇ ਲੋਕਾਂ ਦੇ ਦਿਲ ਜਿੱਤ ਲਏ ਹਨ।

ਜਦੋਂ ਹੜ੍ਹ ਕਾਰਨ ਕਈ ਕਿਸਾਨਾਂ ਦੀਆਂ ਫਸਲਾਂ ਨੂੰ ਭਾਰੀ ਨੁਕਸਾਨ ਪਹੁੰਚਿਆ, ਉਸ ਵੇਲੇ ਚੇਅਰਮੈਨ ਰਾਜੀ ਨੇ ਮੌਕੇ 'ਤੇ ਪਹੁੰਚ ਕੇ ਨਾ ਸਿਰਫ ਹਾਲਾਤਾਂ ਦਾ ਜਾਇਜ਼ਾ ਲਿਆ, ਸਗੋਂ ਪ੍ਰਭਾਵਿਤ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਵੀ ਪ੍ਰਦਾਨ ਕੀਤੀ। ਉਨ੍ਹਾਂ ਵੱਲੋਂ ਖਾਣ-ਪੀਣ ਦਾ ਸਮਾਨ, ਪਸ਼ੂਆਂ ਲਈ ਚਾਰਾ ਡੀਜਲ ਦੀ ਫਰੀ ਸੇਵਾ ਅਤੇ ਹੋਰ ਜ਼ਰੂਰੀ ਸਹੂਲਤਾਂ ਮੁਹੱਈਆ ਕਰਵਾਈਆਂ , ਜਿਸ ਨਾਲ ਪੀੜਤ ਕਿਸਾਨਾਂ ਨੂੰ ਵੱਡੀ ਰਾਹਤ ਮਿਲੀ।

ਇਸ ਮਨੁੱਖੀ ਸੇਵਾ ਦੇ ਕਾਰਨ ਕਿਸਾਨ ਵਰਗ ਵਿੱਚ ਉਨ੍ਹਾਂ ਲਈ ਖਾਸ ਹਮਦਰਦੀ ਅਤੇ ਭਰੋਸਾ ਬਣਿਆ ਹੈ। ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਜਦੋਂ ਵੀ ਕੋਈ ਸੰਕਟ ਆਉਂਦਾ ਹੈ, ਚੇਅਰਮੈਨ ਰਾਜੀ ਹਮੇਸ਼ਾ ਅੱਗੇ ਰਹਿ ਕੇ ਲੋਕਾਂ ਦੀ ਮੱਦਦ ਕਰਦੇ ਹਨ।

ਲੋਕਾਂ ਦਾ ਮੰਨਣਾ ਹੈ ਕਿ ਇਸ ਤਰ੍ਹਾਂ ਦੀ ਨਿਸ਼ਕਾਮ ਸੇਵਾ ਹੀ ਕਿਸੇ ਨੇਤਾ ਨੂੰ ਅਸਲ ਮਾਇਨੇ ਵਿੱਚ ਲੋਕਾਂ ਦੀ ਪਹਿਲੀ ਪਸੰਦ ਬਣਾਉਂਦੀ ਹੈ, ਅਤੇ ਹੇਮ ਰਾਜ ਰਾਜੀ ਇਸ ਗੱਲ ਨੂੰ ਸਾਬਤ ਕਰ ਰਹੇ ਹਨ।

# ਨੋਇਡਾ ਵਿੱਚ ਮਜ਼ਦੂਰਾਂ 'ਤੇ ਕੀਤੇ ਦਮਨ ਵਿਰੁੱਧ ਸ.ਕਿ. ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ



ਲੁਧਿਆਣਾ 17 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) ਨੋਇਡਾ ਵਿੱਚ ਮਜ਼ਦੂਰਾਂ ਤੇ ਹੋਏ ਦਮਨ ਅਤੇ ਚਾਰ ਲੇਬਰ ਕੋਡ ਰੱਦ ਕਰਨ ਨੂੰ ਲੈ ਕੇ ਅੱਜ ਯੂਨਾਈਟਿਡ ਫ਼ਰੰਟ ਆਫ਼ ਟ੍ਰੇਡ ਯੂਨੀਅਨਜ ਲੁਧਿਆਣਾ ਦੇ ਆਗੂਆਂ ਨੇ ਸਹਾਇਕ ਕਿਰਤ ਕਮਿਸ਼ਨਰ ਲੁਧਿਆਣਾ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਂ ਮੰਗ ਪੱਤਰ ਦਿੱਤਾ।

ਮੰਗ ਪੱਤਰ ਵਿੱਚ ਕਿਹਾ ਗਿਆ ਹੈ ਕਿ ਘੱਟੋ-ਘੱਟ ਮਜ਼ਦੂਰੀ 26000 ਰੁਪਏ, 8 ਘੰਟਿਆਂ ਦਾ ਕੰਮ, ਵਾਧੂ ਕੰਮ ਲਈ ਕਾਨੂੰਨ ਅਨੁਸਾਰ ਦੁਗਣਾ ਓਵਰਟਾਈਮ, ਕੰਮਕਾਜ ਵਾਲੀ ਥਾਂ ਦੀ ਸੁਰੱਖਿਆ ਅਤੇ ਸਮਾਜਿਕ ਸੁਰੱਖਿਆ ਵਰਗੀਆਂ ਜਾਇਜ਼ ਮੰਗਾਂ ਤੁਰੰਤ ਮੰਨੀਆਂ ਜਾਣ।

ਪੰਜਾਬ ਸਰਕਾਰ ਤੋਂ ਵੀ ਮੰਗ ਕੀਤੀ ਗਈ ਕਿ ਉਹ ਘੱਟੋ ਘੱਟ ਉਜਰਤ ਜੋ ਪਿਛਲੇ 14 ਸਾਲ ਤੋਂ ਰਿਵਾਈਜ਼ ਨਹੀਂ ਹੋਈ ਉਸ ਨੂੰ ਰਿਵਾਈਜ਼ ਕਰੇ ਅਤੇ ਇਸ ਦੇ ਨਾਲ ਹੀ ਮਾਰਚ ਮਹੀਨੇ ਤੋਂ ਜੋ ਮਹਿੰਗਾਈ ਭੱਤਾ ਮਿਲਣਾ ਚਾਹੀਦਾ ਹੈ ਉਸ ਨੂੰ ਲਾਗੂ ਕੀਤਾ ਜਾਵੇ।

ਇਹ ਵੀ ਮੰਗ ਕੀਤੀ ਗਈ ਕਿ ਕੇਰਲ ਸਰਕਾਰ ਦੀ ਤਰਜ ਤੇ ਪੰਜਾਬ ਸਰਕਾਰ ਵੀ ਚਾਰ ਲੇਬਰ ਕੋਡ ਲਾਗੂ ਨਾ ਕਰਨ ਦਾ ਮਤਾ ਅਸੈਂਬਲੀ ਵਿੱਚ ਪਾਸ ਕਰੇ।

ਜ਼ਿਆਦਾਤਰ ਉਦਯੋਗਿਕ ਖੇਤਰਾਂ ਵਿੱਚ ਠੇਕੇਦਾਰ ਮਜ਼ਦੂਰ ਪ੍ਰਵਾਸੀ ਹੁੰਦੇ ਹਨ, ਜੋ ਬੁਨਿਆਦੀ ਸੁਵਿਧਾਵਾਂ ਤੋਂ ਵਾਂਝੇ ਹੋ ਕੇ ਮੁਸ਼ਕਲ ਹਾਲਾਤਾਂ ਵਿੱਚ ਜੀਵਨ ਬਿਤਾ ਰਹੇ ਹਨ।

ਬੁਲਾਰਿਆਂ ਨੇ ਕਿਹਾ ਕਿ ਅਸੀਂ ਤੁਰੰਤ ਭਾਰਤੀ ਮਜ਼ਦੂਰ ਕਾਨਫਰੰਸ ਬੁਲਾਉਣ ਦੀ ਮੰਗ ਕਰਦੇ ਹਾਂ।

ਅਸੀਂ ਉੱਤਰ ਪ੍ਰਦੇਸ਼ ਅਤੇ ਹਰਿਆਣਾ ਦੀਆਂ ਸਰਕਾਰਾਂ ਤੋਂ ਮੰਗ ਕਰਦੇ ਹਾਂ ਕਿ ਸਾਰੇ ਗ੍ਰਿਫ਼ਤਾਰ ਮਜ਼ਦੂਰਾਂ ਨੂੰ ਤੁਰੰਤ ਰਿਹਾ ਕੀਤਾ ਜਾਵੇ, ਉਨ੍ਹਾਂ 'ਤੇ ਦਰਜ ਕੇਸ ਵਾਪਸ ਲਏ ਜਾਣ ਅਤੇ ਮਜ਼ਦੂਰਾਂ ਦੀਆਂ ਕੰਮਕਾਜੀ ਹਾਲਾਤਾਂ ਅਤੇ ਸ਼ਿਕਾਇਤਾਂ ਬਾਰੇ ਕੇਂਦਰੀ ਟ੍ਰੇਡ ਯੂਨੀਅਨਾਂ ਦੀਆਂ ਰਾਜ ਇਕਾਈਆਂ ਨਾਲ ਗੱਲਬਾਤ ਸ਼ੁਰੂ ਕੀਤੀ ਜਾਵੇ।

ਮੰਗ ਪੱਤਰ ਤੋਂ ਪਹਿਲਾਂ ਕੀਤੇ ਗਏ ਰੋਸ ਪ੍ਰਦਰਸ਼ਨ ਵਿੱਚ ਜਿਨਾਂ ਆਗੂਆਂ ਨੇ ਸੰਬੋਧਨ ਕੀਤਾ ਉਹਨਾਂ ਵਿੱਚ ਐਮ ਐਸ ਭਾਟੀਆ, ਜਗਦੀਸ਼ ਚੰਦ, ਰਾਮ ਲਾਲ , ਸੁਖਵਿੰਦਰ ਸਿੰਘ ਲੋਟੇ, ਵਿਜੇ ਕੁਮਾਰ, ਸਰਬਜੀਤ ਸਿੰਘ ਸਰਹਾਲੀ, ਹਰਜਿੰਦਰ ਸਿੰਘ, ਅਮਰਨਾਥ ਕੂਮ ਕਲਾਂ, ਐਸ ਕੇ ਤਿਵਾੜੀ, ਵਿਨੋਦ ਤਿਵਾੜੀ, ਮਹੀਪਾਲ, ਬਲਰਾਮ ਸਿੰਘ, ਅਜੀਤ ਕੁਮਾਰ, ਰਾਮ ਬ੍ਰਿਕਸ਼ ਅਤੇ ਹਨੂਮਾਨ ਪ੍ਰਸ਼ਾਦ ਦੂਬੇ ਸ਼ਾਮਿਲ ਸਨ।

# ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਕੀਰਤਨ ਸਮਾਗਮ



ਲੁਧਿਆਣਾ, 17 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਦੀ ਪ੍ਰਬੰਧਕ ਕਮੇਟੀ ਵੱਲੋਂ ਬੀਤੀ ਰਾਤ ਗੁਰਦੁਆਰਾ ਸਾਹਿਬ ਵਿਖੇ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਚਲ ਰਹੀ ਹਫਤਾਵਾਰੀ ਕੀਰਤਨ ਸਮਾਗਮ ਲੜੀ ਅੰਦਰ ਪੰਥ ਪ੍ਰਸਿੱਧ ਕੀਰਤਨੀਏ ਭਾਈ ਕੁਲਦੀਪ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ ।ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਦੇ ਸਤਿਕਾਰਤ ਗ੍ਰੰਥੀ ਸਿੰਘਾਂ ਭਾਈ ਜਸਵਿੰਦਰ ਸਿੰਘ, ਭਾਈ ਸੁਖਵਿੰਦਰ ਸਿੰਘ ਤੇ ਭਾਈ ਗਗਨਦੀਪ ਸਿੰਘ ਵੱਲੋਂ ਕੀਰਤਨੀ ਜੱਥੇ ਦੇ ਮੈਬਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਕੀਰਤਨ ਸਮਾਗਮ ਅੰਦਰ ਮਹਿੰਦਰ ਡੰਗ,ਅਤੱਰ ਸਿੰਘ ਮਕੱੜ, ਰਜਿੰਦਰ ਸਿੰਘ ਡੰਗ, ਹਰਪਾਲ ਸਿੰਘ ਖਾਲਸਾ, ਬਲਬੀਰ ਸਿੰਘ ਭਾਟੀਆ, ਹਰਮੀਤ ਸਿੰਘ ਡੰਗ, ਸੁਖਵਿੰਦਰ ਸਿੰਘ ਹੈਪੀ ਕੋਚਰ, ਹਰਵਿੰਦਰ ਸਿੰਘ ਕੋਹਲੀ, ਗੁਰਦੀਪ ਸਿੰਘ ਡੀਮਾਰਟੇ, ਸੁਰਿੰਦਰਪਾਲ ਸਿੰਘ ਭੁਟੀਆਨੀ, ਨਰਿੰਦਰਪਾਲ ਸਿੰਘ ਕਥੂਰੀਆ, ਕਰਨੈਲ ਸਿੰਘ ਬੇਦੀ, ਦਾਨ ਸਿੰਘ,ਪ੍ਰੇਮ ਸਿੰਘ ,ਅਵਤਾਰ ਸਿੰਘ ਬੀ.ਕੇ,ਅਵਤਾਰ ਸਿੰਘ ਮਿੱਡਾ ਅਤੇ ਮਨਮੋਹਨ ਸਿੰਘ ਵੀ ਹਾਜ਼ਰ ਸਨ ।

# ਬਿਊਟੀਸ਼ੀਅਨ ਕੋਰਸ ਕੰਪਨੀ ਦੇ ਮਾਲਕ 'ਤੇ ਗੰਭੀਰ ਦੋਸ਼



ਲੁਧਿਆਣਾ 17 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) ਭਾਰਤ ਨਗਰ ਚੌਕ 'ਤੇ ਸਥਿਤ ਕੁਝ ਦਿਨ ਪਹਿਲਾਂ ਇੱਕ ਇਮਾਰਤ ਨੂੰ ਲੈ ਕੇ ਹੋਏ ਵਿਵਾਦ, ਜਿਸਦੀ ਵੀਡੀਓ ਸੋਸ਼ਲ ਮੀਡੀਆ @ਤੇ ਵਾਇਰਲ ਹੋਈ ਸੀ, ਸਬੰਧੀ ਘੁਮਾਰ ਮੰਡੀ ਵਿੱਚ ਇਮਾਰਤ ਦੇ ਮਾਲਕ ਯੋਗੇਸ਼ ਖੋਸਲਾ, ਉਸ ਦੇ ਸਾਥੀ ਇੰਦਰਜੀਤ ਸਿੰਘ ਗੋਲਾ ਤੇ ਐਡਵੋਕੇਟ ਗਗਨਪ੍ਰੀਤ ਸਿੰਘ ਵੱਲੋਂ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ ਇਸ ਦੌਰਾਨ ਖੋਸਲਾ ਨੇ ਕਿਹਾ ਕਿ ਉਹ ਇਸ ਇਮਾਰਤ ਦੇ ਮਾਲਕ ਹਨ, ਜਿਸ ਵਿੱਚੋਂ ਤੀਜੀ ਮੰਜ਼ਿਲ ਬਿਊਟੀਸ਼ੀਅਨ ਕੋਰਸ ਕਰਨ ਵਾਲੀ ਇੱਕ ਕੰਪਨੀ ਨੇ ਖਰੀਦੀ ਹੈ। ਉਸ ਦਾ ਮਾਲਕ ਕਦੇ ਹੇਠਲੀ ਮੰਜ਼ਿਲ 'ਤੇ, ਕਦੇ ਇਮਾਰਤ ਦੀ ਛੱਤ 'ਤੇ ਆਪਣੀ ਕੰਪਨੀ ਦੇ ਪੋਸਟਰ ਲਗਾਉਂਦਾ ਹੈ। ਪਹਿਲਾਂ, ਇਸ ਮਾਮਲੇ ਨੂੰ ਲੈ ਕੇ ਵਿਵਾਦ ਹੋਇਆ ਸੀ, ਅਤੇ ਪੁਲਿਸ ਨੇ ਦੋਵਾਂ ਧਿਰਾਂ ਵਿਚਕਾਰ ਇੱਕ ਸਮਝੌਤਾ ਕੀਤਾ ਸੀ, ਜਿਸ ਵਿੱਚ ਕਿਹਾ ਗਿਆ ਸੀ ਕਿ ਅੱਜ ਤੋਂ, ਤੀਜੀ ਮੰਜ਼ਿਲ ਦਾ ਮਾਲਕ ਹੇਠਲੀ ਇਮਾਰਤ 'ਤੇ ਕੋਈ ਪੋਸਟਰ ਨਹੀਂ ਲਗਾਏਗਾ, ਅਤੇ ਨਾ ਹੀ ਉਹ ਆਪਣਾ ਜਨਰੇਟਰ ਹੇਠਲੀ ਮੰਜ਼ਿਲ 'ਤੇ ਰੱਖੇਗਾ। ਖੋਸਲਾ ਨੇ ਉਸ ਤੇ ਕਥਿਤ ਤੌਰ ਤੇ ਹੇਠਲੀ ਇਮਾਰਤ ਦਾ ਤਾਲਾ ਤੋੜਨ ਅਤੇ ਉਸ ਨਾਲ ਬਦਸਲੂਕੀ ਕਰਨ ਦਾ ਇਲਜ਼ਾਮ ਲਗਾਉਂਦਿਆਂ ਕਿਹਾ ਕਿ ਪੁਲਿਸ ਨੂੰ ਸ਼ਿਕਾਇਤ ਦੇਣ ਦੇ ਬਾਵਜੂਦ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ। ਉਹਨਾਂ ਇਨਸਾਫ ਦੀ ਮੰਗ ਕੀਤੀ ਹੈ।ਇਸ ਮੌਕੇ ਵਕੀਲ ਅਨਮੋਲ ਸਿੰਘ , ਵਿਨੋਦ ਕੁਮਾਰ, ਹਰਵਿੰਦਰ ਸਿੰਘ, ਕਪਿਲ ਖਰਬੰਦਾ, ਹਨੀ ਮੱਕੜ, ਮੀਨੂੰ ਖਰਬੰਦਾ, ਅੰਕੁਸ਼ ਕੁਮਾਰ ਅਤੇ ਹੋਰ ਮੌਜੂਦ ਸਨ।ਦੂਜੀ ਧਿਰ ਨੇ ਆਪਣੇ ਤੇ ਲੱਗੇ ਸਾਰੇ ਦੋਸ਼ਾਂ ਨੂੰ ਨਕਾਰਿਆ ਹੈ।

# ਸਪਰਿੰਗ ਡੇਲੀਅਨਸ ਸਕੂਲ ਨੇ ਦਸਵੀਂ ਦੀਆਂ ਪ੍ਰੀਖਿਆਵਾਂ ਵਿੱਚ ਮਾਰੀਆਂ ਸ਼ਾਨਦਾਰ ਮੱਲਾਂ



ਲੁਧਿਆਣਾ 17 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) ਸਪਰਿੰਗ ਡੇਲ ਪਬਲਿਕ ਸਕੂਲ ਦੇ ਦਸਵੀਂ ਕਲਾਸ ਦੇ ਬੱਚਿਆਂ ਨੇ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਸੀ.ਬੀ.ਐਸ.ਈ. ਬੋਰਡ ਦੀਆਂ ਪਰੀਖਿਆਵਾਂ ਵਿੱਚ ਸ਼ਾਨਦਾਰ ਨਤੀਜੇ ਦੇ ਕੇ ਆਪਣਾ, ਆਪਣੇ ਮਾਪਿਆਂ ਤੇ ਸਕੂਲ ਦਾ ਨਾਂ ਰੌਸ਼ਨ ਕੀਤਾ। ਬੱਚਿਆਂ ਦੇ ਸ਼ਾਨਦਾਰ ਨਤੀਜੇ ਆਉਣ ਨਾਲ ਸਕੂਲ ਨੂੰ ਚਾਰ ਚੰਦ ਲੱਗ ਗਏ ਤੇ ਚਾਰੇ ਪਾਸੇ ਖ਼ੁਸ਼ੀਆਂ ਦੀ ਲਹਿਰ ਹੁਲਾਰੇ ਲੈਣ ਲੱਗੀ। ਮਨਜੋਤ ਕੌਰ 97.8%, ਗੁਰਲੀਨ ਕੌਰ 97.6% ਅਤੇ ਸ਼੍ਰੇਆ ਬੰਸਲ 97.4% ਨੰਬਰ ਲੈ ਕੇ ਕਰਮਵਾਰ ਪਹਿਲੇ ਦੂਜੇ ਤੇ ਤੀਸਰੇ ਸਥਾਨ ਤੇ ਰਹੀਆਂ। 90% ਤੋਂ ਉੱਤੇ ਰਹਿਣ ਵਾਲੇ ਬੱਚਿਆਂ ਵਿੱਚ, ਕਨਿਕਾ ਸ਼ਰਮਾ 97.2%, ਸੇਜਲ ਸ਼ਰਮਾ 97.2% , ਸੀਰਤ 97% , ਭਵਜੀਤ ਸਿੰਘ 96.8% , ਸਿਮਰਨ ਜੈਸਵਾਲ 96% , ਗੁਰਨੂਰ ਕੌਰ 95.6% ,. ਨਵਲੀਨ ਕੌਰ 95.4% , ਰੀਆ ਭੰਡਾਰੀ 94.4% ,. ਅਮੇਹਾ ਡੋਗਰਾ 93.6% , ਮਨਮੀਤ ਵਰਮਾ 92.8% , ਅਰੂਸ਼ੀ ਵਰਮਾ 92.6% , ਸਾਰਥਕ ਮਹਿਤਾ 92.2% ,. ਦ੍ਰਿਸ਼ਟੀ 91.6% , ਅਲੀਨ ਰਿਜ਼ਵੀ 91.2, ਮਹਿਜਬੀਨ ਖਾਤੂਨ 91% , ਕੁੰਵਰ 91% , ਨੈਨਸੀ ਰਾਣਾ 90.8% , ਮਨਵੀਰ ਕੌਰ 90.8% , ਨੈਨਾ ਸ਼ਰਮਾ 90.4% ਅਤੇ ਰੀਆ ਚੌਹਾਨ 90.2% ਸ਼ਾਮਿਲ ਹਨ। ਸਕੂਲ ਦੇ ਚੇਅਰਪਰਸਨ ਸ਼੍ਰੀਮਤੀ ਅਵਿਨਾਸ਼ ਕੌਰ ਵਾਲੀਆ ਨੇ ਸਾਰੇ ਬੱਚਿਆਂ ਦੀ ਸ਼ਾਨਦਾਰ ਕਾਰਗੁਜ਼ਾਰੀ @ਤੇ ਉਹਨਾਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਆਪਣੇ ਮਿੱਥੇ ਗਏ ਟੀਚੇ ਨੂੰ ਪੂਰਾ ਕਰਦੇ ਹੋਏ ਸਖ਼ਤ ਮਿਹਨਤ ਕਰਨ ਦੇ ਲਈ ਵੀ ਪ੍ਰੇਰਿਤ ਕੀਤਾ। ਸਕੂਲ ਦੇ ਡਾਇਰੈਕਟਰਜ਼ ਮਨਦੀਪ ਵਾਲੀਆਂ, ਸ਼੍ਰੀਮਤੀ ਕਮਲਪ੍ਰੀਤ ਕੌਰ , ਅਕਾਦਮਿਕ ਸਲਾਹਕਾਰ ਸੰਦੀਪ ਰੇਖੀ ਢ, ਡਿਪਟੀ-ਡਾਇਰੈਕਟਰ ਸੋਨੀਆ ਵਰਮਾ ਅਤੇ ਪ੍ਰਿੰਸੀਪਲ ਅਨਿਲ ਸ਼ਰਮਾ ਨੇ ਵੀ ਬੱਚਿਆਂ ਦੀ ਸਫ਼ਲਤਾ @ਤੇ ਉਹਨਾਂ ਨੂੰ ਅਤੇ ਉਹਨਾਂ ਦੇ ਮਾਪਿਆਂ ਨੂੰ ਬਹੁਤ- ਬਹੁਤ ਵਧਾਈ ਦਿੱਤੀ।

# ਬਿਜਲੀ ਮੰਤਰੀ ਦਾ ਪੁਤਲਾ ਫੂਕਿਆ



ਮੁੱਲਾਂਪੁਰ ਦਾਖਾ, 17 ਅਪ੍ਰੈਲ (ਦਵਿੰਦਰ ਸਿੰਘ ਲੰਮੇਂ) : ਜੋਇੰਟ ਫੋਰਮ ਅਤੇ ਬਿਜਲੀ ਏਕਤਾ ਮੰਚ ਪੰਜਾਬ ਵੱਲੋਂ ਬਿਜਲੀ ਮੰਤਰੀ ਦੀ ਜੱਥੇਬੰਦੀ ਨਾਲ ਮੀਟਿੰਗ ਸਮੇਂ ਉਹਨਾਂ ਦੇ ਅੱਖੜ ਰਵਈਏ ਤੋ ਨਾ ਖ਼ੁਸ਼ ਬਿਜਲੀ ਕਰਮਚਾਰੀਆਂ ਵੱਲੋਂ ਡਿਵੀਜ਼ਨ ਅੱਡਾ ਦਾਖਾ ਵਿਖੇ ਸਰਕਲ ਪ੍ਰਧਾਨ ਹਰਵਿੰਦਰ ਸਿੰਘ ਲਾਲੂ ਅਤੇ ਡਿਵੀਜ਼ਨ ਪ੍ਰਧਾਨ ਗੁਰਮੇਲ ਸਿੰਘ ਵਿਰਕ ਦੀ ਅਗੁਵਾਈ ਹੇਠ ਬਿਜਲੀ ਮੰਤਰੀ ਸੰਜੀਵ ਅਰੋੜਾ ਦਾ ਪੁਤਲਾ ਫੂਕਿਆ ਅਤੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜੀ ਕੀਤੀ ਗਈ।

ਇਸ ਮੌਕੇ ਪ੍ਰਧਾਨ ਹਰਵਿੰਦਰ ਸਿੰਘ ਅਤੇ ਗੁਰਮੇਲ ਸਿੰਘ ਵਿਰਕ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਜਾਇਜ਼ ਅਤੇ ਹੱਕੀ ਮੰਗਾਂ ਪੁਰਾਣੀ ਪੈਨਸ਼ਨ ਬਹਾਲ ਕਰਵਾਉਣਾ, ਕੱਚੇ ਕਾਮੇ ਪੱਕੇ ਕਰਨਾ, 16% ਪੈਂਡਿੰਗ ਡੀਏ ਰਿਲੀਜ਼ ਕਰਨਾ, ਬਿਜਲੀ ਬੋਰਡ ਦੀਆਂ ਕੀਮਤੀ ਜਾਇਦਾਦਾਂ ਵੇਚਣ 'ਤੇ ਰੋਕ ਲਗਾਉਣੀ, ਪੇ ਸਕੇਲਾਂ ਦਾ ਬਕਾਇਆ ਰਿਲੀਜ਼ ਕਰਨਾ ਅਤੇ ਪੇ ਸਕੇਲ ਦੇ ਦੋ ਅਲੱਗ ਅਲੱਗ ਪੈਟਰਨ ਦੇ ਕੇ ਮੁਲਾਜ਼ਮ ਸਾਥੀਆਂ ਦੇ ਵਿੱਚ ਪਾੜ ਪਾਉਣ ਦੀ ਨੀਤੀ ਨੂੰ ਅਪਨਾਉਣ ਵਰਗੀਆਂ ਗਲਤ ਨੀਤੀਆਂ ਦੀ ਸਖ਼ਤ ਨਿਖੇਧੀ ਕੀਤੀ।

ਇਸ ਮੌਕੇ ਵਰਕਿੰਗ ਪ੍ਰਧਾਨ ਜਸਵਿੰਦਰ ਸਿੰਘ ਧੂਰੀ, ਸਰਕਲ ਆਗੂ ਗੁਰਵਿੰਦਰ ਸਿੰਘ ਹਿੱਸੋਵਾਲ, ਡਿਵੀਜ਼ਨ ਸਕੱਤਰ ਦਲਵੀਰ ਸਿੰਘ, ਡਿਵੀਜ਼ਨ ਕੈਸ਼ੀਅਰ ਇੰਦਰਜੀਤ ਸਿੰਘ, ਪ੍ਰਧਾਨ ਦਰਸ਼ਪ੍ਰੀਤ ਸਿੰਘ, ਪ੍ਰਧਾਨ ਜਗਸੀਰ ਸਿੰਘ, ਪ੍ਰਧਾਨ ਨਰਿੰਦਰ ਕੁਮਾਰ, ਸਮੂਹ ਜੇਈ ਸਾਹਿਬਾਨ ਡਿਵੀਜ਼ਨ ਅੱਡਾ ਦਾਖਾ ਅਤੇ ਸਾਰੇ ਹੀ ਜੁਝਾਰੂ ਮੁਲਾਜ਼ਮ ਸਾਥੀ ਵੱਡੀ ਗਿਣਤੀ ਵਿਚ ਮੌਜੂਦ ਸਨ।

# ਮੱਸਿਆ ਦਾ ਦਿਹਾੜਾ ਮਨਾਇਆ



ਲੁਧਿਆਣਾ 17 ਅਪ੍ਰੈਲ ( ਰਵਿੰਦਰ ਸਿੰਘ ਨਿੱਝਰ ) ਗੁਰਦੁਆਰਾ ਸ਼ਹੀਦਾਂ ਫ਼ੇਰੂਮਾਨ ਢੋਲੇਵਾਲ ਚੌਂਕ ਵਿਖੇ ਵੈਸਾਖ ਮਹੀਨੇ ਦੀ ਮੱਸਿਆ ਦਾ ਦਿਹਾੜਾ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਸ਼ਰਧਾ ਭਾਵਨਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਅੰਮ੍ਰਿਤ ਵੇਲੇ ਤੋਂ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਜੱਥਿਆਂ ਭਾਈ ਗੁਰਦੀਪ ਸਿੰਘ ਜੈਪੁਰ ਵਾਲੇ, ਭਾਈ ਹਰਪ੍ਰੀਤ ਸਿੰਘ ਖਾਲਸਾ, ਭਾਈ ਪਰਮਵੀਰ ਸਿੰਘ, ਗੁਰਮੇਲ ਸਿੰਘ ਦੁੱਗਰੀ ਵਾਲੇ ਅਤੇ ਕਲਗੀਧਰ ਸਕੂਲ ਦੇ ਬੱਚਿਆਂ ਵੱਲੋਂ ਗੁਰਬਾਣੀ ਕੀਰਤਨ ਦੀ ਹਾਜਰੀ ਭਰੀ ਗਈ। ਉਪਰੰਤ ਗੁਰਦੁਆਰਾ ਸਾਹਿਬ ਦੇ ਮੁੱਖ ਕਥਾ ਵਾਚਕ ਗਿਆਨੀ ਮਨਪ੍ਰੀਤ ਸਿੰਘ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਸੰਗਤੀ ਰੂਪ @ਚ ਰਾਗੀ ਜਥੇ ਭਾਈ ਗੁਰਦੀਪ ਸਿੰਘ ਨੂੰ ਸਿਰਪਾਉ ਭੇਟ ਕੀਤੇ ਗੁਰੂ ਕੇ ਲੰਗਰ ਅਤੁੱਟ ਵਰਤੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਮਜੀਤ ਸਿੰਘ ਲਾਇਲਪੁਰੀ, ਤੇਜਿੰਦਰ ਸਿੰਘ ਡੰਗ, ਤਰਲੋਚਨ ਸਿੰਘ ਬੱਬਰ, ਇੰਦਰਮੋਹਨ ਸਿੰਘ ਕਾਦੀਆ, ਇੰਦਰਜੀਤ ਸਿੰਘ ਮੱਕੜ, ਜਤਿੰਦਰਪਾਲ ਸਿੰਘ ਸਲੂਜਾ, ਸੁਰਿੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੁਖੀਆ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਨਕੂ, ਇੰਦਰਜੀਤ ਸਿੰਘ ਗੋਲਾ, ਲਖਵਿੰਦਰ ਸਿੰਘ ਲੱਖਾ, ਸੁਰਿੰਦਰ ਸਿੰਘ ਨਾਰੰਗ, ਮੋਹਨ ਸਿੰਘ ਚੌਹਾਨ, ਅਰਜੁਨ ਸਿੰਘ ਚੀਮਾ, ਪਰਮਿੰਦਰ ਸਿੰਘ, ਰਵਿੰਦਰ ਸਿੰਘ ਰਵੀ, ਗੁਰਮੀਤ ਸਿੰਘ, ਸੁਨੀਲ ਕੁਮਾਰ, ਦਵਿੰਦਰ ਕੌਰ ਸੋਹਲ, ਜਸਮੇਲ ਕੌਰ ਖੇੜੀਕਲਾਂ, ਰਵਨੀਤ ਕੌਰ ਖੇੜੀਕਲਾਂ, ਅਰਵਿੰਦਰ ਕੌਰ ਆਦਿ ਹਾਜ਼ਰ ਸਨ।

# ਵਰਮਾ ਨੇ ਸੈਂਟਰਲ ਬੈਂਕ ਆਫ਼ ਇੰਡੀਆ ਦੇ ਨਵੇਂ ਖੇਤਰੀ ਮੁੱਖੀ ਵਜੋਂ ਅਹੁਦਾ ਸੰਭਾਲਿਆ



ਲੁਧਿਆਣਾ 17 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਸੈਂਟਰਲ ਬੈਂਕ ਆਫ ਇੰਡੀਆ ਰਿਟਾਇਰਜ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਨਵੇਂ ਖੇਤਰੀ ਮੁੱਖੀ ਸ੍ਰੀ ਮਨੀਸ਼ ਵਰਮਾ ਨੂੰ ਅਹੁਦਾ ਸੰਭਾਲਣ ਤੇ ਜੀ ਆਇਆ ਕਿਹਾ ਅਤੇ ਬੁੱਕੇ ਪੇਸ਼ ਕੀਤੇ। ਟੀਮ ਵਿੱਚ ਲੁਧਿਆਣਾ ਦੇ ਪ੍ਰਧਾਨ ਐਮ ਐਸ ਭਾਟੀਆ, ਸਕੱਤਰ ਅਜੇ ਬੱਗਾ, ਚੰਡੀਗੜ੍ਹ ਜੋਨ ਦੇ ਜਨਰਲ ਸਕੱਤਰ ਦਰਸ਼ਨ ਸਿੰਘ ਰੀਹਲ, ਗਵਾਲੀਅਰ ਤੋਂ ਰਿਟਾਇਰ ਹੋਏ ਸਾਬਕਾ ਖੇਤਰੀ ਪ੍ਰਬੰਧਕ ਅਮਰੀਕ ਸਿੰਘ, ਸੁਭਾਸ਼ ਤਨੇਜਾ, ਸਰੂਪ ਭਗਤ ਅਤੇ ਹਰਮਿੰਦਰ ਸਿੰਘ ਸ਼ਾਮਲ ਸਨ। ਬੈਂਕ ਦੇ ਸੂਰਤ ਖੇਤਰੀ ਦਫਤਰ ਤੋਂ ਬਦਲ ਕੇ ਆਏ ਸ੍ਰੀ ਮਨੀਸ਼ ਵਰਮਾ ਨੇ ਰਿਟਾਰੀਜ ਆਗੂਆਂ ਨੂੰ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਰਿਟਾਇਰੀਆਂ ਦਾ ਕੰਮ ਪਹਿਲ ਦੇ ਆਧਾਰ ਤੇ ਹੋਵੇਗਾ। ਉਹਨਾਂ ਕਿਹਾ ਕਿ ਬੈਂਕ ਦੇ ਰਿਟਾਇਰੀ ਬੈਂਕ ਦਾ ਸਰਮਾਇਆ ਹਨ ਅਤੇ ਬੈਂਕ ਦੇ ਬ੍ਰਾਂਡ ਅੰਬੈਸਡਰ ਹਨ।

ਰਿਟਾਇਰੀਜ ਐਸੋਸੀਏਸ਼ਨ ਨੇ ਡਿਪਟੀ ਖੇਤਰੀ ਪ੍ਰਬੰਧਕ ਸ੍ਰੀ ਮਿਥਲੇਸ਼ ਕੁਮਾਰ ਦਾ ਵੀ ਸਨਮਾਨ ਕੀਤਾ।

# ਲੁਧਿਆਣਾ ਦਿਹਾਤੀ ਪੁਲਿਸ ਦੀ ਵੱਡੀ ਕਾਮਯਾਬੀ, ਸੰਭਾਵਿਤ ਸ਼ੂਟਆਊਟ ਬਣਾਇਆ ਨਾਕਾਮ



ਜਗਰਾਉਂ, 17 ਅਪ੍ਰੈਲ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਲੁਧਿਆਣਾ (ਦਿਹਾਤੀ) ਪੁਲਿਸ ਨੇ ਵੱਡੀ ਕਾਰਵਾਈ ਕਰਦਿਆਂ ਸ਼ਹਿਰ ਵਿੱਚ ਹੋਣ ਵਾਲੇ ਸੰਭਾਵਿਤ ਸ਼ੂਟਆਊਟ ਨੂੰ ਨਾਕਾਮ ਬਣਾਇਆ ਹੈ। ਪੁਲਿਸ ਨੇ ਗੈਂਗਸਟਰ ਗੋਪੀ ਲਾਹੌਰੀਆ ਦੇ ਦੋ ਨਜ਼ਦੀਕੀ ਸਾਥੀਆਂ ਨੂੰ ਨਜਾਇਜ਼ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਸੀਨੀਅਰ ਕਪਤਾਨ ਪੁਲਿਸ ਡਾ. ਅੰਕੁਰ ਗੁਪਤਾ (ਆਈ.ਪੀ.ਐਸ.) ਨੇ ਦੱਸਿਆ ਕਿ ਇਹ ਕਾਰਵਾਈ ਕਪਤਾਨ ਪੁਲਿਸ (ਡੀ) ਰਾਜਨ ਸ਼ਰਮਾ ਅਤੇ ਡੀ.ਐਸ.ਪੀ. ਜਤਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸੀ.ਆਈ.ਏ ਸਟਾਫ ਜਗਰਾਉਂ ਵੱਲੋਂ ਕੀਤੀ ਗਈ। ਪੁਲਿਸ ਨੂੰ 16 ਅਪ੍ਰੈਲ ਨੂੰ ਇੱਕ ਭਰੋਸੇਯੋਗ ਗੁਪਤ ਸੂਚਨਾ ਮਿਲੀ ਸੀ ਕਿ ਹਰਸ਼ਦੀਪ ਸਿੰਘ ਉਰਫ਼ ਬਿੱਲਾ ਅਤੇ ਕੁਲਵਿੰਦਰ ਸਿੰਘ ਉਰਫ਼ ਕਿੰਦਾ ਮੋਗਾ ਇਲਾਕੇ ਤੋਂ ਨਜਾਇਜ਼ ਹਥਿਆਰ ਲੈ ਕੇ ਲੁਧਿਆਣਾ ਵੱਲ ਆ ਰਹੇ ਹਨ ਅਤੇ ਵੱਡੀ ਵਾਰਦਾਤ ਦੀ ਯੋਜਨਾ ਬਣਾ ਰਹੇ ਹਨ। ਇਸ ਸੂਚਨਾ ਦੇ ਆਧਾਰ @ਤੇ ਥਾਣਾ ਸਦਰ ਜਗਰਾਉਂ ਵਿੱਚ ਮਾਮਲਾ ਦਰਜ ਕਰਕੇ ਪੁਲਿਸ ਨੇ ਚੂੜਚੱਕ ਵਿਖੇ ਨਾਕਾਬੰਦੀ ਕੀਤੀ। ਨਾਕਾਬੰਦੀ ਦੌਰਾਨ ਦੋਵੇਂ ਦੋਸ਼ੀਆਂ ਨੂੰ ਕਾਬੂ ਕਰ ਲਿਆ ਗਿਆ। ਤਲਾਸ਼ੀ ਦੌਰਾਨ ਉਨ੍ਹਾਂ ਕੋਲੋਂ 2 ਦੇਸੀ .32 ਬੋਰ ਪਿਸਟਲ, 4 ਮੈਗਜ਼ੀਨ, 4 ਜ਼ਿੰਦਾ ਕਾਰਤੂਸ ਅਤੇ ਇੱਕ ਬਿਨਾ ਨੰਬਰੀ ਸਪਲੈਂਡਰ ਮੋਟਰਸਾਈਕਲ ਬਰਾਮਦ ਹੋਇਆ। ਪ੍ਰਾਰੰਭਿਕ ਪੁੱਛਗਿੱਛ ਵਿੱਚ ਸਾਹਮਣੇ ਆਇਆ ਕਿ ਦੋਵੇਂ ਦੋਸ਼ੀ ਗੈਂਗਸਟਰ ਗੋਪੀ ਲਾਹੌਰੀਆ ਦੇ ਕਹਿਣ @ਤੇ ਹਥਿਆਰਾਂ ਦੀ ਡਿਲਿਵਰੀ ਲੈ ਕੇ ਆ ਰਹੇ ਸਨ ਅਤੇ ਲੁਧਿਆਣਾ ਵਿੱਚ ਸ਼ੂਟਆਊਟ ਕਰਨ ਦੇ ਨਿਰਦੇਸ਼ ਸਨ। ਇਸ ਦੇ ਬਦਲੇ ਉਨ੍ਹਾਂ ਨੂੰ 20 ਹਜ਼ਾਰ ਰੁਪਏ ਦੇਣ ਦਾ ਵਾਅਦਾ ਕੀਤਾ ਗਿਆ ਸੀ। ਜਾਂਚ ਦੌਰਾਨ ਇਹ ਵੀ ਖੁਲਾਸਾ ਹੋਇਆ ਕਿ ਵਰਤਿਆ ਜਾ ਰਿਹਾ ਮੋਟਰਸਾਈਕਲ ਚੋਰੀ ਦਾ ਸੀ ਅਤੇ ਉਸਦੇ ਇੰਜਨ ਅਤੇ ਚੈਸੀ ਨੰਬਰ ਮਿਟਾਏ ਗਏ ਸਨ। ਪੁਲਿਸ ਨੇ ਮਾਮਲੇ ਵਿੱਚ ਹੋਰ ਧਾਰਾਵਾਂ ਵੀ ਸ਼ਾਮਲ ਕਰ ਲਈਆਂ ਹਨ ਅਤੇ ਗਹਿਰਾਈ ਨਾਲ ਤਫਤੀਸ਼ ਜਾਰੀ ਹੈ। ਪੁਲਿਸ ਅਨੁਸਾਰ ਮੁੱਖ ਦੋਸ਼ੀ ਹਰਸ਼ਦੀਪ ਸਿੰਘ ਉਰਫ਼ ਬਿੱਲਾ ਹਾਲ ਹੀ ਵਿੱਚ ਕਤਲ ਦੇ ਮਾਮਲੇ ਵਿੱਚ ਜ਼ਮਾਨਤ @ਤੇ ਜੇਲ੍ਹ ਤੋਂ ਬਾਹਰ ਆਇਆ ਸੀ ਅਤੇ ਮੁੜ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਹੋ ਗਿਆ। ਪੁਲਿਸ ਦੀ ਇਸ ਕਾਰਵਾਈ ਨਾਲ ਇੱਕ ਵੱਡੀ ਅਨਹੋਣੀ ਟਲ ਗਈ ਹੈ ਅਤੇ ਹੋਰ ਮਹੱਤਵਪੂਰਨ ਖੁਲਾਸਿਆਂ ਦੀ ਸੰਭਾਵਨਾ ਜਤਾਈ ਜਾ ਰਹੀ ਹੈ।

# ਡੀ.ਸੀ. ਜੈਨ ਵੱਲੋਂ 'ਨਵੀ ਰੋਸ਼ਨੀ' ਪ੍ਰੋਗਰਾਮ ਦੇ ਦੂਜੇ ਪੜਾਅ ਦੀ ਸ਼ੁਰੂਆਤ



ਲੁਧਿਆਣਾ, 17 ਅਪ੍ਰੈਲ (ਵਿਸ਼ਾਲ ਸ਼ਰਮਾ) ਸੰਪੂਰਨ ਪੁਨਰਵਾਸ ਵੱਲ ਇੱਕ ਵੱਡੀ ਪਹਿਲ ਕਰਦੇ ਹੋਏ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ ਆਈ.ਏ.ਐਸ ਨੇ ਅੱਜ ਕਿਸ਼ੋਰ ਆਬਜ਼ਰਵੇਸ਼ਨ ਹੋਮ, ਸ਼ਿਮਲਾਪੁਰੀ ਵਿਖੇ ÷ਨਵੀ ਰੋਸ਼ਨੀ÷ ਪ੍ਰੋਗਰਾਮ ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ। ਇਹ ਪੜਾਅ ਸ੍ਰੀਮਤੀ ਸਪਨਾ ਮਿੱਤਲ ਦੀ ਅਗਵਾਈ ਵਾਲੀ ਆਰਟ ਲਾਈਫ ਐਂਡ ਬਿਓਂਡ ਸੋਸਾਇਟੀ ਦੇ ਸਹਿਯੋਗ ਨਾਲ ਸਰਟੀਫਿਕੇਟ ਕੋਰਸਾਂ ਦਾ ਇੱਕ ਢਾਂਚਾਗਤ ਪਾਠਕ੍ਰਮ ਪੇਸ਼ ਕਰਦਾ ਹੈ। ਨਵੀ ਰੋਸ਼ਨੀ ਪ੍ਰੋਗਰਾਮ ਫੇਜ਼-2 ਵਿਸ਼ੇਸ਼ ਸਰਟੀਫਿਕੇਟ ਕੋਰਸਾਂ ਰਾਹੀਂ ਨਾਬਾਲਗਾਂ ਦੀ ਮਾਨਸਿਕ ਅਤੇ ਸਰੀਰਕ ਤੰਦਰੁਸਤੀ @ਤੇ ਕੇਂਦ੍ਰਤ ਕਰਦਾ ਹੈ, ਜਿਸ ਵਿੱਚ ਸ਼ਾਮਲ ਹਨ: ਯੋਗਾ: ਸਰੀਰਕ ਸਿਹਤ ਅਤੇ ਮਾਨਸਿਕ ਸ਼ਾਂਤੀ ਲਈ ਜ਼ਰੂਰੀ ਹੈ। ਭੰਗੜਾ ਅਤੇ ਗਾਇਕੀ: ਸੱਭਿਆਚਾਰਕ ਵਿਰਾਸਤ ਦਾ ਜਸ਼ਨ ਮਨਾਉਣ ਅਤੇ ਇੱਕ ਰਚਨਾਤਮਕ ਭਾਵਨਾਤਮਕ ਆਊਟਲੇਟ ਪ੍ਰਦਾਨ ਕਰਨ ਵਿੱਚ ਸਹਾਇਤਾ ਕਰਦਾ ਹੈ। ਕਲਾ ਅਤੇ ਸ਼ਿਲਪਕਾਰੀ: ਧੀਰਜ, ਸ਼ੁੱਧਤਾ ਅਤੇ ਕਲਾਤਮਕ ਪ੍ਰਗਟਾਵੇ ਨੂੰ ਉਤਸ਼ਾਹਿਤ ਕਰਦੀ ਹੈ। ਇਹਨਾਂ ਕੋਰਸਾਂ ਨੂੰ ਨਿਯਮਤ ਕਰਨ ਦਾ ਉਦੇਸ਼ ਨਾਬਾਲਗਾਂ ਦੇ ਰੋਜ਼ਾਨਾ ਜੀਵਨ ਵਿੱਚ ਵਿਵਸਥਾ ਅਤੇ ਅਨੁਸ਼ਾਸਨ ਦੀ ਭਾਵਨਾ ਪੈਦਾ ਕਰਨਾ ਹੈ। ਇਕਸਾਰ, ਟੀਚਾ-ਅਧਾਰਿਤ ਗਤੀਵਿਧੀਆਂ ਵਿੱਚ ਸ਼ਾਮਲ ਹੋ ਕੇ ਮਨੁੱਖ ਆਲਸ ਤੋਂ ਦੂਰ ਸਰਗਰਮ ਭਾਗੀਦਾਰੀ ਦੀ ਜੀਵਨ ਸ਼ੈਲੀ ਵੱਲ ਵਧਦੇ ਹਨ। ਇਹ ਪ੍ਰੋਗਰਾਮ ਸਿਰਫ਼ ਮਨੋਰੰਜਨ ਨਹੀਂ ਹਨ ਇਹ ਫੋਕਸ, ਟੀਮ ਵਰਕ ਅਤੇ ਸਵੈ-ਮਾਣ, ਸਫਲ ਸਮਾਜਿਕ ਪੁਨਰ-ਏਕੀਕਰਨ ਲਈ ਜ਼ਰੂਰੀ ਗੁਣਾਂ ਨੂੰ ਬਣਾਉਣ ਲਈ ਇਲਾਜ ਦੇ ਸਾਧਨਾਂ ਵਜੋਂ ਕੰਮ ਕਰਦੇ ਹਨ। ਮੁੱਖ ਸ਼ਾਸਨ ਅਧਿਕਾਰੀ, ਅੰਬਰ ਬੰਦੋਪਾਧਿਆਏ ਅਤੇ ਸ਼ਾਸਨ ਫੈਲੋ ਨਵਪ੍ਰੀਤ ਸਿੱਧੂ ਵੀ ਇਸ ਵੱਕਾਰੀ ਪ੍ਰੋਗਰਾਮ ਦਾ ਹਿੱਸਾ ਹਨ। ਇਹ ਪਹਿਲ ਲੁਧਿਆਣਾ ਪ੍ਰਸ਼ਾਸਨ ਦੁਆਰਾ ਇੱਕ ਸਹਾਇਕ ਵਾਤਾਵਰਣ ਪ੍ਰਦਾਨ ਕਰਨ ਲਈ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦੀ ਹੈ ਜੋ ਸ਼ਿਮਲਾਪੁਰੀ ਦੇ ਆਬਜ਼ਰਵੇਸ਼ਨ ਹੋਮ ਵਿਖੇ ਹਰੇਕ ਵਿਅਕਤੀ ਦੀ ਸੁਧਾਰਾਤਮਕ ਯਾਤਰਾ ਨੂੰ ਤਰਜੀਹ ਦਿੰਦਾ ਹੈ।

# ਵਿਧਾਇਕ ਸੰਗੋਵਾਲ ਤੇ ਚੇਅਰਮੈਨ ਗਿੱਲ ਵੱਲੋਂ ਅਨਾਜ ਮੰਡੀ ਦਾ ਦੌਰਾ



ਲੁਧਿਆਣਾ,17 ਅਪ੍ਰੈਲ (ਵਿਸ਼ਾਲ ਸ਼ਰਮਾ) ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ, ਆਮ ਲੋਕਾਂ ਦੀ ਸਰਕਾਰ ਵੱਲੋਂ ਪਿਛਲੇ 4 ਸਾਲਾਂ ਦੌਰਾਨ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ @ਤੇ ਪਾਇਆ ਜਿਸਦੇ ਸਦਕਾ ਹੁਣ ਅੰਨਦਾਤਾ ਨੇ ਵੀ ਸੁੱਖ ਦਾ ਸਾਹ ਲਿਆ ਹੈ ਕਿਉਂਕਿ ਸਰਕਾਰ ਵੱਲੋਂ ਮੰਡੀਆਂ ਵਿੱਚ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਫਸਲ ਦੀ ਖਰੀਦ ਲਈ ਪੁੱਖਤਾ ਪ੍ਰਬੰਧ ਕੀਤੇ ਗਏ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਗਿੱਲ ਦੇ ਵਿਧਾਇਕ ਜੀਵਨ ਸਿੰਘ ਸੰਗੋਵਾਲ ਅਤੇ ਮਾਰਕੀਟ ਕਮੇਟੀ ਲੁਧਿਆਣਾ ਦੇ ਚੇਅਰਮੈਨ ਗੁਰਜੀਤ ਸਿੰਘ ਗਿੱਲ ਵੱਲੋਂ ਵਿਧਾਨ ਸਭਾ ਹਲਕਾ ਗਿੱਲ ਅਧੀਨ ਪੈਂਦੀ ਬਹਾਦਰ ਕੇ ਦਾਨਾ ਮੰਡੀ ਵਿੱਚ ਖਰੀਦ ਪ੍ਰਬੰਧਾ ਦਾ ਜਾਇਜ਼ਾ ਲੈਣ ਮੌਕੇ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਉਨਾਂ ਵੱਲੋਂ ਕਿਸਾਨਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ। ਚੇਅਰਮੈਨ ਗਿੱਲ ਨੇ ਅੱਗੇ ਕਿਹਾ ਕਿ ਕਿਸਾਨਾਂ ਦੀ ਉਪਜ ਦੇ ਇੱਕ-ਇੱਕ ਦਾਣੇ ਨੂੰ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਖਰੀਦ ਕੇ ਉਸਦੀ ਲਿਫਟਿੰਗ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰ ਵੱਲੋਂ ਵਿਆਪਕ ਪ੍ਰਬੰਧ ਕੀਤੇ ਗਏ ਹਨ ਕਿ ਕਿਸਾਨਾਂ ਦੀ ਫ਼ਸਲ ਅਨਾਜ ਮੰਡੀਆਂ ਵਿੱਚੋਂ ਤੁਰੰਤ ਚੁੱਕ ਲਈ ਜਾਵੇ ਅਤੇ ਕਿਹਾ ਕਿ ਕਿਸਾਨ ਨੂੰ ਆਪਣੀ ਉਪਜ ਵੇਚਣ ਵੇਲੇ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਸਾਨ ਭਰਾਵਾਂ ਨੂੰ ਕਣਕ ਦੀ ਰਹਿੰਦ-ਖੂੰਹਦ ਨੂੰ ਸਾੜਨ ਤੋਂ ਗੁਰੇਜ਼ ਕਰਨ ਦੀ ਵੀ ਅਪੀਲ ਕੀਤੀ, ਜਿਸ ਨਾਲ ਵਾਤਾਵਰਣ ਨੂੰ ਵੱਡਾ ਖਤਰਾ ਪੈਦਾ ਹੁੰਦਾ ਹੈ।

# ਨਸ਼ਾ ਮੁਕਤ ਮਾਡਲ, ਪੰਜਾਬ ਸਰਕਾਰ ਦੀ ਮੁਹਿੰਮ ਨੂੰ ਮਿਲੀ ਵੱਡੀ ਕਾਮਯਾਬੀ




ਲੁਧਿਆਣਾ, 17 ਅਪ੍ਰੈਲ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਖੰਨਾ ਦਾ ਮੀਟ ਮਾਰਕੀਟ ਇਲਾਕਾ, ਜੋ ਇੱਕ ਸਮੇਂ ਨਸ਼ਾ ਤਸਕਰੀ ਦਾ ਹਾਟਸਪਾਟ ਮੰਨਿਆ ਜਾਂਦਾ ਸੀ, ਹੁਣ ਇੱਕ ਸਕਾਰਾਤਮਕ ਬਦਲਾਅ ਦੀ ਮਿਸਾਲ ਬਣਦਾ ਜਾ ਰਿਹਾ ਹੈ। ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਹੇਠ ਇਸ ਇਲਾਕੇ ਨੂੰ ਨਸ਼ਾ ਮੁਕਤ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਨੇ ਲੋਕਾਂ ਵਿੱਚ ਨਵੀਂ ਉਮੀਦ ਜਗਾਈ ਹੈ। ਇਸ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਖੰਨਾ ਦੇ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੀ ਦੂਰਅੰਦੇਸ਼ੀ ਸੋਚ ਅਤੇ ਵਚਨਬੱਧਤਾ ਖਾਸ ਤੌਰ 'ਤੇ ਕਾਬਿਲ-ਏ-ਤਾਰੀਫ ਹੈ।

ਪਿਛਲੇ ਮਹੀਨਿਆਂ ਦੌਰਾਨ ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਇਸ ਇਲਾਕੇ ਨੂੰ ਨਸ਼ਾ ਮੁਕਤ ਕਰਨ ਲਈ ਗੋਦ ਲੈਣ ਦਾ ਐਲਾਨ ਕੀਤਾ ਗਿਆ ਸੀ। ਇਸ ਐਲਾਨ ਤੋਂ ਬਾਅਦ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਨੇ ਮਿਲ ਕੇ ਲਗਾਤਾਰ ਇਥੇ ਸੁਧਾਰ ਲਈ ਕਦਮ ਚੁੱਕਣੇ ਸ਼ੁਰੂ ਕੀਤੇ ਹਨ। ਨਤੀਜੇ ਵਜੋਂ ਇਲਾਕੇ ਦੀ ਨੁਹਾਰ ਤੇਜ਼ੀ ਨਾਲ ਬਦਲਦੀ ਨਜ਼ਰ ਆ ਰਹੀ ਹੈ। ਇਸ ਬਦਲਾਅ ਦੀ ਲੜੀ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦੇ ਹੋਏ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਅਤੇ ਐਸ.ਡੀ.ਐਮ ਸਵਾਤੀ ਟਿਵਾਣਾ ਵੱਲੋਂ ਇਥੋਂ ਦੀਆਂ ਔਰਤਾਂ ਨੂੰ ਸਵੈ-ਰੋਜ਼ਗਾਰ ਵੱਲ ਪ੍ਰੇਰਿਤ ਕਰਨ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਪਹਿਲੇ ਪੜਾਅ ਵਿੱਚ ਇੱਕ ਦਰਜਨ ਤੋਂ ਵੱਧ ਔਰਤਾਂ ਨੂੰ ਸਿਲਾਈ ਮਸ਼ੀਨਾਂ ਵੰਡੀਆਂ ਗਈਆਂ, ਤਾਂ ਜੋ ਉਹ ਆਪਣੇ ਪੈਰਾਂ 'ਤੇ ਖੜੀਆਂ ਹੋ ਸਕਣ ਅਤੇ ਆਪਣੇ ਪਰਿਵਾਰ ਦੀ ਆਰਥਿਕ ਹਾਲਤ ਨੂੰ ਮਜ਼ਬੂਤ ਕਰ ਸਕਣ। ਇਸ ਤੋਂ ਇਲਾਵਾ, ਆਉਣ ਵਾਲੇ ਦਿਨਾਂ ਵਿੱਚ ਔਰਤਾਂ ਲਈ ਮੁਫਤ ਸਿਲਾਈ ਟ੍ਰੇਨਿੰਗ ਦੀ ਵੀ ਯੋਜਨਾ ਬਣਾਈ ਗਈ ਹੈ, ਜਿਸ ਨਾਲ ਉਹਨਾਂ ਨੂੰ ਹੁਨਰਮੰਦ ਬਣਾਇਆ ਜਾਵੇਗਾ ਅਤੇ ਰੋਜ਼ਗਾਰ ਦੇ ਹੋਰ ਮੌਕੇ ਵੀ ਮਿਲਣਗੇ। ਇਹ ਉਪਰਾਲਾ ਨਾ ਸਿਰਫ ਔਰਤਾਂ ਨੂੰ ਆਤਮਨਿਰਭਰ ਬਣਾਉਣ ਵੱਲ ਇੱਕ ਵੱਡਾ ਕਦਮ ਹੈ, ਸਗੋਂ ਸਮਾਜ ਵਿੱਚ ਨਸ਼ੇ ਦੇ ਖਿਲਾਫ ਜਾਗਰੂਕਤਾ ਫੈਲਾਉਣ ਵਿੱਚ ਵੀ ਮਦਦਗਾਰ ਸਾਬਤ ਹੋ ਰਿਹਾ ਹੈ। ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਦੱਸਿਆ ਕਿ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਇਕੱਠੇ ਹੋ ਕੇ ਇਸ ਇਲਾਕੇ ਦੀ ਤਸਵੀਰ ਬਦਲਣ ਲਈ ਦਿਨ-ਰਾਤ ਮਿਹਨਤ ਕਰ ਰਹੇ ਹਨ। ਉਹਨਾਂ ਨੇ ਕਿਹਾ ਕਿ ਨਸ਼ੇ 'ਤੇ ਕਾਫੀ ਹੱਦ ਤੱਕ ਕਾਬੂ ਪਾਇਆ ਜਾ ਚੁੱਕਾ ਹੈ ਅਤੇ ਹੁਣ ਮੁੱਖ ਧਿਆਨ ਲੋਕਾਂ ਦੀ ਜ਼ਿੰਦਗੀ ਨੂੰ ਬਿਹਤਰ ਬਣਾਉਣ 'ਤੇ ਕੇਂਦ੍ਰਿਤ ਹੈ। ਪੰਜਾਬ ਸਰਕਾਰ ਦੀ ਇਹ ਪਹਿਲ ਅਤੇ ਸਥਾਨਕ ਪ੍ਰਸ਼ਾਸਨ ਦੀ ਸਾਂਝੀ ਕੋਸ਼ਿਸ਼ ਇਸ ਗੱਲ ਦੀ ਮਿਸਾਲ ਹੈ ਕਿ ਜੇਕਰ ਦਿਲੋਂ ਯਤਨ ਕੀਤੇ ਜਾਣ ਤਾਂ ਸਭ ਤੋਂ ਚੁਣੌਤੀਪੂਰਨ ਇਲਾਕਿਆਂ ਨੂੰ ਵੀ ਬਦਲਿਆ ਜਾ ਸਕਦਾ ਹੈ। ਖੰਨਾ ਦਾ ਮੀਟ ਮਾਰਕੀਟ ਇਲਾਕਾ ਹੁਣ ਨਸ਼ਾ ਮੁਕਤ ਸਮਾਜ ਵੱਲ ਵਧਦਾ ਹੋਇਆ ਇੱਕ ਪ੍ਰੇਰਨਾਦਾਇਕ ਮਾਡਲ ਬਣ ਰਿਹਾ ਹੈ, ਜੋ ਹੋਰ ਇਲਾਕਿਆਂ ਲਈ ਵੀ ਰਾਹ ਦਿਖਾ ਸਕਦਾ ਹੈ।




ਚੀਨ ਵਿੱਚ ਇੱਕ AI ਰੋਬੋਟ ਰੈਸਟੋਰੈਂਟ ਗਾਹਕਾਂ ਦੇ ਚਿਹਰਿਆਂ ਅਤੇ ਜੀਭਾਂ ਦਾ ਵਿਸ਼ਲੇਸ਼ਣ ਕਰਕੇ ਭੋਜਨ ਦਾ ਸੁਝਾਅ ਦੇ ਰਿਹਾ ਹੈ। ਇਨ੍ਹਾਂ ਰੋਬੋਟਿਕ "ਸਟਾਫ" ਨੇ ਰੈਸਟੋਰੈਂਟ ਦੇ ਮਨੁੱਖੀ ਕਾਰਜਬਲ ਨੂੰ 60 ਪ੍ਰਤੀਸ਼ਤ ਘਟਾ ਦਿੱਤਾ ਹੈ।

ਪੂਰਬੀ ਚੀਨ ਵਿੱਚ ਬਹੁਤ ਸਾਰੇ ਰੈਸਟੋਰੈਂਟ ਲਾਗਤਾਂ ਘਟਾਉਣ ਅਤੇ 100 ਤੋਂ ਵੱਧ ਪਕਵਾਨ ਪਕਾਉਣ ਲਈ AI ਰੋਬੋਟਾਂ ਦੀ ਵਰਤੋਂ ਕਰ ਰਹੇ ਹਨ, ਜਿਸ ਨਾਲ ਸੋਸ਼ਲ ਮੀਡੀਆ 'ਤੇ ਗਰਮ ਬਹਿਸ ਛਿੜ ਗਈ ਹੈ। Zhejiang TV ਦੇ ਅਨੁਸਾਰ, ਘੱਟੋ-ਘੱਟ ਤਿੰਨ ਅਜਿਹੇ ਰੈਸਟੋਰੈਂਟ Zhejiang ਸੂਬੇ ਦੇ Hangzhou ਵਿੱਚ ਮਹੀਨਿਆਂ ਤੋਂ ਕੰਮ ਕਰ ਰਹੇ ਹਨ। ਇਨ੍ਹਾਂ ਵਿੱਚੋਂ ਇੱਕ, ਸ਼ਿਹੂ ਜ਼ਿਲ੍ਹੇ ਵਿੱਚ 24 Jiaqi ਰੋਬੋਟ ਰੈਸਟੋਰੈਂਟ, ਅੱਠ ਰੋਬੋਟਾਂ ਦੀ ਵਰਤੋਂ ਕਰਦਾ ਹੈ। ਇਹ ਰੋਬੋਟ ਆਰਡਰ ਲੈਣ, ਪਰੋਸਣ, ਸਫਾਈ ਅਤੇ ਖਾਣਾ ਪਕਾਉਣ ਨੂੰ ਸੰਭਾਲਦੇ ਹਨ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਇਨ੍ਹਾਂ ਰੋਬੋਟਾਂ ਨੇ ਰਸੋਈ ਸਟਾਫ ਦੇ ਕੁੱਲ ਕੰਮ ਦੇ ਬੋਝ ਦਾ 60 ਪ੍ਰਤੀਸ਼ਤ ਸਾਂਝਾ ਕੀਤਾ ਹੈ।

ਸਾਊਥ ਚਾਈਨਾ ਮਾਰਨਿੰਗ ਪੋਸਟ ਦੇ ਅਨੁਸਾਰ, ਗਾਹਕ ਆਰਡਰ ਦੇਣ ਤੋਂ ਪਹਿਲਾਂ, ਰੋਬੋਟ ਉਨ੍ਹਾਂ ਦੇ ਚਿਹਰੇ ਅਤੇ ਜੀਭ ਨੂੰ ਸਕੈਨ ਕਰਦੇ ਹਨ ਅਤੇ ਉਨ੍ਹਾਂ ਤੋਂ ਕੁਝ ਸਧਾਰਨ ਸਵਾਲ ਪੁੱਛਦੇ ਹਨ। ਉਨ੍ਹਾਂ ਦੇ ਜਵਾਬਾਂ ਦਾ ਵਿਸ਼ਲੇਸ਼ਣ ਕਰਨ ਤੋਂ ਬਾਅਦ, ਰੋਬੋਟ ਗਾਹਕ ਦੀ ਜੀਵਨ ਸ਼ੈਲੀ, ਭਾਵਨਾਵਾਂ ਅਤੇ ਪਾਚਨ ਪ੍ਰਣਾਲੀ 'ਤੇ ਇੱਕ ਰਿਪੋਰਟ ਤਿਆਰ ਕਰਦੇ ਹਨ, ਅਤੇ ਫਿਰ ਮੌਸਮ ਦੇ ਆਧਾਰ 'ਤੇ ਸਿਹਤਮੰਦ ਭੋਜਨ ਵਿਕਲਪ ਸੁਝਾਉਂਦੇ ਹਨ।

**ਇਹ ਰੋਬੋਟ 100 ਤੋਂ ਵੱਧ ਪਕਵਾਨ ਤਿਆਰ ਕਰ ਸਕਦੇ ਹਨ**

ਰੈਸਟੋਰੈਂਟ ਮੈਨੇਜਰ ਕਾਈ ਹੈਤਾਂਗ ਦੇ ਅਨੁਸਾਰ, ਇਹ ਰੋਬੋਟ 100 ਤੋਂ ਵੱਧ ਪਕਵਾਨ ਤਿਆਰ ਕਰ ਸਕਦੇ ਹਨ। ਇਨ੍ਹਾਂ ਵਿੱਚ ਥ੍ਰੀ ਕੱਪ ਚਿਕਨ, ਤਿੰਨ ਕੱਪ ਮੂਲ ਮਸਾਲਿਆਂ ਨਾਲ ਪਕਾਇਆ ਗਿਆ ਇੱਕ ਚਿਕਨ ਸਟੂ, ਅਤੇ ਨਾਲ ਹੀ ਕੇਕੜਾ ਰੋ ਟੋਫੂ ਅਤੇ ਬਰੇਜ਼ਡ ਪੋਰਕ ਟਰਾਟਰ ਸ਼ਾਮਲ ਹਨ। ਕੁਝ ਰੋਬੋਟ ਹਾਂਗਜ਼ੂ ਤੋਂ ਇੱਕ ਸੂਪ ਨੂਡਲ ਡਿਸ਼, ਪਿਆਨ ਏਰ ਚੁਆਨ ਬਣਾਉਣ ਵਿੱਚ ਵੀ ਮਾਹਰ ਹਨ, ਜਿਸ ਵਿੱਚ ਸੁਰੱਖਿਅਤ ਸਬਜ਼ੀਆਂ, ਕੱਟੇ ਹੋਏ ਸੂਰ ਅਤੇ ਬਾਂਸ ਦੀਆਂ ਟਹਿਣੀਆਂ ਸ਼ਾਮਲ ਹਨ। ਖਾਣਾ ਪਕਾਉਣ ਵਾਲੇ ਰੋਬੋਟ ਵਿਕਸਤ ਕਰਨ ਵਾਲੇ ਇੱਕ ਇੰਜੀਨੀਅਰ ਜ਼ੂ ਕੀ ਨੇ ਕਿਹਾ ਕਿ ਇਹ ਰੋਬੋਟ ਮਨੁੱਖੀ ਰਸੋਈਏ ਦੁਆਰਾ ਕੀਤੇ ਗਏ ਕੰਮ ਤੋਂ ਸਟੋਵ ਫਾਇਰ ਸੈਟਿੰਗਾਂ 'ਤੇ ਡੇਟਾ ਇਕੱਠਾ ਕਰਦੇ ਹਨ ਅਤੇ ਪਕਵਾਨਾਂ ਨੂੰ ਤਲਣ ਅਤੇ ਮੋੜਨ ਲਈ ਸ਼ੈੱਫਾਂ ਦੀਆਂ ਹਰਕਤਾਂ ਦੀ ਨਕਲ ਕਰਦੇ ਹਨ।

ਗੋਂਗਸ਼ੂ ਜ਼ਿਲ੍ਹੇ ਵਿੱਚ ਮਾਡਿਊਨਹੇ ਕਮਿਊਨਿਟੀ ਕੰਟੀਨ ਦੇ ਇੱਕ ਸ਼ੈੱਫ, ਡੋਂਗ ਜ਼ੂਹੂਈ ਨੇ ਕਿਹਾ ਕਿ ਉਸਨੂੰ ਪਹਿਲਾਂ ਵਿਅਸਤ ਸਮੇਂ ਦੌਰਾਨ ਹਰ ਰੋਜ਼ ਦਰਜਨਾਂ ਪਕਵਾਨ ਪਕਾਉਣੇ ਪੈਂਦੇ ਸਨ। ਪਰ ਜਦੋਂ ਤੋਂ ਉਸਨੇ ਰੋਬੋਟਾਂ ਦੀ ਵਰਤੋਂ ਸ਼ੁਰੂ ਕੀਤੀ ਹੈ, ਉਸਦਾ ਕੰਮ ਮੁੱਖ ਤੌਰ 'ਤੇ ਦੋ ਮਸ਼ੀਨਾਂ ਚਲਾਉਣਾ ਹੈ। ਸ਼ੈੱਫ ਨੇ ਕਿਹਾ, "ਇਸ ਨਾਲ ਮੇਰੀ ਅੱਧੀ ਊਰਜਾ ਬਚ ਜਾਂਦੀ ਹੈ। ਇਸ ਲਈ ਮੈਂ ਕੱਚੇ ਮਾਲ ਦੀ ਗੁਣਵੱਤਾ ਦੀ ਜਾਂਚ ਕਰਨ, ਨਵੇਂ ਪਕਵਾਨ ਬਣਾਉਣ ਅਤੇ ਰਸੋਈ ਦੇ ਪ੍ਰਬੰਧਨ 'ਤੇ ਧਿਆਨ ਕੇਂਦਰਿਤ ਕਰ ਸਕਦਾ ਹਾਂ।" ਇੱਕ 70 ਸਾਲਾ ਗਾਹਕ ਅਤੇ ਉਸਦੀ ਪਤਨੀ, ਜੋ ਅਕਸਰ ਕੰਟੀਨ ਵਿੱਚ ਜਾਂਦੇ ਹਨ, ਰੋਬੋਟ ਦੁਆਰਾ ਪਕਾਏ ਗਏ ਆਪਣੇ ਭੋਜਨ ਨੂੰ ਦੇਖ ਕੇ ਹੈਰਾਨ ਰਹਿ ਗਏ। ਇੱਕ ਗਾਹਕ ਨੇ ਕਿਹਾ ਕਿ ਇਨ੍ਹਾਂ ਖਾਣ-ਪੀਣ ਦੀਆਂ ਚੀਜ਼ਾਂ ਦਾ ਸੁਆਦ ਮਨੁੱਖਾਂ ਦੁਆਰਾ ਤਿਆਰ ਕੀਤੇ ਗਏ ਭੋਜਨ ਤੋਂ ਵੱਖਰਾ ਨਹੀਂ ਹੈ। ਇਹ ਨਮਕੀਨ ਜਾਂ ਤੇਲਯੁਕਤ ਨਹੀਂ ਹਨ। ਇਹ ਬਿਲਕੁਲ ਉਹੀ ਹੈ ਜੋ ਸਾਨੂੰ ਪਸੰਦ ਹੈ। ਉਸਨੇ ਅੱਗੇ ਕਿਹਾ ਕਿ ਰੋਬੋਟਾਂ ਦੀ ਵਰਤੋਂ ਤੋਂ ਬਾਅਦ ਰੈਸਟੋਰੈਂਟਾਂ ਵਿੱਚ ਖਾਣਾ ਸਸਤਾ ਹੋ ਗਿਆ ਹੈ।

ਯੂਹਾਂਗ ਜ਼ਿਲ੍ਹੇ ਦੇ ਹਾਈਸ਼ੂ ਕਮਿਊਨਿਟੀ ਕੰਟੀਨ ਵਿੱਚ, ਜਿੱਥੇ ਦੋ ਰੋਬੋਟ ਵਰਤੇ ਜਾਂਦੇ ਹਨ, ਗਾਹਕਾਂ ਨੇ ਦੱਸਿਆ ਕਿ ਉਹ ਆਮ ਤੌਰ 'ਤੇ ਪ੍ਰਤੀ ਭੋਜਨ 18 ਤੋਂ 20 ਯੂਆਨ (US$2.6 ਅਤੇ US$3) ਖਰਚ ਕਰਦੇ ਸਨ, ਪਰ ਹੁਣ ਇਹ ਘਟ ਕੇ 15 ਤੋਂ 18 ਯੂਆਨ ਦੇ ਵਿਚਕਾਰ ਰਹਿ ਗਿਆ ਹੈ। ਚੀਨ ਵਿੱਚ ਹਾਂਗਜ਼ੂ ਰੈਸਟੋਰੈਂਟ ਹੀ ਇਸ ਤਕਨਾਲੋਜੀ ਦੀ ਵਰਤੋਂ ਕਰਨ ਵਾਲੇ ਨਹੀਂ ਹਨ। ਪਿਛਲੇ ਸਾਲ, ਸ਼ੰਘਾਈ ਦੇ ਇੱਕ ਤਕਨੀਕੀ ਸਕੂਲ ਨੇ ਰੋਬੋਟਾਂ ਨਾਲ ਆਪਣੀ ਕੰਟੀਨ ਨੂੰ ਅਪਡੇਟ ਕੀਤਾ, ਜਿਸ ਨਾਲ ਉਹ ਜ਼ਿਆਦਾਤਰ ਰਸੋਈ ਦੇ ਕੰਮ ਦੇ ਬੋਝ ਨੂੰ ਸੰਭਾਲ ਸਕਦੇ ਸਨ।




2024 ਦੀਆਂ ਲੋਕ ਸਭਾ ਚੋਣਾਂ ਅਤੇ ਹਾਲ ਹੀ ਵਿੱਚ ਹੋਈਆਂ ਰਾਜ/ਕੇਂਦਰ ਸ਼ਾਸਿਤ ਪ੍ਰਦੇਸ਼ ਚੋਣਾਂ ਨੂੰ ਜੋੜਦੇ ਹੋਏ, ਲਗਭਗ 51,000 ਉਮੀਦਵਾਰਾਂ ਨੇ ਚੋਣ ਲੜੀ, ਜਿਨ੍ਹਾਂ ਵਿੱਚੋਂ ਸਿਰਫ਼ 10% (5,095) ਔਰਤਾਂ ਸਨ। ਭਾਰਤ ਵਿੱਚ ਨਾਰੀ ਸ਼ਕਤੀ ਵੰਦਨ ਐਕਟ ਲਾਗੂ ਹੋਣ ਵਾਲਾ ਹੈ। ਇਸ ਕਾਨੂੰਨ ਦੇ ਤਹਿਤ, ਔਰਤਾਂ ਨੂੰ ਲੋਕ ਸਭਾ ਅਤੇ ਵਿਧਾਨ ਸਭਾਵਾਂ ਵਿੱਚ 33% ਸੀਟਾਂ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ, ਲੋਕ ਸਭਾ ਸੀਟਾਂ ਵਧਾ ਕੇ 816 ਕਰ ਦਿੱਤੀਆਂ ਜਾਣਗੀਆਂ, ਜਿਨ੍ਹਾਂ ਵਿੱਚੋਂ 273 ਔਰਤਾਂ ਲਈ ਰਾਖਵੀਆਂ ਹੋਣਗੀਆਂ। ਪਰ ਇਸ ਕਾਨੂੰਨ ਨੂੰ ਲਾਗੂ ਕਰਨ ਤੋਂ ਪਹਿਲਾਂ, ਇਹ ਸਮਝਣਾ ਜ਼ਰੂਰੀ ਹੈ ਕਿ ਅੱਜ ਭਾਰਤੀ ਰਾਜਨੀਤੀ ਵਿੱਚ ਔਰਤਾਂ ਕਿੱਥੇ ਖੜ੍ਹੀਆਂ ਹਨ। ਪੰਚਾਇਤ ਪੱਧਰ 'ਤੇ ਔਰਤਾਂ ਦੀ ਸਥਿਤੀ ਬਿਹਤਰ ਹੈ। ਸਰਕਾਰੀ ਅੰਕੜਿਆਂ ਅਨੁਸਾਰ, ਪੰਚਾਇਤੀ ਰਾਜ ਸੰਸਥਾਵਾਂ ਵਿੱਚ ਉਨ੍ਹਾਂ ਦੀ ਭਾਗੀਦਾਰੀ 46.6% ਹੈ। ਕਈ ਰਾਜਾਂ ਵਿੱਚ, ਇਹ ਅੰਕੜਾ 50% ਤੋਂ ਉੱਪਰ ਹੈ। ਉਤਰਾਖੰਡ 56% ਨਾਲ ਸਭ ਤੋਂ ਅੱਗੇ ਹੈ। ਆਂਧਰਾ ਪ੍ਰਦੇਸ਼ ਅਤੇ ਛੱਤੀਸਗੜ੍ਹ ਵੀ ਵਧੀਆ ਪ੍ਰਦਰਸ਼ਨ ਕਰ ਰਹੇ ਹਨ। ਲੋਕ ਸਭਾ ਅਤੇ ਰਾਜ ਪੱਧਰ 'ਤੇ ਔਰਤਾਂ ਦੀ ਭਾਗੀਦਾਰੀ ਅਜੇ ਵੀ ਬਰਾਬਰ ਨਹੀਂ ਹੈ। ਐਸੋਸੀਏਸ਼ਨ ਫਾਰ ਡੈਮੋਕ੍ਰੇਟਿਕ ਰਿਫਾਰਮਜ਼ (ਏ.ਡੀ.ਆਰ.) ਅਤੇ ਨੈਸ਼ਨਲ ਇਲੈਕਸ਼ਨ ਵਾਚ ਦੀ ਇੱਕ ਰਿਪੋਰਟ ਦੇ ਅਨੁਸਾਰ, 2024 ਦੀਆਂ ਲੋਕ ਸਭਾ ਚੋਣਾਂ ਅਤੇ ਦੇਸ਼ ਭਰ ਵਿੱਚ ਤਾਜ਼ਾ ਰਾਜ/ਕੇਂਦਰ ਸ਼ਾਸਿਤ ਪ੍ਰਦੇਸ਼ ਚੋਣਾਂ ਵਿੱਚ ਲਗਭਗ 51,000 ਉਮੀਦਵਾਰਾਂ ਨੇ ਹਿੱਸਾ ਲਿਆ, ਪਰ ਸਿਰਫ 10 ਪ੍ਰਤੀਸ਼ਤ (5,095) ਔਰਤਾਂ ਸਨ। ਇਸੇ ਤਰ੍ਹਾਂ, ਦੇਸ਼ ਦੇ ਕੁੱਲ 4,666 ਸੰਸਦ ਮੈਂਬਰਾਂ ਅਤੇ ਵਿਧਾਇਕਾਂ ਵਿੱਚੋਂ, ਸਿਰਫ 464, ਜਾਂ ਲਗਭਗ 10 ਪ੍ਰਤੀਸ਼ਤ, ਔਰਤਾਂ ਹਨ। 2024 ਦੀਆਂ ਲੋਕ ਸਭਾ ਚੋਣਾਂ ਵਿੱਚ ਵੀ ਔਰਤਾਂ ਲਈ ਸੀਮਤ ਪ੍ਰਤੀਨਿਧਤਾ ਦੇਖੀ ਗਈ।

ਕੁੱਲ ਉਮੀਦਵਾਰਾਂ ਵਿੱਚੋਂ ਸਿਰਫ 9.6 ਪ੍ਰਤੀਸ਼ਤ (8,360 ਵਿੱਚੋਂ 800) ਔਰਤਾਂ ਸਨ। ਚਿੰਤਾ ਦੀ ਗੱਲ ਹੈ ਕਿ ਲਗਭਗ 28 ਪ੍ਰਤੀਸ਼ਤ ਹਲਕਿਆਂ ਵਿੱਚ ਇੱਕ ਵੀ ਔਰਤ ਉਮੀਦਵਾਰ ਨਹੀਂ ਸੀ। ਹਾਲਾਂਕਿ, ਕੁਝ ਖੇਤਰਾਂ ਵਿੱਚ ਔਰਤਾਂ ਦੀ ਭਾਗੀਦਾਰੀ ਵਿੱਚ ਸੁਧਾਰ ਹੋਇਆ ਹੈ। ਲੋਕ ਸਭਾ ਸੀਟਾਂ ਵਿੱਚੋਂ, ਬਾਰਾਮਤੀ, ਸਿਕੰਦਰਾਬਾਦ ਅਤੇ ਵਾਰੰਗਲ ਉਹ ਖੇਤਰ ਸਨ ਜਿੱਥੇ ਸਭ ਤੋਂ ਵੱਧ ਮਹਿਲਾ ਉਮੀਦਵਾਰ ਸਨ। ਲੋਕ ਸਭਾ ਵਿੱਚ ਮਹਿਲਾ ਸੰਸਦ ਮੈਂਬਰ ਲੋਕ ਸਭਾ ਵਿੱਚ ਔਰਤਾਂ ਦੀ ਗਿਣਤੀ ਹੌਲੀ-ਹੌਲੀ ਵਧੀ ਹੈ, ਪਰ ਉਨ੍ਹਾਂ ਦਾ ਹਿੱਸਾ ਮਰਦਾਂ ਨਾਲੋਂ ਕਾਫ਼ੀ ਘੱਟ ਹੈ। 1957 ਵਿੱਚ, ਲੋਕ ਸਭਾ ਵਿੱਚ 5.46% ਮਹਿਲਾ ਸੰਸਦ ਮੈਂਬਰ ਸਨ, ਜੋ 2024 ਵਿੱਚ ਵਧ ਕੇ 13.6% ਹੋ ਗਏ। ਜੇਕਰ ਅਸੀਂ ਦੁਨੀਆ ਭਰ ਦੀਆਂ ਸੰਸਦਾਂ ਵਿੱਚ ਔਰਤਾਂ ਦੀ ਹਿੱਸੇਦਾਰੀ 'ਤੇ ਵਿਚਾਰ ਕਰੀਏ, ਤਾਂ ਰਵਾਂਡਾ ਦੀ ਸੰਸਦ ਵਿੱਚ 64% ਔਰਤਾਂ ਹਨ। ਕਿਊਬਾ ਅਤੇ ਨਿਕਾਰਾਗੁਆ ਵਿੱਚ ਵੀ ਔਰਤਾਂ ਅੱਧੀਆਂ ਤੋਂ ਵੱਧ ਸੀਟਾਂ 'ਤੇ ਕਾਬਜ਼ ਹਨ। ਇਸ ਤੋਂ ਇਲਾਵਾ, ਯੂਏਈ ਦੀ ਸੰਸਦ ਵਿੱਚ ਵੀ 50% ਮਹਿਲਾ ਸੰਸਦ ਮੈਂਬਰ ਹਨ।

## ਪੰਜਾਬ ਵਿਚ ਔਰਤਾਂ ਦੀ ਸਿਆਸਤ ਵਿੱਚ ਹਿੱਸੇਦਾਰੀ

ਪੰਜਾਬ ਦੀ ਰਾਜਨੀਤੀ ਵਿੱਚ ਔਰਤਾਂ ਦੀ ਹਿੱਸੇਦਾਰੀ ਹਮੇਸ਼ਾ ਇੱਕ ਅਹਿਮ ਵਿਸ਼ਾ ਰਹੀ ਹੈ। ਹਾਲਾਂਕਿ ਪੰਜਾਬੀ ਔਰਤਾਂ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ, ਪਰ ਲੋਕ ਸਭਾ ਅਤੇ ਵਿਧਾਨ ਸਭਾ ਵਿੱਚ ਉਨ੍ਹਾਂ ਦੀ ਗਿਣਤੀ ਅਜੇ ਵੀ ਕਾਫ਼ੀ ਘੱਟ ਹੈ।2026 ਦੇ ਮੌਜੂਦਾ ਹਾਲਾਤਾਂ ਅਨੁਸਾਰ ਤਾਜ਼ਾ ਜਾਣਕਾਰੀ ਹੇਠ ਲਿਖੇ ਅਨੁਸਾਰ ਹੈ:

1. ਪੰਜਾਬ ਵਿਧਾਨ ਸਭਾ (ਕੁੱਲ ਸੀਟਾਂ: 117)

ਪੰਜਾਬ ਵਿਧਾਨ ਸਭਾ ਵਿੱਚ ਔਰਤਾਂ ਦੀ ਨੁਮਾਇੰਦਗੀ ਵਿੱਚ ਪਿਛਲੀਆਂ ਚੋਣਾਂ ਦੇ ਮੁਕਾਬਲੇ ਕੁਝ ਸੁਧਾਰ ਹੋਇਆ ਹੈ, ਪਰ ਇਹ ਅਜੇ ਵੀ 33% ਦੇ ਟੀਚੇ ਤੋਂ ਬਹੁਤ ਦੂਰ ਹੈ।

2022 ਦੀਆਂ ਚੋਣਾਂ ਦੇ ਨਤੀਜੇ: ਸਾਲ 2022 ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ 13 ਔਰਤਾਂ ਵਿਧਾਇਕ (MLA) ਚੁਣੀਆਂ ਗਈਆਂ ਸਨ।

ਪ੍ਰਤੀਸ਼ਤ: ਇਹ ਕੁੱਲ ਸੀਟਾਂ ਦਾ ਲਗਭਗ 11% ਬਣਦਾ ਹੈ।

ਪਿਛਲਾ ਰਿਕਾਰਡ: 2017 ਵਿੱਚ ਸਿਰਫ਼ 6 ਔਰਤਾਂ ਵਿਧਾਇਕ ਬਣੀਆਂ ਸਨ, ਉਸ ਦੇ ਮੁਕਾਬਲੇ 2022 ਵਿੱਚ ਇਹ ਗਿਣਤੀ ਦੁੱਗਣੀ ਤੋਂ ਵੱਧ ਰਹੀ।

2. ਲੋਕ ਸਭਾ (ਪੰਜਾਬ ਦੀਆਂ ਕੁੱਲ ਸੀਟਾਂ: 13)

ਲੋਕ ਸਭਾ ਵਿੱਚ ਪੰਜਾਬ ਵੱਲੋਂ ਔਰਤਾਂ ਦੀ ਨੁਮਾਇੰਦਗੀ ਕਾਫ਼ੀ ਚਿੰਤਾਜਨਕ ਰਹੀ ਹੈ।

2024 ਦੀਆਂ ਚੋਣਾਂ ਦੇ ਨਤੀਜੇ: 2024 ਦੀਆਂ ਲੋਕ ਸਭਾ ਚੋਣਾਂ ਵਿੱਚ ਪੰਜਾਬ ਦੀਆਂ 13 ਸੀਟਾਂ ਵਿੱਚੋਂ ਸਿਰਫ਼ 1 ਔਰਤ (ਹਰਸਿਮਰਤ ਕੌਰ ਬਾਦਲ) ਚੋਣ ਜਿੱਤ ਕੇ ਸੰਸਦ ਪਹੁੰਚੀ।

ਇਤਿਹਾਸਕ ਪੱਖ: ਪੰਜਾਬ ਵਿੱਚੋਂ ਕਈ ਵਾਰ ਔਰਤਾਂ ਦੀ ਗਿਣਤੀ ਸਿਫ਼ਰ ਵੀ ਰਹੀ ਹੈ। ਰਾਜਨੀਤਿਕ ਪਾਰਟੀਆਂ ਵੱਲੋਂ ਔਰਤਾਂ ਨੂੰ ਟਿਕਟਾਂ ਦੇਣ ਦੇ ਮਾਮਲੇ ਵਿੱਚ ਅਜੇ ਵੀ ਪਿਛਾਂਹਖਿੱਚੂ ਰਵੱਈਆ ਦੇਖਣ ਨੂੰ ਮਿਲਦਾ ਹੈ।




ਇਸ ਸਾਲ ਦੇ ਮਾਨਸੂਨ ਦੇ ਆਲੇ-ਦੁਆਲੇ ਅਨਿਸ਼ਚਿਤਤਾ ਦੇ ਵਿਚਕਾਰ ਫਲੈਟ ਮਹਿੰਗਾਈ ਦੀ ਉਮੀਦ ਹੈ। ਭਾਰਤ ਮੌਸਮ ਵਿਭਾਗ (IMD) ਨੇ ਆਪਣੇ ਲੰਬੇ ਸਮੇਂ ਦੇ ਮਾਨਸੂਨ ਦ੍ਰਿਸ਼ਟੀਕੋਣ ਵਿੱਚ ਭਵਿੱਖਬਾਣੀ ਕੀਤੀ ਹੈ ਕਿ 2026 ਵਿੱਚ ਬਾਰਿਸ਼ ਆਮ ਤੋਂ ਘੱਟ ਹੋ ਸਕਦੀ ਹੈ, ਯਾਨੀ ਕਿ ਲਗਭਗ 92 ਪ੍ਰਤੀਸ਼ਤ (+/- 5 ਪ੍ਰਤੀਸ਼ਤ)। ਹਾਲਾਂਕਿ, ਅਜਿਹੇ ਮੌਸਮ ਦੇ ਅਨੁਮਾਨ ਅਕਸਰ ਬਦਲ ਜਾਂਦੇ ਹਨ, ਇਸ ਲਈ ਪੂਰੀ ਤਸਵੀਰ ਅਸਪਸ਼ਟ ਹੈ। ਮੌਸਮ ਦੀ ਭਵਿੱਖਬਾਣੀ ਹਮੇਸ਼ਾ ਸਹੀ ਨਹੀਂ ਹੁੰਦੀ। 2002 ਵਿੱਚ, ਜ਼ਿਆਦਾ ਬਾਰਿਸ਼ ਦੀ ਭਵਿੱਖਬਾਣੀ ਕੀਤੀ ਗਈ ਸੀ, ਪਰ ਅਸਲੀਅਤ ਵਿੱਚ, ਇਹ ਕਾਫ਼ੀ ਘੱਟ ਸੀ। 2009 ਵਿੱਚ ਵੀ ਅਜਿਹਾ ਹੀ ਹੋਇਆ।

2007 ਅਤੇ 2019 ਵਰਗੇ ਸਾਲਾਂ ਵਿੱਚ ਉਮੀਦ ਤੋਂ ਵੱਧ ਬਾਰਿਸ਼ ਹੋਈ। ਇਸਦਾ ਮਤਲਬ ਹੈ ਕਿ ਨਾ ਸਿਰਫ਼ ਕੁੱਲ ਬਾਰਿਸ਼, ਸਗੋਂ ਬਾਰਿਸ਼ ਦਾ ਸਮਾਂ ਅਤੇ ਮਾਤਰਾ ਵੀ ਵਧੇਰੇ ਮਹੱਤਵਪੂਰਨ ਹੈ। ਘੱਟ ਜਾਂ ਕਮਜ਼ੋਰ ਬਾਰਿਸ਼ ਨਾਲ ਖਾਣ-ਪੀਣ ਦੀਆਂ ਵਸਤਾਂ ਸਭ ਤੋਂ ਪਹਿਲਾਂ ਪ੍ਰਭਾਵਿਤ ਹੁੰਦੀਆਂ ਹਨ। ਚੌਲ, ਦਾਲਾਂ, ਤੇਲ ਬੀਜ ਅਤੇ ਸਬਜ਼ੀਆਂ ਬਾਰਿਸ਼ 'ਤੇ ਬਹੁਤ ਜ਼ਿਆਦਾ ਨਿਰਭਰ ਹਨ। ਜੇਕਰ ਜੁਲਾਈ ਅਤੇ ਅਗਸਤ ਵਿੱਚ ਬਾਰਿਸ਼ ਘੱਟ ਹੁੰਦੀ ਹੈ, ਤਾਂ ਬਿਜਾਈ ਅਤੇ ਉਪਜ ਦੋਵੇਂ ਪ੍ਰਭਾਵਿਤ ਹੁੰਦੇ ਹਨ। ਇਸ ਨਾਲ ਬਾਜ਼ਾਰ ਕੀਮਤਾਂ ਵਿੱਚ ਤੇਜ਼ੀ ਨਾਲ ਵਾਧਾ ਹੋ ਸਕਦਾ ਹੈ। ਮੌਸਮ ਵਿਭਾਗ ਦੇ ਅਨੁਸਾਰ, ਇਸ ਸਾਲ ਐਲ ਨੀਨੋ ਘਟਨਾ ਦੀ ਵੀ ਸੰਭਾਵਨਾ ਹੈ। ਆਮ ਤੌਰ 'ਤੇ, ਐਲ ਨੀਨੋ ਦੌਰਾਨ, ਭਾਰਤ ਵਿੱਚ ਬਾਰਿਸ਼ ਕਮਜ਼ੋਰ ਜਾਂ ਅਸਮਾਨ ਹੁੰਦੀ ਹੈ, ਜਿਸ ਨਾਲ ਖੇਤੀਬਾੜੀ ਪ੍ਰਭਾਵਿਤ ਹੁੰਦੀ ਹੈ ਅਤੇ ਮਹਿੰਗਾਈ ਦਾ ਖ਼ਤਰਾ ਵਧਦਾ ਹੈ। ਇਸ ਤੋਂ ਇਲਾਵਾ, ਪੱਛਮੀ ਏਸ਼ੀਆ ਵਿੱਚ ਚੱਲ ਰਹੇ ਤਣਾਅ 'ਤੇ ਵੀ ਨਜ਼ਰ ਰੱਖੀ ਜਾ ਰਹੀ ਹੈ। ਜੇਕਰ ਸਥਿਤੀ ਵਿਗੜਦੀ ਹੈ, ਤਾਂ ਕੱਚੇ ਤੇਲ ਦੀਆਂ ਕੀਮਤਾਂ ਵਧ ਸਕਦੀਆਂ ਹਨ। ਭਾਰਤ ਵਿੱਚ, ਤੇਲ ਦੀਆਂ ਉੱਚੀਆਂ ਕੀਮਤਾਂ ਦਾ ਅਰਥ ਹੈ ਆਵਾਜਾਈ ਅਤੇ ਖੇਤੀ ਲਾਗਤਾਂ ਵਿੱਚ ਵਾਧਾ, ਜਿਸਦਾ ਸਿੱਧਾ ਅਸਰ ਆਮ ਆਦਮੀ ਦੀ ਜੇਬ 'ਤੇ ਪੈਂਦਾ ਹੈ। ਜੇਕਰ ਮਾਨਸੂਨ ਦੇਰ ਨਾਲ ਆਉਂਦਾ ਹੈ ਜਾਂ ਸ਼ੁਰੂ ਵਿੱਚ ਕਮਜ਼ੋਰ ਹੁੰਦਾ ਹੈ, ਤਾਂ ਬਾਅਦ ਵਿੱਚ ਚੰਗੀ ਬਾਰਿਸ਼ ਵੀ ਪੂਰੀ ਤਰ੍ਹਾਂ ਭਰਪਾਈ ਨਹੀਂ ਕਰ ਸਕਦੀ।

ਪਿਛਲੇ ਸਮੇਂ ਵਿੱਚ, ਸਾਲਾਂ ਵਿੱਚ ਚੰਗੀ ਬਾਰਿਸ਼ ਹੋਈ ਹੈ, ਫਿਰ ਵੀ ਫਸਲਾਂ ਦਾ ਨੁਕਸਾਨ ਹੋਇਆ ਹੈ। ਹਾਲਾਂਕਿ, ਪਿਛਲੇ ਦੋ ਸਾਲਾਂ ਵਿੱਚ ਚੰਗੀ ਬਾਰਿਸ਼ ਕਾਰਨ, ਜਲ ਭੰਡਾਰਾਂ ਵਿੱਚ ਪਾਣੀ ਦਾ ਪੱਧਰ ਸਿਹਤਮੰਦ ਹੈ। ਇਹ ਸ਼ੁਰੂ ਵਿੱਚ ਖੇਤੀਬਾੜੀ ਨੂੰ ਸਮਰਥਨ ਦੇ ਸਕਦਾ ਹੈ। ਇਸ ਤੋਂ ਇਲਾਵਾ, ਹਿੰਦ ਮਹਾਂਸਾਗਰ ਡਾਇਪੋਲ ਦੇ ਬਾਅਦ ਵਿੱਚ ਸਕਾਰਾਤਮਕ ਹੋਣ ਦੀ ਉਮੀਦ ਹੈ, ਜੋ ਬਾਰਿਸ਼ ਦਾ ਸਮਰਥਨ ਕਰ ਸਕਦਾ ਹੈ। ਭਵਿੱਖ ਦੀ ਮੁਦਰਾਸਫੀਤੀ ਦਰ ਮਾਨਸੂਨ, ਐਲ ਨੀਨੋ ਦੇ ਪ੍ਰਭਾਵ ਅਤੇ ਵਿਸ਼ਵਵਿਆਪੀ ਸਥਿਤੀਆਂ ਵਰਗੇ ਕਾਰਕਾਂ 'ਤੇ ਨਿਰਭਰ ਕਰੇਗੀ।

ਆਉਣ ਵਾਲੇ ਕੁਝ ਮਹੀਨੇ ਇਸ ਸਬੰਧ ਵਿੱਚ ਮਹੱਤਵਪੂਰਨ ਹੋਣਗੇ। ਵਰਤਮਾਨ ਵਿੱਚ, ਦੇਸ਼ ਵਿੱਚ ਮਹਿੰਗਾਈ ਕੰਟਰੋਲ ਵਿੱਚ ਹੈ। ਮਾਰਚ ਵਿੱਚ ਪ੍ਰਚੂਨ ਮਹਿੰਗਾਈ 3.4 ਪ੍ਰਤੀਸ਼ਤ ਸੀ, ਜੋ ਕਿ ਭਾਰਤੀ ਰਿਜ਼ਰਵ ਬੈਂਕ ਦੇ 4 ਪ੍ਰਤੀਸ਼ਤ ਦੇ ਟੀਚੇ ਤੋਂ ਘੱਟ ਹੈ। ਹਾਲਾਂਕਿ, ਮਾਹਿਰਾਂ ਦਾ ਮੰਨਣਾ ਹੈ ਕਿ ਇਹ ਭਵਿੱਖ ਵਿੱਚ 5 ਤੋਂ 6 ਪ੍ਰਤੀਸ਼ਤ ਤੱਕ ਵਧ ਸਕਦੀ ਹੈ।

# ਪੰਜਾਬ ਵਿੱਚ ਵੱਧ ਜਾਣਗੀਆਂ ਲੋਕ ਸਭਾ ਸੀਟਾਂ, ਕਿਸ ਸੂਬੇ ਦਾ ਕਿੰਨਾ ਕੋਟਾ, ਜਾਣੋ 815 ਸੀਟਾਂ ਦੀ ਕਿਵੇਂ ਹੋਵੇਗੀ ਵੰਡ

ਕੇਂਦਰ ਸਰਕਾਰ ਨੇ ਸੰਸਦ ਵਿੱਚ ਮਹਿਲਾ ਰਾਖਵੇਂਕਰਨ ਨਾਲ ਸਬੰਧਤ 'ਨਾਰੀ ਸ਼ਕਤੀ ਵੰਦਨ ਅਧਿਨਿਯਮ' ਸੰਵਿਧਾਨ ਸੋਧ ਬਿੱਲ ਅਤੇ ਹੱਦਬੰਦੀ (ਪਰਿਸੀਮਨ) ਬਿੱਲ ਪੇਸ਼ ਕਰ ਦਿੱਤਾ ਹੈ। ਇਸ ਪ੍ਰਸਤਾਵ ਤਹਿਤ ਲੋਕ ਸਭਾ ਦੀਆਂ ਸੀਟਾਂ ਦੀ ਗਿਣਤੀ ਮੌਜੂਦਾ 543 ਤੋਂ ਵਧਾ ਕੇ 815 ਕੀਤੀ ਜਾਵੇਗੀ, ਜਿਨ੍ਹਾਂ ਵਿੱਚੋਂ 272 ਸੀਟਾਂ ਮਹਿਲਾਵਾਂ ਲਈ ਰਾਖਵੀਆਂ ਹੋਣਗੀਆਂ।

ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਦੱਸਿਆ ਕਿ ਲੋਕ ਸਭਾ ਅਤੇ ਰਾਜਾਂ ਦੀਆਂ ਵਿਧਾਨ ਸਭਾਵਾਂ ਵਿੱਚ ਮਹਿਲਾ ਰਾਖਵੇਂਕਰਨ ਦੇ ਅੰਦਰ ਹੀ ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਕਬੀਲੇ ਲਈ ਵੀ ਰਾਖਵਾਂਕਰਨ ਹੋਵੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਇਸ ਵਾਧੇ ਨਾਲ ਕਿਸੇ ਵੀ ਸੂਬੇ ਦਾ ਨੁਕਸਾਨ ਨਹੀਂ ਹੋਵੇਗਾ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਚਰਚਾ ਵਿੱਚ ਦੱਸਿਆ ਕਿ ਨਵੀਂ ਹੱਦਬੰਦੀ ਤੋਂ ਬਾਅਦ ਦੱਖਣੀ ਭਾਰਤ ਦੀਆਂ ਸੀਟਾਂ 129 ਤੋਂ ਵਧ ਕੇ 195 ਹੋ ਜਾਣਗੀਆਂ। ਤਾਮਿਲਨਾਡੂ ਦੀਆਂ ਸੀਟਾਂ 39 ਤੋਂ 59, ਤੇਲੰਗਾਨਾ ਦੀਆਂ 17 ਤੋਂ 26 ਅਤੇ ਕੇਰਲ ਦੀਆਂ ਸੀਟਾਂ 20 ਤੋਂ 30 ਹੋਣ ਦਾ ਅਨੁਮਾਨ ਹੈ।

ਲੋਕ ਸਭਾ ਸੀਟਾਂ ਵਿੱਚ 50 ਫੀਸਦੀ ਇਜ਼ਾਫਾ: ਸਰਕਾਰ ਦੇ ਇਸ ਫਾਰਮੂਲੇ ਤਹਿਤ ਲੋਕ ਸਭਾ ਦੀਆਂ ਸੀਟਾਂ ਵਿੱਚ ਲਗਭਗ 50 ਫੀਸਦੀ ਦਾ ਵਾਧਾ ਹੋਵੇਗਾ। ਵੱਖ-ਵੱਖ ਰਾਜਾਂ ਵਿੱਚ ਸੀਟਾਂ ਦੇ ਵਾਧੇ ਦਾ ਅਨੁਮਾਨ ਇਸ ਪ੍ਰਕਾਰ ਹੈ:

ਪੰਜਾਬ: 13 ਤੋਂ ਵਧ ਕੇ 20 ਹੋ ਜਾਣਗੀਆਂ।
ਹਰਿਆਣਾ: 10 ਤੋਂ 15।
ਦਿੱਲੀ: 07 ਤੋਂ 11।
ਰਾਜਸਥਾਨ: 25 ਤੋਂ 38।
ਗੁਜਰਾਤ: 26 ਤੋਂ 39।
ਉੱਤਰ ਪ੍ਰਦੇਸ਼ ਅਤੇ ਬਿਹਾਰ: ਇਨ੍ਹਾਂ ਦੋਵਾਂ ਸੂਬਿਆਂ ਦੀਆਂ ਸੀਟਾਂ ਮਿਲ ਕੇ 180 ਤੱਕ ਪਹੁੰਚ ਜਾਣਗੀਆਂ।

ਰਾਖਵੇਂਕਰਨ ਦਾ ਫਾਰਮੂਲਾ: ਨਵੀਂ ਵਿਵਸਥਾ ਅਨੁਸਾਰ, ਵਧੀਆਂ ਹੋਈਆਂ ਸੀਟਾਂ ਵਿੱਚੋਂ ਇੱਕ ਤਿਹਾਈ (33 ਫੀਸਦੀ) ਸੀਟਾਂ ਮਹਿਲਾਵਾਂ ਲਈ ਹੋਣਗੀਆਂ। ਉਦਾਹਰਨ ਵਜੋਂ, ਜੇਕਰ ਉੱਤਰ ਪ੍ਰਦੇਸ਼ ਦੀਆਂ ਸੀਟਾਂ 120 ਹੁੰਦੀਆਂ ਹਨ, ਤਾਂ ਉਨ੍ਹਾਂ ਵਿੱਚੋਂ 40 ਸੀਟਾਂ ਮਹਿਲਾ ਸੰਸਦ ਮੈਂਬਰਾਂ ਲਈ ਹੋਣਗੀਆਂ। ਇਹ ਰਾਖਵਾਂਕਰਨ ਪੰਚਾਇਤੀ ਚੋਣਾਂ ਵਾਂਗ ਵੱਖ-ਵੱਖ ਸੀਟਾਂ 'ਤੇ ਵਾਰੀ-ਵਾਰੀ (ਰੋਟੇਸ਼ਨਲ) ਦਿੱਤਾ ਜਾਵੇਗਾ।

ਵਿਰੋਧੀ ਧਿਰ ਦੇ ਇਤਰਾਜ਼ ਅਤੇ ਹੱਦਬੰਦੀ ਦਾ ਆਧਾਰ: ਇਹ ਹੱਦਬੰਦੀ 2011 ਦੀ ਮਰਦਮਸ਼ੁਮਾਰੀ ਦੇ ਅੰਕੜਿਆਂ 'ਤੇ ਅਧਾਰਿਤ ਹੋਵੇਗੀ। ਵਿਰੋਧੀ ਧਿਰ ਦਾ ਦੋਸ਼ ਹੈ ਕਿ ਵੱਧ ਜਨਸੰਖਿਆ ਵਾਧੇ ਕਾਰਨ ਉੱਤਰ ਭਾਰਤੀ ਸੂਬਿਆਂ (ਯੂਪੀ, ਬਿਹਾਰ) ਨੂੰ ਜ਼ਿਆਦਾ ਸੀਟਾਂ ਮਿਲਣਗੀਆਂ, ਜਿਸ ਨਾਲ ਦੱਖਣੀ ਸੂਬਿਆਂ ਦਾ ਸਿਆਸੀ ਪ੍ਰਭਾਵ ਘੱਟ ਸਕਦਾ ਹੈ। ਹਾਲਾਂਕਿ, ਕੇਂਦਰ ਨੇ ਸਪੱਸ਼ਟ ਕੀਤਾ ਹੈ ਕਿ ਸਾਰੇ ਸੂਬਿਆਂ ਦੀਆਂ ਸੀਟਾਂ ਅਨੁਪਾਤਕ ਆਧਾਰ 'ਤੇ ਵਧਾਈਆਂ ਜਾਣਗੀਆਂ।

ਸੰਸਦ ਵਿੱਚ ਸਥਿਤੀ: ਲੋਕ ਸਭਾ ਵਿੱਚ ਸੰਵਿਧਾਨ 131ਵਾਂ ਸੋਧ ਬਿੱਲ 2026 ਪੇਸ਼ ਕਰਨ ਲਈ ਵੋਟਾਂ ਪਵਾਈਆਂ ਗਈਆਂ, ਜਿਸ ਵਿੱਚ 251 ਮੈਂਬਰਾਂ ਨੇ ਸਮਰਥਨ ਕੀਤਾ ਅਤੇ 185 ਮੈਂਬਰਾਂ ਨੇ ਵਿਰੋਧ ਕੀਤਾ। ਇਹ ਰਾਖਵਾਂਕਰਨ 2029 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਲਾਗੂ ਕੀਤੇ ਜਾਣ ਦੀ ਯੋਜਨਾ ਹੈ।

# ਫਲ ਨਹੀਂ, ਜ਼ਹਿਰ ਵਿਕ ਰਿਹੈ! ਕੈਮੀਕਲ ਨਾਲ ਪਕਾਏ ਜਾ ਰਹੇ ਫਲਾਂ ਤੇ FSSAI ਦੀ ਸਖ਼ਤੀ

ਨਵੀਂ ਦਿੱਲੀ : ਫਲ ਖਾਣ ਦੇ ਸ਼ੌਕੀਨਾਂ ਲਈ ਇੱਕ ਬਹੁਤ ਹੀ ਜ਼ਰੂਰੀ ਖ਼ਬਰ ਹੈ। ਫੂਡ ਸੇਫਟੀ ਐਂਡ ਸਟੈਂਡਰਡ ਅਥਾਰਟੀ ਆਫ ਇੰਡੀਆ (FSSAI) ਨੇ ਫਲਾਂ ਨੂੰ ਜਲਦੀ ਪਕਾਉਣ ਲਈ ਵਰਤੇ ਜਾ ਰਹੇ ਖ਼ਤਰਨਾਕ ਕੈਮੀਕਲਸ ਵਿਰੁੱਧ ਵੱਡਾ ਅਲਰਟ ਜਾਰੀ ਕੀਤਾ ਹੈ। FSSAI ਨੇ ਸਾਫ਼ ਕਰ ਦਿੱਤਾ ਹੈ ਕਿ ਫਲਾਂ ਨੂੰ ਪਕਾਉਣ ਲਈ ਕਿਸੇ ਵੀ ਤਰ੍ਹਾਂ ਦੇ ਖ਼ਤਰਨਾਕ ਕੈਮੀਕਲ ਦੀ ਵਰਤੋਂ ਬਰਦਾਸ਼ਤ ਨਹੀਂ ਕੀਤੀ ਜਾਵੇਗੀ।




ਵੀਰਵਾਰ ਨੂੰ ਜਾਰੀ ਕੀਤੇ ਗਏ ਹੁਕਮਾਂ ਵਿੱਚ FSSAI ਨੇ ਸਪੱਸ਼ਟ ਕੀਤਾ ਹੈ ਕਿ ਕੈਲਸ਼ੀਅਮ ਕਾਰਬਾਈਡ ਵਰਗੇ ਕੈਮੀਕਲ ਦੀ ਵਰਤੋਂ ਪੂਰੀ ਤਰ੍ਹਾਂ ਨਾਲ ਬੈਨ ਹੈ। ਅਥਾਰਟੀ ਅਨੁਸਾਰ ਅੰਬ, ਕੇਲਾ ਅਤੇ ਪਪੀਤਾ ਵਰਗੇ ਫਲਾਂ ਨੂੰ ਇਨ੍ਹਾਂ ਕੈਮੀਕਲਸ ਨਾਲ ਪਕਾਉਣਾ ਸਿਹਤ ਲਈ ਬਹੁਤ ਨੁਕਸਾਨਦਾਇਕ ਹੈ। ਇਸ ਨਾਲ ਉਲਟੀਆਂ ਆਉਣੀਆਂ, ਚਮੜੀ ਦੀਆਂ ਸਮੱਸਿਆਵਾਂ ਅਤੇ ਕੁਝ ਵੀ ਨਿਗਲਣ ਵਿੱਚ ਦਿੱਕਤ ਵਰਗੀਆਂ ਗੰਭੀਰ ਪਰੇਸ਼ਾਨੀਆਂ ਹੋ ਸਕਦੀਆਂ ਹਨ।

ਸਰਕਾਰੀ ਹੁਕਮਾਂ ਅਨੁਸਾਰ, ਕੁਝ ਕਾਰੋਬਾਰੀ ਫਲਾਂ ਨੂੰ ਐਥੀਫੋਨ (Ethephon) ਵਰਗੇ ਕੈਮੀਕਲ ਘੋਲ ਵਿੱਚ ਡੁਬੋ ਕੇ ਪਕਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਜਿਸ 'ਤੇ ਹੁਣ ਸਖ਼ਤ ਰੋਕ ਲਗਾ ਦਿੱਤੀ ਗਈ ਹੈ। FSSAI ਮੁਤਾਬਕ ਸਿਰਫ਼ ਸੁਰੱਖਿਅਤ ਤਰੀਕੇ ਨਾਲ ਅਤੇ ਤੈਅ ਨਿਯਮਾਂ ਅਧੀਨ ਐਥੀਲੀਨ ਗੈਸ ਦੀ ਵਰਤੋਂ ਹੀ ਮਾਨਤਾ ਪ੍ਰਾਪਤ ਹੈ।

ਦੇਸ਼ ਦੇ ਸਾਰੇ ਰਾਜਾਂ ਦੇ ਫੂਡ ਸੇਫਟੀ ਅਫਸਰਾਂ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਮੰਡੀਆਂ, ਗੋਦਾਮਾਂ ਅਤੇ ਥੋਕ ਬਾਜ਼ਾਰਾਂ ਵਿੱਚ ਨਿਰੰਤਰ ਜਾਂਚ ਕਰਨ। ਜਿੱਥੇ ਵੀ ਸ਼ੱਕ ਹੋਵੇ, ਉੱਥੇ ਤੁਰੰਤ ਛਾਪੇਮਾਰੀ ਕੀਤੀ ਜਾਵੇਗੀ ਅਤੇ ਜੇਕਰ ਕਿਸੇ ਕੋਲੋਂ ਕੈਲਸ਼ੀਅਮ ਕਾਰਬਾਈਡ ਜਾਂ ਕੋਈ ਹੋਰ ਗੈਰ-ਕਾਨੂੰਨੀ ਕੈਮੀਕਲ ਮਿਲਦਾ ਹੈ, ਤਾਂ ਉਸ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਬਾਜ਼ਾਰ ਵਿੱਚ ਵਿਕ ਰਹੇ ਫਲਾਂ ਦੀ ਸ਼ੁੱਧਤਾ ਦੀ ਜਾਂਚ ਲਈ ਹੁਣ ਖਾਸ ਟੈਸਟ ਪੇਪਰ ਦੀ ਵਰਤੋਂ ਕੀਤੀ ਜਾਵੇਗੀ। ਇਸ ਨਾਲ ਇਹ ਪਤਾ ਲਗਾਇਆ ਜਾ ਸਕੇਗਾ ਕਿ ਫਲਾਂ ਨੂੰ ਕੁਦਰਤੀ ਤਰੀਕੇ ਨਾਲ ਪਕਾਇਆ ਗਿਆ ਹੈ ਜਾਂ ਆਰਟੀਫੀਸ਼ੀਅਲ ਕੈਮੀਕਲਸ ਰਾਹੀਂ। ਇਸ ਕਾਰਵਾਈ ਦਾ ਮੁੱਖ ਮਕਸਦ ਲੋਕਾਂ ਦੀ ਸਿਹਤ ਨਾਲ ਹੋ ਰਹੇ ਖਿਲਵਾੜ ਨੂੰ ਰੋਕਣਾ ਹੈ।




ਨੀਦਰਲੈਂਡਜ਼ ਦੀ ਇੱਕ ਔਰਤ ਦੇ ਚਿਹਰੇ 'ਤੇ ਸਾਫ਼ ਦਿਖਾਈ ਦੇ ਰਿਹਾ ਸੀ ਕਿ ਕੋਈ ਆਪਣੇ ਸਾਥੀ ਪ੍ਰਤੀ ਕਿਸ ਹੱਦ ਤੱਕ ਮਾਲਕੀ ਵਾਲਾ ਅਤੇ ਪਰੇਸ਼ਾਨ ਕਰਨ ਵਾਲਾ ਹੋ ਸਕਦਾ ਹੈ। ਉਸਦੀ ਸਾਬਕਾ ਪ੍ਰੇਮਿਕਾ ਨੇ ਉਸਦੇ ਚਿਹਰੇ ਸਮੇਤ ਉਸਦੇ ਪੂਰੇ ਸਰੀਰ 'ਤੇ 250 ਵਾਰ ਆਪਣਾ ਨਾਮ ਟੈਟੂ ਬਣਵਾਇਆ ਸੀ। ਵਿਸ਼ਵਾਸ ਨੂੰ ਰਿਸ਼ਤੇ ਦੀ ਸਭ ਤੋਂ ਮਜ਼ਬੂਤ ਨੀਂਹ ਮੰਨਿਆ ਜਾਂਦਾ ਹੈ... ਪਰ ਜਦੋਂ ਇਹ ਰਿਸ਼ਤਾ ਡਰ, ਦਬਾਅ ਅਤੇ ਹਿੰਸਾ ਵਿੱਚ ਬਦਲ ਜਾਂਦਾ ਹੈ, ਤਾਂ ਇਹ ਇੱਕ ਵਿਅਕਤੀ ਦੀ ਪਛਾਣ ਨੂੰ ਖੋਹ ਸਕਦਾ ਹੈ। ਨੀਦਰਲੈਂਡਜ਼ ਦੀ ਇੱਕ ਔਰਤ ਜੋਕ ਨਾਲ ਬਿਲਕੁਲ ਅਜਿਹਾ ਹੀ ਹੋਇਆ।

ਜੋਕ ਦੇ ਸਾਬਕਾ ਪ੍ਰੇਮੀ ਨੇ ਜ਼ਬਰਦਸਤੀ ਆਪਣੇ ਨਾਮ ਦਾ 250 ਵਾਰ ਆਪਣੇ ਸਰੀਰ 'ਤੇ ਟੈਟੂ ਬਣਵਾਇਆ। ਦੁਸ਼ਟ ਪ੍ਰੇਮੀ ਨੇ ਉਸਦੇ ਸਰੀਰ ਨੂੰ ਲਗਭਗ ਪੂਰੀ ਤਰ੍ਹਾਂ ਟੈਟੂ ਨਾਲ ਢੱਕ ਲਿਆ ਸੀ। ਜੋਕ ਦਾ ਚਿਹਰਾ ਲਗਭਗ ਪੂਰੀ ਤਰ੍ਹਾਂ ਕਾਲੀ ਸਿਆਹੀ ਨਾਲ ਢੱਕਿਆ ਹੋਇਆ ਸੀ। ਉਸਦੇ ਚਿਹਰੇ ਅਤੇ ਗਰਦਨ 'ਤੇ "ਹੰਸ" ਨਾਮ, ਉਸਦੇ ਸਾਬਕਾ ਪ੍ਰੇਮੀ ਦਾ ਨਾਮ ਵੀ ਲਿਖਿਆ ਹੋਇਆ ਸੀ।

ਜੋਕ ਦਾ ਦੋਸ਼ ਹੈ ਕਿ ਉਸਦੇ ਸਾਬਕਾ ਪ੍ਰੇਮੀ ਨੇ ਉਸਨੂੰ ਸਾਲਾਂ ਤੱਕ ਮਾਨਸਿਕ ਅਤੇ ਸਰੀਰਕ ਤੌਰ 'ਤੇ ਤਸੀਹੇ ਦਿੱਤੇ। ਉਸਨੇ ਇੱਕ ਸਸਤੀ ਔਨਲਾਈਨ ਟੈਟੂ ਮਸ਼ੀਨ ਖਰੀਦੀ ਅਤੇ ਉਸਦੇ ਸਰੀਰ 'ਤੇ 250 ਤੋਂ ਵੱਧ ਟੈਟੂ ਬਣਵਾਏ। ਇਹਨਾਂ ਵਿੱਚੋਂ ਜ਼ਿਆਦਾਤਰ ਉਸਦਾ ਨਾਮ ਜਾਂ ਉਸਦੇ ਨਾਮ ਦੇ ਸ਼ੁਰੂਆਤੀ ਅੱਖਰ ਸਨ।

ਸਥਿਤੀ ਇੰਨੀ ਭਿਆਨਕ ਹੋ ਗਈ ਕਿ ਜੋਕ ਦੇ ਸਰੀਰ ਦਾ ਲਗਭਗ 90% ਹਿੱਸਾ ਇਹਨਾਂ ਟੈਟੂਆਂ ਨਾਲ ਢੱਕਿਆ ਹੋਇਆ ਸੀ। ਉਸਦਾ ਚਿਹਰਾ, ਗਰਦਨ, ਅਤੇ ਇੱਥੋਂ ਤੱਕ ਕਿ ਉਸਦੇ ਸਰੀਰ ਦੇ ਸਭ ਤੋਂ ਨਿੱਜੀ ਅੰਗਾਂ 'ਤੇ ਜ਼ਬਰਦਸਤੀ ਟੈਟੂ ਬਣਵਾਏ ਗਏ ਸਨ, ਜਿਵੇਂ ਕਿ ਉਹ ਕੋਈ ਮਨੁੱਖ ਨਹੀਂ ਸਗੋਂ ਉਸਦੀ "ਜਾਇਦਾਦ" ਹੋਵੇ।

ਕਾਨੂੰਨ ਵੀ ਬੇਵੱਸ ਸੀ। ਜੋਕ ਨੇ ਇਸ ਦੁਰਵਿਵਹਾਰ ਬਾਰੇ ਪੁਲਿਸ ਨੂੰ ਸ਼ਿਕਾਇਤ ਕੀਤੀ, ਪਰ ਕੇਸ ਸਾਬਤ ਕਰਨਾ ਮੁਸ਼ਕਲ ਸੀ। ਦੋਸ਼ੀ ਨੇ ਦਾਅਵਾ ਕੀਤਾ ਕਿ ਟੈਟੂ ਉਸਦੀ ਸਹਿਮਤੀ ਨਾਲ ਬਣਾਏ ਗਏ ਸਨ। ਹਾਨ ਕਹਿੰਦੀ ਹੈ ਕਿ ਕੋਈ ਵੀ ਸਮਝਦਾਰ ਵਿਅਕਤੀ ਉਸਦੀਆਂ ਅੱਖਾਂ, ਨੱਕ ਜਾਂ ਕੰਨਾਂ ਵਰਗੇ ਹਿੱਸਿਆਂ 'ਤੇ ਟੈਟੂ ਨਹੀਂ ਬਣਵਾਏਗਾ। ਹਾਲਾਂਕਿ, ਇਸਨੂੰ ਕਾਨੂੰਨੀ ਤੌਰ 'ਤੇ ਸਾਬਤ ਕਰਨਾ ਆਸਾਨ ਨਹੀਂ ਸੀ।

ਇਸ ਭਿਆਨਕ ਕਹਾਣੀ ਦੇ ਵਿਚਕਾਰ, ਟੈਟੂ ਰਿਗਰੇਟ ਨਾਮਕ ਇੱਕ ਸੰਸਥਾ ਜੋਕ ਲਈ ਉਮੀਦ ਦੀ ਕਿਰਨ ਬਣ ਗਈ। ਜੋਕ ਦੀ ਮਦਦ ਲਈ ਇੱਕ ਮੁਹਿੰਮ ਸ਼ੁਰੂ ਕੀਤੀ ਗਈ, ਜਿਸ ਵਿੱਚ $35,000 ਤੋਂ ਵੱਧ ਇਕੱਠੇ ਕੀਤੇ ਗਏ। ਜੋਕ ਹੁਣ ਇਲਾਜ ਅਧੀਨ ਹੈ, ਅਤੇ ਟੈਟੂ ਹੌਲੀ-ਹੌਲੀ ਉਸਦੇ ਸਰੀਰ ਤੋਂ ਹਟਾਏ ਜਾ ਰਹੇ ਹਨ। ਉਸਦੇ ਚਿਹਰੇ 'ਤੇ ਜ਼ਿਆਦਾਤਰ ਦਾਗ ਗਾਇਬ ਹੋ ਗਏ ਹਨ, ਅਤੇ ਉਸਦੀ ਗੁਆਚੀ ਪਛਾਣ ਵੀ ਵਾਪਸ ਆ ਰਹੀ ਹੈ। ਦਰਦ ਤੋਂ ਉਮੀਦ ਤੱਕ

ਜੋਕ ਕਹਿੰਦਾ ਹੈ ਕਿ ਜਿਸ ਕਿਸੇ ਨੇ ਵੀ ਡੂੰਘਾ ਸਦਮਾ ਝੱਲਿਆ ਹੈ ਉਹ ਦੁਬਾਰਾ ਉੱਠ ਸਕਦਾ ਹੈ। ਜੇ ਮੈਂ ਇਹ ਕਰ ਸਕਦਾ ਹਾਂ, ਤਾਂ ਕੋਈ ਵੀ ਕਰ ਸਕਦਾ ਹੈ। ਸੰਗਠਨ ਦਾ ਕਹਿਣਾ ਹੈ ਕਿ ਬਾਕੀ ਬਚੇ ਫੰਡ ਘਰੇਲੂ ਹਿੰਸਾ ਦੇ ਹੋਰ ਪੀੜਤਾਂ ਦੀ ਮਦਦ ਲਈ ਵਰਤੇ ਜਾਣਗੇ, ਤਾਂ ਜੋ ਹੋਰ ਲੋਕ ਆਪਣੇ ਅਤੀਤ ਦੇ ਜ਼ਖ਼ਮਾਂ ਨੂੰ ਦੂਰ ਕਰ ਸਕਣ ਅਤੇ ਇੱਕ ਨਵੀਂ ਸ਼ੁਰੂਆਤ ਕਰ ਸਕਣ।

ਜੋਕ ਦੇ ਅਨੁਸਾਰ, ਉਸਦਾ ਸਾਬਕਾ ਬੁਆਏਫ੍ਰੈਂਡ ਉਸਨੂੰ ਲਗਾਤਾਰ ਧਮਕੀਆਂ ਦਿੰਦਾ, ਡਰਾਉਂਦਾ ਅਤੇ ਕਾਬੂ ਕਰਦਾ ਰਿਹਾ। ਹੌਲੀ-ਹੌਲੀ, ਉਹ ਇੰਨੀ ਕਮਜ਼ੋਰ ਹੋ ਗਈ ਕਿ ਉਸਨੇ ਆਪਣੇ ਆਪ ਨੂੰ ਸ਼ਰਾਬ ਅਤੇ ਨਸ਼ੀਲੇ ਪਦਾਰਥਾਂ ਵਿੱਚ ਡੁਬੋ ਲਿਆ। ਇਸ ਸਥਿਤੀ ਵਿੱਚ, ਉਹ ਆਪਣੇ ਲਈ ਬੋਲਣ ਤੋਂ ਅਸਮਰੱਥ ਸੀ। ਡੱਚ ਸੰਗਠਨ ਸਪਿਜਟ ਵੈਨ ਟੈਟੂ, ਜਾਂ ਟੈਟੂ ਰਿਗਰੇਟ ਤੋਂ ਐਂਡੀ ਹਾਨ ਦਾ ਕਹਿਣਾ ਹੈ ਕਿ ਬਹੁਤ ਸਾਰੇ ਟੈਟੂ ਉਨ੍ਹਾਂ ਥਾਵਾਂ 'ਤੇ ਬਣਾਏ ਗਏ ਸਨ ਜਿੱਥੇ ਅਪਰਾਧੀ ਸੋਚਦਾ ਸੀ ਕਿ ਕਿਸੇ ਹੋਰ ਨੇ ਮਜ਼ਾਕ ਨੂੰ ਛੂਹਿਆ ਹੋਵੇਗਾ। ਇਹ ਸਿਰਫ਼ ਇੱਕ ਟੈਟੂ ਨਹੀਂ ਸੀ, ਇਹ ਨਿਯੰਤਰਣ ਅਤੇ ਅਧਿਕਾਰ ਦਾ ਦਾਅਵਾ ਕਰਨ ਦਾ ਇੱਕ ਬੇਰਹਿਮ ਤਰੀਕਾ ਸੀ।

# ਭਾਰਤ 'ਚ ਫਸੇ ਈਰਾਨ ਦੇ 56 ਹਜ਼ਾਰ ਕਰੋੜ ਰੁਪਏ! ਚਾਹੁੰਦੇ ਹੋਏ ਵੀ ਨਹੀਂ ਲੈ ਸਕਦਾ ਵਾਪਸ

ਦੁਨੀਆ ਦੇ ਕਈ ਦੇਸ਼ਾਂ ਵਿੱਚ ਈਰਾਨ ਦੇ ਅਰਬਾਂ ਡਾਲਰ ਫਸੇ ਹੋਏ ਹਨ, ਜਿਸ ਵਿੱਚ ਭਾਰਤ ਵਿੱਚ ਜਮ੍ਹਾ ਕਰੀਬ 56 ਹਜ਼ਾਰ ਕਰੋੜ ਰੁਪਏ ਵੀ ਸ਼ਾਮਲ ਹਨ। ਇਹ ਰਕਮ ਈਰਾਨ ਨੇ ਭਾਰਤ ਨੂੰ ਤੇਲ ਵੇਚ ਕੇ ਕਮਾਈ ਸੀ, ਪਰ ਅਮਰੀਕੀ ਪਾਬੰਦੀਆਂ ਕਾਰਨ ਉਹ ਇਸ ਪੈਸੇ ਨੂੰ ਵਾਪਸ ਨਹੀਂ ਲੈ ਪਾ ਰਿਹਾ ਹੈ। ਰਿਪੋਰਟਾਂ ਅਨੁਸਾਰ, ਦੁਨੀਆ ਭਰ ਦੇ ਵੱਖ-ਵੱਖ ਬੈਂਕਾਂ ਵਿੱਚ ਈਰਾਨ ਦੇ ਕੁੱਲ 100 ਅਰਬ ਡਾਲਰ ਤੋਂ ਵੱਧ ਦੇ ਐਸੇਟਸ ਫ੍ਰੀਜ਼ ਕੀਤੇ ਗਏ ਹਨ।

ਭਾਰਤ ਵਿੱਚ ਕਿਉਂ ਅਟਕਿਆ ਹੈ ਪੈਸਾ?

ਇਸ ਪੂਰੇ ਵਿਵਾਦ ਦੀ ਜੜ੍ਹ 1979 ਦੀ ਈਰਾਨੀ ਕ੍ਰਾਂਤੀ ਹੈ, ਜਿਸ ਤੋਂ ਬਾਅਦ ਅਮਰੀਕਾ ਅਤੇ ਈਰਾਨ ਦੇ ਸਬੰਧ ਵਿਗੜ ਗਏ ਸਨ। ਅਮਰੀਕਾ ਨੇ ਈਰਾਨ 'ਤੇ ਸਖ਼ਤ ਆਰਥਿਕ ਪਾਬੰਦੀਆਂ ਲਗਾ ਦਿੱਤੀਆਂ, ਜਿਸ ਕਾਰਨ ਈਰਾਨ ਅੰਤਰਰਾਸ਼ਟਰੀ ਬੈਂਕਿੰਗ ਪ੍ਰਣਾਲੀ ਦੀ ਵਰਤੋਂ ਨਹੀਂ ਕਰ ਸਕਦਾ। ਭਾਰਤ ਪਹਿਲਾਂ ਈਰਾਨ ਤੋਂ ਵੱਡੀ ਮਾਤਰਾ ਵਿੱਚ ਤੇਲ ਖਰੀਦਦਾ ਸੀ ਅਤੇ ਉਸ ਦੇ ਬਦਲੇ ਦਿੱਤੀ ਜਾਣ ਵਾਲੀ ਅਦਾਇਗੀ ਭਾਰਤੀ ਬੈਂਕਾਂ ਵਿੱਚ ਜਮ੍ਹਾ ਹੁੰਦੀ ਰਹੀ। ਅਮਰੀਕੀ ਪਾਬੰਦੀਆਂ ਕਾਰਨ ਇਹ ਪੈਸਾ ਸਿੱਧਾ ਈਰਾਨ ਨੂੰ ਟ੍ਰਾਂਸਫਰ ਨਹੀਂ ਕੀਤਾ ਜਾ ਸਕਿਆ ਅਤੇ ਉਦੋਂ ਤੋਂ ਇਹ ਭਾਰਤ ਵਿੱਚ ਹੀ ਫਸਿਆ ਹੋਇਆ ਹੈ।

ਦੁਨੀਆ ਦੇ ਹੋਰ ਕਿਹੜੇ ਦੇਸ਼ਾਂ ਵਿੱਚ ਫਸਿਆ ਹੈ ਪੈਸਾ?

ਸਿਰਫ਼ ਭਾਰਤ ਹੀ ਨਹੀਂ, ਸਗੋਂ ਦੁਨੀਆ ਦੇ ਕਈ ਹੋਰ ਵੱਡੇ ਦੇਸ਼ਾਂ ਵਿੱਚ ਵੀ ਈਰਾਨ ਦੀ ਮੋਟੀ ਰਕਮ ਫਸੀ ਹੋਈ ਹੈ। ਈਰਾਨੀ ਸਰਕਾਰੀ ਮੀਡੀਆ ਮੁਤਾਬਕ:

ਚੀਨ: ਕਰੀਬ 20 ਅਰਬ ਡਾਲਰ
ਇਰਾਕ: ਲਗਭਗ 6 ਅਰਬ ਡਾਲਰ
ਕਤਰ: ਕਰੀਬ 6 ਅਰਬ ਡਾਲਰ
ਜਪਾਨ: 1.5 ਅਰਬ ਡਾਲਰ
ਅਮਰੀਕਾ ਅਤੇ ਯੂਰਪ: ਕਰੀਬ 2 ਅਰਬ ਡਾਲਰ

ਅਮਰੀਕਾ ਨੂੰ ਕਿਸ ਗੱਲ ਦਾ ਹੈ ਡਰ?

ਅਮਰੀਕਾ ਅਤੇ ਉਸ ਦੇ ਸਹਿਯੋਗੀ ਦੇਸ਼ਾਂ ਨੂੰ ਡਰ ਹੈ ਕਿ ਜੇਕਰ ਇਹ ਪੈਸਾ ਈਰਾਨ ਨੂੰ ਮਿਲ ਗਿਆ, ਤਾਂ ਉਹ ਇਸ ਦੀ ਵਰਤੋਂ ਆਪਣੇ ਪਰਮਾਣੂ ਜਾਂ ਫੌਜੀ ਪ੍ਰੋਗਰਾਮਾਂ ਨੂੰ ਵਧਾਉਣ ਲਈ ਕਰ ਸਕਦਾ ਹੈ। ਈਰਾਨ ਦਾ ਤਰਕ ਹੈ ਕਿ ਇਹ ਉਸ ਦਾ ਆਪਣਾ ਪੈਸਾ ਹੈ ਅਤੇ ਉਸ ਨੂੰ ਇਸ ਦੀ ਵਰਤੋਂ ਕਰਨ ਦਾ ਪੂਰਾ ਅਧਿਕਾਰ ਹੈ। ਮਾਹਰਾਂ ਦਾ ਮੰਨਣਾ ਹੈ ਕਿ ਜਦੋਂ ਤੱਕ ਅਮਰੀਕਾ ਅਤੇ ਈਰਾਨ ਦੇ ਸਬੰਧਾਂ ਵਿੱਚ ਸੁਧਾਰ ਨਹੀਂ ਹੁੰਦਾ ਅਤੇ ਪਾਬੰਦੀਆਂ ਵਿੱਚ ਢਿੱਲ ਨਹੀਂ ਮਿਲਦੀ, ਉਦੋਂ ਤੱਕ ਇਹ ਪੈਸਾ ਇਸੇ ਤਰ੍ਹਾਂ ਫਸਿਆ ਰਹੇਗਾ। ਇਹ ਮਾਮਲਾ ਸਿਰਫ ਆਰਥਿਕ ਨਹੀਂ, ਸਗੋਂ ਵਿਸ਼ਵ ਰਾਜਨੀਤੀ ਅਤੇ ਕੂਟਨੀਤੀ ਨਾਲ ਜੁੜਿਆ ਇੱਕ ਵੱਡਾ ਮੁੱਦਾ ਬਣ ਚੁੱਕਾ ਹੈ।

ਇਸ ਲਈ, ਇਹ ਮੁੱਦਾ ਹਰ ਵਾਰ ਗੱਲਬਾਤ ਵਿੱਚ ਇੱਕ ਅੜਿੱਕਾ ਬਣ ਜਾਂਦਾ ਹੈ। ਈਰਾਨ ਕਹਿੰਦਾ ਹੈ ਕਿ ਇਹ ਉਸਦਾ ਆਪਣਾ ਪੈਸਾ ਹੈ ਅਤੇ ਉਸਨੂੰ ਇਸਦੀ ਵਰਤੋਂ ਕਰਨ ਦਾ ਅਧਿਕਾਰ ਹੈ। ਹਾਲਾਂਕਿ, ਜਦੋਂ ਤੱਕ ਅਮਰੀਕਾ ਅਤੇ ਈਰਾਨ ਵਿਚਕਾਰ ਸਬੰਧ ਸੁਧਰ ਨਹੀਂ ਜਾਂਦੇ ਅਤੇ ਪਾਬੰਦੀਆਂ ਘੱਟ ਨਹੀਂ ਹੁੰਦੀਆਂ, ਇਹ ਪੈਸਾ ਫਸਿਆ ਰਹੇਗਾ। ਕੁੱਲ ਮਿਲਾ ਕੇ, ਭਾਰਤ ਵਿੱਚ ਫਸਿਆ ਇਹ ਪੈਸਾ ਸਿਰਫ਼ ਇੱਕ ਆਰਥਿਕ ਮੁੱਦਾ ਨਹੀਂ ਹੈ, ਸਗੋਂ ਵਿਸ਼ਵਵਿਆਪੀ ਰਾਜਨੀਤੀ ਅਤੇ ਕੂਟਨੀਤੀ ਨਾਲ ਜੁੜਿਆ ਇੱਕ ਵੱਡਾ ਮੁੱਦਾ ਹੈ।

# ਦਿੱਲੀ ਦੇ LG ਬਣਨ ਤੇ ਅਮਰੀਕੀ ਰਾਸ਼ਟਰਪਤੀ ਟਰੰਪ ਨੇ ਤਰਨਜੀਤ ਸਿੰਘ ਸੰਧੂ ਨੂੰ ਦਿੱਤੀ ਵਧਾਈ

ਨਵੀਂ ਦਿੱਲੀ : ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਭਾਰਤ ਦੇ ਤਜਰਬੇਕਾਰ ਡਿਪਲੋਮੈਟ ਤਰਨਜੀਤ ਸਿੰਘ ਸੰਧੂ ਨੂੰ ਦਿੱਲੀ ਦੇ ਨਵੇਂ ਉਪ-ਰਾਜਪਾਲ ਵਜੋਂ ਨਿਯੁਕਤ ਹੋਣ 'ਤੇ ਵਧਾਈ ਦਿੱਤੀ। ਟਰੰਪ ਨੇ ਭਾਰਤ ਅਤੇ ਅਮਰੀਕਾ ਦੇ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਵਿਚ ਸੰਧੂ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਉਮੀਦ ਜਤਾਈ ਕਿ ਉਹ ਆਪਣੀ ਨਵੀਂ ਭੂਮਿਕਾ ਵਿਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਨਗੇ।ਸੰਧੂ ਦੀ ਨਿਯੁਕਤੀ 'ਤੇ ਖੁਸ਼ੀ ਜ਼ਾਹਰ ਕਰਦੇ ਹੋਏ ਰਾਸ਼ਟਰਪਤੀ ਟਰੰਪ ਨੇ ਪੋਸਟ ਸ਼ੇਅਰ ਕਰਦੇ ਹੋਏ ਲਿਖਿਆ, "ਦਿੱਲੀ ਦੇ ਨਵੇਂ ਲੈਫਟੀਨੈਂਟ ਗਵਰਨਰ ਬਣਨ 'ਤੇ ਤਰਨਜੀਤ ਸਿੰਘ ਸੰਧੂ ਨੂੰ ਬਹੁਤ-ਬਹੁਤ ਵਧਾਈਆਂ! ਇੱਕ ਤਜਰਬੇਕਾਰ ਡਿਪਲੋਮੈਟ ਅਤੇ ਸੰਯੁਕਤ ਰਾਜ ਅਮਰੀਕਾ ਵਿੱਚ ਸਾਬਕਾ ਰਾਜਦੂਤ ਹੋਣ ਦੇ ਨਾਤੇ, ਉਨ੍ਹਾਂ ਨੇ ਹਮੇਸ਼ਾ ਅਮਰੀਕਾ-ਭਾਰਤ ਸਬੰਧਾਂ ਨੂੰ ਮਜ਼ਬੂਤ ਕਰਨ ਦੇ ਪ੍ਰਤੀ ਡੂੰਘੀ ਵਚਨਬੱਧਤਾ ਦਿਖਾਈ ਹੈ। ਮੈਂ ਉਨ੍ਹਾਂ ਨੂੰ ਦਿੱਲੀ ਦੀ ਤਰੱਕੀ ਦੀ ਅਗਵਾਈ ਕਰਨ ਅਤੇ ਵਿਸ਼ਵਵਿਆਪੀ ਸਬੰਧਾਂ ਨੂੰ ਅੱਗੇ ਵਧਾਉਣ ਵਿੱਚ ਹਰ ਸਫਲਤਾ ਦੀ ਕਾਮਨਾ ਕਰਦਾ ਹਾਂ।"





## ਰੋਜ਼ਾਨਾ ਚੜ੍ਹਦੀਕਲਾ ਸਿਹਤ ਖ਼ਬਰਨਾਮਾ



# 40 ਡਿਗਰੀ ਦੀ ਗਰਮੀ ਤੇ ਲੂ ਦਾ ਕਾਲ ਹੈ ਇਹ ਦੇਸੀ ਡਰਿੰਕ ਆਮ ਪੰਨਾ

ਗਰਮੀ ਦਾ ਪ੍ਰਕੋਪ ਲਗਾਤਾਰ ਵਧ ਰਿਹਾ ਹੈ। ਤਾਪਮਾਨ 40 ਡਿਗਰੀ ਦੇ ਨੇੜੇ ਪਹੁੰਚ ਰਿਹਾ ਹੈ, ਜਿਸ ਕਾਰਨ ਲੂ ਲੱਗਣ ਦਾ ਖ਼ਤਰਾ ਵਧ ਗਿਆ ਹੈ। ਚਿਲਚਿਲਾਤੀ ਧੁੱਪ ਕਾਰਨ ਸਰੀਰ ਵਿੱਚ ਪਾਣੀ ਦੀ



ਕਮੀ ਹੋ ਸਕਦੀ ਹੈ। ਇਨ੍ਹਾਂ ਸਮੱਸਿਆਵਾਂ ਤੋਂ ਬਚਣ ਲਈ ਭਾਰਤੀ ਘਰਾਂ ਵਿੱਚ ਸਾਲਾਂ ਤੋਂ ਇੱਕ ਖ਼ਾਸ ਦੇਸੀ ਡਰਿੰਕ @ਆਮ ਪੰਨਾ@ ਦੀ ਵਰਤੋਂ ਕੀਤੀ ਜਾ ਰਹੀ ਹੈ।ਆਮ ਪੰਨਾ ਨਾ ਸਿਰਫ਼ ਸਵਾਦ ਵਿੱਚ ਲਾਜਵਾਬ ਹੈ, ਸਗੋਂ ਇਹ ਗਰਮੀ ਅਤੇ ਲੂ ਤੋਂ ਬਚਾਉਣ ਲਈ ਇੱਕ ਰਾਮਬਾਣ ਇਲਾਜ ਵੀ ਹੈ। ਇਸ ਦਾ ਖੱਟਾ-ਮਿੱਠਾ ਅਤੇ ਚਟਪਟਾ ਸਵਾਦ ਹਰ ਉਮਰ ਦੇ ਵਿਅਕਤੀ ਨੂੰ ਪਸੰਦ ਆਉਂਦਾ ਹੈ।

ਆਮ ਪੰਨਾ ਪੀਣ ਦੇ ਫਾਇਦੇ-

**ਲੂ ਤੋਂ ਸੁਰੱਖਿਆ:** ਇਹ ਸਰੀਰ ਵਿੱਚ ਇਲੈਕਟ੍ਰੋਲਾਈਟਸ ਦੇ ਸੰਤੁਲਨ ਨੂੰ ਬਣਾਈ ਰੱਖਦਾ ਹੈ ਅਤੇ ਗਰਮ ਹਵਾਵਾਂ ਦੇ ਮਾੜੇ ਪ੍ਰਭਾਵਾਂ ਤੋਂ ਬਚਾਉਂਦਾ ਹੈ।

**ਪਾਚਨ ਵਿੱਚ ਸਹਾਈ:** ਕੱਚੇ ਅੰਬ ਵਿੱਚ ਪੈਕਟਿਨ ਹੁੰਦਾ ਹੈ, ਜੋ ਬਦਹਜ਼ਮੀ, ਕਬਜ਼ ਅਤੇ ਦਸਤ ਵਰਗੀਆਂ ਪੇਟ ਦੀਆਂ ਸਮੱਸਿਆਵਾਂ ਨੂੰ ਠੀਕ ਕਰਨ ਵਿੱਚ ਮਦਦ ਕਰਦਾ ਹੈ।

**ਇਮਿਊਨਿਟੀ ਬੂਸਟਰ:** ਵਿਟਾਮਿਨ-ਸੀ ਨਾਲ ਭਰਪੂਰ ਹੋਣ ਕਾਰਨ ਇਹ ਬਿਮਾਰੀਆਂ ਨਾਲ ਲੜਨ ਦੀ ਸ਼ਕਤੀ ਵਧਾਉਂਦਾ ਹੈ।

**ਖ਼ੂਨ ਦੀ ਕਮੀ ਦੂਰ ਕਰਨਾ:** ਇਸ ਵਿੱਚ ਆਇਰਨ ਦੀ ਚੰਗੀ ਮਾਤਰਾ ਹੁੰਦੀ ਹੈ, ਜੋ ਸਰੀਰ ਵਿੱਚ ਹੀਮੋਗਲੋਬਿਨ ਦਾ ਪੱਧਰ ਸੁਧਾਰਨ ਵਿੱਚ ਮਦਦਗਾਰ ਹੈ।

ਅੱਖਾਂ ਅਤੇ ਚਮੜੀ ਲਈ: ਵਿਟਾਮਿਨ-ਏ ਅਤੇ ਐਂਟੀ-ਆਕਸੀਡੈਂਟਸ ਕਾਰਨ ਇਹ ਅੱਖਾਂ ਦੀ ਰੌਸ਼ਨੀ ਅਤੇ ਚਮੜੀ ਦੀ ਚਮਕ ਨੂੰ ਬਰਕਰਾਰ ਰੱਖਦਾ ਹੈ।

**ਬਣਾਉਣ ਦੀ ਵਿਧੀ-**

*ਸਭ ਤੋਂ ਪਹਿਲਾਂ ਕੱਚੇ ਅੰਬਾਂ ਨੂੰ ਧੋ ਕੇ ਕੁੱਕਰ ਵਿੱਚ 1-2 ਗਲਾਸ ਪਾਣੀ ਨਾਲ 2-3 ਸੀਟੀਆਂ ਆਉਣ ਤੱਕ ਉਬਾਲੋ।

ਅੰਬ ਠੰਡੇ ਹੋਣ ਤੋਂ ਬਾਅਦ ਉਨ੍ਹਾਂ ਦਾ ਛਿਲਕਾ ਉਤਾਰ ਦਿਓ ਅਤੇ ਚਮਚ ਦੀ ਮਦਦ ਨਾਲ ਸਾਰਾ ਗੁੱਦਾ (ਪਲਪ) ਕੱਢ ਲਓ। ਗਿਟਕਾਂ ਨੂੰ ਵੱਖ ਕਰ ਦਿਓ।

ਇਸ ਗੁੱਦੇ ਨੂੰ ਬਲੈਂਡਰ ਵਿੱਚ ਪਾਓ। ਇਸ ਵਿੱਚ ਪੁਦੀਨਾ, ਚੀਨੀ/ਗੁੜ, ਕਾਲਾ ਨਮਕ, ਭੁੰਨਿਆ ਜੀਰਾ ਅਤੇ ਕਾਲੀ ਮਿਰਚ ਪਾ ਕੇ ਇੱਕ ਮੁਲਾਇਮ ਪੇਸਟ ਬਣਾ ਲਓ।

ਤਿਆਰ ਪੇਸਟ ਨੂੰ ਇੱਕ ਜੱਗ ਵਿੱਚ ਕੱਢੋ, ਲੋੜ ਅਨੁਸਾਰ ਠੰਢਾ ਪਾਣੀ ਮਿਲਾਓ ਅਤੇ ਚੰਗੀ ਤਰ੍ਹਾਂ ਘੋਲ ਲਓ।

## ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਅਤੇ ਸਾਂਸਦ ਸਤਨਾਮ ਸੰਧੂ ਦੀ ਸਿਫ਼ਾਰਸ਼ ’ਤੇ ਹੋਈ ਤੁਰੰਤ ਕਾਰਵਾਈ

# ਕੇਂਦਰ ਸਰਕਾਰ ਨੇ ਪੰਜਾਬ ’ਚ ਕਣਕ ਖਰੀਦ ਮਾਪਦੰਡਾਂ ਵਿੱਚ ਦਿੱਤੀ ਢਿੱਲ

ਮੋਹਾਲੀ, 17 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਕੇਂਦਰ ਸਰਕਾਰ ਨੇ ਪੰਜਾਬ ਅਤੇ ਚੰਡੀਗੜ੍ਹ (ਯੂਟੀ) ਦੀਆਂ ਮੰਡੀਆਂ ਤੋਂ ਕਣਕ ਖਰੀਦ ਲਈ ਨਿਯਮਾਂ ਵਿੱਚ ਢਿੱਲ ਦੇ ਕੇ ਇੱਕ ਵੱਡੀ ਰਾਹਤ ਦਾ ਐਲਾਨ ਕੀਤਾ ਹੈ। ਕੇਂਦਰੀ ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਵੱਲੋਂ ਅੱਜ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ, ਜਿਸ ਵਿੱਚ ਹਾੜੀ ਮਾਰਕੀਟਿੰਗ ਸੀਜ਼ਨ (ਆਰਐੱਮਐੱਸ) 2026-27 ਲਈ ਨਿਯਮਾਂ ਵਿੱਚ ਢਿੱਲ ਦਿੱਤੀ ਗਈ। ਇਹ ਫੈਸਲਾ ਪੰਜਾਬ ਦੇ ਕਿਸਾਨਾਂ ਲਈ ਇੱਕ ਵੱਡੀ ਰਾਹਤ ਵਜੋਂ ਆਇਆ ਹੈ। ਇਸ ਸਬੰਧ ਵਿੱਚ, ਰੇਲਵੇ ਅਤੇ ਫੂਡ ਪ੍ਰੋਸੈਸਿੰਗ ਉਦਯੋਗਾਂ ਦੇ ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਅਤੇ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਨਵੀਂ ਦਿੱਲੀ ਵਿੱਚ ਇੱਕ ਮੀਟਿੰਗ ਦੌਰਾਨ ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਨੂੰ ਇੱਕ ਸਾਂਝਾ ਮੰਗ ਪੱਤਰ ਸੌਂਪਿਆ। ਸੰਧੂ ਨੇ ਪੰਜਾਬ ਦੇ ਕਿਸਾਨਾਂ ਲਈ ਕਣਕ ਦੀ ਖਰੀਦ ਲਈ ਮੁੱਖ ਗੁਣਵੱਤਾ ਮਾਪਦੰਡਾਂ ਵਿੱਚ ਢਿੱਲ ਦੇਣ ਦੀ ਮੰਗ ਕੀਤੀ, ਕਿਉਂਕਿ ਮਾਰਚ-ਅਪ੍ਰੈਲ ਵਿੱਚ ਬੇਮੌਸਮੀ ਬਾਰਿਸ਼ ਨੇ ਕਣਕ ਦੀ ਫਸਲ ਨੂੰ ਪ੍ਰਭਾਵਿਤ ਕੀਤਾ ਸੀ, ਜਿਸ ਕਾਰਨ ਕਿਸਾਨਾਂ ਲਈ ਮੰਡੀਆਂ ਵਿੱਚ ਆਪਣੀ ਉਪਜ ਵੇਚਣਾ ਮੁਸ਼ਕਲ ਹੋ ਗਿਆ ਸੀ। ਪੰਜਾਬ ਸਰਕਾਰ ਵੱਲੋਂ 9 ਅਪ੍ਰੈਲ, 2026 ਨੂੰ ਇੱਕ ਬੇਨਤੀ ਪੱਤਰ ਭੇਜਿਆ ਗਿਆ ਸੀ, ਜਿਸ ਵਿੱਚ ਕੇਂਦਰ ਸਰਕਾਰ ਨੂੰ ਕੇਂਦਰੀ ਪੂਲ ਲਈ ਕਣਕ ਦੀ ਖਰੀਦ ਦੇ ਮਾਪਦੰਡਾਂ ਵਿੱਚ ਢਿੱਲ ਦੇਣ ਦੀ ਬੇਨਤੀ ਕੀਤੀ ਗਈ ਸੀ। ਕੇਂਦਰੀ ਖਪਤਕਾਰ ਮਾਮਲਿਆਂ ਦੇ ਮੰਤਰਾਲੇ ਨੇ ਤੁਰੰਤ ਕਾਰਵਾਈ ਕੀਤੀ ਅਤੇ ਮੁਲਾਂਕਣ ਟੀਮਾਂ ਬਣਾਈਆਂ, ਜਿਨ੍ਹਾਂ ਨੇ 70 ਮੰਡੀਆਂ ਦਾ ਦੌਰਾ ਕੀਤਾ, 300 ਤੋਂ ਵੱਧ ਨਮੂਨੇ ਇਕੱਠੇ ਕੀਤੇ, ਅਤੇ ਜ਼ਮੀਨੀ ਮੁਲਾਂਕਣ ਕੀਤੇ। ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਮੰਤਰੀ ਪ੍ਰਹਿਲਾਦ ਜੋਸ਼ੀ ਦਾ ਧੰਨਵਾਦ ਕੀਤਾ। ਇਹ ਕਾਰਵਾਈ ਕੇਂਦਰੀ ਮੰਤਰੀ ਦੇ ਨਿਰਦੇਸ਼ਾਂ ’ਤੇ ਐਫਸੀਆਈ ਅਧਿਕਾਰੀਆਂ ਦੁਆਰਾ ਕੀਤੇ ਗਏ ਵਿਆਪਕ ਫੀਲਡ ਸੈਂਪਲਿੰਗ ਅਤੇ ਤੇਜ਼ ਮੁਲਾਂਕਣ ’ਤੇ ਅਧਾਰਤ ਸੀ। ਇਹ ਐਲਾਨ ਪੰਜਾਬ ਦੇ ਕਿਸਾਨਾਂ ਨੂੰ ਮਹੱਤਵਪੂਰਨ ਰਾਹਤ ਪ੍ਰਦਾਨ ਕਰੇਗਾ, ਕਿਉਂਕਿ ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਦੁਆਰਾ ਜਾਰੀ ਨੋਟੀਫਿਕੇਸ਼ਨ ਕਣਕ ਦੀ ਚਮਕ ਦੇ ਨੁਕਸਾਨ ਦੀ ਸੀਮਾ ਨੂੰ 70% ਤੱਕ ਢਿੱਲ ਦਿੰਦਾ ਹੈ। ਕੇਂਦਰ ਸਰਕਾਰ ਨੇ ਪੰਜਾਬ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਲਈ ਇਕਸਾਰ ਮਾਪਦੰਡਾਂ ਦੇ ਤਹਿਤ, ਸੁੰਗੜੇ ਅਤੇ ਟੁੱਟੇ ਹੋਏ ਅਨਾਜ ਦੀ ਸੀਮਾ ਮੌਜੂਦਾ 6% ਤੋਂ ਵਧਾ ਕੇ 15% ਕਰ ਦਿੱਤੀ ਹੈ। ਰਾਜ ਸਭਾ ਮੈਂਬਰ ਸਤਨਾਮ ਸੰਧੂ ਨੇ ਕਿਹਾ, ਭਾਰਤ ਸਰਕਾਰ ਨੇ ਬੇਨਤੀ ਪ੍ਰਾਪਤ ਹੋਣ ’ਤੇ ਤੁਰੰਤ ਕਾਰਵਾਈ ਕੀਤੀ ਅਤੇ ਸਥਿਤੀ ਦਾ ਮੁਲਾਂਕਣ ਕਰਨ ਅਤੇ ਵੱਡੇ ਪੱਧਰ ’ਤੇ ਖੇਤਾਂ ਦੇ ਨਮੂਨੇ ਲੈਣ ਲਈ ਜ਼ਮੀਨੀ ਟੀਮਾਂ ਬਣਾਈਆਂ। ਉਨ੍ਹਾਂ ਅੱਗੇ ਕਿਹਾ ਕਿ 1.2 ਮਿਲੀਅਨ ਮੀਟ੍ਰਿਕ ਟਨ ਤੋਂ ਵੱਧ ਕਣਕ ਪਹਿਲਾਂ ਹੀ ਪੰਜਾਬ ਦੀਆਂ ਮੰਡੀਆਂ ਵਿੱਚ ਪਹੁੰਚ ਚੁੱਕੀ ਹੈ। ਇਸ ਲਈ, ਕੇਂਦਰ ਸਰਕਾਰ ਵੱਲੋਂ ਇਹ ਸਹਾਇਤਾ ਪੰਜਾਬ ਦੇ ਕਿਸਾਨਾਂ ਲਈ ਸਮੇਂ ਸਿਰ ਸਹਾਇਤਾ ਸਾਬਤ ਹੋਈ ਹੈ। ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਅੱਗੇ ਕਿਹਾ, ਕੇਂਦਰ ਸਰਕਾਰ ਹਮੇਸ਼ਾ ਮੁਸ਼ਕਲ ਸਮੇਂ ਵਿੱਚ ਪੰਜਾਬ ਦੇ ਕਿਸਾਨਾਂ ਦੇ ਨਾਲ ਖੜ੍ਹੀ ਰਹੀ ਹੈ। ਸਰਕਾਰ ਨੇ ਸਾਲ 2023 ਵਿੱਚ ਪੰਜਾਬ ਦੇ ਕਿਸਾਨਾਂ ਲਈ ਖਰੀਦ ਨਿਯਮਾਂ ਵਿੱਚ ਵੀ ਇਸੇ ਤਰ੍ਹਾਂ ਦੀਆਂ ਢਿੱਲਾਂ ਦਾ ਐਲਾਨ ਕੀਤਾ ਸੀ।









**‘ਪਦਮਸ਼੍ਰੀ’ ਡਾ. ਜਗਜੀਤ ਸਿੰਘ ਦਰਦੀ ਚੇਅਰਮੈਨ ਚੜ੍ਹਦੀਕਲਾ ਗਰੁੱਪ ਦਾ ਹਾਲ-ਚਾਲ ਜਾਣਨ ਲਈ ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਗੌਹਰ-ਏ-ਮਸਕੀਨ ਅਤੇ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਬਲਜੀਤ ਸਿੰਘ ਜੀ ਖਾਲਸਾ ਦਾਦੂਵਾਲ ਪੁੱਜੇ। ਜਥੇਦਾਰ ਬਾਬਾ ਬਲਜੀਤ ਸਿੰਘ ਖਾਲਸਾ ਨੇ ਸੰਗਤੀ ਰੂਪ ਵਿੱਚ ਸ੍ਰ. ਦਰਦੀ ਦੀ ਸਿਹਤਯਾਬੀ ਲਈ ਅਰਦਾਸ ਵੀ ਕੀਤੀ। ਇਸ ਮੌਕੇ ਡਾਇਰੈਕਟਰ ਸ੍ਰ. ਹਰਪ੍ਰੀਤ ਸਿੰਘ ਦਰਦੀ, ਸ਼੍ਰੀਮਤੀ ਜਸਵਿੰਦਰ ਕੌਰ ਦਰਦੀ, ਡਾ. ਇੰਦਰਪ੍ਰੀਤ ਕੌਰ ਦਰਦੀ ਸਮੇਤ ਅਦਾਰਾ ਚੜ੍ਹਦੀਕਲਾ ਦੇ ਸਟਾਫ ਮੈਂਬਰ ਵੀ ਮੌਜੂਦ ਸਨ।**

# ਲਿਬਰਲ ਸਿੱਖ ਕਾਕਸ ਵੱਲੋਂ ਸਿੱਖ ਹੈਰਿਟੇਜ ਮੰਥ ਧੂਮਧਾਮ ਨਾਲ ਮਨਾਇਆ



ਕੈਨੇਡਾ, 17 ਅਪ੍ਰੈਲ (ਮਨਿੰਦਰ) : 13 ਅਪ੍ਰੈਲ 2026 ਨੂੰ ਪਾਰਲੀਮੈਂਟ ਹਿੱਲ, ਓਟਾਵਾ ਵਿੱਚ ਪੂਰੇ ਕਨੇਡਾ ਵਾਸੀਆਂ ਅਤੇ ਲਿਬਰਲ ਸਿੱਖ ਕਾਕਸ ਵੱਲੋਂ ਸਿੱਖ ਹੈਰਿਟੇਜ ਮੰਥ ਬੜੇ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਕਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਵੀ ਵਿਸ਼ੇਸ਼ ਤੌਰ ‘ਤੇ ਪਹੁੰਚੇ ਅਤੇ ਪੰਜਾਬੀ ਭਾਈਚਾਰੇ ਨੂੰ ਵਧਾਈ ਦਿੱਤੀ ਨਾਲ ਹੀ ਸਿੱਖ ਕਮਿਊਨਿਟੀ ਨੇ ਜੋ ਕੈਨੇਡਾ ਲਈ ਆਪਣਾ ਬਙਮੁੱਲਾ ਯੋਗਦਾਨ ਪਾਇਆ ਹੈ ਇਸ ਮੌਕੇ ਤਿੰਨ ਦਿਨਾਂ ਤੋਂ ਚੱਲ ਰਹੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਸਰਬੱਤ ਦੇ ਭਲੇ ਅਤੇ ਦੁਨੀਆ ਵਿੱਚ ਸੁਖ-ਸ਼ਾਂਤੀ ਲਈ ਅਰਦਾਸ ਕੀਤੀ ਗਈ। ਇਸ ਤੋਂ ਬਾਅਦ ਸਾਰੀ ਸੰਗਤ ਨੂੰ ਲੰਗਰ ਛਕਾਇਆ ਗਿਆ।ਉਪਰੰਤ ਕੈਨੇਡੀਅਨ ਯੁੱਧ ਅਜਾਇਬ ਘਰ ਕੈਨੇਡੀਅਨ ਯੁੱਧ ਅਜਾਇਬ ਘਰ ਵਿੱਚ ਸਿੱਖ ਹੈਰਿਟੇਜ ‘ਤੇ ਆਧਾਰਿਤ ਫਿਲਮ ਦਿਖਾਈ ਗਈ, ਜੋ ਸਟੀਵਨ ਪੁਰੇਵਾਲ ਵੱਲੋਂ ਬੜੀ ਮਿਹਨਤ ਅਤੇ ਲਗਨ ਨਾਲ ਤਿਆਰ ਕੀਤੀ ਗਈ ਸੀ। ਇਸ ਫਿਲਮ ਨੇ ਹਰ ਪੰਜਾਬੀ ਨੂੰ ਆਪਣੇ ਇਤਿਹਾਸ ਨਾਲ ਜੋੜਿਆ ਅਤੇ ਮਹੱਤਵਪੂਰਨ ਜਾਣਕਾਰੀ ਪ੍ਰਦਾਨ ਕੀਤੀ। ਇਸ ਪ੍ਰੋਗਰਾਮ ਵਿੱਚ ਕਨੇਡਾ ਦੇ ਹੁਨਰਮੰਦ ਸਿੱਖਿਆ ਪ੍ਰੇਮੀ ਅਤੇ ਸਮਾਜ ਸੇਵੀ ਵਿਅਕਤੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਓਨਰੇਬਲ ਬਲਜੀਤ ਸਿੰਘ ਚੱਡਾ, ਤਰਨਤੇਜ ਸਿੰਘ ਹੁੰਦਲ, ਲਖਵਿੰਦਰ ਸਿੰਘ ਉੱਪਲ, ਜੋਗਿੰਦਰ ਸਿੰਘ ਸਿੱਧੂ, ਗੁਰਿੰਦਰ ਸਿੰਘ ਚਾਹਲ, ਅਜਮੇਰ ਸਿੰਘ ਸੰਧੂ, ਸਰਬਦੀਪ ਸਿੰਘ ਬਾਠ, ਚਰਨਜੀਤ ਸਿੰਘ, ਸੁਖਵਿੰਦਰ ਸਿੰਘ, ਦਾਸ ਬਿੰਦਰਪਾਲ ਸਿੰਘ , ਤੇਜ਼ਪ੍ਰੀਤ ਸਿੰਘ ਦੌਲਤ, ਮਨਜੀਤ ਸਿੰਘ ਸੰਧੂ ਆਦਿ ਸ਼ਾਮਲ ਸਨ। ਇਸ ਸਮਾਰੋਹ ਨੂੰ ਸਫਲ ਬਣਾਉਣ ਵਿੱਚ ਕਨੇਡਾ ਦੇ ਮੈਂਬਰ ਆਫ ਪਾਰਲੀਮੈਂਟਸ ਨੇ ਵੀ ਅਹਿਮ ਭੂਮਿਕਾ ਨਿਭਾਈ, ਜਿਨ੍ਹਾਂ ਵਿੱਚ ਸੁੱਖ ਧਾਲੀਵਾਲ, ਰਣਦੀਪ ਸਰਾਏ, ਅੰਜੂ ਢਿੱਲੋਂ, ਪਰਮ ਬੈਂਸ, ਰੂਬੀ ਸਹੋਤਾ, ਇਕਵਿੰਦਰ ਸਿੰਘ ਗਹਿਰ, ਸੋਨੀਆ ਸਿੱਧੂ ਅਤੇ ਮਾਰਕ ਮਿਲਰ ਸ਼ਾਮਲ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬੀ ਹੈਲਥ ਐਂਡ ਐਜੂਕੇਸ਼ਨ ਆਰਗਨਾਈਜੇਸ਼ਨ ਦੇ ਪ੍ਰਤੀਨਿਧੀ ਲਖਵਿੰਦਰ ਸਿੰਘ ਉੱਪਲ ਨੇ ਸਾਰੇ ਪੰਜਾਬੀ ਜਗਤ ਨੂੰ ਸਿੱਖ ਹੈਰਿਟੇਜ ਮੰਥ ਦੀਆਂ ਵਧਾਈਆਂ ਦਿੰਦਿਆਂ ਸਿੱਖ ਇਤਿਹਾਸ ਅਤੇ ਸਿੱਖਿਆ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ।

# ਪੀਐਨਬੀ ਬੈਂਕ ਵੱਲੋਂ ਮੈਗਾ ਰਿਟੇਲ ਐਕਸਪੋ ਅੱਜ



ਚੰਡੀਗੜ੍ਹ, 17 ਅਪ੍ਰੈਲ (ਚ.ਨ.ਸ.) : ਦੇਸ਼ ਦਾ ਮੋਹਰੀ ਬੈਂਕ, ਪੰਜਾਬ ਨੈਸ਼ਨਲ ਬੈਂਕ, ਚੰਡੀਗੜ੍ਹ ਦੇ ਸੈਕਟਰ 24 ਦੇ ਹੋਟਲ ਪਾਰਕ ਵਿਊ ਅਤੇ ਹਰਿਆਣਾ ਭਰ ਦੇ ਵੱਖ-ਵੱਖ ਜ਼ੋਨਲ ਦਫ਼ਤਰਾਂ, ਜਿਨ੍ਹਾਂ ਵਿੱਚ ਹਿਸਾਰ, ਜੀਂਦ, ਕਰਨਾਲ, ਕੁਰੂਕਸ਼ੇਤਰ, ਪਾਣੀਪਤ, ਰੇਵਾੜੀ, ਰੋਹਤਕ ਅਤੇ ਸਿਰਸਾ ਸ਼ਾਮਲ ਹਨ, ਵਿੱਚ ਇੱਕ ਮੈਗਾ ਰਿਟੇਲ ਐਕਸਪੋ ਦਾ ਆਯੋਜਨ ਕਰ ਰਿਹਾ ਹੈ। ਦਿਲਚਸਪੀ ਰੱਖਣ ਵਾਲੇ ਗਾਹਕਾਂ ਨੂੰ ਮੌਕੇ @ਤੇ ਹੀ ਪ੍ਰਚੂਨ ਕਰਜ਼ੇ ਮਨਜ਼ੂਰ ਕੀਤੇ ਜਾਣਗੇ। ਚੰਡੀਗੜ੍ਹ ਜ਼ੋਨ ਦੇ ਮੁੱਖ ਜਨਰਲ ਮੈਨੇਜਰ, ਸ਼੍ਰੀ ਆਸ਼ੀਸ਼ ਚਤੁਰਵੇਦੀ ਨੇ ਕਿਹਾ ਕਿ ਪੀਐਨਬੀ ਨੇ ਭਾਰਤ ਸਰਕਾਰ ਦੀਆਂ ਵੱਖ-ਵੱਖ ਲਾਭਕਾਰੀ ਯੋਜਨਾਵਾਂ ਨੂੰ ਸਮਾਜ ਦੇ ਸਾਰੇ ਵਰਗਾਂ ਤੱਕ ਪਹੁੰਚਯੋਗ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਸਾਡਾ ਜ਼ੋਨ ਹਰਿਆਣਾ ਅਤੇ ਚੰਡੀਗੜ੍ਹ ਵਿੱਚ ਇੱਕ ਮੋਹਰੀ ਬੈਂਕ ਦੀ ਭੂਮਿਕਾ ਨਿਭਾ ਰਿਹਾ ਹੈ। ਸ਼੍ਰੀ ਚਤੁਰਵੇਦੀ ਨੇ ਹਾਲ ਹੀ ਵਿੱਚ ਚੰਡੀਗੜ੍ਹ ਜ਼ੋਨ ਮੈਨੇਜਰ ਵਜੋਂ ਅਹੁਦਾ ਸੰਭਾਲਿਆ ਹੈ। ਆਪਣੇ ਗਾਹਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ, ਬੈਂਕ ਨੇ ਆਪਣੀਆਂ ਸੇਵਾਵਾਂ ਨੂੰ ਜਨਤਾ ਦੇ ਦਰਵਾਜ਼ੇ ਤੱਕ ਪਹੁੰਚਾਉਣ ਅਤੇ ਬਹੁਤ ਘੱਟ ਸਮੇਂ ਵਿੱਚ ਡਿਜੀਟਲ ਮਾਧਿਅਮ ਰਾਹੀਂ ਵੱਖ-ਵੱਖ ਪ੍ਰਚੂਨ ਯੋਜਨਾਵਾਂ ਤਹਿਤ ਕਰਜ਼ੇ ਮਨਜ਼ੂਰ ਕਰਨ ਦੀ ਪਹਿਲ ਕੀਤੀ ਹੈ।ਸ਼੍ਰੀ ਚਤੁਰਵੇਦੀ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਨੈਸ਼ਨਲ ਬੈਂਕ ਵੱਲੋਂ ਪੇਸ਼ ਕੀਤੀਆਂ ਜਾਂਦੀਆਂ ਹੋਮ ਲੋਨ, ਵਹੀਕਲ ਲੋਨ, ਐਜੂਕੇਸ਼ਨ ਲੋਨ, ਪਰਸਨਲ ਲੋਨ ਆਦਿ ਸਹੂਲਤਾਂ ਦਾ ਲਾਭ ਉਠਾਉਣ ਲਈ ਬੈਂਕ ਦੇ ਸਟਾਲ ’ਤੇ ਆਉਣ ਅਤੇ ਡਿਜੀਟਲ ਮਾਧਿਅਮ ਰਾਹੀਂ ਮੌਕੇ ’ਤੇ ਹੀ ਲੋਨ ਪ੍ਰਵਾਨਗੀ ਅਤੇ ਵੰਡ ਪ੍ਰਾਪਤ ਕਰਨ। ਵਧੇਰੇ ਜਾਣਕਾਰੀ ਲਈ, ਕਿਰਪਾ ਕਰਕੇ ਆਪਣੀ ਨੇੜਲੀ ਸ਼ਾਖਾ ਨਾਲ ਸੰਪਰਕ ਕਰੋ।



**ਸੁੱਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕੈਨੇਡਾ ਦਾ ਪੈਰਿਸ ਏਅਰਪੋਰਟ ਤੇ ਟੀਮ ਨਵੀਆਂ ਕਲਮਾਂ ਨਵੀਆਂ ਕਲਮਾਂ ਨਵੀਂ ਉਡਾਣ ਫਰਾਂਸ ਵੱਲੋਂ ਸਵਾਗਤ ਕਰਦੇ ਹੋਏ ਰਣਜੀਤ ਸਿੰਘ ਫਰਾਂਸ, ਕੁਲਵੰਤ ਕੌਰ ਚੰਨ ਫਰਾਂਸ,ਸ੍ਰ ਸੁਖਚੈਨ ਸਿੰਘ ਫਰਾਂਸ, ਸ੍ਰ ਸੁਖਪਾਲ ਸਿੰਘ ਫਰਾਂਸ, ਰਿਦਮਜੀਤ ਸਿੰਘ ਫਰਾਂਸ, ਪਰਮਿੰਦਰ ਕੌਰ ਸਰੋਆ ਇੰਗਲੈਂਡ। (ਫੋਟੋ ਤੇ ਵੇਰਵਾ: ਉਂਕਾਰ ਸਿੰਘ ਤੇਜੇ)**

# ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਨੂੰ ਪ੍ਰਾਪਤ ਹੋਇਆ 122 ਦਰਜਾ

ਪਟਿਆਲਾ, 17 ਅਪ੍ਰੈਲ (ਚ.ਨ.ਸ.) : ਸਮੁੱਚੇ ਪੰਜਾਬ ਵਾਸੀਆਂ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਦੀ ਪਹਿਲੀ ਸਰਕਾਰੀ ਓਪਨ ਯੂਨੀਵਰਸਿਟੀ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਨੂੰ ਯੂ.ਜੀ.ਸੀ. ਐਕਟ, 1956 ਦੀ ਧਾਰਾ 12ਬੀ (122) ਦੇ ਤਹਿਤ ਮਾਨਤਾ ਦਿੱਤੀ ਗਈ ਹੈ। ਇਹ ਅਹਿਮ ਪ੍ਰਾਪਤੀ ਮਾਨਯੋਗ ਵਾਈਸ-ਚਾਂਸਲਰ ਪ੍ਰੋ.ਰਤਨ ਸਿੰਘ ਜੀ ਦੀ ਯੋਗ ਰਹਿਨੁਮਾਈ ਅਤੇ ਦੂਰਅੰਦੇਸ਼ੀ ਸੋਚ ਸਦਕਾ ਸੰਭਵ ਹੋਈ ਹੈ, ਜਿਨ੍ਹਾਂ ਦੀ ਅਗਵਾਈ ਅਤੇ ਉਤਸ਼ਾਹ ਨੇ ਯੂਨੀਵਰਸਿਟੀ ਨੂੰ ਇਸ ਮੀਲ ਪੱਥਰ ਵੱਲ ਲਿਜਾਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। 122 ਦਾ ਦਰਜਾ ਮਿਲਣ ਦੇ ਨਾਲ ਯੂਨੀਵਰਸਿਟੀ ਆਪਣੇ ਥੋੜੇ ਸਮੇਂ ਦੇ ਕਾਰਜਕਾਲ ਦੌਰਾਨ ਹੀ ਪੁਰਾਣੀਆਂ ਵੱਡੀਆਂ ਯੂਨੀਵਰਸਿਟੀਆਂ ਦੇ ਹਾਣ ਦੀ ਬਣ ਚੁਕੀ ਹੈ ਜੋ ਕਿ ਸਮੁਚੇ ਅਕਾਦਮਿਕ ਜਗਤ ਲਈ ਮਾਣ ਵਾਲੀ ਗੱਲ ਹੈ । ਇਸ ਖੁਸ਼ੀ ਦੇ ਮੌਕੇ ਵਾਈਸ ਚਾਂਸਲਰ



ਸਾਹਿਬ ਵਲੋਂ ਫੈਕਲਟੀ ਮੈਂਬਰਾਂ, ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਉਹਨਾਂ ਦੇ ਅਟੁੱਟ ਸਮਰਪਣ, ਸੁਹਿਰਦ ਯਤਨਾਂ ਅਤੇ ਸਮੂਹਿਕ ਵਚਨਬੱਧਤਾ ਲਈ ਤਹਿ ਦਿਲੋਂ ਵਧਾਈ ਦਿੱਤੀ, ਜਿਸ ਸਦਕਾ ਇਹ ਵੱਕਾਰੀ ਪ੍ਰਾਪਤੀ ਪ੍ਰਾਪਤ ਹੋਈ ਹੈ। ਇਹ ਮਾਨਤਾ ਨਾ ਸਿਰਫ਼ ਸਾਡੀ ਅਕਾਦਮਿਕ ਭਰੋਸੇਯੋਗਤਾ ਦਾ ਪ੍ਰਮਾਣ ਹੈ, ਸਗੋਂ ਯੂਨੀਵਰਸਿਟੀ ਦੇ ਉੱਤਮਤਾ ਵੱਲ ਸਫ਼ਰ ਵਿੱਚ ਇੱਕ ਨਿਰਣਾਇਕ ਕਦਮ ਵੀ ਹੈ । ਇਸ ਖੁਸ਼ੀ ਦੇ ਮੌਕੇ ਉੱਪਰ ਮਾਨਯੋਗ ਵਾਈਸ ਚਾਂਸਲਰ ਸਾਹਿਬ ਤੋਂ ਇਲਾਵਾ ਡਾ. ਕੁਲਦੀਪ ਵਾਲੀਆ ਡਾਇਰੈਕਟਰ CIQA, ਡੀਨ ਅਕਾਦਮਿਕ ਮਾਮਲੇ ਡਾ. ਅਮਿਤੋਜ ਸਿੰਘ, ਰਜਿਸਟਰਾਰ ਡਾ. ਬਲਜੀਤ ਸਿੰਘ ਖਹਿਰਾ, ਡਾ. ਸੁਖਦੇਵ ਸਿੰਘ, ਡਾਇਰੈਕਟਰ ਲੋਕ ਸੰਪਰਕ ਅਤੇ ਯੂਨੀਵਰਸਿਟੀ ਦੇ ਹੋਰ ਸਾਰੇ ਅਧਿਕਾਰੀ ਅਤੇ ਕਰਮਚਾਰੀ ਹਾਜਿਰ ਸਨ ਜਿਨ੍ਹਾਂ ਨੇ ਇਸ ਪ੍ਰਾਪਤੀ ਦੇ ਮੌਕੇ ਉੱਪਰ ਇਹਨਾਂ ਵਿਰਾਸਤੀ ਪਲਾਂ ਨੂੰ ਮਾਣਿਆ ।

# ‘ਆਰਟੇਮਿਸ-2’ ਮਿਸ਼ਨ: ਚੰਦਰਮਾ ਦੇ ਇਤਿਹਾਸਕ ਸਫ਼ਰ ਤੋਂ ਬਾਅਦ ਪੁਲਾੜ ਯਾਤਰੀਆਂ ਨੇ ਸਾਂਝੇ ਕੀਤੇ ਤਜ਼ਰਬੇ

ਵੈਨਕੂਵਰ, 17 ਅਪ੍ਰੈਲ (ਚ.ਨ.ਸ.) :ਨਾਸਾ ਦੇ ਇਤਿਹਾਸਕ ‘ਆਰਟੇਮਿਸ-2’ ਮਿਸ਼ਨ ਨਾਲ ਜੁੜੇ ਪੁਲਾੜ ਯਾਤਰੀਆਂ ਨੇ ਚੰਦਰਮਾ ਦੇ ਆਲੇ ਦੁਆਲੇ ਕੀਤੇ ਆਪਣੇ ਸਫ਼ਰ ਤੋਂ ਬਾਅਦ ਆਪਣੇ ਅਨੁਭਵ ਸਾਂਝੇ ਕਰਦੇ ਹੋਏ ਇਸ ਯਾਤਰਾ ਨੂੰ ਮਨੁੱਖਤਾ ਲਈ ਇਕ ਵੱਡੀ ਉਪਲਬਧੀ ਕਰਾਰ ਦਿੱਤਾ ਹੈ। ਪ੍ਰੈਸ ਕਾਨਫਰੰਸ ਦੌਰਾਨ ਕੈਨੇਡਾ ਦੇ ਪੁਲਾੜ ਯਾਤਰੀ ਜੇਰੇਮੀ ਹੈਨਸਨ ਨੇ ਕਿਹਾ ਕਿ ਇਸ ਮਿਸ਼ਨ ਨੇ ਉਨ੍ਹਾਂ ਨੂੰ ਭਵਿੱਖ ਲਈ ਉਮੀਦ ਦਿੱਤੀ ਹੈ। ਉਨ੍ਹਾਂ ਕਿਹਾ ਕਿ ਚੰਦਰਮਾ ਦੇ ਨੇੜੇ ਤੋਂ ਧਰਤੀ ਨੂੰ ਦੇਖਣਾ ਇਕ ਅਦਭੁੱਤ ਅਤੇ ਭਾਵੁਕ ਅਨੁਭਵ ਸੀ, ਜਿਸਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਮੁਸ਼ਕਲ ਹੈ।ਮਿਸ਼ਨ ਦੀ ਟੀਮ ਵਿੱਚ ਰੀਡ ਵਾਈਜ਼ਮੈਨ, ਵਿਕਟਰ ਗਲੋਵਰ, ਕ੍ਰਿਸਟੀਨਾ ਕੋਚ ਅਤੇ ਜੇਰੇਮੀ ਹੈਨਸਨ ਸ਼ਾਮਲ ਸਨ, ਜਿਨ੍ਹਾਂ ਨੇ ਚੰਦਰਮਾ ਦੀ ਪ੍ਰਕਰਮਾ ਕਰਕੇ ਮਨੁੱਖੀ ਪੁਲਾੜ ਯਾਤਰਾ ਵਿੱਚ ਇੱਕ ਨਵਾਂ ਅਧਿਆਇ ਜੋੜਿਆ ਹੈ। ਪੁਲਾੜ ਯਾਤਰੀਆਂ ਨੇ ਦੱਸਿਆ ਕਿ ਇਹ ਮਿਸ਼ਨ ਭਵਿੱਖ ਵਿੱਚ ਚੰਦਰਮਾ ‘ਤੇ ਮਨੁੱਖੀ ਬਸਤੀ ਬਣਾਉਣ ਅਤੇ ਅਗਲੇ ਮੰਗਲ ਮਿਸ਼ਨਾਂ ਲਈ ਰਸਤਾ ਤੈਅ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ।

# ਆਨਲਾਈਨ ਜਨਗਣਨਾ ਪੋਰਟਲ ਰਾਹੀਂ ਸਵੈ-ਗਣਨਾ ਪ੍ਰਕਿਰਿਆ ਸਫਲਤਾਪੂਰਵਕ ਪੂਰੀ ਕੀਤੀ

ਚੰਡੀਗੜ੍ਹ, 17 ਅਪ੍ਰੈਲ (ਚ.ਨ.ਸ.) : ਜਨਗਣਨਾ 2027 ਵਿੱਚ ਜਨਤਕ ਭਾਗੀਦਾਰੀ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਡਾ. ਸਾਗਰ ਪ੍ਰੀਤ ਹੁੱਡਾ, ਆਈਪੀਐਸ, ਡਾਇਰੈਕਟਰ ਜਨਰਲ ਆਫ਼ ਪੁਲਿਸ, ਯੂਟੀ ਚੰਡੀਗੜ੍ਹ, ਨੇ ਅੱਜ ਔਨਲਾਈਨ ਜਨਗਣਨਾ ਪੋਰਟਲ ਰਾਹੀਂ ਸਵੈ-



ਗਣਨਾ ਪ੍ਰਕਿਰਿਆ ਨੂੰ ਸਫਲਤਾਪੂਰਵਕ ਪੂਰਾ ਕੀਤਾ। ਇਸ ਪ੍ਰਕਿਰਿਆ ਨੂੰ ਡਾ. ਨਵਜੋਤ ਖੋਸਾ, ਆਈਏਐਸ, ਡਾਇਰੈਕਟਰ, ਜਨਗਣਨਾ ਸੰਚਾਲਨ ਡਾਇਰੈਕਟੋਰੇਟ, ਯੂਟੀ ਚੰਡੀਗੜ੍ਹ, ਅਤੇ ਸ਼੍ਰੀਮਤੀ ਖੁਸ਼ਪ੍ਰੀਤ ਕੌਰ, ਐਸਡੀਐਮ (ਕੇਂਦਰੀ), ਯੂਟੀ ਚੰਡੀਗੜ੍ਹ ਦੁਆਰਾ ਸੁਵਿਧਾ ਪ੍ਰਦਾਨ ਕੀਤੀ ਗਈ। ਸਵੈ-ਗਣਨਾ ਪ੍ਰਕਿਰਿਆ ਨੂੰ ਸ਼ੁਰੂ ਕਰਦੇ ਹੋਏ, ਪੁਲਿਸ ਡਾਇਰੈਕਟਰ ਜਨਰਲ ਨੇ ਡਿਜੀਟਲ ਪਲੇਟਫਾਰਮ ਦੀ ਸਰਲਤਾ, ਪਹੁੰਚਯੋਗਤਾ ਅਤੇ ਸੁਰੱਖਿਅਤ ਪ੍ਰਕਿਰਤੀ ’ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਅਜਿਹੇ ਨਾਗਰਿਕ-ਕੇਂਦ੍ਰਿਤ ਉਪਰਾਲੇ ਨਾ ਸਿਰਫ਼ ਜਨਗਣਨਾ ਪ੍ਰਕਿਰਿਆ ਨੂੰ ਸਰਲ ਬਣਾਉਂਦੇ ਹਨ ਬਲਕਿ ਡੇਟਾ ਸੰਗ੍ਰਹਿ ਵਿੱਚ ਵਧੇਰੇ ਸ਼ੁੱਧਤਾ ਅਤੇ ਪਾਰਦਰਸ਼ਤਾ ਨੂੰ ਵੀ ਯਕੀਨੀ ਬਣਾਉਂਦੇ ਹਨ। ਉਨ੍ਹਾਂ ਨੇ ਸਾਰੇ ਪੁਲਿਸ ਕਰਮਚਾਰੀਆਂ ਅਤੇ ਆਮ ਲੋਕਾਂ ਨੂੰ ਸਵੈ-ਗਣਨਾ ਸਹੂਲਤ ਦੀ ਵੱਧ ਤੋਂ ਵੱਧ ਵਰਤੋਂ ਕਰਕੇ ਜਨਗਣਨਾ 2027 ਵਿੱਚ ਸਰਗਰਮ ਭਾਗੀਦਾਰੀ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਉਜਾਗਰ ਕੀਤਾ ਕਿ ਸਮੇਂ ਸਿਰ ਅਤੇ ਸਹੀ ਜਾਣਕਾਰੀ ਦਾ ਸੰਗ੍ਰਹਿ ਪ੍ਰਭਾਵਸ਼ਾਲੀ ਨੀਤੀ ਨਿਰਮਾਣ, ਕੁਸ਼ਲ ਸਰੋਤ ਵੰਡ ਅਤੇ ਚੰਗੇ ਸ਼ਾਸਨ ਨੂੰ ਮਜ਼ਬੂਤ ਕਰਨ ਲਈ ਬਹੁਤ ਮਹੱਤਵਪੂਰਨ ਹੈ। ਜਨਗਣਨਾ 2027 ਦੀ ਇੱਕ ਮੁੱਖ ਵਿਸ਼ੇਸ਼ਤਾ ਸਵੈ-ਗਣਨਾ ਹੈ, ਜੋ ਨਾਗਰਿਕਾਂ ਨੂੰ ਆਪਣੇ ਘਰਾਂ ਦੇ ਆਰਾਮ ਤੋਂ ਆਪਣੀ ਜਨਸੰਖਿਆ ਅਤੇ ਸਮਾਜਿਕ-ਆਰਥਿਕ ਜਾਣਕਾਰੀ ਔਨਲਾਈਨ ਜਮ੍ਹਾਂ ਕਰਾਉਣ ਦੀ ਆਗਿਆ ਦਿੰਦੀ ਹੈ। ਇਹ ਪਹਿਲਕਦਮੀ ਸਰੀਰਕ ਸੰਪਰਕ ਦੀ ਜ਼ਰੂਰਤ ਨੂੰ ਘਟਾਉਂਦੀ ਹੈ ਅਤੇ ਪ੍ਰਕਿਰਿਆ ਦੀ ਕੁਸ਼ਲਤਾ, ਕਵਰੇਜ ਅਤੇ ਭਰੋਸੇਯੋਗਤਾ ਨੂੰ ਵਧਾਉਂਦੀ ਹੈ। ਸਾਰੇ ਨਾਗਰਿਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਸ ਸਹੂਲਤ ਦਾ ਲਾਭ ਉਠਾਉਣ ਅਤੇ ਜਨਗਣਨਾ 2027 ਦੀ ਸਫਲਤਾ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ। ਉਨ੍ਹਾਂ ਦੀ ਭਾਗੀਦਾਰੀ ਇੱਕ ਵਿਆਪਕ ਅਤੇ ਭਰੋਸੇਮੰਦ ਰਾਸ਼ਟਰੀ ਡੇਟਾਬੇਸ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ, ਜੋ ਭਵਿੱਖ ਦੀ ਯੋਜਨਾਬੰਦੀ ਅਤੇ ਫੈਸਲਿਆਂ ਲਈ ਆਧਾਰ ਪ੍ਰਦਾਨ ਕਰੇਗੀ।

# ਇਟਲੀ ’ਚ ਭਾਰਤੀ ਭਾਈਚਾਰੇ ਦੇ ਬੱਚੇ ਆਏ ਦਿਨ ਗੱਡ ਰਹੇ ਨੇ ਕਾਮਯਾਬੀ ਦੇ ਝੰਡੇ

ਰੋਮ ਇਟਲੀ 17 ਅਪ੍ਰੈਲ (ਗੁਰਸ਼ਰਨ ਸਿੰਘ ਸੋਨੀ) ਵਿੱਦਿਆ ਇੱਕ ਅਨਮੋਲ ਰਤਨ ਹੈ ਜਿਸ ਨੂੰ ਇਸ ਨੂੰ ਇਹ ਹਾਸਲ ਹੋ ਜਾਵੇ ਉਹ ਇੱਕ ਨਾ ਇੱਕ ਕਾਮਯਾਬੀ ਦੀ ਪੌੜੀ ਚੜ੍ਹ ਹੀ ਜਾਂਦਾ ਹੈ ਇਟਲੀ ਵਿੱਚ ਭਾਰਤੀ ਭਾਈਚਾਰੇ ਦੇ ਬੱਚਿਆਂ ਵੱਲੋਂ ਆਏ ਦਿਨ ਵਿੱਦਿਆ ਵਿੱਚ ਮੱਲਾਂ ਮਾਰ ਕੇ ਇਤਿਹਾਸ ਰਚਣ ਵਿੱਚ ਮੋਹਰੀ ਸਥਾਨ ਹਾਸਿਲ ਕਰ ਰਹੇ । ਪੰਜਾਬ ਦੇ ਜਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਕੰਧਾਲਾ ਜੱਟਾ ਨਾਲ ਸਬੰਧਤ ਨੌਜਵਾਨ ਇਟਲੀ ਦਾ ਜੰਮਪਲ ਮਨਵੀਰ ਸਿੰਘ ਧਾਲੀਵਾਲ ਜੋ ਕਿ ਇਟਲੀ ਦੀ ਰਾਜਧਾਨੀ ਰੋਮ ਦੇ ਨਜ਼ਦੀਕ ਪੈਂਦਾ ਅਪ੍ਰੀਲੀਆ ਸ਼ਹਿਰ ਕਸਬਾ ਕੰਪੋਂ ਦੀ ਕਾਰਨੇ ਵਿੱਚ ਅਪਣੇ ਮਾਪਿਆਂ ਨਾਲ ਰਹਿੰਦਾ ਹੈ । ਮਾਤਾ ਗੁਰਸ਼ਰਨ ਕੌਰ ਧਾਲੀਵਾਲ (ਗਰੇਵਾਲ) ਤੇ ਪਿਤਾ ਸੁਰਜੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਮਨਵੀਰ ਸਿੰਘ ਨੇ ਮੁਢਲੀ ਸਿੱਖਿਆ ਲੋਕਲ ਸ਼ਹਿਰ ਤੇ ਟੈਲੀਕੋਮਨੀਕੈਸ਼ਨ ਦਾ ਡਿਪਲੋਮਾ ਅਪ੍ਰੀਲੀਆ ਸ਼ਹਿਰ ਤੋਂ ਹਾਸਿਲ ਕੀਤਾ ਤੇ ਉਸ ਉਪਰੰਤ ਟ੍ਰੇਨ ਇਟਾਲੀਆ ਵਿੱਚ ਟਰੇਨ ਦੀ ਕੋਚਿੰਗ ਹਾਸਲ ਕਰਕੇ ਸਾਲ 2021 ਵਿੱਚ ਟਰੇਨਿੰਗ ਪ੍ਰਾਪਤ ਕਰਕੇ ਟਰੇਨ ਇਟਾਲੀਆ ਵਿੱਚ ਨੌਕਰੀ ਪ੍ਰਾਪਤ ਕੀਤੀ। ਉਨ੍ਹਾਂ ਦੱਸਿਆ ਕਿ




ਜਦੋਂ ਮਨਵੀਰ ਹਜੇ ਮਿਡਲ ਕਲਾਸ ਵਿੱਚ ਪੜ੍ਹਾਈ ਕਰ ਰਿਹਾ ਸੀ ਅਸੀ ਇਸ ਨੂੰ ਪੁੱਛਿਆ ਕਿ ਮੁੱਢਲੀ ਪੜ੍ਹਾਈ ਪੂਰੀ ਹੋਣ ਤੋਂ ਬਾਅਦ ਕਿਹੜਾ ਰਸਤਾ ਚੁਣਨਾ ਹੈ ਕਿਉਂਕਿ ਮੇਰਾ ਇੱਕੋ ਇੱਕ ਸੁਪਨਾ ਸੀ ਜਦੋਂ ਸੰਨ 1985 ਵਿੱਚ ਮੈਂ ਇਟਲੀ ਆਇਆ ਮੈ ਤੇ ਮੇਰੇ ਸਾਥੀਆਂ ਵਲੋਂ ਬਹੁਤ ਹੀ ਸਖਤ ਮਿਹਨਤ ਕੀਤੀ ਸੀ ਤੇ ਮੈ ਸੋਚਦਾ ਹੁੰਦਾ ਸੀ ਕਿ ਅਪਣੇ ਬੱਚਿਆਂ ਨੂੰ ਮੈਂ ਇਨ੍ਹਾਂ ਕੰਮਾਂ ਤੋਂ ਦੂਰ ਰੱਖਣਾ ਹੈ ਜਿਹੜੇ ਮੈਂ ਇਟਲੀ ਆ ਕੇ ਕੀਤੇ ਜਿਵੇ ਖੇਤੀ ਬਾੜੀ ਆਦਿ । ਕਿਉਂਕਿ ਇਸ ਦੇਸ਼ ਦੀ ਮਾਤਰ ਭਾਸ਼ਾ ਸਾਡੇ ਭਾਰਤੀ ਭਾਸ਼ਾ ਤੋ ਬਹੁਤ ਹੀ ਵੱਖਰੀ ਸੀ । ਪਰ ਜਦੋਂ ਪੁੱਤਰ ਜਵਾਨ ਹੋਇਆ ਹੋਲੀ ਹੋਲੀ ਇਹ ਪੜਾਈ ਮੰਨ ਲਗਾਕੇ ਕਰਦਾ ਗਿਆ ਤੇ ਵਾਹਿਗੁਰੂ ਜੀ ਅਪਾਰ ਕਿਰਪਾ ਸਦਕਾ ਅੱਜ ਇਸ ਨੇ ਮੇਰਾ ਤੇ ਮੇਰੀ ਪਤਨੀ ਦਾ ਸੁਪਨਾ ਸਾਕਾਰ ਕਰ ਦਿੱਤਾ ਅੱਜ ਮਨਵੀਰ ਸਿੰਘ ਰੇਲਵੇ ਵਿਭਾਗ ਵਿੱਚ ਨੌਕਰੀ ਕਰ ਰਿਹਾ ਹੈ ਜੋ ਕਿ ਸਾਡੇ ਪਰਿਵਾਰ ਲਈ ਮਾਣ ਦੀ ਗੱਲ ਹੈ । ਦੂਜੇ ਪਾਸੇ ਮਨਵੀਰ ਸਿੰਘ ਨੇ ਕਿਹਾ ਕਿ ਮੈਂ ਜੋ ਵੀ ਹਾਂ ਅਪਣੇ ਮਾਪਿਆਂ ਦੀ ਬਦੌਲਤ ਹਾਂ ਕਿ ਇਨ੍ਹਾਂ ਨੇ ਮੈਨੂੰ ਬਹੁਤ ਹੌਸਲਾ ਦਿੱਤਾ ਕਿ ਅਸੀਂ ਤੈਨੂੰ ਇੱਕ ਦਿਨ ਕਾਮਯਾਬੀ ਦੇ ਰਾਹਾਂ ਤੇ ਤੁਰਦਿਆਂ ਦੇਖਣਾ ਹੈ । ਵਾਹਿਗੁਰੂ ਜੀ ਮਿਹਰ ਤੇ ਮੇਰੀ ਮਿਹਨਤ ਇੱਕ ਦਿਨ ਰੰਗ ਲਿਆਈ ਤੇ ਅੱਜ ਉਸ ਮੁਕਾਮ ਤੱਕ ਪਹੁੰਚ ਗਿਆ ਜੋ ਕਦੇ ਮੇਰਾ ਸੁਪਨਾ ਸੀ । ਮਨਵੀਰ ਨੇ ਕਿਹਾ ਕਿ ਹੁਣ ਮੈਂ ਰਾਜਧਾਨੀ ਰੋਮ ਸ਼ਹਿਰ ਤੋਂ ਇਟਲੀ ਦੇ ਵੱਖ ਵੱਖ-ਵੱਖ ਹਿੱਸਿਆਂ ਵਿੱਚ ਟਰੇਨ ਚਲਾ ਕੇ ਆਉਂਦਾ ਜਾਂਦਾ ਹਾਂ ਤੇ ਬਹੁਤ ਹੀ ਮਾਣ ਮਹਿਸੂਸ ਤੇ ਇਟਾਲੀਅਨ ਮੂਲ ਦੇ ਲੋਕ ਵੀ ਸਾਡੀ ਕਾਮਯਾਬੀ ਤੇ ਬਹੁਤ ਖੁਸ਼ ਹੁੰਦੇ ਹਨ । ਮਨਵੀਰ ਨੇ ਇਟਲੀ ਵਿੱਚ ਰਹਿਣ ਵਸੇਬਾ ਕਰ ਰਹੇ ਭਾਰਤੀ ਭਾਈਚਾਰੇ ਗੇ ਵਿਦਿਆਰਥੀਆਂ ਨੂੰ ਸੁਨੇਹਾ ਦਿੰਦਿਆਂ ਕਿਹਾ ਕਿ ਜਿੰਦਗੀ ਹਰ ਇੱਕ ਨੂੰ ਸਫਲ ਹੋਣ ਦਾ ਮੌਕਾ ਜ਼ਰੂਰ ਦਿੰਦੀ ਹੈ ਪਰ ਜਿਹੜਾ ਮੌਕਾ ਤੋ ਖੁੰਝ ਗਿਆ ਫਿਰ ਸਫਲਤਾ ਬਹੁਤ ਮੁਸ਼ਕਿਲ ਮਿਲਦੀ ਏ। ਭਾਰਤੀ ਭਾਈਚਾਰੇ ਦੇ ਮਾਪਿਆਂ ਨੂੰ ਸੁਨੇਹਾ ਦਿੰਦਿਆਂ ਕਿਹਾ ਕਿ ਅਪਣੇ ਬੱਚਿਆਂ ਨੂੰ ਯੂਨੀਵਰਸਿਟੀ ਤੱਕ ਪੜ੍ਹਾਈ ਜ਼ਰੂਰ ਕਰਵਾਓ ਕਿਉਂਕਿ ਬਿਨਾਂ ਪੜ੍ਹਾਈ ਇਟਲੀ ਵਿੱਚ ਸਰਕਾਰੀ ਤੇ ਗੈਰ ਸਰਕਾਰੀ ਅਦਾਰਿਆਂ ਵਿੱਚ ਨੌਕਰੀ ਸਿਰਫ਼ ਤੇ ਸਿਰਫ਼ ਡਿਪਲੋਮਾ ਜਾਂ ਡਿਗਰੀਆਂ ਨਾਲ ਪ੍ਰਾਪਤ ਕੀਤੀ ਜਾ ਸਕਦੀ ਹੈ। ਦੂਜੇ ਪਾਸੇ ਉਨ੍ਹਾਂ ਕਿਹਾ ਮੈਂ ਰੋਮਾ ਟਰਮੀਨੀ ਤੇ ਹੁੰਦਾ ਹਾਂ ਮੈਂ ਅਪਣੇ ਆਪ ਨੂੰ ਖੁਸ਼ ਨਸੀਬ ਸਮਝਾਂਗਾ ਜੇਕਰ ਕਿਸੇ ਵੀ ਵਿਦਿਆਰਥੀ ਨੇ ਆਪਣੇ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਪੜ੍ਹਾਈ ਸਬੰਧੀ ਜਾਣਕਾਰੀ ਹਾਸਲ ਕਰਨ ਦੀ ਲੋੜ ਹੋਵੇ ਤਾਂ ਮੈਂ ਹਮੇਸ਼ਾ ਹੀ ਸਹਿਯੋਗ ਕਰਾਂਗਾ । ਦੱਸਣਯੋਗ ਹੈ ਕਿ ਇਟਲੀ ਵਿੱਚ ਆਏ ਦਿਨ ਜਿਵੇਂ ਭਾਰਤੀ ਭਾਈਚਾਰੇ ਦੇ ਬੱਚਿਆਂ ਵੱਲੋਂ ਤਰੱਕੀ ਦਾ ਰਸਤਾ ਅਪਣਾਇਆ ਜਾ ਰਿਹਾ ਹੈ ਹੁਣ ਉਹ ਦਿਨ ਜਦੋਂ ਭਵਿੱਖ ਸਰਕਾਰੀ ਤੇ ਗੈਰ ਸਰਕਾਰੀ ਅਦਾਰਿਆਂ ਵਿੱਚ ਭਾਰਤੀ ਭਾਈਚਾਰੇ ਦੇ ਬੱਚਿਆਂ ਦਾ ਬੋਲਬਾਲਾ ਹੋਵੇਗਾ। ਭਾਰਤੀ ਮੂਲ ਦੇ ਬੱਚਿਆਂ ਨੇ ਦੂਜੇ ਮੂਲ ਦੇ ਲੋਕਾਂ ਨੂੰ ਦੰਦਾਂ ਥੱਲੇ ਜੀਭ ਲੈਣ ਲਈ ਮਜਬੂਰ ਕਰ ਦਿੱਤਾ ਹੈ। ਜਿਕਰਯੋਗ ਹੈ ਕਿ ਬੀਤੇ ਦਿਨੀ ਭਾਰਤੀ ਦੂਤਾਵਾਸ ਰੋਮ ਤੇ ਐਸ.ਜੀ. ਪੀ.ਸੀ ਇਟਲੀ ਵੱਲੋਂ ਵਿਸਾਖੀ ਮੌਕੇ ਕਰਵਾਏ ਗਏ ਸਮਾਗਮ ਵਿੱਚ ਰਾਜਦੂਤ ਮੈਡਮ ਵਾਣੀ ਰਾਓ ਵੱਲੋਂ ਮਨਵੀਰ ਸਿੰਘ ਨੂੰ ਸਨਮਾਨ ਚਿੰਨ੍ਹ ਦੇ ਸਨਮਾਨਿਤ ਕੀਤਾ ਗਿਆ ਹੈ ।

# ਮਾਝਾ-ਦੁਆਬਾ
ਆਸ ਪਾਸ

## ਇੰਟਰਨੈਸ਼ਨਲ ਫ਼ਤਿਹ ਅਕੈਡਮੀ ਵੱਲੋਂ ਖ਼ਾਲਸਾ ਸਾਜਨਾ ਦਿਵਸ ਅਤੇ ਅਕੈਡਮੀ ਦੇ 19ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਕੀਰਤਨ ਦਰਬਾਰ



ਜੰਡਿਆਲਾ ਗੁਰੂ 17 ਅਪ੍ਰੈਲ (ਰਾਮ ਸ਼ਰਨਜੀਤ ਸਿੰਘ) ਇੰਟਰਨੈਸ਼ਨਲ ਫ਼ਤਿਹ ਅਕੈਡਮੀ ਵੱਲੋਂ ਖਾਲਸਾ ਸਾਜਨਾ ਦਿਵਸ ਦੇ ਪਵਿੱਤਰ ਦਿਹਾੜੇ ਅਤੇ ਅਕੈਡਮੀ ਦੇ 19ਵੀਂ ਸਥਾਪਨਾ ਦਿਵਸ ਮੌਕੇ ਅਕਾਲ ਪੁਰਖ ਦੀ ਸ਼ੁਕਰਾਨੇ ਲਈ ਅਕੈਡਮੀ ਦੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਵਿਸ਼ਾਲ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵਿਸ਼ਾਲ ਕੀਰਤਨ ਦਰਬਾਰ ਸਜਾਇਆ ਗਿਆ, ਜਿਸ ਦੌਰਾਨ ਸੰਗਤ ਨੇ ਗੁਰਬਾਣੀ ਕੀਰਤਨ ਦੇ ਸੁਰੀਲੇ ਸੁਰਾਂ ਨਾਲ ਜੁੜ ਕੇ ਅੰਦਰੂਨੀ ਸ਼ਾਂਤੀ ਅਤੇ ਆਤਮਿਕ ਉਚਾਈ ਦਾ ਅਨੁਭਵ ਕੀਤਾ ਅਤੇ ਗੁਰੂ ਸਾਹਿਬਾਨ ਦੀਆਂ ਉੱਚੀਆਂ ਸਿੱਖਿਆਵਾਂ ਨਾਲ ਆਪਣੇ ਮਨ ਨੂੰ ਜੋੜਨ ਦਾ ਸ਼ੁੱਭ ਅਵਸਰ ਪ੍ਰਾਪਤ ਕੀਤਾ।

ਇਸ ਸਮਾਗਮ ਵਿੱਚ ਹਜ਼ੂਰੀ ਰਾਗੀ ਜਥੇਦਾਰ ਭਾਈ ਸਤਨਾਮ ਸਿੰਘ ਜੀ ਕੁਹਾੜਕਾ , ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸੁਰੀਲੇ ਅਤੇ ਗੁਰਮਤਿ ਭਾਵਨਾਵਾਂ ਨਾਲ ਭਰਪੂਰ ਕੀਰਤਨ ਦੀ ਹਾਜ਼ਰੀ ਭਰੀ ਗਈ , ਜਿਸ ਨੇ ਸਮੂਹ ਸੰਗਤ ਨੂੰ ਗੁਰਬਾਣੀ ਨਾਲ ਜੋੜਦਿਆਂ ਪੂਰੇ ਵਾਤਾਵਰਣ ਨੂੰ ਪਵਿੱਤਰ ਬਣਾ ਦਿੱਤਾ।

ਇਸ ਦੇ ਨਾਲ ਹੀ ਇੰਟਰਨੈਸ਼ਨਲ ਫਤਿਹ ਅਕੈਡਮੀ ਅਤੇ ਫਤਿਹ ਵਰਲਡ ਸਕੂਲ ਰਈਆ ਦੇ ਵਿਦਿਆਰਥੀਆਂ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ ਅਤੇ ਗੁਰੂ ਸਾਹਿਬ ਦੀ ਇਸ ਮਹਾਨ ਦੇਣ ਦੇ ਗੁਣਗਾਨ ਕਰਦੀਆਂ ਹੋਈਆਂ ਕਵਿਤਾਵਾਂ ਦਾ ਉਚਾਰਨ ਕੀਤਾ।ਜਿਸ ਰਾਹੀਂ ਇਹ ਅਹਿਸਾਸ ਹੋਇਆ ਕਿ ਨਵੀਂ ਪੀੜ੍ਹੀ ਆਪਣੇ ਧਾਰਮਿਕ ਵਿਰਸੇ ਵੱਲ ਮਜਬੂਤੀ ਨਾਲ ਜੁੜੀ ਹੋਈ ਹੈ ਅਤੇ ਇਸ ਪ੍ਰਤੀ ਡੂੰਘੀ ਸੋਚ ਰੱਖਦੀ ਹੋਈ ਗੁਰਬਾਣੀ ਦੇ ਮਾਰਗ 'ਤੇ ਅੱਗੇ ਵੱਧ ਰਹੀ ਹੈ। ਵਿਦਿਆਰਥੀਆਂ ਇਸ ਪਵਿੱਤਰ ਮੌਕੇ ਬੜੀ ਸ਼ਰਧਾ ਭਾਵਨਾ ਨਾਲ ਸੇਵਾ ਕੀਤੀ।

ਅਕੈਡਮੀ ਦੀ ਵਾਈਸ ਚੇਅਰ ਪਰਸਨ ਸ੍ਰੀਮਤੀ ਰਵਿੰਦਰ ਕੌਰ ਨੇ ਬੱਚਿਆਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਗੁਰਬਾਣੀ ਨਾਲ ਜੁੜ ਕੇ ਮਨ ਨੂੰ ਅਸਲ ਸ਼ਾਂਤੀ ਮਿਲਦੀ ਹੈ ਅਤੇ ' ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ' ਦੇ ਸਿਧਾਂਤਾਂ ਨੂੰ ਆਪਣੇ ਜੀਵਨ ਵਿੱਚ ਅਪਨਾ ਕੇ ਉਹ ਸੱਚੇ ਅਰਥਾਂ ਵਿੱਚ ਸਫ਼ਲ, ਨਿਮਰ ਅਤੇ ਸੇਵਾਮਈ ਜੀਵਨ ਵੱਲ ਅੱਗੇ ਵੱਧ ਸਕਦੇ ਹਨ।ਇਸ ਮੌਕੇ ਅਮਰੀਕ ਸਿੰਘ ਸੋਢੀ ਚੇਅਰਮੈਨ ਬਲਾਕ ਸੰਮਤੀ ਜੰਡਿਆਲਾ ਗੁਰੂ ਨੇ ਹਾਜ਼ਰੀ ਭਰਕੇ ਆਪਣੇ ਵਿਚਾਰ ਪੇਸ਼ ਕੀਤੇ ਤੇ ਕਿਹਾ ਕਿ ਇਹ

ਸਮਾਗਮ ਦੌਰਾਨ ਸੰਗਤ ਵਿੱਚ ਗਹਿਰੀ ਸ਼ਾਂਤੀ, ਨਿਮਰਤਾ ਅਤੇ ਆਤਮਿਕ ਉਤਸ਼ਾਹ ਦੀ ਭਾਵਨਾ ਵੇਖਣ ਨੂੰ ਮਿਲੀ, ਜਿਸ ਨਾਲ ਪੂਰੇ ਵਾਤਾਵਰਣ ਵਿੱਚ ਗੁਰਮਤਿ ਚੇਤਨਾ ਝਲਕਦੀ ਨਜ਼ਰ ਆਈ ਅਤੇ ਹਰ ਇੱਕ ਨੂੰ ਗੁਰੂ ਨਾਲ ਜੁੜਨ ਦੀ ਪ੍ਰੇਰਣਾ ਪ੍ਰਾਪਤ ਹੋਈ।ਮੈਂ ਧੰਨਵਾਦ ਕਰਦਾ ਹਾਂ ਜਗਬੀਰ ਸਿੰਘ ਚੇਅਰਮੈਨ ਸਾਬ੍ਹ ਦਾ ਜਿੰਨੇ ਨੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦਾ ਓਟ ਆਸਰਾ ਲੈਕੇ ਨਵੇਂ ਸੈਸ਼ਨ ਦੀ ਸ਼ੁਰੂਆਤ ਕਰਦੇ ਹਨ।

## ਕੈਬਨਿਟ ਮੰਤਰੀ ਈ.ਟੀ.ਓ. ਵੱਲੋਂ ਮਹਿਤਾ ਮੰਡੀ ਦਾ ਦੌਰਾ



ਚੌਂਕ ਮਹਿਤਾ, 17ਅਪ੍ਰੈਲ (ਬਲਜਿੰਦਰ ਸਿੰਘ ਰੰਧਾਵਾ)ਕੈਬਨਿਟ ਮੰਤਰੀ ਤੇ ਹਲਕਾ ਵਿਧਾਇਕ ਹਰਭਜਨ ਸਿੰਘ ਈ.ਟੀ.ਓ. ਨੇ ਦਾਣਾ ਮੰਡੀ ਮਹਿਤਾ ਦਾ ਵਿਸ਼ੇਸ਼ ਦੌਰਾ ਕੀਤਾ ਤੇ ਮੰਡੀ 'ਚ ਚੱਲ ਰਹੀ ਕਣਕ ਦੀ ਖ੍ਰੀਦ ਦਾ ਜ਼ਾਇਜ਼ਾ ਲਿਆ ਤੇ ਕਿਸਾਨ ਭਰਾਵਾਂ ਨਾਲ ਮੁਲਾਕਾਤ ਕੀਤੀ।ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਕਿਸਾਨਾਂ ਦੀ ਮਿਹਨਤ ਦਾ ਪੂਰਾ ਮੁੱਲ ਯਕੀਨੀ ਬਣਾਉਣਾ ਭਗਵੰਤ ਮਾਨ ਸਰਕਾਰ ਦੀ ਪਹਿਲੀ ਤਰਜੀਹ ਹੈ।ਇਸ ਲਈ ਸਾਡੀ ਸਰਕਾਰ ਹਰ ਇਕ ਦਾਣੇ ਦੀ ਖਰੀਦ ਸਮੇਂ ▾ਤੇ ਅਤੇ ਸੁਚੱਜੇ ਢੰਗ ਨਾਲ ਕਰਵਾਉਣ ਲਈ ਪੂਰੀ ਤਰ੍ਹਾਂ ਨਾਲ ਵਚਨਬੱਧ ਹੈ ਤਾਂ ਜੋ ਸਾਡੇ ਅੰਨਦਾਤਾ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਪਰਮਾਤਮਾ ਅੱਗੇ ਅਰਦਾਸ ਕਰਦੇ ਕਿਹਾ ਕਿ ਇਸ ਵਾਰੀ ਦੀ ਫ਼ਸਲ ਕਿਸਾਨਾਂ ਲਈ ਖੁਸ਼ਹਾਲੀ ਅਤੇ ਚੜ੍ਹਦੀ ਕਲਾ ਲੈ ਕੇ ਆਵੇ। ਇਸ ਦੌਰਾਨ ਚੇਅਰਮੈਨ ਗੁਰਵਿੰਦਰ ਸਿੰਘ ਰੰਧਾਵਾ,ਪ੍ਰਧਾਨ ਗੁਰਮੁੱਖ ਸਿੰਘ ਅੱਜਲਾ ਡੇਹਰੀਵਾਲ, ਆੜ੍ਹਤੀ ਐਸੋਸ਼ੀਏਸ਼ਨ ਮਹਿਤਾ ਦੇ ਪ੍ਰਧਾਨ ਸੁਖਦੇਵ ਸਿੰਘ ਬੁੱਟਰ,ਗੁਰਜਿੰਦਰ ਸਿੰਘ ਕੋਹਾਟਵਿੰਡ, ਜਿਲ੍ਹਾਂ ਪ੍ਰੀਸ਼ਦ ਮੈਂਬਰ ਤੇ ਬਲਾਕ ਪ੍ਰਧਾਨ ਜਰਮਨਜੀਤ ਸਿੰਘ ਉਦੋਨੰਗਲ, ਮੀਤ ਪ੍ਰਧਾਨ ਗੁਰਮੁੱਖ ਸਿੰਘ ਸਾਬਾ,ਸਰਪੰਚ ਹਰਪਾਲ ਸਿੰਘ ਵਿੰਝਰਵਾਲ,ਨਰਿੰਦਰ ਸਿੰਘ ਬਟਾਲਾ ਆਦਿ ਆੜ੍ਹਤੀ ਹਾਜ਼ਰ ਸਨ।

## ਅਜਨਾਲਾ ਨੇੜੇ ਪਿੰਡ ਤਲਵੰਡੀ ਰਾਏਦਾਦੂ ਦੇ ਸੱਕੀ ਨਾਲੇ 'ਚ ਅਣਪਛਾਤੇ ਨੌਜਵਾਨ ਦੀ ਮਿਲੀ ਲਾਸ਼



ਅਜਨਾਲਾ, 17 ਅਪ੍ਰੈਲ (ਸੁਖਦੇਵ ਸਿੰਘ ਖਾਲਸਾ )- ਥਾਣਾ ਅਜਨਾਲਾ ਅਧੀਨ ਆਉਂਦੇ ਪਿੰਡ ਤਲਵੰਡੀ ਰਾਏਦਾਦੂ ਨਜ਼ਦੀਕ ਸੱਕੀ ਨਾਲੇ ਵਿਚੋਂ ਇਕ ਨੌਜਵਾਨ ਦੀ ਲਾਸ਼ ਮਿਲਣ ਨਾਲ ਇਲਾਕੇ ਵਿਚ ਸਨਸਨੀ ਫੈਲ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਨੌਜਵਾਨ ਦੀ ਲਾਸ਼ ਸੱਕੀ ਦੇ ਪੁੱਲ ਤੋਂ ਹੇਠਾਂ ਪਈ ਸੀ ਅਤੇ ਉਸ ਦੇ ਸਰੀਰ 'ਤੇ ਸੱਟਾਂ ਦੇ ਕਾਫ਼ੀ ਨਿਸ਼ਾਨ ਹਨ। ਨੌਜਵਾਨ ਦੀ ਬਾਂਹ 'ਤੇ ਸੰਧੂ ਲਿਖਿਆ ਹੋਇਆ ਹੈ।

ਸ਼ੱਕ ਇਹ ਜਤਾਇਆ ਜਾ ਰਿਹਾ ਹੈ ਕਿ ਇਸ ਨੌਜਵਾਨ ਦਾ ਕਤਲ ਕਰਕੇ ਲਾਸ਼ ਖੁਰਦ ਬੁਰਦ ਕਰਨ ਦੇ ਇਰਾਦੇ ਨਾਲ ਸੱਕੀ ਨਾਲੇ ਵਿਚ ਸੁੱਟ ਦਿੱਤੀ ਗਈ ਹੋਵੇਗੀ। ਇਹ ਸੂਚਨਾ ਮਿਲਦਿਆਂ ਹੀ ਥਾਣਾ ਅਜਨਾਲਾ ਦੇ ਐਸ.ਐਚ.ਓ ਸਬ-ਇੰਸਪੈਕਟਰ ਹਰਜੀਤ ਸਿੰਘ ਸੰਧੂ ਪੁਲਿਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ ਤੇ ਉਨ੍ਹਾਂ ਵਲੋਂ ਲਾਸ਼ ਨੂੰ ਸੱਕੀ ਨਾਲੇ ਵਿਚੋਂ ਬਾਹਰ ਕਢਵਾ ਕੇ ਪਹਿਚਾਣ ਲਈ ਸਿਵਲ ਹਸਪਤਾਲ ਅਜਨਾਲਾ ਦੇ ਪੋਸਟਮਾਰਟਮ ਹਾਊਸ ਵਿਖੇ ਰੱਖ ਦਿੱਤਾ ਗਿਆ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਸ.ਐਚ.ਓ. ਸਬ ਇੰਸਪੈਕਟਰ ਹਰਜੀਤ ਸਿੰਘ ਸੰਧੂ ਨੇ ਦੱਸਿਆ ਕਿ ਨੌਜਵਾਨ ਦੀ ਹੁਣ ਤੱਕ ਪਹਿਚਾਣ ਨਹੀਂ ਹੋਈ ਤੇ ਉਸ ਨੂੰ ਪਹਿਚਾਣ ਲਈ ਸਿਵਲ ਹਸਪਤਾਲ ਵਿਚ ਰੱਖ ਦਿੱਤਾ ਗਿਆ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਤੇ ਜਾਂਚ ਦੌਰਾਨ ਜੋ ਵੀ ਤੱਥ ਸਮਝਣਗੇ ਆਉਣਗੇ ਉਸ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

## ਕਾਂਗਰਸ ਦੇ ਜਨਰਲ ਸਕੱਤਰ ਨਾਲ ਦਿਨੇਸ਼ ਬੱਸੀ ਦੀ ਮੁਲਾਕਾਤ ਦੌਰਾਨ ਅੰਮ੍ਰਿਤਸਰ ਦੇ ਮੁੱਦਿਆਂ ਅਤੇ 2027 ਚੋਣ ਰਣਨੀਤੀ 'ਤੇ ਜ਼ੋਰ



ਅੰਮ੍ਰਿਤਸਰ, 17 ਅਪ੍ਰੈਲ (ਗੁਰਦਿਆਲ ਸਿੰਘ) : ਅੰਮ੍ਰਿਤਸਰ ਪੂਰਬੀ ਨਾਲ ਸੰਬੰਧਿਤ ਕਾਂਗਰਸ ਨੇਤਾ ਦਿਨੇਸ਼ ਬੱਸੀ ਨੇ ਨਵੀਂ ਦਿੱਲੀ ਵਿੱਚ ਭੂਪੇਸ਼ ਬਘੇਲ (ਜਨਰਲ ਸਕੱਤਰ, ਅਖਿਲ ਭਾਰਤੀ ਕਾਂਗਰਸ ਕਮੇਟੀ (1933) ਅਤੇ ਪੰਜਾਬ ਇੰਚਾਰਜ) ਅਤੇ ਪੰਜਾਬ ਦੇ ਸਹਿ-ਇੰਚਾਰਜ ਸੂਰਜ ਠਾਕੁਰ (ਮਾਝਾ ਜ਼ੋਨ) ਨਾਲ ਇਕ ਮਹੱਤਵਪੂਰਨ ਮੀਟਿੰਗ ਕੀਤੀ। ਇਸ ਮੁਲਾਕਾਤ ਦੌਰਾਨ ਅੰਮ੍ਰਿਤਸਰ ਪੂਰਬੀ ਹਲਕੇ ਅਤੇ ਸਮੂਹ ਅੰਮ੍ਰਿਤਸਰ ਸ਼ਹਿਰ ਦੇ ਮੌਜੂਦਾ ਹਾਲਾਤਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਦਿਨੇਸ਼ ਬੱਸੀ ਨੇ ਮੀਟਿੰਗ ਵਿੱਚ ਅੰਮ੍ਰਿਤਸਰ ਦੇ ਬੁਨਿਆਦੀ ਮੁੱਦਿਆਂ ਨੂੰ ਉਭਾਰਿਆ। ਉਨ੍ਹਾਂ ਸ਼ਹਿਰ ਵਿੱਚ ਸਫਾਈ ਪ੍ਰਬੰਧ, ਟ੍ਰੈਫਿਕ ਮੈਨੇਜਮੈਂਟ, ਪੀਣ ਵਾਲੇ ਪਾਣੀ ਦੀ ਸਪਲਾਈ, ਸੀਵਰੇਜ ਸਿਸਟਮ ਅਤੇ ਹੋਰ ਨਾਗਰਿਕ ਸੁਵਿਧਾਵਾਂ ਦੀ ਹਾਲਤ 'ਤੇ ਚਿੰਤਾ ਜਤਾਈ। ਇਸਦੇ ਨਾਲ ਹੀ ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਰਗੇ ਧਾਰਮਿਕ ਅਤੇ ਸੈਰ-ਸਪਾਟੇ ਲਈ ਮਹੱਤਵਪੂਰਨ ਸ਼ਹਿਰ ਵਿੱਚ ਵਿਕਾਸ ਕਾਰਜਾਂ ਨੂੰ ਪਹਿਲ ਦੇਣੀ ਚਾਹੀਦੀ ਹੈ, ਤਾਂ ਜੋ ਸਥਾਨਕ ਲੋਕਾਂ ਅਤੇ ਬਾਹਰੋਂ ਆਉਣ ਵਾਲੇ ਸ਼ਰਧਾਲੂਆਂ ਨੂੰ ਵਧੀਆ ਸੁਵਿਧਾਵਾਂ ਮਿਲ ਸਕਣ।

ਮੀਟਿੰਗ ਵਿੱਚ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵੀ ਡੂੰਘੀ ਚਰਚਾ ਕੀਤੀ ਗਈ। ਦਿਨੇਸ਼ ਬੱਸੀ ਨੇ ਪਾਰਟੀ ਸੰਰਚਨਾ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ, ਵਰਕਰਾਂ ਨੂੰ ਸਰਗਰਮ ਕਰਨ ਅਤੇ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਸੁਝਾਅ ਦਿੱਤਾ ਕਿ ਪਾਰਟੀ ਨੂੰ ਲੋਕ-ਹਿੱਤ ਦੇ ਮੁੱਦਿਆਂ ਨੂੰ ਕੇਂਦਰ ਵਿੱਚ ਰੱਖਦੇ ਹੋਏ ਲੋਕਾਂ ਵਿੱਚ ਆਪਣੀ ਪਕੜ ਹੋਰ ਮਜ਼ਬੂਤ ਕਰਨੀ ਚਾਹੀਦੀ ਹੈ।

ਭੂਪੇਸ਼ ਬਘੇਲ ਅਤੇ ਸੂਰਜ ਠਾਕੁਰ ਨੇ ਵੀ ਦਿਨੇਸ਼ ਬੱਸੀ ਵੱਲੋਂ ਉਠਾਏ ਗਏ ਮੁੱਦਿਆਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਪਾਰਟੀ ਇਨ੍ਹਾਂ ਵਿਸ਼ਿਆਂ 'ਤੇ ਢੁਕਵੀਂ ਰਣਨੀਤੀ ਤਿਆਰ ਕਰੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਪੰਜਾਬ ਵਿੱਚ ਆਪਣੀ ਸੰਗਠਨਾਤਮਕ ਤਾਕਤ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਦਾ ਭਰੋਸਾ ਦੁਬਾਰਾ ਜਿੱਤਣ ਲਈ ਲਗਾਤਾਰ ਕੋਸ਼ਿਸ਼ ਕਰ ਰਹੀ ਹੈ।

ਦਿਨੇਸ਼ ਬੱਸੀ ਨੇ ਕਿਹਾ ਕਿ ਇਹ ਮੀਟਿੰਗ ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਬਹੁਤ ਮਹੱਤਵਪੂਰਨ ਰਹੀ ਹੈ ਅਤੇ ਇਸ ਨਾਲ ਪਾਰਟੀ ਨੂੰ ਸਪਸ਼ਟ ਦਿਸ਼ਾ ਮਿਲੇਗੀ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਕਾਂਗਰਸ ਪਾਰਟੀ 2027 ਦੀਆਂ ਚੋਣਾਂ ਵਿੱਚ ਮਜ਼ਬੂਤ ਪ੍ਰਦਰਸ਼ਨ ਕਰੇਗੀ ਅਤੇ ਪੰਜਾਬ ਵਿੱਚ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰੇਗੀ।

## ਪੀਸੀਐਮ ਐਸ.ਡੀ. ਕਾਲਜ ਫਾਰ ਵੂਮੈਨ ਦੀ ਵਿਦਿਆਰਥਣ ਨੇ ਜੀ.ਐਨ.ਡੀ.ਯੂ. ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ



ਜਲੰਧਰ, 17 ਅਪ੍ਰੈਲ (ਸੰਦੀਪ ਕੌਲ) : ਗੁਰੂ ਨਾਨਕ ਦੇਵ ਯੂਨੀਵਰਸਿਟੀ (ਜੀਐਨਡੀਯੂ) ਨੇ ਦਸੰਬਰ 2025 ਦੀ ਪ੍ਰੀਖਿਆ ਲਈ ਬੀਐਸਸੀ ਫੈਸ਼ਨ ਡਿਜ਼ਾਈਨਿੰਗ ਸਮੈਸਟਰ 9 ਦੇ ਨਤੀਜੇ ਐਲਾਨੇ।

ਪੀਸੀਐਮ.ਐਸਡੀ ਕਾਲਜ ਫਾਰ ਵੂਮੈਨ, ਜਲੰਧਰ ਦੀਆਂ ਵਿਦਿਆਰਥਣਾਂ ਨੇ ਆਪਣੇ ਉੱਚ ਪ੍ਰਦਰਸ਼ਨ ਨਾਲ ਆਪਣੇ ਲਈ ਇੱਕ ਸਥਾਨ ਬਣਾਇਆ।

ਸਿਮਰਨਜੀਤ ਕੌਰ 85.7% ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚ ਪਹਿਲੇ ਸਥਾਨ @ਤੇ ਰਹੀ। ਭਾਵਨਾ ਨੇ 77% ਪ੍ਰਾਪਤ ਕਰਕੇ ਕਾਲਜ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।

ਪ੍ਰਧਾਨ ਸ਼੍ਰੀ ਨਰੇਸ਼ ਬੁਧੀਆ, ਸੀਨੀਅਰ ਉਪ ਪ੍ਰਧਾਨ ਸ਼੍ਰੀ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰਾਂ ਅਤੇ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਵਿਦਿਆਰਥਣ ਨੂੰ ਉਨ੍ਹਾਂ ਦੇ ਬੇਮਿਸਾਲ ਸਮਰਪਣ ਅਤੇ ਸਖ਼ਤ ਮਿਹਨਤ ਨਾਲ ਸਿਖਰ @ਤੇ ਪਹੁੰਚਣ ਲਈ ਦਿਲੋਂ ਵਧਾਈਆਂ ਦਿੱਤੀਆਂ। ਇਹ ਪ੍ਰਾਪਤੀ ਸੰਸਥਾ ਦੀ ਉੱਤਮਤਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ ਅਤੇ ਸਾਥੀਆਂ ਲਈ ਪ੍ਰੇਰਨਾ ਦਾ ਕੰਮ ਕਰਦੀ ਹੈ।

ਵਿਭਾਗ ਨੇ ਡਿਜ਼ਾਈਨ, ਦ੍ਰਿਸ਼ਟਾਂਤ, ਰੁਝਾਨ ਪੂਰਵ ਅਨੁਮਾਨ ਅਤੇ ਫੈਸ਼ਨ ਮਾਰਕੀਟਿੰਗ ਵਿੱਚ ਸਿਧਾਂਤ ਨੂੰ ਵਿਹਾਰਕ ਹੁਨਰਾਂ ਨਾਲ ਮਿਲਾਉਣ ਲਈ ਆਪਣਾ ਸਭ ਤੋਂ ਵਧੀਆ ਕਦਮ ਰੱਖਿਆ ਹੈ। ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ ਅਤੇ ਟੈਕਸਟਾਈਲ ਸਹੂਲਤਾਂ ਨਾਲ ਲੈਸ, ਵਿਭਾਗ ਹੱਥੀਂ ਅਨੁਭਵ ਪ੍ਰਦਾਨ ਕਰਦਾ ਹੈ। ਫੈਸ਼ਨ ਡਿਜ਼ਾਈਨਿੰਗ ਅਤੇ ਤਕਨਾਲੋਜੀ ਵਿੱਚ ਖੋਜ @ਤੇ ਜ਼ੋਰ ਦਿੰਦੇ ਹੋਏ, ਵਿਭਾਗ ਵਿਦਿਆਰਥੀਆਂ ਨੂੰ ਡਿਜ਼ਾਈਨਰਾਂ, ਚਿੱਤਰਕਾਰਾਂ, ਵਪਾਰੀਆਂ, ਸਟਾਈਲਿਸਟਾਂ ਅਤੇ ਸਲਾਹਕਾਰਾਂ ਵਜੋਂ ਕਰੀਅਰ ਲਈ ਤਿਆਰ ਕਰਦਾ ਹੈ।

## ਕੇ.ਡੀ. ਇੰਟਰਨੈਸ਼ਨਲ ਸਕੂਲ ਵੱਲੋਂ ਦਸਵੀਂ ਦੇ ਬੋਰਡ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ



ਤਰਨ ਤਾਰਨ 17 ਅਪ੍ਰੈਲ (ਪੁਸ਼ਪਿੰਦਰ ਬੰਟੀ ਗੁਰਵਿੰਦਰ ਸਿੰਘ) ਕੇ.ਡੀ. ਇੰਟਰਨੈਸ਼ਨਲ ਸਕੂਲ ਨੂੰ ਅਕਾਦਮਿਕ ਸੈਸ਼ਨ 2025-26 ਲਈ ਹੋਈਆਂ ਸੀਬੀਐਸਈ ਕਲਾਸ 10 ਬੋਰਡ ਪ੍ਰੀਖਿਆਵਾਂ ਵਿੱਚ ਆਪਣੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦਾ ਐਲਾਨ ਕਰਦੇ ਹੋਏ ਬਹੁਤ ਮਾਣ ਮਹਿਸੂਸ ਕੀਤਾ।

ਸਕੂਲ ਨੇ ਉਤਕ੍ਰਿਸ਼ਟ ਅਕਾਦਮਿਕ ਸਫਲਤਾ ਹਾਸਲ ਕੀਤੀ, ਜਿਸ ਵਿੱਚ ਭੂਮਿਕਾ ਚੌਹਾਨ ਅਤੇ ਪਰਨੀਤ ਕੌਰ ਨੇ 95.6% ਅੰਕ ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ। ਉਨ੍ਹਾਂ ਤੋਂ ਬਾਅਦ ਮੰਨਤ ਨੇ 95.2% ਅਤੇ ਦ੍ਰਿਸ਼ਟੀ ਨੇ 95% , ਮਨਮੋਲਪ੍ਰੀਤ ਕੌਰ 94.8 ,ਹਰਸਿਮਰਤ ਕੌਰ 94.2 ,ਨੰਦਿਕਾ 94 ,ਸਾਚੀ ਪ੍ਰੀਤ ਕੌਰ 93.8 ,ਸਰਤਾਜ ਸਿੰਘ 93.2, ਹੁਸਨਪ੍ਰੀਤ ਕੌਰ 93, ਰੰਧਾਵਾ ਸਿਮਰਨ 93 ,ਰਵਲੀਨ ਕੌਰ 92.6 ,ਅਰਪਨ ਭੰਡਾਰੀ 92.2, ਅਰਮਾਨਪ੍ਰੀਤ ਕੌਰ 91.4 , ਮਹਿਕਦੀਪ ਕੌਰ 91.4 , ਜਸਲੀਨ ਕੌਰ 90.1%ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਹੋਰ ਕਈ ਵਿਦਿਆਰਥੀਆਂ ਨੇ ਵੀ ਕਾਬਿਲ-ਏ-ਤਾਰੀਫ਼ ਨਤੀਜੇ ਹਾਸਲ ਕੀਤੇ, ਜੋ ਸਕੂਲ ਦੀ ਮਜ਼ਬੂਤ ਅਕਾਦਮਿਕ ਸੰਸਕ੍ਰਿਤੀ ਅਤੇ ਉਤਕ੍ਰਿਸ਼ਟਤਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੇ ਹਨ।

ਇਹ ਉਪਲਬਧੀ ਵਿਦਿਆਰਥੀਆਂ ਦੀ ਲਗਨ, ਮਿਹਨਤ ਅਤੇ ਦ੍ਰਿੜ ਨਿਸ਼ਚੇ ਦਾ ਪ੍ਰਤੀਕ ਹੈ। ਇਸ ਦੇ ਨਾਲ ਹੀ ਇਹ ਸਕੂਲ ਦੇ ਤਜਰਬੇਕਾਰ ਅਧਿਆਪਕਾਂ ਦੀ ਨਿਰੰਤਰ ਮਿਹਨਤ ਅਤੇ ਮਾਪਿਆਂ ਵੱਲੋਂ ਮਿਲੇ ਸਹਿਯੋਗ ਅਤੇ ਪ੍ਰੋਤਸਾਹਨ ਨੂੰ ਵੀ ਦਰਸਾਉਂਦੀ ਹੈ। ਇਸ ਮੌਕੇ ਤੇ ਸਕੂਲ ਦੇ ਡਾਇਰੈਕਟਰ ਗੌਤਮ ਸੂਦ ਐਡਮਿਨ ਹੈਡ ਰਕੇਸ਼ ਬਾਂਸਲ ਅਤੇ ਪ੍ਰਿੰਸੀਪਲ ਮੈਡਮ ਪਰਮਜੀਤ ਕੌਰ ਨੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਉਪਲਬਧੀ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਅਤੇ ਅਟੱਲ ਸਮਰਪਣ ਦਾ ਨਤੀਜੇ ਤੇ ਦਿਲੋਂ ਹਾਰਦਿਕ ਵਧਾਈ ਦਿੱਤੀ ਅਤੇ ਕਿਹਾ ਕਿ ਅਸੀਂ ਉਨ੍ਹਾਂ ਦੀ ਇਸ ਸਫਲਤਾ 'ਤੇ ਬਹੁਤ ਮਾਣ ਮਹਿਸੂਸ ਕਰਦੇ ਹਾਂ। ਉਹਨਾਂ ਨੇ ਅਧਿਆਪਕਾਂ ਅਤੇ ਮਾਪਿਆਂ ਦਾ ਵੀ ਦਿਲੋਂ ਧੰਨਵਾਦ ਕੀਤਾ ਤੇ ਵਿਦਿਆਰਥੀਆਂ ਨੂੰ ਉਹਨਾਂ ਦੇ ਉਜਵਲ ਭਵਿੱਖ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

## ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਖੇ ਵਿਸਾਖੀ ਅਤੇ ਇਨਾਮ ਵੰਡ ਸਮਾਰੋਹ



ਅੰਮ੍ਰਿਤਸਰ, 17 ਅਪ੍ਰੈਲ (ਬਬਲੂ ਮਹਾਜਨ) : ਚੀਫ਼ ਖਾਲਸਾ ਦੀਵਾਨ ਦੀ ਸਰਪ੍ਰਸਤੀ ਅਧੀਨ ਚਲਾਏ ਜਾ ਰਹੇ ਮੁੱਖ ਅਦਾਰੇ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜੀ.ਟੀ.ਰੋਡ ਅੰਮ੍ਰਿਤਸਰ ਵਿਖੇ ਖ਼ਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦਾ ਤਿਉਹਾਰ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਜਿਸ ਵਿੱਚ ਪੰਜਾਬੀ ਸੱਭਿਆਚਾਰ ਅਤੇ ਮਾਂ -ਬੋਲੀ ਪੰਜਾਬੀ ਦਾ ਰੰਗ ਵਿਸ਼ੇਸ਼ ਤੌਰ ਤੇ ਵੇਖਣ ਨੂੰ ਮਿਲਿਆ। ਇਹ ਪ੍ਰੋਗਰਾਮ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਕਵਲਪ੍ਰੀਤ ਕੌਰ ਜੀ ਦੀ ਯੋਗ ਅਗਵਾਈ ਹੇਠ ਹੋਇਆ। ਇਸ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜੀ.ਟੀ.ਰੋਡ ਦੇ ਮੈਂਬਰ ਇੰਚਾਰਜ ਸ੍. ਆਦਰਸ਼ਪਿੰਦਰ ਸਿੰਘ ਮਾਨ, ਸ੍. ਰਬਿੰਦਰਬੀਰ ਸਿੰਘ ਭੱਲਾ, ਸ੍. ਸਰਜੋਤ ਸਿੰਘ ਸਾਹਨੀ ਦਾ ਸਕੂਲ ਦੇ ਪ੍ਰਿੰਸੀਪਲ /ਐਸਿਸਟੈਂਟ ਡਾਇਰੈਕਟਰ ਸ੍ਰੀਮਤੀ ਕਵਲਪ੍ਰੀਤ ਕੌਰ ਜੀ ਅਤੇ ਮੁੱਖ ਅਧਿਆਪਕਾਵਾਂ ਵਲੋਂ ਸੁਆਗਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਨਾਲ ਕੀਤੀ ਗਈ।ਛੋਟੇ -ਛੋਟੇ ਬੱਚਿਆਂ ਨੇ ਸੁਆਗਤੀ ਨਾਚ ਰਾਹੀਂ ਆਏ ਹੋਏ ਮਹਿਮਾਨਾਂ ਦਾ ਸੁਆਗਤ ਕੀਤਾ। ਉਪਰੰਤ ਮੈਂਬਰ ਇੰਚਾਰਜ ਸ੍. ਰਬਿੰਦਰਬੀਰ ਸਿੰਘ ਭੱਲਾ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ।ਉਨ੍ਹਾਂ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਵੱਲੋਂ ਸਮੇਂ- ਸਮੇਂ ਤੇ ਵੱਖ-ਵੱਖ ਧਾਰਮਿਕ ਅਤੇ ਸਭਿਆਚਾਰਕ ਤਿਉਹਾਰ ਮਨਾ ਕੇ ਨਵੀਂ ਪਨੀਰੀ ਨੂੰ ਆਪਣੇ ਧਰਮ ਅਤੇ ਵਿਰਸੇ ਨਾਲ ਜੋੜੀ ਰੱਖਣ ਲਈ ਯਤਨ ਕੀਤੇ ਜਾਂਦੇ ਹਨ ਅਤੇ ਭਵਿੱਖ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰਹਿਣਗੇ । ਵਿਦਿਆਰਥੀਆਂ ਵਲੋਂ ਨਾਟਕ ਦੇ ਰੂਪ ਵਿੱਚ ਇਤਿਹਾਸਕ ਪੇਸ਼ਕਾਰੀ, ਮਾਂ -ਬੋਲੀ ਪੰਜਾਬੀ ਨਾਲ ਸੰਬੰਧਤ ਗੀਤ ਰਾਹੀਂ ਸਭ ਨੂੰ ਮੰਤਰ ਮੁਗ਼ਧ ਕੀਤਾ ਗਿਆ। ਵਿਦਿਆਰਥੀਆਂ ਨੇ ਪੰਜਾਬ ਦੇ ਪ੍ਰਸਿੱਧ ਲੋਕ ਨਾਚ ਭੰਗੜੇ ਰਾਹੀਂ ਪ੍ਰੋਗਰਾਮ ਵਿੱਚ ਰੰਗ ਬੰਨ ਦਿੱਤਾ। ਪ੍ਰੋਗਰਾਮ ਦੌਰਾਨ ਸਾਲ 2025-26 ਦੇ ਸੈਸ਼ਨ ਵਿੱਚ ਪੰਜਵੀਂ ਜਮਾਤ ਵਿੱਚ ਅੱਵਲਆਉਣ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ।ਸੱਤਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੇ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਦਸਤਾਰ ਬੰਨ੍ਹਣ ਦੇ ਮੁਕਾਬਲੇ ਕਰਵਾਏ ਗਏ ਅਤੇ ਜੇਤੂ ਵਿਦਿਆਰਥੀਆਂ ਨੂੰ ਪੁਰਸਕਾਰ ਦਿੱਤੇ ਗਏ।ਮੈਂਬਰ ਇੰਚਾਰਜ ਸ੍. ਆਦਰਸ਼ਪਿੰਦਰ ਸਿੰਘ ਮਾਨ, ਸ੍. ਸਰਜੋਤ ਸਿੰਘ ਸਾਹਨੀ ਅਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਕਵਲਪ੍ਰੀਤ ਕੌਰ ਨੇ ਬੱਚਿਆਂ ਦੁਆਰਾ ਪੇਸ਼ ਪ੍ਰੋਗਰਾਮ ਦੀ ਖ਼ੂਬ ਪ੍ਰਸ਼ੰਸਾ ਕੀਤੀ ਅਤੇ ਬੱਚਿਆਂ ਨੂੰ ਵਿਸਾਖੀ ਦੇ ਤਿਉਹਾਰ ਦੀ ਮਹੱਤਤਾ ਦੱਸਦੇ ਹੋਏ ਸਿੱਖੀ ਸਰੂਪ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ ਅਤੇ ਪ੍ਰੋਗਰਾਮ ਵਿੱਚ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਮੁੱਖ ਅਧਿਆਪਕਾ ਸ੍ਰੀਮਤੀ ਨਿਸਚਿੰਤ ਕਾਹਲੋਂ, ਸ੍ਰੀਮਤੀ ਗੁਰਸ਼ਰਨ ਕੌਰ, ਸ੍ਰੀਮਤੀ ਮਨਵਿੰਦਰ ਭੁੱਲਰ,ਸ੍ਰੀਮਤੀ ਰਵਿੰਦਰ ਕੌਰ ਨਰੂਲਾ, ਸੁਪਰਵਾਈਜਰ ਸ੍ਰੀਮਤੀ ਨਵਨਿੰਦਰ ਕੌਰ, ਸ੍ਰੀਮਤੀ ਮਨਪ੍ਰੀਤ ਕੌਰ ਖੁਰਾਨਾ, ਸ੍ਰੀਮਤੀ ਪਰਮਿੰਦਰ ਉੱਪਲ ਹਾਜ਼ਰ ਸਨ।

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਮੈਨੇਜਰ ਦਾ ਮੋਬਾਇਲ ਨੰਬਰ ਹੈਕ

### ਸਾਈਬਰ ਠੱਗਾਂ ਵੱਲੋਂ ਪੈਸਿਆਂ ਦੀ ਮੰਗ ਭਗਵੰਤ ਸਿੰਘ ਧੰਗੇੜਾ ਸਾਈਬਰ ਠੱਗੀ ਦਾ ਸ਼ਿਕਾਰ



ਅੰਮ੍ਰਿਤਸਰ, 17 ਅਪ੍ਰੈਲ (ਬਬਲੂ ਮਹਾਜਨ) : ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਮੈਨੇਜਰ ਭਗਵੰਤ ਮਾਨ ਧੰਗੇੜਾ ਸਾਈਬਰ ਠੱਗਾਂ ਦਾ ਸ਼ਿਕਾਰ ਹੋ ਗਏ ਹਨ। ਜਾਣਕਾਰੀ ਮੁਤਾਬਕ ਸ਼ਾਤਿਰ ਹੈਕਰਾਂ ਨੇ ਮੈਨੇਜਰ ਧੰਗੇੜਾ ਦਾ ਮੋਬਾਇਲ ਅਕਾਊਂਟ ਹੈਕ ਕਰਕੇ ਉਨ੍ਹਾਂ ਦੇ ਨਜ਼ਦੀਕੀਆਂ ਨੂੰ ਪੈਸਿਆਂ ਦੀ ਮੰਗ ਕਰਨ ਵਾਲੇ ਫਰਜ਼ੀ ਸੰਦੇਸ਼ ਭੇਜੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਹੈਕਰਾਂ ਨੇ ਮੈਸੇਜ ਭੇਜ ਕੇ ਦੱਸਿਆ ਕਿ ਉਨ੍ਹਾਂ ਨੂੰ ਕਿਸੇ ਜ਼ਰੂਰੀ ਕੰਮ ਲਈ ਤੁਰੰਤ ਮਾਲੀ ਮਦਦ ਦੀ ਲੋੜ ਹੈ। ਇਸ ਧੋਖਾਧੜੀ ਦਾ ਖੁਲਾਸਾ ਉਸ ਵੇਲੇ ਹੋਇਆ ਜਦੋਂ ਮੈਸੇਜ ਪ੍ਰਾਪਤ ਕਰਨ ਵਾਲੇ ਕੁਝ ਧੰਗੇੜਾ ਦੇ ਕੁਝ ਸਾਥੀਆਂ ਅਤੇ ਪਰਿਵਾਰਕ ਮੈਂਬਰਾਂ ਨੂੰ ਸ਼ੱਕ ਪਿਆ ਅਤੇ ਉਨ੍ਹਾਂ ਨੇ ਸਿੱਧਾ ਮੈਨੇਜਰ ਸਾਹਿਬ ਨਾਲ ਸੰਪਰਕ ਕੀਤਾ।ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਭਗਵੰਤ ਸਿੰਘ ਧੰਗੇੜਾ ਨੇ ਤੁਰੰਤ ਸਪੱਸ਼ਟੀਕਰਨ ਜਾਰੀ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਮੋਬਾਈਲ ਨੰਬਰ/ ਅਕਾਊਂਟ ਹੈਕ ਹੋ ਗਿਆ ਹੈ ਅਤੇ ਉਨ੍ਹਾਂ ਵੱਲੋਂ ਕਿਸੇ ਵੀ ਕਿਸਮ ਦੀ ਪੈਸਿਆਂ ਦੀ ਮੰਗ ਨਹੀਂ ਕੀਤੀ ਗਈ। ਉਨ੍ਹਾਂ ਸੰਗਤ ਅਤੇ ਆਪਣੇ ਸਨੇਹੀਆਂ ਨੂੰ ਅਪੀਲ ਕੀਤੀ ਕਿ ਅਜਿਹੇ ਕਿਸੇ ਵੀ ਸੰਦੇਸ਼ ਦੇ ਚੁੰਗਲ ਵਿੱਚ ਨਾ ਫਸਣ ਅਤੇ ਕਿਸੇ ਨੂੰ ਵੀ ਪੈਸੇ ਟ੍ਰਾਂਸਫਰ ਨਾ ਕਰਨ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸਬੰਧੀ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ ਤਾਂ ਜੋ ਦੋਸ਼ੀਆਂ ਨੂੰ ਜਲਦ ਤੋਂ ਜਲਦ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਸਕੇ।

## ਅੰਮ੍ਰਿਤਸਰ ਹਵਾਈ ਅੱਡੇ 'ਤੇ 6.27 ਕਰੋੜ ਰੁਪਏ ਦਾ ਗਾਂਜਾ ਜ਼ਬਤ



ਅੰਮ੍ਰਿਤਸਰ, 17 ਅਪ੍ਰੈਲ (ਬਬਲੂ ਮਹਾਜਨ) : ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ 'ਤੇ ਕਸਟਮ ਵਿਭਾਗ ਨੇ ਵੱਡੀ ਕਾਰਵਾਈ ਕਰਦਿਆਂ 6.27 ਕਰੋੜ ਰੁਪਏ ਮੁੱਲ ਦਾ ਗਾਂਜਾ ਜ਼ਬਤ ਕੀਤਾ ਹੈ। ਜਾਣਕਾਰੀ ਅਨੁਸਾਰ ਇਹ ਨਸ਼ੀਲਾ ਪਦਾਰਥ ਬੈਂਕੌਕ ਤੋਂ ਆਈ ਇੱਕ ਅੰਤਰਰਾਸ਼ਟਰੀ ਉਡਾਣ ਰਾਹੀਂ ਅੰਮ੍ਰਿਤਸਰ ਪਹੁੰਚਿਆ ਸੀ। ਅਧਿਕਾਰੀਆਂ ਨੇ ਦੱਸਿਆ ਕਿ ਸ਼ੱਕ ਦੇ ਆਧਾਰ 'ਤੇ ਯਾਤਰੀ ਦੇ ਸਮਾਨ ਦੀ ਤਲਾਸ਼ੀ ਲਈ ਗਈ, ਜਿਸ ਦੌਰਾਨ ਸੁਚੱਜੇ ਢੰਗ ਨਾਲ ਲੁਕਾਇਆ ਗਿਆ ਗਾਂਜਾ ਬਰਾਮਦ ਹੋਇਆ। ਕਸਟਮ ਅਧਿਕਾਰੀਆਂ ਮੁਤਾਬਕ ਬਰਾਮਦ ਕੀਤੇ ਗਏ ਨਸ਼ੀਲੇ ਪਦਾਰਥ ਦੀ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤ ਲਗਭਗ 6.27 ਕਰੋੜ ਰੁਪਏ ਅੰਕਿਤ ਕੀਤੀ ਗਈ ਹੈ। ਇਸ ਮਾਮਲੇ ਵਿੱਚ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ ਅਤੇ ਉਸ ਨਾਲ ਪੁੱਛਗਿੱਛ ਜਾਰੀ ਹੈ। ਅਧਿਕਾਰੀਆਂ ਇਹ ਵੀ ਪਤਾ ਲਗਾਉਣ ਦੀ ਕੋਸ਼ਿਸ ਕਰ ਰਹੇ ਹਨ ਕਿ ਇਸ ਤਸਕਰੀ ਦੇ ਪਿੱਛੇ ਕੋਈ ਵੱਡਾ ਗਿਰੋਹ ਤਾਂ ਸ਼ਾਮਲ ਨਹੀਂ।ਕਸਟਮ ਵਿਭਾਗ ਨੇ ਕਿਹਾ ਕਿ ਹਵਾਈ ਅੱਡਿਆਂ 'ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਰੋਕਣ ਲਈ ਚੌਕਸੀ ਹੋਰ ਵਧਾਈ ਗਈ ਹੈ। ਇਸ ਸਫਲ ਕਾਰਵਾਈ ਨਾਲ ਇੱਕ ਵੱਡੇ ਨਸ਼ਾ ਤਸਕਰੀ ਜਾਲ ਨੂੰ ਝਟਕਾ ਲੱਗਣ ਦੀ ਸੰਭਾਵਨਾ ਹੈ।

## ਪੰਜਵੀਂ ਤੇ ਅੱਠਵੀਂ ਦੇ ਨਤੀਜਿਆਂ 'ਚ ਸ੍ਰੀ ਗੁਰੂ ਨਾਨਕ ਗਰਲਜ਼ ਸਕੂਲ ਦਾ ਨਤੀਜਾ 100 ਫ਼ੀਸਦੀ ਰਿਹਾ

### ਵਿਦਿਆਰਥਣਾਂ ਦੀ ਸ਼ਾਨਦਾਰ ਪ੍ਰਦਰਸ਼ਨ ਨੇ ਸਕੂਲ ਦਾ ਨਾਮ ਕੀਤਾ ਰੌਸ਼ਨ : ਪ੍ਰਿੰਸੀਪਲ ਮਨਿੰਦਰ ਪਾਲ ਕੌਰ



ਅੰਮ੍ਰਿਤਸਰ, 17 ਅਪ੍ਰੈਲ (ਬਬਲੂ ਮਹਾਜਨ) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ 2025-26 ਦੇ ਪੰਜਵੀਂ ਅਤੇ ਅੱਠਵੀਂ ਕਲਾਸ ਦੇ ਨਤੀਜਿਆਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਸਿਰਮੌਰ ਸੰਸਥਾ ਸ਼੍ਰੀ ਗੁਰੂ ਨਾਨਕ ਗਰਲਜ਼ ਸੀਨੀਅਰ ਸੈਕੰਡਰੀ ਸਕੂਲ , ਘਿਓ ਮੰਡੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਵਿਦਿਆਰਥੀਆਂ ਦਾ ਨਤੀਜਾ 100% ਰਿਹਾ / ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਸ੍ਰੀ ਮਤੀ ਮਨਿੰਦਰ ਪਾਲ ਕੌਰ ਜੀ ਨੇ ਦੱਸਿਆ ਕਿ ਸਕੂਲ ਵਿੱਚ ਪੰਜਵੀਂ ਕਲਾਸ ਦੇ ਹੋਣਹਾਰ ਵਿਦਿਆਰਥੀ ਏਕਮਦੀਪ ਕੌਰ , ਸੁਖਪ੍ਰੀਤ ਕੌਰ , ਨੈਨਾ ਸਿੰਘ ,ਆਰਹੀ ਭਾਟੀਆ ,ਵੰਸ਼ਿਤਾ ,ਹਰਪ੍ਰੀਤ ਸਿੰਘ ,ਕਿਰਨਦੀਪ ਕੌਰਅਤੇ ਮੁਸਕਾਨਦੀਪ ਕੌਰ ਨੇ 98% ਤੋ ਉੱਪਰ ਅੰਕ ਪ੍ਰਾਪਤ ਕੀਤੇ । ਕਲਾਸ ਅੱਠਵੀਂ ਵਿੱਚ ਸਕੂਲ ਦੀ ਹੋਣਹਾਰ ਵਿਦਿਆਰਥਣ ਕਿਰਨਜੋਤ ਕੌਰ 92.3% ਪਹਿਲਾ ਸਥਾਨ ,ਕਮਲਪ੍ਰੀਤ ਕੌਰ 92.2% ਦੂਜਾ ,ਬਬੀਤਾ ਅਤੇ ਮਨਪ੍ਰੀਤ ਕੌਰ ਨੇ 91.7% ਤੀਸਰਾ ਸਥਾਨ ਪ੍ਰਾਪਤ ਕੀਤਾ / ਇਸ ਤੋਂ ਇਲਾਵਾ ਪੰਜਵੀਂ ਕਲਾਸ ਵਿੱਚ 90 ਫੀਸਦੀ ਤੋਂ ਉੱਪਰ 73 ਵਿਦਿਆਰਥੀ ਅਤੇ 80 ਫੀਸਦੀ ਤੋਂ ਉੱਪਰ 30 ਵਿਦਿਆਰਥੀਆ ਨੇ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੋਸ਼ਨ ਕੀਤਾ । ਕਲਾਸ ਅੱਠਵੀਂ ਵਿੱਚ 90 ਫੀਸਦੀ ਤੋਂ ਉੱਪਰ 5 ਵਿਦਿਆਰਥਣਾਂ 80 ਫੀਸਦੀ ਤੋਂ ਉੱਪਰ 30 ਵਿਦਿਆਰਥਣਾਂ ਨੇ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੋਸ਼ਨ ਕੀਤਾ ।ਇਸ ਦੌਰਾਨ ਪ੍ਰਿੰਸੀਪਲ ਸ੍ਰੀ ਮਤੀ ਮਨਿੰਦਰਪਾਲ ਕੌਰ ਜੀ ਨੇ ਵਿਦਿਆਰਥਣਾਂ ਅਤੇ ਉਹਨਾਂ ਦੇ ਮਾਤਾ ਪਿਤਾ ਨੂੰ ਮੁਬਾਰਕਬਾਦ ਦਿੰਦੇ ਹੋਏ ਵਿਦਿਆਰਥਣਾਂ ਦੀ ਹੌਸਲਾ ਅਫਜਾਈ ਕੀਤੀ ਅਤੇ ਉਹਨਾਂ ਨੂੰ ਅਗਲੀਆਂ ਜਮਾਤਾਂ ਵਿੱਚ ਹੋਰ ਮਿਹਨਤ ਕਰਨ ਲਈ ਉਤਸਾਹਿਤ ਕੀਤਾ।

## ਛੀਨਾ ਨੇ 10ਵੀਂ ਦੀ ਪ੍ਰੀਖਿਆ 'ਚ ਸ਼ਾਨਦਾਰ ਅੰਕ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਦਿੱਤਾ ਥਾਪੜਾ

### ਅਨੁਸ਼ਾਸਨ, ਧੀਰਜ ਅਤੇ ਸਮਰਪਣ ਦੀ ਮਿਸਾਲ ਹੈ ਵਿਦਿਆਰਥੀਆਂ ਦੀ ਕਾਮਯਾਬੀ : ਛੀਨਾ



ਅੰਮ੍ਰਿਤਸਰ, 17 ਅਪ੍ਰੈਲ (ਬਬਲੂ ਮਹਾਜਨ): ਤੁਹਾਡੀ ਕਾਮਯਾਬੀ ਸਿਰਫ਼ ਨੰਬਰਾਂ ਦੀ ਪ੍ਰਾਪਤੀ ਨਹੀਂ, ਸਗੋਂ ਤੁਹਾਡੇ ਅਨੁਸ਼ਾਸਨ, ਧੀਰਜ ਅਤੇ ਸਮਰਪਣ ਦੀ ਮਿਸਾਲ ਹੈ। ਇਸ ਸਫ਼ਰ 'ਚ ਤੁਹਾਡੇ ਮਾਪਿਆਂ ਅਤੇ ਅਧਿਆਪਕਾਂ ਦਾ ਯੋਗਦਾਨ ਵੀ ਕਾਬਿਲ-ਏ-ਤਾਰੀਫ਼ ਹੈ, ਜਿਨ੍ਹਾਂ ਨੇ ਤੁਹਾਨੂੰ ਹਰ ਪੜਾਅ 'ਤੇ ਮਾਰਗਦਰਸ਼ਨ ਦਿੱਤਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਇੱਥੇ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਸੀ. ਬੀ. ਐਸ. ਈ. ਬੋਰਡ 10ਵੀਂ ਦੇ ਨਤੀਜੇ 'ਚ ਸ਼ਾਨਦਾਰ ਅੰਕ ਪ੍ਰਾਪਤ ਕਰਨ ਵਾਲੇ ਖ਼ਾਲਸਾ ਕਾਲਜ ਪਬਲਿਕ ਸਕੂਲ, ਜੀ. ਟੀ. ਰੋਡ ਅਤੇ ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਦੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦਿਆਂ ਕੀਤਾ।

ਇਸ ਮੌਕੇ ਸ: ਛੀਨਾ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜਾਈ ਕਰਦਿਆਂ ਉਮੀਦ ਜਾਹਿਰ ਕੀਤੀ ਕਿ ਉਹ ਇਸ ਸਫਲਤਾ ਨੂੰ ਅਗਾਂਹ ਭਵਿੱਖ ਲਈ ਇਕ ਮਜ਼ਬੂਤ ਨੀਵ ਬਣਾਉਣਗੇ। ਉਨ੍ਹਾਂ ਵਿਦਿਆਰਥੀਆਂ ਨੂੰ ਨਵੀਆਂ ਚੁਣੌਤੀਆਂ ਨੂੰ ਸਵੀਕਾਰ ਕਰਨ, ਆਪਣੇ ਮਿੱਥੇ ਟੀਚਿਆਂ ਨੂੰ ਪ੍ਰਾਪਤ ਕਰਨ, ਦੇਸ਼ ਅਤੇ ਸਮਾਜ ਦੀ ਭਲਾਈ ਲਈ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਮੈਨੇਜ਼ਮੈਂਟ ਪ੍ਰੀਖਿਆ ਅਤੇ ਖੇਡਾਂ 'ਚ ਆਪਣੀ ਮਹੱਤਵਪੂਰਨ ਭੂਮਿਕਾ ਨਿਭਾਉਣ ਵਾਲੇ ਵਿਦਿਆਰਥੀਆਂ ਦਾ ਹਮੇਸ਼ਾ ਹੀ ਸਤਿਕਾਰ ਕਰਦਾ ਹੈ ਅਤੇ ਉਨ੍ਹਾਂ ਦੀ ਮਿਹਨਤ ਨੂੰ ਬੂਰ ਪਾਉਣ ਲਈ ਕਿਸੇ ਨਾ ਕਿਸੇ ਤਰ੍ਹਾਂ ਯੋਗਦਾਨ ਪਾਉਂਦਾ ਹੀ ਰਹਿੰਦਾ ਹੈ।

ਸ: ਛੀਨਾ ਨੇ ਕਿਹਾ ਕਿ ਪ੍ਰੀਖਿਆ 'ਚ 95 ਪ੍ਰਤੀਸ਼ਤ ਤੋਂ ਵਧੇਰੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਕ ਸਾਲ ਮੁਫ਼ਤ ਪੜ੍ਹਾਈ ਕਰਨ ਅਤੇ ਹੋਰਨਾਂ ਨੂੰ ਨਿਯਮਿਤ ਨਿਯਮਾਂ ਤਹਿਤ ਮਿਲਣ ਵਾਲੀਆਂ ਸੁਵਿਧਾਵਾਂ ਦਿੱਤੀਆਂ ਜਾਣਗੀਆਂ। ਇਸ ਮੌਕੇ ਉਕਤ ਸਕੂਲ ਦੇ ਮੌਜੂਦ ਪ੍ਰਿੰਸੀਪਲ ਸ: ਅਮਰਜੀਤ ਸਿੰਘ ਗਿੱਲ ਨੇ ਸ: ਛੀਨਾ ਨਾਲ ਮੀਟਿੰਗ ਦੌਰਾਨ ਗੱਲਬਾਤ ਕਰਦਿਆਂ ਕਿਹਾ ਕਿ *ਉਨ੍ਹਾਂ ਦੇ ਸਕੂਲ ਦੇ ਜ਼ਿਲ੍ਹੇ 'ਚ ਤੀਜਾ ਸਥਾਨ ਕਰਨ ਵਾਲੇ ਵਿਦਿਆਰਥੀ ਦੇਵਾਂਸ਼ ਅਰੋੜਾ ਨੇ 99.6 ਅੰਕ ਨਾਲ ਪਹਿਲਾਂ,* ਪ੍ਰਥਮ ਸ਼ਰਮਾ ਅਤੇ ਜਸਵਿੰਦਰ ਕੌਰ ਨੇ 96.8 ਨਾਲ ਦੂਜਾ ਅਤੇ ਅਜੀਤ ਸਿੰਘ ਨੇ 92.8 ਨਾਲ ਤੀਜਾ ਕੀਤਾ ਹੈ।

ਇਸ ਦੌਰਾਨ ਖ਼ਾਲਸਾ ਇੰਟਰਨੈਸ਼ਨਲ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਨਿਰਮਲਜੀਤ ਸਿੰਘ ਗਿੱਲ ਨੇ ਕਿਹਾ ਕਿ ਅੰਜਲੀ ਨੇ 479 ਅੰਕ (96%) ਨਾਲ ਪਹਿਲਾ, ਪਾਰੁਲ ਆਹੂਜਾ ਨੇ 473 ਅੰਕ (94.6%) ਨਾਲ ਦੂਜਾ ਸਥਾਨ ਪ੍ਰਾਪਤ ਕੀਤਾ। ਜਦਕਿ ਏਕਨੂਰ ਕੌਰ ਅਤੇ ਚੇਤਨ ਭੀਖਮ ਨੇ 471 ਅੰਕ (94.2%) ਪ੍ਰਾਪਤ ਕੀਤੇ, ਅਰਮਾਨਪ੍ਰੀਤ ਕੌਰ ਨੇ 93.6% ਅਤੇ ਪ੍ਰਭਨੂਰ ਸਿੰਘ ਨੇ 91.2% ਅੰਕ ਪ੍ਰਾਪਤ ਕਰਕੇ ਸਕੂਲ ਦੀ ਅਕਾਦਮਿਕ ਉੱਤਮਤਾ ਦਾ ਪ੍ਰਦਰਸ਼ਨ ਕੀਤਾ।

ਇਸ ਮੌਕੇ ਉਕਤ ਵਿਦਿਆਰਥੀਆਂ ਨੇ ਸ: ਛੀਨਾ ਅਤੇ ਪ੍ਰਿੰ: ਸ: ਗਿੱਲ ਅਤੇ ਸ੍ਰੀਮਤੀ ਗਿੱਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਭਵਿੱਖ 'ਚ ਵਿੱਦਿਆ ਦੇ ਨਾਲ ਹੋਰਨਾਂ ਸਰਗਰਮੀਆਂ 'ਚ ਵੀ ਹੋਰ ਸਖ਼ਤ ਮਿਹਨਤ ਕਰਕੇ ਸਕੂਲ, ਮਾਪਿਆਂ ਅਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨਗੇ। *ਇਸ ਮੌਕੇ ਖਾਲਸਾ ਪਬਲਿਕ ਸਕੂਲ ਦੇ ਵਿਦਿਆਰਥੀਆਂ 'ਚ ਦਿਵਾਂਸ ਅਰੋੜਾ, ਅਜੀਤ ਸਿੰਘ, ਜਪਜੀਤ ਕੌਰ ਨੇ ਇੰਜ਼ੀਨੀਅਰ, ਪ੍ਰਥਮ ਸ਼ਰਮਾ, ਜਸਵਿੰਦਰ ਕੌਰ, ਕਰਨ ਨੇ ਡਾਕਟਰ ਅਤੇ ਅਭੀਜੋਤ ਸਿੰਘ ਨੇ ਸੀ.ਏ. ਬਣਨ ਸਬੰਧੀ ਆਪਣੇ-ਆਪਣੇ ਸੁਪਨਿਆਂ ਬਾਰੇ ਸੋਚ ਨੂੰ ਉਜਾਗਰ ਕੀਤਾ। ਜਦਕਿ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਵਿਦਿਆਰਥੀਆਂ 'ਚ ਅੰਜਲੀ ਨੇ ਆਈ.ਏ. ਐਸ., ਪਾਰੁਲ ਅਹੂਜਾ ਨੇ ਅੱਖਾਂ ਦਾ ਸਰਜਨ, ਏਕਨੂਰ ਕੌਰ ਨੇ ਅਧਿਆਪਕ, ਚੇਤਨ ਭੀਖਨ, ਪ੍ਰਭਨੂਰ ਸਿੰਘ ਨੇ ਆਰਮੀ ਅਫਸਰ ਅਤੇ ਅਰਮਾਨਪ੍ਰੀਤ ਕੌਰ ਨੇ ਵਕੀਲ ਦੇ ਮਿੱਥੇ ਟੀਚੇ ਦੀ ਉਮੀਦ ਜਾਹਿਰ ਕੀਤਾ।*

# ਕਬਰਵਾਲਾ 'ਚ 500 ਏਕੜ ਕਣਕ ਸੜੀ ਸੁਆਹ, ਕਿਸਾਨਾਂ ਦੇ ਸੁਪਨੇ ਰਾਖ, ਪਾਵਰਕਾਮ ਘੇਰੇ 'ਚ

ਮਲੋਟ, 17 ਅਪ੍ਰੈਲ (ਅਮਨਦੀਪ ਸਿੰਘ ਮਹਿਰਾ): ਸਬ ਡਿਵੀਜ਼ਨ ਮਲੋਟ ਅਧੀਨ ਪਿੰਡ ਕਬਰਵਾਲਾ ਵਿੱਚ ਦੁਪਹਿਰ ਉਸ ਵੇਲੇ ਹੜਕੰਪ ਮਚ ਗਿਆ ਜਦੋਂ ਖੇਤਾਂ ਵਿੱਚ ਖੜੀ ਪੱਕੀ ਕਣਕ ਦੀ ਫਸਲ ਨੂੰ ਅਚਾਨਕ ਅੱਗ ਲੱਗ ਗਈ। ਕੁਝ ਹੀ ਮਿੰਟਾਂ ਵਿੱਚ ਅੱਗ ਨੇ ਭਿਆਨਕ ਰੂਪ ਧਾਰ ਲਿਆ ਅਤੇ ਦੇਖਦੇ ਹੀ ਦੇਖਦੇ ਕਬਰਵਾਲਾ ਸਮੇਤ ਕਰੀਬ ਪੰਜ ਪਿੰਡਾਂ ਦੀ ਲਗਭਗ 500 ਏਕੜ ਕਣਕ ਦੀ ਫਸਲ ਸੜ ਕੇ ਸੁਆਹ ਹੋ ਗਈ। ਇਸ ਵੱਡੇ ਨੁਕਸਾਨ ਨਾਲ ਕਿਸਾਨਾਂ ਦੇ ਸਾਲ ਭਰ ਦੇ ਸੁਪਨੇ ਰਾਖ ਹੋ ਗਏ। ਅੱਗ ਲੱਗਣ ਦੀ ਸੂਚਨਾ ਮਿਲਦਿਆਂ ਹੀ ਆਸ-ਪਾਸ ਦੇ ਪਿੰਡਾਂ, ਢਾਣੀਆਂ ਅਤੇ ਖੇਤਾਂ ਵਿੱਚ ਕੰਮ ਕਰ ਰਹੇ ਲੋਕ ਤੁਰੰਤ ਆਪਣੇ ਟਰੈਕਟਰਾਂ ਅਤੇ ਸਾਧਨਾਂ ਸਮੇਤ ਮੌਕੇ 'ਤੇ ਪਹੁੰਚੇ। ਕਿਸਾਨਾਂ ਨੇ ਟਰੈਕਟਰਾਂ ਨਾਲ ਖੇਤ ਜੋਤ ਕੇ ਅੱਗ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਅਤੇ ਪਾਣੀ ਦੇ ਟੈਂਕਰਾਂ ਰਾਹੀਂ ਅੱਗ ਬੁਝਾਉਣ ਲਈ ਜੰਗੀ ਪੱਧਰ 'ਤੇ ਜਦੋਜਹਿਦ ਕੀਤੀ। ਕਈ ਘੰਟਿਆਂ ਦੀ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ। ਪਿੰਡ ਦੇ ਸਾਬਕਾ ਸਰਪੰਚ ਸਵਰਨ ਸਿੰਘ, ਜੁਗਰਾਜ ਸਿੰਘ ਰੰਧਾਵਾ ਅਤੇ ਮਨਜੀਤ ਸਿੰਘ ਜੰਬਰ ਨੇ ਦੱਸਿਆ ਕਿ ਕਿਸਾਨ ਪ੍ਰਕਾਸ਼ ਸਿੰਘ, ਦਰਸ਼ਨ ਸਿੰਘ, ਗੁਰਰਾਜ ਸਿੰਘ ਅਤੇ ਪੰਜਾਬ ਸਿੰਘ ਦੇ ਖੇਤਾਂ ਵਿੱਚ ਬਿਜਲੀ ਦੀਆਂ ਤਾਰਾਂ ਤੋਂ ਹੋਈ ਸਪਾਰਕਿੰਗ ਕਾਰਨ ਚੰਗਿਆੜੀ ਡਿੱਗੀ, ਜਿਸ ਨਾਲ ਪਹਿਲਾਂ 5 ਏਕੜ ਫਸਲ ਸੜੀ ਅਤੇ ਫਿਰ ਅੱਗ ਨੇ ਭਿਆਨਕ ਰੂਪ ਧਾਰ ਲਿਆ।



ਮੌਕੇ 'ਤੇ ਕਿਸਾਨ ਆਪਣੀਆਂ ਸੜੀਆਂ ਹੋਈਆਂ ਕਣਕ ਦੀਆਂ ਬੱਲੀਆਂ ਹੱਥਾਂ ਵਿੱਚ ਫੜ ਕੇ ਧਾਹਾਂ ਮਾਰਦੇ ਨਜ਼ਰ ਆਏ। ਕਿਸਾਨਾਂ ਨੇ ਪਾਵਰਕੌਮ 'ਤੇ ਲਾਪਰਵਾਹੀ ਦੇ ਦੋਸ਼ ਲਗਾਉਂਦਿਆਂ ਕਿਹਾ ਕਿ ਤੇਜ਼ ਹਵਾ ਚੱਲਣ ਦੇ ਬਾਵਜੂਦ ਬਿਜਲੀ ਸਪਲਾਈ ਬੰਦ ਨਹੀਂ ਕੀਤੀ ਗਈ। ਆਮ ਤੌਰ 'ਤੇ ਹਨੇਰੀ ਜਾਂ ਝੱਖੜ ਸਮੇਂ ਸਪਲਾਈ ਬੰਦ ਕਰ ਦਿੱਤੀ ਜਾਂਦੀ ਹੈ ਤਾਂ ਜੋ ਤਾਰਾਂ ਵਿੱਚੋਂ ਨਿਕਲਣ ਵਾਲੀਆਂ ਚੰਗਿਆੜੀਆਂ ਨਾਲ ਫਸਲ ਨੂੰ ਨੁਕਸਾਨ ਨਾ ਹੋਵੇ, ਪਰ ਅੱਜ ਅਜਿਹਾ ਨਹੀਂ ਕੀਤਾ ਗਿਆ।

ਅੱਗ ਕਬਰਵਾਲਾ ਤੋਂ ਗੁਰੂਸਰ, ਪੱਕੀ ਟਿੱਬੀ ਅਤੇ ਮਲੂਕਪੁਰਾ ਦੇ ਰਕਬਿਆਂ ਤੱਕ ਫੈਲ ਗਈ। ਹਾਲਾਂਕਿ ਕਿਸਾਨਾਂ ਨੇ ਆਪਣੀ ਸੂਝਬੂਝ, ਟਰੈਕਟਰਾਂ ਅਤੇ ਹੋਰ ਸਾਧਨਾਂ ਨਾਲ ਹੋਰ ਵੱਡੇ ਨੁਕਸਾਨ ਤੋਂ ਬਚਾ ਲਿਆ। ਪੀੜਤ ਕਿਸਾਨਾਂ ਨੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਕੋਲ ਤੁਰੰਤ ਗਿਰਦਾਵਰੀ ਕਰਵਾ ਕੇ ਯੋਗ ਮੁਆਵਜ਼ਾ ਜਾਰੀ ਕਰਨ ਦੀ ਮੰਗ ਕੀਤੀ ਹੈ।

ਕਿਸਾਨਾਂ ਨੇ ਮਲੋਟ ਫਾਇਰ ਬ੍ਰਿਗੇਡ ਦੀ ਕਾਰਜਗਾਰੀ 'ਤੇ ਗੰਭੀਰ ਸਵਾਲ ਖੜੇ ਕੀਤੇ ਹਨ। ਉਨ੍ਹਾਂ ਦਾ ਦੋਸ਼ ਹੈ ਕਿ ਅੱਗ ਲੱਗਣ ਦੀ ਸੂਚਨਾ ਦੇਣ ਤੋਂ ਲਗਭਗ ਇੱਕ ਘੰਟੇ ਬਾਅਦ ਫਾਇਰ ਬ੍ਰਿਗੇਡ ਦੀ ਗੱਡੀ ਮੌਕੇ 'ਤੇ ਪੁੱਜੀ, ਜਿਸ ਸਮੇਂ ਤੱਕ ਕਾਫੀ ਨੁਕਸਾਨ ਹੋ ਚੁੱਕਾ ਸੀ। ਕਿਸਾਨਾਂ ਨੇ ਕਿਹਾ ਕਿ ਜੇ ਸਮੇਂ ਸਿਰ ਗੱਡੀ ਪਹੁੰਚਦੀ ਤਾਂ ਸੈਂਕੜੇ ਏਕੜ ਫਸਲ ਬਚਾਈ ਜਾ ਸਕਦੀ ਸੀ।

ਕਿਸਾਨਾਂ ਮੁਤਾਬਕ ਮਲੋਟ ਫਾਇਰ ਬ੍ਰਿਗੇਡ ਦੀਆਂ ਨਾਕਾਰਾ ਗੱਡੀਆਂ ਇਸ ਤਰ੍ਹਾਂ ਦੀ ਵੱਡੀ ਅੱਗ ਬੁਝਾਉਣ ਵਿੱਚ ਅਸਮਰੱਥ ਹਨ। ਮੌਕੇ 'ਤੇ ਮੁੱਖ ਫਾਇਰ ਅਫਸਰ ਵੀ ਨਹੀਂ ਪੁੱਜੇ। ਕਰਮਚਾਰੀਆਂ ਨੇ ਦੱਸਿਆ ਕਿ ਗੱਡੀਆਂ ਦੇ ਪੰਪ ਖਰਾਬ ਹੋਣ ਕਾਰਨ ਇਹ ਗੱਡੀਆਂ ਕਿਸੇ ਨਹਿਰ, ਖਾਲੇ ਜਾਂ ਹੋਰ ਜਗ੍ਹਾ ਤੋਂ ਪੰਪ ਰਾਹੀਂ ਪਾਣੀ ਨਹੀਂ ਭਰ ਸਕਦੀਆਂ ਅਤੇ ਇਹਨਾਂ ਨੂੰ ਮਲੋਟ ਤੋਂ ਹੀ ਪਾਣੀ ਭਰ ਕੇ ਲਿਆਉਣਾ ਪੈਂਦਾ ਹੈ। ਕਿਸਾਨਾਂ ਨੇ ਦੋਸ਼ ਲਗਾਇਆ ਕਿ ਫਾਇਰ ਬ੍ਰਿਗੇਡ ਦੇ ਗੈਰ-ਜ਼ਿੰਮੇਵਾਰ ਅਫਸਰਾਂ ਦੀ ਲਾਪਰਵਾਹੀ ਕਾਰਨ ਅੱਜ ਉਨ੍ਹਾਂ ਨੂੰ ਵੱਡਾ ਨੁਕਸਾਨ ਝੱਲਣਾ ਪਿਆ ਹੈ। ਉਨ੍ਹਾਂ ਦੱਸਿਆ ਕਿ ਮਲੋਟ ਫਾਇਰ ਬ੍ਰਿਗੇਡ ਸਟੇਸ਼ਨ ਕੋਲ ਤਿੰਨ ਗੱਡੀਆਂ ਹਨ, ਜਿਨ੍ਹਾਂ ਦੇ ਪੰਪ ਪਿਛਲੇ ਇੱਕ ਸਾਲ ਤੋਂ ਵੱਧ ਸਮੇਂ ਤੋਂ ਖਰਾਬ ਪਏ ਹਨ। ਇੱਕ ਗੱਡੀ ਤਾਂ ਬਿਲਕੁਲ ਖਰਾਬ ਹਾਲਤ ਵਿੱਚ ਹੈ।

ਕਿਸਾਨਾਂ ਨੇ ਇਹ ਵੀ ਦੱਸਿਆ ਕਿ ਹਾਲ ਹੀ ਵਿੱਚ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਦਿੱਤੀ ਗਈ ਨਵੀਂ ਫਾਇਰ ਗੱਡੀ ਵਿੱਚ ਵੀ ਖੁਦ ਪੰਪ ਨਾਲ ਪਾਣੀ ਚੁੱਕਣ ਦੀ ਸਮਰੱਥਾ ਨਹੀਂ ਹੈ, ਜਿਸ ਕਾਰਨ ਉਸ ਵਿੱਚ ਵੀ ਪਾਣੀ ਸਿਰਫ਼ ਸਥਾਨਕ ਵਾਟਰ ਸਪਲਾਈ ਦਫਤਰ ਜਾਂ ਫਾਇਰ ਸਟੇਸ਼ਨ ਤੋਂ ਹੀ ਭਰਿਆ ਜਾ ਸਕਦਾ ਹੈ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਪਹਿਲਾਂ ਕਣਕ ਦੇ ਸੀਜ਼ਨ ਦੌਰਾਨ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੂੰ ਹਾਈਵੇ 'ਤੇ ਤਿਆਰ-ਬਰ-ਤਿਆਰ ਖੜਾ ਕੀਤਾ ਜਾਂਦਾ ਸੀ। ਸੂਚਨਾ ਮਿਲਦਿਆਂ ਹੀ ਇਹ ਗੱਡੀਆਂ ਤੁਰੰਤ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾਉਣ ਵਿੱਚ ਸਫਲ ਰਹਿੰਦੀਆਂ ਸਨ। ਪਰ ਇਸ ਵਾਰ ਗੱਡੀਆਂ ਫਾਇਰ ਦਫਤਰ ਵਿੱਚ ਹੀ ਖੜ੍ਹੀਆਂ ਰਹਿੰਦੀਆਂ ਹਨ।

ਫਾਇਰ ਦਫਤਰ ਸ਼ਹਿਰ ਦੇ ਭੀੜਭਾੜ ਵਾਲੇ ਬਾਜ਼ਾਰ ਇਲਾਕੇ ਵਿੱਚ ਹੋਣ ਕਾਰਨ ਗੱਡੀਆਂ ਨੂੰ ਪਹਿਲਾਂ ਟਰੈਫਿਕ ਵਿੱਚੋਂ ਲੰਘ ਕੇ ਬਾਹਰ ਨਿਕਲਣਾ ਪੈਂਦਾ ਹੈ, ਜਿਸ ਨਾਲ ਕਾਫੀ ਸਮਾਂ ਬਰਬਾਦ ਹੋ ਜਾਂਦਾ ਹੈ। ਕਿਸਾਨਾਂ ਨੇ ਕਿਹਾ ਕਿ ਐਮਰਜੈਂਸੀ ਸਥਿਤੀ ਵਿੱਚ ਇਹ ਲਾਪਰਵਾਹੀ ਵੱਡੇ ਨੁਕਸਾਨ ਦਾ ਕਾਰਨ ਬਣ ਰਹੀ ਹੈ। ਕਿਸਾਨਾਂ ਨੇ ਸਰਕਾਰ ਕੋਲ ਮੰਗ ਕੀਤੀ ਕਿ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਤੁਰੰਤ ਠੀਕ ਕੀਤੀਆਂ ਜਾਣ, ਸੀਜ਼ਨ ਦੌਰਾਨ ਹਾਈਵੇ 'ਤੇ ਤੈਨਾਤੀ ਯਕੀਨੀ ਬਣਾਈ ਜਾਵੇ ਅਤੇ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

# ਕੇਂਦਰ ਵੱਲੋਂ ਕਣਕ ਖ਼ਰੀਦ ਨਿਯਮਾਂ 'ਚ ਵੱਡੀ ਢਿੱਲ ਦੇਣ ਤੋਂ ਬਾਅਦ, ਜ਼ਿਲ੍ਹਾ ਪ੍ਰਧਾਨ ਦਮਨ ਬਾਜਵਾ ਵੱਲੋਂ ਨਵੀਂ ਅਨਾਜ ਮੰਡੀ ਦਾ ਦੌਰਾ

ਸੁਨਾਮ ਊਧਮ ਸਿੰਘ ਵਾਲਾ, 17 ਅਪ੍ਰੈਲ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਨਰਿੰਦਰ ਮੋਦੀ ਸਰਕਾਰ ਵੱਲੋਂ ਕਿਸਾਨਾਂ ਲਈ ਕਣਕ ਖਰੀਦ ਨਿਯਮਾਂ ਵਿੱਚ ਵੱਡੀ ਢਿੱਲ ਦੇਣ ਤੋਂ ਬਾਅਦ, ਭਾਜਪਾ ਜ਼ਿਲ੍ਹਾ ਪ੍ਰਧਾਨ ਦਮਨ ਥਿੰਦ ਬਾਜਵਾ ਅਤੇ ਹਰਮਨ ਦੇਵ ਬਾਜਵਾ ਨੇ ਅੱਜ ਸੁਨਾਮ ਦੀ ਨਵੀਂ ਅਨਾਜ ਮੰਡੀ ਦਾ ਦੌਰਾ ਕੀਤਾ। ਉਨ੍ਹਾਂ ਕਿਹਾ ਕਿ ਜਿਵੇਂ ਹੀ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਇਆ, ਕੇਂਦਰੀ ਮੰਤਰੀਆਂ ਰਵਨੀਤ ਸਿੰਘ ਬਿੱਟੂ ਅਤੇ ਪ੍ਰਹਿਲਾਦ ਜੋਸ਼ੀ ਦੇ ਯਤਨਾਂ ਰਾਹੀਂ ਕਿਸਾਨਾਂ ਨੂੰ ਰਾਹਤ ਪ੍ਰਦਾਨ ਕੀਤੀ ਗਈ। ਪੰਜਾਬ ਸਰਕਾਰ 'ਤੇ ਨਿਸ਼ਾਨਾ ਸਾਧਦੇ ਹੋਏ: ਦਮਨ ਬਾਜਵਾ ਨੇ ਕਿਹਾ ਕਿ ਸੂਬਾ ਸਰਕਾਰ ਦੀ ਲਾਪਰਵਾਹੀ ਕਾਰਨ ਕਿਸਾਨਾਂ ਨੂੰ 15 ਦਿਨਾਂ ਤੱਕ ਦੁੱਖ ਝੱਲਣਾ ਪਿਆ। ਜੇਕਰ ਸਮੇਂ ਸਿਰ ਜਾਣਕਾਰੀ ਦਿੱਤੀ ਜਾਂਦੀ ਤਾਂ ਇਹ ਰਾਹਤ ਪਹਿਲਾਂ ਹੀ ਮਿਲ ਸਕਦੀ ਸੀ।





**ਕਿਸਾਨ-ਪੱਖੀ ਫੈਸਲਾ:** ਮੋਦੀ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। "ਕੇਂਦਰ ਸਰਕਾਰ ਕਿਸਾਨਾਂ ਦੇ ਸੁੱਖ-ਦੁੱਖ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਕੋਈ ਮੁਸ਼ਕਲ ਨਹੀਂ ਆਉਣ ਦੇਵੇਗੀ।" ਦਮਨ ਬਾਜਵਾ ਦਾਮਨ ਥਿੰਦ ਬਾਜਵਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ, ਕਮਿਸ਼ਨ ਏਜੰਟਾਂ ਅਤੇ ਮਜ਼ਦੂਰਾਂ ਨੂੰ ਕੋਈ ਮੁਸ਼ਕਲ ਆਉਂਦੀ ਹੈ ਤਾਂ ਉਹ ਫ਼ੋਨ ਕਰਨ। "ਅਸੀਂ ਹਮੇਸ਼ਾ ਤੁਹਾਡੀ ਮਦਦ ਕਰਨ ਲਈ ਤਿਆਰ ਹਾਂ, "ਹਰਮਨ ਬਾਜਵਾ, ਮੋਨਿਕਾ ਗੋਇਲ, ਰਾਜੀਵ ਮੱਖਣ, ਸੰਜੇ ਗੋਇਲ, ਸ਼ੰਕਰ ਬਾਂਸਲ, ਧੀਰਜ ਗੋਇਲ, ਅਸ਼ੋਕ ਗੋਇਲ, ਨਰਿੰਦਰ ਸਿੰਘ ਸ਼ੇਰ, ਤਰਸੇਮ ਜੈਨ ਤੇ ਹੋਰ ਪ੍ਰਮੁੱਖ ਹਸਤੀਆਂ ਇਸ ਮੌਕੇ ਮੌਜੂਦ ਸਨ।

# ਬਰਿੰਦਰ ਕੁਮਾਰ ਗੋਇਲ ਵੱਲੋਂ ਲਗਭਗ 20 ਕਰੋੜ 29 ਲੱਖ ਦੀ ਲਾਗਤ ਵਾਲੇ ਪੁਲ ਪ੍ਰੋਜੈਕਟਾਂ ਦੀ ਸ਼ੁਰੂਆਤ

ਖਨੌਰੀ, 17 ਅਪ੍ਰੈਲ (ਓਮਪ੍ਰਕਾਸ਼ ਮੁਆਲ): ਪੰਜਾਬ ਸਰਕਾਰ ਵੱਲੋਂ ਇਲਾਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਲੋਕਾਂ ਨੂੰ ਵਧੀਆ ਆਵਾਜਾਈ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਤਹਿਤ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਲਗਭਗ 20 ਕਰੋੜ 29 ਲੱਖ ਰੁਪਏ ਦੀ ਕੁੱਲ ਲਾਗਤ ਵਾਲੇ ਦੋ ਮਹੱਤਵਪੂਰਨ ਪੁਲ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਗਈ। ਇਸ ਦੌਰਾਨ ਪਿੰਡ ਮੰਡਵੀ ਵਿਖੇ ਲਗਭਗ 11 ਕਰੋੜ 61 ਲੱਖ ਰੁਪਏ ਦੀ ਲਾਗਤ ਨਾਲ ਘੱਗਰ ਦਰਿਆ ਦੇ ਪੁਲ ਨੂੰ ਚੌੜਾ ਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਮੰਤਰੀ ਨੇ ਦੱਸਿਆ ਕਿ ਇਸ ਪੁਲ ਦੇ ਚੌੜੇ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਆ ਰਹੀਆਂ ਦਿੱਕਤਾਂ ਤੋਂ ਰਾਹਤ ਮਿਲੇਗੀ ਤੇ ਟ੍ਰੈਫਿਕ ਦਾ ਬੋਝ ਘਟੇਗਾ। ਉਨ੍ਹਾਂ ਕਿਹਾ ਕਿ ਘੱਗਰ ਦਰਿਆ ਉੱਤੇ ਬਣਿਆ ਇਹ ਪੁਲ ਇਲਾਕੇ ਲਈ ਬਹੁਤ ਹੀ ਮਹੱਤਵਪੂਰਨ ਕੜੀ ਹੈ ਤੇ ਇਸ ਦੀ ਅਪਗ੍ਰੇਡੇਸ਼ਨ ਨਾਲ ਸੁਰੱਖਿਆ ਤੇ ਸਹੂਲਤ ਦੋਹਾਂ ਵਿੱਚ ਵਾਧਾ ਹੋਵੇਗਾ।

ਇਸ ਤੋਂ ਇਲਾਵਾ, ਕੈਬਨਿਟ ਮੰਤਰੀ ਵੱਲੋਂ ਪਿੰਡ ਫੂਲਦ ਵਿਖੇ ਕਰੀਬ 8 ਕਰੋੜ 68 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਪੁਲ ਦਾ ਨੀਂਹ ਪੱਥਰ ਵੀ ਰੱਖਿਆ ਗਿਆ। ਉਨ੍ਹਾਂ ਕਿਹਾ ਕਿ ਇਸ ਨਵੇਂ ਪੁਲ ਦੇ ਨਿਰਮਾਣ ਨਾਲ ਆਸ-ਪਾਸ ਦੇ ਕਈ ਪਿੰਡਾਂ ਨੂੰ ਸਿੱਧੀ ਤੇ ਸੁਚੱਜੀ ਕੁਨੈਕਟੀਵਿਟੀ ਮਿਲੇਗੀ, ਜਿਸ ਨਾਲ ਲੋਕਾਂ ਦੀ ਜ਼ਿੰਦਗੀ ਹੋਰ ਸੁਖਾਲੀ ਬਣੇਗੀ। ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਹਰ ਹਿੱਸੇ ਵਿੱਚ ਵਿਕਾਸ ਦੇ ਨਵੇਂ ਮਾਪਦੰਡ ਸਥਾਪਿਤ ਕਰ ਰਹੀ ਹੈ। ਸੜਕਾਂ, ਪੁਲਾਂ ਤੇ ਹੋਰ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਨੂੰ ਤਰਜੀਹ ਦੇ ਕੇ ਲੋਕਾਂ ਨੂੰ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਦੋਹਾਂ ਪ੍ਰੋਜੈਕਟਾਂ ਦੇ ਕੰਮ ਨੂੰ ਸਮੇਂ ਸਿਰ ਅਤੇ ਮਿਆਰੀ ਢੰਗ ਨਾਲ ਪੂਰਾ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਜਲਦੀ ਤੋਂ ਜਲਦੀ ਇਸ ਦਾ ਲਾਭ ਮਿਲ ਸਕੇ। ਇਸ ਮੌਕੇ ਇਲਾਕੇ ਦੇ ਪ੍ਰਮੁੱਖ ਵਿਅਕਤੀ, ਸਰਕਾਰੀ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਅਨਾਜ ਮੰਡੀ ਖਨੌਰੀ ਵਿਚ ਕਣਕ ਦੀ ਸਰਕਾਰੀ ਖਰੀਦ ਦੀ ਸ਼ੁਰੂਆਤ ਕਰਵਾਉਂਦੇ ਹੋਏ ਨਾਲ ਨਜ਼ਰ ਆ ਰਹੇ ਹਨ ਜੋਗੀ ਰਾਮ ਭੁੱਲਣ ਚੇਅਰਮੈਨ ਮਾਰਕੀਟ ਕਮੇਟੀ ਖਨੌਰੀ।

(ਫੋਟੋ ਅਤੇ ਵੇਰਵਾ : ਓਮਪ੍ਰਕਾਸ਼ ਮੁਆਲ)

# ਅਰਵਿੰਦ ਖੰਨਾ ਦੀ ਅਗਵਾਈ ਹੇਠ ਵੱਡੀ ਗਿਣਤੀ 'ਚ ਨੌਜਵਾਨ ਅਕਾਲੀ ਦਲ ਵਿੱਚ ਸ਼ਾਮਲ

ਸੰਗਰੂਰ, 17 ਅਪ੍ਰੈਲ (ਹਰਕੰਵਲ ਸਿੰਘ ਹੈਪੀ): ਸਥਾਨਕ ਸੰਗਰੂਰ ਸ਼ਹਿਰ ਦੀ ਘੁਮਿਆਰ ਬਸਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਭਾਰੀ ਬਲ ਮਿਲਿਆ ਜਦੋਂ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ ਦੀ ਪ੍ਰੇਰਣਾ ਸਦਕਾ ਵੱਡੀ ਗਿਣਤੀ ਨੌਜਵਾਨਾਂ ਨੇ ਸੰਦੀਪ ਜਿਝੌਰੀਆ (ਮਨੀ) ਤੇ ਮਨਦੀਪ ਸਿੰਘ ਮੋਨੂੰ ਦੀ ਅਗਵਾਈ ਵਿੱਚ ਆਪਣੇ ਦਰਜਨਾਂ ਸਾਥੀਆਂ ਸਮੇਤ ਆਪੋ ਆਪਣੀਆਂ ਪਾਰਟੀਆਂ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਸੰਗਰੂਰ ਦੇ ਹਲਕਾ ਇੰਚਾਰਜ ਅਰਵਿੰਦ ਖੰਨਾ ਨੇ ਅਕਾਲੀ ਦਲ ਵਿੱਚ ਸ਼ਾਮਿਲ ਹੋਣ ਵਾਲੇ ਸਮੂਹ ਦਾ ਪਾਰਟੀ ਵਿੱਚ ਸਵਾਗਤ ਕੀਤਾ। ਇਸ ਦੌਰਾਨ ਗੱਲਬਾਤ ਕਰਦਿਆਂ ਅਰਵਿੰਦ ਖੰਨਾ ਨੇ ਕਿਹਾ ਕਿ ਨੌਜਵਾਨ ਆਗੂ ਹਰ ਇੱਕ ਪਾਰਟੀ ਲਈ ਰੀੜ ਦੀ ਹੱਡੀ ਹੁੰਦੀ ਹੈ, ਖੁਸ਼ੀ ਦੀ ਗੱਲ ਹੈ ਕਿ ਸੰਗਰੂਰ ਦਾ ਯੂਥ ਵੱਡੀ ਗਿਣਤੀ ਵਿੱਚ ਆਪ ਮੁਹਾਰੇ ਹੋ ਕੇ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਰਿਹਾ ਹੈ। ਅੱਜ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ ਹੋਣ ਤੇ ਮੈਂ ਸਾਰੇ ਨੌਜਵਾਨ ਸਾਥੀਆਂ ਦਾ ਸਵਾਗਤ ਕਰਦਾ ਹਾਂ ਅਤੇ ਵਿਸ਼ਵਾਸ ਦਿਵਾਉਂਦਾ ਹਾਂ ਕਿ ਉਨਾਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।

ਉਨਾਂ ਕਿਹਾ ਕਿ ਸੱਤਾਧਾਰੀ ਆਮ ਆਦਮੀ ਪਾਰਟੀ ਪੰਜਾਬ ਵਿੱਚ ਖੇਰੂੰ ਖੇਰੂੰ ਹੋ ਚੁੱਕੀ ਹੈ। ਉਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਜਿਸ ਉਤਸ਼ਾਹ ਦੇ ਨਾਲ ਆਪ ਪਾਰਟੀ ਨੂੰ ਵੋਟਾਂ ਪਾ ਕੇ ਪੰਜਾਬ ਵਿੱਚ ਲਿਆਂਦਾ ਸੀ, ਪਰ ਸੱਤਾ ਹਥਿਆਉਂਦਿਆਂ ਹੀ ਇਨਾਂ ਨੇ ਆਪਣਾ ਅਸਲੀ ਰੂਪ ਦਿਖਾਉਣਾ ਆਰੰਭ ਕਰ ਦਿੱਤਾ। ਵੋਟਾਂ ਤੋਂ ਪਹਿਲਾਂ ਪੰਜਾਬ ਦੇ ਲੋਕਾਂ ਨੂੰ ਜਿਹੜੀਆਂ ਗਰੰਟੀਆਂ ਦਿੱਤੀਆਂ ਸਨ, ਉਨਾਂ ਵਿੱਚੋਂ ਇੱਕ ਵੀ ਪੂਰੀ ਨਹੀਂ ਕੀਤੀ ਜਿਸ ਕਾਰਨ ਪੰਜਾਬ ਦੇ ਲੋਕ ਪੂਰੀ ਤਰਾਂ ਦੇ ਨਾਲ ਨਿਰਾਸ਼ ਹਨ। ਉਨਾਂ ਇਹ ਵੀ ਕਿਹਾ ਕਿ ਅੱਜ ਪੰਜਾਬ ਦਾ ਕਿਸਾਨ ਮੰਡੀਆਂ ਵਿੱਚ ਰੁਲ ਰਿਹਾ ਹੈ, ਉਨਾਂ ਦੀ ਬਾਂਹ ਫੜਨ ਵਾਲਾ ਕੋਈ ਨਹੀਂ 10-10 ਦਿਨਾਂ ਤੋਂ ਕਿਸਾਨ ਮੰਡੀਆਂ ਵਿੱਚ ਡੇਰੇ ਲਾਈ ਬੈਠੇ ਹਨ, ਸਰਕਾਰ ਨੇ ਇੱਕ ਵੀ ਦਾਣਾ ਕਣਕ ਦਾ ਨਹੀਂ ਖਰੀਦਿਆ। ਉਨਾਂ ਆਖਿਆ ਕਿ ਅੱਜ ਭਗਵੰਤ ਮਾਨ ਕਿੱਥੇ ਹੈ ਜਿਹੜੇ ਵੋਟਾਂ ਤੋਂ ਪਹਿਲਾਂ ਇਹ ਕਹਿੰਦਾ ਹੁੰਦਾ ਸੀ ਕਿ ਉਹ ਮੰਡੀਆਂ ਵਿੱਚ ਕਿਸਾਨਾਂ ਦੇ ਨਾਲ ਖੁਦ ਬੈਠਿਆ ਕਰਨਗੇ।

ਖੰਨਾ ਨੇ ਸਰਕਾਰ ਤੋਂ ਮੰਗ ਕੀਤੀ ਕਿ ਛੇਤੀ ਤੋਂ ਛੇਤੀ ਕਣਕ ਦੀ ਖਰੀਦ ਆਰੰਭ ਕਰਵਾਈ ਜਾਵੇ ਤਾਂਕਿ ਗੜੇਮਾਰੀ ਦਾ ਸ਼ਿਕਾਰ ਹੋਏ ਕਿਸਾਨਾਂ ਨੂੰ ਹੁਣ ਹੋਰ ਜ਼ਿਆਦਾ ਦੇਰ ਮੰਡੀਆਂ ਵਿੱਚ ਨਾ ਰੋਲਿਆ ਜਾਵੇ। ਇਸ ਮੌਕੇ ਇਕਬਾਲ ਸਿੰਘ ਪੂਨੀਆ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਜੋਗਾ ਸਿੰਘ ਫੱਗੂਵਾਲਾ ਸੀਨੀਅਰ ਅਕਾਲੀ ਆਗੂ, ਧਰਮਿੰਦਰ ਸਿੰਘ ਦੁੱਲਟ, ਅਕਾਲੀ ਆਗੂ, ਅਮਰਜੀਤ ਸਿੰਘ ਜੀਤ ਪ੍ਰਧਾਨ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।



# ਸਤੀ ਸ਼ਿਵਾਲਾ ਮੰਦਰ ਵਿਖੇ ਵਿਆਸ ਪਰਿਵਾਰ ਭਗਵਾਨ ਪਰਸ਼ੂਰਾਮ ਦੀ ਮੂਰਤੀ ਸਥਾਪਤ

ਸੁਨਾਮ ਊਧਮ ਸਿੰਘ ਵਾਲਾ, 17 ਅਪ੍ਰੈਲ (ਮੋਹਣ ਸ਼ਰਮਾ ਰਾਊਵਰਿੰਦਰ ਮਠਾੜੂ): ਭਗਵਾਨ ਪਰਸ਼ੂਰਾਮ ਜਯੰਤੀ ਅਤੇ ਭਗਵਾਨ ਪਰਸ਼ੂਰਾਮ ਦੀ ਮੂਰਤੀ ਸਥਾਪਨਾ ਸਮਾਰੋਹ ਸਤੀ ਸ਼ਿਵਾਲਾ ਮੰਦਰ ਵਿਖੇ ਬਹੁਤ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੰਦਰ ਕਮੇਟੀ ਦੇ ਸਰਪ੍ਰਸਤ ਰਾਮੇਸ਼ ਸ਼ਰਮਾ ਅਤੇ ਪ੍ਰਧਾਨ ਨਰਿੰਦਰ ਠੇਕੇਦਾਰ ਨੇ ਕਿਹਾ ਕਿ ਸਵਰਗੀ ਡਾ. ਵਿਕਰਮ ਸ਼ਰਮਾ ਦੀ ਯਾਦ ਵਿੱਚ, ਉਨ੍ਹਾਂ ਦੀ ਪਤਨੀ, ਸੁਧਾ ਸ਼ਰਮਾ ਤੇ ਉਨ੍ਹਾਂ ਦੇ ਪੁੱਤਰ, ਡਾ. ਈਸ਼ਾਨ ਸ਼ਰਮਾ ਤੇ ਡਾ. ਸੁਰਭੀ ਸ਼ਰਮਾ ਉਨ੍ਹਾਂ ਦੀ ਧੀ, ਡਾ. ਐਸ਼ਵਰਿਆ ਸ਼ਰਮਾ ਤੇ ਡਾ. ਏ.ਪੀ. ਸ਼ਰਮਾ ਮੁੱਖ ਜਜਮਾਨ ਹੋਣਗੇ। ਪੂਰੇ ਵਿਆਸ ਪਰਿਵਾਰ ਵੱਲੋਂ ਭਗਵਾਨ ਵਿਸ਼ਨੂੰ ਦੇ ਛੇਵੇਂ ਅਵਤਾਰ, ਭਗਵਾਨ ਪਰਸ਼ੂਰਾਮ ਦੀ ਮੂਰਤੀ ਸਥਾਪਤ ਕਰਵਾਈ ਜਾ ਰਹੀ ਹੈ ਇਸ ਮੌਕੇ ਤੇ, ਮੰਦਰ ਕਮੇਟੀ ਵੱਲੋਂ ਸਤੀ ਸ਼ਿਵਾਲਾ ਮੰਦਰ ਵਿਖੇ ਸ੍ਰੀ ਮੰਦ ਭਾਗਵਤ ਸਪਤਾਹ ਗਿਆਨ ਯੱਗ ਦਾ ਆਯੋਜਨ ਕੀਤਾ ਜਾ ਰਿਹਾ ਹੈ ਤੇ 18 ਅਪ੍ਰੈਲ ਨੂੰ ਇੱਕ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾਵੇਗੀ 19 ਅਪ੍ਰੈਲ ਨੂੰ ਭਗਵਾਨ ਪਰਸ਼ੂਰਾਮ ਜਯੰਤੀ ਸ਼ਿਵਾਲਾ ਮੰਦਿਰ ਵਿਖੇ ਸਮੁੱਚੇ ਬ੍ਰਾਹਮਣ ਭਾਈਚਾਰੇ ਅਤੇ ਸ਼ਹਿਰ ਨਿਵਾਸੀਆਂ ਵੱਲੋਂ ਬੜੀ ਧੂਮਧਾਮ ਨਾਲ ਮਨਾਈ ਜਾਵੇਗੀ ਤੇ ਮਦਭਾਗਵਤ ਜੀ ਦੇ ਪਾਠ ਤੇ ਭਗਵਾਨ ਸ੍ਰੀ ਪਰਸ਼ੂਰਾਮ ਜੀ ਦੀ ਆਰਤੀ ਤੋਂ ਬਾਅਦ ਭੋਗ ਉਪਰੰਤ ਕਥਾ ਮੰਦਰ ਕਮੇਟੀ ਵੱਲੋਂ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਇਸ ਮੌਕੇ 'ਤੇ ਮੰਦਰ ਕਮੇਟੀ ਦੇ ਮੈਂਬਰਾਂ ਨੇ ਭਗਵਾਨ ਪਰਸ਼ੂਰਾਮ ਜਯੰਤੀ ਦੀਆਂ ਸਾਰੇ ਦੇਸ਼ ਵਾਸੀਆਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਚੇਅਰਮੈਨ ਗੋਪਾਲ ਸ਼ਰਮਾ, ਰਾਮ ਰਤਨ ਸ਼ਰਮਾ, ਨਰਿੰਦਰਪਾਲ ਸ਼ਰਮਾ, ਮੇਘਰਾਜ ਸ਼ਰਮਾ ਅਤੇ ਵੱਡੀ ਗਿਣਤੀ ਵਿੱਚ ਮੰਦਰ ਕਮੇਟੀ ਦੇ ਮੈਂਬਰ ਮੌਜੂਦ ਸਨ।



# ਤਲਵੰਡੀ ਸਾਬੋ ਦੀਆਂ ਮੰਡੀਆਂ 'ਚ ਕਣਕ ਦੀ ਖਰੀਦ ਲੇਟ ਹੋਣ ਕਾਰਨ ਕਿਸਾਨ ਖੱਜਲ-ਖੁਆਰ

ਤਲਵੰਡੀ ਸਾਬੋ, 17 ਅਪ੍ਰੈਲ (ਰਾਮ ਕੁਮਾਰ ਜਿੰਦਲ): ਪੰਜਾਬ ਵਿੱਚ ਕਣਕ ਦੀ ਖਰੀਦ ਨੂੰ ਲੈ ਕੇ ਜਿੱਥੇ ਸਰਕਾਰ ਵੱਲੋਂ ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਉੱਥੇ ਮੈਦਾਨੀ ਹਕੀਕਤ ਕੁਝ ਹੋਰ ਹੀ ਨਜ਼ਰ ਆ ਰਹੀ ਹੈ। ਤਲਵੰਡੀ ਸਾਬੋ ਇਲਾਕੇ ਦੀਆਂ ਕਈ ਦਾਣਾ ਮੰਡੀਆਂ ਵਿੱਚ ਅਜੇ ਤੱਕ ਕਣਕ ਦੀ ਬੋਲੀ ਸ਼ੁਰੂ ਨਹੀਂ ਹੋ ਸਕੀ, ਜਿਸ ਕਾਰਨ ਕਿਸਾਨਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਭਾਗੀਵਾਂਦਰ ਦੀ ਦਾਣਾ ਮੰਡੀ ਵਿੱਚ ਵੀ ਕਣਕ ਦੀ ਖਰੀਦ ਬੋਲੀ ਅੱਜ ਕਾਂਗਰਸ ਦੇ ਬਲਾਕ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੀ ਅਗਵਾਈ ਹੇਠ ਸ਼ੁਰੂ ਕਰਵਾਈ ਗਈ। ਇਸ ਦੌਰਾਨ ਜ਼ਿਲ੍ਹਾ ਅਧਿਕਾਰੀ ਤੇ ਸਬੰਧਤ ਇੰਸਪੈਕਟਰ ਨੂੰ ਮੌਕੇ 'ਤੇ ਬੁਲਾ ਕੇ ਪ੍ਰਕਿਰਿਆ ਆਰੰਭ ਕਰਵਾਈ ਗਈ। ਮੀਡੀਆ ਨਾਲ ਗੱਲਬਾਤ ਕਰਦਿਆਂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਿਰਫ਼ ਮੀਡੀਆ ਰਾਹੀਂ ਲੋਕਾਂ ਨੂੰ ਗੁਮਰਾਹ ਕਰ ਰਹੀ ਹੈ, ਜਦਕਿ ਅਸਲ ਵਿੱਚ ਕਿਸਾਨ ਮੰਡੀਆਂ ਵਿੱਚ ਆਪਣੀ ਫਸਲ ਲੈ ਕੇ ਖੱਜਲ-ਖੁਆਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੇ ਆਪਣੀ ਫਸਲ ਨੂੰ ਪੁੱਤਾਂ ਵਾਂਗ ਪਾਲਿਆ ਹੈ ਅਤੇ ਹੁਣ ਉਹਨਾਂ ਨੂੰ ਇਸ ਦੀ ਸਮੇਂ ਸਿਰ ਖਰੀਦ ਦੀ ਉਮੀਦ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਜਲਦ ਤੋਂ ਜਲਦ ਕਣਕ ਦੀ ਖਰੀਦ ਅਤੇ ਉਠਾਨ ਯਕੀਨੀ ਬਣਾਇਆ ਜਾਵੇ, ਤਾਂ ਜੋ ਕਿਸਾਨ ਆਪਣੀ ਅਗਲੀ ਖੇਤੀਬਾੜੀ ਦੀ ਤਿਆਰੀ ਸਮੇਂ ਸਿਰ ਕਰ ਸਕਣ। ਇਸ ਮੌਕੇ ਰਣਵੀਰ ਸਿੰਘ ਸ਼ੇਖਪੁਰਾ ਉਪ ਪ੍ਰਧਾਨ, ਜ਼ਿਲ੍ਹਾ ਕਾਂਗਰਸ ਕਮੇਟੀ, ਮੇਜਰ ਸਿੰਘ ਜਗਾ ਰਾਮ ਤੀਰਥ ਬੁਲਾਰਾ, ਯੂਥ ਆਗੂ ਬਲਜੀਤ ਸਿੰਘ ਭਾਗੀਵਾਂਦਰ, ਗੁਰਪ੍ਰੀਤ ਸਿੰਘ ਲਹਿਰੀ, ਬੱਬੂ ਰਾਮ ਭਾਗੀਵਾਂਦਰ ਅਤੇ ਆੜਤੀਆ ਸੁਰੇਸ਼ ਕੁਮਾਰ, ਸਿਪੀ ਕੁਮਾਰ ਤੇ ਭੋਲਾ ਰਾਮ ਸਮੇਤ ਕਿਸਾਨ ਹਾਜ਼ਰ ਸਨ।



# ਬਾਬਾ ਇੰਦਰ ਸਿੰਘ ਬੁੱਢਾ ਦਲ ਘੋੜਿਆਂ ਦੇ ਜਥੇਦਾਰ ਨਮਿੱਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ

ਤਲਵੰਡੀ ਸਾਬੋ, 17 ਅਪ੍ਰੈਲ (ਰਾਮ ਜਿੰਦਲ ਜਗਾ): ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਨਿਹੰਗ ਸਿੰਘਾਂ ਦੇ ਪੁਰਾਤਨ ਅਨਿਨ ਸੇਵਕ ਬਾਬਾ ਇੰਦਰ ਸਿੰਘ ਘੋੜਿਆਂ ਦੇ ਜਥੇਦਾਰ ਜੋ ਬੀਤੇ ਦਿਨੀ ਗੁਰਪੁਰੀ ਸੁਧਾਰ ਗਏ ਸਨ। ਬੀਤੇ ਦਿਨੀ ਗੁਰਦੁਆਰਾ ਬੇਰ ਸਾਹਿਬ ਦੇਗਸਰ ਛਾਉਣੀ ਬੁੱਢਾ ਦਲ ਵਿਖੇ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਹੋਇਆ ਜਿਸ ਵਿਚ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ ਉਪਰੰਤ ਭਾਈ ਗੁਰਪ੍ਰੀਤ ਸਿੰਘ ਪੰਜਗਰਾਈ ਕਲਾਂ ਅਤੇ ਭਾਈ ਲਖਬੀਰ ਸਿੰਘ ਕੋਟਕਪੂਰਾ ਨੇ ਸ਼ਬਦ ਕੀਰਤਨ ਰਾਹੀਂ ਹਾਜਰੀਆਂ ਭਰੀਆਂ। ਬਾਬਾ ਸੁਖਵਿੰਦਰ ਸਿੰਘ ਮੋਰ ਨੇ ਅਰਦਾਸ ਬੇਨਤੀ ਕੀਤੀ। ਬਾਬਾ ਇੰਦਰ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਟੇਕ ਸਿੰਘ ਧਨੌਲਾ ਦੀ ਤਰਫੋਂ ਹੈਡ ਗ੍ਰੰਥੀ ਭਾਈ ਜਗਤਾਰ ਸਿੰਘ ਨੇ ਕਿਹਾ ਕਿ ਬਾਬਾ ਇੰਦਰ ਸਿੰਘ ਪੰਥ ਬੁੱਢੇ ਦਲ ਦੇ ਪੁਰਾਣੇ ਬਜ਼ੁਰਗ ਸੇਵਾਦਾਰ ਸਨ। ਜਿਨਾਂ ਨੇ ਬੁੱਢਾ ਦਲ ਵਿੱਚ ਬੇਅੰਤ ਸੇਵਾਵਾਂ ਕੀਤੀਆਂ। ਅਸੀਂ ਵੀ ਕਈ ਵਾਰ ਉਹਨਾਂ ਨੂੰ ਇਸ ਅਸਥਾਨ ਦੇ ਉੱਤੇ ਕਥਾ ਵਿਖਿਆਨ ਕਰਦਿਆਂ ਸੁਣਿਆ ਉਹਨਾਂ ਦਾ ਇਸ ਫਾਨੀ ਸੰਸਾਰ ਤੋਂ ਚਲੇ ਜਾਣ ਨਾਲ ਪੰਥ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਕਿਹਾ ਕਿ ਬਾਬਾ ਇੰਦਰ ਸਿੰਘ ਬੁੱਢਾ ਦਲ ਦੇ ਬਾਰਵੇਂ ਜਥੇਦਾਰ ਬਾਬਾ ਚੇਤ ਸਿੰਘ ਵੇਲੇ ਪੰਥ ਵਿੱਚ ਭਰਤੀ ਹੋਏ ਸਨ। ਜਿਨਾਂ ਨੇ ਬਾਬਾ ਸੰਤਾ ਸਿੰਘ ਜੀ ਨਾਲ 40 ਸਾਲ ਸੇਵਾ ਨਿਭਾਈ ਉਪਰੰਤ ਹੁਣ ਮੇਰੇ ਨਾਲ ਪੰਥ ਦੇ ਵਿੱਚ ਰਹਿ ਕੇ ਬੇਅੰਤ ਸੇਵਾਵਾਂ ਕਰ ਰਹੇ ਸਨ। ਬਾਬਾ ਇੰਦਰ ਸਿੰਘ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਵਿੱਚ ਬਾਬਾ ਜੋਗਾ ਸਿੰਘ ਤਰਨਾ ਦਲ ਬਾਬਾ ਬਕਾਲਾ, ਬਾਬਾ ਅਵਤਾਰ ਸਿੰਘ ਬਿਧੀ ਚੰਦ ਦਲ ਦੇ ਸਿੰਘ, ਜਥੇਦਾਰ ਜਗਜੀਤ ਸਿੰਘ, ਬਾਬਾ ਸਾਹਿਬ ਸਿੰਘ ਗੁਰੂ ਨਾਨਕ ਦਲ ਮੜੀਆਂਵਾਲ, ਬਾਬਾ ਸੁੱਖਾ ਸਿੰਘ ਖਿਆਲੇ ਵਾਲੇ, ਬਾਬਾ ਮੇਜਰ ਸਿੰਘ ਸੋਢੀ ਦਸ਼ਮੇਸ਼ ਤਰਨਾ ਦਲ, ਬਾਬਾ ਬਾਬਾ ਦਲਵੀਰ ਸਿੰਘ ਸ੍ਰੀ ਅਨੰਦਪੁਰ ਸਾਹਿਬ, ਮੈਨੇਜਰ ਨਰਿੰਦਰਜੀਤ ਸਿੰਘ ਤਖਤ ਸਾਹਿਬ, ਬਾਬਾ ਜੱਸਾ ਸਿੰਘ ਮੱਲਣ, ਬਾਬਾ ਮੇਜਰ ਸਿੰਘ ਮੁਖਤਿਆਰੇਆਮ, ਪਰਮਜੀਤ ਸਿੰਘ ਕੋਟਫੱਤਾ ਆਪ ਕਿਸਾਨ ਵਿੰਗ ਬਠਿੰਡਾ, ਭਾਈ ਰਣਜੋਧ ਸਿੰਘ ਚੰਡੀਗੜ੍ਹ, ਵਿਧਾਇਕਾ ਬਲਜਿੰਦਰ ਕੌਰ ਚੀਫ ਵਿੱਪ ਵਲੋਂ ਦਰਸ਼ਨ ਸਿੰਘ ਜਗਾ ਰਾਮ ਤੀਰਥ, ਬਾਬਾ ਮੱਘਰ ਸਿੰਘ ਹੈਡ ਗ੍ਰੰਥੀ, ਭਾਈ ਮਾਨ ਸਿੰਘ ਲਿਖਾਰੀ, ਬਾਬਾ ਲਾਲ ਸਿੰਘ ਭੀਖੀ, ਬਾਬਾ ਸ਼ੇਰ ਸਿੰਘ ਦਮਦਮਾ ਸਾਹਿਬ, ਸੁਖਦੇਵ ਸਿੰਘ ਸੁੱਖਾ, ਬਾਬਾ ਜੀਤ ਸਿੰਘ ਮਾਨਸਾ, ਬਾਬਾ ਜਰਨੈਲ ਸਿੰਘ ਅਕਬਰਪੁਰ ਖੁਡਾਲ, ਇੰਦਰਪਾਲ ਸਿੰਘ ਫੌਜੀ ਰਿੱਕੀ, ਬਾਬਾ ਹਰਬੰਸ ਸਿੰਘ ਸੰਗਰੂਰ, ਸੁਖਪਾਲ ਸਿੰਘ ਫੂਲ ਮਾਲਵਾ ਤਰਨਾ ਦਲ, ਬਾਬਾ ਰਾਜਾ ਰਾਜ ਸਿੰਘ ਅਰਬਾਂ ਖਰਬਾਂ, ਭਾਈ ਬਿੰਦਰ ਸਿੰਘ ਸੁਖਨਾ, ਬਾਬਾ ਦਰਸ਼ਨ ਸਿੰਘ ਪੀਲੀਆਂ ਬੰਗਾਂ, ਬਾਬਾ ਵਿਸ਼ਵਪ੍ਰਤਾਪ ਸਿੰਘ ਸਮਾਣਾ, ਬਾਬਾ ਸ਼ਮਸ਼ੇਰ ਸਿੰਘ ਪੀਰਕਾਮੜੀਆ, ਭਾਈ ਸੁਰਿੰਦਰਪਾਲ ਸਿੰਘ ਆਲ ਇੰਡੀਆ ਰੇਡੀਓ ਗੁਰਬਾਣੀ, ਬਾਬਾ ਬੂਟਾ ਸਿੰਘ ਲੰਭਵਾਲੀ, ਮਹੰਤ ਸੁਰਜੀਤ ਸਿੰਘ ਨੰਗਲ, ਬਾਬਾ ਖੜਕ ਸਿੰਘ ਗੁਰੂਸਰ, ਸੰਤ ਅਜੀਤ ਸਿੰਘ ਕੀਰਤਨਪੁਰੇ ਵਾਲੇ ਵੱਲੋਂ ਭਾਈ ਅਜੈਬ ਸਿੰਘ, ਬਾਬਾ ਕਾਕਾ ਸਿੰਘ ਮੁਰਾਦਵਾਲਾ, ਬਾਬਾ ਸਰਵਣ ਸਿੰਘ ਮਝੈਲ ਲੱਖੀ ਜੰਗਲ, ਬਾਬਾ ਭਗਤ ਸਿੰਘ ਬੁਰਜ ਅਕਾਲੀ ਫੂਲਾ ਸਿੰਘ ਮੈਨੇਜਰ ਪਰਮਜੀਤ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ, ਜਥੇਦਾਰ ਬੱਲਮ ਸਿੰਘ ਦਸਮੇਸ਼ ਤਰਨਾ ਦਲ ਤਲਵੰਡੀ ਸਾਹਿਬ, ਬਾਬਾ ਗੁਰਮੁੱਖ ਸਿੰਘ ਹਜੂਰੀ ਸੇਵਕ, ਬਾਬਾ ਲਛਮਣ ਸਿੰਘ, ਬਾਬਾ ਬਲਦੇਵ ਸਿੰਘ ਵੱਡੀਵਿੰਡ, ਭਾਈ ਸਰਬਜੀਤ ਸਿੰਘ ਕਟਾਰਸਰ, ਬਾਬਾ ਸੁਖਵਿੰਦਰ ਸਿੰਘ ਨਿਹੰਗ, ਭਾਈ ਸਰਬਜੀਤ ਸਿੰਘ ਡੀ ਸੀ, ਭਾਈ ਸਤਨਾਮ ਸਿੰਘ ਧੂਰੀ, ਬੋਗਾ ਸਿੰਘ ਗਿੱਲ, ਹਰਨੇਕ ਸਿੰਘ ਬਹੁਜਨ ਸਮਾਜ ਪਾਰਟੀ ਤੋਂ ਇਲਾਵਾ ਬਾਬਾ ਇੰਦਰ ਸਿੰਘ ਦੇ ਭਰਾਤਾ ਭਤੀਜੇ ਰਿਸ਼ਤੇਦਾਰ ਵੀ ਹਾਜ਼ਰ ਹੋਏ। ਇਸ ਸਮੇਂ ਗੁਰੂ ਦਾ ਲੰਗਰ ਤੇ ਸ਼ਰਦਾਈਆਂ ਦੇ ਲੰਗਰ ਵੀ ਅਤੁੱਟ ਵਰਤਾਏ ਗਏ।



# ਨਗਰ ਨਿਗਮ ਬਠਿੰਡਾ 'ਚ ਹੜਤਾਲ ਦਾ ਖ਼ਤਰਾ: ਸਫ਼ਾਈ ਸੇਵਕਾਂ ਨੇ ਪ੍ਰਸ਼ਾਸਨ ਨੂੰ ਦਿੱਤਾ 24 ਘੰਟੇ ਦਾ ਅਲਟੀਮੇਟਮ

ਬਠਿੰਡਾ, 17 ਅਪ੍ਰੈਲ (ਦੀਪਕ ਸ਼ਰਮਾ): ਬਠਿੰਡਾ ਨਗਰ ਨਿਗਮ ਦੇ ਸਫ਼ਾਈ ਸੇਵਕਾਂ ਤੇ ਸੀਵਰੇਜ ਕਰਮਚਾਰੀਆਂ ਨੇ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਪ੍ਰਸ਼ਾਸਨ ਵਿਰੁੱਧ ਮੋਰਚਾ ਖੋਲ੍ਹ ਦਿੱਤਾ ਹੈ। ਸਫ਼ਾਈ ਸੇਵਕ ਯੂਨੀਅਨ ਅਤੇ ਸੀਵਰੇਜ ਵਰਕਰ ਯੂਨੀਅਨ ਦੀ ਸਾਂਝੀ ਬੈਠਕ ਵਿੱਚ ਫ਼ੈਸਲਾ ਲਿਆ ਗਿਆ ਹੈ ਕਿ ਜੇਕਰ 24 ਘੰਟੇ ਦੇ ਅੰਦਰ ਉਹਨਾਂ ਦੀਆਂ ਮੰਗਾਂ 'ਤੇ ਗੌਰ ਨਾ ਕੀਤੀ ਗਈ ਤਾਂ ਪੂਰੇ ਸ਼ਹਿਰ ਵਿੱਚ ਸਫ਼ਾਈ ਦਾ ਕੰਮ ਠੱਪ ਕਰਕੇ ਹੜਤਾਲ ਸ਼ੁਰੂ ਕਰ ਦਿੱਤੀ ਜਾਵੇਗੀ। ਯੂਨੀਅਨ ਦੇ ਪ੍ਰਧਾਨ ਵਿਨੋਦ ਕੁਮਾਰ (ਮਾਲੀ) ਅਤੇ ਰਵੀ ਲਾਲ ਦੀ ਪ੍ਰਧਾਨਗੀ ਹੇਠ ਹੋਈ ਬੈਠਕ ਵਿੱਚ ਮੁੱਖ ਮੁੱਦਾ 597 ਆਊਟਸੋਰਸ ਕਰਮਚਾਰੀਆਂ ਨੂੰ ਇਨਸੋਰਸ ਕਰਨ ਦਾ ਰਿਹਾ। ਆਗੂਆਂ ਨੇ ਦੋਸ਼ ਲਾਇਆ ਕਿ ਨਿਗਮ ਪ੍ਰਸ਼ਾਸਨ ਲਗਾਤਾਰ ਲਾਪਰਵਾਹੀ ਵਰਤ ਰਿਹਾ ਹੈ। ਇਸ ਤੋਂ ਇਲਾਵਾ ਰਿਟਾਇਰ ਹੋ ਚੁੱਕੇ ਮੁਲਾਜ਼ਮਾਂ ਦੇ ਪਿਛਲੇ ਛੇ ਮਹੀਨਿਆਂ ਤੋਂ ਰੁਕੇ ਬਕਾਏ, ਤਰਸ ਦੇ ਅਧਾਰ 'ਤੇ ਨੌਕਰੀਆਂ ਤੇ ਪੇਅ-ਕਮਿਸ਼ਨ ਦਾ ਬਕਾਇਆ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ ਗਈ ਹੈ।

ਮੁਲਾਜ਼ਮਾਂ ਨੇ ਮੰਗ ਕੀਤੀ ਕਿ ਕੱਚੇ ਕਰਮਚਾਰੀਆਂ ਨੂੰ ਹਰ ਮਹੀਨੇ ਦੀ 5 ਤਾਰੀਖ ਤੱਕ ਤਨਖਾਹ ਦਿੱਤੀ ਜਾਵੇ ਅਤੇ ਸਫ਼ਾਈ ਦੌਰਾਨ ਵਰਤਣ ਲਈ ਤੇਲ ਤੇ ਸਾਬਣ ਵਰਗੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ। ਯੂਨੀਅਨ ਨੇ ਸਾਫ਼ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ ਤੁਰੰਤ ਕਾਰਵਾਈ ਨਾ ਕੀਤੀ ਤਾਂ ਪੈਦਾ ਹੋਣ ਵਾਲੀ ਕਿਸੇ ਵੀ ਅਵਿਵਸਥਾ ਦੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦੀ ਹੋਵੇਗੀ।

# ਤਾਪਮਾਨ ਵੱਧਣ 'ਤੇ ਸਿਹਤ ਵਿਭਾਗ ਵੱਲੋਂ 'ਹੀਟ ਵੇਵ' ਐਡਵਾਈਜ਼ਰੀ ਜਾਰੀ

ਬਠਿੰਡਾ, 17 ਅਪ੍ਰੈਲ (ਦੀਪਕ ਸ਼ਰਮਾ): ਮੌਸਮ ਵਿਭਾਗ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਤਾਪਮਾਨ ਵਧਣ ਦੀ ਸੰਭਾਵਨਾ ਦੇ ਮੱਦੇਨਜ਼ਰ ਜ਼ਿਲ੍ਹਾ ਸਿਹਤ ਵਿਭਾਗ ਬਠਿੰਡਾ ਨੇ ਲੋਕਾਂ ਨੂੰ 'ਹੀਟ ਵੇਵ' (ਲੂ) ਤੋਂ ਬਚਣ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਸਿਵਲ ਸਰਜਨ ਡਾ. ਤਪਿੰਦਰਜੋਤ ਅਨੁਸਾਰ 40 ਡਿਗਰੀ ਸੈਲਸੀਅਸ ਤੋਂ ਵੱਧ ਤਾਪਮਾਨ ਸਰੀਰ ਲਈ ਘਾਤਕ ਹੋ ਸਕਦਾ ਹੈ, ਇਸ ਲਈ ਅਪ੍ਰੈਲ ਤੋਂ ਜੂਨ ਤੱਕ ਵਿਸ਼ੇਸ਼ ਸਾਵਧਾਨੀ ਵਰਤਣੀ ਲਾਜ਼ਮੀ ਹੈ। ਸਿਹਤ ਵਿਭਾਗ ਅਨੁਸਾਰ ਨਵਜੰਮੇ ਬੱਚੇ, ਗਰਭਵਤੀ ਔਰਤਾਂ, 65 ਸਾਲ ਤੋਂ ਵੱਧ ਉਮਰ ਦੇ ਬਜ਼ੁਰਗ ਤੇ ਧੁੱਪ ਵਿੱਚ ਕੰਮ ਕਰਨ ਵਾਲੇ ਮਜ਼ਦੂਰ ਇਸ ਮੌਸਮ ਵਿੱਚ ਸਭ ਤੋਂ ਵੱਧ ਜੋਖਮ 'ਤੇ ਹਨ। ਡਾਕਟਰੀ ਮਾਹਿਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਚੱਕਰ ਆਉਣਾ, ਬੇਹੋਸ਼ੀ, ਤੇਜ਼ ਸਿਰਦਰਦ, ਸਾਹ ਲੈਣ 'ਚ ਦਿੱਕਤ ਜਾਂ ਸਰੀਰ ਦਾ ਤਾਪਮਾਨ 40 ਡਿਗਰੀ ਤੋਂ ਵਧਣ ਵਰਗੇ ਲੱਛਣ ਦਿਖਾਈ ਦੇਣ, ਤਾਂ ਤੁਰੰਤ ਡਾਕਟਰੀ ਸਹਾਇਤਾ ਲਈ ਜਾਵੇ।ਬਚਾਅ ਲਈ ਵਿਭਾਗ ਨੇ ਸਲਾਹ ਦਿੱਤੀ ਹੈ ਕਿ ਲੋਕ ਦੁਪਹਿਰ 12 ਤੋਂ 3 ਵਜੇ ਤੱਕ ਬਾਹਰ ਨਿਕਲਣ ਤੋਂ ਗੁਰੇਜ਼ ਕਰਨ ਤੇ ਪਿਆਸ ਨਾ ਲੱਗਣ 'ਤੇ ਵੀ ਹਰ ਅੱਧੇ ਘੰਟੇ ਬਾਅਦ ਪਾਣੀ ਪੀਂਦੇ ਰਹਿਣ। ਹਲਕੇ ਰੰਗ ਦੇ ਸੂਤੀ ਕੱਪੜੇ ਪਹਿਨਣ, ਸਿਰ ਨੂੰ ਢਕ ਕੇ ਰੱਖਣ ਅਤੇ ਤਰਬੂਜ, ਖੀਰਾ, ਲੱਸੀ ਤੇ ਨਾਰੀਅਲ ਪਾਣੀ ਵਰਗੇ ਤਰਲ ਪਦਾਰਥਾਂ ਦਾ ਸੇਵਨ ਵਧਾਉਣ ਲਈ ਕਿਹਾ ਗਿਆ ਹੈ। ਇਸ ਦੇ ਨਾਲ ਹੀ ਤਲਿਆ-ਭੁੰਨਿਆ ਭੋਜਨ, ਸ਼ਰਾਬ ਤੇ ਜ਼ਿਆਦਾ ਕੌਫ਼ੀ ਤੋਂ ਪਰਹੇਜ਼ ਕਰਨ ਦੀ ਹਦਾਇਤ ਕੀਤੀ ਗਈ ਹੈ।

# ਭਾਜਪਾ ਵੱਲੋਂ ਚੁੱਕਿਆ ਹਰ ਕਦਮ ਸ਼ਲਾਘਾਯੋਗ : ਡਾ. ਕੁਲਰਾਜ ਸਿੰਘ

ਭੁੱਚੋਂ ਮੰਡੀ/ਨਥਾਣਾ, 17 ਅਪ੍ਰੈਲ (ਹਰਬੰਸ ਸਿੰਘ ਭੋਲਾ): ਕੇਂਦਰ ਸਰਕਾਰ ਵੱਲੋਂ ਲੋਕ ਸਭਾ 'ਚ ਮਹਿਲਾ ਰਿਜ਼ਰਵੇਸ਼ਨ ਬਿੱਲ ਪਾਸ ਕੀਤੇ ਜਾਣਾ ਭਾਰਤੀ ਜਨਤਾ ਪਾਰਟੀ ਦਾ ਸ਼ਲਾਘਾਯੋਗ ਕਦਮ' ਜਿਸ ਨਾਲ ਵਿਧਾਨ ਸਭਾਵਾਂ 'ਚ ਮਹਿਲਾਵਾਂ ਦੀ ਵਧੇਗੀ ਭਾਗੀਦਾਰੀ ਇਸ ਵਾਰੇ ਗੱਲਬਾਤ ਕਰਦਿਆਂ ਹੋਇਆਂ ਬੀ ਜੇ ਪੀ ਆਗੂ ਸਾਬਕਾ ਡਾਇਰੈਕਟਰ ਡਾਕਟਰ ਕੁਲਰਾਜ ਸਿੰਘ ਸੀਨੀਅਰ ਬੀ ਜੇ ਪੀ ਆਗੂ ਨੇ ਕਿਹਾ ਕਿ ਰਿਜ਼ਰਵੇਸਨ ਨਾਲ ਦੇਸ਼ ਦੀਆਂ ਮਹਿਲਾਵਾਂ ਦੇ ਮਾਨ ਸਤਿਕਾਰ ਵਿੱਚ ਹੋਵੇਗਾ ਵਾਧਾ ਤੇ ਰਾਜ ਨੀਤੀ ਵਿੱਚ ਵਧੇਗੀ ਭਾਗੇਦਾਰੀ ਤੇ ਕਿਉਂਕਿ ਇਹ ਇਤਿਹਾਸਕ ਉਪਲਬਧੀ ਹੈ। ਉਨ੍ਹਾਂ ਕਿਹਾ ਕਿ ਇਹ ਫੈਸਲਾ ਮਹਿਲਾਵਾਂ ਨੂੰ ਰਾਜਨੀਤਿਕ ਤੌਰ 'ਤੇ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਵੇਗਾ। ਡਾਕਟਰ ਕੁਲਰਾਜ ਜਜੀ ਨੇ ਇਹ ਵੀ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਜਦੋਂ ਵੀ ਸੋਚਦੇ ਉਹ ਸਭ ਦੇ ਭਲੇ ਲਈ ਸੋਚਦੇ ਹਨ ਤੇ ਫ਼ੈਸਲਾ ਲੈਣ ਕੇ ਕੇਂਦਰ ਸਰਕਾਰ ਨੇ ਆਪਣਾ ਵਾਅਦਾ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾਂ ਪਾਰਟੀ ਬੋਲਦੀ ਘੱਟ ਹੈ ਤੇ ਸੋਚਦੀ ਜ਼ਿਆਦਾ ਤੇ ਜਦੋਂ ਵੀ ਸੋਚਦੀ ਆ ਸਭ ਦੇ ਭਲੇ ਲਈ ਹੀ ਸੋਚਦੀ ਆ ਇਹ ਫੈਸਲਾ ਕਾਫੀ ਸਮੇਂ ਤੋਂ ਲੰਬਿਤ ਪਿਆ ਸੀ ਪਰ ਹੁਣ ਇਸ ਬਿੱਲ ਦੇ ਪਾਸ ਹੋਣ ਨਾਲ ਲੋਕ ਸਭਾ ਤੇ ਵਿਧਾਨ ਸਭਾਵਾਂ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਵਧੇਗੀ, ਜਿਸ ਨਾਲ ਦੇਸ਼ ਦੀ ਲੋਕਤੰਤਰਿਕ ਪ੍ਰਣਾਲੀ ਹੋਰ ਮਜ਼ਬੂਤ ਹੋਵੇਗੀ।



ਉਨ੍ਹਾਂ ਅੱਗੇ ਕਿਹਾ ਕਿ ਭਾਰਤੀ ਸੰਸਕ੍ਰਿਤੀ ਵਿੱਚ ਮਹਿਲਾਵਾਂ ਨੂੰ ਹਮੇਸ਼ਾ ਸਨਮਾਨ ਦਿੱਤਾ ਗਿਆ ਹੈ ਤੇ ਇਹ ਬਿੱਲ ਉਸੇ ਪਰੰਪਰਾ ਨੂੰ ਅੱਗੇ ਵਧਾਉਣ ਦਾ ਕੰਮ ਕਰੇਗਾ। ਆਉਣ ਵਾਲੇ ਸਮੇਂ ਵਿੱਚ ਮਹਿਲਾਵਾਂ ਰਾਜਨੀਤੀ ਵਿੱਚ ਹੋਰ ਸਰਗਰਮ ਭੂਮਿਕਾ ਨਿਭਾਉਂਦੀਆਂ ਹੋਈਆਂ ਸਮਾਜ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਣਗੀਆਂ ਡਾਕਟਰ ਕੁਲਰਾਜ ਵੱਲੋਂ ਕੇਂਦਰ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਫੈਸਲਾ ਨਾਰੀ ਸ਼ਕਤੀ ਨੂੰ ਸਮਰਪਿਤ ਹੈ। ਉਨ੍ਹਾਂ ਪਾਰਟੀ ਵਰਕਰਾਂ ਤੇ ਪਿੰਡਾ, ਸ਼ਹਿਰਾਂ ਤੇ ਕਸਬਿਆਂ ਵਿੱਚ ਰਹਿਣ ਵਾਲਿਆਂ ਵਾਸੀਆਂ ਨੂੰ ਇਸ ਇਤਿਹਾਸਕ ਫੈਸਲੇ ਦਾ ਸਵਾਗਤ ਕਰਨ ਦੀ ਅਪੀਲ ਕੀਤੀ।

ਮਹਿਲਾ ਰਿਜ਼ਰਵੇਸ਼ਨ ਬਿੱਲ ਦੇ ਲਾਗੂ ਹੋਣ ਨਾਲ ਦੇਸ਼ ਦੀ ਅੱਧੀ ਅਬਾਦੀ ਨੂੰ ਉਹਨਾ ਦਾ ਹੱਕ ਮਿਲੇਗਾ ਤੇ ਮਹਿਲਾਵਾਂ ਦੇ ਮਾਨ ਸਨਮਾਨ ਵਿੱਚ ਹੋਵੇ ਵਾਧਾ ਇਸ ਫੈਸਲੇ ਦੀ ਮਹਿਲਾਵਾਂ ਲੰਬੇ ਸਮੇਂ ਕਰ ਰਹੀਆਂ ਸਨ ਉਡੀਕ ਜਿਸ ਨੂੰ ਮੋਦੀ ਸਰਕਾਰ ਨੇ ਕੀਤਾ ਪੂਰਾ ਤੇ ਇਤਿਹਾਸਕ ਫੈਸਲੇ ਦਾ ਸੇਹਿਰਾ ਵੀ ਮੋਦੀ ਸਾਹਿਬ ਨੇ ਵਿਰੋਧੀ ਪਾਰਟੀਆਂ ਦਿੱਤਾ ਇਥੋਂ ਪਤਾ ਚੱਲਦਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਭਾਰਤੀ ਜਨਤਾ ਪਾਰਟੀ 'ਚ ਮਹਿਲਾਵਾਂ ਕਿਨ੍ਹਾਂ ਸਤਿਕਾਰ ਕੀਤਾ ਜਾਂਦਾ ਹੈ।

# ਸਕੂਲ ਦਾ ਨਤੀਜਾ ਰਿਹਾ ਸੌ ਫ਼ੀਸਦੀ

ਮੂਨਕ, 17 ਅਪ੍ਰੈਲ (ਸਮਸ਼ੇਰ ਸਿੰਘ ਭੁਟਾਲ): ਨੇੜਲੇ ਪਿੰਡ ਹਮੀਰਗੜ੍ਹ ਵਿਖੇ ਸੁਖਮਨੀ ਐਜੂਕੇਸ਼ਨ ਐਂਡ ਵੈਲਫੇਅਰ ਸੁਸਾਇਟੀ ਵਲੋਂ ਚਲਾਈ ਜਾ ਰਹੀ ਵਿਦਿਅਕ ਸੰਸਥਾ ਬਚਪਨ ਇੰਟਰਨੈਸ਼ਨਲ ਪਬਲਿਕ ਸਕੂਲ ਦਾ 10ਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ। ਪਹਿਲੇ ਤਿੰਨ ਸਥਾਨਾਂ ਉੱਪਰ ਲੜਕੀਆਂ ਨੇ ਮੱਲਾਂ ਮਾਰੀਆਂ ਵਿਦਿਆਰਥਣ ਜ਼ਸਮੀਨ ਕੌਰ 95%, ਨਵਨੀਤ ਕੌਰ 92%, ਸਵੀਤ ਚੌਧਰੀ 91%, ਖੁਸ਼ਪ੍ਰੀਤ ਕੌਰ 90%, ਹਰਸ਼ਪ੍ਰੀਤ ਕੌਰ 87%, ਸਿਮਰਨ ਕੌਰ 86%, ਹਰਮਨਦੀਪ ਕੌਰ 83%, ਵੰਸ਼ਿਕਾ ਰਾਜਪੁਰੋਹਿਤ 83%, ਮਹਿਕਪ੍ਰੀਤ ਕੌਰ 82%, ਕਮਲਪ੍ਰੀਤ ਕੌਰ 82%, ਖੁਸ਼ਕਰਨ ਸਿੰਘ 80%, ਜ਼ਸਮੀਨ ਕੌਰ 80%, ਖੁਸ਼ਪ੍ਰੀਤ ਕੌਰ 79%, ਫਰਿਆਦ ਸਿੰਘ 79% ਤੇ ਸੁਖਨੂਰ ਸਿੰਘ ਬਾਗੜੀ ਨੇ 79% ਅੰਕ ਪ੍ਰਾਪਤ ਕਰਕੇ ਆਪਣੇ ਮਾਪਿਆਂ ਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਮੌਕੇ ਸਕੂਲ ਦੇ ਚੇਅਰਪਰਸਨ ਸੁਖਦੀਪ ਕੌਰ ਤੇ ਪ੍ਰਿੰਸੀਪਲ ਕ੍ਰਿਸ਼ਨ ਰਾਣਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

# ਆਕਸਫੋਰਡ ਸਕੂਲ ਦੇ ਵਿਦਿਆਰਥੀਆਂ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

ਭਗਤਾ ਭਾਈ ਕਾ, 17 ਅਪ੍ਰੈਲ (ਸਵਰਨ ਸਿੰਘ ਭਗਤਾ): "ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ" ਭਗਤਾ ਭਾਈ ਕਾ ਇਲਾਕੇ ਦੀ ਇੱਕ ਅਜਿਹੀ ਨਾਮਵਰ ਵਿੱਦਿਅਕ ਸੰਸਥਾ ਹੈ, ਜਿਸ ਦੇ ਵਿਦਿਆਰਥੀ ਆਏ ਦਿਨ ਬੁਲੰਦੀਆਂ ਨੂੰ ਛੂਹਣ ਵਾਲੀਆਂ ਪ੍ਰਾਪਤੀਆਂ ਕਰਦੇ ਹਨ। ਇਸ ਸੰਸਥਾ ਦੇ ਵਿਦਿਆਰਥੀਆਂ ਨੇ ਇਸ ਵਾਰ ਵੀ ਦਸਵੀਂ ਜਮਾਤ ਦੇ ਨਤੀਜੇ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਦੇ ਹੋਏ ਪਿਛਲੇ ਸਾਲਾਂ ਦੇ ਰਿਕਾਰਡ ਨੂੰ ਮਾਤ ਪਾ ਦਿੱਤੀ ਹੈ। ਸਕੂਲ ਅਨੁਸਾਰ ਇਸ ਸਾਲ ਦਸਵੀਂ ਜਮਾਤ ਦੇ 154 ਵਿਦਿਆਰਥੀਆਂ ਨੇ 100% ਨਤੀਜਾ ਦਿੱਤਾ ਹੈ। ਇਸ ਪ੍ਰੀਖਿਆ ਵਿੱਚੋਂ ਹੋਣਹਾਰ ਵਿਦਿਆਰਥਣ ਜਸਮੀਨ ਕੌਰ ਵਾਸੀ ਜੀਦਾ ਨੇ 98.40% ਅੰਕ ਪ੍ਰਾਪਤ ਕਰਕੇ ਪਹਿਲਾ, ਹਰਿਤੀ ਸਿੰਗਲਾ ਵਾਸੀ ਭਗਤਾ ਭਾਈ ਕਾ ਤੇ ਮਨਵੀਰ ਸਿੰਘ ਵਾਸੀ ਮੱਲਾ ਨੇ 98% ਅੰਕ ਪ੍ਰਾਪਤ ਕਰਕੇ ਦੂਜਾ,ਅਭਿਨੂਰ ਕੌਰ ਵਾਸੀ ਕੋਠੇ ਮਹਿਲਰ ਫਤਹਿਗੜ੍ਹ ਨੇ 97.60% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕਰਦੇ ਸੰਸਥਾ ਦਾ ਨਾਮ ਚਮਕਾਇਆ ਹੈ। ਜ਼ਿਕਰਯੋਗ ਹੈ ਕਿ 9 ਵਿਦਿਆਰਥੀਆਂ ਨੇ 95% ਤੋਂ ਉਪਰ ਅੰਕ ਪ੍ਰਾਪਤ ਕੀਤੇ।ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਦੱਸਿਆ ਕਿ ਦਸਵੀਂ ਜਮਾਤ ਦੇ 154 ਵਿਦਿਆਰਥੀਆਂ ਵਿੱਚੋਂ 87 ਵਿਦਿਆਰਥੀਆਂ ਨੇ ਪੰਜਾਬੀ, 28 ਵਿਦਿਆਰਥੀਆਂ ਨੇ ਸੋਸ਼ਲ ਸਾਇੰਸ, 21 ਵਿਦਿਆਰਥੀਆਂ ਨੇ ਅੰਗਰੇਜ਼ੀ, 18 ਵਿਦਿਆਰਥੀਆਂ ਨੇ ਸਾਇੰਸ, 11 ਵਿਦਿਆਰਥੀਆਂ ਨੇ ਗਣਿਤ, 32 ਵਿਦਿਆਰਥੀਆਂ ਨੇ ਆਈ.ਟੀ. ਤੇ 10 ਵਿਦਿਆਰਥੀਆਂ ਨੇ ਹਿੰਦੀ ਨੇ ਵਿਸ਼ੇ ਵਿੱਚੋਂ 90% ਤੋਂ ਉੱਪਰ ਅੰਕ ਪ੍ਰਾਪਤ ਕਰਕੇ ਆਪਣੇ ਅਧਿਆਪਕਾਂ, ਮਾਪਿਆਂ ਤੇ ਸੰਸਥਾ ਦਾ ਨਾਮ ਰੋਸ਼ਨ ਕੀਤਾ ਹੈ।ਜੇਕਰ ਵਿਸ਼ੇ ਅਨੁਸਾਰ ਗੱਲ ਕੀਤੀ ਜਾਵੇ ਤਾਂ ਪੰਜਾਬੀ ਵਿਸ਼ੇ ਵਿੱਚੋਂ10 ਵਿਦਿਆਰਥੀਆਂ ਨੇ 100/100 ਅੰਕ, ਸਾਇੰਸ ਵਿਸ਼ੇ ਵਿੱਚੋਂ 3 ਵਿਦਿਆਰਥੀਆਂ 99/100 ਅੰਕ, ਸੋਸ਼ਲ ਸਾਇੰਸ ਵਿਸ਼ੇ ਵਿੱਚੋਂ 3 ਵਿਦਿਆਰਥੀਆਂ 99/100 ਅੰਕ,ਹਿੰਦੀ ਵਿਸ਼ੇ ਵਿੱਚੋਂ 1 ਵਿਦਿਆਰਥੀ 98/100 ਅੰਕ, ਅੰਗਰੇਜ਼ੀ ਵਿਸ਼ੇ ਵਿੱਚੋਂ 5 ਵਿਦਿਆਰਥੀਆਂ ਨੇ 97/100 ਅੰਕ,ਗਣਿਤ ਵਿਸ਼ੇ ਵਿੱਚੋਂ 1 ਵਿਦਿਆਰਥੀ ਨੇ 97/100 ਅੰਕ, ਆਈ.ਟੀ.ਵਿਸ਼ੇ ਵਿੱਚੋਂ 8 ਵਿਦਿਆਰਥੀ ਨੇ 97/100 ਅੰਕ ਪ੍ਰਾਪਤ ਕਰਕੇ ਆਪਣੀ ਮਿਹਨਤ ਨੂੰ ਚਾਰ ਚੰਦ ਲਗਾਏ ਹਨ। ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਦੀ ਰਿਕਾਰਡ ਤੋੜ ਸਫ਼ਲਤਾ ਪ੍ਰਾਪਤ ਕਰਨ ਤੇ ਸ਼ਲਾਘਾ ਕੀਤੀ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਬਾਕੀ ਵਿਦਿਆਰਥੀਆਂ ਨੂੰ ਵੀ ਇਸੇ ਤਰਾਂ ਸਖਤ ਮਿਹਨਤ ਕਰਨ ਦੇ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਬਾਂਸਲ ਨੇ ਅਧਿਆਪਕ ਸਾਹਿਬਾਨਾਂ ਨੂੰ ਉਨ੍ਹਾਂ ਦੀ ਅਣਥੱਕ ਮਿਹਨਤ ਦੀ ਵਡਿਆਈ ਕਰਦੇ ਹੋਏ ਇਸ ਸ਼ਾਨਦਾਰ ਨਤੀਜੇ ਦੀ ਵਧਾਈ ਦਿੱਤੀ ਅਤੇ ਇਸ ਖੁਸ਼ੀ ਵਿੱਚ ਸ਼ਨੀਵਾਰ ਦੀ ਛੁੱਟੀ ਦਾ ਐਲਾਨ ਕੀਤਾ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਰਾਜਵਿੰਦਰ ਸਿੰਘ ਸੋਢੀ (ਜਨਰਲ ਸਕੱਤਰ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਪ੍ਰਿੰਸੀਪਲ, ਕੋਆਰਡੀਨੇਟਰਜ਼ ਤੇ ਸਮੂਹ ਸਟਾਫ਼ ਮੈਂਬਰਾਂ ਨੂੰ ਵਧਾਈ ਦਿੱਤੀ।



# ਪੱਤਰਕਾਰ ਵਿਨੋਦ ਗੁਪਤਾ ਦੀ ਮਾਤਾ ਕੁਸ਼ੱਲਿਆ ਦੇਵੀ ਨੂੰ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀਆਂ ਭੇਟ

ਧੂਰੀ, 17 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਪ੍ਰੈਸ ਟਰੱਸਟ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਧੂਰੀ ਦੇ ਸੀਨੀਅਰ ਪੱਤਰਕਾਰ ਵਿਨੋਦ ਗੁਪਤਾ ਦੇ ਸਤਿਕਾਰਯੋਗ ਮਾਤਾ ਕੁਸੱਲਿਆ ਦੇਵੀ (85), ਜੋ ਬੀਤੇ ਦਿਨੀਂ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਸਦੀਵੀ ਵਿਛੋੜਾ ਦੇ ਗਏ ਸਨ, ਦੀ ਆਤਮਿਕ ਸ਼ਾਂਤੀ ਲਈ ਅੱਜ ਸ੍ਰੀ ਸਨਾਤਨ ਧਰਮ ਆਸ਼ਰਮ ਵਿਖੇ ਇੱਕ ਵਿਸ਼ੇਸ਼ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਵੱਖ-ਵੱਖ ਰਾਜਨੀਤਿਕ, ਸਮਾਜਿਕ ਤੇ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਵਿਛੜੀ ਰੂਹ ਨੂੰ ਆਪਣੇ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਸ਼ਰਧਾਂਜਲੀ ਸਮਾਗਮ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਮੁੱਖ ਮੰਤਰੀ ਵੱਲੋਂ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ। ਇਸ ਤੋਂ ਇਲਾਵਾ ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ, ਸਾਬਕਾ ਓ.ਐੱਸ.ਡੀ. ਪ੍ਰੋਫੈਸਰ ਉਂਕਾਰ ਸਿੰਘ, ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਜਨਰਲ ਸਕੱਤਰ ਹਰਦੀਪ ਸਿੰਘ ਦੌਲਤਪੁਰ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਡਾ. ਰਾਜੀਵ ਰਿਸ਼ੀ, ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਤੇ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਨੇ ਮਾਤਾ ਜੀ ਦੇ ਜੀਵਨ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਮਾਤਾ ਕੁਸ਼ੱਲਿਆ ਦੇਵੀ ਇੱਕ ਨੇਕ ਦਿਲ ਤੇ ਮਿਲਾਪੜੇ ਸੁਭਾਅ ਵਾਲੇ ਮਹਿਲਾ ਸਨ, ਜਿਨ੍ਹਾਂ ਦੀ ਕਮੀ ਹਮੇਸ਼ਾ ਮਹਿਸੂਸ ਕੀਤੀ ਜਾਵੇਗੀ।



ਇਸ ਮੌਕੇ ਏ.ਪੀ.ਆਰ.ਓ ਜਸਤਰਨ ਸਿੰਘ, ਸੇਵਾ ਮੁਕਤ ਡੀ.ਪੀ.ਆਰ. ਮਨਜੀਤ ਸਿੰਘ ਬਖ਼ਸ਼ੀ, ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ ਦੇ ਪ੍ਰਧਾਨ ਰਾਜੇਸ਼ਵਰ ਚੌਧਰੀ, ਭਾਜਪਾ ਆਗੂ ਬਰਜੇਸ਼ਵਰ ਗੋਇਲ, ਪ੍ਰਦੀਪ ਗਰਗ, ਨਗਰ ਕੌਂਸਲ ਦੀ ਸਾਬਕਾ ਪ੍ਰਧਾਨ ਪੁਸ਼ਪਾ ਰਾਣੀ ਤਾਇਲ, ਸੰਦੀਪ ਤਾਇਲ, 'ਆਪ' ਆਗੂ ਹੈਪੀ ਗਰਗ ਅਤੇ ਸੰਦੀਪ ਬਾਂਸਲ, ਜਨਰਲਿਜਮ ਐਸੋਸੀਏਸ਼ਨ ਦੇ ਪ੍ਰਧਾਨ ਲਖਵੀਰ ਸਿੰਘ ਧਾਂਦਰਾ, ਧੂਰੀ ਵਿਕਾਸ ਮੰਚ ਧੂਰੀ ਦੇ ਪ੍ਰਧਾਨ ਅਮਨ ਗਰਗ, ਸਕੱਤਰ ਜਨਰਲ ਹੰਸ ਰਾਜ ਬਜਾਜ, ਵਨ ਵਰਮਾ, ਪ੍ਰੈੱਸ ਟਰੱਸਟ ਪੰਜਾਬ ਦੇ ਪ੍ਰਧਾਨ ਮਨੋਹਰ ਸਿੰਘ ਸੱਗੂ, ਨੀਲੂ ਮਿੱਤਲ, ਜਨਕ ਰਾਜ ਮੀਮਸਾ ਤੇ ਸੁਰੇਸ਼ ਬਾਂਸਲ ਸਮੇਤ ਕਈ ਹੋਰ ਪਤਵੰਤੇ ਸੱਜਣਾਂ ਨੇ ਮਾਤਾ ਕੁਸ਼ੱਲਿਆ ਦੇਵੀ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ।

# ਕਾਂਗਰਸ ਨੂੰ ਝਟਕਾ: ਆਗੂ ਮੁਨੀਸ਼ ਗਰਗ 'ਆਪ' ਵਿੱਚ ਸ਼ਾਮਲ

ਧੂਰੀ, 17 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਕਾਂਗਰਸ ਪਾਰਟੀ ਨੂੰ ਉਸ ਸਮੇਂ ਝਟਕਾ ਲੱਗਿਆ, ਜਦੋਂ ਪਾਰਟੀ ਦੇ ਸੀਨੀਅਰ ਆਗੂ ਮੁਨੀਸ਼ ਗਰਗ ਨੇ ਕਾਂਗਰਸ ਦਾ ਪੱਲਾ ਛੱਡ ਕੇ ਅਧਿਕਾਰਤ ਤੌਰ 'ਤੇ 'ਆਮ ਆਦਮੀ ਪਾਰਟੀ' ਦਾ ਝਾੜੂ ਫੜ ਲਿਆ। ਇਹ ਸ਼ਮੂਲੀਅਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਦੀ ਵਿਸ਼ੇਸ਼ ਅਗਵਾਈ ਹੇਠ ਹੋਈ। ਸੁਖਵੀਰ ਸਿੰਘ ਨੇ ਮੁਨੀਸ਼ ਗਰਗ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਦੇ ਆਗੂ 'ਆਪ' ਨਾਲ ਜੁੜ ਰਹੇ ਹਨ। ਮੁਨੀਸ਼ ਗਰਗ ਨੇ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਗਤੀਸ਼ੀਲ ਤੇ ਦੂਰ ਅੰਦੇਸ਼ੀ ਸੋਚ ਸਦਕਾ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਏ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ 'ਆਪ' ਦੇ ਆਗੂ ਸੰਦੀਪ ਬਾਂਸਲ, ਪੰਜਾਬ ਟ੍ਰੇਡਰਜ਼ ਬੋਰਡ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ, ਸਾਬਕਾ ਕੌਂਸਲਰ ਅਸ਼ਵਨੀ ਧੀਰ ਤੇ ਰਾਜੀਵ ਚੌਧਰੀ ਵੀ ਮੌਜੂਦ ਸਨ।

# ਅਲਪਾਈਨ ਪਬਲਿਕ ਸਕੂਲ ਦਾ 10ਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

ਭਵਾਨੀਗੜ੍ਹ, 17 ਅਪ੍ਰੈਲ (ਅਮਨਦੀਪ ਸਿੰਘ ਮਾਝਾ): ਸੀ.ਬੀ. ਐੱਸ.ਈ. ਵੱਲੋਂ ਦਸਵੀਂ ਜਮਾਤ ਦਾ ਨਤੀਜਾ ਐਲਾਨਿਆ ਗਿਆ, ਜਿਸ ਵਿੱਚ ਅਲਪਾਈਨ ਪਬਲਿਕ ਸਕੂਲ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਸ਼ਾਨਦਾਰ ਰਿਹਾ। ਸਕੂਲ ਦੇ ਵਿਦਿਆਰਥੀ ਵੰਸ਼ਦੀਪ ਸ਼ਰਮਾ ਨੇ 97 ਪ੍ਰਤੀਸ਼ਤ ਅੰਕ ਲੈ ਕੇ ਪਹਿਲਾ ਸਥਾਨ, ਰਸ਼ਪ੍ਰੀਤ ਕੌਰ ਨੇ 96 ਪ੍ਰਤੀਸ਼ਤ ਅੰਕ ਲੈ ਕੇ ਦੂਜਾ ਅਤੇ ਦੋ ਵਿਦਿਆਰਥਣਾਂ ਹਰਮਨ ਕੌਰ ਅਤੇ ਅਸ਼ਮੀਤ ਕੌਰ ਨੇ 95.2 ਪ੍ਰਤੀਸ਼ਤ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਸਕੂਲ ਦੇ 12 ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਅੰਕ ਅਤੇ 38 ਵਿਦਿਆਰਥੀਆਂ ਨੇ 80 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ।





ਸਕੂਲ ਮੈਨੇਜਰ ਹਰਮੀਤ ਸਿੰਘ ਗਰੇਵਾਲ ਨੇ ਸ਼ਾਨਦਾਰ ਨਤੀਜੇ ਲਈ ਸਕੂਲ ਦੇ ਮਿਹਨਤੀ ਸਟਾਫ ਤੇ ਵਿਦਿਆਰਥੀਆਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਅਲਪਾਈਨ ਪਬਲਿਕ ਸਕੂਲ ਦੇ ਵਿਦਿਆਰਥੀ ਹਰ ਸਾਲ ਵਧੀਆ ਅੰਕ ਲੈ ਕੇ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕਰ ਰਹੇ ਹਨ ਅਤੇ ਉਮੀਦ ਕਰਦੇ ਹਾਂ ਕਿ ਭਵਿੱਖ ਵਿੱਚ ਵੀ ਕਰਦੇ ਰਹਿਣਗੇ। ਸਕੂਲ ਪ੍ਰਿੰਸੀਪਲ ਰੋਮਾ ਅਰੋੜਾ ਨੇ ਵਧੀਆ ਅੰਕ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ।

# ਪੰਜਾਬ ਦੇ ਹਾਲਾਤ ਐਨ.ਆਰ. ਆਈ ਪੰਜਾਬੀਆਂ ਦੇ ਪਰਿਵਾਰ ਲਈ ਅਨੁਕੂਲ ਨਹੀਂ

ਬਰੇਟਾ, 17 ਅਪ੍ਰੈਲ (ਵਿਨੋਦ ਸਿੰਗਲਾ): NRI ਭਾਰਤੀਆ ਤੇ ਹੋ ਰਹੇ ਹਮਲੇ ਰੁਕਣ ਦਾ ਨਾਮ ਨਹੀ ਲੈ ਰਹੇ ਬੀਤੀ ਦਿਨ ਪਿੰਡ ਰੰਘੜਿਆਲ ਦੀ ਹਰਜੀਤ ਕੌਰ ਪਤਨੀ ਗੁਰਸੇਵਕ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਕੁੱਝ ਅਣਪਛਾਤੇ ਵਿਅਕਤੀਆ ਵੱਲੋ ਦੇਰ ਰਾਤ ਉਹਨਾਂ ਦੇ ਘਰ ਪੱਥਰ ਬਾਜੀ ਕੀਤੀ ਗਈ। ਜਿਸ ਨਾਲ ਪਰਿਵਾਰ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ। ਗੁਰਸੇਵਕ ਸਿੰਘ ਜੋ ਕਿ USA ਵਿੱਚ ਰਹਿੰਦਾ ਹੈ ਉਸ ਨਾਲ ਫੋਨ ਤੇ ਸੰਪਰਕ ਕੀਤਾ ਗਿਆ ਤਾ ਉਸ ਨੇ ਦੱਸਿਆ ਕਿ ਉਹ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਨਾਲ ਸੰਬੰਧ ਰੱਖਦੇ ਹਨਕੋਈ ਵੀ ਪ੍ਰਸ਼ਾਸ਼ਨ ਉਹਨ੍ਹਾ ਦੀ ਸੁਣਵਾਈ ਨਹੀ ਕਰਦਾ।ਪਹਿਲਾ ਵੀ ਉਹਨਾ ਦੇ ਘਰ ਤੇ ਕਈ ਵਾਰ ਹਮਲੇ ਹੋ ਚੁੱਕੇ ਹਨ ਜਿਸ ਕਾਰਨ ਉਨ੍ਹਾਂ ਦਾ ਪਰਿਵਾਰ ਸੁਰੱਖਿਅਤ ਮਹਿਸੂਸ ਨਹੀ ਕਰ ਰਿਹਾ।

# ਟਰੈਕਟਰ-ਟਰਾਲੀ ਡਰਾਈਵਰ ਭਰਾਵਾਂ ਨੇ ਲੋੜਵੰਦ ਪਰਿਵਾਰ ਦੀ ਲੜਕੀ ਦੇ ਵਿਆਹ 'ਤੇ ਦਿੱਤੀ ਮਾਲੀ ਮੱਦਦ

ਭਗਤਾ ਭਾਈ ਕਾ, 17 ਅਪ੍ਰੈਲ (ਸਵਰਨ ਸਿੰਘ ਭਗਤਾ): ਬਾਬਾ ਜੁਝਾਰ ਸਿੰਘ ਜੀ ਟਰੈਕਟਰ ਟਰਾਲੀ ਡਰਾਈਵਰ ਯੂਨੀਅਨ ਵੱਲੋਂ ਨਜ਼ਦੀਕੀ ਪਿੰਡ ਸਿਰੀਏਵਾਲਾ ਦੀ ਇੱਕ ਲੋੜਵੰਦ ਗਰੀਬ ਪਰਿਵਾਰ ਦੀ ਲੜਕੀ ਦੇ ਵਿਆਹ ਤੇ ਡਰਾਈਵਰਾਂ ਵੱਲੋਂ ਮਾਲੀ ਮਦਦ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਜੁਝਾਰ ਸਿੰਘ ਜੀ ਟਰੈਕਟਰ ਟਰਾਲੀ ਡ ਰਾ ਈ ਵ ਰ ਯੂਨੀਅਨ ਦੇ ਪ੍ਰਧਾਨ ਸ਼ਿਵਾ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਨਦੀਪ (ਮੀਤ ਪ੍ਰਧਾਨ) ਹਮੀਰਗੜ੍ਹ, ਲਵਪ੍ਰੀਤ ਬੁੰਗੜ (ਸੈਕਟਰੀ) ਕੋਠਾ ਗੁਰੂ, ਸੁਚੇਤ ਸਿੰਘ (ਖ਼ਜ਼ਾਨਚੀ) ਕੋਠਾ ਗੁਰੂ, ਰਾਮ ਸਿੰਘ (ਸਲਾਹਕਾਰ) ਕੋਠਾ ਗੁਰੂ, ਸੰਨੀ (ਮੈਂਬਰ) ਕੋਠਾ ਗੁਰੂ, ਸਾਧੂ (ਮੈਂਬਰ) ਕੋਠਾ ਗੁਰੂ, ਜਗਮੇਲੀ (ਮੈਂਬਰ) ਸਿਰੀਏਵਾਲਾ, ਜੱਗਾ ਭਗਤਾ, ਗੁਰਵਿੰਦਰ ਭਗਤਾ, ਸੇਵਕ ਸਿ ਰੀ ਏ ਵਾ ਲਾ , ਲੱਖਾ ਮਾੜੀ, ਚਮਨ ਗੜ੍ਹਸ਼ੰਕਰ, ਲਵੀ ਕੋਠਾ ਗੁਰੂ, ਜੱਗਾ ਥਰਾਜ, ਪ੍ਰੇਮੀ ਭਗਤਾ, ਨਿੱਕੂ ਥਰਾਜ, ਗਿੰਦਾ ਭਗਤਾ, ਲੱਭੀ ਕੋਠਾ ਗੁਰੂ, ਅਰਸ਼ਦੀਪ ਢਿੱਲੋਂ ਰੋਡੇ, ਸੀਪੂ ਕੋਠਾ ਗੁਰੂ, ਕਾਲੀ ਕੋਠਾ ਗੁਰੂ ਆਦਿ ਡਰਾਈਵਰ ਭਰਾਵਾਂ ਵੱਲੋਂ ਰਲਮਿਲ ਕੇ 10 ਹਜਾਰ ਦਾ ਯੋਗਦਾਨ ਦਿੱਤਾ ਗਿਆ।ਇਸ ਡਰਾਈਵਰ ਭਰਾਵਾਂ ਨੇ ਕਿਹਾ ਕਿ ਸਾਨੂੰ ਆਪਣੀ ਹੈਸੀਅਤ ਮੁਤਾਬਿਕ ਲੋੜਵੰਦਾਂ ਦੀ ਮਦਦ ਕਰਨੀ ਚਾਹੀਦੀ ਹੈ।



# ਬਾਬਾ ਸਾਹਿਬ ਡਾਕਟਰ ਅੰਬੇਡਕਰ ਦਾ ਪਿੰਡ ਕਲਾਲ ਮਾਜਰਾ ਵਿਖੇ ਮਨਾਇਆ 135 ਵਾਂ ਜਨਮ ਦਿਹਾੜਾ



ਬਰਨਾਲਾ, 17 ਅਪ੍ਰੈਲ (ਹਮੀਰ ਸਿੰਘ) : ਬੀਤੇ ਦਿਨੀਂ ਡਾਕਟਰ ਬੀ ਆਰ ਅੰਬੇਡਕਰ ਹਿਊਮਨ ਰਾਈਟਸ ਐਂਡ ਵੈੱਲਫੇਅਰ ਫਾਊਂਡੇਸ਼ਨ ( ਰਜਿ. ) ਪੰਜਾਬ ਜ਼ਿਲ੍ਹਾ ਬਰਨਾਲਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲਾਲ ਮਾਜਰਾ ਬਲਾਕ ਮਹਿਲ ਕਲਾਂ ਜ਼ਿਲ੍ਹਾ ਬਰਨਾਲਾ ਵਿਖੇ ਬਾਬਾ ਸਾਹਿਬ ਦਾ 135 ਵਾਂ ਜਨਮ ਦਿਹਾੜਾ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ। ਸਮਾਗਮ ਬਾਬਾ ਸਾਹਿਬ ਨੂੰ ਫੁੱਲ ਮਾਲਾ ਕਰਕੇ ਸਾਰਿਆਂ ਵੱਲੋਂ ਜੈ ਹਿੰਦ ਕੀਤਾ ਗਿਆ। ਜ਼ਿਲ੍ਹਾ ਬਰਨਾਲਾ ਫਾਊਂਡੇਸ਼ਨ ਦੇ ਪ੍ਰਧਾਨ ਮਾਸਟਰ ਭੁਪਿੰਦਰ ਸਿੰਘ ਢਿੱਲੋਂ ਨੇ ਆਪਣੇ ਭਾਸ਼ਨ ਰਾਹੀਂ ਸਾਰੀ ਹੀ ਸਕੂਲ ਮੈਨੇਜਮੈਂਟ, ਪਿੰਡ ਦੇ ਪਤਵੰਤੇ ਸੱਜਣ, ਸੰਸਥਾ ਦੇ ਆਗੂ ਅਤੇ ਸਾਰੇ ਸਕੂਲ ਬੱਚਿਆਂ ਨੂੰ ਬਾਬਾ ਸਾਹਿਬ ਦੇ 135 ਵੇਂ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ ਅਤੇ ਨਾਲ ਹੀ ਬਾਬਾ ਸਾਹਿਬ ਦੇ ਜੀਵਨ ਪ੍ਰਤੀ ਬੱਚਿਆਂ ਨੂੰ ਜਾਣਕਾਰੀ ਦਿੱਤੀ ਕਿ ਬਾਬਾ ਸਾਹਿਬ ਨੇ ਕਿਸ ਤਰ੍ਹਾਂ ਗਰੀਬੀ ਰੇਖਾ ਤੋਂ ਉੱਠ ਕੇ 32 ਡਿਗਰੀਆਂ 9 ਭਾਸ਼ਾਵਾਂ ਹਾਸਲ ਕਰਕੇ ਸਾਡੇ ਦੇਸ਼ ਦੇ ਸੰਵਿਧਾਨ ਨੂੰ ਲਿਖਣ ਦਾ ਕੰਮ ਨੇਪਰੇ ਚਾੜ੍ਹਿਆ। ਸੰਵਿਧਾਨ ਸਿਰਜ ਕੇ ਸਾਰੇ ਦੇਸ਼ ਦੇ ਸਮਾਜ ਨੂੰ ਗੁਲਾਮੀ ਦੀਆਂ ਜੰਜੀਰਾਂ ਚੋਂ ਕੱਢ ਕੇ ਅਜ਼ਾਦ ਦੇਸ਼ ਦਾ ਵਾਸੀ ਬਣਾਇਆ। ਇਹਨਾਂ ਕਿਹਾ ਬਾਬਾ ਸਾਹਿਬ ਦੇ ਫਲਸਫੇ ਨੂੰ ਸਾਡੀ ਸੰਸਥਾ ਪਿੰਡ ਪਿੰਡ ਤੱਕ ਲਿਜਾਵੇਗੀ ਤੇ ਲੋਕਾਂ ਨੂੰ ਬਾਬਾ ਸਾਹਿਬ ਦੀ ਸੋਚ ਨੂੰ ਅਪਣਾਉਣ ਪ੍ਰਤੀ ਜਾਗਰੂਤ ਕਰੇਗੀ ਅਤੇ ਕਿਹਾ,,ਖਾਲਸਾ ਪੰਥ ਸਾਜਨਾ ਦਿਵਸ ਦੀ ਗੱਲ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਾਨੂੰ ਸਿੱਖੀ ਸਿਧਾਂਤ ਦਿੱਤਾ ਦਿੱਤਾ ਅਤੇ ਬਾਬਾ ਸਾਹਿਬ ਅੰਬੇਡਕਰ ਜੀ ਨੇ ਸਾਨੂੰ ਅਧਿਕਾਰਾਂ ਦਾ ਸੰਵਿਧਾਨ ਦਿੱਤਾ । ਸਟੇਜ ਦੀ ਭੂਮਿਕਾ ਜਗਮੋਹਨ ਸਿੰਘ ਨੇ ਬੜੀ ਬਖ਼ੂਬੀ ਨਾਲ ਨਿਭਾਈ। ਅੱਜ ਦੇ ਪ੍ਰੋਗਰਾਮ ਵਿੱਚ ਸਕੂਲ ਦੇ 6 ਵੀਂ ਕਲਾਸ ਤੋਂ ਲੈ ਕੇ 10 ਵੀਂ ਕਲਾਸ ਤੱਕ ਦੇ ਬੱਚੇ ਹਾਜ਼ਰ ਰਹੇ ਨਾਲ ਹੀ ਸੰਸਥਾ ਦੇ ਮੀਤ ਪ੍ਰਧਾਨ ਕਰਮਜੀਤ ਸਿੰਘ,, ਮੀਤ ਪ੍ਰਧਾਨ ਜਰਨੈਲ ਸਿੰਘ,, ਕ੍ਰਿਸਨ ਸਿੰਘ ਪ੍ਰੈਸ ਸਕੱਤਰ,, ਅਵਤਾਰ ਕੌਰ ਜਨਰਲ ਸਕੱਤਰ,, ਅਰਸਦੀਪ ਕੌਰ ਮੈਂਬਰ,, ਦਰਸ਼ਨ ਸਿੰਘ ਮੈਂਬਰ,, ਤਾਰਾ ਚੰਦ ਮੈਂਬਰ,, ਜੱਗਾ ਸਿੰਘ ਸ਼ੇਰਪੁਰ,, ਜਗਜੀਵਨ ਸਿੰਘ ਮੈਂਬਰ,, ਡਾਕਟਰ ਲਛਮਣ ਸਿੰਘ ਵਜੀਦਕੇ,, ਕੈਪਟਨ ਕਰਮਜੀਤ ਸਿੰਘ,, ਚਮਕੌਰ ਸਿੰਘ ਫੌਜੀ ਅੰਬੇਦਕਰਵਾਦੀ ਕਲਾਲ ਮਾਜਰਾ ਤੋਂ ਇਲਾਵਾ ਪਿੰਡ ਦੇ ਪਤਵੰਤੇ ਸੱਜਣ ਤੇ ਸਕੂਲ ਸਮੂਹ ਸਟਾਫ ਹਾਜ਼ਰ ਰਿਹਾ ਅੰਤ ਵਿੱਚ ਸਭ ਨੂੰ ਪ੍ਰਸਾਦ ਦੇ ਕੇ ਤੇ ਚਾਹ ਪਿਲਾਈ ਗਈ।

## ਬਿਜਲੀ ਦੇ ਲੰਬੇ ਕੱਟਾਂ ਕਾਰਨ ਲੋਕ ਪ੍ਰੇਸ਼ਾਨ

# 'ਆਪ' ਸਰਕਾਰ ਸਿਰਫ ਡਰਾਮੇ ਬਾਜ਼, ਵਾਅਦੇ ਖੋਖਲੇ : ਪਿਰਮਲ ਧੌਲਾ



ਤਪਾ ਮੰਡੀ, 17 ਅਪ੍ਰੈਲ (ਭੂਸ਼ਨ ਘੜੈਲਾ): ਪਿਛਲੇ 4-5 ਦਿਨਾਂ ਤੋਂ ਖੇਤਰ ਵਿੱਚ ਦਿਨ-ਰਾਤ ਦੇ ਸਮੇਂ ਲੱਗਦੇ ਲੰਬੇ ਬਿਜਲੀ ਕੱਟਾ ਕਾਰਨ ਲੋਕਾਂ ਵਿਚ ਬੇਚੈਨੀ ਦਾ ਮਾਹੌਲ ਬਣਿਆ ਹੋਇਆ ਹੈ।ਭਾਵੇਂ ਕਿ ਇਲਾਕੇ ਅੰਦਰ ਬਿਜਲੀ ਦੀ ਸਪਲਾਈ 'ਤੇ ਲੱਗ ਰਹੇ ਲੰਮੇ-ਲੰਮੇ ਕੱਟਾਂ ਕਾਰਨ ਹਰ ਵਰਗ ਦੇ ਲੋਕ ਪੂਰੀ ਤਰ੍ਹਾਂ ਦੁਖੀ ਹਨ ਪਰ ਬਿਜਲੀ ਦੇ ਲੰਬੇ ਕੱਟਾ ਕਾਰਨ ਬਿਮਾਰ ਬਜ਼ੁਰਗ,ਬੱਚੇ ਅਤੇ ਸਕੂਲੀ ਵਿਦਿਆਰਥੀ ਬਹੁਤ ਤੜਫ ਰਹੇ ਹਨ। ਅੱਜ ਸਾਡੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਤਪਾ ਦੇ ਨੇੜਲੇ ਇੱਕ ਪਿੰਡ ਦੀ ਬਜ਼ੁਰਗ ਔਰਤ ਨੇ ਕਿਹਾ ਬਿਜਲੀ ਦੇ ਕੱਟ ਨੇ ਲੋਕਾਂ ਦੇ ਵੱਟ ਸਾਰੀ ਕੱਢੀ ਰੱਖੇ ਨੇ ਉਨ੍ਹਾਂ ਕਿਹਾ ਕਣਕ ਦੀ ਵਾਢੀ ਕਾਰਨ ਉੱਧਰੋਂ ਮੱਛਰ ਦੀ ਭੀ ਭੀ ਦੂਜੇ ਪਾਸੇ ਬਿਜਲੀ ਦਾ ਕੱਟ ਫਿਰ ਕੀ ਸਾਰੀ ਦੁਨੀਆਂ ਆਪਣੇ ਆਪਣੇ ਘਰਾਂ ਦੀ ਛੱਤਾਂ ਉੱਤੇ ਭੱਜੀ ਫਿਰਦੀ ਸੀ। ਸ਼ਹਿਰ ਦੇ ਲੋਕਾਂ ਦਾ ਕਹਿਣਾ ਹੈ ਬਿਜਲੀ ਦੇ ਲੰਬੇ ਸਮੇਂ ਕੱਟਾਂ ਕਾਰਨ ਉਨ੍ਹਾਂ ਦੇ ਕੰਮਕਾਜ ਠੱਪ ਹੋ ਕੇ ਰਹਿ ਗਏ ਹਨ। ਸਕੂਲੀ ਵਿਦਿਆਰਥੀਆਂ ਨੇ ਦੱਸਿਆ ਕਿ ਬਿਜਲੀ ਕੱਟਾ ਕਾਰਨ ਉਨਾਂ ਦੀ ਪੜ੍ਹਾਈ ਵਿੱਚ ਵਿਘਨ ਪੈ ਰਿਹਾ ਹੈ। ਲਗਾਤਾਰ ਬਿਜਲੀ ਕੱਟਾਂ ਦੇ ਕਾਰਨ ਇਨਵਰਟਰ ਵੀ ਬੰਦ ਹੋ ਜਾਂਦੇ ਹਨ ਜਿਸ ਕਾਰਨ ਲੋਕਾਂ ਨੂੰ ਪੁਰਾਣੇ ਜ਼ਮਾਨੇ ਵਾਂਗ ਹੱਥੀ ਪੱਖੀਆਂ ਦਾ ਮੁੜ ਸਹਾਰਾ ਲੈਣਾ ਪੈ ਰਿਹਾ ਹੈ। ਇਸ ਮੌਕੇ ਸਿਆਸੀ ਤੌਰ ਤੇ ਕਾਂਗਰਸ ਪਾਰਟੀ ਦੇ ਆਗੂ ਅਤੇ ਸਾਬਕਾ ਵਿਧਾਇਕ ਪਿਰਮਲ ਧੌਲਾ ਨੇ ਕਿਹਾ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਸਿਰਫ ਡਰਾਮੇ ਬਾਜ ਹੈ। ਇਸ ਸਰਕਾਰ ਵਿਚ ਕੋਈ ਵੀ ਕੰਮ ਦ੍ਰਿੜਤਾ ਨਾਲ ਨਹੀਂ ਹੋਇਆ ਸਗੋਂ ਲੋਕਾਂ ਨੂੰ ਲਾਰਿਆਂ ਚ ਰੱਖਿਆ ਹੈ। ਉਨ੍ਹਾਂ ਕਿਹਾ ਜਿੱਥੇ ਸਰਕਾਰ ਨੇ 24 ਘੰਟੇ ਬਿਜਲੀ ਦੀ ਸਪਲਾਈ ਦੇਣ ਦੀ ਪੰਜਾਬ ਦੇ ਲੋਕਾਂ ਨਾਲ ਗਰੰਟੀ ਕੀਤੀ ਸੀ, ਉੱਥੇ ਅੱਜ ਪੰਜਾਬ ਅੰਦਰ 24 ਘੰਟੇ ਬਿਜਲੀ ਸਪਲਾਈ ਤਾਂ ਕੀ ਮਿਲਣੀ ਸੀ, ਸਗੋਂ 14-15 ਘੰਟੇ ਦੇ ਲੰਮੇ ਕੱਟ ਲੋਕਾਂ ਨੂੰ ਤੜਫਾ ਰਹੇ ਹਨ। ਸਥਿਤੀ ਇਸ ਸਮੇਂ ਇਹ ਬਣੀ ਹੋਈ ਹੈ ਕਿ 24 ਘੰਟੇ ਵਾਲੇ ਪਿੰਡਾ ਨੂੰ ਵੀ ਦਿਨ ਅਤੇ ਰਾਤ 14-15 ਘੰਟਿਆਂ ਦੇ ਬਿਜਲੀ ਕੱਟਾ ਦਾ ਸੰਤਾਪ ਭੋਗਣਾ ਪੈ ਰਿਹਾ ਹੈ।

# ਕਿਸਾਨ ਜਥੇਬੰਦੀਆਂ ਵੱਲੋਂ ਰੇਲ ਰੋਕੋ ਪ੍ਰੋਗਰਾਮ ਤਿੰਨ ਦਿਨ ਲਈ ਮੁਲਤਵੀ



ਬਰਨਾਲਾ, 17 ਅਪ੍ਰੈਲ (ਹਮੀਰ ਸਿੰਘ) : ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ 17 ਅਪ੍ਰੈਲ ਨੂੰ ਤਿੰਨ ਘੰਟੇ ਲਈ ਦਿੱਤੇ ਗਏ ਰੇਲ ਰੋਕਣ ਦੇ ਸੱਦੇ ਨੂੰ ਮੁਲਤਵੀ ਕਰ ਦਿੱਤਾ ਗਿਆ ਹੈ। ਇਸ ਸਬੰਧੀ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਅਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਣਕ ਦੇ ਖਰੀਦ ਨਿਯਮਾਂ ਵਿੱਚ ਢਿੱਲ ਨਾ ਦੇਣ ਕਾਰਨ ਕਣਕ ਦੀ ਰੁਕੀ ਹੋਈ ਖਰੀਦ ਚਾਲੂ ਕਰਵਾਉਣ ਲਈ 15 ਕਿਸਾਨ ਜਥੇਬੰਦੀਆਂ ਵੱਲੋਂ 12 ਵਜੇ ਤੋਂ ਤਿੰਨ ਵਜੇ ਤੱਕ ਰੇਲਾਂ ਦਾ ਚੱਕਾ ਜਾਮ ਕਰਨ ਦਾ ਸੱਦਾ ਦਿੱਤਾ ਗਿਆ ਸੀ। ਇਹ ਸੱਦਾ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਮਨਜੀਤ ਸਿੰਘ ਧਨੇਰ), ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਪੰਜਾਬ, ਕ੍ਰਾਂਤੀਕਾਰੀ ਕਿਸਾਨ ਯੂਨੀਅਨ (ਹਰਭਜਨ ਸਿੰਘ ਬੁੱਟਰ), ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ (ਬੂਟਾ ਸਿੰਘ ਸ਼ਾਦੀਪੁਰ), ਕਿਸਾਨ ਸੰਘਰਸ਼ ਕਮੇਟੀ ਪੰਜਾਬ (ਸੁਖਦੇਵ ਸਿੰਘ ਅਰਾਈਆਂਵਾਲਾ) ਅਤੇ ਕੌਮੀ ਕਿਸਾਨ ਯੂਨੀਅਨ (ਬਿੰਦਰ ਸਿੰਘ ਗੋਲੇਵਾਲਾ), ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ( ਸੁਖਵਿੰਦਰ ਸਿੰਘ ਸਭਰਾ), ਬੀਕੇਯੂ ਏਕਤਾ ਆਜ਼ਾਦ (ਜਸਵਿੰਦਰ ਸਿੰਘ ਲੌਂਗੋਵਾਲ), ਬੀਕੇਯੂ ਕ੍ਰਾਂਤੀਕਾਰੀ ( ਬਲਦੇਵ ਸਿੰਘ ਜੀਰਾ) , ਬੀਕੇਯੂ ਬਹਿਰਾਮਕੇ (ਬਲਵੰਤ ਸਿੰਘ ਬਹਿਰਾਮਕੇ) , ਬੀਕੇਯੂ ਦੋਆਬਾ ( ਮਨਜੀਤ ਸਿੰਘ ਰਾਏ), ਕਿਸਾਨ ਮਜ਼ਦੂਰ ਹਿੱਤਕਾਰੀ ਸਭਾ (ਓਂਕਾਰ ਸਿੰਘ ਭੰਗਾਲਾ) , ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ( ਦਿਲਬਾਗ ਸਿੰਘ ਗਿੱਲ) , ਬੀਕੇਯੂ ਭਟੇੜੀ ( ਜੰਗ ਸਿੰਘ ਭਟੇੜੀ) , ਕਿਸਾਨ ਮਜ਼ਦੂਰ ਮੋਰਚਾ ਪੰਜਾਬ (ਮਲਕੀਤ ਸਿੰਘ ਗੁਲਾਮੀ ਵਾਲਾ) ਵੱਲੋਂ ਸਾਂਝੇ ਤੌਰ ਤੇ ਦਿੱਤਾ ਗਿਆ ਸੀ ਅਤੇ ਕੁਝ ਹੋਰ ਕਿਸਾਨ ਜਥੇਬੰਦੀਆਂ ਵੱਲੋਂ ਵੀ ਇਸ ਦੀ ਹਮਾਇਤ ਕੀਤੀ ਗਈ ਸੀ। 16 ਅਪ੍ਰੈਲ ਸਵੇਰ ਤੋਂ ਹੀ ਪੰਜਾਬ ਸਰਕਾਰ ਕਿਸਾਨ ਜਥੇਬੰਦੀਆਂ ਦੇ ਸੰਪਰਕ ਵਿੱਚ ਸੀ। ਕਿਸਾਨਾਂ ਦੇ ਇਸ ਪ੍ਰੋਗਰਾਮ ਨੂੰ ਦੇਖਦਿਆਂ ਕੇਂਦਰ ਸਰਕਾਰ ਦੀਆਂ ਟੀਮਾਂ ਵੱਲੋਂ ਜੋ ਸੈਂਪਲ ਭਰੇ ਗਏ ਸਨ, ਉਹਨਾਂ ਦੀ ਰਿਪੋਰਟ 16 ਅਪ੍ਰੈਲ ਦੀ ਰਾਤ ਨੂੰ ਹੀ ਕੇਂਦਰ ਨੂੰ ਭੇਜ ਕੇ ਕਣਕ ਦੇ ਖਰੀਦ ਨਿਯਮਾਂ ਵਿੱਚ ਛੋਟ ਦੇਣ ਦੀ ਸਿਫਾਰਸ਼ ਕਰ ਦਿੱਤੀ ਗਈ। ਸਰਕਾਰ ਵੱਲੋਂ ਕਿਸਾਨ ਜਥੇਬੰਦੀਆਂ ਨੂੰ ਵਾਰ-ਵਾਰ ਇਹ ਯਕੀਨ ਦਿਵਾਇਆ ਗਿਆ ਕਿ 17 ਅਪ੍ਰੈਲ ਦੁਪਹਿਰ ਤੱਕ ਨਿਯਮਾਂ ਵਿੱਚ ਢਿੱਲ ਮਿਲ ਜਾਵੇਗੀ। ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ 16 ਅਪ੍ਰੈਲ ਸ਼ਾਮ ਤੱਕ ਹੋਈ ਖਰੀਦ ਦਾ ਵੇਰਵਾ ਵੀ ਮੁਹੱਈਆ ਕਰਵਾਇਆ ਗਿਆ ਅਤੇ ਦੱਸਿਆ ਗਿਆ। ਪੰਜਾਬ ਸਰਕਾਰ ਵੱਲੋਂ ਦੱਸਿਆ ਗਿਆ ਕਿ ਕਣਕ ਦੀ ਖਰੀਦ ਪੂਰੀ ਤੇਜ਼ੀ ਨਾਲ ਚਾਲੂ ਕਰ ਦਿੱਤੀ ਗਈ ਹੈ ਅਤੇ ਕਿਸਾਨਾਂ ਦੀ ਸਾਰੀ ਕਣਕ ਪੂਰੇ ਰੇਟ ਤੇ ਖਰੀਦੀ ਜਾਵੇਗੀ। ਉੱਚ ਅਧਿਕਾਰੀਆਂ ਵੱਲੋਂ ਕਿਸਾਨਾਂ ਨੂੰ ਰੇਲ ਰੋਕੋ ਪ੍ਰੋਗਰਾਮ ਦੋ ਦਿਨ ਲਈ ਮੁਲਤਵੀ ਕਰਨ ਦੀ ਅਪੀਲ ਕੀਤੀ ਗਈ ਸੀ। ਉੱਚ ਅਧਿਕਾਰੀਆਂ ਨੇ ਇਹ ਵੀ ਦਾਅਵਾ ਕੀਤਾ ਕਿ ਕਣਕ ਦੀ ਖਰੀਦ ਲਈ ਲੋੜੀਂਦਾ ਬਾਰਦਾਨਾ ਸਰਕਾਰ ਕੋਲ ਉਪਲਬਧ ਹੈ। ਮੰਡੀਆਂ ਵਿੱਚ ਕਣਕ ਦੀ ਖਰੀਦ ਵਿੱਚ ਆਈ ਤੇਜ਼ੀ, ਖਰੀਦ ਨਿਯਮਾਂ ਵਿੱਚ ਛੋਟ ਦੇਣ ਦੀ ਸਿਫਾਰਿਸ਼ ਅਤੇ ਖੇਤਾਂ ਵਿੱਚ ਕਣਕ ਦੀ ਸਾਂਭ ਸੰਭਾਲ ਦਾ ਕੰਮ ਜ਼ੋਰਾਂ ਤੇ ਹੋਣ ਕਾਰਨ ਕਿਸਾਨ ਜਥੇਬੰਦੀਆਂ ਨੇ ਇਹ ਪ੍ਰੋਗਰਾਮ ਤਿੰਨ ਦਿਨ ਲਈ ਮੁਲਤਵੀ ਕਰ ਦਿੱਤਾ ਅਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਕਿ ਜੇਕਰ ਕਣਕ ਦੀ ਖਰੀਦ ਵਿੱਚ ਕੋਈ ਰੁਕਾਵਟ ਆਈ ਜਾਂ ਕਣਕ ਦੀ ਕੀਮਤ ਵਿੱਚ ਕੋਈ ਕਟੌਤੀ ਕੀਤੀ ਗਈ ਤਾਂ ਕਿਸਾਨਾਂ ਵੱਲੋਂ ਮੁੜ ਤੋਂ ਸੰਘਰਸ਼ ਸ਼ੁਰੂ ਕੀਤਾ ਜਾਵੇਗਾ। ਪੰਜਾਬ ਸਰਕਾਰ ਵੱਲੋਂ ਕੀਤੇ ਵਾਅਦੇ ਅਨੁਸਾਰ ਦੁਪਹਿਰ ਤੱਕ ਕੇਂਦਰ ਸਰਕਾਰ ਵੱਲੋਂ ਕਣਕ ਦੇ ਖਰੀਦ ਨਿਯਮਾਂ ਵਿੱਚ ਛੋਟ ਦੇ ਦਿੱਤੀ ਗਈ। ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨਾਂ ਨੂੰ ਆਪਣੀ ਕਣਕ ਵੇਚਣ ਲਈ ਵੀ ਸੰਘਰਸ਼ ਕਰਨਾ ਪੈਂਦਾ ਹੈ। ਇਹ ਪੰਜਾਬ ਸਰਕਾਰ ਦੀ ਨਲਾਇਕੀ ਅਤੇ ਕੇਂਦਰ ਸਰਕਾਰ ਦੀਆਂ ਕਾਰਪੋਰੇਟ ਘਰਾਣਿਆ ਪੱਖੀ ਅਤੇ ਕਿਸਾਨ ਮਜ਼ਦੂਰ ਵਿਰੋਧੀ ਨੀਤੀਆਂ ਦਾ ਨਤੀਜਾ ਹੈ। ਸੰਘਰਸ਼ ਦੇ ਦਬਾਅ ਸਦਕਾ, ਕਣਕ ਦੀ ਖਰੀਦ ਵਿੱਚ ਆਈ ਤੇਜ਼ੀ ਅਤੇ ਖਰੀਦ ਨਿਯਮਾਂ ਵਿੱਚ ਮਿਲੀ ਢਿੱਲ ਨੂੰ ਕਿਸਾਨ ਜਥੇਬੰਦੀਆਂ ਦੀ ਜਿੱਤ ਦਸਦਿਆਂ ਮਨਜੀਤ ਸਿੰਘ ਧਨੇਰ ਅਤੇ ਸਰਵਣ ਸਿੰਘ ਪੰਧੇਰ ਨੇ ਪੰਜਾਬ ਦੇ ਸਮੂਹ ਲੋਕਾਂ ਦਾ ਧੰਨਵਾਦ ਕੀਤਾ ਅਤੇ ਆਉਣ ਵਾਲੇ ਸਮੇਂ ਵਿੱਚ ਸੰਘਰਸ਼ਾਂ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।

# ਛਾਹੜ ਸਕੂਲ ਦੀ ਵਿਦਿਅਕ ਸਰਦਾਰੀ, ਹੋਣਹਾਰਾਂ ਨੇ ਵਧਾਇਆ ਸੰਸਥਾ ਤੇ ਇਲਾਕੇ ਦਾ ਮਾਣ



ਕੌਹਰੀਆਂ, 17 ਅਪ੍ਰੈਲ (ਅਵਤਾਰ ਸਿੰਘ ਜਟਾਣਾ) : ਇਲਾਕੇ ਦੀ ਮੋਹਰੀ ਵਿੱਦਿਅਕ ਸੰਸਥਾ 'ਸੰਤ ਈਸ਼ਰ ਸਿੰਘ ਪਬਲਿਕ ਸਕੂਲ, ਛਾਹੜ' ਨੇ ਆਪਣੀ ਉੱਚ-ਕੋਟੀ ਦੀ ਵਿੱਦਿਅਕ ਪਰੰਪਰਾ ਅਤੇ ਅਕਾਦਮਿਕ ਮਿਆਰ ਨੂੰ ਬਰਕਰਾਰ ਰੱਖਦਿਆਂ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਇੱਕ ਵਾਰ ਫਿਰ ਵੱਡੀ ਸਫਲਤਾ ਹਾਸਿਲ ਕੀਤੀ ਹੈ। ਸਕੂਲ ਦਾ ਨਤੀਜਾ ਸੌ ਫ਼ੀਸਦੀ ਰਹਿਣ ਨਾਲ ਜਿੱਥੇ ਸੰਸਥਾ ਦਾ ਮਾਣ ਵਧਿਆ ਹੈ, ਉੱਥੇ ਹੀ ਵਿਦਿਆਰਥੀਆਂ ਨੇ ਆਪਣੀ ਸਖ਼ਤ ਮਿਹਨਤ ਅਤੇ ਲਗਨ ਦੇ ਦਮ 'ਤੇ ਸਾਬਿਤ ਕਰ ਦਿੱਤਾ ਹੈ ਕਿ ਦ੍ਰਿੜ ਨਿਸ਼ਚੇ ਨਾਲ ਹਰ ਮੁਕਾਮ ਹਾਸਿਲ ਕੀਤਾ ਜਾ ਸਕਦਾ ਹੈ। ਇਸ ਪ੍ਰੀਖਿਆ ਵਿੱਚ ਸਕੂਲ ਦੀ ਹੋਣਹਾਰ ਵਿਦਿਆਰਥਣ ਹਰਮਨਪ੍ਰੀਤ ਕੌਰ ਨੇ 97% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਿਲ ਕਰਦਿਆਂ ਸ਼ਾਨਦਾਰ ਪ੍ਰਾਪਤੀ ਕੀਤੀ ਹੈ। ਇਸੇ ਤਰ੍ਹਾਂ ਨਮਨਪ੍ਰੀਤ ਕੌਰ ਨੇ 96.2% ਅੰਕਾਂ ਨਾਲ ਦੂਜਾ ਅਤੇ ਪ੍ਰਭਜੋਤ ਨੇ 95.8% ਅੰਕਾਂ ਨਾਲ ਤੀਜਾ ਸਥਾਨ ਹਾਸਿਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ।ਸਕੂਲ ਦੀ ਇਹ ਪ੍ਰਾਪਤੀ ਸਿਰਫ਼ ਮੋਹਰੀ ਪੁਜ਼ੀਸ਼ਨਾਂ ਤੱਕ ਹੀ ਸੀਮਤ ਨਹੀਂ ਰਹੀ, ਸਗੋਂ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ 90 ਫ਼ੀਸਦੀ ਤੋਂ ਵਧੇਰੇ ਅੰਕ ਹਾਸਿਲ ਕਰਕੇ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕੀਤਾ ਹੈ। ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਹੋਰਨਾਂ ਸਿਤਾਰਿਆਂ ਵਿੱਚ ਸਗਨਪ੍ਰੀਤ ਕੌਰ ਨੇ 94.8%, ਰਿਤਿਕਾ ਜੋਸ਼ੀ ਨੇ 93.8%, ਮਹਿਕਪ੍ਰੀਤ ਕੌਰ ਨੇ 93%, ਜਤਿਨ ਜੋਸ਼ੀ ਨੇ 92.6% ਅੰਕ ਪ੍ਰਾਪਤ ਕਰਕੇ ਆਪਣੇ ਮਾਪਿਆਂ ਅਤੇ ਸੰਸਥਾ ਦਾ ਮਾਣ ਵਧਾਇਆ ਹੈ। ਵਿਦਿਆਰਥੀਆਂ ਦੀ ਇਸ ਲਾਮਿਸਾਲ ਸਫਲਤਾ 'ਤੇ ਸਕੂਲ ਦੇ ਸਰਪ੍ਰਸਤ ਸੰਤ ਬਾਬਾ ਸਾਧੂ ਸਿੰਘ ਜੀ ਨੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਹੋਣਹਾਰ ਬੱਚਿਆਂ ਨੂੰ ਆਪਣਾ ਸ਼ੁਭ ਆਸ਼ੀਰਵਾਦ ਦਿੱਤਾ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਸਕੂਲ ਦੇ ਚੇਅਰਮੈਨ ਸ੍ਰੀਮਤੀ ਗੁਰਮੀਤ ਕੌਰ, ਪ੍ਰਿੰਸੀਪਲ ਸ. ਮਨਜੀਤਪਾਲ ਸਿੰਘ ਅਤੇ ਵਾਇਸ ਪ੍ਰਿੰਸੀਪਲ ਸੁਧਾਂਸ਼ੂ ਸ਼ਰਮਾ ਨੇ ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਸਮੂਹ ਸਟਾਫ ਦੀ ਸੁਚੱਜੀ ਰਹਿਨੁਮਾਈ, ਸਖ਼ਤ ਅਨੁਸ਼ਾਸਨ ਅਤੇ ਵਿਦਿਆਰਥੀਆਂ ਦੀ ਦਿਨ-ਰਾਤ ਦੀ ਮਿਹਨਤ ਸਿਰ ਬੰਨ੍ਹਿਆ। ਇਸ ਮੌਕੇ ਸਮੂਹ ਸਟਾਫ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਵੀ ਉਚੇਰੀਆਂ ਮੰਜ਼ਿਲਾਂ ਸਰ ਕਰਨ ਲਈ ਪ੍ਰੇਰਿਤ ਕੀਤਾ।

# ਕਿਸਾਨ ਪੱਕੀ ਫ਼ਸਲ ਨੂੰ ਅੱਗ ਦੀਆਂ ਘਟਨਾਵਾਂ ਤੋਂ ਬਚਾਉਣ ਲਈ ਪੂਰੀ ਚੌਕਸੀ ਵਰਤਣ: ਡੀ.ਸੀ.

ਬਰਨਾਲਾ, 17 ਅਪ੍ਰੈਲ (ਬਘੇਲ ਸਿੰਘ ਧਾਲੀਵਾਲ): ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਕਣਕ ਦੀ ਵਾਢੀ ਦੇ ਸੀਜ਼ਨ ਦੇ ਮੱਦੇਨਜ਼ਰ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਪੱਕੀ ਹੋਈ ਫ਼ਸਲ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਤੋਂ ਬਚਾਉਣ ਲਈ ਪੂਰੀ ਚੌਕਸੀ ਵਰਤੀ ਜਾਵੇ। ਉਹਨਾਂ ਕਿਹਾ ਕਿ ਕੱਲ੍ਹ ਭਦੌੜ ਨੇੜੇ ਕੋਠੇ ਖਿਓਣ ਸਿੰਘ ਵਾਲਾ ਵਿੱਚ ਕਣਕ ਦੀ ਪੱਕੀ ਫ਼ਸਲ ਨੂੰ ਅੱਗ ਲੱਗਣ ਦੀ ਘਟਨਾ ਸਾਹਮਣੇ ਆਈ ਹੈ ਜਿਸ ਦੀ ਸੂਚਨਾ ਮਿਲਣ @ਤੇ ਮੌਕੇ ਉੱਤੇ ਪੜਤਾਲ ਕਰਨ ਦੇ ਨਿਰਦੇਸ਼ ਦਿੱਤੇ ਗਏ। ਇਸ ਸਬੰਧੀ ਪਟਵਾਰੀ ਵਲੋਂ ਰਿਪੋਰਟ ਕੀਤੀ ਗਈ ਹੈ। ਜਿਸ ਵਿਚ ਸਾਹਮਣੇ ਆਇਆ ਹੈ ਕੋਠੇ ਖਿਓਣ ਸਿੰਘ ਵਾਲਾ ਦੇ ਚਾਰ ਕਿਸਾਨਾਂ ਦੇ ਖੇਤ ਵਿਚ ਅੱਗ ਲੱਗਣ ਨਾਲ ਕਣਕ ਦੀ ਫ਼ਸਲ ਸੜ ਗਈ। ਓਹਨਾਂ ਕਿਹਾ ਕਿ ਇਸ ਸਬੰਧੀ ਐੱਸਡੀਐੱਮ ਦੀ ਵਿਸਥਾਰਿਤ ਰਿਪੋਰਟ ਮਗਰੋਂ ਸਰਕਾਰ ਨੂੰ ਮੁਆਵਜ਼ੇ ਲਈ ਕੇਸ ਭੇਜਿਆ ਜਾਵੇਗਾ ਅਤੇ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਮੁਹਈਆ ਕਰਾਇਆ ਜਾਵੇਗਾ ਤਾਂ ਜੋ ਓਹਨਾਂ ਦੇ ਨੁਕਸਾਨ ਦੀ ਭਰਪਾਈ ਹੋ ਸਕੇ। ਓਹਨਾਂ ਦੱਸਿਆ ਕਿ ਵਾਢੀ ਦੇ ਸੀਜ਼ਨ ਨੂੰ ਧਿਆਨ ਵਿਚ ਰੱਖਦੇ ਹੋਏ ਫਾਇਰ ਟੈਂਡਰ ਸਮੇਤ ਸਟਾਫ ਵੱਖ ਵੱਖ ਖੇਤਰਾਂ ਵਿਚ ਤਾਇਨਾਤ ਕੀਤੇ ਹੋਏ ਹਨ। ਇਨ੍ਹਾਂ ਵਿਚ ਹੰਡਿਆਇਆ ਚੌਕ ਬਰਨਾਲਾ ਵਿਖੇ, ਵੀ ਆਰ ਸੀ ਮਾਲ ਬਾਜਾਖਾਨਾ ਰੋਡ ਬਰਨਾਲਾ ਵਿਖੇ, ਸੰਘੇੜਾ ਵਿਖੇ, ਤਪਾ ਪੁਲ ਦੇ ਥੱਲੇ, ਮਿਲਨ ਪੈਲੇਸ ਭਦੌੜ ਵਿਖੇ, ਪਿੰਡ ਰੂੜੇਕੇ ਵਿਖੇ ਤੇ ਦਫ਼ਤਰ ਫਾਇਰ ਸਟੇਸ਼ਨ ਬਰਨਾਲਾ ਵਿਖੇ (ਬਰਨਾਲਾ ਸ਼ਹਿਰ ਲਈ) ਫਾਇਰ ਟੈਂਡਰ ਸਮੇਤ ਸਟਾਫ ਤਾਇਨਾਤ ਕੀਤੇ ਹੋਏ ਹਨ। ਜੇਕਰ ਕਿਸੇ ਵੀ ਇਲਾਕੇ ਵਿਚ ਅੱਗ ਲੱਗਣ ਦੀ ਘਟਨਾ ਵਾਪਰਦੀ ਹੈ ਤਾਂ 0 1 6 7 9 2 3 0 1 0 1 , 0 1 6 7 9 2 3 1 7 5 5 , 8427653101 ਨੰਬਰਾਂ ਉੱਤੇ ਫਾਇਰ ਬ੍ਰਿਗੇਡ ਨੂੰ ਸੂਚਨਾ ਦਿੱਤਾ ਜਾਵੇ। ਜੇਕਰ ਕਿਤੇ ਵੀ ਬਿਜਲੀ ਦੀਆਂ ਲਾਈਨਾਂ ਵਿੱਚ ਨੁਕਸ ਜਾਂ ਸਪਾਰਕਿੰਗ ਨਜ਼ਰ ਆਉਂਦੀ ਹੈ ਤਾਂ ਬਿਜਲੀ ਵਿਭਾਗ ਦੇ ਕੰਟਰੋਲ ਰੂਮ ਨੰਬਰਾਂ 96461-10672, 96466 98283, 96461-06835 (ਸਟੇਟ ਪੱਧਰ) @ਤੇ ਸੂਚਨਾ ਦਿੱਤੀ ਜਾਵੇ। ਇਸ ਤੋਂ ਇਲਾਵਾ ਬਿਜਲੀ ਦੇ ਖੰਭਿਆਂ, ਟਰਾਂਸਫਾਰਮਰਾਂ ਥੱਲੇ ਖੜ੍ਹੀ ਕਣਕ ਨੂੰ ਪਹਿਲਾਂ ਕੱਟ ਲਿਆ ਜਾਵੇ। ਓਹਨਾਂ ਅਪੀਲ ਕੀਤੀ ਕਿ ਹਾਰਵੈਸਟਰ ਕੰਬਾਈਨਾਂ ਸਿਰਫ਼ ਦਿਨ ਵੇਲੇ ਹੀ ਚਲਾਈਆਂ ਜਾਣ ਅਤੇ ਇਨ੍ਹਾਂ ਦੇ ਪੁਰਜ਼ਿਆਂ ਵਿੱਚੋਂ ਨਿਕਲਣ ਵਾਲੀਆਂ ਚੰਗਿਆੜੀਆਂ ਵੱਲ ਲਗਾਤਾਰ ਧਿਆਨ ਦਿੱਤਾ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਕਣਕ ਦੇ ਨਾੜ ਜਾਂ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀ ਮਨਾਹੀ ਹੈ ਅਤੇ ਅਜਿਹਾ ਕਰਨਾ ਖੜ੍ਹੀ ਫ਼ਸਲ ਲਈ ਵੀ ਖ਼ਤਰਨਾਕ ਹੈ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਣਕ ਦੀ ਵਾਢੀ ਵੇਲੇ ਪੂਰੀ ਚੌਕਸੀ ਵਰਤਣ।

# ਧਨੌਲਾ ਵਿੱਚ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਸ਼ੁਰੂ



ਧਨੌਲਾ, 17 ਅਪ੍ਰੈਲ (ਚਮਕੌਰ ਸਿੰਘ ਗੱਗੀ) : ਸਿਵਲ ਸਰਜਨ ਬਰਨਾਲਾ ਡਾ. ਹਰੀ ਪਾਲ ਸਿੰਘ ਸਿੱਧੂ ਵੱਲੋਂ ਜਾਰੀ ਹੁਕਮਾਂ ਅਨੁਸਾਰ ਬਲਾਕ ਧਨੌਲਾ ਵਿੱਚ ਡੇਂਗੂ ਦੀ ਰੋਕਥਾਮ ਲਈ ÷ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਦਾ ਆਗਾਜ਼ ਹੋ ਗਿਆ ਹੈ। ਕਮਿਊਨਿਟੀ ਹੈਲਥ ਸੈਂਟਰ (ਸੀ.ਐੱਚ.ਸੀ) ਧਨੌਲਾ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਨੇ ਦੱਸਿਆ ਕਿ ਮਲੇਰੀਆ, ਡੇਂਗੂ ਅਤੇ ਚਿਕਨਗੁਣੀਆ ਵਰਗੇ ਖਤਰਨਾਕ ਰੋਗਾਂ ਤੋਂ ਬਚਣ ਲਈ ਅਹਿਤਿਆਤ ਵਰਤਣਾ ਬੇਹੱਦ ਜ਼ਰੂਰੀ ਹੈ ਅਤੇ ਗਰਮੀ ਦੇ ਮੌਸਮ ਵਿੱਚ ਡੇਂਗੂ ਫ਼ੈਲਣ ਦੇ ਖ਼ਤਰੇ ਦੇ ਮੱਦੇਨਜ਼ਰ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੀ ਅਗਵਾਈ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ÷ ਮੁਹਿੰਮ ਤਹਿਤ ਲੋਕਾਂ ਨੂੰ ÷ਡ੍ਰਾਈ ਡੇਅ' ਮਨਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਡੇਂਗੂ ਅਤੇ ਚਿਕਨਗੁਣੀਆ ਏਡੀਜ਼ ਨਾਂ ਦੇ ਮੱਛਰ ਅਤੇ ਮਲੇਰੀਆ ਅਨਾਫ਼ਲੀਜ਼ ਨਾਂ ਦੇ ਮੱਛਰ ਦੇ ਕੱਟਣ ਨਾਲ ਫ਼ੈਲਦਾ ਹੈ ਜੇਕਰ ਅਸੀਂ ਆਪਣੇ ਘਰਾਂ ਦੇ ਅੰਦਰ ਅਤੇ ਬਾਹਰ ਪਾਣੀ ਖੜ੍ਹਾ ਨਾ ਹੋਣ ਦਈਏ ਤਾਂ ਅਜਿਹੇ ਮੱਛਰਾਂ ਦੇ ਵਾਧੇ ਨੂੰ ਰੋਕਿਆ ਜਾ ਸਕਦਾ ਹੈ। ਉਹਨਾਂ ਦੱਸਿਆ ਕਿ ਕੋਈ ਵੀ ਬੁਖ਼ਾਰ ਮਲੇਰੀਆ ਜਾਂ ਡੇਂਗੂ ਹੋ ਸਕਦਾ ਹੈ ਇਸ ਕਰਕੇ ਬੁਖ਼ਾਰ ਹੋਣ ਦੀ ਸੂਰਤ ਵਿੱਚ ਅਣਗਹਿਲੀ ਨਾ ਵਰਤੀ ਜਾਵੇ ਅਤੇ ਜਲਦੀ ਹੀ ਨੇੜਲੇ ਸਿਹਤ ਕੇਂਦਰ ਵਿੱਚ ਚੈੱਕ-ਅਪ ਅਤੇ ਖ਼ੂਨ ਦੀ ਜਾਂਚ ਕਰਵਾਈ ਜਾਵੇ ਤਾਂ ਜੋ ਸਮੇਂ ਸਿਰ ਸਹੀ ਇਲਾਜ ਹੋ ਸਕੇ। ਡਾ. ਔਜਲਾ ਨੇ ਦੱਸਿਆ ਕਿ ਸਰਕਾਰੀ ਹਸਪਤਾਲਾਂ ਵਿੱਚ ਡੇਂਗੂ ਅਤੇ ਮਲੇਰੀਆ ਦੀ ਜਾਂਚ ਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਬੀ.ਈ.ਈ ਰਤਿਕਾ ਓਬਰਾਏ ਨੇ ਦੱਸਿਆ ਕਿ ਅੱਜ ਆਯੁਸ਼ਮਾਨ ਅਰੋਗਿਆ ਕੇਂਦਰ ਭੱਠਲਾਂ, ਕੱਟੂ ਅਤੇ ਝਲੂਰ ਦੀ ਟੀਮ ਵੱਲੋਂ ਘਰ ਘਰ ਜਾ ਕੇ ਲੋਕਾਂ ਨੂੰ ਹਫ਼ਤੇ 'ਚ ਇੱਕ ਵਾਰ ਗਮਲੇ, ਕੂਲਰ, ਮਿੱਟੀ ਦੇ ਭਾਂਡਿਆਂ ਆਦਿ ਵਿੱਚ ਖੜ੍ਹਾ ਪਾਣੀ ਸੁਕਾਉਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਸੌਣ ਵੇਲੇ ਮੱਛਰਦਾਨੀ, ਮੱਛਰਾਂ ਤੋਂ ਬਚਾਅ ਲਈ ਕ੍ਰੀਮ ਜਾਂ ਤੇਲ ਲਾਉਣ ਦੀ ਸਲਾਹ ਦਿੱਤੀ ਗਈ ਤਾਂ ਜੋ ਮੱਛਰਾਂ ਕਾਰਨ ਹੋਣ ਵਾਲੀਆਂ ਇਹਨਾਂ ਗੰਭੀਰ ਬਿਮਾਰੀਆਂ ਤੋਂ ਬਚਿਆ ਜਾ ਸਕੇ। ਇਸ ਮੌਕੇ ਐੱਸ.ਆਈ ਪਰਵਿੰਦਰ ਸਿੰਘ, ਦਰਸ਼ਪ੍ਰੀਤ ਸਿੰਘ ਅਤੇ ਹਰਮਿੰਦਰ ਸਿੰਘ, ਮਲਟੀਪਰਪਜ਼ ਹੈਲਥ ਵਰਕਰ ਕੁਲਦੀਪ ਸਿੰਘ, ਲਖਵਿੰਦਰ ਸਿੰਘ, ਪਰਮਿੰਦਰ ਸਿੰਘ ਅਤੇ ਕਰਮਵੀਰ ਸਿੰਘ, ਉਪਵੈਦ ਇੰਦਰਜੀਤ ਕੁਮਾਰ ਤੋਂ ਇਲਾਵਾ ਆਸ਼ਾ ਬਲਵਿੰਦਰ ਕੌਰ ਅਤੇ ਰਾਣੀ ਕੌਰ ਹਾਜ਼ਰ ਸਨ।

# ਟੀ.ਬੀ. ਦੀ ਸਮੇਂ ਸਿਰ ਜਾਂਚ ਅਤੇ ਇਲਾਜ ਜ਼ਰੂਰੀ : ਸਿਵਲ ਸਰਜਨ



ਬਰਨਾਲਾ, 17 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਦੇ ਪੱਤਰ ਅਨੁਸਾਰ ਰਾਸ਼ਟਰੀ ਪੱਧਰ 'ਤੇ 100 ਦਿਨਾਂ ਦੀ ਤੀਬਰ ਟੀ.ਬੀ. ਖਾਤਮਾ ਮੁਹਿੰਮ ਚਲਾਈ ਜਾ ਰਹੀ ਹੈ। ਇਸ ਸਬੰਧੀ ਜ਼ਿਲ੍ਹਾ ਬਰਨਾਲਾ ਦੇ ਪਿੰਡਾਂ, ਸ਼ਹਿਰਾਂ ਅਤੇ ਸਲੱਮ ਇਲਾਕਿਆਂ ਵਿੱਚ ਚੈੱਕਅਪ ਅਤੇ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ,ਇਨ੍ਹਾਂ ਸਬਦਾਂ ਦਾ ਪ੍ਰਗਟਾਵਾਂ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਵੱਲੋਂ ਕੀਤਾ ਗਿਆ । ਸੀਨੀਅਰ ਮੈਡੀਕਲ ਅਫ਼ਸਰ ਡਾ. ਇੰਦੂ ਬਾਂਸਲ ਨੇ ਦੱਸਿਆ ਕਿ ਟੀ.ਬੀ. ਇੱਕ ਲਾਗ ਦੀ ਬਿਮਾਰੀ ਹੈ ਜੋ ਮਨੁੱਖੀ ਸਰੀਰ 'ਤੇ ਹਮਲਾ ਕਰਨ ਵਾਲੇ ਮਾਈਕੋਬੈਕਟੀਰੀਅਮ ਟਿਊਬਰਕਿਊਲੋਸਿਸ ਕਾਰਨ ਹੁੰਦੀ ਹੈ। ਇਹ ਇੱਕ ਰੋਗੀ ਤੋਂ ਸਿਹਤਮੰਦ ਇਨਸਾਨ ਤੱਕ ਫੈਲਦੀ ਹੈ। ਟੀ.ਬੀ. ਬਿਮਾਰੀ ਦੀ ਜਾਂਚ ਅਤੇ ਇਲਾਜ ਬਿਲਕੁੱਲ ਮੁਫ਼ਤ ਹੈ ।ਸਮੇਂ ਸਿਰ ਜਾਂਚ ਅਤੇ ਨਿਯਮਿਤ ਇਲਾਜ ਨਾਲ ਮਰੀਜ਼ ਪੂਰੀ ਤਰ੍ਹਾਂ ਠੀਕ ਹੋ ਜਾਂਦੇ ਹਨ । ਇਸ ਮੌਕੇ ਜ਼ਿਲ੍ਹਾ ਟੀ.ਬੀ. ਅਫ਼ਸਰ ਡਾ. ਮੋਨਿਕਾ ਬਾਂਸਲ ਨੇ ਦੱਸਿਆ ਕਿ ਸਿਵਲ ਹਸਪਤਾਲ ਬਰਨਾਲਾ ਵਿਖੇ ਟੀ.ਬੀ. ਦੀ ਬਿਮਾਰੀ ਦੀ ਜਾਂਚ ਅਧੁਨਿਕ ਮਸ਼ੀਨਾਂ ਰਾਹੀਂ ਕੀਤੀ ਜਾਂਦੀ ਹੈ ਅਤੇ ਇਸ ਬਿਮਾਰੀ ਦਾ ਇਲਾਜ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ । ਟੀ.ਬੀ.ਦੇ ਲੱਛਣ ਜਿਵੇਂ ਲਗਾਤਰ ਦੋ ਹਫ਼ਤਿਆਂ ਤੋਂ ਖਾਂਸੀ ਨਾਲ ਹਲਕਾ ਬੁਖਾਰ ਰਹਿਣਾ,ਭਾਰ ਦਾ ਘਟਣਾ, ਭੁੱਖ ਨਾ ਲੱਗਣੀ, ਥਕਾਵਟ ਮਹਿਸੂਸ ਕਰਨਾ ਆਦਿ ਹੋਣ ਤਾਂ ਉਸ ਨੂੰ ਤੁਰੰਤ ਨੇੜੇ ਦੇ ਸਰਕਰੀ ਹਸਪਤਾਲ ਵਿੱਚ ਪਹੁੰਚ ਕੇ ਆਪਣੀ ਜਾਂਚ ਕਰਵਾਉਣੀ ਚਾਹੀਦੀ ਹੈ। ਇਸ ਦੌਰਾਨਾ ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਕੁਲਦੀਪ ਸਿੰਘ ਮਾਨ ਅਤੇ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਹਰਜੀਤ ਸਿੰਘ ਨੇ ਦੱਸਿਆ ਕਿ ਰਾਸ਼ਟਰੀ 100 ਦਿਨ ਤੀਬਰ ਟੀ.ਬੀ. ( ਤਪਦਿਕ ) ਖਾਤਮਾ ਮੁਹਿੰਮ ' ਹਾਂ ਅਸੀਂ ਟੀ ਬੀ ਨੂੰ ਖਤਮ ਕਰ ਸਕਦੇ ਹਾਂ ' ਵਿਸ਼ੇ 'ਤੇ ਚਲਾਈ ਜਾ ਰਹੀ ਹੈ ।ਮੁਹਿੰਮ ਦਾ ਵਿਸ਼ਾ ਟੀ.ਬੀ. ਦੀ ਬਿਮਾਰੀ ਨੂੰ ਖਤਮ ਕਰਨ ਦੇ ਸੰਕਲਪ ਨੂੰ ਦਰਸਾਉਂਦਾ ਹੈ ।ਸਿਹਤ ਵਿਭਾਗ ਦੇ ਕਰਮਚਾਰੀਆਂ ਅਤੇ ਆਸਾ ਵਰਕਰਾਂ ਵੱਲੋਂ ਮੁਹਿੰਮ ਦੌਰਾਨ ਲੋਕਾਂ ਨੂੰ ਕੈਂਪਾਂ ਵਿੱਚ ਅਤੇ ਗਰੁੱਪ ਮੀਟਿੰਗਾਂ ਕਰਕੇ ਜਾਗਰੂਕ ਕੀਤਾ ਜਾ ਰਿਹਾ ਹੈ।

# ਜੀ ਹੋਲੀ ਹਾਰਟ ਸਕੂਲ ਵੱਲੋਂ ਮੈਰਾਥਨ ਅਤੇ ਸਾਈਕਲਿੰਗ ਭਲਕੇ





ਬਰਨਾਲਾ, 17 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ): ਜੀ.ਹੋਲੀ ਹਾਰਟ ਪਬਲਿਕ ਸਕੂਲ, ਮਹਿਲ ਕਲਾਂ ਅਤੇ ਸੀ ਟੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਖੇਡਾਂ ਅਤੇ ਸਰੀਰਕ ਤੰਦਰੁਸਤੀ ਅਤੇ ਬੱਚਿਆਂ ਨੂੰ ਨਸ਼ਿਆਂ ਦੀ ਭੈੜੀ ਦਲਦਲ ਤੋਂ ਦੂਰ ਰੱਖਣ ਤੇ ਇਨ੍ਹਾਂ ਨਸਿਆਂ ਦੇ ਮਾੜੇ ਪ੍ਰਭਾਵਾਂ ਤੋਂ ਦੂਰ ਰੱਖਣ ਦੇ ਮਨਸੇ ਤਹਿਤ ਪੰਜਾਬ ਸਰਕਾਰ ਵੱਲੋਂ ਸੁਰੂ ਕੀਤੇ ÷ਯੁੱਧ ਨਸਿਆਂ ਵਿਰੁੱਧ÷ ਦੇ ਬੈਨਰ ਹੇਠ ਭਲਕੇ ਮਿਤੀ ਐਤਵਾਰ, 19 ਅਪ੍ਰੈਲ 2026 ਨੂੰ ਇੱਕ ਵਿਸ਼ਾਲ ਮੈਰਾਥਨ ਅਤੇ ਸਾਈਕਲਿੰਗ ਈਵੈਂਟ ਕਰਵਾਇਆ ਜਾ ਰਿਹਾ ਹੈ। ਉਕਤ ਸਮਾਗਮ ਦੇ ਸੁਰੂ ਹੋਣ ਦਾ ਸਮਾਂ ਸਵੇਰੇ 5 ਵਜੇ (ਬੱਸ ਸਟੈਂਡ ਮਹਿਲ ਕਲਾਂ) ਤੋਂ ਸ਼ੁਰੂ ਹੋ ਕੇ ਸਕੂਲ ਵਿੱਚ ਪਹੁੰਚੇਗੀ। ਜਿਸ ਵਿੱਚ ਇਲਾਕੇ ਦੇ ਬਹੁਤ ਸਾਰੇ ਸਭਨਾਂ ਵਰਗਾਂ ਦੇ ਲੋਕ ਅਤੇ ਵਿਦਿਆਰਥੀ ਆਪਣੀ ਸਮੂਲੀਅਤ ਕਰ ਲੋਕਾਂ ਨੂੰ ਇੱਕ ਚੰਗਾ ਸੁਨੇਹਾ ਅਤੇ ਇੱਕ ਚੰਗੇ ਸਮਾਜ ਨੂੰ ਸਿਰਜਣ ਵਿੱਚ ਆਪਣੀ ਭੂਮਿਕਾ ਦਰਜ ਕਰਵਾਉਣਗੇ। ਇਹ ਸਮੁੱਚੀ ਜਾਣਕਾਰੀ ਪੱਤਰਕਾਰਾਂ ਨੂੰ ਸਕੂਲ ਪ੍ਰਿੰਸੀਪਲ ਮੈਡਮ ਗੀਤਿਕਾ ਸ਼ਰਮਾਂ ਤੇ ਵਾਇਸ ਪ੍ਰਿੰਸੀਪਲ ਮੈਡਮ ਪਰਦੀਪ ਕੌਰ ਗਰੇਵਾਲ ਨੇ ਦਿੱਤੀ। ਇਸ ਮੌਕੇ ਪਰਦੀਪ ਗਰੇਵਾਲ ਨੇ ਦੱਸਿਆ ਕਿ ਉਕਤ ਸਮਾਗਮ ਵਿੱਚ ਸਮਾਜ ਦੀਆਂ ਪ੍ਰਮੁੱਖ ਸ਼ਖਸੀਅਤਾਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੀਆਂ। ਜਿਨ੍ਹਾਂ ਵਿੱਚ ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ, ਮੈਂਬਰ ਪਾਰਲੀਆਮੈਂਟ ਮੀਤ ਹੇਅਰ , ਐਮ. ਐਲ. ਏ. ਕੁਲਵੰਤ ਪੰਡੋਰੀ , ਮਾਨਯੋਗ ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ, ਐਸ.ਐਸ.ਪੀ. ਪੁਲਿਸ ਜਿਲ੍ਹਾ ਬਰਨਾਲਾ ਸਰਫਰਾਜ ਆਲਮ, ਡੀਐਸਪੀ ਸਬ ਡਵੀਜ਼ਨ ਮਹਿਲ ਕਲਾਂ ਸ. ਜਸਪਾਲ ਸਿੰਘ , ਐਸ ਡੀ ਐਮ ਮਹਿਲ ਕਲਾਂ ਮੈਡਮ ਕ੍ਰਿਤਿਕਾ ਗੋਇਲ ਆਈ ਏ ਐਸ, ਐਸ. ਡੀ. ਐਮ. ਤਪਾ ਆਯੁਸ਼ ਗੋਇਲ ਆਈ ਏ ਐਸ ਅਤੇ ਡਾਇਰੈਕਟਰ ਡਾ. ਅਮਨਦੀਪ ਤਾਂਗੜੀ ਜੀ ਤੋਂ ਇਲਾਵਾ ਸਮੁੱਚੇ ਮਹਿਲ ਕਲਾਂ ਇਲਾਕੇ ਦੀਆਂ ਸਤਿਕਾਰ ਯੋਗ ਸਖਸੀਅਤਾਂ ਸਿਰਕਤ ਕਰਨਗੀਆਂ। ਉਨ੍ਹਾਂ ਦੱਸਿਆ ਕਿ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸੁਸ਼ੀਲ ਗੋਇਲ ਦੀ ਯੋਗ ਅਗਵਾਈ ਹੇਠ ਇਸ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਬੱਚਿਆਂ ਨੂੰ ਖੇਡਾਂ ਪ੍ਰਤੀ ਜਾਗਰੂਕ ਕਰਨ ਲਈ ਇਹ ਕਦਮ ਚੁੱਕਿਆ ਗਿਆ ਹੈ। ਇਹ ਮੈਰਾਥਨ ਨਾ ਸਿਰਫ਼ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰੇਗੀ, ਸਗੋਂ ਸਮਾਜ ਵਿੱਚ ਅਨੁਸ਼ਾਸਨ ਅਤੇ ਏਕਤਾ ਦਾ ਸੁਨੇਹਾ ਵੀ ਦੇਵੇਗੀ। ਜੋ ਕਿ ਬੱਚਿਆਂ ਦੇ ਅਜੋਕੇ ਜੀਵਨ ਚ ਬਹੁਤ ਸਹਾਈ ਹੋਵੇਗੀ। ਸਾਈਕਲ ਚਾਲਕ ਮਹਿਲ ਕਲਾਂ ਬੱਸ ਸਟੈਂਡ ਤੇ ਸਹੀ 5 ਵਜੇ ਇੱਕਠੇ ਹੋਣ ਉਪਰੰਤ ਪਿੰਡ ਮਹਿਲ ਖੁਰਦ ਤੋਂ ਹੁੰਦੇ ਹੋਏ ਪਿੰਡ ਸਹੌਰ ਤੋਂ ਦੀ ਆਪਣਾ ਰਾਊਂਡ ਲਗਾਉਣ ਉਪਰੰਤ ਜੀ. ਹੋਲੀ ਹਾਰਟ ਸਕੂਲ ਮਹਿਲ ਕਲਾਂ ਦੇ ਕੈਂਪਸ ਚ@ ਆ ਕੇ ਆਪਣੀ ਰੇਸ ਖਤਮ ਕਰਨਗੇ। ਜਦਕਿ ਦੌੜ (ਪੈਦਲ) ਚ@ ਹਿੱਸਾ ਵਾਲੇ ਸਭਨਾਂ ਪ੍ਰਤੀਯੋਗਤਾ ਲਈ ਦੌੜ ਸਿਰਫ ਮਹਿਲ ਕਲਾਂ ਦੇ ਪਿੰਡਾ ਦੇ ਆਲ਼ੇ ਦੁਆਲੇ ਹੋਵੇਗੀ ਅਤੇ ਅਖ਼ੀਰ ਸਕੂਲ ਵਿੱਚ ਵਾਪਿਸ ਆਉਣਗੇ। ਮੈਨੇਜਮੈਂਟ ਕਮੇਟੀ ਵੱਲੋਂ ਸਮੂਹ ਇਲਾਕਾ ਨਿਵਾਸੀਆਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਗਈ ਹੈ ਤਾਂ ਜੋ ਇਸ ਪ੍ਰੋਗਰਾਮ ਨੂੰ ਸਫਲ ਬਣਾਇਆ ਜਾ ਸਕੇ। ਅਖੀਰ ਵਿੱਚ ਚੇਅਰਮੈਨ ਅਜੇ ਜਿੰਦਲ, ਡਾਇਰੈਕਟਰ ਰਾਕੇਸ਼ ਬਾਂਸਲ, ਡਾਇਰੈਕਟਰ ਨਿਤਿਨ ਜਿੰਦਲ ਨੇ ਮਹਿਲ ਕਲਾਂ ਇਲਾਕੇ ਦੇ ਨਾਲ ਜੁੜੇ ਹੋਏ ਸਮੂਹ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਇਸ ਸਮਾਗਮ ਦਾ ਹਿੱਸਾ ਬਣ ਕੇ ਉਹ ਆਪਣਾ ਬਣਦਾ ਯੋਗਦਾਨ ਪਾਉਣ ਤਾਂ ਜੋ ਲੋਕ ਇੱਕ ਨਿਰੋਈ ਸਿਹਤ ਅਤੇ ਨਸ਼ਿਆਂ ਤੋਂ ਦੂਰ ਹੋ ਸਕਣ।

# ਹਿੰਦੂ ਪੂਜਾ ਸਥਾਨਾਂ ਦੀ ਬੇਅਦਬੀ ਵਿਰੁੱਧ ਵੀ ਸਖ਼ਤ ਕਾਨੂੰਨ ਬਣਾਉਣਾ ਚਾਹੀਦੈ



ਬਰਨਾਲਾ, 17 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ): ਵਿਸ਼ਵ ਹਿੰਦੂ ਪ੍ਰੀਸ਼ਦ ਦੇ ਪਟਿਆਲਾ ਡਿਵੀਜ਼ਨ ਦੇ ਮੰਤਰੀ, ਨੀਲਮਣੀ ਸਮਾਧੀਆ ਨੇ ਇੱਕ ਪ੍ਰੈਸ ਰਿਲੀਜ਼ ਜਾਰੀ ਕਰਕੇ ਕਿਹਾ ਕਿ ÷ਅਸੀਂ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਬੇਅਦਬੀ ਐਕਟ ਨੂੰ ਲਾਗੂ ਕਰਨ ਦਾ ਪੂਰਾ ਸਤਿਕਾਰ ਅਤੇ ਸਵਾਗਤ ਕਰਦੇ ਹਾਂ। ਇਹ ਕਾਨੂੰਨ ਇੱਕ ਸ਼ਲਾਘਾਯੋਗ ਕਦਮ ਹੈ। ਇਸਨੂੰ ਪਹਿਲਾਂ ਹੀ ਲਾਗੂ ਕੀਤਾ ਜਾਣਾ ਚਾਹੀਦਾ ਸੀ।' ਪੰਜਾਬ ਸਰਕਾਰ ਨਾਲ ਨਾਰਾਜ਼ਗੀ ਪ੍ਰਗਟ ਕਰਦੇ ਹੋਏ, ਨੀਲਮਣੀ ਸਮਾਧੀਆ ਨੇ ਪੁੱਛਿਆ, ÷ਕੀ ਹਿੰਦੂਆਂ ਦੇ ਵਿਸ਼ਵਾਸ, ਉਨ੍ਹਾਂ ਦੇ ਦੇਵਤਿਆਂ, ਉਨ੍ਹਾਂ ਦੇ ਧਰਮ ਗ੍ਰੰਥਾਂ ਦਾ ਅਪਮਾਨ ਨਹੀਂ ਹੈ ? ' 'ਕੀ ਗਊਆਂ ਦਾ ਕਤਲ ਅਤੇ ਧਰਮ ਪਰਿਵਰਤਨ ਬੇਅਦਬੀ ਨਹੀਂ ਹੈ ? ਉਨ੍ਹਾਂ ਅੱਗੇ ਕਿਹਾ। 'ਸਾਲਾਂ ਤੋਂ, ਹਿੰਦੂ ਦੇਵਤਿਆਂ ਦਾ ਲਗਾਤਾਰ ਅਪਮਾਨ ਕੀਤਾ ਜਾ ਰਿਹਾ ਹੈ। ਮੰਦਰਾਂ 'ਤੇ ਹਮਲੇ ਕੀਤੇ ਜਾ ਰਹੇ ਹਨ, ਤੀਰਥ ਸਥਾਨਾਂ 'ਤੇ ਹਮਲੇ ਕੀਤੇ ਜਾ ਰਹੇ ਹਨ, ਜਲੂਸਾਂ 'ਤੇ ਹਮਲੇ ਕੀਤੇ ਜਾ ਰਹੇ ਹਨ। ਕੀ ਇਹ ਬੇਅਦਬੀ ਨਹੀਂ ਹੈ ? ਉਨ੍ਹਾਂ ਕਿਹਾ।'ਇੰਝ ਲੱਗਦਾ ਹੈ ਕਿ ਪੰਜਾਬ ਵਿੱਚ ਹਿੰਦੂ ਤੀਜੇ ਦਰਜੇ ਦੇ ਨਾਗਰਿਕ ਬਣ ਗਏ ਹਨ। ਹਿੰਦੂਆਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ।' ਉਨ੍ਹਾਂ ਨਾਰਾਜ਼ਗੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਇਸ ਸੋਧ ਬਿੱਲ ਵਿੱਚ ਗਊ ਹੱਤਿਆ, ਧਰਮ ਪਰਿਵਰਤਨ ਅਤੇ ਸਨਾਤਨ ਧਰਮ ਦੇ ਅਪਮਾਨ ਨੂੰ ਸ਼ਾਮਲ ਕਰਨਾ ਚਾਹੀਦਾ ਹੈ ਤਾਂ ਜੋ ਜੇਕਰ ਕੋਈ ਸਨਾਤਨ ਧਰਮ ਦੇ ਸਥਾਨ @ਤੇ ਹਮਲਾ ਕਰਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਨੂੰਨ ਬਣਾਏ ਜਾਣ ਤਾਂ ਜੋ ਉਹ ਦੁਬਾਰਾ ਅਜਿਹਾ ਨਾ ਕਰ ਸਕੇ ਅਤੇ ਹਿੰਦੂਆਂ ਨੂੰ ਸੁਰੱਖਿਅਤ ਹੋਣ ਦਾ ਅਹਿਸਾਸ ਹੋ ਸਕੇ। ਉਨ੍ਹਾਂ ਕਿਹਾ ਕਿ ਜੇਕਰ ਹਿੰਦੂਆਂ ਦੇ ਆਸਥਾ ਕੇਂਦਰਾਂ 'ਤੇ ਅਜਿਹੇ ਹਮਲੇ ਜਾਰੀ ਰਹੇ ਅਤੇ ਗਊ ਹੱਤਿਆ ਜਾਰੀ ਰਹੀ ਤਾਂ ਸਾਨੂੰ ਵੀ ਸੜਕਾਂ 'ਤੇ ਉਤਰ ਕੇ ਇਸ ਕਾਨੂੰਨ ਨੂੰ ਪਾਸ ਕਰਵਾਉਣ ਲਈ ਯਤਨ ਕਰਨੇ ਪੈਣਗੇ।

# ਡਾ. ਅੰਬੇਡਕਰ ਦੇ ਜਨਮ ਦਿਵਸ ਮੌਕੇ ਵਾਈ.ਐਸ. ਕਾਲਜ ਨੇ ਮੁਕਾਬਲੇ ਕਰਵਾਏ




ਬਰਨਾਲਾ, 17 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਵਾਈ.ਐਸ ਕਾਲਜ, ਜਿਸ ਨੂੰ ਮੋਸਟ ਇਮਰਜਿੰਗ ਇੰਸਟੀਚਿਊਟ ਆਫ਼ ਦਾ ਯੀਅਰ ਦੇ ਸਨਮਾਨ ਨਾਲ ਨਵਾਜਿਆ ਗਿਆ ਹੈ। 16 ਮਾਰਚ ਨੂੰ ਡਾ. ਭੀਮਰਾਓ ਅੰਬੇਡਕਰ ਜੀ ਦੇ ਜਨਮ ਦਿਵਸ ਦੇ ਮੌਕੇ 'ਤੇ ਮਾਈ ਭਾਰਤ ਕੇਂਦਰ, ਬਰਨਾਲਾ (ਯੁਵਾ ਮਾਮਲੇ ਅਤੇ ਖੇਡ ਮੰਤਰਾਲਾ) ਵੱਲੋਂ ਵਾਈਐਸ ਕਾਲਜ, ਹੰਡਿਆਇਆ ਦੇ ਸਹਿਯੋਗ ਨਾਲ ਭਾਸ਼ਣ, ਕਵਿਤਾ ਅਤੇ ਪੇਂਟਿੰਗ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਇਹ ਮੁਕਾਬਲੇ ਡਾ. ਬੀ.ਆਰ. ਅੰਬੇਡਕਰ: ਜੀਵਨ, ਦ੍ਰਿਸ਼ਟੀਕੋਣ ਅਤੇ ਯੋਗਦਾਨ ਵਿਸ਼ੇ 'ਤੇ ਆਧਾਰਿਤ ਸਨ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਮਹਾਨ ਸਮਾਜ ਸੁਧਾਰਕ ਅਤੇ ਆਧੁਨਿਕ ਭਾਰਤ ਦੇ ਨਿਰਮਾਤਾ ਡਾ. ਅੰਬੇਡਕਰ ਜੀ ਦੇ ਵਿਚਾਰਾਂ ਅਤੇ ਯੋਗਦਾਨਾਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਇਸ ਮੌਕੇ ਵਿਦਿਆਰਥੀਆਂ ਨੇ ਵੱਡੇ ਉਤਸ਼ਾਹ ਨਾਲ ਭਾਗ ਲੈਂਦੇ ਹੋਏ ਪ੍ਰਭਾਵਸ਼ਾਲੀ ਭਾਸ਼ਣਾਂ, ਸੋਚ ਪ੍ਰੇਰਿਤ ਕਵਿਤਾਵਾਂ ਅਤੇ ਰਚਨਾਤਮਕ ਚਿੱਤਰਕਲਾ ਰਾਹੀਂ ਡਾ. ਅੰਬੇਡਕਰ ਜੀ ਦੇ ਵਿਚਾਰਾਂ ਨੂੰ ਪ੍ਰਗਟ ਕੀਤਾ। ਇਹ ਉਪਰਾਲਾ ਸੰਵਿਧਾਨਕ ਮੁੱਲਾਂ, ਸਮਾਜਿਕ ਸਮਾਨਤਾ ਅਤੇ ਨੌਜਵਾਨਾਂ ਵਿੱਚ ਬੌਧਿਕ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਇਆ। ਇਸ ਪ੍ਰੋਗਰਾਮ ਦੇ ਨਿਰਣਾਇਕ ਵਜੋਂ ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ, ਜਸਦੀਪ ਕੌਰ (ਮੁੱਖੀ, ਬੀਏਜੇਐਮਸੀ ਵਿਭਾਗ), ਹਰਮਨਪ੍ਰੀਤ ਕੌਰ (ਮੁੱਖੀ, ਬੀ.ਐੱਸਸੀ ਆਈਟੀ ਵਿਭਾਗ) ਅਤੇ ਕੁਲਵੰਤ ਸਿੰਘ ਗਹਿਲ (ਆਰਟ ਫੈਕਲਟੀ) ਨੇ ਆਪਣੀ ਸਨਮਾਨਤ ਹਾਜ਼ਰੀ ਭਰੀ। ਨਿਰਣਾਇਕਾਂ ਨੇ ਵਿਦਿਆਰਥੀਆਂ ਦੇ ਆਤਮਵਿਸ਼ਵਾਸ, ਰਚਨਾਤਮਕਤਾ ਅਤੇ ਵਿਸ਼ੇ ਸੰਬੰਧੀ ਡੂੰਘੀ ਸਮਝ ਦੀ ਭਰਪੂਰ ਪ੍ਰਸ਼ੰਸਾ ਕੀਤੀ। ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ ਨੇ ਆਪਣੇ ਸੰਬੋਧਨ ਵਿੱਚ ਡਾ. ਅੰਬੇਡਕਰ ਜੀ ਦੇ ਜੀਵਨ ਸੰਘਰਸ਼ ਅਤੇ ਯੋਗਦਾਨਾਂ 'ਤੇ ਵਿਸਥਾਰ ਨਾਲ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਸਿਰਫ਼ ਭਾਰਤੀ ਸੰਵਿਧਾਨ ਦੇ ਮੁੱਖ ਰਚੇਤਾ ਹੀ ਨਹੀਂ ਸਨ, ਸਗੋਂ ਸਮਾਜਿਕ ਨਿਆਂ, ਸਮਾਨਤਾ ਅਤੇ ਸਿੱਖਿਆ ਰਾਹੀਂ ਸਮਾਜਿਕ ਉਤਥਾਨ ਦੇ ਮਹਾਨ ਦਰਸ਼ਨਕਾਰ ਵੀ ਸਨ। ਡਾਇਰੈਕਟਰ ਵਰੁਣ ਭਾਰਤੀ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਮਾਈ ਭਾਰਤ ਕੇਂਦਰ ਅਤੇ ਵਾਈ.ਐਸ ਕਾਲਜ ਦੇ ਸਾਂਝੇ ਉਪਰਾਲੇ ਦੀ ਸਰਾਹਨਾ ਕੀਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਦੇਸ਼ ਦੇ ਮਹਾਨ ਨੇਤਾਵਾਂ ਨਾਲ ਜੋੜਦੇ ਹਨ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਮਜ਼ਬੂਤ ਕਰਦੇ ਹਨ। ਵਾਈਸ ਪ੍ਰਿੰਸੀਪਲ ਵੀ.ਪੀ. ਸਿੰਗਲਾ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਹਾਨ ਸ਼ਖਸੀਅਤਾਂ ਦੇ ਵਿਚਾਰ ਸਾਨੂੰ ਸਮਾਨਤਾ, ਨਿਆਂ ਅਤੇ ਤਰੱਕੀ ਦੇ ਰਾਹ 'ਤੇ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ ਅਤੇ ਬੌਧਿਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦਾ ਸਮਾਪਨ ਏਕਤਾ, ਜਾਗਰੂਕਤਾ ਅਤੇ ਪ੍ਰੇਰਣਾ ਦੇ ਸੰਦੇਸ਼ ਨਾਲ ਹੋਇਆ, ਜਿਸ ਨਾਲ ਵਾਈ.ਐਸ ਕਾਲਜ ਵੱਲੋਂ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਅਤੇ ਜਾਗਰੂਕ ਨਾਗਰਿਕ ਤਿਆਰ ਕਰਨ ਦੇ ਸੰਕਲਪ ਨੂੰ ਦੁਹਰਾਇਆ ਗਿਆ।

# ਬੂਟਾ ਸਿੰਘ ਚੌਹਾਨ ਦੀ ਵੱਡ ਆਕਾਰੀ ਪੁਸਤਕ ਰਿਲੀਜ਼



ਬਰਨਾਲਾ, 17 ਅਪ੍ਰੈਲ (ਇਸ਼ੇਨ ਕੰਗ) : ਅੱਜ ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾ ਵਿਖੇ ਪੰਜਾਬੀ ਦੇ ਬਹੁਪੱਖੀ ਲੇਖਕ ਅਤੇ ਭਾਰਤੀ ਸਾਹਿਤ ਅਕੈਡਮੀ ਦਿੱਲੀ ਦੀ ਗਵਰਨਿੰਗ ਕੌਂਸਲ ਦੇ ਮੈਂਬਰ ਬੂਟਾ ਸਿੰਘ ਚੌਹਾਨ ਦੀ ਵੱਡ ਆਕਾਰੀ ਪੁਸਤਕ ਮੇਰੇ ਤਿੰਨ ਨਾਵਲ- ਭਾਗ ਦੂਜਾ ਰਿਲੀਜ਼ ਕੀਤੀ ਗਈ । ਇਹ ਰਸਮ ਸਕੂਲ ਦੇ ਸੰਸਥਾਪਕ ਰਵਿੰਦਰਜੀਤ ਸਿੰਘ ਬਿੰਦੀ ਨੇ ਅਦਾ ਕਰਨ ਉਪਰੰਤ ਕਿਹਾ ਕਿ ਬੂਟਾ ਸਿੰਘ ਚੌਹਾਨ ਨੇ ਆਪਣੇ ਨਾਵਲਾਂ ਵਿਚ ਮਲਵਈ ਜੀਵਨ ਨੂੰ ਚਿਤਰਿਆ ਹੈ। ਉਨ੍ਹਾਂ ਦੇ ਹਰ ਨਾਵਲ ਦਾ ਵਿਸ਼ਾ ਨਵਾਂ ਹੁੰਦਾ ਹੈ। ਜੀਵਨ ਦੇ ਵੱਡੇ ਸੱਚ ਪਾਠਕਾਂ ਦੇ ਸਨਮੁੱਖ ਲਿਆਉਣੇ ਉਨ੍ਹਾਂ ਦੇ ਨਾਵਲਾਂ ਦੇ ਵਿਸ਼ੇਸ਼ ਗੁਣ ਹੈ। ਬੂਟਾ ਸਿੰਘ ਚੌਹਾਨ ਨੇ ਦੱਸਿਆ ਕਿ ਇਸ ਤੋਂ ਪਿਛਲੇ ਸਾਲ ਇਸ ਲੜੀ ਦਾ ਪਹਿਲਾ ਭਾਗ ਛਪਿਆ ਸੀ। ਜਿਸ ਵਿਚ ਮੇਰੇ ਤਿੰਨ ਨਾਵਲ ਸੱਤ ਰੰਗੀਆਂ ਚਿੜੀਆਂ ਸਾਥ ਪਰਿੰਦਿਆਂ ਦਾ ਤੇ ਪਤਾ ਨਹੀਂ ਸੀ ਸ਼ਾਮਿਲ ਸਨ। ਇਸ ਦੂਜੇ ਭਾਗ ਵਿਚ ਉੱਜੜੇ ਖੂਹ ਦਾ ਪਾਣੀ ਗੇਰੂ ਰੰਗੇ ਤੇ ਲਵ ਪ੍ਰੋਜੈਕਟ, ਸ਼ਾਮਿਲ ਹਨ। ਉਨ੍ਹਾਂ ਦੱਸਿਆ ਕਿ ਹੁਣ ਤੱਕ ਉਹ ਦਸ ਨਾਵਲ ਲਿਖ ਚੁੱਕੇ ਹਨ। ਬੋਲੀਕਾਰ ਰਘਵੀਰ ਗਿੱਲ ਕੱਟੂ ਨੇ ਕਿਹਾ ਕਿ ਚੌਹਾਨ ਸਾਹਿਤ ਸਿਰਜਣਾ ਨੂੰ ਸਮਰਪਿਤ ਲੇਖਕ ਹਨ। ਆਪ ਤਾਂ ਨਿਰੰਤਰ ਲਿਖਦੇ ਹੀ ਨੇ, ਸਗੋਂ ਨਵੇਂ ਤੇ ਪ੍ਰੌੜ ਲੇਖਕਾਂ ਨੂੰ ਵੀ ਨਿਰੰਤਰ ਲਿਖਣ ਲਈ ਪ੍ਰੇਰਦੇ ਰਹਿੰਦੇ ਹਨ। ਡਾ. ਹਰਵਿੰਦਰ ਸਿੰਘ ਨੇ ਕਿਹਾ ਕਿ ਚੌਹਾਨ ਦੀਆਂ ਕਹਾਣੀਆਂ ਤੇ ਨਾਵਲਾਂ ਦੀ ਭਾਸ਼ਾ ਦਿਲ ਟੁੰਬਵੀਂ ਹੁੰਦੀ ਹੈ । ਇਹੋ ਕਾਰਨ ਹੈ ਕਿ ਉਨ੍ਹਾਂ ਦੇ ਪਾਠਕਾਂ ਦਾ ਦਾਇਰਾ ਦਿਨੋ ਦਿਨ ਵਿਸ਼ਾਲ ਹੋ ਰਿਹਾ ਹੈ। ਇਸ ਮੌਕੇ ਪਿੰ*ਸੀਪਲ ਅਮਨਦੀਪ ਕੌਰ, ਕੋਆਰਡੀਨੇਟਰ ਪਰਮਪ੍ਰੀਤ ਕੌਰ, ਵੈਦ ਤੇ ਸਮਾਜ ਸੇਵੀ ਕਪੂਰ ਚੰਦ ਸ਼ਰਮਾ, ਪੰਜਾਬੀ ਕਵੀ ਹਾਕਮ ਸਿੰਘ ਰੂੜੇਕੇ ਵੀ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



## ਸਿਹਤ ਮੰਤਰੀ ਵੱਲੋਂ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਤਹਿਤ ਰਾਜ ਪੱਧਰੀ ਮੁਹਿੰਮ ਦੀ ਪਟਿਆਲਾ ਤੋਂ ਸ਼ੁਰੂਆਤ

### ➢ਡੇਂਗੂ ਰੋਕਥਾਮ ਲਈ ਲੋਕਾਂ ਦੀ ਭਾਗੀਦਾਰੀ ਜ਼ਰੂਰੀ: ਡਾ.ਬਲਬੀਰ ਸਿੰਘ

ਪਟਿਆਲਾ, 17 ਅਪ੍ਰੈਲ (ਰੁਪਾਣਾ) : ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਦੇ ਬਾਜਵਾ ਕਲੋਨੀ ਵਿਖੇ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਆਯੋਜਿਤ ਜਨ ਸਿਹਤ ਜਾਗਰੂਕਤਾ ਅਤੇ ਬਿਮਾਰੀ ਰੋਕਥਾਮ ਮੁਹਿੰਮ ਦੀ ਸ਼ੁਰੂਆਤ ਪਟਿਆਲਾ ਤੋਂ ਕੀਤੀ। ਇਹ ਮੁਹਿੰਮ ਖਾਸ ਤੌਰ 'ਤੇ ਡੇਂਗੂ ਅਤੇ ਪੀਣ ਵਾਲੇ ਪਾਣੀ ਨਾਲ ਫੈਲਣ ਵਾਲੀਆਂ ਬਿਮਾਰੀਆਂ ਨੂੰ ਕਾਬੂ ਕਰਨ 'ਤੇ ਕੇਂਦਰਿਤ ਹੈ। ਇਸ ਮੌਕੇ ਸਿਹਤ ਮੰਤਰੀ ਨੇ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਦਾ ਸੰਦੇਸ਼ ਦਿੱਤਾ। ਉਨ੍ਹਾਂ



ਕਿਹਾ ਕਿ ਡੇਂਗੂ ਵਰਗੀ ਖ਼ਤਰਨਾਕ ਬਿਮਾਰੀ ਤੋਂ ਬਚਾਅ ਲਈ ਲੋਕਾਂ ਦੀ ਸਾਂਝੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਡੇਂਗੂ ਅਤੇ ਪਾਣੀ ਨਾਲ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਰਾਜ ਪੱਧਰੀ ਵਿਸ਼ੇਸ਼ ਅਭਿਆਨ ਚਲਾਇਆ ਜਾ ਰਿਹਾ ਹੈ, ਜਿਸ ਦੇ ਤਹਿਤ ਜਾਗਰੂਕਤਾ, ਨਿਗਰਾਨੀ ਅਤੇ ਤੁਰੰਤ ਇਲਾਜ 'ਤੇ ਖਾਸ ਧਿਆਨ ਦਿੱਤਾ ਜਾ ਰਿਹਾ ਹੈ। ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਫ਼-ਸੁਥਰਾ ਮਾਹੌਲ ਹੀ ਤੰਦਰੁਸਤ ਜੀਵਨ ਦੀ ਬੁਨਿਆਦ ਹੈ। ਉਨ੍ਹਾਂ ਅਪੀਲ ਕੀਤੀ ਕਿ ਘਰਾਂ ਅਤੇ ਆਲੇ-ਦੁਆਲੇ ਖੜ੍ਹਾ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇ, ਕਿਉਂਕਿ ਇਹ ਮੱਛਰਾਂ ਦੀ ਪੈਦਾਵਾਰ ਦਾ ਸਭ ਤੋਂ ਵੱਡਾ ਕਾਰਨ ਬਣਦਾ ਹੈ। ਉਨ੍ਹਾਂ ਨੇ ਇਹ ਵੀ ਜ਼ੋਰ ਦਿੱਤਾ ਕਿ ਪੀਣ ਵਾਲੇ ਪਾਣੀ ਦੀ ਸਫਾਈ 'ਤੇ ਖਾਸ ਧਿਆਨ ਦਿੱਤਾ ਜਾਵੇ, ਕਿਉਂਕਿ ਗੰਦਾ ਪਾਣੀ ਕਈ ਗੰਭੀਰ ਬਿਮਾਰੀਆਂ ਨੂੰ ਜਨਮ ਦੇ ਸਕਦਾ ਹੈ। ਅੰਤ ਵਿੱਚ ਸਿਹਤ ਮੰਤਰੀ ਨੇ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਆਓ ਮਿਲ ਕੇ ਪੰਜਾਬ ਦੇ ਹਰ ਘਰ ਤੱਕ ਸਿਹਤ ਜਾਗਰੂਕਤਾ ਪਹੁੰਚਾਈਏ ਅਤੇ ਸਾਫ਼-ਸੁਥਰੇ ਤੇ ਤੰਦਰੁਸਤ ਪੰਜਾਬ ਦੀ ਨੀਂਹ ਹੋਰ ਮਜ਼ਬੂਤ ਕਰੀਏ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਬਿਮਾਰੀਆਂ 'ਤੇ ਕਾਬੂ ਪਾਇਆ ਜਾ ਸਕਦਾ ਹੈ ਅਤੇ ਇੱਕ ਸਿਹਤਮੰਦ ਸਮਾਜ ਦੀ ਰਚਨਾ ਸੰਭਵ ਹੈ। ਇਸ ਮੌਕੇ ਐਸ ਡੀ ਐਮ ਹਰਜੋਤ ਕੌਰ, ਡਾ ਸ਼ੈਲੀ ਜੇਤਲੀ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ ਸੁਮੀਤ ਸਿੰਘ, ਐਸ ਐਮ ਓ ਡਾ ਪਰਨੀਤ ਕੌਰ ਤੋਂ ਇਲਾਵਾ ਸਿਹਤ ਵਿਭਾਗ ਦੇ ਅਧਿਕਾਰੀ ਮੌਜੂਦ ਸਨ।

## ਪੁਲਿਸ ਵੱਲੋਂ ਭਗੌੜਾ ਬੋਬੀ ਮਾਹੀ ਦੇ ਤਿੰਨ ਸ਼ੂਟਰ ਅਸਲੇ ਸਮੇਤ ਕਾਬੂ

### ➢ਦੋ ਪਿਸਤੌਲ 30 ਜ਼ਿੰਦਾ ਰੌਂਦ ਬ੍ਰਾਮਦ

ਪਟਿਆਲਾ, 17 ਅਪ੍ਰੈਲ (ਵਿਨੋਦ ਸ਼ਰਮਾ/ਰੁਪਾਣਾ) : ਐਸਐਸਪੀ ਵਰੁਣ ਸ਼ਰਮਾ ਨੇ ਪ੍ਰੈਸ ਨੋਟ ਰਾਹੀਂ ਦੱਸਿਆ ਕਿ ਮਾਨਯੋਗ ਡੀ.ਜੀ.ਪੀ. ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੈਂਗਸਟਰਾਂ ਅਤੇ ਅਪਰਾਧਿਕ ਅਨਸਰਾਂ ਨੂੰ ਗ੍ਰਿਫਤਾਰ ਕਰਨ ਲਈ ਪਟਿਆਲਾ ਪੁਲਿਸ ਵੱਲੋਂ ਸਪੈਸ਼ਲ ਮੁਹਿੰਮ ਤਹਿਤ ਉਸ ਸਮੇਂ ਕਾਮਯਾਬੀ ਮਿਲੀ ਜਦੋਂ ਗੁਰਬੰਸ ਸਿੰਘ ਬੈਸ ਐਸਪੀ (ਇਨਵੈਸਟੀਗੇਸ਼ਨ) ਦੀ ਅਗਵਾਈ ਵਿੱਚ ਰਾਜੇਸ਼ ਮਲਹੋਤਰਾ ਡੀਐਸਪੀ (ਡੀ) ਅਤੇ ਇੰਸਪੈਕਟਰ ਪ੍ਰਦੀਪ ਸਿੰਘ ਬਾਜਵਾ ਇੰਚਾਰਜ ਸੀ.ਆਈ.ਏ ਪਟਿਆਲਾ ਦੀ ਟੀਮ ਵੱਲੋਂ ਬੋਬੀ ਮਾਹੀ ਵਾਸੀ ਤਫੱਜਲਪੁਰਾ ਪਟਿਆਲਾ ਹਾਲ ਵਾਸੀ Seattle , USA ਜੋ ਕਿ ਵਿਦੇਸ਼ ਵਿੱਚ ਬੈਠਕੇ, ਸੋਸ਼ਲ ਮੀਡੀਆਂ ਰਾਹੀ ਵਿਉਪਾਰੀ/ਕਾਰੋਬਾਰੀ ਅਤੇ ਰਸੂਖਦਾਰ ਵਿਅਕਤੀਆਂ ਪਾਸੋਂ ਭਾਰੀ ਮਾਤਰਾ ਵਿੱਚ ਫਿਰੌਤੀ ਮੰਗਣ ਹਿੱਤ ਧਮਕਾਉਣ ਖਾਤਰ ਉਹਨਾਂ ਦੇ ਘਰਾਂ ਅਤੇ ਵਾਹਨਾਂ ਪਰ ਗੋਲੀਬਾਰੀ ਕਰਵਾਕੇ ਧਮਕੀਆਂ ਦੇਕੇ ਪੈਸਿਆ ਦੀ ਮੰਗ ਕਰਦੇ ਹਨ ਜੋ ਬੋਬੀ ਮਾਹੀ ਗੈਗ ਦੇ 3 ਸ਼ੂਟਰਾਂ ਦੀ ਸ਼ਨਾਖਤ ਕਰਕੇ ਪਟਿਆਲਾ ਪੁਲਿਸ ਨੇ ਗੁਪਤ ਸੂਚਨਾ ਦੇ ਅਧਾਰ ਪਰ ਮਿਤੀ 17/04/2026 ਨੂੰ ਦੋਸ਼ੀ ਸਤਵਿੰਦਰ ਸਿੰਘ ਉਰਫ ਸੰਨੀ ਪੁੱਤਰ ਸਰਬਜੀਤ ਸਿੰਘ ਵਾਰਡ ਨੰਬਰ 1 ਨੇੜੇ ਪਟਵਾਰਖਾਨਾ ਘਨੌਰ, ਜਸਨਪੀਤ ਸਿੰਘ ਉਰਫ ਹਕਲਾ ਪੁੱਤਰ ਜਗਦੀਸ ਸਿੰਘ ਵਾਸੀ ਬਘੌਰਾ ਅਤੇ ਦੀਪਕ ਉਰਫ ਦੀਪੂ ਪੁੱਤਰ ਅਸ਼ੋਕ ਕੁਮਾਰ ਵਾਸੀ ਵਾਰਡ ਨੰਬਰ 3 ਨੇੜੇ ਟਰੱਕ ਯੂਨੀਅਨ ਘਨੌਰ ਜ਼ਿਲ੍ਹਾ ਪਟਿਆਲਾ ਨੂੰ ਸੁਨਿਆਰਹੇੜੀ ਬੀੜ ਵਿੱਚੋਂ ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਯੋਜਨਾ ਬਣਾਉਂਦਿਆਂ ਨੂੰ ਕਾਬੂ ਕੀਤਾ ਗਿਆ ਹੈ ਜਿਹਨਾ ਪਾਸੋਂ 2 ਪਿਸਟਲ 30 ਬੋਰ ਸਮੇਤ 10 ਜਿੰਦਾ ਰੋਂਦ ਬਰਾਮਦ ਕਰਨ ਦੀ ਸਫਲਤਾ ਹਾਸਲ ਕੀਤੀ ਹੈ।ਇੱਥੇ ਇਹ ਵਰਨਣਯੋਗ ਹੈ ਕਿ ਬੋਬੀ ਮਾਹੀ ਪਿਛਲੇ ਸਮੇਂ ਵਿੱਚ ਸ਼ਰਾਬ ਦੀ ਸਮੱਗਲਿੰਗ ਕਰਦਾ ਸੀ, ਜਿਸ ਪਰ ਕਈ ਮੁਕੱਦਮੇ ਦਰਜ ਹਨ ਜੋ ਕਿ ਜੇਲ ਵਿੱਚੋਂ ਬਾਹਰ ਆਉਣ ਉਪਰੰਤ ਡੰਕੀ ਰੂਟ ਰਾਹੀਂ ਵਿਦੇਸ਼ ਫਰਾਰ ਹੋ ਗਿਆ ਸੀ ਅਤੇ ਅੱਜ ਕੱਲ ਇਹ ਗੈਰ ਸਮਾਜਿਕ ਅਨਸਰਾਂ ਨਾਲ ਮਿਲਕੇ ਪੰਜਾਬ ਵਿੱਚ ਨਵੀਂ ਉਮਰ ਦੇ ਮੁੰਡਿਆਂ ਨੂੰ ਪੈਸਿਆਂ ਦਾ ਲਾਲਚ ਦੇਕੇ ਅਤੇ ਵਿਦੇਸ਼ ਭੇਜਣ ਦਾ ਝਾਸਾ ਦੇਕੇ ਉਹਨਾ ਪਾਸੋਂ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇ ਰਿਹਾ ਹੈ। ਐਸ.ਐਸ.ਪੀ.ਪਟਿਆਲਾ



ਨੇ ਦੱਸਿਆ ਕਿ ਮਿਤੀ 17.04.2026 ਨੂੰ ਸੀ.ਆਈ.ਏ ਪਟਿਆਲਾ ਨੂੰ ਗੁਪਤ ਸੂਚਨਾ ਮਿਲੀ ਕਿ ਸਤਵਿੰਦਰ ਸਿੰਘ ਉਰਫ ਸੰਨੀ ਪੁੱਤਰ ਸਰਬਜੀਤ ਸਿੰਘ ਵਾਰਡ ਨੰਬਰ 1 ਨੇੜੇ ਪਟਵਾਰ ਖਾਨਾ ਘਨੌਰ, ਜਸਨਪੀਤ ਸਿੰਘ ਉਰਫ ਹਕਲਾ ਪੁੱਤਰ ਜਗਦੀਸ਼ ਸਿੰਘ ਵਾਸੀ ਬਘੌਰਾ ਅਤੇ ਦੀਪਕ ਉਰਫ ਦੀਪੂ ਪੁੱਤਰ ਅਸ਼ੋਕ ਕੁਮਾਰ ਵਾਸੀ ਵਾਰਡ ਨੰਬਰ 3 ਨੇੜੇ ਟਰੱਕ ਯੂਨੀਅਨ ਘਨੌਰ ਜਿਲ੍ਹਾ ਪਟਿਆਲਾ ਜੋ ਕਿ ਵਿਦੇਸ਼ ਵਿੱਚ ਬੈਠੇ ਗੈਂਗਸਟਰ ਬੋਬੀ ਮਾਹੀ ਪੁੱਤਰ ਰਜਿੰਦਰ ਕੁਮਾਰ ਵਾਸੀ ਤਫੱਜਲਪੁਰਾ ਪਟਿਆਲਾ ਦੇ ਲਗਾਤਾਰ ਸੰਪਰਕ ਵਿੱਚ ਸਨ ਅਤੇ ਬੋਬੀ ਮਾਹੀ ਵਿਦੇਸ਼ ਵਿੱਚੋਂ ਸੋਸ਼ਲ ਮੀਡੀਆਂ ਰਾਹੀ ਸਰਮਾਏਦਾਰ/ਰਸੂਖਦਾਰ ਵਿਅਕਤੀਆਂ ਨੂੰ ਫਿਰੌਤੀ ਦੀਆਂ ਰਕਮਾ ਹਾਸਲ ਕਰਨ ਲਈ ਧਮਕੀਆਂ ਦਿੰਦਾ ਹੈ ਅਤੇ ਆਪਣੇ ਉਕਤ ਸਾਥੀਆਂ ਨੂੰ ਨਸਾ ਅਤੇ ਅਸਲਾ ਐਮੋਨੀਸਨ ਸਪਲਾਈ ਕਰਦਾ ਹੈ ਅਤੇ ਫਿਰ ਆਪਣੇ ਇਹਨਾ ਉਕਤ ਸੂਟਰਾਂ ਤੋਂ ਸਰਮਾਏਦਾਰ/ਰਸੂਖਦਾਰ ਵਿਅਕਤੀਆਂ ਦੇ ਘਰਾ ਅਤੇ ਵਾਹਨਾ ਪਰ ਫਾਇਰਿੰਗ ਕਰਵਾਕੇ ਫਿਰੌਤੀ ਦੀ ਮੰਗ ਕਰਦਾ ਹੈ ਜਿਸ ਸਬੰਧੀ ਮ:ਨੰ: 70 ਅਧੀਨ ਧਾਰਾ 310(4), 310(2), 308(2), 308(5), 351(2), 313,111 ਬੀ.ਐਨ.ਐਸ, 25 ਅਸਲਾ ਐਕਟ ਥਾਣਾ ਸਦਰ ਪਟਿਆਲਾ ਦਰਜ ਕੀਤਾ ਗਿਆ ਹੈ।ਇਸੇ ਦੌਰਾਨ ਸਤਵਿੰਦਰ ਸਿੰਘ ਉਰਫ ਸੰਨੀ, ਜਸਨਪੀਤ ਸਿੰਘ ਉਰਫ ਹਕਲਾ ਅਤੇ ਦੀਪਕ ਉਰਫ ਦੀਪੂ ਨੂੰ ਸੁਨਿਆਰਹੇੜੀ ਬੀੜ (ਪਟਿਆਲਾ ਚੀਕਾ ਰੋਡ) ਤੋਂ ਗ੍ਰਿਫਤਾਰ ਕੀਤਾ ਗਿਆ ਹੈ ਜਿਹਨਾ ਪਾਸੋਂ ਨਜਾਇਜ 2 ਪਿਸਟਲ .30 ਬੋਰ ਸਮੇਤ 10 ਜਿੰਦਾ ਰੋਂਦ ਬਰਾਮਦ ਕਰਨ ਦੀ ਸਫਲਤਾ ਹਾਸਲ ਕੀਤੀ ਹੈ। ਐਸ.ਐਸ.ਪੀ ਨੇ ਦੱਸਿਆ ਕਿ ਦੋਸ਼ੀਆਨ ਦੀ ਮੁੱਢਲੀ ਪੁੱਛਗਿੱਛ ਕਰਨ ਤੋਂ ਪਾਇਆ ਗਿਆ ਕਿ ਦੋਸੀ ਸਤਵਿੰਦਰ ਸਿੰਘ ਉਰਫ ਸੰਨੀ ਉਕਤ ਦਾ ਅਪਰਾਧਿਕ ਪਿਛੋਕੜ ਹੈ। ਗ੍ਰਿਫਤਾਰ ਕੀਤੇ ਦੋਸ਼ੀਆਂ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਜਿਹਨਾ ਦਾ ਪੁਲਿਸ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

*ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਲਈ ਮਾਣ ਵਾਲਾ ਦਿਨ*

## ਵਾਈਸ ਚਾਂਸਲਰ ਪ੍ਰੋ. ਰਤਨ ਸਿੰਘ ਦੀ ਯੋਗ ਰਹਿਨੁਮਾਈ ਹੇਠ ਯੂਨੀਵਰਸਿਟੀ ਨੂੰ ਪ੍ਰਾਪਤ ਹੋਇਆ 12ਬੀ ਦਾ ਦਰਜਾ



ਪਟਿਆਲਾ, 17 ਅਪ੍ਰੈਲ (ਚ.ਨ.ਸ.) : ਸਮੁੱਚੇ ਪੰਜਾਬ ਵਾਸੀਆਂ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਦੀ ਪਹਿਲੀ ਸਰਕਾਰੀ ਓਪਨ ਯੂਨੀਵਰਸਿਟੀ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਨੂੰ ਯੂ.ਜੀ.ਸੀ. ਐਕਟ, 1956 ਦੀ ਧਾਰਾ 12ਬੀ (12ਬੀ) ਦੇ ਤਹਿਤ ਮਾਨਤਾ ਦਿੱਤੀ ਗਈ ਹੈ। ਇਹ ਅਹਿਮ ਪ੍ਰਾਪਤੀ ਮਾਨਯੋਗ ਵਾਈਸ-ਚਾਂਸਲਰ ਪ੍ਰੋ.ਰਤਨ ਸਿੰਘ ਦੀ ਯੋਗ ਰਹਿਨੁਮਾਈ ਅਤੇ ਦੂਰਅੰਦੇਸ਼ੀ ਸੋਚ ਸਦਕਾ ਸੰਭਵ ਹੋਈ ਹੈ, ਜਿਨ੍ਹਾਂ ਦੀ ਅਗਵਾਈ ਅਤੇ ਉਤਸ਼ਾਹ ਨੇ ਯੂਨੀਵਰਸਿਟੀ ਨੂੰ ਇਸ ਮੀਲ ਪੱਥਰ ਵੱਲ ਲਿਜਾਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। 12ਬੀ ਦਾ ਦਰਜਾ ਮਿਲਣ ਦੇ ਨਾਲ ਯੂਨੀਵਰਸਿਟੀ ਆਪਣੇ ਥੋੜੇ ਸਮੇਂ ਦੇ ਕਾਰਜਕਾਲ ਦੌਰਾਨ ਹੀ ਪੁਰਾਣੀਆਂ ਵੱਡੀਆਂ ਯੂਨੀਵਰਸਿਟੀਆਂ ਦੇ ਹਾਣ ਦੀ ਬਣ ਚੁਕੀ ਹੈ, ਜੋ ਕਿ ਸਮੁੱਚੇ ਅਕਾਦਮਿਕ ਜਗਤ ਲਈ ਮਾਣ ਵਾਲੀ ਗੱਲ ਹੈ ।ਇਸ ਖੁਸ਼ੀ ਦੇ ਮੌਕੇ ਵਾਈਸ ਚਾਂਸਲਰ ਸਾਹਿਬ ਵੱਲੋਂ ਫੈਕਲਟੀ ਮੈਂਬਰਾਂ, ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਉਹਨਾਂ ਦੇ ਅਟੁੱਟ ਸਮਰਪਣ, ਸੁਹਿਰਦ ਯਤਨਾਂ ਅਤੇ ਸਮੂਹਿਕ ਵਚਨਬੱਧਤਾ ਲਈ ਤਹਿ ਦਿਲੋਂ ਵਧਾਈ ਦਿੱਤੀ, ਜਿਸ ਸਦਕਾ ਇਹ ਵੱਕਾਰੀ ਪ੍ਰਾਪਤੀ ਪ੍ਰਾਪਤ ਹੋਈ ਹੈ। ਇਹ ਮਾਨਤਾ ਨਾ ਸਿਰਫ਼ ਸਾਡੀ ਅਕਾਦਮਿਕ ਭਰੋਸੇਯੋਗਤਾ ਦਾ ਪ੍ਰਮਾਣ ਹੈ, ਸਗੋਂ ਯੂਨੀਵਰਸਿਟੀ ਦੇ ਉੱਤਮਤਾ ਵੱਲ ਸਫ਼ਰ ਵਿੱਚ ਇੱਕ ਨਿਰਣਾਇਕ ਕਦਮ ਵੀ ਹੈ । ਇਸ ਖੁਸ਼ੀ ਦੇ ਮੌਕੇ ਉੱਪਰ ਮਾਨਯੋਗ ਵਾਈਸ ਚਾਂਸਲਰ ਸਾਹਿਬ ਤੋਂ ਇਲਾਵਾ ਡਾ. ਕੁਲਦੀਪ ਵਾਲੀਆ ਡਾਇਰੈਕਟਰ CIQA, ਡੀਨ ਅਕਾਦਮਿਕ ਮਾਮਲੇ ਡਾ. ਅਮਿਤੋਜ ਸਿੰਘ, ਰਜਿਸਟਰਾਰ ਡਾ. ਬਲਜੀਤ ਸਿੰਘ ਖਹਿਰਾ, ਡਾ. ਸੁਖਦੇਵ ਸਿੰਘ, ਡਾਇਰੈਕਟਰ ਲੋਕ ਸੰਪਰਕ ਅਤੇ ਯੂਨੀਵਰਸਿਟੀ ਦੇ ਹੋਰ ਸਾਰੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਿਰ ਸਨ, ਜਿਨ੍ਹਾਂ ਨੇ ਇਸ ਪ੍ਰਾਪਤੀ ਦੇ ਮੌਕੇ ਉੱਪਰ ਇਹਨਾਂ ਵਿਰਾਸਤੀ ਪਲਾਂ ਨੂੰ ਮਾਣਿਆ ।

## ਪੰਜਾਬੀ ਯੂਨੀਵਰਸਿਟੀ ਵਿਖੇ ਫਾਇਰਿੰਗ ਕਰਨ ਵਾਲਾ ਅਸਲੇ ਸਮੇਤ ਕਾਬੂ, ਇੱਕ ਪਿਸਤੌਲ ਬ੍ਰਾਮਦ

ਪਟਿਆਲਾ, 17 ਅਪ੍ਰੈਲ (ਵਿਨੋਦ ਸ਼ਰਮਾ) : ਐਸਐਸਪੀ ਵਰੁਣ ਸ਼ਰਮਾ, ਨੇ ਦੱਸਿਆ ਕਿ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਹੋਈ ਮੁਹਿੰਮ ਨੂੰ ਉਸ ਵਕਤ ਕਾਮਯਾਬੀ ਮਿਲੀ ਜਦੋਂ ਗੁਰਬੰਸ ਸਿੰਘ ਬੈਸ ਐਸਪੀ (ਇੰਨਵੈਸਟੀਗੇਸ਼ਨ) ਦੀ ਅਗਵਾਈ ਵਿੱਚ ਰਾਜੇਸ਼ ਮਲਹੋਤਰਾ ਡੀਐਸਪੀ (ਡੀ) ਅਤੇ ਇੰਸਪੈਕਟਰ ਪ੍ਰਦੀਪ ਸਿੰਘ ਬਾਜਵਾ ਇੰਚਾਰਜ ਸੀ.ਆਈ.ਏ ਪਟਿਆਲਾ ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਜੋਬਨਵੀਰ ਸਿੰਘ ਉਰਫ ਜੋਬਨ ਵਾਸੀ ਖੇੜੀ ਗੰਡਿਆ 'ਤੇ ਜਾਨਲੇਵਾ ਹਮਲਾ ਹੋਇਆ ਸੀ ਇਸ ਕੇਸ ਨੂੰ ਟਰੇਸ ਕਰਕੇ ਵਾਰਦਾਤ ਵਿੱਚ ਸ਼ਾਮਲ ਹਰਸ਼ਪ੍ਰੀਤ ਸਿੰਘ ਉਰਫ ਮੰਡਲਾ ਪੁੱਤਰ ਪੰਡਤਾ ਖੇੜੀ ਜ਼ਿਲ੍ਹਾ ਪਟਿਆਲਾ ਨੂੰ ਗ੍ਰਿਫਤਾਰ ਕਰਕੇ ਲਿਆ ਜਿਸ ਪਾਸੋਂ ਇਕ ਪਿਸਤੌਲ 32 ਬੋਰ ਬਰਾਮਦ ਕਰਨ ਦੀ ਸਫਲਤਾ ਹਾਸਲ ਕੀਤੀ ਹੈ। ਐਸ.ਐਸ.ਪੀ. ਪਟਿਆਲਾ ਨੇ ਦੱਸਿਆ ਕਿ ਮੁਦਈ ਜੋਬਨਵੀਰ ਸਿੰਘ ਉਰਫ ਜੋਬਨ ਪੁੱਤਰ ਨੈਬ ਸਿੰਘ ਵਾਸੀ ਘੁਮਾਦਾ ਥਾਣਾ ਖੇੜੀ ਗੰਡਿਆ ਜ਼ਿਲ੍ਹਾ ਪਟਿਆਲਾ ਜੋ ਕਿ ਖਾਲਸਾ ਕਾਲਜ ਵਿੱਚ ਪੜਦਾ ਹੈ, ਜਿਸ 'ਤੇ ਹਰਸ਼ਪ੍ਰੀਤ ਸਿੰਘ ਮੰਡਲਾ ਨੇ ਪਿਸਟਲ ਮੁਦਈ ਜੋਬਨਵੀਰ ਸਿੰਘ ਉਰਫ ਜੋਬਨ ਪਰ ਜਾਨ ਤੋਂ ਮਾਰਨ ਦੀ ਨੀਯਤ ਨਾਲ ਫਾਇਰ ਕੀਤੇ ਅਤੇ ਮੌਕੇ ਤੋਂ ਫਰਾਰ ਹੋ ਗਏ। ਇਸ ਸਬੰਧੀ ਮੁਕੱਦਮਾ ਨੰਬਰ 83 ਮਿਤੀ 10.04.2026 ਅਧੀਨ ਧਾਰਾ 109,115(2),3(5) ਬੀ.ਐਨ.ਐਸ. 25 ਅਸਲਾ ਐਕਟ ਥਾਣਾ ਅਰਬਨ ਅਸਟੇਟ ਪਟਿਆਲਾ ਦਰਜ ਕੀਤਾ ਗਿਆ ਸੀ।ਦੋਸ਼ੀ ਹਰਸਪ੍ਰੀਤ ਸਿੰਘ ਮੰਡਲਾ ਉਕਤ ਪਾਸੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ, ਜਿਸ ਨੂੰ ਪੇਸ਼ ਅਦਾਲਤ ਕਰਕੇ ਪੁਲਿਸ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

## ਥਾਣਾ ਮੁਖੀ ਘਨੌਰ ਨੇ ਪੱਤਰਕਾਰਾਂ ਨਾਲ ਕੀਤੀ ਪਲੇਠੀ ਮੀਟਿੰਗ



ਘਨੌਰ, 17 ਅਪ੍ਰੈਲ (ਰਾਜਿੰਦਰ ਸਿੰਘ ਕੰਬੋਜ) : ਥਾਣਾ ਘਨੌਰ ਵਿੱਚ ਥਾਣਾ ਮੁਖੀ ਗੁਰਮੁੱਖ ਸਿੰਘ ਨੇ ਅੱਜ ਘਨੌਰ ਦੇ ਸੀਨੀਅਰ ਪੱਤਰਕਾਰਾਂ ਨਾਲ ਪਲੇਠੀ ਮੀਟਿੰਗ ਕਰਦਿਆਂ ਸਮਾਜ ਵਿੱਚ ਵਾਪਰ ਰਹੀਆਂ ਕੁਰੀਤੀਆਂ ਬਾਰੇ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਥਾਣਾ ਮੁਖੀ ਗੁਰਮੁੱਖ ਸਿੰਘ ਨੇ ਕਿਹਾ ਕਿ ਇਲਾਕੇ ਅੰਦਰ ਵੱਧ ਰਿਹਾ ਨਸ਼ਾ ਚਿੰਤਾ ਦਾ ਵੱਡਾ ਵਿਸ਼ਾ ਹੈ, ਜਿਸ ਕਰਕੇ ਨਸ਼ਿਆਂ ਦੇ ਵਿਕਰੇਤਾਵਾਂ ਨੂੰ ਪੂਰੀ ਤਰ੍ਹਾਂ ਠੱਲ ਪਾਈ ਜਾਵੇਗੀ ਤੇ ਪਿੰਡ-ਪਿੰਡ ਪਹੁੰਚ ਕੇ ਮੋਹਤਬਰ ਵਿਅਕਤੀਆਂ ਨਾਲ ਰਾਬਤਾ ਕਾਇਮ ਕਰ ਕੇ ਨਸ਼ਿਆਂ ਦੇ ਵਕਰੇਤਾਵਾਂ ਬਾਰੇ ਜਾਣਕਾਰੀ ਪ੍ਰਾਪਤ ਕਰਕੇ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਇਲਾਕੇ ਦੇ ਮੋਹਤਬਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕੋਈ ਨੌਜਵਾਨ ਨਸ਼ਿਆਂ ਵਿੱਚ ਗ੍ਰਸਤ ਹੋਵੇ, ਉਸਦੀ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਨਸ਼ੇ ਵਿੱਚ ਗ੍ਰਸਤ ਨੌਜਵਾਨਾਂ ਦਾ ਇਲਾਜ ਕਰਵਾ ਕੇ ਉਹਨਾਂ ਨੂੰ ਸਹੀ ਮਾਰਗ 'ਤੇ ਲਿਆਂਦਾ ਜਾ ਸਕੇ। ਥਾਣੇ ਅੰਦਰ ਕੋਈ ਵੀ ਕੰਮ ਕਰਵਾਉਣ ਆਏ ਵਿਅਕਤੀ ਦਾ ਬਿਨਾਂ ਕਿਸੇ ਭੇਦ ਭਾਵ ਦੇ ਕੰਮ ਕੀਤਾ ਜਾਵੇਗਾ ਤੇ ਹਰੇਕ ਨੂੰ ਥਾਣੇ ਅੰਦਰ ਬਣਦਾ ਮਾਣ-ਸਤਿਕਾਰ ਮਿਲੇਗਾ। ਇਸ ਮੌਕੇ ਮੀਡੀਆ ਵੈਲਫੇਅਰ ਕਲੱਬ (ਰਜਿ:) ਦੇ ਪ੍ਰਧਾਨ ਰਾਜਿੰਦਰ ਸਿੰਘ ਮੋਹੀ, ਕਰਮਵੀਰ ਸਿੰਘ,ਓਮਕਾਰ ਸ਼ਰਮਾ, ਸਰਦਾਰਾ ਸਿੰਘ, ਅਭਿਸ਼ੇਕ ਸੂਦ, ਭਾਗ ਸਿੰਘ ਅੰਟਾਲ, ਗੁਰਪ੍ਰੀਤ ਸਿੰਘ ਧੀਮਾਨ ਆਦਿ ਹਾਜ਼ਰ ਸਨ।

## ਅਣਪਛਾਤੇ ਵਾਹਨ ਦੀ ਟੱਕਰ ਨਾਲ ਮਹਿਲਾ ਗੰਭੀਰ ਜ਼ਖ਼ਮੀ

ਸਮਾਣਾ, 17 ਅਪ੍ਰੈਲ (ਵਿਜੇ ਕੁਮਾਰ) : ਸਮਾਣਾ-ਪਟਿਆਲਾ ਸੜਕ 'ਤੇ ਜਾ ਰਹੀ ਇੱਕ ਮਹਿਲਾ ਨੂੰ ਟੱਕਰ ਮਾਰ ਕੇ ਗੰਭੀਰ ਜ਼ਖ਼ਮੀ ਕਰਨ ਦੇ ਦੋਸ਼ ਵਿੱਚ ਸਦਰ ਪੁਲਿਸ ਨੇ ਅਣਪਛਾਤੇ ਵਾਹਨ ਚਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਸਦਰ ਪੁਲਿਸ ਦੇ ਜਾਂਚ ਅਧਿਕਾਰੀ ਰਾਜਕੁਮਾਰ ਸ਼ਰਮਾ ਨੇ ਦੱਸਿਆ ਕਿ ਜ਼ਖ਼ਮੀ ਮਹਿਲਾ ਪਰਮਜੀਤ ਕੌਰ ਦੇ ਪਤੀ ਗੁਰਮੀਤ ਸਿੰਘ ਨਿਵਾਸੀ ਪਿੰਡ ਚੌਹਠ ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ, ਇੱਕ ਪ੍ਰਾਈਵੇਟ ਸਕੂਲ ਵਿੱਚ ਕੰਮ ਕਰਦੀ ਉਸ ਦੀ ਪਤਨੀ 12 ਅਪ੍ਰੈਲ ਦੀ ਦੁਪਹਿਰ ਨੂੰ ਸਕੂਲ ਤੋਂ ਛੁੱਟੀ ਹੋਣ ਤੋਂ ਬਾਅਦ ਬੱਸ ਅੱਡਾ ਪਿੰਡ ਨਸੂਪੁਰ ਤੋਂ ਢੈਂਠਲ ਵੱਲ ਪੈਦਲ ਜਾ ਰਹੀ ਸੀ। ਇਸ ਦੌਰਾਨ ਇੱਕ ਅਣਪਛਾਤੇ ਚਾਲਕ ਨੇ ਆਪਣਾ ਤੇਜ਼ ਰਫ਼ਤਾਰ ਵਾਹਨ ਲਾਪਰਵਾਹੀ ਨਾਲ ਉਸ ਵਿੱਚ ਮਾਰ ਦਿੱਤਾ।ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਣ ਕਾਰਨ ਉਸ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਹ ਜ਼ੇਰੇ ਇਲਾਜ ਹੈ। ਹਾਦਸੇ ਤੋਂ ਬਾਅਦ ਚਾਲਕ ਵਾਹਨ ਸਮੇਤ ਫ਼ਰਾਰ ਹੋ ਗਿਆ। ਅਧਿਕਾਰੀ ਅਨੁਸਾਰ ਸ਼ਿਕਾਇਤ ਦੇ ਆਧਾਰ 'ਤੇ ਪੁਲਿਸ ਨੇ ਅਣਪਛਾਤੇ ਵਾਹਨ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਵਧੀਕ ਡਿਪਟੀ ਕਮਿਸ਼ਨਰ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਨਿਪਟਾਰੇ ਲਈ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼

ਮਲੇਰਕੋਟਲਾ, 17 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਪਾਰੀ ਵਰਗ ਨਾਲ ਜੁੜੀਆਂ ਸਮੱਸਿਆਵਾਂ ਦੇ ਸਮੇਂਬੱਧ ਹੱਲ ਲਈ ਗੰਭੀਰਤਾ ਨਾਲ ਕਦਮ ਚੁੱਕੇ ਜਾ ਰਹੇ ਹਨ। ਇਸ ਸਬੰਧ ਵਿੱਚ ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ ਵੱਲੋਂ ਵੱਖ- ਵੱਖ ਵਿਭਾਗਾਂ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਸਾਰੇ ਅਧਿਕਾਰੀਆਂ ਨੂੰ ਸਪੱਸ਼ਟ ਹਦਾਇਤ ਕੀਤੀ ਕਿ ਵਪਾਰੀਆਂ ਦੀਆਂ ਸ਼ਿਕਾਇਤਾਂ ਅਤੇ ਮੰਗਾਂ ਦਾ ਨਿਪਟਾਰਾ ਪ੍ਰਾਥਮਿਕਤਾ ਦੇ ਆਧਾਰ 'ਤੇ ਅਤੇ ਨਿਰਧਾਰਤ ਸਮੇਂ ਅੰਦਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ



ਲੋਕ ਸਹੂਲਤਾਂ ਨਾਲ ਜੁੜੇ ਮਾਮਲਿਆਂ ਵਿੱਚ ਕਿਸੇ ਕਿਸਮ ਦੀ ਦੇਰੀ ਜਾਂ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਸਾਰੇ ਅਧਿਕਾਰੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਸਬੰਧਿਤ ਵਿਭਾਗਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਦੇ ਹੋਏ ਬਕਾਇਆ ਮਾਮਲਿਆਂ ਦੇ ਤੁਰੰਤ ਨਿਪਟਾਰੇ ਲਈ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਗਏ। ਮੀਟਿੰਗ ਦੌਰਾਨ ਪਾਰਕਿੰਗ ਪ੍ਰਬੰਧ, ਸ਼ਹਿਰ ਦੀ ਸਾਫ-ਸਫਾਈ ਅਤੇ ਪਾਣੀ ਦੀ ਨਿਕਾਸੀ, ਸੀਵਰੇਜ ਸਿਸਟਮ, ਸਟਰੀਟ ਲਾਈਟਾਂ ਅਤੇ ਹੋਰ ਜਨਤਕ ਸਹੂਲਤਾਂ ਨਾਲ ਸਬੰਧਿਤ ਟਰੇਡ ਯੂਨੀਅਨ ਦੀ ਸਮੱਸਿਆਵਾਂ ਦੇ ਨਿਪਟਾਰੇ ਲਈ ਕਾਰਜ ਸਾਧਕ ਅਫਸਰ ਨੂੰ ਹਦਾਇਤ ਕੀਤੀ। ਇਸ ਤੋਂ ਇਲਾਵਾ ਬਿਜਲੀ ਤਾਰਾਂ ਦੀ ਮੁਰੰਮਤ ਅਤੇ ਟ੍ਰੈਫਿਕ ਪ੍ਰਬੰਧਨ ਵਿੱਚ ਸੁਧਾਰ ਲਈ ਵੀ ਸਬੰਧਿਤ ਵਿਭਾਗਾਂ ਨੂੰ ਲਾਜ਼ਮੀ ਕਦਮ ਚੁੱਕਣ ਲਈ ਕਿਹਾ ਗਿਆ। ਇਸ ਮੌਕੇ ਡੀ.ਐੱਸ.ਪੀ ਬਿਕਰਮਜੀਤ ਸਿੰਘ, ਕਾਰਜ ਸਾਧਕ ਅਫਸਰ ਚੰਦਰ ਪ੍ਰਕਾਸ਼ ਵਧਵਾ ਸਮੇਤ ਵੱਖ- ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਭੁੱਕੀ ਸਮੇਤ ਕਾਬੂ ਵਿਅਕਤੀ ਨੂੰ ਜੇਲ੍ਹ ਭੇਜਿਆ

ਸਮਾਣਾ, 17 ਅਪ੍ਰੈਲ (ਵਿਜੇ ਕੁਮਾਰ) : ਸਦਰ ਪੁਲਿਸ ਨੇ ਇੱਕ ਵਿਅਕਤੀ ਨੂੰ 2.2 ਕਿੱਲੋਗ੍ਰਾਮ ਭੁੱਕੀ ਚੂਰਾ ਪੋਸਤ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਪਰਮਜੀਤ ਸਿੰਘ ਨਿਵਾਸੀ ਪਿੰਡ ਮਰੌੜੀ ਵਜੋਂ ਹੋਈ ਹੈ।ਸਦਰ ਪੁਲਿਸ ਇੰਚਾਰਜ ਇੰਸਪੈਕਟਰ ਅਜੇ ਕੁਮਾਰ ਨੇ ਦੱਸਿਆ ਕਿ ਮਵੀਕਲਾਂ ਪੁਲਿਸ ਇੰਚਾਰਜ ਸਬ-ਇੰਸਪੈਕਟਰ ਕੁਲਦੀਪ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਬੱਸ ਅੱਡਾ ਮਰਦਾਂਹੇੜੀ ਕੋਲ ਮੌਜੂਦ ਸਨ। ਨਾਕਾਬੰਦੀ ਦੌਰਾਨ ਆ ਰਹੇ ਮੁਲਜ਼ਮ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਗਿਆ ਅਤੇ ਚੈਕਿੰਗ ਕਰਨ 'ਤੇ ਉਸ ਕੋਲੋਂ 2.2 ਕਿੱਲੋਗ੍ਰਾਮ ਭੁੱਕੀ ਬਰਾਮਦ ਹੋਣ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਮੁਲਜ਼ਮ 'ਤੇ ਪਹਿਲਾਂ ਵੀ ਮਾਮਲੇ ਦਰਜ ਹਨ। ਅਧਿਕਾਰੀ ਅਨੁਸਾਰ ਮੁਲਜ਼ਮ ਨੂੰ ਮਾਨਯੋਗ ਅਦਾਲਤ ਦੇ ਹੁਕਮਾਂ ਅਨੁਸਾਰ ਜੇਲ੍ਹ ਭੇਜ ਦਿੱਤਾ ਗਿਆ ਹੈ।

## ਸ਼ਹਿਰੀ ਪ੍ਰਧਾਨ ਨਿਯੁਕਤ ਹੋਣ 'ਤੇ ਵਿੰਦਾ ਗਰੋਵਰ ਦਾ ਵੱਖ-ਵੱਖ ਥਾਵਾਂ 'ਤੇ ਭਰਵਾਂ ਸਵਾਗਤ



ਪਟਿਆਲਾ, 17 ਅਪ੍ਰੈਲ (ਅਮਰਜੀਤ) : ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਜ਼ਿਲ੍ਹਾ ਪਟਿਆਲਾ ਸ਼ਹਿਰੀ ਦੇ ਨਵ ਨਿਯੁਕਤ ਪ੍ਰਧਾਨ ਜਥੇਦਾਰ ਰਵਿੰਦਰ ਸਿੰਘ ਵਿੰਦਾ ਗਰੋਵਰ ਦੇ ਪ੍ਰਧਾਨ ਬਨਣ 'ਤੇ ਉਹਨਾਂ ਦੇ ਵੱਡੀ ਗਿਣਤੀ ਸਮਰਥਕਾਂ ਤੋਂ ਇਲਾਵਾ ਸ਼ਹਿਰ ਭਰ ਤੋਂ ਹਰ ਵਰਗ ਦੇ ਲੋਕਾਂ ਵਿੱਚ ਵੀ ਖੁਸ਼ੀ ਪਾਈ ਜਾ ਰਹੀ ਹੈ । ਅੱਜ ਲਗਭਗ ਦਰਜਨ ਭਰ ਥਾਵਾਂ 'ਤੇ ਉਹਨਾਂ ਦਾ ਭਰਪੂਰ ਸਵਾਗਤ ਤੇ ਸਨਮਾਨ ਕੀਤਾ ਗਿਆ। ਇਸੇ ਕੜੀ ਤਹਿਤ ਬਹੇੜਾ ਰੋਡ ਪਟਿਆਲਾ ਵਿਖੇ ਸ੍ਰ ਹਰਦਿਆਲ ਸਿੰਘ ਦੀ ਅਗਵਾਈ ਹੇਠ ਜਥੇਦਾਰ ਰਵਿੰਦਰ ਸਿੰਘ ਵਿੰਦਾ ਗਰੋਵਰ ਦਾ ਲੱਡੂ ਵੰਡ ਕੇ ਨਾਲ ਨਾਲ ਹਾਰ, ਸਿਰਪਾਉ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆ ਜਥੇਦਾਰ ਵਿੰਦਾ ਨੇ ਕਿਹਾ ਕਿ ਪਟਿਆਲਾ ਸ਼ਹਿਰ ਵਿੱਚ ਅਕਾਲੀ ਦਲ (ਪੁਨਰ ਸੁਰਜੀਤ) ਦਾ ਜਥੇਬੰਦਕ ਢਾਂਚਾ ਮਜ਼ਬੂਤ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣਗੇ ।ਇਸ ਮੌਕੇ ਹਰਦਿਆਲ ਸਿੰਘ, ਸਤਿੰਦਰ ਸਿੰਘ ਸ਼ੱਕੂ ਗਰੋਵਰ, ਗੁਰਪ੍ਰੀਤ ਸਿੰਘ ਕੋਹਲੀ, ਹਰਭਜਨ ਸਿੰਘ ਬਖਸ਼ੀ,ਹਰਪ੍ਰੀਤ ਸਿੰਘ, ਗੁਰਪਾਲਇੰਦਰ ਸਿੰਘ,ਮਨਪ੍ਰੀਤ ਸਿੰਘ ਕੋਹਲੀ, ਗੁਰਬਖਸ਼ ਸਿੰਘ ਕੋਹਲੀ, ਪਰਮਜੀਤ ਸਿੰਘ ਨਵਨੀਤ ਸਿੰਘ, ਗੁਰਇਕਬਾਲ ਸਿੰਘ,ਵਿਨੋਦ ਕੁਮਾਰ, ਜਤਿੰਦਰਪਾਲ ਸਿੰਘ,ਮੰਨੂ ਕੁਮਾਰ, ਕਰਨ ਗੁਪਤਾ, ਸੰਦੀਪ, ਸ਼ਮਸ਼ੇਰ ਸਿੰਘ,ਮਨਸਿਮਰ ਸਿੰਘ,ਮੁਕੇਸ਼ ਕੁਮਾਰ, ਯਸ਼ ਕਪਿਲਾ,ਅਮਿਤ ਕੁਮਾਰ, ਗੋਲਡੀ, ਧਨਵੰਤ ਸਿੰਘ ਆਦਿ ਮੌਜੂਦ ਸਨ ।

## ਮਿਲੇਨੀਅਮ ਵਰਲਡ ਸਕੂਲ 'ਚ ਫਾਇਰ ਸੇਫਟੀ ਡਰਿੱਲ ਕਰਵਾਈ



ਸਮਾਣਾ, 17 ਅਪ੍ਰੈਲ (ਵਿਜੇ ਕੁਮਾਰ/ਜਵੰਦਾ): ਮਿਲੇਨੀਅਮ ਵਰਲਡ ਸਕੂਲ 'ਚ ਵਿਦਿਆਰਥੀਆਂ ਨੂੰ ਐਮਰਜੈਂਸੀ ਸਥਿਤੀਆਂ ਲਈ ਤਿਆਰ ਰਹਿਣ ਅਤੇ ਸੁਰੱਖਿਆ ਬਾਰੇ ਜਾਗਰੂਕ ਕਰਨ ਲਈ ਫਾਇਰ ਸੇਫਟੀ ਅਫਸਰ ਰਾਜਿੰਦਰ ਸਿੰਘ ਵੱਲੋਂ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਬਹੁਤ ਹੀ ਆਸਾਨ ਅਤੇ ਪ੍ਰੈਕਟੀਕਲ ਢੰਗ ਨਾਲ ਅੱਗ ਤੋਂ ਬਚਾਅ ਦੇ ਜ਼ਰੂਰੀ ਨਿਯਮ ਸਮਝਾਏ। ਉਨ੍ਹਾਂ ਨੇ ਅੱਗ ਲੱਗਣ ਦੇ ਕਾਰਨਾਂ ਬਾਰੇ ਵੀ ਦੱਸਿਆ ਅਤੇ ਇਸਨੂੰ ਕਿਵੇਂ ਕੰਟਰੋਲ ਕਰਨਾ ਹੈ, ਇਸਦੀ ਡੈਮੋ ਵੀ ਦਿੱਤੀ। ਉਨ੍ਹਾਂ ਨੇ ਫਾਇਰ ਐਕਸਟਿੰਗਵਿਸ਼ਰ, ਖਾਸ ਕਰਕੇ ਸਿਲੰਡਰ ਦੀ ਵਰਤੋਂ ਪ੍ਰੈਕਟੀਕਲ ਤਰੀਕੇ ਨਾਲ ਦਿਖਾਈ। ਚੇਅਰਮੈਨ ਡਾ. ਕੇ. ਕੇ. ਜੌਹਰੀ ਨੇ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ। ਪ੍ਰਿੰਸੀਪਲ ਮਿਸਿਜ਼ ਸ਼ਾਲਿਨੀ ਕਜਲਾ ਨੇ ਵੀ ਕਿਹਾ ਕਿ ਸਾਡਾ ਮਕਸਦ ਹੈ ਕਿ ਹਰ ਵਿਦਿਆਰਥੀ ਸਚੇਤ, ਵਿਸ਼ਵਾਸਯੋਗ ਅਤੇ ਹਰ ਸਥਿਤੀ ਦਾ ਸਾਹਮਣਾ ਕਰਨ ਲਈ ਤਿਆਰ ਹੋਵੇ।

## ਵੱਧ ਰਹੇ ਬਿਜਲੀ ਕੱਟਾਂ ਨੂੰ ਲੈ ਕੇ ਬੀ.ਕੇ.ਯੂ. ਕ੍ਰਾਂਤੀਕਾਰੀ ਨੇ ਪ੍ਰਸ਼ਾਸਨ ਨਾਲ ਮੀਟਿੰਗ ਦੌਰਾਨ ਦਿੱਤਾ ਮੰਗ ਪੱਤਰ

ਸਮਾਣਾ, 17 ਅਪ੍ਰੈਲ (ਸੁਖਜਿੰਦਰ ਸਿੰਘ ਕੁਲਾਰਾਂ) : ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਬਲਾਕ ਸਮਾਣਾ ਦੇ ਪ੍ਰਧਾਨ ਯਾਦਵਿੰਦਰ ਸਿੰਘ ਕੂਕਾ ਦੀ ਅਗਵਾਈ ਵਿੱਚ ਸਮਾਣਾ ਪ੍ਰਸ਼ਾਸਨ ਨਾਲ ਮੀਟਿੰਗ ਕੀਤੀ ਗਈ ਅਤੇ ਵੱਧ ਰਹੇ ਕੱਟਾਂ ਕਰਕੇ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਢੈਂਠਲ ਮੌਜੂਦ ਰਹੇ। ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਢੈਂਠਲ ਨੇ ਗੱਲਬਾਤ ਦੌਰਾਨ ਆਖਿਆ ਕਿ ਐਕਸੀਅਨ ਕੰਵਰਦੀਪ ਸਿੰਘ ਸਮਾਣਾ ਨੂੰ ਜਥੇਬੰਦੀ ਨੇ ਮੰਗ ਪੱਤਰ ਦੇ ਮੰਗ ਕੀਤੀ ਕਿ ਜਿਹੜੇ ਰਾਤ ਵੇਲੇ ਲੰਬੇ-ਲੰਬੇ ਕੱਟ ਲਗਾਏ ਜਾ ਰਹੇ ਹਨ ਉਨ੍ਹਾਂ ਨੂੰ ਬੰਦ ਨਾ ਕੀਤਾ ਗਿਆ ਅਤੇ ਸਵੇਰ ਵੇਲੇ ਕਿਸਾਨ ਦੀ ਬੀਜੀ ਹੋਈ ਮੱਕੀ ਦੀ ਫਸਲ ਵਾਸਤੇ ਮੋਟਰਾਂ ਦੀ ਸਪਲਾਈ ਟਾਈਮ ਸਿਰ ਨਾ ਦਿੱਤੀ ਗਈ ਤਾਂ ਜਥੇਬੰਦੀ



ਮੀਟਿੰਗ ਕਰਕੇ ਵੱਡਾ ਸੰਘਰਸ਼ ਵਿੱਢਣ ਨੂੰ ਮਜਬੂਰ ਹੋਵੇਗੀ, ਜਿਸ ਦੀ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਐਕਸ਼ਨ ਕੰਵਰਦੀਪ ਸਿੰਘ ਨੇ ਯੂਨੀਅਨ ਨਾਲ ਗੱਲਬਾਤ ਕਰਦਿਆਂ ਯੂਨੀਅਨ ਨੂੰ ਭਰੋਸਾ ਦਵਾਇਆ ਕਿ ਇਸ ਮਸਲੇ ਨੂੰ ਜਲਦੀ ਤੋਂ ਜਲਦੀ ਹੱਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪਿੱਛੇ ਥਰਮਲ ਪਲਾਂਟਾਂ ਵਿੱਚ ਦਿੱਕਤ ਆਉਣ ਕਾਰਨ ਇਹ ਕੱਟ ਲਗਾਏ ਗਏ ਸਨ।ਉਹਨਾਂ ਕਿਹਾ ਕਿ ਰਾਤੀ ਵੀ ਅਫਸਰਾਂ ਦੇ ਧਿਆਨ ਵਿੱਚ ਲਿਆ ਕੇ ਬਿਜਲੀ ਦੀ ਸਪਲਾਈ ਜਲਦੀ ਚਾਲੂ ਕੀਤੀ ਗਈ ਅਤੇ ਅੱਗੇ ਤੋਂ ਇਸ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਥਾਣਾ ਸਿਟੀ ਸਮਾਣਾ ਇੰਚਾਰਜ ਬਲਜੀਤ ਸਿੰਘ ਰਾਏ, ਗੁਰਦੇਵ ਸਿੰਘ ਚੌਹਠ ਬਲਾਕ ਸਕੱਤਰ, ਜ਼ਿਲਾ ਪ੍ਰੈਸ ਸਕੱਤਰ ਸੁਖਜਿੰਦਰ ਸਿੰਘ ਕੁਲਾਰਾਂ ਆਦਿ ਕਿਸਾਨ ਆਗੂ ਹਾਜ਼ਰ ਸਨ।

## ਪਬਲਿਕ ਕਾਲਜ ਆਫ਼ ਐਜੂਕੇਸ਼ਨ ਦੇ ਵਿਦਿਆਰਥੀਆਂ ਨੇ ਲਹਿਰਾਇਆ ਪਰਚਮ



ਸਮਾਣਾ, 17 ਅਪ੍ਰੈਲ (ਵਿਜੇ ਕੁਮਾਰ) : ਪਬਲਿਕ ਕਾਲਜ ਆਫ ਐਜੂਕੇਸ਼ਨ ਸਮਾਣਾ ਦੇ ਵਿਦਿਆਰਥੀਆਂ ਨੇ ਪੰਜਾਬ ਸਟੇਟ ਟੀਚਰ ਇਲੀਜੀਬਿਲਟੀ ਟੈਸਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ। ਇਸ ਵਾਰ ਇਸ ਕਾਲਜ ਦੇ 22 ਵਿਦਿਆਰਥੀਆਂ ਨੇ ਇਹ ਟੈਸਟ ਪਾਸ ਕਰਕੇ ਸ਼ਾਨਦਾਰ ਉਪਲੱਬਧੀ ਹਾਸਿਲ ਕੀਤੀ ਹੈ। ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਨੇ ਪੀ.ਐਸ.ਟੀ.ਈ.ਟੀ. ਵਿੱਚ ਸਫ਼ਲ ਰਹੇ ਸਾਰੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਉਪਲੱਬਧੀ 'ਤੇ ਵਧਾਈ ਦਿੱਤੀ। ਕਾਲਜ ਹਮੇਸ਼ਾ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ। ਇਸ ਮੌਕੇ ਸਮੂਹ ਸਟਾਫ ਮੈਂਬਰਜ ਨੇ ਵੀ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ। ਕਾਲਜ ਕੋਆਰਡੀਨੇਟਰ ਅਤੇ ਵਾਈਸ ਪ੍ਰਿੰਸੀਪਲ ਡਾ. ਹਰਕੀਰਤਨ ਕੌਰ ਤੋਂ ਇਲਾਵਾ ਪ੍ਰੋ. ਗੁਰਧਿਆਨ ਸਿੰਘ (ਕੰਪਿਊਟਰ ਵਿਭਾਗ), ਡਾ. ਅਮਰਿੰਦਰ ਕੌਰ, ਡਾ. ਜਸਪ੍ਰੀਤ ਕੌਰ ਅਤੇ ਪ੍ਰੋ. ਹਰਪ੍ਰੀਤ ਕੌਰ ਵੀ ਇਸ ਮੌਕੇ ਮੌਜੂਦ ਰਹੇ।

## ਪੁਲਿਸ ਵੱਲੋਂ 90 ਨਸ਼ੀਲੀਆਂ ਗੋਲ਼ੀਆਂ ਬ੍ਰਾਮਦ

ਪਟਿਆਲਾ, 17 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਨੇ ਕਥਿਤ ਦੋਸ਼ੀ ਨਦੀਪ ਸਿੰਘ ਵਾਸੀ ਪਿੰਡ ਸ਼ੇਰਮਾਜਰਾ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਗੁਰਮੀਤ ਸਿੰਘ ਸਮੇਤ ਪੁਲਿਸ ਪਾਰਟੀ ਬੀੜ ਸ਼ੇਰਮਾਜਰਾ ਨੇੜੇ ਕਲੋਨੀ ਕਰਤਾਰਪੁਰ ਪਾਸ ਮੌਜੂਦ ਸੀ, ਕਥਿਤ ਦੋਸ਼ੀ ਪੈਦਲ ਤੁਰਿਆ ਆ ਰਿਹਾ ਸੀ, ਜਿਸਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈੱਕ ਕਰਨ ਪਰ ਦੋਸ਼ੀ ਕੋਲੋਂ 90 ਖੁੱਲੀਆਂ ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ।

## ਡੇਅਰੀ ਪ੍ਰੋਜੈਕਟ ਨੂੰ ਮੁਕੰਮਲ ਕਰਨ ਵੱਲ ਨਿਗਮ ਦਾ ਵੱਡਾ ਕਦਮ

### ਮੇਅਰ ਕੁੰਦਨ ਗੋਗੀਆ ਨੇ 20 ਡੇਅਰੀ ਮਾਲਕਾਂ ਨੂੰ ਸੌਂਪੇ ਅਲਾਟਮੈਂਟ ਪੱਤਰ

ਪਟਿਆਲਾ, 17 ਅਪ੍ਰੈਲ (ਰੁਪਾਣਾ) : ਸ਼ਾਹੀ ਸ਼ਹਿਰ ਪਟਿਆਲਾ ਨੂੰ ਕੂੜਾ-ਮੁਕਤ ਅਤੇ ਸੀਵਰੇਜ਼ ਦੀਆਂ ਸਮੱਸਿਆਵਾਂ ਤੋਂ ਨਿਜਾਤ ਦਿਵਾਉਣ ਲਈ ਮੇਅਰ ਕੁੰਦਨ ਗੋਗੀਆ ਦੀ ਅਗਵਾਈ ਹੇਠ ਨਗਰ ਨਿਗਮ ਵੱਲੋਂ ਡੇਅਰੀ ਪ੍ਰੋਜੈਕਟ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਇਸੇ ਲੜੀ



ਤਹਿਤ ਅੱਜ ਮੇਅਰ ਕੁੰਦਨ ਗੋਗੀਆ ਨੇ 20 ਹੋਰ ਡੇਅਰੀ ਮਾਲਕਾਂ ਨੂੰ ਪਲਾਟਾਂ ਦੇ ਅਲਾਟਮੈਂਟ ਪੱਤਰ ਸੌਂਪੇ, ਤਾਂ ਜੋ ਸ਼ਹਿਰ ਦੇ ਅੰਦਰ ਚੱਲ ਰਹੀਆਂ ਡੇਅਰੀਆਂ ਨੂੰ ਨਿਰਧਾਰਿਤ ਸਥਾਨ 'ਤੇ ਤਬਦੀਲ ਕੀਤਾ ਜਾ ਸਕੇ। ਅਲਾਟਮੈਂਟ ਪੱਤਰ ਵੰਡਣ ਮੌਕੇ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਸ਼ਹਿਰ ਦੇ ਅੰਦਰ ਚੱਲ ਰਹੀਆਂ ਡੇਅਰੀਆਂ ਕਾਰਨ ਸੀਵਰੇਜ਼ ਜਾਮ ਹੋਣ ਦੀ ਵੱਡੀ ਸਮੱਸਿਆ ਰਹਿੰਦੀ ਸੀ, ਕਿਉਂਕਿ ਗੋਹਾ ਅਤੇ ਹੋਰ ਰਹਿੰਦ-ਖੂੰਹਦ ਸਿੱਧਾ ਪਾਈਪਾਂ ਵਿੱਚ ਚਲਾ ਜਾਂਦਾ ਸੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਦੇ ਸੁਪਨੇ ਅਨੁਸਾਰ ਅਸੀਂ ਪਟਿਆਲਾ ਨੂੰ ਇੱਕ ਮਾਡਲ ਸ਼ਹਿਰ ਬਣਾਉਣਾ ਚਾਹੁੰਦੇ ਹਾਂ। ਡੇਅਰੀਆਂ ਦੇ ਸ਼ਿਫਟ ਹੋਣ ਨਾਲ ਸ਼ਹਿਰ ਦੀ ਸਫ਼ਾਈ ਵਿਵਸਥਾ ਵਿੱਚ ਸੁਧਾਰ ਹੋਵੇਗਾ ਅਤੇ ਬੇਸਹਾਰਾ ਪਸ਼ੂਆਂ ਦੀ ਸਮੱਸਿਆ ਵੀ ਕਾਫੀ ਹੱਦ ਤੱਕ ਹੱਲ ਹੋ ਜਾਵੇਗੀ। ਮੇਅਰ ਨੇ ਦੁਹਰਾਇਆ ਕਿ ਉਹ ਪਟਿਆਲਾ ਵਾਸੀਆਂ ਦੀ ਸੇਵਾ ਲਈ 24 ਘੰਟੇ ਹਾਜ਼ਰ ਹਨ। ਨਗਰ ਨਿਗਮ ਵੱਲੋਂ ਹਰ ਵਿਕਾਸ ਕਾਰਜ ਵਿੱਚ ਪਾਰਦਰਸ਼ਤਾ ਵਰਤੀ ਜਾ ਰਹੀ ਹੈ। ਇਸ ਮੌਕੇ ਨਗਰ ਨਿਗਮ ਦੇ ਉੱਚ ਅਧਿਕਾਰੀ, ਸਬੰਧਤ ਬ੍ਰਾਂਚਾਂ ਦੇ ਕਰਮਚਾਰੀ ਅਤੇ ਡੇਅਰੀ ਮਾਲਕ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਰਿਸ਼ੂ ਸਿੰਗਲਾ ਜਨਰਲ ਸਕੱਤਰ ਨਿਯੁਕਤ

ਸਮਾਣਾ, 17 ਅਪ੍ਰੈਲ (ਹਰਜਿੰਦਰ ਸਿੰਘ) : ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਸ. ਅਮਰਿੰਦਰ ਸਿੰਘ ਰਾਜਾ



ਵੜਿੰਗ ਅਤੇ ਪੰਜਾਬ ਪ੍ਰਦੇਸ਼ ਮਹਿਲਾ ਕਾਂਗਰਸ ਤੇ ਪਟਿਆਲਾ ਜ਼ਿਲ੍ਹਾ ਦਿਹਾਤੀ ਦੀ ਪ੍ਰਧਾਨ ਮੈਡਮ ਗੁਰਸ਼ਰਨ ਕੌਰ ਰੰਧਾਵਾ ਵੱਲੋਂ ਸ੍ਰੀ ਰਿਸ਼ੂ ਸਿੰਗਲਾ ਕਰਹਾਲੀ ਨੂੰ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਦਿਹਾਤੀ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨਾਲ ਪਾਰਟੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲੀ ਹੈ। ਕਾਂਗਰਸ ਕਮੇਟੀ ਪਟਿਆਲਾ ਰੂਰਲ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਰਿਸ਼ੂ ਕਰਹਾਲੀ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਦਿਲੋਂ ਵਧਾਈਆਂ ਦਿੱਤੀਆਂ ਗਈਆਂ। ਪਾਰਟੀ ਆਗੂਆਂ ਨੇ ਕਿਹਾ ਕਿ ਰਿਸ਼ੂ ਕਰਹਾਲੀ ਦੀ ਇਹ ਨਿਯੁਕਤੀ ਸੰਗਠਨ ਲਈ ਮਾਣ ਵਾਲੀ ਗੱਲ ਹੈ ਅਤੇ ਉਮੀਦ ਜਤਾਈ ਕਿ ਉਹ ਆਪਣੀ ਮਿਹਨਤ, ਨਿਸ਼ਠਾ ਅਤੇ ਲੀਡਰਸ਼ਿਪ ਦੇ ਨਾਲ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਣਗੇ।

## ਡੀ.ਏ.ਵੀ. ਸਕੂਲ ਬਾਦਸ਼ਾਹਪੁਰ ਦਾ ਦਸਵੀਂ ਦਾ ਨਤੀਜਾ 100 ਪ੍ਰਤੀਸ਼ਤ ਰਿਹਾ



ਬਾਦਸ਼ਾਹਪੁਰ, 17 ਅਪ੍ਰੈਲ (ਰਿਸ਼ੀਪਾਲ ਗੁਪਤਾ) : ਸੀ. ਬੀ. ਐਸ. ਈ. ਵੱਲੋਂ ਐਲਾਨੇ ਗਏ ਦਸਵੀਂ ਦੇ ਨਤੀਜੇ ਵਿੱਚ ਡੀ. ਏ. ਵੀ. ਬਾਦਸ਼ਾਹਪੁਰ ਦੇ ਬੱਚਿਆਂ ਨੇ ਮੱਲਾਂ ਮਾਰੀਆਂ ਹਨ। ਗੁਰਲੀਨ ਕੌਰ ਨੇ 96.8 ਪ੍ਰਤੀਸ਼ਤ ਅੰਕ ਲੈ ਕੇ ਪਹਿਲਾ, ਸਮਰਪ੍ਰੀਤ ਕੌਰ ਨੇ 93.8% ਅੰਕ ਲੈ ਕੇ ਦੂਜਾ ਅਤੇ ਮਨਜੋਤ ਚਹਿਲ ਨੇ 92.2% ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਮਾਤ - ਭਾਸ਼ਾ ਪੰਜਾਬੀ ਵਿੱਚ 4 ਬੱਚਿਆਂ ਨੇ ਸਮਾਜਿਕ ਸਿੱਖਿਆ ਵਿੱਚ 3 ਬੱਚਿਆਂ ਨੇ ਅਤੇ ਆਈ.ਟੀ. ਵਿੱਚ 3 ਬੱਚਿਆਂ ਨੇ 100 ਵਿੱਚੋਂ 100 ਨੰਬਰ ਪ੍ਰਾਪਤ ਕੀਤੇ। ਇਸ ਮੌਕੇ ਸਕੂਲ ਪ੍ਰਿੰਸੀਪਲ ਪੂਨਮ ਸਿੰਘ ਨੇ ਬੱਚਿਆਂ ਅਤੇ ਸਟਾਫ ਨਾਲ ਖੁਸ਼ੀ ਸਾਂਝੀ ਕੀਤੀ। ਉਹਨਾਂ ਕਿਹਾ ਕਿ ਇਹ ਨਤੀਜਾ ਬੱਚਿਆਂ ਤੇ ਅਧਿਆਪਕਾਂ ਦੀ ਸਖਤ ਮਿਹਨਤ ਕਾਰਨ ਹੀ ਸੰਭਵ ਹੋ ਸਕਿਆ। ਉਹਨਾਂ ਸਾਰੇ ਬੱਚਿਆਂ ਨੂੰ ਬਿਹਤਰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਉੱਘੇ ਵਿਦਵਾਨ ਡਾ. ਅਮਰ ਕੋਮਲ ਨਮਿਤ ਭੋਗ ਭਲਕੇ

ਪਟਿਆਲਾ, 17 ਅਪ੍ਰੈਲ (ਚ.ਨ.ਸ.) : ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ,ਉੱਘੇ ਵਿਦਵਾਨ ਅਤੇ ਪੰਜਾਬੀ ਸਾਹਿਤ ਸਭਾ ਪਟਿਆਲਾ ਨਾਲ ਲੰਮਾ ਅਰਸਾ ਜੁੜੇ ਰਹੇ ਡਾ. ਅਮਰ ਕੋਮਲ (93) ਜਿਨ੍ਹਾਂ ਦਾ ਬੀਤੇ ਦਿਨੀਂ ਪਟਿਆਲਾ ਵਿਖੇ ਦੇਹਾਂਤ ਹੋ ਗਿਆ ਸੀ, ਦੀ ਆਤਮਿਕ ਸ਼ਾਂਤੀ ਲਈ ਮਿਤੀ 19 ਅਪ੍ਰੈਲ, 2026 ਐਤਵਾਰ ਨੂੰ ਬਾਦ ਦੁਪਹਿਰ 1 ਤੋਂ 2 ਵਜੇ ਤੱਕ ਕਮਿਊਨਿਟੀ ਸੈਂਟਰ, ਸਾਹਮਣੇ ਸ਼੍ਰੀ ਰਾਧਾ-ਕ੍ਰਿਸ਼ਨ ਮੰਦਰ ਮਾਡਲ ਟਾਊਨ ਪਟਿਆਲਾ ਵਿਖੇ ਭੋਗ ਪਵੇਗਾ। ਪੰਜਾਬੀ ਸਾਹਿਤ ਸਭਾ ਪਟਿਆਲਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ 'ਆਸ਼ਟ' ਨੇ ਡਾ. ਅਮਰ ਕੋਮਲ ਦੇ ਸਪੁੱਤਰ ਡਾ. ਸੰਜੀਵ ਕਾਲੀਆ ਦੇ ਹਵਾਲੇ ਨਾਲ ਕਿਹਾ ਕਿ ਡਾ. ਅਮਰ ਕੋਮਲ ਪੰਜਾਬੀ ਸਾਹਿਤ ਸਭਾ ਬਰਨਾਲਾ ਦੇ ਮੋਢੀਆਂ ਵਿੱਚੋਂ ਇਕ ਸਨ।ਇਸ ਦੌਰਾਨ ਪੰਜਾਬੀ ਸਾਹਿਤ ਸਭਾ ਪਟਿਆਲਾ ਦੀ ਕਾਰਜਕਾਰਨੀ ਵਿਚ ਸ਼ਾਮਿਲ ਬਾਬੂ ਸਿੰਘ ਰੈਹਲ, ਸੁਖਦੇਵ ਸਿੰਘ ਚਹਿਲ, ਜਨਰਲ ਸਕੱਤਰ ਦਵਿੰਦਰ ਪਟਿਆਲਵੀ, ਬਲਬੀਰ ਸਿੰਘ ਦਿਲਦਾਰ, ਡਾ. ਹਰਪ੍ਰੀਤ ਸਿੰਘ ਰਾਣਾ ਅਤੇ ਨਵਦੀਪ ਸਿੰਘ ਮੁੰਡੀ ਆਦਿ ਨੇ ਸਾਂਝੇ ਤੌਰ 'ਤੇ ਕਿਹਾ ਕਿ ਡਾ. ਕੋਮਲ ਦੀ ਪੰਜਾਬੀ ਭਾਸ਼ਾ ਅਤੇ ਸਾਹਿਤ ਪ੍ਰਤੀ ਦੇਣ ਨੂੰ ਕਦੇ ਨਹੀਂ ਭੁਲਾਇਆ ਜਾ ਸਕਦਾ।

## ਪੁਲਿਸ ਵੱਲੋਂ 5 ਗ੍ਰਾਮ ਹੈਰੋਇਨ ਬ੍ਰਾਮਦ

ਪਟਿਆਲਾ, 17 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪੁਲਿਸ ਨੇ ਕਥਿਤ ਦੋਸ਼ੀ ਮਹਿਲਾ ਸੁਨੈਨਾ ਵਾਸੀ ਢੇਹਾ ਬਸਤੀ ਭੀਮ ਨਗਰ ਨੇੜੇ ਸਫਾਬਾਦੀ ਗੇਟ ਪਟਿਆਲਾ ਵਿਰੁੱਧ ਧਾਰਾ 21, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਬਲਜਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਪੁੱਡਾ ਗਰਾਂਉਡ ਪਾਸ ਮਜੂਦ ਸੀ, ਜੋ ਕਥਿਤ ਦੋਸ਼ੀ ਮਹਿਲਾ ਪੈਦਲ ਤੁਰੀ ਜਾ ਰਹੀ ਸੀ, ਜਿਸਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਦੋਸ਼ੀ ਮਹਿਲਾ ਕੋਲੋਂ 5 ਗ੍ਰਾਮ ਹੈਰੋਇਨ-ਚਿੱਟਾ ਬ੍ਰਾਮਦ ਹੋਇਆ।



# ਪਟਿਆਲਾ-ਆਸ/ਪਾਸ



## ਪੁਲਿਸ ਵੱਲੋਂ ਲੁੱਟ-ਖੋਹ ਕਰਨ ਵਾਲੇ ਗਿਰੋਹ ਦੇ ਤਿੰਨ ਮੈਂਬਰ ਕਾਬੂ

**➢5 ਲੱਖ ਨਗਦ, 8 ਤੋਲੇ ਸੋਨਾ ਅਤੇ 2 ਕਿੱਲੋ ਚਾਂਦੀ ਦੇ ਗਹਿਣੇ ਬ੍ਰਾਮਦ**

ਪਟਿਆਲਾ, 17 ਅਪ੍ਰੈਲ (ਵਿਨੋਦ ਸ਼ਰਮਾ/ਰੁਪਾਨਾ) : ਐਸਐਸਪੀ ਵਰੁਣ ਸ਼ਰਮਾ ਨੇ ਪ੍ਰੈਸ ਨੋਟ ਰਾਹੀਂ ਦੱਸਿਆ ਕਿ 3/4-04-2026 ਦੀ ਦਰਮਿਆਨੀ ਰਾਤ ਨੂੰ ਦਰਸ਼ਨ ਕੁਮਾਰ ਵਾਸੀ ਨੇੜੇ ਪੁੱਡਾ ਪਲਾਟ ਮਾਡਲ ਟਾਊਨ ਪਟਿਆਲਾ ਦੇ ਘਰ ਅੰਦਰ ਕੁਝ ਅਣਪਛਾਤੇ ਵਿਅਕਤੀਆਂ ਨੇ ਦਾਖਲ ਹੋਕੇ ਲੁੱਟ-ਖੋਹ ਕਰਨ ਦੀ ਨੀਯਤ ਨਾਲ ਬਜੁਰਗ ਦਰਸ਼ਨ ਕੁਮਾਰ ਅਤੇ ਇਸ ਦੀ ਪਤਨੀ ਦੇ ਸਿਰਾਂ ਵਿੱਚ ਗੰਭੀਰ ਸੱਟਾਂ ਮਾਰਕੇ ਘਰ ਵਿੱਚੋ ਨਗਦੀ,ਸੋਨਾ ਚਾਦੀ ਦੇ ਗਹਿਣੇ ਆਦਿ ਦੀ ਲੁੱਟਖੋਹ ਕਰਕੇ ਕਰਕੇ ਲੈ ਗਏ ਸੀ ਜਿਸ ਸਬੰਧੀ ਮ:ਨੰ: 94/2026 ਥਾਣਾ ਸਿਵਲ ਲਾਇਨ ਪਟਿਆਲਾ ਦਰਜ ਕੀਤਾ ਗਿਆ ਸੀ,ਇਸ ਕੇਸ ਨੂੰ ਟਰੇਸ ਕਰਨ ਲਈ ਗੁਰਬੰਸ ਸਿੰਘ ਬੈਂਸ ਐਸਪੀ (ਇਨਵੈਸਟੀਗੇਸ਼ਨ), ਪਲਵਿੰਦਰ ਸਿੰਘ ਚੀਮਾ ਐਸਪੀ (ਸਿਟੀ) ਦੀ ਅਗਵਾਈ ਵਿੱਚ ਰਾਜੇਸ਼ ਮਲਹੋਤਰਾ ਡੀਐਸਪੀ (ਡੀ), ਸਤਨਾਮ ਸਿੰਘ ਸੰਘਾ ਡੀਐਸਪੀ ਸਿਟੀ-1 ਅਤੇ ਇੰਸ: ਪ੍ਰਦੀਪ ਸਿੰਘ ਬਾਜਵਾ ਇੰਚਾਰਜ ਸੀ.ਆਈ.ਏ ਪਟਿਆਲਾ ਅਤੇ ਇੰਸ: ਅਮਨਦੀਪ ਸਿੰਘ ਬਰਾੜ ਮੁੱਖ ਅਫਸਰ ਥਾਣਾ ਸਿਵਲ ਲਾਇਨ ਪਟਿਆਲਾ ਦੀ ਟੀਮ ਦਾ ਗਠਨ ਕੀਤਾ ਗਿਆ ਸੀ।ਇਸ ਟੀਮ ਵੱਲੋਂ ਇਸ ਲੁੱਟਖੋਹ ਦੀ ਵਾਰਦਾਤ ਨੂੰ ਟਰੇਸ ਕਰਕੇ ਵਾਰਦਾਤ ਵਿੱਚ ਸ਼ਾਮਲ ਦੋਸ਼ੀਆਨ ਸੌਰਵ ਛਾਬੜਾ ਪੁੱਤਰ ਰਵਿੰਦਰ ਕੁਮਾਰ ਵਾਸੀ ਵਾਰਡ ਨੰਬਰ 15 ਨੇੜੇ ਐਮ.ਸੀ. ਦਫਤਰ ਧੂਰੀ ਜ਼ਿਲ੍ਹਾ ਸੰਗਰੂਰ, ਗੱਡੂ ਕੁਮਾਰ ਪੁੱਤਰ ਮੁੰਨਾ ਸਾਦਿਕ ਅਤੇ ਵਿਸਾਲ ਕੁਮਾਰ ਪੁੱਤਰ ਅਰਜਨ ਸਾਹਨੀ ਵਾਸੀ ਪਿੰਡ ਜੱਸੀਆ ਥਾਣਾ ਜਗਤਪੁਰੀ ਜ਼ਿਲ੍ਹਾ ਲੁਧਿਆਨਾ ਨੂੰ ਮਿਤੀ 17.04.2026 ਨੂੰ ਥਾਣਾ ਸਿਵਲ ਲਾਇਨ ਪਟਿਆਲਾ ਦੇ ਏਰੀਆ ਵਿੱਚੋਂ ਸਰਕਾਰਪਿਉ ਗੱਡੀ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ ਜਿਹਨਾਂ ਪਾਸੋਂ ਮੁਦਈ ਦੇ ਘਰ ਤੋਂ ਲੁੱਟਖੋਹ ਕੀਤੇ 5 ਲੱਖ ਨਗਦ ਅਤੇ 8 ਤੋਲੇ ਸੋਨਾ,2 ਕਿੱਲੋ ਚਾਂਦੀ ਦੇ ਗਹਿਣਿਆਂ ਦੀ ਬਰਾਮਦਗੀ ਕਰਨ ਦੀ ਸਫਲਤਾ ਹਾਸਲ ਕੀਤੀ ਹੈ, ਜਿਸ ਸਬੰਧੀ ਮੁਕੱਦਮਾ ਨੰਬਰ 94 ਅਧੀਨ ਧਾਰਾ 331(4), 305, 115(2), ਬੀ.ਐਨ.ਐਸ, 25, 27/54/59 ਅਸਲਾ ਐਕਟ ਥਾਣਾ ਸਿਵਲ ਲਾਇਨ ਪਟਿਆਲਾ ਦਰਜ ਕੀਤਾ ਗਿਆ ਸੀ।ਐਸ.ਐਸ. ਪੀਪਟਿਆਲਾ ਨੇ ਦੱਸਿਆ ਕਿ ਦੋਸ਼ੀਆਂ ਕੋਲੋਂ ਮੁੱਢਲੀ ਪੁੱਛਗਿੱਛ ਦੌਰਾਨ ਪਤਾ ਲੱਗਾ ਹੈ ਕਿ ਦੋਸ਼ੀਆਨ ਉਕਤਾਨ ਵੱਲੋਂ ਪਹਿਲਾਂ ਵੀ ਧੂਰੀ ਏਰੀਆਂ ਵਿੱਚ ਚੋਰੀਆਂ ਨੂੰ ਅੰਜਾਮ ਦਿੱਤਾ ਗਿਆ ਸੀ ਜੋ ਕਿ ਹੁਣ ਤੱਕ ਟਰੇਸ ਨਹੀਂ ਹੋਈਆਂ ਸਨ,ਜਿਹਨਾਂ ਦਾ ਪੁਲਿਸ ਰਿਮਾਂਡ ਹਾਸਲ ਕਰਕੇ ਕੀਤੀ ਚੋਰੀਆਂ ਦੀ ਬਰਾਮਦਗੀ ਕਰਵਾਈ ਜਾਵੇਗੀ।

## ਵਿਧਾਇਕ ਦੇਵ ਮਾਨ ਨੇ 'ਆਪ' ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਕੀਤੀ ਮੁਲਾਕਾਤ

ਨਾਭਾ, 17 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ) : ਵਿਧਾਇਕ



ਗੁਰਦੇਵ ਸਿੰਘ ਦੇਵ ਮਾਨ ਨੇ ਆਮ ਆਦਮੀ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੌਕੇ ਨਾਭਾ ਹਲਕੇ ਦੇ ਵਾਰਡਾਂ ਅਤੇ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਵਿਸ਼ੇਸ਼ ਗੱਲਬਾਤ ਕੀਤੀ ਗਈ। ਉਨ੍ਹਾਂ ਕਿਹਾ ਕਿ ਹਲਕੇ ਵਿੱਚ ਹੋਣ ਵਾਲੇ ਅਤੇ ਹੋ ਰਹੇ ਵਿਕਾਸ ਕਾਰਜਾਂ ਬਾਰੇ ਸੁਪਰੀਮੋ ਅਰਵਿੰਦ ਕੇਜਰੀਵਾਲ ਨਾਲ ਵਿਸਥਾਰ ਵਿੱਚ ਗੱਲਬਾਤ ਕੀਤੀ ਗਈ ਹੈ। ਵਿਧਾਇਕ ਦੇਵ ਮਾਨ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਵਿਕਾਸ ਪ੍ਰੋਜੈਕਟ ਸ਼ੁਰੂ ਹੋਣ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਲੋਕਾਂ ਵਿੱਚ ਜਾ ਰਹੇ ਹਨ ਅਤੇ ਹਰ ਤਰ੍ਹਾਂ ਦੀਆਂ ਸਹੂਲਤਾਂ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਕੀਤੇ ਵਾਅਦੇ ਪੂਰੇ ਕੀਤੇ ਗਏ ਹਨ। ਗੱਲਬਾਤ ਤੋਂ ਬਾਅਦ ਪਾਰਟੀ ਸੁਪਰੀਮੋ ਅਤੇ ਸਾਬਕਾ ਮੁੱਖ ਮੰਤਰੀ ਦਿੱਲੀ ਅਰਵਿੰਦ ਕੇਜਰੀਵਾਲ ਨੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੂੰ ਵਿਸ਼ਵਾਸ ਦਿਵਾਇਆ ਕਿ ਹਲਕੇ ਦੇ ਵਿਕਾਸ ਕਾਰਜਾਂ ਵਿੱਚ ਕਿਸੇ ਪ੍ਰਕਾਰ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਇਸ ਮੌਕੇ ਉਨਾਂ ਦੇ ਨਾਲ ਉਨ੍ਹਾਂ ਦੀ ਧਰਮਪਤਨੀ ਨਗਾਂ ਡਾਂਗ ਵੀ ਮੌਜੂਦ ਸਨ।

## ਦਿੱਲੀ ਦੇ ਲੈਫਟੀਨੈਂਟ ਗਵਰਨਰ ਸੰਧੂ ਸਮੁੰਦਰੀ ਨਾਲ ਸਾਬਕਾ ਚੇਅਰਮੈਨ ਡੇਜ਼ੀ ਕਾਹਲੋਂ ਵੱਲੋਂ ਮੁਲਾਕਾਤ

ਪਾਤੜਾਂ, 17 ਅਪ੍ਰੈਲ (ਹਰਮਿੰਦਰ ਕਰਤਾਰਪੁਰ): ਸੀਨੀਅਰ ਕਾਂਗਰਸੀ ਆਗੂ ਤੇ ਮਾਰਕੀਟ ਕਮੇਟੀ ਪਾਤੜਾਂ ਦੇ ਸਾਬਕਾ ਚੇਅਰਮੈਨ ਜੈ ਪ੍ਰਤਾਪ ਸਿੰਘ ਡੇਜ਼ੀ ਕਾਹਲੋਂ ਵੱਲੋਂ ਅੱਜ ਦਿੱਲੀ ਦੇ ਲੈਫਟੀਨੈਂਟ ਗਵਰਨਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨਾਲ ਮੁਲਾਕਾਤ ਕੀਤੀ ਗਈ।ਇਸ ਮੁਲਾਕਾਤ ਦੀਆਂ ਤਸਵੀਰਾਂ ਸੋਸ਼ਲ ਮੀਡੀਆ ਉੱਪਰ ਵਾਇਰਲ ਹੋਣ ਤੋਂ ਸਾਬਕਾ ਚੇਅਰਮੈਨ ਜੈ ਪ੍ਰਤਾਪ ਸਿੰਘ ਡੇਜ਼ੀ ਕਾਹਲੋਂ ਨੇ ਦੱਸਿਆ ਕਿ ਦਿੱਲੀ ਦੇ ਲੈਫਟੀਨੈਂਟ ਗਵਰਨਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਉਨ੍ਹਾਂ ਦੇ ਰਿਸ਼ਤੇਦਾਰ ਹਨ ਅਤੇ ਇਸ ਮੁਲਾਕਾਤ ਨੂੰ ਸਿਆਸਤ ਨਾਲ ਜੋੜ ਕੇ ਨਾ ਦੇਖਿਆ ਜਾਵੇ। ਉਨ੍ਹਾਂ ਕਿਹਾ ਕਿ ਲੈਫਟੀਨੈਂਟ ਗਵਰਨਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨਾਲ ਇਹ ਕੋਈ ਪਹਿਲੀ ਮੁਲਾਕਾਤ ਨਹੀਂ ਇਸ ਤਰ੍ਹਾਂ ਦੀਆਂ ਮੁਲਾਕਾਤਾਂ ਅਕਸਰ ਹੀ ਪਰਿਵਾਰਕ ਪ੍ਰੋਗਰਾਮਾਂ ਵਿੱਚ ਹੁੰਦੀਆਂ



ਰਹਿੰਦੀਆਂ ਹਨ, ਜਦੋਂ ਉਨ੍ਹਾਂ ਨੂੰ ਇਹ ਪੁੱਛਿਆ ਗਿਆ ਕਿ ਉਨ੍ਹਾਂ ਨਾਲ ਭਾਜਪਾ ਦੇ ਸੀਨੀਅਰ ਆਗੂ ਅਤੇ ਮਾਰਕੀਟ ਕਮੇਟੀ ਪਾਤੜਾਂ ਦੇ ਸਾਬਕਾ ਤਰਲੋਚਨ ਸਿੰਘ ਸ਼ੇਰਗੜ੍ਹ ਵੀ ਮੌਜੂਦ ਸਨ ਤਾਂ ਉਨ੍ਹਾਂ ਕਿਹਾ ਕਿ ਤਰਲੋਚਨ ਸਿੰਘ ਸ਼ੇਰਗੜ੍ਹ ਭਾਜਪਾ ਵਿੱਚ ਜਾਣ ਤੋਂ ਪਹਿਲਾਂ ਕਾਂਗਰਸ ਦੇ ਆਗੂ ਸਨ ਅਤੇ ਮੇਰੇ ਨੇੜਲੇ ਮਿੱਤਰ ਵੀ ਹਨ । ਉਨ੍ਹਾਂ ਕਿਹਾ ਕਿ ਉਹ ਕਾਂਗਰਸ ਦੇ ਵਫ਼ਾਦਾਰ ਸਿਪਾਹੀ ਹਨ ਅਤੇ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਦੇ ਰਹਿਣਗੇ।ਇਸ ਮਿਲਣੀ ਨੂੰ ਪ੍ਰਸ਼ਾਸਨਿਕ ਹਲਕਿਆਂ ਵਿੱਚ ਇੱਕ 'ਪਾਵਰ-ਮੀਟਿੰਗ' ਵਜੋਂ ਦੇਖਿਆ ਜਾ ਰਿਹਾ ਹੈ, ਜੋ ਇਹ ਦਰਸਾਉਂਦੀ ਹੈ ਕਿ ਸਾਬਕਾ ਚੇਅਰਮੈਨ ਡੇਜ਼ੀ ਕਾਹਲੋਂ ਦਾ ਦਾਇਰਾ ਸਿਰਫ਼ ਸਥਾਨਕ ਰਾਜਨੀਤੀ ਤੱਕ ਸੀਮਤ ਨਹੀਂ ਹੈ, ਸਗੋਂ ਦੇਸ਼ ਦੀ ਉੱਚਤਮ ਅਫ਼ਸਰਸ਼ਾਹੀ ਅਤੇ ਸੱਤਾ ਦੇ ਗਲਿਆਰਿਆਂ ਤੱਕ ਉਨ੍ਹਾਂ ਦੀ ਸਿੱਧੀ ਅਤੇ ਸਤਿਕਾਰਤ ਪਹੁੰਚ ਹੈ।

## ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ-ਪਟਿਆਲਾ ਜ਼ਿਲ੍ਹਾ ਪੰਜਾਬ ਭਰ 'ਚੋਂ ਪਹਿਲੇ ਸਥਾਨ ਉੱਤੇ : ਸਿਹਤ ਮੰਤਰੀ

**➢ਸਿਹਤ ਮੰਤਰੀ ਵੱਲੋਂ ਪਟਿਆਲਾ ਦਿਹਾਤੀ ਹਲਕੇ 'ਚ ਵਿਕਾਸ ਕਾਰਜਾਂ ਦਾ ਜਾਇਜ਼ਾ**

ਪਟਿਆਲਾ, 17 ਅਪ੍ਰੈਲ (ਰੁਪਾਣਾ/ਅਮਰਜੀਤ) : ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀਆਂ ਨਾਲ ਬੈਠਕ ਕਰਕੇ ਪਟਿਆਲਾ ਦਿਹਾਤੀ ਵਿਧਾਨ ਸਭਾ ਹਲਕੇ ਵਿੱਚ ਚੱਲ ਰਹੇ ਅਤੇ ਪ੍ਰਸਤਾਵਿਤ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ।ਸਿਹਤ ਮੰਤਰੀ ਨੇ ਦੱਸਿਆ ਕਿ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਵਿੱਚ ਪਟਿਆਲਾ ਪਹਿਲੇ ਸਥਾਨ ਉਤੇ ਹੈ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਦੀ ਰਜਿਸਟ੍ਰੇਸ਼ਨ ਵਿੱਚ ਵੀ ਪਟਿਆਲਾ ਮੋਹਰੀ ਹੈ ਤੇ ਇਹ ਜ਼ਿਲ੍ਹਾ ਦੂਜੇ ਸਥਾਨ ਉਤੇ ਹੈ। ਮੀਟਿੰਗ ਦੌਰਾਨ, ਡਾ. ਬਲਬੀਰ ਸਿੰਘ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਾਭਪਾਤਰੀ ਪਰਿਵਾਰਾਂ ਦੇ ਕਾਰਡ ਬਣਾਏ ਜਾਣ ਦਾ ਜਾਇਜ਼ਾ ਲਿਆ ਅਤੇ ਇਸ ਗੱਲ ਉਤੇ ਜ਼ੋਰ ਦਿੱਤਾ ਕਿ ਸਰਕਾਰੀ ਵਿਭਾਗਾਂ ਦੇ ਸਾਰੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਵੀ ਆਪਣੇ ਸਿਹਤ ਕਾਰਡ ਬਣਵਾਏ ਜਾਣ ਤੇ ਇਸ ਯੋਜਨਾ ਦਾ ਲਾਭ ਹੇਠਲੇ ਪੱਧਰ ਉਤੇ ਪਹੁੰਚਾਉਣ ਲਈ ਵੱਧ ਤੋਂ ਵੱਧ ਲੋਕਾਂ ਦੇ ਸਿਹਤ ਕਾਰਡ ਬਣਵਾਏ ਜਾਣ। ਸਿਹਤ ਮੰਤਰੀ ਨੇ ਕਿਹਾ ਕਿ ਇਸ ਸਕੀਮ ਤਹਿਤ ਸੂਬੇ ਦੇ ਹਰੇਕ ਪਰਿਵਾਰ ਨੂੰ 10 ਲੱਖ ਤੱਕ ਇਲਾਜ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਯੋਜਨਾ ਦੇ ਲਾਗੂਕਰਨ ਦੀ ਰੋਜ਼ਾਨਾ ਨਿਗਰਾਨੀ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਖ਼ੁਦ ਰੋਜ਼ਾਨਾ ਇਸ ਯੋਜਨਾ ਦੇ ਕਾਰਡ ਬਣਾਉਣ ਦਾ ਜਾਇਜ਼ਾ ਲੈ ਰਹੇ ਹਨ, ਇਸ ਲਈ ਇਸ ਵਿੱਚ ਕੋਈ ਅਣਗਹਿਲੀ ਨਾ ਵਰਤੀ ਜਾਵੇ। ਡਾ. ਬਲਬੀਰ ਸਿੰਘ ਨੇ ਪਟਿਆਲਾ ਦਿਹਾਤੀ ਹਲਕੇ ਦੇ



ਪਿੰਡਾਂ ਦੇ ਛੱਪੜਾਂ ਦੇ ਨਵੀਨੀਕਰਨ, ਯੋਗ ਲਾਭਪਾਤਰੀਆਂ ਨੂੰ ਪੰਜ ਮਰਲੇ ਰਿਹਾਇਸ਼ੀ ਪਲਾਟਾਂ ਦੀ ਵੰਡ ਸਮੇਤ ਸੜਕਾਂ ਦੀ ਮੁਰੰਮਤ ਦੇ ਕੰਮਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਨੇ ਅਧਿਕਾਰੀਆਂ ਨੂੰ ਵਿਕਾਸ ਕਾਰਜ ਸਮਾਂਬੱਧ ਢੰਗ ਨਾਲ ਨੇਪਰੇ ਚਾੜ੍ਹਨ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਨੇ ਲੋਕ ਨਿਰਮਾਣ ਵਿਭਾਗ ਨੂੰ ਹਦਾਇਤ ਕੀਤੀ ਕਿ ਭਾਦਸੋਂ ਰੋਡ ਉਤੇ ਟਿਵਾਣਾ ਚੌਕ ਨੂੰ ਚੌੜਾ ਕਰਕੇ ਇੱਥੇ ਟ੍ਰੈਫਿਕ ਵਿਘਨ ਦੀ ਸਮੱਸਿਆ ਦਾ ਹੱਲ ਕੀਤਾ ਜਾਵੇ।ਇਸ ਤੋਂ ਬਿਨ੍ਹਾਂ ਸ਼ਹਿਰ ਵਿੱਚ ਐਲ ਐਂਡ ਟੀ ਵੱਲੋਂ ਪਾਇਪਾਂ ਪਾਉਣ ਲਈ ਪੁੱਟੀਆਂ ਸੜਕਾਂ ਦੀ ਮੁਰੰਮਤ ਵੀ ਤੁਰੰਤ ਕੀਤੀ ਜਾਵੇ। ਸਿਹਤ ਮੰਤਰੀ ਨੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਏ.ਡੀ.ਸੀ. ਦਮਨਜੀਤ ਸਿੰਘ ਮਾਨ ਨੂੰ ਸਾਰੀਆਂ ਸਬੰਧਤ ਯੋਜਨਾਵਾਂ ਨੂੰ ਤੇਜ਼ੀ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਨੇ ਸਿਹਤ ਮੰਤਰੀ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਸਾਰੀਆਂ ਹਦਾਇਤਾਂ ਸਮਾਂਬੱਧ ਅਤੇ ਨਤੀਜਾ-ਮੁਖੀ ਢੰਗ ਨਾਲ ਲਾਗੂ ਕੀਤੀਆਂ ਜਾਣਗੀਆਂ। ਮੀਟਿੰਗ ਵਿੱਚ ਪੀ.ਡੀ.ਏ ਦੇ ਸੀ.ਏ ਅਪਰਨਾ ਐਮ.ਬੀ., ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ, ਪੀ.ਆਰ.ਟੀ.ਸੀ. ਦੇ ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ, ਜਸਬੀਰ ਗਾਂਧੀ, ਬਲਾਕ ਸੰਮਤੀ ਮੈਂਬਰ ਅਮਨ ਭੁੱਲਰ, ਸੁਰੇਸ਼ ਰਾਏ, ਵੇਦ ਕਪੂਰ, ਚਿੰਟੂ ਨਾਸਰਾ, ਕਮਿਸ਼ਨਰ ਨਗਰ ਨਿਗਮ ਪਰਮਜੀਤ ਸਿੰਘ, ਏ.ਡੀ.ਸੀ. ਦਿਹਾਤੀ ਵਿਕਾਸ ਦਮਨਜੀਤ ਸਿੰਘ ਮਾਨ, ਸੰਯੁਕਤ ਕਮਿਸ਼ਨਰ ਮਨਰੀਤ ਰਾਣਾ, ਸਿਵਲ ਸਰਜਨ ਡਾ. ਸ਼ੈਲੀ ਜੇਤਲੀ ਸਮੇਤ ਹੋਰ ਸੀਨੀਅਰ ਜ਼ਿਲ੍ਹਾ ਅਧਿਕਾਰੀ ਸ਼ਾਮਲ ਹੋਏ।

## ਸਾਬਕਾ ਨਗਰ ਕੌਂਸਲ ਪ੍ਰਧਾਨ ਵਿਨੋਦ ਕੁਮਾਰ ਜਿੰਦਲ ਅਕਾਲੀ ਦਲ 'ਚ ਸ਼ਾਮਲ

ਪਾਤੜਾਂ, 17 ਅਪ੍ਰੈਲ (ਹਰਮਿੰਦਰ ਕਰਤਾਰਪੁਰ): ਪੁਨਰ ਸੁਰਜੀਤ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਨਗਰ ਕੌਂਸਲ ਪਾਤੜਾਂ ਦੇ ਸਾਬਕਾ ਪ੍ਰਧਾਨ ਵਿਨੋਦ ਕੁਮਾਰ ਜਿੰਦਲ ਵੱਲੋਂ ਅੱਜ ਆਪਣੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਗਿਆ। ਪ੍ਰਾਪਤ ਹੋਈ ਜਾਣਕਾਰੀ ਮੁਤਾਬਕ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਪਟਿਆਲਾ (ਦਿਹਾਤੀ) ਦੇ ਪ੍ਰਧਾਨ ਜਗਮੀਤ ਸਿੰਘ ਹਰਿਆਊ ਅਤੇ ਸ਼੍ਰੋਮਣੀ ਅਕਾਲੀ ਦਲ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਇੰਚਾਰਜ ਬਾਬੂ ਕਬੀਰ ਦਾਸ ਦੀ ਪ੍ਰੇਰਨਾ ਸਦਕਾ ਵਿਨੋਦ ਕੁਮਾਰ ਜਿੰਦਲ ਵੱਲੋਂ ਆਪਣੇ ਪਰਿਵਾਰ ਸਮੇਤ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ ਗਈ।ਇਸ ਸਬੰਧੀ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਪਟਿਆਲਾ (ਦਿਹਾਤੀ) ਦੇ ਪ੍ਰਧਾਨ ਜਗਮੀਤ ਸਿੰਘ ਹਰਿਆਊ ਅਤੇ ਵਿਧਾਨ ਸਭਾ ਹਲਕਾ



ਸ਼ੁਤਰਾਣਾ ਅਕਾਲੀ ਦਲ ਦੇ ਇੰਚਾਰਜ ਬਾਬੂ ਕਬੀਰ ਦਾਸ ਨੇ ਦੱਸਿਆ ਕਿ ਅਗਾਮੀ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਅਕਾਲੀ ਦਲ ਵੱਲੋਂ ਆਪਣੀ ਤਿਆਰੀ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜਿੱਥੇ ਸਮੁੱਚੇ ਪੰਜਾਬ ਵਿੱਚ ਵੱਖ -ਵੱਖ ਪਾਰਟੀਆਂ ਦੀਆਂ ਵੱਡੀਆਂ ਸ਼ਖ਼ਸੀਅਤਾਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਪਾਰਟੀ ਵਿੱਚ ਸ਼ਾਮਲ ਹੋ ਰਹੀਆਂ ਹਨ ਉੱਥੇ ਹੀ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਵੀ ਸੈਂਕੜੇ ਰਾਜਨੀਤਕ ਆਗੂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦੀ ਤਿਆਰੀ ਵਿੱਚ ਹਨ ਜਿਸ ਦੀ ਸ਼ੁਰੂਆਤ ਨਗਰ ਕੌਂਸਲ ਪਾਤੜਾਂ ਦੇ ਸਾਬਕਾ ਪ੍ਰਧਾਨ ਵਿਨੋਦ ਕੁਮਾਰ ਜਿੰਦਲ ਤੋਂ ਸ਼ੁਰੂ ਹੋ ਚੁੱਕੀ ਹੈ। ਇਸ ਮੌਕੇ ਸਾਬਕਾ ਚੇਅਰਮੈਨ ਜਥੇਦਾਰ ਮਹਿੰਦਰ ਸਿੰਘ ਲਾਲਵਾ, ਪ੍ਰਿੰਸੀਪਲ ਨਿਧਾਨ ਸਿੰਘ ਜੈਖਰ,ਸਮਾਜ ਸੇਵੀ ਬਚਿੱਤਰ ਸਿੰਘ ਵੜੈਚ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਲਾਹੜ, ਸ਼੍ਰੋਮਣੀ ਅਕਾਲੀ ਸਿਟੀ ਪਾਤੜਾਂ ਦੇ ਪ੍ਰਧਾਨ ਵਿਸ਼ਾਲ ਕੁਮਾਰ ਗੋਇਲ, ਜਥੇਦਾਰ ਗੁਰਦੀਪ ਸਿੰਘ ਖਾਂਗ, ਸਾਬਕਾ ਚੇਅਰਮੈਨ ਜੋਗਾ ਸਿੰਘ ਸਿੱਧੂ, ਨਰਿੰਦਰ ਸਿੰਘ ਬਜਾਜ, ਮੰਗਾ ਸਿੰਘ ਪਾਤੜਾਂ, ਜਥੇਦਾਰ ਅਜੈਬ ਸਿੰਘ ਮੱਲ੍ਹੀ, ਜਥੇਦਾਰ ਜੋਗਿੰਦਰ ਸਿੰਘ ਬਾਵਾ, ਸਾਬਕਾ ਪੁਲਸ ਅਧਿਕਾਰੀ ਲਖਵਿੰਦਰ ਸਿੰਘ ਜਲਾਲਪੁਰ ਬਲਾਕ ਸੰਮਤੀ ਮੈਂਬਰ, ਜਥੇਦਾਰ ਸੁਖਜੀਤ ਸਿੰਘ ਬਕਰਾਹਾ, ਜਥੇਦਾਰ ਰਛਪਾਲ ਸਿੰਘ ਨਿਆਲ, ਯੂਥ ਆਗੂ ਤੇਜਵੀਰ ਸਿੰਘ ਖਾਂਗ, ਭੁਪਿੰਦਰ ਸਿੰਘ ਸੇਲਵਾਲਾ,ਗੋਪੀ ਸਰਪੰਚ ਬਲਾਕ ਸੰਮਤੀ ਮੈਂਬਰ, ਜਥੇਦਾਰ ਮਹਿਲ ਸਿੰਘ ਗਲੌਲੀ, ਦਲਜੀਤ ਸਿੰਘ ਸਾਗਰਾ, ਸੁਖਵਿੰਦਰ ਸਿੰਘ ਅਰਨੋ, ਜਥੇਦਾਰ ਮਹਿੰਦਰ ਸਿੰਘ ਜੈਖਰ ਆਦਿ ਪ੍ਰਮੁੱਖ ਤੌਰ 'ਤੇ ਹਾਜ਼ਰ ਸਨ।

## ਨਸ਼ੇ ਦਾ ਸੇਵਨ ਕਰਨ 'ਤੇ ਮਾਮਲਾ ਦਰਜ

ਪਟਿਆਲਾ, 17 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਭਾਦਸੋਂ ਪੁਲਿਸ ਨੇ ਕਥਿਤ ਦੋਸ਼ੀ ਕੁਲਵਿੰਦਰ ਸਿੰਘ ਵਾਸੀ ਪਿੰਡ ਹੱਲੋਤਾਲੀ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਸੁਖਪਾਲ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਪਿੰਡ ਹੱਲੋਤਾਲੀ ਮੋੜ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ।

## ਸਕੂਲੀ ਵਿਦਿਆਰਥਣ ਨਾਲ ਸਰੀਰਕ ਸਬੰਧ ਬਣਾਉਣ ਵਾਲੇ ਨੂੰ 20 ਸਾਲ ਦੀ ਸਜ਼ਾ

ਪਟਿਆਲਾ, 17 ਅਪ੍ਰੈਲ (ਵਿਨੋਦ ਸ਼ਰਮਾ) : ਵਧੀਕ ਸੈਸ਼ਨ ਜੱਜ ਨਵਦੀਪ ਕੌਰ ਗਿੱਲ ਦੀ ਅਦਾਲਤ ਨੇ ਇੱਕ ਵਿਅਕਤੀ ਗੁਰਦੀਪ ਸਿੰਘ ਨੂੰ ਦੋਸ਼ੀ ਕਰਾਰ ਦਿੰਦੇ ਹੋਏ ਪੋਕਸੋ ਐਕਟ ਵਿਚ 20 ਸਾਲ ਦੀ ਸਜ਼ਾ ਸੁਣਾਈ ਹੈ। ਉਸ ਦੇ ਖਿਲਾਫ ਇੱਕ ਸਕੂਲੀ ਵਿਦਿਆਰਥਣ ਨੇ ਸ਼ਿਕਾਇਤ ਦਰਜ ਕਰਵਾਈ ਸੀ। ਉਕਤ ਵਿਅਕਤੀ 'ਤੇ ਇਲਜ਼ਾਮ ਸੀ ਕਿ ਉਸ ਨੇ ਲੜਕੀ ਨੂੰ ਰਸਤੇ ਵਿੱਚ ਰੋਕ ਕੇ ਉਸ ਨਾਲ ਗਲਤ ਕੰਮ ਕਰਨ ਲਈ ਉਸ ਨੂੰ ਕਿਹਾ ਅਤੇ ਉਕਤ ਦੋਸ਼ੀ ਨੇ ਉਸ ਦੀਆ ਫੋਟੋਆਂ ਫੇਸਬੁੱਕ 'ਤੇ ਅੱਪਲੋਡ ਕਰਨ ਦੀ ਧਮਕੀ ਦਿੱਤੀ ਤੇ ਉਸ ਨਾਲ ਉਸ ਦੀ ਮਰਜ਼ੀ ਖਿਲਾਫ ਸਰੀਰਕ ਸਬੰਧ ਵੀ ਬਣਾਉਣ ਦਾ ਇਲਜਾਮ ਲੱਗਿਆ ਸੀ। ਪੁਲਿਸ ਨੇ ਥਾਣਾ ਪਸਿਆਣਾ ਵਿਖੇ ਵੱਖ-ਵੱਖ ਧਾਰਾਵਾਂ ਦੇ ਤਹਿਤ ਮਾਮਲਾ ਦਰਜ ਕੀਤਾ ਸੀ।

## ਕੇਂਦਰ ਸਰਕਾਰ ਹਮੇਸ਼ਾ ਕਿਸਾਨਾਂ ਦੇ ਨਾਲ ਖੜ੍ਹੀ : ਸ਼ਰਮਾ

ਸਮਾਣਾ, 17 ਅਪ੍ਰੈਲ (ਹਰਜਿੰਦਰ ਸਿੰਘ ਜਵੰਦਾ) : ਭਾਜਪਾ ਪੰਜਾਬ ਦੇ ਲਗਾਤਾਰ ਯਤਨਾਂ ਅਤੇ ਕਿਸਾਨਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਕੇਂਦਰ ਤੱਕ ਪਹੁੰਚਾਉਣ ਦੇ ਨਤੀਜੇ ਵੱਜੋਂ ਕੇਂਦਰ ਸਰਕਾਰ ਵੱਲੋਂ ਬੇਮੌਸਮੀ ਬਾਰਿਸ਼ ਨਾਲ ਪ੍ਰਭਾਵਿਤ ਕਿਸਾਨਾਂ ਨੂੰ ਰਾਹਤ ਦੇਣ ਲਈ ਪੰਜਾਬ ਅੰਦਰ ਕਣਕ ਖ਼ਰੀਦ ਦੇ ਮਾਪਦੰਡਾਂ ਵਿੱਚ ਵੱਡੀ ਛੂਟ ਦਿੱਤੀ ਗਈ ਹੈ। ਹੁਣ 15 ਫੀਸਦੀ ਤੱਕ ਸੁੰਗੜੇ ਅਤੇ ਟੁੱਟੇ ਦਾਨਿਆਂ ਵਾਲੀ ਕਣਕ ਦੀ ਖ਼ਰੀਦ ਵੀ ਘੱਟੋ-ਘੱਟ ਸਮਰਥਨ ਮੁੱਲ (MSP) 'ਤੇ ਹੀ ਕੀਤੀ ਜਾਵੇਗੀ। ਇਹ ਫੈਸਲਾ ਉਹਨਾਂ ਹਜ਼ਾਰਾਂ ਕਿਸਾਨਾਂ ਲਈ ਵੱਡੀ ਰਾਹਤ ਲੈ ਕੇ ਆਇਆ ਹੈ, ਜਿਨ੍ਹਾਂ ਦੀ ਫ਼ਸਲ ਅਚਾਨਕ



ਮੌਸਮੀ ਬਦਲਾਅ ਕਾਰਨ ਪ੍ਰਭਾਵਿਤ ਹੋਈ ਸੀ। ਇਸ ਨਾਲ ਕਿਸਾਨਾਂ ਨੂੰ ਆਪਣੀ ਮਿਹਨਤ ਦਾ ਪੂਰਾ ਮੁੱਲ ਮਿਲੇਗਾ ਅਤੇ ਉਹਨਾਂ ਨੂੰ ਮਜ਼ਬੂਰੀ ਵਿੱਚ ਆਪਣੀ ਫ਼ਸਲ ਘੱਟ ਕੀਮਤ 'ਤੇ ਵੇਚਣ ਦੀ ਨੌਬਤ ਨਹੀਂ ਆਵੇਗੀ। ਭਾਜਪਾ ਹਮੇਸ਼ਾ ਕਿਸਾਨਾਂ ਦੇ ਹੱਕਾਂ ਲਈ ਡਟ ਕੇ ਖੜ੍ਹੀ ਹੈ ਅਤੇ ਅੰਨ ਦਾਤੇ ਦੀ ਭਲਾਈ ਲਈ ਵਚਨਬੱਧ ਹੈ। ਅਸੀਂ ਕਿਸਾਨਾਂ ਦੀ ਭਲਾਈ ਅਤੇ ਖੁਸ਼ਹਾਲੀ ਲਈ ਇਸੇ ਤਰ੍ਹਾਂ ਅੱਗੇ ਵੀ ਲਗਾਤਾਰ ਯਤਨ ਕਰਦੇ ਰਹਾਂਗੇ, ਤਾਂ ਜੋ ਪੰਜਾਬ ਦਾ ਕਿਸਾਨ ਆਰਥਿਕ ਤੌਰ 'ਤੇ ਮਜ਼ਬੂਤ ਬਣੇ ਅਤੇ ਦੇਸ਼ ਦੀ ਅਨਾਜ ਸੁਰੱਖਿਆ ਹੋਰ ਮਜ਼ਬੂਤ ਹੋਵੇ।

## ਐੱਸ.ਆਰ.ਐੱਸ. ਵਿੱਦਿਆਪੀਠ ਦਾ ਦਸਵੀਂ ਜਮਾਤ ਦਾ ਨਤੀਜਾ ਸੌ ਫੀਸਦੀ ਰਿਹਾ



ਸਮਾਣਾ, 17 ਅਪ੍ਰੈਲ (ਵਿਜੇ ਕੁਮਾਰ/ਜਵੰਦਾ) : ਸੀ.ਬੀ.ਐੱਸ.ਈ. ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜੇ (ਸੈਸ਼ਨ 2025-26) ਵਿੱਚ ਐੱਸ.ਆਰ.ਐੱਸ. ਵਿੱਦਿਆਪੀਠ ਸਮਾਣਾ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ। ਦਸਵੀਂ ਜਮਾਤ ਦੇ ਨਤੀਜੇ ਵਿੱਚ ਨਵਯਾ ਅਤੇ ਇਨਾਯਤ ਸਕੂਲ ਟਾਪਰ ਰਹੇ॥ ਇਹਨਾਂ ਹੋਣਹਾਰ ਵਿਦਿਆਰਥਣਾਂ ਤੋਂ ਇਲਾਵਾ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚ ਏਂਜਲ, ਕਨਿਕ ਜਿੰਦਲ, ਐਸਮੀਤ ਕੌਰ, ਬੀਰਨਮਨ ਸਿੰਘ , ਇਸੀਕਾ , ਕਸਵੀ ਅਗਰਵਾਲ, ਸਮਰਪਣ ਜਿੰਦਲ ਅਤੇ ਨਵਨੂਰ ਕੌਰ ਦੇ ਨਾਮ ਹਨ । ਇਸ ਮੌਕੇ 'ਤੇ ਸਕੂਲ ਚੇਅਰਮੈਨ ਸੀ.ਏ. ਅਮਿਤ ਸਿੰਗਲਾ, ਸੈਕਟਰੀ ਸੀ.ਏ. ਲਲਿਤ ਸਿੰਗਲਾ, ਵਾਈਸ ਚੇਅਰਮੈਨ ਮਿਸ ਸਮਿਧਾ ਸਿੰਗਲਾ ਅਤੇ ਸਕੂਲ ਪ੍ਰਿੰਸੀਪਲ ਡਾ: ਚੰਦਨਦੀਪ ਕੌਰ ਨੇ ਬੱਚਿਆਂ ਦੇ ਇਸ ਸ਼ਾਨਦਾਰ ਨਤੀਜੇ 'ਤੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

## ਵੈਲਫ਼ੇਅਰ ਐਸੋਸੀਏਸ਼ਨ ਨੇ ਗਰੀਬ ਘਰ ਦੀ ਕੁੜੀ ਨੂੰ ਵਿਆਹ ਦਾ ਸ਼ਗਨ ਦਿੱਤਾ

ਪਟਿਆਲਾ, 17 ਅਪ੍ਰੈਲ (ਚ.ਨ.ਸ.) : ਸਥਾਨਕ ਗੁਰਬਖਸ਼ ਕਲੋਨੀ ਟੈਂਕੀ ਵਾਲਾ ਪਾਰਕ ਦੀ ਏਰੀਆ ਡਿਵੈਲਪਮੈਂਟ ਵੈਲਫੇਅਰ ਐਸੋਸੀਏਸ਼ਨ ਵੱਲੋਂ ਪਿਛਲੇ 12 ਸਾਲਾਂ ਤੋਂ ਨਿਰਸਵਾਰਥ ਭਾਵਨਾ ਨਾਲ



ਮਨੁੱਖਤਾ ਦੀ ਸੇਵਾ ਕੀਤੀ ਜਾ ਰਹੀ ਹੈ। ਇਸੇ ਸਿਲਸਿਲੇ ਵਿੱਚ ਸੁਸਾਇਟੀ ਨੂੰ ਤਫੱਜਲਪੁਰਾ ਕਲੋਨੀ ਦੀ ਇੱਕ ਗਰੀਬ ਘਰ ਦੀ ਕੁੜੀ ਦੇ ਵਿਆਹ ਲਈ ਮਦਦ ਵਾਸਤੇ ਕਿਹਾ ਗਿਆ ਸੀ, ਜਿਸ 'ਤੇ ਐਸੋਸੀਏਸ਼ਨ ਵੱਲੋਂ 5100 ਰੁਪਏ ਨਗਦ ਸ਼ਗਨ ਦੇ ਤੌਰ 'ਤੇ ਅਤੇ ਹੋਰ ਵਿਆਹ ਦਾ ਸਮਾਨ ਪਰਿਵਾਰ ਨੂੰ ਦਿੱਤਾ ਗਿਆ। ਇਸ ਮੌਕੇ ਮੌਜੂਦ ਸਾਰੇ ਮੈਂਬਰਾਂ ਨੇ ਕੁੜੀ ਅਤੇ ਪਰਿਵਾਰ ਨੂੰ ਵਿਆਹ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਮੌਜੂਦ ਸ਼ਾਮ ਲਾਲ ਮਿੱਤਲ, ਜੀਐਲ ਵਡੇਰਾ, ਮਦਨ ਲਾਲ ਕਾਂਸਲ, ਅਸ਼ੋਕ ਬਹਿਲ, ਆਰਐਸ ਖੱਟੜਾ, ਮਲੂਕ ਸਿੰਘ, ਅਮਰਜੀਤ ਸ਼ਰਮਾ ਅਤੇ ਵਿਜੇ ਕੁਮਾਰ ਨੇ ਵੀ ਪਰਿਵਾਰ ਨੂੰ ਆਸ਼ੀਰਵਾਦ ਦਿੱਤਾ।

## ਅੱਠਵੀਂ ਕਲਾਸ ਦਾ ਨਤੀਜਾ ਸੌ ਫੀਸਦੀ ਰਿਹਾ



ਪਟਿਆਲਾ, 17 ਅਪ੍ਰੈਲ (ਦੀਪਕ ਜੈਦਕਾ) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੱਠਵੀਂ ਕਲਾਸ ਦਾ ਨਤੀਜਾ ਘੋਸ਼ਿਤ ਕੀਤਾ ਗਿਆ, ਜਿਸ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਐਨਪੀਐਚਸੀ ਦੇ ਅੱਠਵੀਂ ਕਲਾਸ ਦੇ ਵਿਦਿਆਰਥੀਆਂ ਦਾ ਨਤੀਜਾ ਸੌ ਫੀਸਦੀ ਰਿਹਾ। ਵਿਦਿਆਰਥਣ ਅਰਸ਼ਦੀਪ ਕੌਰ ਨੇ ਪੰਜਾਬ ਦੀ ਮੈਰਿਟ ਵਿਚ 285ਵਾਂ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਤੋਂ ਇਲਾਕਾ ਹੋਰ ਵਿਦਿਆਰਥਣਾਂ ਨੇ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ। ਪ੍ਰਿੰਸੀਪਲ ਵੱਲੋਂ ਸਕੂਲੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## ਕੇਂਦਰ ਵੱਲੋਂ ਕਣਕ ਦੀ ਗੁਣਵੱਤਾ ਤੇ ਨਮੂਨਿਆਂ ਦੇ ਮਾਪਦੰਡਾਂ 'ਚ ਛੋਟ ਦੇਣ ਤੋਂ ਬਾਅਦ, ਮੰਡੀਆਂ ਵਿੱਚ ਖ਼ਰੀਦ ਹੋਈ ਤੇਜ਼

**ਪਰ ਕਿਸਾਨਾਂ ਨੂੰ ਵੇਚੀ ਗਈ ਫਸਲ ਦੀ ਅਦਾਇਗੀ ਕਰਨ ਸਬੰਧੀ ਨੋਟੀਫਿਕੇਸ਼ਨ 'ਚ ਹਲੇ ਵੀ ਦੁਚਿੱਤੀ : ਕਿਸਾਨ ਜੋਰਾਵਰ ਸਿੰਘ**

ਬਲਬੇੜ੍ਹਾ/ਡਕਾਲਾ, 17 ਅਪ੍ਰੈਲ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਸੂਬੇ ਅੰਦਰ ਬੇਸ਼ੱਕ ਹਾੜੀ ਦੀ ਫਸਲ ਦੀ ਖਰੀਦ ਨੂੰ ਲੈ ਕੇ 1 ਅਪ੍ਰੈਲ ਤੋਂ ਪੰਜਾਬ ਸਰਕਾਰ ਵੱਲੋਂ ਮੰਡੀਆਂ @ਚ ਕਣਕ ਦੀ ਖਰੀਦ ਕਰਨ ਦਾ ਵਿਗਲ ਵਜਾਉਣ ਦੇ ਬਾਵਜੂਦ ਵੀ 15 ਅਪ੍ਰੈਲ ਤੱਕ ਮੰਡੀਆਂ 'ਚ ਕਣਕ ਦੀ ਖਰੀਦ ਹੋਣ ਤੋਂ ਬੁਰੀ ਤਰ੍ਹਾਂ ਪ੍ਰਭਾਵਿਤ ਰਹੀ, ਜਿਸ ਦਾ ਕਾਰਨ ਆੜਤੀਆਂ ਅਤੇ ਕਿਸਾਨਾਂ ਦੇ ਦੱਸਣ ਅਨੁਸਾਰ ਇਹੀ ਰਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਕਣਕ ਦੀ ਖਰੀਦ ਕਰਨ ਵਾਲੀਆਂ ਖਰੀਦ ਏਜੰਸੀਆਂ ਨੂੰ ਕਣਕ ਦੇ ਨਮੂਨਿਆ ਅਤੇ ਗੁਣਵੱਤਾ ਮਾਪਦੰਡਾਂ ਅਨੁਸਾਰ ਖਰੀਦ ਕਰਨ ਦੇ ਸਖਤ ਦਿਸ਼ਾ ਨਿਰਦੇਸ਼ ਦਿੱਤੇ ਸਨ, ਜਿਸ ਦੇ ਚਲਦਿਆਂ ਮੰਡੀਆਂ 'ਚ ਖਰੀਦ ਦਾ ਕੰਮ ਧੀਮੀ ਚਾਲ ਨਾਲ ਚੱਲਦਾ ਰਿਹਾ, ਜਿਸ ਦੇ ਨਤੀਜੇ ਵਜੋਂ ਕਿਸਾਨਾਂ ਨੂੰ 10 ਤੋਂ ਵੱਧ ਰਾਤਾਂ ਮੰਡੀਆਂ ਦੇ ਵਿੱਚ



ਕੱਟਣ ਲਈ ਮਜਬੂਰ ਹੋਣਾ ਪਿਆ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਕਿਸਾਨ ਆਗੂ ਜੋਰਾਵਰ ਸਿੰਘ ਬਲਵੇੜਾ ਨੇ ਅਦਾਰਾ ਚੜਦੀਕਲਾ ਟਾਈਮ ਟੀਵੀ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਸੂਬੇ ਦੇ ਕਿਸਾਨੀ ਕਿੱਤੇ ਨੂੰ ਬਰਬਾਦ ਕਰਨ ਦੀਆਂ ਪੋਲਸੀਆਂ ਤੇ ਕੰਮ ਕਰ ਰਹੀ ਹੈ, ਉਹਨਾਂ ਕਿਹਾ ਕਿ ਕੇਂਦਰ ਦੀ ਸਤਾ ਤੇ ਕਾਬਜ਼ ਸਰਕਾਰਾਂ ਲਈ ਪੂਰੇ ਦੇਸ਼ ਦੇ ਵੱਖੋ ਵੱਖਰੇ ਸੂਬਿਆਂ ਦੇ ਕਿਸਾਨ ਇੱਕ ਸਮਾਨ ਹੁੰਦੇ ਹਨ, ਜਦ ਕਿ ਭਾਜਪਾ ਦੀ ਸਰਕਾਰ ਦੇਸ਼ ਦੇ ਸੂਬਿਆਂ ਦੇ ਕਿਸਾਨਾਂ ਨੂੰ ਵੱਖੋ ਵੱਖਰੇ ਨਜ਼ਰੀਏ ਤੋਂ ਦੇਖ ਕੇ ਉਹਨਾਂ ਲਈ ਕਾਨੂੰਨ ਅਤੇ ਮਾਪਦੰਡ ਤੈਅ ਕਰ ਰਹੀ ਹੈ, ਜਿਸ ਦੀ ਤਾਜ਼ਾ ਉਦਾਹਰਨ ਪਿਛਲੇ ਦਿਨਾਂ ਦੇ ਵਿੱਚ ਪੰਜਾਬ ਦੇ ਗੁਆਂਢੀ ਸੂਬੇ ਹਰਿਆਣੇ 'ਚ ਦੇਖਣ ਨੂੰ ਮਿਲੀ ਜਿੱਥੇ ਹਰਿਆਣਾ ਦੇ ਕਿਸਾਨਾਂ ਨੂੰ ਕਣਕ ਦੇ ਗੁਣਵੱਤਾ ਅਤੇ ਮਾਪਦੰਡਾਂ 'ਚ ਵੱਧ ਛੋਟਾ ਦੇ ਕੇ ਭਾਜਪਾ ਸਰਕਾਰ ਨੇ ਆਪਣਾ ਦੋਹਰਾ ਮਾਪਦੰਡ ਸਾਬਿਤ ਕੀਤਾ ਹੈ, ਜੋ ਕਿ ਸਰਕਾਰ ਨੂੰ ਅਜਿਹਾ ਨਹੀਂ ਕਰਨਾ ਚਾਹੀਦਾ ਕਿਉਂਕਿ ਦੇਸ਼ ਦਾ ਕਿਸਾਨ ਅੰਨਦਾਤਾ ਸਮੁੱਚੇ ਦੇਸ਼ ਲਈ ਅੰਨ ਪੈਦਾ ਕਰਦਾ ਹੈ ਚਾਹੇ ਉਹ ਕਿਸੇ ਵੀ ਸੂਬੇ ਵਿੱਚ ਆਪਣੀ ਫਸਲ ਪੈਦਾ ਕਰਦਾ ਹੋਵੇ। ਜਦੋਂ ਅਦਾਰਾ ਚੜਦੀਕਲਾ ਦੀ ਟੀਮ ਨੇ ਕਸਬੇ ਦੀਆਂ ਵੱਖ ਵੱਖ ਮੰਡੀਆਂ 'ਚ ਅਤੇ ਕਿਸਾਨ ਆਗੂਆਂ ਨਾਲ ਸੰਪਰਕ ਕਰਿਆ ਤਾਂ ਕਿਸਾਨਾਂ ਅਤੇ ਆੜਤੀਆਂ ਵੱਲੋਂ ਕੁਛ ਰਾਹਤ ਭਰੀਆਂ ਟਿੱਪਣੀਆਂ ਕਰਦਿਆਂ ਕਿਹਾ ਕਿ ਬੀਤੇ ਦਿਨੀ ਕੇਂਦਰ ਸਰਕਾਰ ਨੇ ਪੰਜਾਬ ਦੀਆਂ ਖਰੀਦ ਏਜੰਸੀਆਂ ਨੂੰ ਕਣਕ ਦੀ ਗੁਣਵੱਤਾ ਤੇ ਮਾਪਦੰਡਾਂ ਚ ਕੁਛ ਰਹਿਤਾਂ ਦੇਣ ਤੋਂ ਬਾਅਦ ਮੰਡੀਆਂ ਚ ਕਣਕ ਦੀ ਖਰੀਦ ਹੋਣ 'ਚ ਤੇਜ਼ੀ ਤਾਂ ਜ਼ਰੂਰ ਦਿਖਾਈ ਦੇ ਰਹੀ ਹੈ, ਕਿਸਾਨ ਆਗੂ ਜੋਰਾਵਰ ਸਿੰਘ ਬਲਬੇੜ੍ਹਾ ਨੇ ਕਿਹਾ ਪਰ ਕਿਸਾਨਾਂ ਨੂੰ ਵੇਚੀ ਗਈ ਫਸਲ ਦੀ ਅਦਾਇਗੀ ਕਰਨ ਸਬੰਧੀ ਨੋਟੀਫਿਕੇਸ਼ਨ ਨਾ ਹੋਣ ਕਾਰਨ ਆੜਤੀ ਅਤੇ ਕਿਸਾਨ ਹਲੇ ਵੀ ਦੁਚਿੱਤੀ ਵਿੱਚ ਹਨ।

## ਦੇਵ ਮਾਨ ਵੱਲੋਂ ਸਕੂਲ 'ਚ ਸਾਇੰਸ ਲੈਬ ਦਾ ਉਦਘਾਟਨ



ਪਟਿਆਲਾ, 17 ਅਪ੍ਰੈਲ (ਚ.ਨ.ਸ.) :ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਸਿੱਖਿਆ ਨੂੰ ਉੱਚਾ ਚੁੱਕਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਹਨ ਜਿਸ ਤਹਿਤ ਸਿੱਖਿਆ ਕ੍ਰਾਂਤੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ ਜਿਸ ਤਹਿਤ ਪੰਜਾਬ ਦੇ ਸਕੂਲਾਂ ਨੂੰ ਸਰਕਾਰ ਵੱਲੋਂ ਲਗਾਤਾਰ ਗਰਾਂਟਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਨਾਲ ਸਕੂਲਾਂ ਦੀ ਨੁਹਾਰ ਬਦਲ ਰਹੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਦੇਵ ਸਿੰਘ ਦੇਵ ਮਾਨ ਐਮ ਐਲ ਏ ਨਾਭਾ ਵੱਲੋਂ ਹਲਕਾ ਨਾਭਾ ਦੇ ਪਿੰਡ ਮਾਂਗੇਵਾਲ ਦੇ ਸ਼ਹੀਦ ਸੰਦੀਪ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਾਇੰਸ ਲੈਬ ਦਾ ਉਦਘਾਟਨ ਕਰਨ ਉਪਰੰਤ ਕੀਤਾ। ਇਸ ਮੌਕੇ ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ , ਪ੍ਰੀਤਿੰਦਰ ਸਿੰਘ ਘਈ ਡੀ ਡੀ ਓ, ਹਰਪ੍ਰੀਤ ਕੌਰ ਸਕੂਲ ਇੰਚਾਰਜ , ਮਾਸਟਰ ਅਮਰੀਕ ਸਿੰਘ, ਭੁਪਿੰਦਰ ਸਿੰਘ ਕੱਲਰ ਮਾਜਰੀ ਵਾਈਸ ਚੇਅਰਮੈਨ, ਪਰਗਟ ਸਿੰਘ, ਰਣਬੀਰ ਸਿੰਘ ਕਾਲਾ, ਅੰਮ੍ਰਿਤਪਾਲ ਸਿੰਘ, ਸਿਮਰਨ ਅੜਕ ਚੌਹਾਨ, ਸਕੂਲ ਸਟਾਫ, ਵਿਦਿਆਰਥੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਦਯਾਨੰਦ ਮਾਡਲ ਹਾਈ ਸਕੂਲ 'ਚ ਫਾਇਰ ਬ੍ਰਿਗੇਡ ਵੱਲੋਂ ਮੌਕ ਡਰਿੱਲ ਤੇ ਜਾਗਰੂਕਤਾ ਕੈਂਪ ਲਗਾਇਆ



ਸਮਾਣਾ, 17 ਅਪ੍ਰੈਲ (ਵਿਜੇ ਕੁਮਾਰ) : ਦਯਾਨੰਦ ਮਾਡਲ ਹਾਈ ਸਕੂਲ ਵਿਖੇ ਸੰਸਥਾ ਪ੍ਰਧਾਨ ਯਸ਼ਪਾਲ ਸਿੰਗਲਾ ਦੀ ਅਗਵਾਈ 'ਚ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਫਾਇਰ ਬ੍ਰਿਗੇਡ ਸਮਾਣਾ ਦੇ ਕਰਮਚਾਰੀ ਗੁਰਮੀਤ ਸਿੰਘ ਅਤੇ ਰਾਜਵਿੰਦਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਕਤ ਫਾਇਰ ਬ੍ਰਿਗੇਡ ਕਰਮਚਾਰੀਆਂ ਨੇ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੌਕ ਡਰਿੱਲ ਤਹਿਤ ਸਕੂਲੀ ਵਿਦਿਆਰਥੀਆਂ ਨੂੰ ਅੱਗ ਲੱਗਣ ਦੀ ਸੂਰਤ ਵਿੱਚ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਜਾਣਕਾਰੀ ਦਿੱਤੀ। ਉਨਾ ਕਿਹਾ ਕਿ ਅੱਗ ਲੱਗਣ 'ਤੇ ਸਭ ਤੋਂ ਪਹਿਲਾਂ ਫਾਇਰ ਬ੍ਰਿਗੇਡ ਨੂੰ ਸੂਚਿਤ ਕਰਨਾ, ਬਿਜਲੀ ਦੇ ਸਵਿੱਚਾਂ ਨੂੰ ਹੱਥ ਨਹੀਂ ਲਗਾਉਣਾ ਚਾਹੀਦਾ, ਅੱਗ ਵਾਲੀ ਥਾਂ ਤੋਂ ਮੋਬਾਈਲ ਫੋਨ ਨੂੰ ਦੂਰ ਰੱਖਣਾ ਅਤੇ ਘਰੇਲੂ ਗੈਸ ਸਿਲੰਡਰ ਦੀ ਪਾਈਪ ਨੂੰ ਹਰ ਸਾਲ ਬਦਲਣਾ ਚਾਹੀਦਾ ਹੈ। ਇਸ ਦੌਰਾਨ ਕਰਮਚਾਰੀਆਂ ਵੱਲੋਂ ਵਿਦਿਆਰਥੀਆਂ ਨੂੰ ਅੱਗ ਬੁਝਾਊ ਯੰਤਰ ਚਲਾਉਣ ਦੀ ਟ੍ਰੇਨਿੰਗ ਵੀ ਦਿੱਤੀ ਗਈ। ਇਸ ਮੌਕੇ ਸਕੂਲ ਪ੍ਰਿੰਸੀਪਲ ਅੰਜੂ ਡੈਂਬਲਾ ਅਤੇ ਸਮੂਹ ਸਕੂਲ ਸਟਾਫ਼ ਅਤੇ ਵਿਦਿਆਰਥੀ ਮੌਜੂਦ ਸੀ।

## ਮਾਨਵ ਸੇਵਾ ਉੱਤਮ ਸੇਵਾ ਵੱਲੋਂ ਰਾਜੇਸ਼ ਬਾਂਸਲ ਬੱਬੂ ਦਾ ਸਨਮਾਨ

ਨਾਭਾ, 17 ਅਪ੍ਰੈਲ (ਗੁਰਚਰਨ ਸਿੰਘ ਚੌਧਰੀ ਮਾਜਰਾ): ਮਾਨਵ ਸੇਵਾ ਉੱਤਮ ਸੇਵਾ ਦੇ ਸਮੂਹ ਮੈਂਬਰਾਂ ਵੱਲੋਂ ਅਗਰਵਾਲ ਸਭਾ ਨਾਭਾ ਦੇ ਨਵੇਂ ਬਣੇ ਪ੍ਰਧਾਨ ਰਾਜੇਸ਼ ਬਾਂਸਲ ਬੱਬੂ ਨੂੰ ਵਧਾਈਆਂ



ਦਿੱਤੀਆ ਅਤੇ ਮਹਾਰਾਜ ਅਗਰਸੈਨ ਮਹਾਰਾਜ ਜੀ ਦੀ ਪ੍ਰਤਿਮਾ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਅਤੇ ਸੁਨੀਲ ਗੁਪਤਾ ਨੇ ਕਿਹਾ ਕਿ ਪ੍ਰਧਾਨ ਰਾਜੇਸ਼ ਬਾਂਸਲ ਬੱਬੂ ਦਾ ਨਾਭਾ ਸ਼ਹਿਰ ਦੀ ਹਰ ਧਾਰਮਿਕ ਅਤੇ ਸਮਾਜਿਕ ਸੰਸਥਾ ਨੂੰ ਸਹਿਯੋਗ ਰਹਿੰਦਾ ਹੈ ਅਤੇ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਵੱਲੋਂ ਆਯੋਜਿਤ ਸਮਾਗਮਾਂ ਵਿੱਚ ਵੀ ਉਨ੍ਹਾਂ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਜਾਂਦਾ ਹੈ। ਉਨ੍ਹਾਂ ਨੌਜਵਾਨ ਪੀੜੀ ਨੂੰ ਬੇਨਤੀ ਕੀਤੀ ਕਿ ਅਜਿਹੇ ਉਪਰਾਲੇ ਹਰ ਨੌਜਵਾਨ ਨੂੰ ਕਰਨੇ ਚਾਹੀਦੇ ਹਨ। ਨਵ ਨਿਯੁਕਤ ਪ੍ਰਧਾਨ ਰਾਜੇਸ਼ ਬਾਂਸਲ ਬੱਬੂ ਨੇ ਪੂਰੇ ਅਗਰਵਾਲ ਸਮਾਜ ਅਤੇ ਨਾਭਾ ਸ਼ਹਿਰ ਵਾਸੀਆਂ ਦਾ ਸਾਥ ਦੇਣ ਲਈ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਸਮਾਜ ਵੱਲੋਂ ਸੌਂਪੀ ਜਿੰਮੇਵਾਰੀ ਨੂੰ ਇਮਾਨਦਾਰੀ, ਲਗਨ ਅਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਵਿਕਾਸ ਮਿੱਤਲ, ਸੁਨੀਲ ਗੁਪਤਾ, ਰਵਿੰਦਰ ਸਿੰਘ, ਵਰੁਣ ਸਿੰਗਲਾ, ਸਾਹਿਲ ਗੁਪਤਾ, ਦੀਪਕ ਕੁਮਾਰ ਆਦਿ ਹਾਜ਼ਰ ਸਨ।

## ਐਸ.ਆਈ.ਆਰ. ਦੌਰਾਨ ਸਵੀਪ ਗਤੀਵਿਧੀਆਂ ਸਬੰਧੀ ਮੀਟਿੰਗ

ਪਟਿਆਲਾ, 17 ਅਪ੍ਰੈਲ (ਚ.ਨ.ਸ.) : ਜ਼ਿਲ੍ਹਾ ਪਟਿਆਲਾ ਵਿੱਚ ਐਸ ਆਈ ਆਰ (ਸਪੈਸ਼ਲ ਇਨਟੈਂਸਿਵ ਰਵੀਜਨ) ਦੌਰਾਨ ਸਵੀਪ ਗਤੀਵਿਧੀਆਂ ਬਾਰੇ ਜ਼ਿਲ੍ਹਾ ਚੋਣ ਅਫ਼ਸਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾਂ ਨਿਰਦੇਸ਼ ਅਨੁਸਾਰ ਚੋਣ ਤਹਿਸੀਲਦਾਰ ਦਫ਼ਤਰ



ਵਿਖੇ ਕੀਤੀ ਗਈ। ਚੋਣ ਤਹਿਸੀਲਦਾਰ ਵਿਜੇ ਚੌਧਰੀ ਤੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਅਫ਼ਸਰ ਡਾ. ਸ਼ਵਿੰਦਰ ਸਿੰਘ ਰੇਖੀ ਨੇ ਇਸ ਮੌਕੇ ਪਟਿਆਲਾ ਜ਼ਿਲ੍ਹੇ ਦੇ ਅੱਠ ਹਲਕਿਆਂ ਦੇ ਸਵੀਪ ਨੋਡਲ ਅਫ਼ਸਰਾਂ ਨਾਲ ਸਵੀਪ ਗਤੀਵਿਧੀਆਂ ਬਾਰੇ ਚਰਚਾ ਕੀਤੀ। ਵਿਜੇ ਚੌਧਰੀ ਨੇ ਐਸ ਆਈ ਆਰ ਦੌਰਾਨ ਹੋਣ ਵਾਲੇ ਮੈਪਿੰਗ ਪ੍ਰੋਸੈਸ ਦੇ ਬਾਰੇ ਜਾਣਕਾਰੀ ਦਿੱਤੀ ਅਤੇ ਹਲਕੇ ਦੇ ਨੋਡਲ ਅਧਿਕਾਰੀਆਂ ਨੂੰ ਇਸ ਸਬੰਧੀ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਸਵੀਪ ਗਤੀਵਿਧੀਆਂ ਕਰਵਾਉਣ ਲਈ ਕਿਹਾ। ਡਾ. ਰੇਖੀ ਨੇ ਦੱਸਿਆ ਕਿ ਲੋਕਾਂ ਨੂੰ ਐਸ ਆਈ ਆਰ ਪ੍ਰਕਿਰਿਆ ਬਾਰੇ ਜਾਗਰੂਕ ਕਰਨ ਲਈ ਵੱਖ-ਵੱਖ ਸਵੀਪ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਮੀਟਿੰਗ ਵਿੱਚ ਸਹਾਇਕ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਮੋਹਿਤ ਕੌਸ਼ਲ ਅਤੇ ਵੱਖ ਵੱਖ ਹਲਕਿਆਂ ਦੇ ਸਵੀਪ ਨੋਡਲ ਅਫ਼ਸਰ ਪ੍ਰੋ. ਨਰਿੰਦਰ ਸਿੰਘ, ਰੁਪਿੰਦਰ ਸਿੰਘ, ਗੁਰਪ੍ਰੀਤ ਸਿੰਘ , ਜਸਵਿੰਦਰ ਸਿੰਘ, ਪ੍ਰੇਮ ਕੁਮਾਰ, ਗੁਰਭਜਨ ਸਿੰਘ, ਹਰਜੀਤ ਸਿੰਘ ਮੈਡਮ ਮੋਨਿਕਾ ਵਾਲੀਆ ਚੋਣ ਦਫਤਰ ਤੋਂ ਤੇਜ਼ ਪ੍ਰਕਾਸ਼ ਪਾਰਸ ਵੀ ਹਾਜ਼ਰ ਰਹੇ।

## ਮਹੰਤ ਖਨੌੜਾ ਵੱਲੋਂ ਵਰਕਰਾਂ ਨਾਲ ਮੀਟਿੰਗ



ਨਾਭਾ, 17 ਅਪ੍ਰੈਲ (ਬਲਜਿੰਦਰ ਮਾਨ) : ਸਾਬਕਾ ਚੇਅਮੈਨ ਜਲ ਸਰੋਤ ਵਿਭਾਗ ਪੰਜਾਬ ਮਹੰਤ ਹਰਵਿੰਦਰ ਸਿੰਘ ਖਨੌੜਾ ਸਾਬਕਾ ਜ਼ਿਲ੍ਹਾ ਪ੍ਰਧਾਨ ਕਾਗਰਸ ਪਟਿਆਲਾ ਨੇ ਹਲਕਾ ਦਿਹਾਤੀ ਪਟਿਆਲਾ 'ਚ ਸਿਆਸੀ ਸਰਗਰਮੀਆ ਤੇਜ਼ ਕਰਦਿਆ ਮੀਟਿੰਗਾਂ ਸ਼ੁਰੂ ਕਰ ਦਿੱਤੀਆ ਹਨ, ਜਿਸ ਤੇ ਚਲਦਿਆ ਹਲਕੇ ਦੇ ਪਿੰਡ ਰੋਹਟੀ ਮੌੜਾ ਵਿਖੇ ਕਾਗਰਸੀ ਆਗੂ ਸੁਖਦੇਵ ਸਿੰਘ ਸੇਖੋ ਦੇ ਗ੍ਰਹਿ ਵਿਖੇ ਮੀਟਿੰਗ ਕਰਦਿਆ ਕਿਹਾ ਅੱਜ ਪੰਜਾਬ ਤੇ ਪੰਜਾਬੀਅਤ ਨੂੰ ਬਚਾਉਣ ਲਈ ਚੰਗੇ ਅਕਸ਼ ਵਾਲੇ ਲੋਕਾ ਨੂੰ ਰਾਜਨੀਤੀ ਵਿੱਚ ਅੱਗੇ ਲਿਆਉਣਾ ਚਾਹੀਦਾ ਹੈ ਜੋ ਹਰ ਸਮੇ ਅਪਣੇ ਲੋਕਾਂ ਨਾਲ ਖੜ ਸਕੇ। । ਇਸ ਮੌਕੇ ਸੁਖਦੇਵ ਸਿੰਘ ਸੇਖੋਂ ਦੀ ਅਗਵਾਈ 'ਚ ਮਹੰਤ ਹਰਵਿੰਦਰ ਸਿੰਘ ਖਨੌੜਾ ਦਾ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਮੀਤ ਸਿੰਘ ਸੇਖੋ, ਜੋਰਾ ਸਿੰਘ, ਹਰਦਿਆਲ ਸਿੰਘ, ਪ੍ਰਸੋਤਮ ਸਿੰਘ, ਮੇਵਾ ਸਿੰਘ, ਕਾਕਾ ਸਿੰਘ, ਤੇਜਵਿੰਦਰ ਸਿੰਘ ਨੰਬਰਦਾਰ, ਜੀਤ ਸਿੰਘ, ਹਰਬੰਸ ਸਿੰਘ, ਹੁਸ਼ਿਆਰ ਸਿੰਘ, ਅਵਤਾਰ ਸਿੰਘ ਭੋਲਾ, ਛੋਟਾ ਖਾਨ ਆਦਿ ਪਿੰਡ ਵਾਸੀ ਮੌਜੂਦ ਸਨ।

## 'ਦ' ਇੰਡੋ ਬ੍ਰਿਟਿਸ਼ ਸਕੂਲ ਨਾਭਾ ਦਾ ਸੀ.ਬੀ.ਐੱਸ.ਸੀ. ਨਤੀਜਾ ਰਿਹਾ ਸ਼ਾਨਦਾਰ

ਨਾਭਾ, 17 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ) : 'ਦ' ਇੰਡੋ ਬ੍ਰਿਟਿਸ਼ ਸਕੂਲ ਨਾਭਾ ਆਪਣੇ ਕਲਾਸ ਦਸਵੀਂ ਦੇ ਸੀ.ਬੀ.ਐੱਸ.ਈ. ਬੋਰਡ ਦੇ ਸ਼ਾਨਦਾਰ ਨਤੀਜੇ ਦਾ ਮਾਣ ਨਾਲ ਜਸ਼ਨ ਮਨਾ ਰਿਹਾ



ਹੈ, ਜਿਸ ਵਿੱਚ 100 ਫੀਸਦੀ ਪਾਸ ਨਤੀਜਾ ਦਰਜ ਕੀਤਾ ਗਿਆ ਹੈ। ਕੁੱਲ 89 ਵਿਦਿਆਰਥੀਆਂ ਵਿਚੋਂ ਮਨਤਵੀਰ ਕੌਰ ਅਤੇ ਗੈਰੀ ਮਿੱਤਲ ਨੇ 99.2 ਫੀਸਦੀ ਅੰਕ ਪ੍ਰਾਪਤ ਕਰਕੇ ਸ਼ਹਿਰ ਦੇ ਟਾਪਰ ਬਣਨ ਦਾ ਮਾਣ ਹਾਸਲ ਕੀਤਾ ਹੈ। ਸਕੂਲ ਨੂੰ ਆਪਣੇ ਵਿਦਿਆਰਥੀਆਂ ਦੀ ਪ੍ਰਾਪਤੀਆਂ 'ਤੇ ਬਹੁਤ ਮਾਣ ਹੈ, ਜਿੱਥੇ 20 ਵਿਦਿਆਰਥੀਆਂ ਨੇ 95 ਫੀਸਦੀ ਤੋਂ ਵੱਧ ਅੰਕ ਹਾਸਲ ਕੀਤੇ, 28 ਵਿਦਿਆਰਥੀਆਂ ਨੇ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ ਅਤੇ 64 ਫੀਸਦੀ ਵਿਦਿਆਰਥੀਆਂ ਨੇ 80 ਫੀਸਦੀ ਤੋਂ ਉੱਪਰ ਅੰਕ ਪ੍ਰਾਪਤ ਕੀਤੇ। ਸਕੂਲ ਦੇ ਚੇਅਰਮੈਨ ਐਮ.ਐਸ. ਬੇਦੀ, ਡਾਇਰੈਕਟਰ ਮੈਡਮ ਕੇ. ਬੇਦੀ ਅਤੇ ਪ੍ਰਿੰਸੀਪਲ ਅਨੂ ਬਾਤਿਸ਼ ਨੇ ਸਾਰੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਇਸ ਸ਼ਾਨਦਾਰ ਉਪਲੱਬਧੀ ਲਈ ਵਧਾਈ ਦਿੱਤੀ ਅਤੇ ਭਵਿੱਖ ਲਈ ਹੋਰ ਸਫਲਤਾਵਾਂ ਦੀ ਕਾਮਨਾ ਕੀਤੀ।